ਸ਼ੁੱਕਰਵਾਰ, 10 ਜੁਲਾਈ, 2026

26 ਹਾੜ੍ਹ { ਨਾਨਕਸ਼ਾਹੀ 558 / ਬਿਕਰਮੀ 2083

ਜਿਲਦ/VOL. : 75

ਅੰਕ/NO. : 39

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • FRIDAY, 10 JULY, 2026 ਜਲੰਧਰ

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਨਾਰਾਜ਼ ਕਾਂਗਰਸੀ ਆਗੂ ਬਘੇਲ ਨਾਲ ਗੱਲਬਾਤ ਲਈ ਰਾਜ਼ੀ

**ਚੰਡੀਗੜ੍ਹ (ਨ ਜ਼ ਸ)** ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਖ਼ਿਲਾਫ਼ ਸਿਆਸੀ ਮੈਦਾਨ ’ਚ ਕੁੱਦੇ ਨਾਰਾਜ਼ ਕਾਂਗਰਸੀ ਆਗੂ ਪਾਰਟੀ ਦੇ ਪੰਜਾਬ ਇੰਚਾਰਜ ਭੁਪੇਸ਼ ਬਘੇਲ ਨਾਲ ਗੱਲਬਾਤ ਕਰਨ ਲਈ ਰਜ਼ਾਮੰਦ ਹੋ ਗਏ ਹਨ। ਬਘੇਲ ਲੰਘੇ ਤਿੰਨ ਦਿਨਾਂ ਤੋਂ ਮੀਟਿੰਗਾਂ ਵਿਚ ਵੱਖ-ਵੱਖ ਕਾਂਗਰਸੀ ਆਗੂਆਂ ਨਾਲ ਗੱਲਬਾਤ ਕਰ ਰਹੇ ਹਨ। ਬਘੇਲ ਨੇ ਲੰਘੇ ਦੋ ਦਿਨਾਂ ਤੋਂ ਸਖ਼ਤ ਲਹਿਜ਼ਾ ਅਖ਼ਤਿਆਰ ਕੀਤਾ ਹੋਇਆ ਸੀ ਅਤੇ ਉਨ੍ਹਾ ਪਾਰਟੀ ਪ੍ਰਧਾਨ ਦੇ ਫ਼ੈਸਲੇ ’ਤੇ ਮੁੜ ਵਿਚਾਰ ਕੀਤੇ ਜਾਣ ਦੇ ਸਵਾਲ ਨੂੰ ਪੂਰੀ ਤਰ੍ਹਾਂ ਖ਼ਾਰਜ ਕਰ ਦਿੱਤਾ ਹੈ।

ਕਪੂਰਥਲਾ ਤੋਂ ਵਿਧਾਇਕ ਰਾਣਾ ਗੁਰਜੀਤ ਸਿੰਘ ਦੀ ਇੱਥੇ ਰਿਹਾਇਸ਼ ’ਤੇ ਨਾਰਾਜ਼ ਧੜੇ ਦੇ ਪ੍ਰਮੁੱਖ ਆਗੂਆਂ ਦੀ ਮੀਟਿੰਗ ’ਚ ਪਾਰਟੀ ਨਾਲ ਗੱਲਬਾਤ ਲਈ ਰਾਹ ਖੋਲ੍ਹਣ ਦਾ ਫ਼ੈਸਲਾ ਕੀਤਾ ਹੈ। ਆਉਂਦੇ ਇੱਕ-ਦੋ ਦਿਨਾਂ ’ਚ ਇਹ ਧੜਾ ਬਘੇਲ ਨੂੰ ਗੱਲਬਾਤ ਲਈ ਸੱਦਾ ਦੇ ਸਕਦਾ ਹੈ। ਦੂਜੇ ਪਾਸੇ ਬਘੇਲ ਦਾ ਕਹਿਣਾ ਹੈ ਕਿ ਹਾਲੇ ਨਾਰਾਜ਼ ਆਗੂਆਂ ਤਰਫ਼ੋਂ ਕੋਈ ਸੁਨੇਹਾ ਨਹੀਂ ਮਿਲਿਆ ਅਤੇ ਜਦੋਂ ਵੀ ਰਸਮੀ ਸੱਦਾ ਆਵੇਗਾ ਤਾਂ ਉਹ ਗੱਲਬਾਤ ਲਈ ਜਾਣਗੇ। ਸੂਤਰਾਂ ਅਨੁਸਾਰ ਨਾਰਾਜ਼ ਆਗੂਆਂ ਦਾ ਪਾਰਟੀ ਪ੍ਰਧਾਨ ਰਾਜਾ ਵੜਿੰਗ ਖ਼ਿਲਾਫ਼ ਗ਼ੁੱਸਾ ਹਾਲੇ ਠੰਢਾ ਨਹੀਂ ਹੋਇਆ। ਵੀਰਵਾਰ ਆਗੂਆਂ ਨੇ ਇਹ ਵੀ ਨਿਰਣਾ ਲਿਆ ਹੈ ਕਿ ਮੀਟਿੰਗ ਸਿਰਫ਼ ਭੁਪੇਸ਼ ਬਘੇਲ ਨਾਲ ਕੀਤੀ ਜਾਵੇਗੀ, ਜਿਸ ’ਚ ਰਾਜਾ ਵੜਿੰਗ ਦੀ ਮੌਜੂਦਗੀ ਪ੍ਰਵਾਨ ਨਹੀਂ ਹੋਵੇਗੀ।

ਰਾਣਾ ਗੁਰਜੀਤ ਸਿੰਘ ਦੇ ਘਰ ਹੋਈ ਮੀਟਿੰਗ ’ਚ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ, ਵਿਧਾਇਕ ਪਰਗਟ ਸਿੰਘ, ਸਾਬਕਾ ਮੰਤਰੀ ਭਾਰਤ ਭੂਸ਼ਨ ਆਸ਼ੂ, ਵਿਧਾਇਕ ਬਰਿੰਦਰਮੀਤ ਸਿੰਘ ਪਾਹੜਾ ਆਦਿ ਸ਼ਾਮਲ ਹੋਏ। ਮੀਟਿੰਗ ਮਗਰੋਂ ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਪਾਰਟੀ ਅੰਦਰ ਵਿਚਾਰਾਂ ਦੇ ਮਤਭੇਦ ਹੋ ਸਕਦੇ ਹਨ, ਪਰ ਕਾਂਗਰਸ ਇੱਕਜੁੱਟ ਤੇ ਮਜ਼ਬੂਤ ਹੈ। ਸਾਬਕਾ ਮੰਤਰੀ ਪਰਗਟ ਸਿੰਘ ਨੇ ਵੀ ਇਸ ਦੌਰਾਨ ਕਿਹਾ ਕਿ ਕਾਂਗਰਸ ਪਾਰਟੀ ’ਚ ਭਾਜਪਾ ਤੇ ‘ਆਪ’ ਦੀ ਤਰ੍ਹਾਂ ਡਿਕਟੇਟਰਸ਼ਿਪ ਨਹੀਂ ਅਤੇ ਕਾਂਗਰਸ ’ਚ ਹਰ ਕਿਸੇ ਨੂੰ ਆਪਣੀ ਗੱਲ ਰੱਖਣ ਦਾ ਹੱਕ ਹੈ। ਉਨ੍ਹਾ ਕਿਹਾ ਕਿ ਰੰਧਾਵਾ ਪੰਜਾਬ ਇੰਚਾਰਜ ਨਾਲ ਸਮਾਂ ਤੈਅ ਕਰਨਗੇ ਅਤੇ ਸਾਰੇ ਆਗੂ ਗੱਲਬਾਤ ਲਈ ਮੇਜ਼ ’ਤੇ ਬੈਠਣਗੇ।

## ਮਾਨ ਸਰਕਾਰ ਨੇ ਖਾਲੜਾ ਕਤਲ ਕੇਸ ’ਚ ਦੋਸ਼ੀਆਂ ਦੀ ਰਿਹਾਈ ਲਈ ਪ੍ਰਵਾਨਗੀ ਨਹੀਂ ਦਿੱਤੀ: ਬਲਤੇਜ ਪੰਨੂ



**ਚੰਡੀਗੜ੍ਹ (ਗੁਰਜੀਤ ਬਿੱਲਾ) :** ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਵਿਰੋਧੀਆਂ ’ਤੇ ਹਮਲਾ ਬੋਲਦਿਆਂ ਕਿਹਾ ਕਿ ਮਰਹੂਮ ਜਸਵੰਤ ਸਿੰਘ ਖਾਲੜਾ ਮਾਮਲੇ ਦੇ ਮੁੱਖ ਦੋਸ਼ੀ ਸਾਬਕਾ ਡੀ ਐੱਸ ਪੀ ਜਸਪਾਲ ਸਿੰਘ ਦੀ ਸਜ਼ਾ ਮੁਆਫ਼ੀ ਅਤੇ ਸਮੇਂ ਤੋਂ ਪਹਿਲਾਂ ਰਿਹਾਈ ਨੂੰ ਲੈ ਕੇ ਸੋਸ਼ਲ ਮੀਡੀਆ ਅਤੇ ਕੁਝ ਕਥਿਤ ਜ਼ਿੰਮੇਵਾਰ ਮੀਡੀਆ ਘਰਾਣਿਆਂ ਵੱਲੋਂ ਫੈਲਾਈਆਂ ਜਾ ਰਹੀਆਂ ਖ਼ਬਰਾਂ ਪੂਰੀ ਤਰ੍ਹਾਂ ਝੂਠੀਆਂ, ਮਨਘੜਤ ਅਤੇ ਪੰਜਾਬ ਦੀ ਮਾਨ ਸਰਕਾਰ ਨੂੰ ਬਦਨਾਮ ਕਰਨ ਦੀ ਇੱਕ ਡੂੰਘੀ ਸਾਜ਼ਿਸ਼ ਹੈ। ਵੀਰਵਾਰ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਬਲਤੇਜ ਪੰਨੂ ਨੇ ਸਾਫ ਕੀਤਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅਜਿਹੀ ਕਿਸੇ ਵੀ ਫਾਈਲ ’ਤੇ ਦਸਤਖਤ ਨਹੀਂ ਕੀਤੇ ਹਨ ਅਤੇ ਨਾ ਹੀ ਅਜਿਹੀ ਕੋਈ ਫਾਈਲ ਪੰਜਾਬ ਸਰਕਾਰ ਦੇ ਪੱਧਰ ’ਤੇ ਪ੍ਰੋਸੈੱਸ ਹੋਈ ਹੈ। ਇਹ ਪੂਰਾ ਮਾਮਲਾ ਸਿੱਧੇ ਤੌਰ ’ਤੇ ਕੇਂਦਰੀ ਗ੍ਰਹਿ ਮੰਤਰਾਲੇ ਦੇ ਅਧੀਨ ਹੈ, ਜਿਸ ਵਿੱਚ ਰਾਜ ਸਰਕਾਰ ਦੀ ਕੋਈ ਭੂਮਿਕਾ ਨਹੀਂ ਹੈ। ਆਪਣੀ ਗੁਆਚੀ ਹੋਈ ਸਿਆਸੀ ਜ਼ਮੀਨ ਅਤੇ ਅਤੀਤ ਦੇ ਪਾਪਾਂ ਨੂੰ ਛੁਪਾਉਣ ਲਈ ਅਕਾਲੀ ਦਲ (ਬਾਦਲ) ਅਤੇ ਉਨ੍ਹਾਂ ਦੇ ਸੋਸ਼ਲ ਮੀਡੀਆ ਸੈੱਲ ਹੀ ਬਿਨਾਂ ਸਿਰ-ਪੈਰ ਦਾ ਝੂਠ ਪਰੋਸ ਰਹੇ ਹਨ।

ਬਲਤੇਜ ਪੰਨੂ ਨੇ ਤੱਥਾਂ ਅਤੇ ਅੰਕੜਿਆਂ ਨੂੰ ਮੀਡੀਆ ਸਾਹਮਣੇ ਰੱਖਦਿਆਂ ਸਪੱਸ਼ਟ ਕੀਤਾ ਕਿ ਇਸ ਪੂਰੇ ਮਾਮਲੇ ਦੀ ਜਾਂਚ ਕੇਂਦਰੀ ਏਜੰਸੀ ਸੀ ਬੀ ਆਈ ਨੇ ਕੀਤੀ ਸੀ। ਨਵੇਂ ਕਾਨੂੰਨੀ ਪ੍ਰਬੰਧਾਂ ਤਹਿਤ ਸੀ ਬੀ ਆਈ ਮਾਮਲਿਆਂ ਵਿੱਚ ਕਿਸੇ ਵੀ ਦੋਸ਼ੀ ਦੀ ਸਮੇਂ ਤੋਂ ਪਹਿਲਾਂ ਰਿਹਾਈ ਦਾ ਫੈਸਲਾ ਲੈਣ ਦਾ ਅਧਿਕਾਰ ਰਾਜ ਸਰਕਾਰ ਕੋਲ ਹੈ ਹੀ ਨਹੀਂ।

ਉਨ੍ਹਾ ਦੱਸਿਆ ਕਿ ਦੋਸ਼ੀ ਜਸਪਾਲ ਸਿੰਘ ਨੇ ਸਾਲ 2017 ਵਿੱਚ ਖ਼ੁਦ ਕੇਂਦਰ ਸਰਕਾਰ ਦੇ ਗ੍ਰਹਿ ਮੰਤਰਾਲੇ ਅੱਗੇ ਸਮੇਂ ਤੋਂ ਪਹਿਲਾਂ ਰਿਹਾਈ ਲਈ ਅਰਜ਼ੀ ਦਿੱਤੀ ਸੀ, ਜਿਸ ਨੂੰ 2018 ਵਿੱਚ

(• ਬਾਕੀ ਸਫ਼ਾ 2 ’ਤੇ)

## ਸੀ ਪੀ ਆਈ ਤੇ ਸੀ ਪੀ ਆਈ (ਐੱਮ) ਲੀਡਰਾਂ ਦੀ ਅਹਿਮ ਮੀਟਿੰਗ

### ਅਸੰਬਲੀ ਚੋਣਾਂ ਤੇ ਹੋਰਨਾਂ ਮੁੱਦਿਆਂ ’ਤੇ ਵਿਚਾਰਾਂ





ਚੰਡੀਗੜ੍ਹ (ਨ ਜ਼ ਸ) : ਸੀ ਪੀ ਆਈ ਤੇ ਸੀ ਪੀ ਆਈ (ਐੱਮ) ਦੀ ਸਾਂਝੀ ਮੀਟਿੰਗ ਸੀ ਪੀ ਆਈ (ਐੱਮ) ਦੇ ਸੂਬਾ ਹੈੱਡਕੁਆਰਟਰ ਬਾਬਾ ਕਰਮ ਸਿੰਘ ਚੀਮਾ ਭਵਨ ਵਿਖੇ ਹੋਈ। ਮੀਟਿੰਗ ’ਚ ਸੀ ਪੀ ਆਈ ਦੇ ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ ਤੇ ਸੂਬਾ ਸਕੱਤਰੇਤ ਮੈਂਬਰ ਬੰਤ ਸਿੰਘ ਬਰਾੜ, ਸੀ ਪੀ ਆਈ (ਐੱਮ) ਦੇ ਸੂਬਾ ਸਕੱਤਰ ਸੁਖਵਿੰਦਰ ਸਿੰਘ ਸੇਖੋਂ ਤੇ ਸੂਬਾ ਸਕੱਤਰੇਤ ਮੈਂਬਰ ਗੁਰਦਰਸ਼ਨ ਸਿੰਘ ਖਾਸਪੁਰ ਸ਼ਾਮਲ ਹੋਏ। ਮੀਟਿੰਗ ਦੌਰਾਨ ਪੰਜਾਬ ਵਿਧਾਨ ਸਭਾ ਦੀਆਂ 2027 ਦੀਆਂ ਚੋਣਾਂ ਸੰਬੰਧੀ ਵਿਚਾਰ-ਚਰਚਾ ਕੀਤੀ ਗਈ ਅਤੇ ਇਨ੍ਹਾਂ ਚੋਣਾਂ ਸੰਬੰਧੀ ਦੋਵਾਂ ਪਾਰਟੀਆਂ ਵੱਲੋਂ ਲਗਾਤਾਰ ਮੀਟਿੰਗਾਂ ਦਾ ਸਿਲਸਿਲਾ ਜਾਰੀ ਰੱਖਣ ਦਾ ਫ਼ੈਸਲਾ ਕੀਤਾ ਗਿਆ। ਇਸ ਦੌਰਾਨ ਕੇਂਦਰ ਦੀ ਭਾਜਪਾ-ਆਰ ਐੱਸ ਐੱਸ ਦੀ ਅਗਵਾਈ ਵਾਲੀ ਮੋਦੀ ਸਰਕਾਰ ਵੱਲੋਂ ਪੰਜਾਬ ’ਚ ਫ਼ਿਰਕੂ ਵੰਡ ਪਾਉਣ ਦੀਆਂ ਕੋਸ਼ਿਸ਼ਾਂ ਦੀ ਸਖ਼ਤ ਨਿਖੇਧੀ ਕੀਤੀ ਗਈ।

ਮੀਟਿੰਗ ਦੌਰਾਨ ਕੇਂਦਰ ਵੱਲੋਂ ਜਾਰੀ 4 ਲੇਬਰ ਕੋਡਾਂ ਅਤੇ ਵੀਬੀ-ਜੀ ਰਾਮ ਜੀ ਕਾਨੂੰਨ ਵਾਪਸ ਲੈਣ ਦੀ ਮੰਗ ਕੀਤੀ ਗਈ। ਆਗੂਆਂ ਕਿਹਾ ਕਿ ਪੰਜਾਬ ਸਰਕਾਰ ਨੇ ਇਨ੍ਹਾਂ ਦੋਵੇਂ ਕਾਨੂੰਨਾਂ ਨੂੰ ਪੰਜਾਬ ਵਿਧਾਨ ਸਭਾ ’ਚ ਲਾਗੂ ਨਾ ਕਰਨ ਦਾ ਫ਼ੈਸਲਾ ਕੀਤਾ ਸੀ ਅਤੇ ਇਨ੍ਹਾਂ ਖ਼ਿਲਾਫ਼ ਸਦਨ ’ਚ ਮਤੇ ਪਾਸ ਕੀਤੇ ਗਏ ਸਨ। ਉਨ੍ਹਾਂ ਕਿਹਾ ਕਿ ਹੁਣ ਇਨ੍ਹਾਂ ਕਾਨੂੰਨਾਂ ਸੰਬੰਧੀ ਕੇਂਦਰ ਵੱਲੋਂ ਨੋਟੀਫਿਕੇਸ਼ਨ ਜਾਰੀ ਕਰਨ ਮਗਰੋਂ ਪੰਜਾਬ ਸਰਕਾਰ ਨੇ ਇਨ੍ਹਾਂ ਨੂੰ ਸੂਬੇ ਵਿੱਚ ਨੋਟੀਫਾਈ ਕਰ ਦਿੱਤਾ ਹੈ, ਜੋ ਕਿ ਅਤਿ ਨਿੰਦਣਯੋਗ ਹੈ। ਆਗੂਆਂ ਕਿਹਾ ਕਿ ਪੰਜਾਬ ਸਰਕਾਰ ਨੂੰ ਪੰਜਾਬ ਵਿਧਾਨ ਸਭਾ ’ਚ ਕੀਤੇ ਵਾਅਦੇ ਦੀ ਪੂਰਤੀ ਕਰਨੀ ਚਾਹੀਦੀ ਹੈ। ਮੀਟਿੰਗ ਦੌਰਾਨ ਪੰਜਾਬ ’ਚ ਦਿਨੋਂ-ਦਿਨ ਨਿਘਰਦੀ ਜਾ ਰਹੀ ਅਮਨ-ਕਾਨੂੰਨ ਦੀ ਸਥਿਤੀ ’ਤੇ ਗੰਭੀਰ ਚਿੰਤਾ ਜ਼ਾਹਰ ਕਰਦਿਆਂ ਕਿਹਾ ਗਿਆ ਕਿ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ, ਜਿਨ੍ਹਾ ਕੋਲ ਗ੍ਰਹਿ ਮਹਿਕਮੇ ਦਾ ਵੀ ਜ਼ਿੰਮਾ ਹੈ, ਇਸ ਪਾਸੇ ਪੂਰੀ ਤਵੱਜੋ ਦੇਣੀ ਚਾਹੀਦੀ ਹੈ। ਆਗੂਆਂ ਕਿਹਾ ਕਿ ਸਰਕਾਰਾਂ ਨੂੰ ਅਸਲ ’ਚ ਕੰਮ ਕਰਨਾ ਚਾਹੀਦਾ ਹੈ, ਨਾ ਕਿ ਜਨਤਾ ਨੂੰ ਬਿਆਨਬਾਜ਼ੀ ਨਾਲ ਭਰਮਾਉਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ।

## ‘ਕਾਕਰੋਚ’ 20 ਨੂੰ ਸੰਸਦ ਵੱਲ ਮਾਰਚ ਕਰਨਗੇ



**ਨਵੀਂ ਦਿੱਲੀ (ਨ ਜ਼ ਸ) :** ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਨੇ ਵੀਰਵਾਰ ਐਲਾਨਿਆ ਕਿ ਉਹ ਮਾਨਸੂਨ ਸੈਸ਼ਨ ਦੇ ਪਹਿਲੇ ਦਿਨ 20 ਜੁਲਾਈ ਨੂੰ ਸਿੱਖਿਆ ਸੁਧਾਰ ਕਾਰਕੁਨ ਸੋਨਮ ਵਾਂਗਚੁੱਕ ਦੇ ਨਾਲ ਜੰਤਰ-ਮੰਤਰ ਤੋਂ ਸੰਸਦ ਤੱਕ ਸ਼ਾਂਤਮਈ ਮਾਰਚ ਕੱਢੇਗੀ। ਇਹ ਪ੍ਰਦਰਸ਼ਨ ਵਾਰ-ਵਾਰ ਪ੍ਰੀਖਿਆ ਅਸਫਲਤਾਵਾਂ ਅਤੇ ਪੇਪਰ ਲੀਕ ਹੋਣ ਦੇ ਮਾਮਲਿਆਂ ਵਿੱਚ ਜਵਾਬਦੇਹੀ ਦੀ ਮੰਗ ਕਰੇਗਾ।

ਇਹ ਐਲਾਨ ਵਾਂਗਚੁੱਕ ਦੀ ਅਣਮਿੱਥੇ ਸਮੇਂ ਲਈ ਭੁੱਖ ਹੜਤਾਲ ਦੇ 11ਵੇਂ ਦਿਨ ਕੀਤਾ ਗਿਆ ਹੈ। ਦੇਸ਼-ਭਰ ਦੇ ਲੋਕਾਂ ਨੂੰ ਮਾਰਚ ਵਿੱਚ ਸ਼ਾਮਲ ਹੋਣ ਦੀ ਅਪੀਲ ਕਰਦਿਆਂ ਕਿਹਾ ਗਿਆ ਹੈ ਕਿ ਸੰਸਦ ਉਹ ਥਾਂ ਹੈ, ਜਿੱਥੇ ਵਿਦਿਆਰਥੀਆਂ ਦੀਆਂ ਚਿੰਤਾਵਾਂ ਸੁਣੀਆਂ ਜਾਣੀਆਂ ਚਾਹੀਦੀਆਂ ਹਨ ਅਤੇ ਜਵਾਬਦੇਹੀ ਤੈਅ ਕੀਤੀ ਜਾਣੀ ਚਾਹੀਦੀ ਹੈ।

ਸੀ ਜੇ ਪੀ ਦੀ ਤਰਜਮਾਨ ਵਿਜੇਤਾ ਢਾਹੀਆ ਨੇ ਕਿਹਾ, ‘ਅਸੀਂ ਇਹ ਸ਼ਾਂਤਮਈ ਮਾਰਚ ਇਸ ਕਰਕੇ ਕਰਨਾ ਚਾਹੁੰਦੇ ਹਾਂ, ਕਿਉਂਕਿ ਸਰਕਾਰ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਸਾਡੀ ਮੰਗ ਨੂੰ ਨਹੀਂ ਸੁਣ ਰਹੀ, ਇਸ ਲਈ ਅਸੀਂ ਉਨ੍ਹਾਂ ਦੇ ਨੇੜੇ ਜਾਣਾ ਚਾਹੁੰਦੇ ਹਾਂ, ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਹ ਸਾਨੂੰ ਉੱਚੀ ਅਤੇ ਸਪੱਸ਼ਟ ਆਵਾਜ਼ ਵਿੱਚ ਸੁਣ ਸਕਣ।’

ਸਮਰਥਕਾਂ ਨੂੰ ਸੰਬੋਧਨ ਕਰਦਿਆਂ ਵਾਂਗਚੁਕ ਨੇ ਕਿਹਾ, ‘ਜੇ ਤੁਸੀਂ ਸੱਚਮੁੱਚ ਚਾਹੁੰਦੇ ਹੋ ਕਿ ਮੈਂ ਜਿਉਂਦਾ ਰਹਾਂ, ਤਾਂ ਸਿਰਫ ਆਪਣੇ ਘਰਾਂ ਤੋਂ ਸੰਦੇਸ਼ ਨਾ ਭੇਜੋ, ਦਿੱਲੀ ਆਓ ਅਤੇ 20 ਜੁਲਾਈ ਨੂੰ ਸੰਸਦ ਵੱਲ ਸ਼ਾਂਤਮਈ ਮਾਰਚ ਵਿੱਚ ਮੇਰੇ ਨਾਲ ਸ਼ਾਮਲ ਹੋਵੋ। ਅਸੀਂ ਮਿਲ ਕੇ ਇਹ ਯਕੀਨੀ ਬਣਾ ਸਕਦੇ ਹਾਂ ਕਿ ਸਾਡੀਆਂ ਆਵਾਜ਼ਾਂ ਉੱਥੇ ਸੁਣੀਆਂ ਜਾਣ, ਜਿੱਥੇ ਕਾਨੂੰਨ ਬਣਾਏ ਜਾਂਦੇ ਹਨ।’

ਪਾਰਟੀ ਨੇ ਇਹ ਵੀ ਕਿਹਾ ਕਿ ਇਹ ਮਾਰਚ ਉਨ੍ਹਾਂ ਵਿਦਿਆਰਥੀਆਂ ਦੀ ਯਾਦ ਵਿੱਚ ਕੱਢਿਆ ਜਾਵੇਗਾ, ਜਿਨ੍ਹਾਂ ਨੇ ਭਾਰਤ ਦੀ ਪ੍ਰੀਖਿਆ ਪ੍ਰਣਾਲੀ ਦੀਆਂ ਵਾਰ-ਵਾਰ ਅਸਫਲਤਾਵਾਂ ਤੋਂ ਬਾਅਦ ਆਪਣੀਆਂ ਜਾਨਾਂ ਗਵਾਈਆਂ ਹਨ। ਇਸ ਵਿੱਚ ਕਿਹਾ ਗਿਆ ਹੈ ਕਿ ਦੇਸ਼ ਭਰ ਦੇ ਵਿਦਿਆਰਥੀਆਂ, ਮਾਪਿਆਂ ਅਤੇ ਨਾਗਰਿਕਾਂ ਨੂੰ ਇਸ ਪ੍ਰਦਰਸ਼ਨ ਵਿੱਚ ਸ਼ਾਮਲ ਹੋਣ ਲਈ ਬੁਲਾਇਆ ਗਿਆ ਹੈ। ਮਾਰਚ ਜੰਤਰ-ਮੰਤਰ ਤੋਂ ਸ਼ੁਰੂ ਹੋ ਕੇ ਸੰਸਦ ਵੱਲ ਵਧੇਗਾ, ਜਿਸ ਵਿੱਚ ਪ੍ਰਬੰਧਕਾਂ ਦਾ ਕਹਿਣਾ ਹੈ ਕਿ ਉਹ ਆਪਣੀਆਂ ਮੰਗਾਂ ਕਾਨੂੰਨਸਾਜ਼ਾਂ ਦੇ ਸਾਹਮਣੇ ਰੱਖਣਾ ਚਾਹੁੰਦੇ ਹਨ।

## ਥਾਣੇਦਾਰ ਸਹੇਲੀ ਸਮੇਤ ਗ੍ਰਿਫਤਾਰ



**ਤਰਨ ਤਾਰਨ/ਝਬਾਲ (ਪ੍ਰਿਤਪਾਲ ਸਿੰਘ/ ਹਰਜਿੰਦਰ ਸਿੰਘ ਸੋਨੀ) :** ਪੁਲਸ ਦੇ ਸਬ-ਇੰਸਪੈਕਟਰ ਅਤੇ ਉਸ ਦੀ ਮਹਿਲਾ ਸਾਥੀ ਨੂੰ 300 ਗ੍ਰਾਮ ਹੈਰੋਇਨ ਅਤੇ 1.27 ਲੱਖ ਰੁਪਏ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਹੈ।ਐੱਸ ਐੱਸ ਪੀ ਤਰਨ ਤਾਰਨ ਸੁਰਿੰਦਰ ਲਾਂਬਾ ਨੇ ਦੱਸਿਆ ਕਿ ਸਬ-ਇੰਸਪੈਕਟਰ ਸਾਹਿਬ ਸਿੰਘ, ਵਾਸੀ ਪਿੰਡ ਮੱਜੂਪੁਰ ਥਾਣਾ ਖਾਲੜਾ ਵਿਖੇ ਜਾਂਚ ਅਧਿਕਾਰੀ (ਆਈ ਓ) ਵਜੋਂ ਤਾਇਨਾਤ ਸੀ। ਗ੍ਰਿਫ਼ਤਾਰ ਮਹਿਲਾ ਦੀ ਪਛਾਣ ਕਿੰਦਰ ਕੌਰ, ਵਾਸੀ ਪਿੰਡ ਮਾੜੀ ਉਧੋਕੇ ਵਜੋਂ ਹੋਈ ਹੈ ਅਤੇ ਮੌਜੂਦਾ ਸਮੇਂ ਉਹ ਬਾਬਾ ਜੱਲਣ ਕਾਲੋਨੀ, ਝਬਾਲ, ਤਰਨ ਤਾਰਨ ਵਿਖੇ ਰਹਿ ਰਹੀ ਹੈ।ਪੁਲਸ ਨੇ ਮੁਲਜ਼ਮਾਂ ਕੋਲੋਂ ਹੈਰੋਇਨ ਅਤੇ ਡਰੱਗ ਮਨੀ ਬਰਾਮਦ ਕਰਨ ਦੇ ਨਾਲ-ਨਾਲ ਉਨ੍ਹਾਂ ਦੀ ਹੁੰਡਈ ਆਈ-20 ਕਾਰ, ਜਿਸ ਵਿੱਚ ਉਹ ਸਫ਼ਰ ਕਰ ਰਹੇ ਸਨ, ਵੀ ਜ਼ਬਤ ਕਰ ਲਈ ਹੈ।ਉਨ੍ਹਾਂ ਵਿਰੁੱਧ ਥਾਣਾ ਝਬਾਲ ਵਿਖੇ ਮਾਮਲਾ ਦਰਜ ਕੀਤਾ ਗਿਆ ਹੈ।

ਸਾਹਿਬ ਸਿੰਘ ਕਾਫੀ ਸਮੇਂ ਤੋਂ ਥਾਣੇਦਾਰ ਵਜੋਂ ਸੇਵਾਵਾਂ ਨਿਭਾ ਰਿਹਾ ਸੀ। ਉਹ ਪਹਿਲਾਂ ਖੁਦ ਹੀ ਹੈਰੋਇਨ ਬਰਾਮਦ ਕਰਨ ਦੇ ਦਾਅਵੇ ਕਰਕੇ ਅਖ਼ਬਾਰਾਂ ਵਿੱਚ ਖ਼ਬਰਾਂ ਲਗਵਾਉਂਦਾ ਸੀ, ਜਦੋਂਕਿ ਪਿੱਠ ਪਿੱਛੇ ਉਹ ਖ਼ੁਦ ਇਸ ਧੰਦੇ ਵਿੱਚ ਸ਼ਾਮਲ ਸੀ। ਸਾਹਿਬ ਸਿੰਘ ਨੂੰ ਕਾਬੂ ਕਰਨ ਲਈ ਸੀ ਆਈ ਏ ਸਟਾਫ ਦੀ ਟੀਮ ਦੀ ਅਗਵਾਈ ਐੱਸ ਪੀ (ਇਨਵੈਸਟੀਗੇਸ਼ਨ) ਨੇ ਕਰਦਿਆਂ ਉਸ ਨੂੰ ਝਬਾਲ ਦੇ ਨੇੜੇ ਪਿੰਡ ਮੱਜੂਪੁਰ ਕੋਲੋਂ ਦਬੋਚਿਆ।

## ਜਲੰਧਰ ਦੇ ਵਰਦਾਨ ਹਸਪਤਾਲ ’ਤੇ ਗੋਲੀਆਂ ਚਲਾਉਣ ਵਾਲਾ ਕਾਬੂ

**ਜਲੰਧਰ (ਸ਼ੈਲੀ ਐਲਬਰਟ, ਇਕਬਾਲ ਉੱਭੀ) :** ਇੱਥੋਂ ਦੇ ਵਰਦਾਨ ਹਸਪਤਾਲ ’ਤੇ ਫਾਇਰਿੰਗ ਕਰਨ ਵਾਲੇ ਬੰਬੀਹਾ ਗੈਂਗ ਦੇ ਖਤਰਨਾਕ ਸ਼ੂਟਰ ਨੂੰ ਵੀਰਵਾਰ ਐਨਕਾਊਂਟਰ ਤੋਂ ਬਾਅਦ ਗ੍ਰਿਫ਼ਤਾਰ ਕਰ ਲਿਆ ਗਿਆ। ਪੁਲਸ ਕਮਿਸ਼ਨਰ ਸਤਿੰਦਰ ਸਿੰਘ ਨੇ ਦੱਸਿਆ ਕਿ ਜਦੋਂ ਪੁਲਸ ਟੀਮ ਨੇ ਉਸ ਨੂੰ ਰੁਕਣ ਦਾ ਇਸ਼ਾਰਾ ਕੀਤਾ, ਤਾਂ ਮੋਟਰਸਾਈਕਲ ਭਜਾਉਣ ਦੀ ਕੋਸ਼ਿਸ਼ ’ਚ ਉਹ ਜ਼ਮੀਨ ’ਤੇ ਡਿੱਗ ਪਿਆ। ਇਸ ਤੋਂ ਬਾਅਦ ਉਸ ਨੇ ਪੁਲਸ ਪਾਰਟੀ ’ਤੇ ਗੋਲੀ ਚਲਾ ਦਿੱਤੀ। ਪੁਲਸ ਨੇ ਵੀ ਜਵਾਬੀ ਫਾਇਰਿੰਗ ਕੀਤੀ ਤੇ ਇੱਕ ਗੋਲੀ ਸ਼ੂਟਰ ਦੇ ਪੈਰ ਵਿੱਚ ਲੱਗੀ। ਸ਼ੂਟਰ ਦੀ ਪਛਾਣ ਸ਼ਾਹਕੋਟ ਇਲਾਕੇ ਦੇ ਜੋਧ ਸਿੰਘ ਉਰਫ ਜੋਧਾ ਵਜੋਂ ਹੋਈ ਹੈ। ਉਸ ਨੇ 28 ਫਰਵਰੀ ਨੂੰ ਮੋਤਾ ਸਿੰਘ ਨਗਰ ਸਥਿਤ ਵਰਦਾਨ ਹਸਪਤਾਲ ਦੇ ਗੇਟ ’ਤੇ ਮਹਿਜ਼ 3 ਸਕਿੰਟਾਂ ਵਿੱਚ 4 ਗੋਲੀਆਂ ਚਲਾਈਆਂ ਸਨ। ਇਸ ਕਰਕੇ ਸ਼ਹਿਰ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ ਸੀ। ਫਾਇਰਿੰਗ ਉਸ ਨੇ ਵਿਦੇਸ਼ ਵਿੱਚ ਬੈਠੇ ਗੈਂਗਸਟਰ ਲੱਕੀ ਪਟਿਆਲ ਦੇ ਕਹਿਣ ’ਤੇ ਕੀਤੀ ਸੀ।

## ਥਾਣੇਦਾਰ ਸੁੱਤਾ ਪਿਆ ਨੱਪਿਆ



**ਅੰਮ੍ਰਿਤਸਰ :** ਡੀ ਆਈ ਜੀ (ਬਾਰਡਰ ਰੇਂਜ) ਹਰਮਨਬੀਰ ਸਿੰਘ ਗਿੱਲ ਨੇ ਰਾਜਾਸਾਂਸੀ ਥਾਣੇ ਦੇ ਮੁੱਖ ਅਫਸਰ ਸਬ-ਇੰਸਪੈਕਟਰ ਹਰਜੀਤ ਸਿੰਘ ਨੂੰ ਮੁਅੱਤਲ ਕਰ ਦਿੱਤਾ, ਕਿਉਂਕਿ ਉਹ ਬੁੱਧਵਾਰ ਰਾਤ ਚੈਕਿੰਗ ਦੌਰਾਨ ਗੈਰਹਾਜ਼ਰ ਲੱਭਾ। ਸੂਤਰਾਂ ਮੁਤਾਬਕ ਡੀ ਆਈ ਜੀ ਰਾਜਾਸਾਂਸੀ ਇਲਾਕੇ ਵਿੱਚ ਨਾਕਿਆਂ ਦੀ ਅਚਨਚੇਤ ਜਾਂਚ ਕਰ ਰਹੇ ਸਨ। ਐੱਸ ਐੱਚ ਓ ਗਾਇਬ ਮਿਲਿਆ। ਉਹ ਥਾਣੇ ਦੇ ਅੰਦਰ ਸੁੱਤਾ ਪਿਆ ਸੀ। ਗੁੱਸੇ ਵਿੱਚ ਆਏ ਡੀ ਆਈ ਜੀ ਨੇ ਉਸ ਨੂੰ ਝਾੜ ਪਾਉਂਦਿਆਂ ਕਿਹਾ, ‘ਉੱਧਰ ਅੱਗ ਲੱਗੀ ਹੋਈ ਹੈ ਤੇ ਤੂੰ ਸੁੱਤਾ ਪਿਆ ਏਂ।’

## ਖਾਲਿਸਤਾਨੀ ਉਂਗਲਾਂ ’ਤੇ ਗਿਣਨ ਜੋਗੇ : ਪਰਮਾਰ



**ਵਲਿੰਗਟਨ (ਨਿਊ ਜ਼ੀਲੈਂਡ) :** ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਨਿਊ ਜ਼ੀਲੈਂਡ ਦੇ ਦੋ ਦਿਨਾ ਦੌਰੇ ਤੋਂ ਪਹਿਲਾਂ ਨਿਊਜ਼ ਲੈਂਡ ਦੀ ਸੰਸਦ ਮੈਂਬਰ ਪਰਮਜੀਤ ਪਰਮਾਰ ਨੇ ਖਾਲਿਸਤਾਨ ਪੱਖੀ ਪ੍ਰਦਰਸ਼ਨਾਂ ਬਾਰੇ ਚਿੰਤਾਵਾਂ ਨੂੰ ਘੱਟ ਕਰਦੇ ਹੋਏ ਕਿਹਾ ਕਿ ਇਸ ਵਿੱਚ ਸ਼ਾਮਲ ਲੋਕ ‘ਬਹੁਤ ਥੋਹੜੀ ਗਿਣਤੀ’ ਵਿੱਚ ਹਨ ਅਤੇ ਉਹ ਦੇਸ਼ ਦੇ ਵਿਸ਼ਾਲ ਸਿੱਖ ਭਾਈਚਾਰੇ ਦੇ ਵਿਚਾਰਾਂ ਦੀ ਪ੍ਰਤੀਨਿਧਤਾ ਨਹੀਂ ਕਰਦੇ। ਨੈਸ਼ਨਲ ਪਾਰਟੀ ਤੋਂ ਨਿਊ ਜ਼ੀਲੈਂਡ ਦੀ ਸੰਸਦ ਲਈ ਚੁਣੀ ਗਈ ਪਹਿਲੀ ਭਾਰਤੀ ਮੂਲ ਦੀ ਮਹਿਲਾ ਪਰਮਾਰ ਨੇ ਕਿਹਾ ਕਿ ਨਿਊ ਜ਼ੀਲੈਂਡ ਬੋਲਣ ਦੀ ਆਜ਼ਾਦੀ ਅਤੇ ਸ਼ਾਂਤਮਈ ਪ੍ਰਦਰਸ਼ਨ ਦੇ ਅਧਿਕਾਰ ਦੀ ਕਦਰ ਕਰਦਾ ਹੈ, ਪਰ ਜ਼ੋਰ ਦਿੱਤਾ ਕਿ ਅਜਿਹੀਆਂ ਆਜ਼ਾਦੀਆਂ ਡਰਾਉਣ-ਧਮਕਾਉਣ, ਹਿੰਸਾ ਜਾਂ ਅੱਤਵਾਦ ਦਾ ਸਮਰਥਨ ਨਹੀਂ ਕਰਦੀਆਂ। ਪਰਮਾਰ ਨੇ ਮੀਡੀਆ ਨੂੰ ਦੱਸਿਆ, ‘ਗਿਣਤੀ ਬਹੁਤ ਛੋਟੀ ਹੈ, ਤੁਸੀਂ ਉਨ੍ਹਾਂ ਨੂੰ ਆਪਣੀਆਂ ਉਂਗਲਾਂ ’ਤੇ ਗਿਣ ਸਕਦੇ ਹੋ। ਉਹ ਇੱਥੇ ਸਿੱਖ ਭਾਈਚਾਰੇ ਅਤੇ ਭਾਈਚਾਰੇ ਦੇ ਵਿਚਾਰਾਂ ਦੀ ਪ੍ਰਤੀਨਿਧਤਾ ਨਹੀਂ ਕਰਦੇ।’ ਇਹ ਟਿੱਪਣੀਆਂ ਅਜਿਹੇ ਸਮੇਂ ਆਈਆਂ ਹਨ, ਜਦੋਂ ਪ੍ਰਧਾਨ ਮੰਤਰੀ ਮੋਦੀ ਦੇ ਦੌਰੇ ਤੋਂ ਪਹਿਲਾਂ ਖਾਲਿਸਤਾਨ ਪੱਖੀ ਗਤੀਵਿਧੀਆਂ ਦਾ ਮੁੱਦਾ ਇੱਕ ਵਾਰ ਫਿਰ ਸੁਰਖੀਆਂ ਵਿੱਚ ਆ ਗਿਆ ਹੈ। ਭਾਰਤ ਨੇ ਨਿਊ ਜ਼ੀਲੈਂਡ ਦੇ ਸਾਹਮਣੇ ਵਾਰ-ਵਾਰ ਖਾਲਿਸਤਾਨ ਪੱਖੀ ਅਨਸਰਾਂ ਦੀਆਂ ਗਤੀਵਿਧੀਆਂ ਅਤੇ ਇਥੋਂ ਦੀ ਧਰਤੀ ਤੋਂ ਕਥਿਤ ਤੌਰ ’ਤੇ ਚਲਾਈਆਂ ਜਾ ਰਹੀਆਂ ਭਾਰਤ ਵਿਰੋਧੀ ਗਤੀਵਿਧੀਆਂ ਬਾਰੇ ਚਿੰਤਾਵਾਂ ਪ੍ਰਗਟਾਈਆਂ ਹਨ।

## ਨਸ਼ਾ ਤਸਕਰੀ ’ਚ ਘੁਬਾਇਆ ਚੌਕੀ ਦਾ ਇੰਚਾਰਜ ਤੇ ਮੁਨਸ਼ੀ ਮੁਅੱਤਲ

**ਫਾਜ਼ਿਲਕਾ :** ਪੁਲਸ ਚੌਕੀ ਘੁਬਾਇਆ ਦਾ ਇੱਕ ਮੁਨਸ਼ੀ ਆਪਣੇ ਸਾਥੀਆਂ ਸਮੇਤ 280 ਗ੍ਰਾਮ ਹੈਰੋਇਨ ਅਤੇ ਇੱਕ ਨਾਜਾਇਜ਼ ਪਿਸਤੌਲ ਨਾਲ ਗੁਆਂਢੀ ਜ਼ਿਲ੍ਹੇ ਸ੍ਰੀ ਮੁਕਤਸਰ ਸਾਹਿਬ ਦੀ ਪੁਲਸ ਹੱਥੋਂ ਫੜਿਆ ਗਿਆ ਸੀ। ਵੀਰਵਾਰ ਚੌਕੀ ਘੁਬਾਇਆ ਦੇ ਇੰਚਾਰਜ ਗੁਰਨਾਮ ਸਿੰਘ ਅਤੇ ਮੁਨਸ਼ੀ ਜੋਗਿੰਦਰ ਸਿੰਘ ਨੂੰ ਸਸਪੈਂਡ ਕਰ ਦਿੱਤਾ ਹੈ। ਚੌਕੀ ਦੇ ਪੂਰੇ ਸਟਾਫ਼ ਨੂੰ ਹੀ ਉੱਥੋਂ ਬਦਲ ਦਿੱਤਾ ਹੈ। ਜਲਾਲਾਬਾਦ ਦੇ ਡੀ ਐੱਸ ਪੀ ਗੁਰਸੇਵਕ ਸਿੰਘ ਨੇ ਦੱਸਿਆ ਕਿ ਮੁਨਸ਼ੀ ਦੇ ਫੜੇ ਜਾਣ ਤੋਂ ਬਾਅਦ ਚੌਕੀ ਇੰਚਾਰਜ ਗੁਰਨਾਮ ਸਿੰਘ ਡਿਊਟੀ ਤੋਂ ਗੈਰ-ਹਾਜ਼ਰ ਚੱਲ ਰਿਹਾ ਸੀ। ਉਸ ਖ਼ਿਲਾਫ਼ ਵਿਭਾਗੀ ਕਾਰਵਾਈ ਕਰਦਿਆਂ ਇੱਕ ਰਿਪੋਰਟ ਤਿਆਰ ਕਰਕੇ ਅਗਲੇ ਐਕਸ਼ਨ ਲਈ ਉੱਚ ਅਧਿਕਾਰੀਆਂ ਨੂੰ ਭੇਜ ਦਿੱਤੀ ਹੈ।

## ਐੱਸ ਆਈ ਆਰ ਵੈਰੀਫਿਕੇਸ਼ਨ ਲਾਜ਼ਮੀ : ਅਮਨ ਅਰੋੜਾ



**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ) :** ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਵੀਰਵਾਰ ਨੂੰ ਪੰਜਾਬ ਦੇ ਲੋਕਾਂ ਨੂੰ ਭਾਰਤੀ ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਦੀ ਕਰਵਾਈ ਜਾ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ ਆਈ ਆਰ) ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ ਹੈ। ਉਨ੍ਹਾ ਕਿਹਾ ਕਿ ਹਰ ਯੋਗ ਵੋਟਰ ਨੂੰ ਆਪਣੀ ਵੈਰੀਫਿਕੇਸ਼ਨ ਪ੍ਰਕਿਰਿਆ ਪੂਰੀ ਕਰਨੀ ਚਾਹੀਦੀ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਨ੍ਹਾਂ ਦੇ ਵੋਟ ਪਾਉਣ ਦੇ ਅਧਿਕਾਰ ਸੁਰੱਖਿਅਤ ਰਹਿਣ ਅਤੇ ਉਨ੍ਹਾਂ ਨੂੰ ਪੰਜਾਬ ਸਰਕਾਰ ਦੀਆਂ ਵੱਖ-ਵੱਖ ਭਲਾਈ ਸਕੀਮਾਂ ਦੇ ਲਾਭ ਮਿਲਦੇ ਰਹਿਣ।

ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਲੋਕਾਂ ਨੂੰ ਇਹ ਯਕੀਨੀ ਬਣਾਉਣ ਦੀ ਅਪੀਲ ਕੀਤੀ ਸੀ ਕਿ ਉਨ੍ਹਾਂ ਦੇ ਨਾਂਅ ਵੋਟਰ ਸੂਚੀ ਵਿੱਚ ਬਰਕਰਾਰ ਰਹਿਣ। ਉਨ੍ਹਾ ਕਿਹਾ, ਭਗਵੰਤ ਮਾਨ ਸਰਕਾਰ ਨੇ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਕਈ ਲੋਕ-ਪੱਖੀ ਭਲਾਈ ਸਕੀਮਾਂ ਸ਼ੁਰੂ ਕੀਤੀਆਂ ਹਨ। ਅਸੀਂ ਚਾਹੁੰਦੇ ਹਾਂ ਕਿ ਹਰ ਯੋਗ ਲਾਭਪਾਤਰੀ ਨੂੰ ਬਿਨਾਂ ਕਿਸੇ ਰੁਕਾਵਟ ਦੇ ਇਹ ਲਾਭ ਮਿਲਦੇ ਰਹਿਣ। ਇਸ ਲਈ ਇਹ ਬਹੁਤ ਮਹੱਤਵਪੂਰਨ ਹੈ ਕਿ ਹਰ ਅਸਲੀ ਵੋਟਰ ਵੈਰੀਫਿਕੇਸ਼ਨ ਪ੍ਰਕਿਰਿਆ ਨੂੰ ਪੂਰਾ ਕਰੇ ਅਤੇ ਆਪਣੀ ਵੋਟ ਨੂੰ ਸੁਰੱਖਿਅਤ ਕਰੇ। ਇਸ ਸੁਧਾਰ ਪ੍ਰਕਿਰਿਆ ’ਤੇ ਚਿੰਤਾ ਪ੍ਰਗਟ ਕਰਦਿਆਂ ਅਮਨ ਅਰੋੜਾ ਨੇ ਕਿਹਾ ਕਿ ਭਾਜਪਾ ਨੇ ਇਸ ਤੋਂ ਪਹਿਲਾਂ ਦੂਜੇ ਰਾਜਾਂ ਵਿੱਚ ਰਾਜਨੀਤਕ ਲਾਭ ਲਈ ਅਜਿਹੇ ਅਭਿਆਸਾਂ ਦੀ ਦੁਰਵਰਤੋਂ ਕੀਤੀ ਸੀ। ਉਨ੍ਹਾਂ ਸਪੱਸ਼ਟ ਕੀਤਾ ਕਿ ‘ਆਪ’ ਨਹੀਂ ਚਾਹੁੰਦੀ ਕਿ ਪੰਜਾਬ ਵਿੱਚ ਇੱਕ ਵੀ ਅਸਲੀ ਵੋਟਰ ਆਪਣੀ

(• ਬਾਕੀ ਸਫ਼ਾ 2 ’ਤੇ)

## 55.35 ਕਰੋੜ ਦੇ ਫਰਜ਼ੀ ਬਿਲਿੰਗ ਘੁਟਾਲੇ ਦਾ ਮਾਸਟਰਮਾਈਂਡ ਗ੍ਰਿਫ਼ਤਾਰ: ਚੀਮਾ

**ਚੰਡੀਗੜ੍ਹ (ਨ ਜ਼ ਸ) :** ਵਿੱਤ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਵੀਰਵਾਰ ਦੱਸਿਆ ਕਿ ਪੰਜਾਬ ਰਾਜ ਕਰ ਵਿਭਾਗ ਨੇ ਜਲੰਧਰ ਸਥਿਤ ਫਰਮ ਮੈਸਰਜ਼ ਰੈਮਸਨਜ਼ ਦੇ ਮਾਲਕ ਭੁਪਿੰਦਰ ਸ਼ਰਮਾ ਨੂੰ 55.35 ਕਰੋੜ ਰੁਪਏ ਦੇ ਫਰਜ਼ੀ ਬਿਲਿੰਗ ਘੁਟਾਲੇ ਨੂੰ ਅੰਜਾਮ ਦੇਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਹੈ। ਉਨ੍ਹਾ ਕਿਹਾ ਕਿ ਇਸ ਅਹਿਮ ਕਾਰਵਾਈ ਨੇ ਲਗਭਗ 8.35 ਕਰੋੜ ਰੁਪਏ ਦੇ ਇਨਪੁਟ ਟੈਕਸ ਕ੍ਰੈਡਿਟ ਦੇ ਫਰਜ਼ੀ ਲੈਣ-ਦੇਣ ਨੂੰ ਸਫਲਤਾਪੂਰਵਕ ਰੋਕਿਆ। ਚੀਮਾ ਨੇ ਕਿਹਾ ਕਿ ਇਸ ਫਰਮ ਨੇ ਲਗਭਗ 55.35 ਕਰੋੜ ਰੁਪਏ ਦੀ ਜਾਅਲੀ ਬਿਲਿੰਗ ਕੀਤੀ, ਜਿਸ ਦੇ ਸਿੱਟੇ ਵਜੋਂ ਲਗਭਗ 8.35 ਕਰੋੜ ਰੁਪਏ ਦਾ ਫਰਜ਼ੀ ਆਈ ਟੀ ਸੀ ਗਲਤ ਤਰੀਕੇ ਨਾਲ ਪ੍ਰਾਪਤ ਕੀਤਾ ਗਿਆ ਅਤੇ ਅੱਗੇ ਪਾਸ ਕੀਤਾ ਗਿਆ। ਇਸ ਫਰਜ਼ੀ ਆਈ ਟੀ ਸੀ ਦੀ ਵਰਤੋਂ ਕੁਝ ਨਿਰਮਾਣ ਫਰਮਾਂ ਦੁਆਰਾ ਨਿਰਯਾਤ ’ਤੇ ਭੁਗਤਾਨ ਕੀਤੇ ਗਏ ਆਈ ਜੀ ਐੱਸ ਟੀ ਦੇ ਰਿਫੰਡ ਦਾਅਵੇ ਕਰਨ ਲਈ ਕੀਤੀ ਗਈ ਸੀ, ਜਿਸ ਨਾਲ ਸਰਕਾਰੀ ਖਜ਼ਾਨੇ ਨੂੰ ਸਿੱਧਾ ਅਤੇ ਭਾਰੀ ਨੁਕਸਾਨ ਹੋਇਆ ਹੈ।

ਚੀਮਾ ਨੇ ਕਿਹਾ ਕਿ ਇਸ ਮਾਮਲੇ ਵਿੱਚ ਸ਼ਾਮਿਲ ਹੋਰ ਵਿਅਕਤੀਆਂ ਦੇ ਪੂਰੇ ਨੈੱਟਵਰਕ ਦੀ ਪਛਾਣ ਕਰਨ, ਇਸ ਫਰਜ਼ੀ ਆਈ ਟੀ ਸੀ ਦੇ ਸਹੀ ਪ੍ਰਵਾਹ ਦਾ ਪਤਾ ਲਗਾਉਣ ਅਤੇ ਟੈਕਸ ਚੋਰੀ ਦੀ ਕੁੱਲ ਰਕਮ ਦਾ ਪਤਾ ਲਗਾਉਣ ਲਈ ਜਾਂਚ ਜ਼ੋਰਾਂ-ਸ਼ੋਰਾਂ ਨਾਲ ਜਾਰੀ ਹੈ।

## ਪਿਓ-ਧੀ ਦੀ ਮੌਤ, ਮਾਂ-ਪੁੱਤ ਗੰਭੀਰ

**ਪਟਿਆਲਾ (ਰਾਜਿੰਦਰ ਸਿੰਘ ਥਿੰਦ):** ਇੱਥੋਂ ਦੀ ਆਫੀਸਰਜ਼ ਕਲੋਨੀ ਵਿੱਚ ਪੈਸਿਆਂ ਦੇ ਲੈਣ-ਦੇਣ ਅਤੇ ਘਰੇਲੂ ਕਲੇਸ਼ ਤੋਂ ਤੰਗ ਆ ਕੇ ਇੱਕੋ ਪਰਵਾਰ ਦੇ ਚਾਰ ਜੀਆਂ ਨੇ ਜ਼ਹਿਰੀਲੀ ਚੀਜ਼ ਨਿਗਲ ਲਈ। ਪਰਵਾਰ ਦੇ ਮੁਖੀ ਅਤੇ ਉਸ ਦੀ ਮਾਸੂਮ ਧੀ ਦੀ ਇਲਾਜ ਦੌਰਾਨ ਮੌਤ ਹੋ ਗਈ। ਮ੍ਰਿਤਕਾਂ ਦੀ ਪਛਾਣ ਵਿਕਾਸ ਬਾਤਿਸ਼ (45), ਜੋ ਕਿ ਇੱਕ ਨਿੱਜੀ ਬੈਂਕ ਵਿੱਚ ਮੁਲਾਜ਼ਮ ਸੀ ਅਤੇ ਉਸ ਦੀ 13 ਸਾਲਾ ਧੀ ਖੁਸ਼ੀ ਬਾਤਿਸ਼ ਵਜੋਂ ਹੋਈ ਹੈ। ਵਿਕਾਸ ਦੀ ਪਤਨੀ ਤਮੰਨਾ ਬਾਤਿਸ਼ (43) ਅਤੇ 11 ਸਾਲਾ ਪੁੱਤਰ ਕਨਵ ਬਾਤਿਸ਼ ਦੀ ਹਾਲਤ ਬੇਹੱਦ ਨਾਜ਼ੁਕ ਬਣੀ ਹੋਈ ਹੈ। ਪੁਲਸ ਮੁਤਾਬਕ ਬੁੱਧਵਾਰ ਰਾਤ ਜ਼ਹਿਰੀਲੀ ਚੀਜ਼ ਖਾਣ ਕਾਰਨ ਜਦੋਂ ਚਾਰਾਂ ਦੀ ਤਬੀਅਤ ਵਿਗੜ ਗਈ, ਤਾਂ ਵਿਕਾਸ ਦੇ ਸਹੁਰੇ ਪਰਵਾਰ ਵੱਲੋਂ ਉਨ੍ਹਾਂ ਨੂੰ ਤੁਰੰਤ ਸਰਕਾਰੀ ਰਾਜਿੰਦਰਾ ਹਸਪਤਾਲ ਦਾਖਲ ਕਰਵਾਇਆ ਗਿਆ। ਡੀ ਐੱਸ ਪੀ ਸਿਟੀ-1 ਸੰਜੀਵ ਸਿੰਗਲਾ ਨੇ ਦੱਸਿਆ ਕਿ ਇਹ ਖੌਫਨਾਕ ਕਦਮ ਵਿੱਤੀ ਲੈਣ-ਦੇਣ ਨੂੰ ਲੈ ਕੇ ਚੱਲ ਰਹੇ ਘਰੇਲੂ ਵਿਵਾਦ ਕਾਰਨ ਚੁੱਕਿਆ ਗਿਆ ਪ੍ਰਤੀਤ ਹੁੰਦਾ ਹੈ।

## ਸ਼ੁੱਧ ਪੈਟਰੋਲ 82 ਰੁਪਏ ਲੀਟਰ ਮਿਲੇ: ਕੇਜਰੀਵਾਲ

**ਨਵੀਂ ਦਿੱਲੀ (ਨ ਜ਼ ਸ):** ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਦੇਸ਼ ਵਿੱਚ 102 ਰੁਪਏ ਪ੍ਰਤੀ ਲੀਟਰ ਵਿਕ ਰਹੇ ਈ-20 ਬਲੈਂਡਡ ਪੈਟਰੋਲ ਦੀ ਕੀਮਤ ਨੂੰ ਲੈ ਕੇ ਕੇਂਦਰ ਸਰਕਾਰ ’ਤੇ ਨਿਸ਼ਾਨਾ ਸਾਧਿਆ ਹੈ। ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਸ਼ੁੱਧ ਪੈਟਰੋਲ 82 ਰੁਪਏ ਪ੍ਰਤੀ ਲੀਟਰ ਮਿਲਣਾ ਚਾਹੀਦਾ ਹੈ, ਪਰ ਸਰਕਾਰ ਲੋਕਾਂ ਨੂੰ 102 ਰੁਪਏ ਪ੍ਰਤੀ ਲੀਟਰ ਈ-20 ਪੈਟਰੋਲ ਦੇ ਰਹੀ ਹੈ। ਅੰਤਰ ਰਾਸ਼ਟਰੀ ਬਾਜ਼ਾਰ ’ਚ ਕੱਚੇ ਤੇਲ ਦੀ ਕੀਮਤ 70 ਡਾਲਰ ਪ੍ਰਤੀ ਬੈਰਲ ਹੈ। ਇਸ ਕੀਮਤ ’ਤੇ ਪੈਟਰੋਲ ਬਣਾਉਣ ਦੀ ਲਾਗਤ 42 ਰੁਪਏ ਬੈਠਦੀ ਹੈ। ਜੇਕਰ ਸਾਰਾ ਟੈਕਸ ਜੋੜ ਦਿੱਤਾ ਜਾਵੇ ਤਾਂ ਵੀ 82 ਰੁਪਏ ਵਿੱਚ ਸ਼ੁੱਧ ਪੈਟਰੋਲ ਅਤੇ 70 ਰੁਪਏ ਵਿੱਚ ਈ-20 ਮਿਲਣਾ ਚਾਹੀਦਾ ਹੈ। ਇਸੇ ਹਿਸਾਬ ਨਾਲ ਡੀਜ਼ਲ ਦੀਆਂ ਕੀਮਤਾਂ ਵੀ ਘੱਟ ਹੋਣੀਆਂ ਚਾਹੀਦੀਆਂ ਹਨ।ਇਥੇ ਪਾਰਟੀ ਦੇ ਮੁੱਖ ਦਫ਼ਤਰ ਵਿਖੇ ਪ੍ਰੈੱਸ ਕਾਨਫਰੰਸ ਕਰਦਿਆਂ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਪੈਟਰੋਲ-ਡੀਜ਼ਲ ਦੇ ਰੇਟ ਦਾ ਮਹਿੰਗਾਈ ’ਤੇ ਸਿੱਧਾ ਅਸਰ ਪੈਂਦਾ ਹੈ। ਰੇਟ ਘੱਟ ਹੁੰਦੇ ਹੀ ਮਹਿੰਗਾਈ ਘੱਟ ਜਾਵੇਗੀ। ਪਹਿਲਾਂ ਵੀ ਤੇਲ ਕੰਪਨੀਆਂ ਨੇ 77 ਹਜ਼ਾਰ ਕਰੋੜ ਦਾ ਮੁਨਾਫਾ ਕਮਾਇਆ ਸੀ ਅਤੇ ਹੁਣ ਫਿਰ ਕਮਾ ਰਹੀਆਂ ਹਨ, ਪਰ ਕੁਝ ਦਿਨ ਚੱਲੀ ਜੰਗ ਦਾ ਬਹਾਨਾ ਬਣਾ ਕੇ ਜਨਤਾ ਦੀ ਜੇਬ ਕੱਟੀ ਜਾ ਰਹੀ ਹੈ। ਕੇਜਰੀਵਾਲ ਨੇ ਅੱਗੇ ਕਿਹਾ ਕਿ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਘੱਟ ਹੋਣ ਨਾਲ ਮਹਿੰਗਾਈ ’ਤੇ ਬਹੁਤ ਵੱਡੀ ਸੱਟ ਵੱਜੇਗੀ ਅਤੇ ਲੋਕਾਂ ਨੂੰ ਕਾਫੀ ਰਾਹਤ ਮਿਲੇਗੀ ਕਿਉਂਕਿ ਪੈਟਰੋਲ ਅਤੇ ਡੀਜ਼ਲ ਟਰਾਂਸਪੋਰਟ ਨੂੰ ਪ੍ਰਭਾਵਿਤ ਕਰਦੇ ਹਨ, ਟਰਾਂਸਪੋਰਟ ਸਸਤੀ ਹੋਣ ਨਾਲ ਸਾਰੀਆਂ ਚੀਜ਼ਾਂ ਦੇ ਰੇਟਾਂ ਵਿੱਚ ਕਮੀ ਆਵੇਗੀ। ਕੇਜਰੀਵਾਲ ਨੇ ਕਿਹਾ ਕਿ ਕੇਂਦਰੀ ਮੰਤਰੀ ਹਰਦੀਪ ਪੁਰੀ ਅਨੁਸਾਰ ਜੰਗ ਦੌਰਾਨ ਤੇਲ ਕੰਪਨੀਆਂ ਨੂੰ ਹੋਏ ਨੁਕਸਾਨ ਦੀ ਭਰਪਾਈ ਹੁਣ ਮੁਨਾਫਾ ਕਮਾ ਕੇ ਪੂਰੀ ਕੀਤੀ ਜਾ ਰਹੀ ਹੈ, ਉਨ੍ਹਾਂ ਦੀ ਇਹ ਦਲੀਲ ਬਿਲਕੁਲ ਗਲਤ ਹੈ। 2014 ਤੋਂ ਲੈ ਕੇ ਅੱਜ ਤੱਕ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਛੇ ਵਾਰ ਕੱਚੇ ਤੇਲ ਦੀ ਕੀਮਤ ਕਾਫੀ ਘੱਟ ਹੋਈ ਹੈ। ਇਸ ਦੇ ਬਾਵਜੂਦ ਸਰਕਾਰ ਨੇ ਦੇਸ਼ ਵਿੱਚ ਪੈਟਰੋਲ ਦੀ ਕੀਮਤ ਨਹੀਂ ਘਟਾਈ।

## ਅੱਜ-ਨਾਮਾ

ਆਗੂ ਭਾਜਪਾ ਦੇ ਲਾਉਣ ਆਉਣ ਚੱਕਰ,
ਏਜੰਡੇ ਉੱਪਰ ਆ ਸਿਰਫ ਪੰਜਾਬ ਬੇਲੀ।
ਆਪਣੇ ਰਾਜਾਂ ਦੀ ਠੀਕ ਨਾ ਕਿਤੇ ਹਾਲਤ,
ਪੁੱਛਣ ਪੰਜਾਬ ਵਿੱਚ ਕੁੱਲ ਹਿਸਾਬ ਬੇਲੀ।
ਰਾਜ ਸਰਕਾਰ ਇਹ ਜਾਣਦੀ ਰਾਜਨੀਤੀ,
ਦਿੰਦੀ ਹੈ ਟਕੇ ਜਿਹਾ ਮੋੜ ਜਵਾਬ ਬੇਲੀ।
ਬਾਹਲਾ ਗੱਦੀ ਦਾ ਕਿਸੇ ਦਾ ਮੋਹ ਕਹਿੰਦੇ,
ਕਿਸੇ ਨੂੰ ਗੱਦੀ ਦੇ ਆਉਣ ਖਵਾਬ ਬੇਲੀ।
ਹਰ ਥਾਂ ਕੁਰਸੀ ਦੀ ਜਦੋਂ ਆ ਖੇਡ ਸਾਰੀ,
ਚੰਗਾ ਕੌਣ ਹੈ ਕਿਹੜਾ ਫਿਰ ਬੁਰਾ ਬੇਲੀ।
ਨਾਅਰਾ ਲੋਕਾਂ ਦੇ ਹਿੱਤਾਂ ਦਾ ਜਾਏ ਲੱਗੀ,
ਕੁਰਸੀ ਬਣੀ ਸਿਆਸਤ ਦਾ ਧੁਰਾ ਬੇਲੀ।

-ਤੀਸ ਮਾਰ ਖਾਂ

## ਨਸ਼ਾ ਕਰਨ ਵਾਲੇ 10656 ਲੋਕਾਂ ਨੂੰ ਮੁਕੱਦਮੇ ਤੋਂ ਛੋਟ



**ਚੰਡੀਗੜ੍ਹ (ਨ ਜ਼ ਸ)** ਮਾਰਚ 2025 ਵਿੱਚ ਸ਼ੁਰੂ ਕੀਤੀ ਗਈ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਹੁਣ ਤੱਕ 10,656 ਨਸ਼ਾ ਕਰਨ ਵਾਲਿਆਂ ਨੂੰ ਨਾਰਕੋਟਿਕ ਡਰੱਗਜ਼ ਐਂਡ ਸਾਈਕੋਟ੍ਰੋਪਿਕ ਸਬਸਟੈਂਸ (ਐੱਨ ਡੀ ਪੀ ਐੱਸ) ਐਕਟ ਦੀ ਧਾਰਾ 641 ਤਹਿਤ ਮੁਕੱਦਮੇ ਤੋਂ ਛੋਟ ਦਿੱਤੀ ਗਈ ਹੈ।

ਵੀਰਵਾਰ ਨੂੰ ਇੱਥੇ ਜਾਰੀ ਅਧਿਕਾਰਤ ਬਿਆਨ ਵਿੱਚ ਕਿਹਾ ਗਿਆ ਹੈ ਕਿ ਨਸ਼ੀਲੇ ਪਦਾਰਥਾਂ ਦੇ ਸੇਵਨ ਜਾਂ ਨਿੱਜੀ ਵਰਤੋਂ ਲਈ ਘੱਟ ਮਾਤਰਾ ਵਿੱਚ ਨਸ਼ੀਲੇ ਪਦਾਰਥ ਰੱਖਣ ਲਈ ਮੁਕੱਦਮਾ ਚਲਾਉਣ ਦੀ ਬਜਾਏ ਉਨ੍ਹਾਂ ਨੂੰ ਇਲਾਜ ਅਤੇ ਰਿਕਵਰੀ ਲਈ ਸਰਕਾਰ ਵੱਲੋਂ ਚਲਾਏ ਜਾਂਦੇ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਕੇਂਦਰਾਂ ਵਿੱਚ ਦਾਖਲ ਕਰਵਾਇਆ ਗਿਆ ਹੈ। ਪੰਜਾਬ ਪੁਲਸ ਨੇ 1 ਮਾਰਚ 2025 ਤੋਂ 6 ਜੁਲਾਈ 2026 ਤੱਕ ਐੱਨ ਡੀ ਪੀ ਐੱਸ ਐਕਟ ਤਹਿਤ 51,516 ਐੱਫ ਆਈ ਆਰ ਦਰਜ ਕੀਤੀਆਂ ਅਤੇ 67,519 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ। ਇਸੇ ਸਮੇਂ ਦੌਰਾਨ 10,000 ਤੋਂ ਵੱਧ ਲੋਕਾਂ ਨੂੰ ਮੁਕੱਦਮੇ ਤੋਂ ਛੋਟ ਦਿੱਤੀ ਗਈ, ਜੋ ਪੰਜਾਬ ਵਿੱਚ ਨਸ਼ਿਆਂ ਦੀ ਸਪਲਾਈ ਨੂੰ ਰੋਕਣ ਅਤੇ ਸਿਹਤ ਸਹਾਇਤਾ ਦੀ ਲੋੜ ਵਾਲੇ ਲੋਕਾਂ ਨੂੰ ਰਾਜ ਦੀਆਂ ਸਹੂਲਤਾਂ ਨਾਲ ਜੋੜਨ ਦੇ ਪੁਲਸ ਦੀ ਦੋਹਰੀ ਪਹੁੰਚ ਨੂੰ ਦਰਸਾਉਂਦਾ ਹੈ।

ਬਿਆਨ ਵਿੱਚ ਕਿਹਾ ਗਿਆ ਹੈ, ‘ਰਾਜ ਦਾ ਇਹ ਹਮਦਰਦੀ ਭਰਿਆ ਨਜ਼ਰੀਆ ਇਸ ਸਮਝ ਨੂੰ ਦਰਸਾਉਂਦਾ ਹੈ ਕਿ ਨਸ਼ੇ ਦੀ ਲਤ ਤੋਂ ਪੀੜਤ ਵਿਅਕਤੀਆਂ ਨੂੰ ਸਜ਼ਾ ਦੀ ਬਜਾਏ ਮੁੜ-ਵਸੇਬੇ ਅਤੇ ਇਲਾਜ ਦੀ ਲੋੜ ਹੈ। ਇਹ ਅਸਲ ਵਿੱਚ ਇਸ ਗੱਲ ਦਾ ਵੀ ਸਬੂਤ ਹੈ ਕਿ ਐੱਨ ਡੀ ਪੀ ਐੱਸ ਐਕਟ ਦੀ ਧਾਰਾ 641 ਦੀ ਵਰਤੋਂ ਰਾਜ ਵੱਲੋਂ ਉਸੇ ਤਰ੍ਹਾਂ ਕੀਤੀ ਜਾ ਰਹੀ ਹੈ, ਜਿਵੇਂ ਕਿ ਇਰਾਦਾ ਸੀ।’

ਇਸ ਵਿੱਚ ਕਿਹਾ ਗਿਆ ਹੈ, ‘ਇਹ ਵਿਵਸਥਾ ਉਨ੍ਹਾਂ ਨਸ਼ਾ ਕਰਨ ਵਾਲਿਆਂ ਨੂੰ ਮੁਕੱਦਮੇ ਤੋਂ ਛੋਟ ਦਿੰਦੀ ਹੈ, ਜੋ ਸਵੈ-ਇੱਛਾ ਨਾਲ ਨਸ਼ਾ ਛੁਡਾਊ ਇਲਾਜ ਕਰਵਾਉਂਦੇ ਹਨ, ਜਿਸ ਨਾਲ ਉਹ ਐਕਟ ਦੀਆਂ ਸੰਬੰਧਤ ਧਾਰਾਵਾਂ ਤਹਿਤ ਨਿਰਧਾਰਤ ਸਜ਼ਾ ਤੋਂ ਬਚ ਸਕਦੇ ਹਨ।’ ਬਿਆਨ ਮੁਤਾਬਕ ਡਾਕਟਰੀ ਮਾਹਰ ਹਰੇਕ ਲਾਭਪਾਤਰੀ ਦਾ ਮੁਲਾਂਕਣ ਕਰਦੇ ਹਨ ਅਤੇ ਇੱਕ ਵਿਅਕਤੀਗਤ ਇਲਾਜ ਯੋਜਨਾ ਤਿਆਰ ਕਰਦੇ ਹਨ, ਜਿਸ ਵਿੱਚ ਡੀਟੌਕਸੀਫਿਕੇਸ਼ਨ, ਮਨੋਵਿਗਿਆਨਕ ਦੇਖਭਾਲ, ਕਾਊਂਸਲਿੰਗ, ਵਿਹਾਰ ਸੰਬੰਧੀ ਥੈਰੇਪੀ ਅਤੇ ਦੁਬਾਰਾ ਨਸ਼ੇ ਵਿੱਚ ਪੈਣ ਤੋਂ ਰੋਕਥਾਮ ਸ਼ਾਮਲ ਹੈ। ਇਸ ਪ੍ਰੋਗਰਾਮ ਦੀ ਹਾਲੀਆ ਸਫਲਤਾ ਨੂੰ ਦੇਖਦੇ ਹੋਏ ਆਉਣ ਵਾਲੇ ਦਿਨਾਂ ਵਿੱਚ ਪੁਲਸ ਹੋਰ ਪੀੜਤਾਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਕੇਂਦਰਾਂ ਨਾਲ ਜੋੜਨਾ ਜਾਰੀ ਰੱਖੇਗੀ।

ਡੀ ਜੀ ਪੀ ਗੌਰਵ ਯਾਦਵ ਨੇ ਕਿਹਾ, ‘ਨਸ਼ਿਆਂ ਵਿਰੁੱਧ ਲੜਾਈ ਸਿਰਫ ਤਸਕਰਾਂ ਨੂੰ ਗ੍ਰਿਫ਼ਤਾਰ ਕਰਨ ਬਾਰੇ ਨਹੀਂ, ਸਗੋਂ ਨਸ਼ੇ ਦੀ ਲਤ ਵਿੱਚ ਫਸੇ ਹਰ ਵਿਅਕਤੀ ਨੂੰ ਉਭਰਨ ਦਾ ਨਿਰਪੱਖ ਮੌਕਾ ਦੇਣ ਬਾਰੇ ਵੀ ਹੈ। ਇੱਕ ਵਿਅਕਤੀ ਜੋ ਕੱਲ੍ਹ ਇੱਕ ਸੰਭਾਵੀ ਅਪਰਾਧੀ ਬਣ ਸਕਦਾ ਹੈ, ਉਸ ਨੂੰ ਸਹੀ ਸਮੇਂ ’ਤੇ ਇਲਾਜ ਕਰਵਾਉਣ ਲਈ ਮਜਬੂਰ ਕੀਤਾ ਜਾਂਦਾ ਹੈ ਤਾਂ ਜੋ ਉਹ ਸਮਾਜ ਵਿੱਚ ਮੁੜ ਸ਼ਾਮਲ ਹੋ ਸਕੇ। ਜੋ ਲੋਕ ਨਸ਼ੇ ਦੀ ਲਤ ਨਾਲ ਜੂਝ ਰਹੇ ਹਨ ਅਤੇ ਉਨ੍ਹਾਂ ਦੇ ਪਰਵਾਰਾਂ ਨੂੰ ਵੀ ਨਸ਼ਾ ਛੁਡਾਊ ਇਲਾਜ ਕਰਵਾਉਣ ਲਈ ਅੱਗੇ ਆਉਣਾ ਚਾਹੀਦਾ ਹੈ।’

## ਬਿੱਟੂ ਨੂੰ ਥਾਣੇ ਜਾਣ ਤੋਂ ਰੋਕਿਆ



**ਮੋਗਾ (ਇਕਬਾਲ ਸਿੰਘ ਖਹਿਰਾ):** ਪੁਲਸ ਨੇ ਵੀਰਵਾਰ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਸਦਰ ਥਾਣੇ ਵੱਲ ਜਾਣ ਤੋਂ ਰੋਕ ਦਿੱਤਾ। ਬਿੱਟੂ ਨੇ ਐਲਾਨ ਕੀਤਾ ਸੀ ਕਿ ਉਹ ਥਾਣੇ ਜਾ ਕੇ ਗ੍ਰਨੇਡ ਧਮਾਕੇ ਬਾਰੇ ਸਾਰੀ ਜਾਣਕਾਰੀ ਪ੍ਰਾਪਤ ਕਰਨਗੇ, ਪਰ ਜਿਵੇਂ ਹੀ ਦੁਪਹਿਰ ਵੇਲੇ ਉਹ ਕਾਫਲੇ ਨਾਲ ਮੋਗਾ ’ਚ ਦਾਖਲ ਹੋਏ, ਤਾਂ ਡੀ ਐੱਸ ਪੀ ਦੀ ਅਗਵਾਈ ਹੇਠ ਭਾਰੀ ਪੁਲਸ ਫੋਰਸ ਨੇ ਉਨ੍ਹਾ ਨੂੰ ਰਸਤੇ ਵਿੱਚ ਹੀ ਰੋਕ ਲਿਆ ਅਤੇ ਅੱਗੇ ਜਾਣ ਦੀ ਇਜਾਜ਼ਤ ਨਹੀਂ ਦਿੱਤੀ। ਇਸ ਦੌਰਾਨ ਪੁਲਸ ਅਧਿਕਾਰੀਆਂ ਨੇ ਮੰਤਰੀ ਨੂੰ ਹਮਲੇ ਸੰਬੰਧੀ ਸੰਖੇਪ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਮੁਲਜ਼ਮਾਂ ਨੂੰ ਕਾਬੂ ਕਰਨ ਲਈ ਛਾਪੇਮਾਰੀ ਜਾਰੀ ਹੈ। ਪੁਲਸ ਦੀ ਇਸ ਕਾਰਵਾਈ ਤੋਂ ਬਾਅਦ ਮੰਤਰੀ ਨਾਲ ਆਏ ਆਗੂਆਂ ਨੇ ਪੰਜਾਬੀ ਏਕਤਾ ਦੇ ਨਾਅਰੇ ਲਗਾਏ। ਬੀਤੇ ਦਿਨ ਤੜਕਸਾਰ ਮੋਗਾ ਦੇ ਥਾਣਾ ਸਦਰ ’ਤੇ ਦੋ ਅਣਪਛਾਤੇ ਮੋਟਰਸਾਈਕਲ ਸਵਾਰਾਂ ਨੇ ਹੈਂਡ ਗ੍ਰਨੇਡ ਸੁੱਟ ਕੇ ਹਮਲਾ ਕਰ ਦਿੱਤਾ ਸੀ। ਪੁਲਸ ਸੂਤਰਾਂ ਅਨੁਸਾਰ ਧਮਾਕੇ ਵਿੱਚ ਵਰਤਿਆ ਗਿਆ ਪਦਾਰਥ ਘੱਟ ਸ਼ਕਤੀਸ਼ਾਲੀ ਹੋਣ ਕਾਰਨ ਵੱਡਾ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ, ਹਾਲਾਂਕਿ ਥਾਣੇ ਅੰਦਰ ਖੜ੍ਹੀਆਂ ਦੋ ਗੱਡੀਆਂ ਦੇ ਸ਼ੀਸ਼ੇ ਟੁੱਟ ਗਏ। ਪੁਲਸ ਨੇ ਸੀ ਸੀ ਟੀ ਵੀ ਕੈਮਰਿਆਂ ਦੀ ਮਦਦ ਨਾਲ ਹਮਲਾਵਰਾਂ ਦੀ ਪਛਾਣ ਕਰ ਲਈ ਹੈ ਅਤੇ ਉਨ੍ਹਾਂ ਦੀ ਗ੍ਰਿਫਤਾਰੀ ਦੇ ਜਤਨ ਕਰ ਰਹੀ ਹੈ।

# ਨਰੇਗਾ ਮੁਲਾਜ਼ਮਾਂ ਨੂੰ ਪੱਕੇ ਕਰਨ ਤੋਂ ਭੱਜੀ ਸਰਕਾਰ, ਸੰਘਰਸ਼ ਹੋਵੇਗਾ ਹੋਰ ਤਿੱਖਾ

**• ਅੱਜ ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਫੂਕੇ ਜਾਣਗੇ ਸਰਕਾਰ ਦੇ ਪੁਤਲੇ**

**ਫ਼ਰੀਦਕੋਟ, (ਐਲਿਗਜ਼ੈਂਡਰ ਡਿਸੂਜ਼ਾ) :** ਸੂਬੇ ਅੰਦਰ 70,000 ਨਵੀਆਂ ਨੌਕਰੀਆਂ ਦੇਣ ਦਾ ਦਾਅਵਾ ਕਰਨ ਵਾਲੀ ਭਗਵੰਤ



ਮਾਨ ਸਰਕਾਰ ਦਾ ਉਸ ਸਮੇਂ ਝੂਠ ਬੇਨਕਾਬ ਹੋ ਗਿਆ, ਜਦੋਂ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਉੱਚ ਅਧਿਕਾਰੀਆਂ ਨੇ ਪਿਛਲੇ 18 ਸਾਲਾਂ ਤੋਂ ਕੱਚੀਆਂ ਅਸਾਮੀਆਂ 'ਤੇ ਕੰਮ ਕਰ ਰਹੇ ਨਰੇਗਾ ਮੁਲਾਜ਼ਮਾਂ ਨੂੰ ਪੱਕੇ ਕਰਨ ਤੋਂ ਕੋਰੀ ਨਾਂਹ ਕਰ ਦਿੱਤੀ।ਆਪਣੀਆਂ ਸੇਵਾਵਾਂ ਨੂੰ ਵਿਭਾਗ ਵਿੱਚ ਮਰਜ਼ ਕਰਕੇ ਪੱਕੇ ਕੀਤੇ ਜਾਣ ਦੀ ਮੰਗ ਨੂੰ ਲੈ ਕੇ ਨਰੇਗਾ ਮੁਲਾਜ਼ਮ ਪਿਛਲੇ 37 ਦਿਨਾਂ ਤੋਂ ਲਗਾਤਾਰ ਧਰਨੇ 'ਤੇ ਬੈਠੇ ਹਨ।

ਇੱਥੇ ਜ਼ਿਲ੍ਹਾ ਪ੍ਰੀਸ਼ਦ ਫ਼ਰੀਦਕੋਟ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨਰੇਗਾ ਮੁਲਾਜ਼ਮ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਹਰਪਿੰਦਰ ਸਿੰਘ, ਬਲਾਕ ਪ੍ਰਧਾਨ ਹਰਬੰਸ ਸਿੰਘ, ਖੁਸ਼ਪ੍ਰੀਤ ਸਿੰਘ ਤੇ ਬਲਰਾਜ ਸਿੰਘ ਨੇ ਦੱਸਿਆ ਕਿ ਲੰਘੀ 1 ਜੂਨ, 10 ਜੂਨ ਤੇ 2 ਜੁਲਾਈ ਨੂੰ ਪੰਚਾਇਤ ਮੰਤਰੀ

**15 ਨੂੰ ਪੰਚਾਇਤ ਮੰਤਰੀ ਦੇ ਖੰਨਾ ਸਥਿਤ ਘਰ ਦਾ ਹੋਵੇਗਾ ਘਿਰਾਓ**

ਤਰੁਨਪ੍ਰੀਤ ਸਿੰਘ ਸੌਂਦ ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਹੋਈਆਂ ਪੈਨਲ ਮੀਟਿੰਗਾਂ ਦੌਰਾਨ ਕੈਬਨਿਟ ਮੰਤਰੀਆਂ ਨੇ ਮੁਲਾਜ਼ਮਾਂ ਦੀਆਂ ਸਾਰੀਆਂ ਮੰਗਾਂ ਨੂੰ ਜਾਇਜ਼ ਠਹਿਰਾਉਂਦਿਆਂ ਪ੍ਰਵਾਨ ਕਰ ਲਿਆ ਸੀ।ਸਰਕਾਰ ਵੱਲੋਂ 7 ਜੁਲਾਈ ਦੀ ਮੀਟਿੰਗ ਵਿੱਚ ਪੰਚਾਇਤ ਵਿਭਾਗ ਦੇ ਸਾਰੇ ਉੱਚ ਅਧਿਕਾਰੀਆਂ ਨੂੰ ਸ਼ਾਮਲ ਹੋਣ ਦੀ ਹਦਾਇਤ ਕੀਤੀ ਗਈ ਸੀ, ਪਰ ਇਸ ਮੀਟਿੰਗ ਦੌਰਾਨ ਅਫ਼ਸਰਸ਼ਾਹੀ ਮੁਲਾਜ਼ਮਾਂ ਨੂੰ ਪੱਕਾ ਕਰਨ ਦੇ ਵਾਅਦੇ ਤੋਂ ਪੂਰੀ ਤਰ੍ਹਾਂ ਭੱਜ ਗਈ। ਮੀਟਿੰਗ ਤੋਂ ਬਾਅਦ ਸਮੂਹ ਮਗਨਰੇਗਾ ਮੁਲਾਜ਼ਮਾਂ ਨੇ ਸਾਂਝੇ ਤੌਰ 'ਤੇ ਤਿੱਖੇ ਸੰਘਰਸ਼ ਦਾ ਬਿਗਲ ਵਜਾਉਂਦੇ ਹੋਏ ਕਿਹਾ ਕਿ 10 ਜੁਲਾਈ ਨੂੰ ਪੰਜਾਬ ਦੇ ਸਾਰੇ ਜ਼ਿਲ੍ਹਾ ਪ੍ਰੀਸ਼ਦ ਦਫ਼ਤਰਾਂ ਅੱਗੇ ਪੰਜਾਬ ਸਰਕਾਰ ਦੇ ਪੁਤਲੇ ਫੂਕੇ ਜਾਣਗੇ।12 ਜੁਲਾਈ ਨੂੰ ਮੁੱਖ ਮੰਤਰੀ ਦੇ ਬੰਗਲੌਰ ਤੋਂ ਵਾਪਸ ਆਉਣ ਤੋਂ ਬਾਅਦ ਉਨ੍ਹਾਂ ਦੇ ਹਰ 'ਲੋਕ ਮਿਲਣੀ' ਪ੍ਰੋਗਰਾਮ ਵਿੱਚ ਜਾ ਕੇ ਨਰੇਗਾ ਮੁਲਾਜ਼ਮ ਸਿੱਧੇ ਸਵਾਲ ਕਰਨਗੇ।15 ਜੁਲਾਈ ਨੂੰ ਹਜ਼ਾਰਾਂ ਦੀ ਗਿਣਤੀ ਵਿੱਚ ਇਕੱਠੇ ਹੋ ਕੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦੀ ਖੰਨਾ ਸਥਿਤ ਰਿਹਾਇਸ਼ ਦਾ ਘਿਰਾਓ ਕੀਤਾ ਜਾਵੇਗਾ ਤੇ ਵਿਸ਼ਾਲ ਰੋਸ ਰੈਲੀ ਕੱਢੀ ਜਾਵੇਗੀ। ਇਸ ਮੌਕੇ ਜ਼ਿਲ੍ਹੇ ਦੇ ਸਮੂਹ ਨਰੇਗਾ ਕਰਮਚਾਰੀ ਤੇ ਆਗੂ ਵੱਡੀ ਗਿਣਤੀ ਵਿੱਚ ਹਾਜ਼ਰ ਸਨ, ਜਿਨ੍ਹਾਂ ਨੇ ਸਰਕਾਰ ਖ਼ਿਲਾਫ਼ ਆਰ-ਪਾਰ ਦੀ ਲੜਾਈ ਲੜਨ ਦਾ ਅਹਿਦ ਲਿਆ।

# ਹਰਪ੍ਰੀਤ ਸਿੰਘ ਘੋਟੂ ਨੇ ਸ਼ਸ਼ੀ ਗਰਗ ਨੂੰ ਵਪਾਰ ਮੰਡਲ ਦਾ ਸ਼ਹਿਰੀ ਪ੍ਰਧਾਨ ਬਣਨ 'ਤੇ ਦਿੱਤੀ ਵਧਾਈ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਪਿਛਲੇ ਲੰਮੇ ਸਮੇਂ ਤੋਂ ਕਾਂਗਰਸ ਪਾਰਟੀ ਦੀ ਨਿਸ਼ਕਾਮ ਸੇਵਾ ਕਰ ਰਹੇ ਸਾਬਕਾ ਕੌਂਸਲਰ ਸ਼ਸ਼ੀ ਗਰਗ ਨੂੰ ਪਾਰਟੀ ਵੱਲੋਂ ਵੱਡੀ ਜ਼ਿੰਮੇਵਾਰੀ ਸੌਂਪਦਿਆਂ ਵਪਾਰ ਮੰਡਲ ਦਾ ਸ਼ਹਿਰੀ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਉਨ੍ਹਾਂ ਦੀ ਇਸ ਨਿਯੁਕਤੀ ਨਾਲ ਪਾਰਟੀ ਵਰਕਰਾਂ ਤੇ ਸਮਰਥਕਾਂ ਵਿੱਚ ਖੁਸ਼ੀ ਦਾ ਮਾਹੌਲ ਹੈ।ਪਾਰਟੀ ਨਾਲ ਲੰਮੇ ਸਮੇਂ ਤੋਂ ਜੁੜੇ ਤੇ ਸਮਰਪਤ ਭਾਵਨਾ ਨਾਲ ਸੇਵਾਵਾਂ ਨਿਭਾਉਣ ਵਾਲੇ ਆਗੂ ਨੂੰ



ਇਹ ਅਹਿਮ ਜ਼ਿੰਮੇਵਾਰੀ ਮਿਲਣ ਨੂੰ ਕਾਂਗਰਸੀ ਆਗੂਆਂ ਨੇ ਮਿਹਨਤ ਤੇ ਇਮਾਨਦਾਰੀ ਦਾ ਸਨਮਾਨ ਕਰਾਰ ਦਿੱਤਾ ਹੈ।ਇਸ ਮੌਕੇ ਹਰਪ੍ਰੀਤ ਸਿੰਘ ਘੋਟੂ ਨੇ ਸ਼ਸ਼ੀ ਗਰਗ ਨੂੰ ਵਧਾਈ ਦਿੰਦਿਆਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਹੀ ਆਪਣੇ ਮਿਹਨਤੀ, ਇਮਾਨਦਾਰ ਤੇ ਲੋਕਾਂ ਨਾਲ ਜੁੜੇ ਆਗੂਆਂ ਨੂੰ ਯੋਗ ਮਾਣ-ਸਨਮਾਨ ਦਿੰਦੀ ਆਈ ਹੈ।ਉਨ੍ਹਾਂ ਕਿਹਾ ਕਿ ਸ਼ਸ਼ੀ ਗਰਗ ਨੇ ਪਿਛਲੇ ਕਈ ਸਾਲਾਂ ਤੋਂ ਪਾਰਟੀ ਪ੍ਰਤੀ ਪੂਰੀ ਨਿਸ਼ਠਾ ਤੇ ਸਮਰਪਣ ਨਾਲ ਕੰਮ ਕੀਤਾ ਹੈ ਤੇ ਹਰ ਚੋਣ ਹੋਵੇ ਜਾਂ ਪਾਰਟੀ ਦਾ ਕੋਈ ਵੀ ਪ੍ਰੋਗਰਾਮ, ਉਹ ਹਮੇਸ਼ਾ ਅੱਗੇ ਹੋ ਕੇ ਆਪਣੀ ਜ਼ਿੰਮੇਵਾਰੀ ਨਿਭਾਉਂਦੇ ਰਹੇ ਹਨ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਵਪਾਰ ਮੰਡਲ ਦੇ ਸ਼ਹਿਰੀ ਪ੍ਰਧਾਨ ਵਜੋਂ ਸ਼ਸ਼ੀ ਗਰਗ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਵੀ ਪੂਰੀ ਤਨਦੇਹੀ ਨਾਲ ਨਿਭਾਉਣਗੇ ਤੇ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਪਾਰਟੀ ਤੇ ਸਰਕਾਰ ਦੇ ਉੱਚ ਪੱਧਰ ਤੱਕ ਪਹੁੰਚਾਉਣ ਦੇ ਨਾਲ-ਨਾਲ ਕਾਂਗਰਸ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਲਈ ਪ੍ਰਭਾਵਸ਼ਾਲੀ ਭੂਮਿਕਾ ਨਿਭਾਉਣਗੇ।ਉਨ੍ਹਾਂ ਦੀ ਨਿਯੁਕਤੀ ਨਾਲ ਪਾਰਟੀ ਦੇ ਵਰਕਰਾਂ ਵਿੱਚ ਨਵਾਂ ਉਤਸ਼ਾਹ ਪੈਦਾ ਹੋਇਆ ਹੈ ਤੇ ਆਉਣ ਵਾਲੇ ਸਮੇਂ ਵਿੱਚ ਇਸ ਦਾ ਲਾਭ ਸੰਗਠਨ ਨੂੰ ਮਿਲਣ ਦੀ ਉਮੀਦ ਜਤਾਈ ਜਾ ਰਹੀ ਹੈ।

# ਬਿਨਾਂ ਲੋੜੀਂਦੇ ਕਦਮ ਚੁੱਕੇ 20 ਫ਼ੀਸਦੀ ਇਥੇਨੌਲ ਪੈਟਰੋਲ 'ਚ ਪਾਉਣਾ ਨੁਕਸਾਨਦੇਹ-ਸੀ ਪੀ ਆਈ

**ਲੁਧਿਆਣਾ (ਐੱਮ ਐੱਸ ਭਾਟੀਆ)**-ਪੈਟਰੋਲ ਵਿੱਚ 20% ਇਥੇਨੌਲ ਪਾਉਣ ਨਾਲ ਗੱਡੀਆਂ ਨੂੰ ਬਹੁਤ ਨੁਕਸਾਨ ਹੋ ਰਿਹਾ ਹੈ, ਐਵਰੇਜ ਘੱਟ ਰਹੀ ਹੈ ਤੇ ਇੰਜਣ ਖਰਾਬ ਹੋ ਰਹੇ ਹਨ।ਸਾਡੇ ਦੇਸ਼ ਵਿੱਚ ਗੱਡੀਆਂ 10% ਇਥੇਨੌਲ ਮੁਤਾਬਕ ਬਣੀਆਂ ਹੋਈਆਂ ਹਨ।ਅਚਾਨਕ 20% ਇਥੇਨੌਲ ਪਾਉਣ ਨਾਲ ਗੱਡੀਆਂ ਦੇ ਇੰਜਣ ਵਿੱਚ ਪਾਣੀ ਜਮ੍ਹਾਂ ਹੁੰਦਾ ਹੈ, ਜਿਸ ਨਾਲ ਇੰਜਣ ਖਰਾਬ ਹੁੰਦਾ ਹੈ।ਇਥੇ ਜਾਰੀ ਬਿਆਨ ਵਿੱਚ ਭਾਰਤੀ ਕਮਿਊਨਿਸਟ ਪਾਰਟੀ (ਸੀਪੀਆਈ) ਜ਼ਿਲ੍ਹਾ ਲੁਧਿਆਣਾ ਇਕਾਈ ਦੇ ਆਗੂਆਂ ਨੇ ਕਿਹਾ ਕਿ ਕੇਂਦਰੀ ਮੰਤਰੀ ਤੇ ਆਰਐੱਸਐੱਸ-ਬੀਜੇਪੀ ਆਗੂ ਨਿਤਿਨ ਗਡਕਰੀ ਦਾ ਕਹਿਣਾ ਸੀ ਕਿ ਇਥੇਨੌਲ ਪਾਉਣ ਤੋਂ ਬਾਅਦ ਪੈਟਰੋਲ ਦੀ ਕੀਮਤ 55 ਰੁਪਏ ਪ੍ਰਤੀ ਲੀਟਰ ਰਹਿ ਜਾਏਗੀ, ਪਰ ਇੰਜ ਤਾਂ ਨਹੀਂ ਹੋਇਆ।ਪੈਟਰੋਲ ਇਕ ਸੌ ਰੁਪਏ ਪ੍ਰਤੀ ਲੀਟਰ ਤੋਂ ਉੱਪਰ ਮਿਲ ਰਿਹਾ ਹੈ।ਦੂਜੇ ਜਿਹੜੇ ਦੇਸ਼ਾਂ ਵਿੱਚ ਇਥੇਨੌਲ ਪਾਇਆ ਜਾ ਰਿਹਾ ਹੈ, ਉਨ੍ਹਾਂ ਵਿੱਚ ਪਹਿਲਾਂ ਬਕਾਇਦਾ ਤਿਆਰੀ ਕੀਤੀ ਗਈ ਸੀ।ਬ੍ਰਾਜ਼ੀਲ ਵਿੱਚ 1970ਵਿਆਂ ਤੋਂ ਇਸ ਗੱਲ ਬਾਰੇ ਖੋਜਬੀਨ ਕੀਤੀ ਗਈ ਤੇ ਬਾਅਦ ਵਿੱਚ ਇਥੇਨੌਲ ਪੈਟਰੋਲ ਵਿੱਚ ਪਾਇਆ ਗਿਆ।ਇਹ ਚੇਤੇ ਰਹੇ ਕਿ ਇਥੇਨੌਲ ਜੈਵਿਕ ਪਦਾਰਥਾਂ ਤੋਂ ਬਣਦਾ ਹੈ, ਕਿਉਂਕਿ ਇਹ ਅਲਕੋਹਲ ਹੈ।ਇਸ ਵਿੱਚ ਗੰਨਾ ਤੇ ਮੱਕੀ ਦਾ

**ਕੇਵਲ ਕਾਰਪੋਰੇਟ ਦੀ ਸੇਵਾ ਲਈ ਚੁੱਕਿਆ ਗਿਆ ਇਹ ਕਦਮ**

ਇਸਤੇਮਾਲ ਵਧੇਰੇ ਹੁੰਦਾ ਹੈ।ਇੰਨਾ ਜ਼ਿਆਦਾ ਖੇਤੀ ਦੇ ਉਤਪਾਦਾਂ ਨੂੰ ਵਰਤਣ ਨਾਲ ਖੁਰਾਕ ਸਮੱਸਿਆ ਵੀ ਖੜ੍ਹੀ ਹੋ ਸਕਦੀ ਹੈ।ਸੋ ਇਸ ਗੱਲ ਨੂੰ ਸਮੁੱਚੇ ਤੌਰ 'ਤੇ ਘੋਖ ਕਰਨਾ ਚਾਹੀਦਾ ਹੈ ਤੇ ਮਾਹਰਾਂ ਨਾਲ ਅਨੇਕਾਂ ਮੀਟਿੰਗਾਂ ਕਰਨ ਤੋਂ ਬਾਅਦ ਕੋਈ ਫੈਸਲਾ ਕਰਨਾ ਚਾਹੀਦਾ ਸੀ, ਪਰ ਕਿਉਂਕਿ ਕੇਂਦਰੀ ਮੰਤਰੀ ਗਡਕਰੀ ਦੇ ਮੁੰਡਿਆਂ ਦਾ ਇਥੇਨੌਲ ਦਾ ਕਾਰੋਬਾਰ ਹੈ, ਇਸ ਲਈ ਇਹ ਜਲਦਬਾਜ਼ੀ ਕੀਤੀ ਗਈ।ਜਦੋਂ ਇਥੇਨੌਲ ਦੇਸ਼ ਵਿੱਚੋਂ ਪੂਰਾ ਨਹੀਂ ਹੋਏਗਾ, ਫਿਰ ਅਮਰੀਕਾ ਤੋਂ ਲਿਆਂਦਾ ਜਾਏਗਾ।ਇਹ ਵੀ ਖਦਸ਼ਾ ਹੈ ਕਿ ਭਾਰਤ ਅਮਰੀਕਾ ਸਮਝੌਤੇ ਵਿੱਚ ਜੋ ਮੱਦਾਂ ਹਨ, ਉਸ ਦਾ ਪ੍ਰਭਾਵ ਇਸ ਨੀਤੀ 'ਤੇ ਪਿਆ ਹੋਏ।ਇਹ ਸਾਫ ਹੈ ਕਿ ਮੌਜੂਦਾ ਸਰਕਾਰ ਦੇਸ਼ ਦੇ ਲੋਕਾਂ ਦੇ ਹਿੱਤਾਂ ਨੂੰ ਦੇਸੀ ਤੇ ਵਿਦੇਸ਼ੀ ਕਾਰਪੋਰੇਟਾਂ ਦੇ ਹੱਥਾਂ ਵਿੱਚ ਵੇਚ ਰਹੀ ਹੈ।ਭਾਰਤੀ ਕਮਿਊਨਿਸਟ ਪਾਰਟੀ ਇਸ ਗੱਲ ਦਾ ਪੁਰਜ਼ੋਰ ਵਿਰੋਧ ਕਰਦੀ ਹੈ ਤੇ ਅਸੀਂ ਮੰਗ ਕਰਦੇ ਹਾਂ ਕਿ ਇਥੇਨੌਲ ਨੂੰ ਮੁੜ ਕੇ 10% 'ਤੇ ਲਿਆਂਦਾ ਜਾਏ ਤੇ ਜਿਹੜੀਆਂ ਗੱਡੀਆਂ ਖਰਾਬ ਹੋਈਆਂ ਹਨ, ਉਨ੍ਹਾਂ ਦਾ ਮੁਆਵਜ਼ਾ ਕੇਂਦਰ ਸਰਕਾਰ ਦੇਵੇ।ਜਦ ਤੱਕ ਸਾਰੀਆਂ ਗੱਡੀਆਂ 20% ਮੁਤਾਬਕ ਨਹੀਂ ਬਣਦੀਆਂ, ਇਸ ਨੀਤੀ ਨੂੰ ਵਾਪਸ ਲਿਆ ਜਾਏ।ਫਿਲਹਾਲ ਖਪਤਕਾਰ ਨੂੰ ਬਾਲਣ ਦੀ ਕਿਸਮ ਦੀ ਚੋਣ ਕਰਨ ਦਾ ਵਿਕਲਪ ਦਿੱਤਾ ਜਾਣਾ ਚਾਹੀਦਾ ਹੈ।ਇਸ ਮੌਕੇ ਕਾਮਰੇਡ ਡੀ. ਪੀ. ਮੌੜ ਜ਼ਿਲ੍ਹਾ ਸਕੱਤਰ, ਐੱਮ. ਐੱਸ. ਭਾਟੀਆ, ਚਮਕੌਰ ਸਿੰਘ, ਡਾ. ਰਜਿੰਦਰ ਪਾਲ ਔਲਖ (ਸਾਰੇ ਸਹਾਇਕ ਸਕੱਤਰ), ਡਾ. ਅਰੁਣ ਮਿੱਤਰਾ, ਰਮੇਸ਼ ਰਤਨ, ਕੇਵਲ ਸਿੰਘ ਬਨਵੈਤ ਤੇ ਵਿਜੇ ਕੁਮਾਰ ਸ਼ਾਮਲ ਹਨ।

## ਕਾਤਰਾਂ

### ਫਿਜੀਕਲ ਟੈਸਟ ਦੀ ਸਿਖਲਾਈ ਲਈ ਰਜਿਸਟਰੇਸ਼ਨ ਅੱਜ ਤੋਂ

**ਮਾਨਸਾ, (ਆਤਮਾ ਸਿੰਘ ਪਮਾਰ) :** ਪੰਜਾਬ ਸਰਕਾਰ ਦੇ ਰੋਜ਼ਗਾਰ ਉਤਪਤੀ ਤੇ ਟ੍ਰੇਨਿੰਗ ਵਿਭਾਗ ਦੇ ਅਦਾਰੇ ਸੀ-ਪਾਈਟ ਕੈਂਪ ਪਿੰਡ ਬੋੜਾਵਾਲ ਵਿਖੇ ਮਾਨਸਾ, ਬਰਨਾਲਾ ਤੇ ਸੰਗਰੂਰ ਜ਼ਿਲ੍ਹੇ ਦੇ ਨੌਜਵਾਨ, ਜਿਨ੍ਹਾਂ ਨੇ ਏ.ਆਰ.ਓ. ਪਟਿਆਲਾ ਦੀ ਆਰਮੀ ਅਗਨੀਵੀਰ ਭਰਤੀ ਦਾ ਲਿਖਤੀ ਪੇਪਰ ਦਿੱਤਾ ਹੋਇਆ ਹੈ, ਲਈ ਫਿਜੀਕਲ ਟੈਸਟ ਦੀ ਤਿਆਰੀ ਕਰਵਾਈ ਜਾ ਰਹੀ ਹੈ।ਜਾਣਕਾਰੀ ਦਿੰਦਿਆਂ ਸਿਖਲਾਈ ਅਧਿਕਾਰੀ ਕੈਪਟਨ ਲਖਵਿੰਦਰ ਸਿੰਘ ਨੇ ਦੱਸਿਆ ਕਿ ਏ.ਆਰ.ਓ. ਪਟਿਆਲਾ ਦੀ ਆਰਮੀ ਅਗਨੀਵੀਰ ਭਰਤੀ ਦਾ ਫਿਜੀਕਲ ਟੈਸਟ 30 ਜੁਲਾਈ ਤੋਂ 10 ਅਗਸਤ 2026 ਤੱਕ ਲਿਆ ਜਾ ਰਿਹਾ ਹੈ।ਭਰਤੀ ਹੋਣ ਦੇ ਚਾਹਵਾਨ ਤੇ ਸ਼ਰਤਾਂ ਪੂਰੀਆਂ ਕਰਦੇ ਯੁਵਕ 10 ਜੁਲਾਈ 2026 ਤੋਂ ਕਿਸੇ ਵੀ ਦਿਨ ਸਵੇਰੇ 09:00 ਵਜੇ ਸੀ-ਪਾਈਟ ਕੈਂਪ ਵਿਖੇ ਦਸਵੀਂ ਸ਼੍ਰੇਣੀ ਦੇ ਸਰਟੀਫਿਕੇਟ ਦੀ ਫੋਟੋ ਕਾਪੀ, ਭਰਤੀ ਲਈ ਆਨ-ਲਾਈਨ ਅਪਲਾਈ ਕੀਤੇ ਫਾਰਮ/ਐਡਮਿਟ ਕਾਰਡ ਦੀ ਫੋਟੋ ਕਾਪੀ, ਆਧਾਰ ਕਾਰਡ, ਜਾਤੀ ਸਰਟੀਫਿਕੇਟ ਤੇ ਰੈਜ਼ੀਡੈਂਸ ਸਰਟੀਫਿਕੇਟ ਦੀਆਂ ਫੋਟੋ ਕਾਪੀਆਂ ਸਮੇਤ 2 ਤਾਜ਼ਾ ਪਾਸਪੋਰਟ ਸਾਈਜ਼ ਫੋਟੋਗ੍ਰਾਫਜ਼ ਲੈ ਕੇ ਨਿੱਜੀ ਤੌਰ 'ਤੇ ਪਹੁੰਚ ਕੇ ਰਜਿਸਟ੍ਰੇਸ਼ਨ ਕਰਵਾ ਕੇ ਟ੍ਰੇਨਿੰਗ ਸ਼ੁਰੂ ਕਰ ਸਕਦੇ ਹਨ।

# ਸਫਾਈ ਮਜ਼ਦੂਰ ਯੂਨੀਅਨ ਘੱਗਾ ਦੇ ਅਹੁਦੇਦਾਰਾਂ ਦੀ ਚੋਣ



**ਪਾਤੜਾਂ (ਪੱਤਰ ਪ੍ਰੇਰਕ) :** ਸਫਾਈ ਮਜ਼ਦੂਰ ਯੂਨੀਅਨ ਪੰਜਾਬ ਦੇ ਸਰਪ੍ਰਸਤ ਦੁਲੀਆ ਰਾਮ ਤੇ ਜ਼ਿਲ੍ਹਾ ਪਟਿਆਲਾ ਦੇ ਪ੍ਰਧਾਨ ਸੁਨੀਲ ਗਾਗਟ ਅਤੇ ਜ਼ਿਲ੍ਹਾ ਚੇਅਰਮੈਨ ਦੀ ਰਹਿਨੁਮਾਈ ਵਿੱਚ ਨਗਰ ਪੰਚਾਇਤ ਘੱਗਾ ਵਿਖੇ ਸਫਾਈ ਮੁਲਾਜ਼ਮਾਂ ਤੇ ਸੀਵਰਮੈਨਾਂ ਦੀ ਇੱਕ ਅਹਿਮ ਮੀਟਿੰਗ ਕਰਵਾਈ ਗਈ। ਮੀਟਿੰਗ ਦੀ ਸ਼ੁਰੂਆਤ ਜਥੇਬੰਦੀ ਦੇ ਘੱਗਾ ਯੂਨਿਟ ਪ੍ਰਧਾਨ ਕਰਮਜੀਤ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਕੇ ਕੀਤੀ ਗਈ। ਇਸ ਉਪਰੰਤ ਸਰਬਸੰਮਤੀ ਨਾਲ ਨਗਰ ਪੰਚਾਇਤ ਘੱਗਾ ਦੇ ਸਫਾਈ ਮੁਲਾਜ਼ਮਾਂ ਤੇ ਸੀਵਰਮੈਨਾਂ ਦੀ ਨਵੀਂ ਯੂਨੀਅਨ ਕਮੇਟੀ ਦੀ ਚੋਣ ਕੀਤੀ ਗਈ, ਜਿਸ ਵਿੱਚ ਮੱਖਣ ਸਿੰਘ ਨੂੰ ਪ੍ਰਧਾਨ, ਅਮਰ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ, ਸੇਵਾ ਸਿੰਘ ਨੂੰ ਵਾਈਸ ਪ੍ਰਧਾਨ, ਬੁੱਧ ਰਾਮ ਨੂੰ ਜਨਰਲ ਸਕੱਤਰ ਤੇ ਨਰੇਸ਼ ਕੁਮਾਰ ਨੂੰ ਖ਼ਜ਼ਾਨਚੀ ਚੁਣਿਆ ਗਿਆ, ਜਦਕਿ ਜੱਗਾ ਸਿੰਘ, ਕਰਮਜੀਤ ਕੌਰ, ਅਨੀਤਾ, ਮਨਜੀਤ ਕੌਰ, ਮਨਜੀਤ ਸਿੰਘ ਤੇ ਬਲਵਿੰਦਰ ਸਿੰਘ ਨੂੰ ਮੈਂਬਰ ਚੁਣਿਆ ਗਿਆ। ਇਸ ਮੌਕੇ ਜ਼ਿਲ੍ਹਾ ਪਟਿਆਲਾ ਦੀ ਯੂਨੀਅਨ ਟੀਮ ਦੇ ਰੌਬਿਨ ਕੁਮਾਰ, ਬਲਵਾਨ (ਪਾਤੜਾਂ), ਅਜੇ ਕੁਮਾਰ ਭਿੰਡੀ (ਸਮਾਣਾ), ਸੋਨੂ, ਸ਼ੰਕਰ ਦਰਾਵੜ, ਦਰਸ਼ਨ ਸਿੰਘ, ਰਜਿੰਦਰ ਸਿੰਘ, ਕਾਲਾ ਐੱਮ ਸੀ (ਸਮਾਣਾ) ਸਮੇਤ ਨਗਰ ਪੰਚਾਇਤ ਘੱਗਾ ਦੇ ਸਮੂਹ ਸਫਾਈ ਮੁਲਾਜ਼ਮ ਹਾਜ਼ਰ ਸਨ।ਨਵ-ਚੁਣੇ ਪ੍ਰਧਾਨ ਮੱਖਣ ਸਿੰਘ ਨੇ ਸਮੂਹ ਮੁਲਾਜ਼ਮਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਯੂਨੀਅਨ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਸਫਾਈ ਮੁਲਾਜ਼ਮਾਂ ਤੇ ਸੀਵਰਮੈਨਾਂ ਦੇ ਹੱਕਾਂ ਤੇ ਜਾਇਜ਼ ਮੰਗਾਂ ਲਈ ਹਮੇਸ਼ਾ ਸੰਘਰਸ਼ ਕਰਦੇ ਰਹਿਣਗੇ।

# ਸਾਬਕਾ ਵਿਧਾਇਕ ਰਾਜਿੰਦਰ ਸਿੰਘ ਨੇ ਭੂਪੇਸ਼ ਬਘੇਲ ਨਾਲ ਕੀਤੀ ਮੁਲਾਕਾਤ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਵਿਧਾਨ ਸਭਾ ਹਲਕਾ ਸਮਾਣਾ ਦੇ ਸਾਬਕਾ ਵਿਧਾਇਕ ਤੇ ਸੀਨੀਅਰ ਕਾਂਗਰਸੀ ਆਗੂ ਰਾਜਿੰਦਰ ਸਿੰਘ ਨੇ ਚੰਡੀਗੜ੍ਹ ਵਿਖੇ ਪੰਜਾਬ ਕਾਂਗਰਸ ਦੇ ਇੰਚਾਰਜ ਭੂਪੇਸ਼ ਬਘੇਲ ਨਾਲ ਵਿਸ਼ੇਸ਼ ਮੁਲਾਕਾਤ ਕੀਤੀ।ਇਸ ਮੌਕੇ ਉਨ੍ਹਾ ਪੰਜਾਬ ਦੇ ਮੌਜੂਦਾ ਰਾਜਨੀਤਕ ਹਾਲਾਤ, ਪਾਰਟੀ



ਦੇ ਸੰਗਠਨ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਅਤੇ ਆਉਣ ਵਾਲੀਆਂ ਰਾਜਨੀਤਕ ਗਤੀਵਿਧੀਆਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਹੋਇਆ।ਰਾਜਿੰਦਰ ਸਿੰਘ ਨੇ ਸਮਾਣਾ ਹਲਕੇ ਨਾਲ ਸਬੰਧਤ ਲੋਕ ਮੁੱਦਿਆਂ, ਵਿਕਾਸ ਕਾਰਜਾਂ ਤੇ ਆਮ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਬਾਰੇ ਵੀ ਪੰਜਾਬ ਕਾਂਗਰਸ ਇੰਚਾਰਜ ਨੂੰ ਜਾਣੂ ਕਰਵਾਇਆ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਵਚਨਬੱਧ ਹੈ ਤੇ ਪਾਰਟੀ ਵਰਕਰਾਂ ਨੂੰ ਇਕਜੁੱਟ ਕਰਕੇ ਹਰ ਵਰਗ ਦੀ ਆਵਾਜ਼ ਨੂੰ ਬੁਲੰਦ ਕੀਤਾ ਜਾਵੇਗਾ।ਭੱਟੀਆ ਨੇ ਕਿਹਾ ਕਿ ਪਾਰਟੀ ਹਾਈਕਮਾਨ ਵੱਲੋਂ ਦਿੱਤੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਤਨਦੇਹੀ ਨਾਲ ਨਿਭਾਇਆ ਜਾਵੇਗਾ ਅਤੇ ਪੰਜਾਬ ਵਿੱਚ ਕਾਂਗਰਸ ਨੂੰ ਹੋਰ ਮਜ਼ਬੂਤ ਬਣਾਉਣ ਲਈ ਲਗਾਤਾਰ ਯਤਨ ਜਾਰੀ ਰਹਿਣਗੇ।ਰਾਜਿੰਦਰ ਸਿੰਘ ਨੇ ਪ੍ਰੈੱਸ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ 2027 ਦੀਆਂ ਚੋਣਾਂ 'ਚ ਕਾਂਗਰਸ ਸ਼ਾਨਦਾਰ ਜਿੱਤ ਹਾਸਲ ਕਰਕੇ ਪੰਜਾਬ 'ਚ ਸਰਕਾਰ ਬਣਾਏਗੀ।

# ਵਿਦਿਆਰਥੀਆਂ ਨੂੰ ਪੜ੍ਹਨ ਲਈ ਸੁਖਾਵੇਂ ਮਹੌਲ ਦੀ ਲੋੜ : ਰਵੀ ਪ੍ਰਸ਼ਾਦ



**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)**-ਗੁਰੂ ਗੋਬਿੰਦ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕੁਰੜ ਵਿਖੇ ਵਿਦਿਆਰਥੀਆਂ ਨੂੰ ਗਰਮੀ ਦੇ ਮੌਸਮ ਵਿੱਚ ਰਾਹਤ ਦੇਣ ਤੇ ਪੜ੍ਹਾਈ ਲਈ ਵਧੀਆ ਮਾਹੌਲ ਸਿਰਜਣ ਦੇ ਮਕਸਦ ਨਾਲ ਸਕੂਲ ਮੈਨੇਜਮੈਂਟ ਵੱਲੋਂ ਨਰਸਰੀ ਤੋਂ ਬਾਰਵੀਂ ਕਲਾਸ ਤੱਕ ਨਵੇਂ ਲਗਾਏ ਗਏ ਏਅਰ ਕੰਡੀਸ਼ਨਰਾਂ ਦਾ ਰਸਮੀ ਉਦਘਾਟਨ ਮੁੱਖ ਮਹਿਮਾਨ ਵਜੋਂ ਪਹੁੰਚੇ ਐੱਸ ਡੀ ਓ ਸ੍ਰੀ ਰਵੀ ਪ੍ਰਸਾਦ ਵੱਲੋਂ ਕੀਤਾ ਗਿਆ।ਇਸ ਮੌਕੇ ਗੱਲਬਾਤ ਕਰਦਿਆਂ ਐੱਸ.ਡੀ.ਓ. ਸ੍ਰੀ ਰਵੀ ਪ੍ਰਸਾਦ ਨੇ ਸਕੂਲ ਪ੍ਰਬੰਧਕਾਂ ਵੱਲੋਂ ਬੱਚਿਆਂ ਦੀ ਸਹੂਲਤ ਲਈ ਕੀਤੇ ਗਏ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਵਿੱਚ ਵਿਦਿਆਰਥੀਆਂ ਨੂੰ ਮਾਨਸਿਕ ਤੌਰ 'ਤੇ ਇਕਾਗਰ ਹੋ ਕੇ ਪੜ੍ਹਨ ਲਈ ਵਧੀਆ ਤੇ ਸੁਖਾਵੇਂ ਮਾਹੌਲ ਦੀ ਲੋੜ ਹੈ, ਜਿਸ ਵਿੱਚ ਇਹ ਸਹੂਲਤ ਕਾਫੀ ਮਦਦਗਾਰ ਸਾਬਿਤ ਹੋਵੇਗੀ। ਇਸ ਮੌਕੇ ਬਲਰਾਜ ਸਿੰਘ ਜੇ ਈ, ਰਮੇਸ਼ ਕੁਮਾਰ ਜੇ ਈ, ਸੰਸਥਾ ਦੇ ਚੇਅਰਮੈਨ ਕੌਰ ਸਿੰਘ ਧਾਲੀਵਾਲ, ਐੱਮ ਡੀ ਸੁਖਵਿੰਦਰ ਕੌਰ ਧਾਲੀਵਾਲ, ਪ੍ਰਿੰਸੀਪਲ ਰੁਪਿੰਦਰ ਕੌਰ ਚੀਮਾ, ਵਾਇਸ ਪ੍ਰਿੰਸੀਪਲ ਪ੍ਰਦੀਪ ਸਿੰਘ, ਕੁਲਦੀਪ ਸਿੰਘ ਮੰਡ ਆਦਿ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ 2027 'ਚ ਵੱਡੇ ਪੱਧਰ 'ਤੇ ਜਿੱਤ ਪ੍ਰਾਪਤ ਕਰੇਗਾ : ਰਾਜਵਿੰਦਰ ਸਿੰਘ

**ਨਿਹਾਲ ਸਿੰਘ ਵਾਲਾ, (ਨਛੱਤਰ ਸੰਧੂ) :** ਸ਼੍ਰੋਮਣੀ ਅਕਾਲੀ ਦਲ ਪਾਰਟੀ ਪੰਜਾਬ ਦੇ ਹਿੱਤਾਂ ਲਈ ਲਗਾਤਾਰ ਸੰਘਰਸ਼ ਕਰਦੀ ਆ ਰਹੀ ਹੈ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ 2027 ਵਿੱਚ ਪਾਰਟੀ ਵੱਡੀ ਜਿੱਤ ਦਰਜ ਕਰਕੇ ਇਤਿਹਾਸ ਸਿਰਜੇਗੀ।ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਹਲਕਾ ਨਿਹਾਲ ਸਿੰਘ ਵਾਲਾ ਦੇ ਇੰਚਾਰਜ ਰਾਜਵਿੰਦਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਪ੍ਰਧਾਨ ਰਣਧੀਰ ਸਿੰਘ ਥਰਾਜ ਤੇ ਮਾਲਵਾ ਜ਼ੋਨ ਪ੍ਰਧਾਨ ਪੂਰਨ ਸਿੰਘ ਪੱਤੋਂ ਵੀ ਹਾਜ਼ਰ ਸਨ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਮੌਜੂਦਾ ਸਰਕਾਰ ਨੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਕੀਤੇ, ਜਿਸ ਕਾਰਨ ਲੋਕਾਂ ਵਿੱਚ ਨਿਰਾਸ਼ਾ ਦਾ ਮਾਹੌਲ ਬਣਿਆ ਹੋਇਆ ਹੈ।ਪ੍ਰਧਾਨ ਰਾਜਵਿੰਦਰ ਸਿੰਘ ਨੇ ਕਿਹਾ ਕਿ ਸੋਸ਼ਲ ਮੀਡੀਆ 'ਤੇ ਜੋ ਮੇਰੇ ਬਾਰੇ ਗ਼ਲਤ ਅਫਵਾਹਾਂ ਫੈਲਾਈਆਂ ਜਾ ਰਹੀਆਂ ਹਨ, ਉਹ ਬਿਲਕੁਲ ਬੇਬੁਨਿਆਦ ਹਨ।ਮੈਂ ਹਮੇਸ਼ਾ ਸ਼੍ਰੋਮਣੀ ਅਕਾਲੀ ਦਲ ਪਾਰਟੀ ਦੀ ਚੜ੍ਹਦੀ ਕਲਾ ਲਈ ਕੰਮ ਕਰਦਾ ਰਿਹਾ ਹਾਂ ਤੇ ਕਰਦਾ ਰਹਾਂਗਾ।ਉਨ੍ਹਾਂ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਜੋ ਵੀ ਜ਼ਿੰਮੇਵਾਰੀ ਮੈਨੂੰ ਦਿੱਤੀ ਜਾਵੇਗੀ, ਮੈਂ ਉਸ ਨੂੰ ਤਨਦੇਹੀ ਨਾਲ ਨਿਭਾਵਾਂਗਾ। ਪ੍ਰਧਾਨ ਰਾਜਵਿੰਦਰ ਸਿੰਘ ਨੇ ਕਿਹਾ ਕਿ ਸਾਲ 2027 ਵਰਕਰਾਂ ਤੇ ਆਗੂਆਂ ਨੂੰ ਇਕਜੁੱਟ



ਹੋ ਕੇ ਮਿਹਨਤ ਕਰਨ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਹੋਰ ਮਜ਼ਬੂਤ ਹੋ ਰਿਹਾ ਹੈ ਤੇ ਆਉਣ ਵਾਲੇ ਸਮੇਂ ਵਿੱਚ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਹਲਕਾ ਪੱਧਰ 'ਤੇ ਵਰਕਰਾਂ ਤੇ ਆਗੂਆਂ ਨਾਲ ਮੀਟਿੰਗਾਂ ਕਰਕੇ ਪਾਰਟੀ ਨੂੰ ਮਜ਼ਬੂਤ ਬਣਾਉਣ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ।

# ਹੋਲੀ ਹਾਰਟ ਸਕੂਲ 'ਚ 'ਲਿਟਲ ਚੈਂਪਸ' ਨੇ ਆਪਣੀ ਪ੍ਰਤਿਭਾ ਦੇ ਰੰਗ ਬਖੇਰੇ

**ਅਜੀਤਵਾਲ, (ਨਛੱਤਰ ਸੰਧੂ)**-ਇਲਾਕੇ ਦੇ ਪ੍ਰਸਿੱਧ ਸਕੂਲ ਹੋਲੀ ਹਾਰਟ ਅਜੀਤਵਾਲ ਵਿਖੇ ਪ੍ਰਾਇਮਰੀ ਵਿਭਾਗ ਦੇ ਛੋਟੇ ਬੱਚਿਆਂ (ਲਿਟਲ ਚੈਂਪਸ) ਲਈ ਇੱਕ ਵਿਸ਼ੇਸ਼ ਤੇ ਬੇਹੱਦ ਮਨੋਰੰਜਕ ਗਤੀਵਿਧੀ ਦਿਵਸ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਨੰਨ੍ਹੇ-ਮੁੰਨੇ ਬੱਚਿਆਂ ਨੇ ਪੂਰੇ ਉਤਸ਼ਾਹ



ਨਾਲ ਭਾਗ ਲਿਆ।ਇਸ ਸਮਾਗਮ ਦਾ ਮੁੱਖ ਉਦੇਸ਼ ਖੇਡ-ਖੇਡ ਵਿੱਚ ਬੱਚਿਆਂ ਦੇ ਮਾਨਸਿਕ ਤੇ ਸਰੀਰਕ ਵਿਕਾਸ ਨੂੰ ਹੁਲਾਰਾ ਦੇਣਾ ਸੀ।ਨੰਨ੍ਹੇ-ਮੁੰਨੇ ਬੱਚਿਆਂ ਦੀ ਖੇਡ ਸ਼ੁਰੂ ਹੋਣ 'ਤੇ ਪੂਰਾ ਸਕੂਲ ਕੈਂਪਸ ਬੱਚਿਆਂ ਦੀਆਂ ਕਿਲਕਾਰੀਆਂ ਤੇ ਹਾਸਿਆਂ ਨਾਲ ਗੂੰਜ ਉੱਠਿਆ।ਅਧਿਆਪਕਾਂ ਵੱਲੋਂ ਬੱਚਿਆਂ ਲਈ ਕਈ ਤਰ੍ਹਾਂ ਦੀਆਂ ਦਿਲਚਸਪ ਖੇਡਾਂ ਜਿਵੇਂ ਕਿ ਡੱਕ ਰੇਸ ਤੇ ਔਡ ਵਨ ਆਊਟ ਰੇਸ ਦਾ ਪ੍ਰਬੰਧ ਕੀਤਾ ਗਿਆ ਸੀ, ਜਿਸ ਵਿੱਚ ਬੱਚਿਆਂ ਦਾ ਮੁਕਾਬਲਾ ਦੇਖਣਯੋਗ ਸੀ।ਇਸ ਤੋਂ ਇਲਾਵਾ ਇੱਕ ਵਿਸ਼ੇਸ਼ 'ਆਰਟ ਐਂਡ ਕਰਾਫਟ' ਕੋਨਾ ਬਣਾਇਆ ਗਿਆ ਸੀ, ਜਿੱਥੇ ਬੱਚਿਆਂ ਨੇ ਆਪਣੀਆਂ ਛੋਟੀਆਂ ਉਂਗਲਾਂ ਨਾਲ ਰੰਗ-ਬਰੰਗੇ ਪੇਂਟ, ਕਲੇਅ ਮਾਡਲਿੰਗ (ਮਿੱਟੀ ਦੇ ਖਿਡੌਣੇ) ਤੇ ਕਾਗਜ਼ ਦੀਆਂ ਕਿਸ਼ਤੀਆਂ ਬਣਾ ਕੇ ਆਪਣੀ ਰਚਨਾਤਮਕਤਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਮੌਕੇ ਸਕੂਲ ਦੇ ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ ਖਾਸ ਤੌਰ 'ਤੇ ਸ਼ਾਮਲ ਹੋਏ ਤੇ ਉਨ੍ਹਾਂ ਬੱਚਿਆਂ ਦੀਆਂ ਇਨ੍ਹਾਂ ਸੋਹਣੀਆਂ ਖੇਡਾਂ ਦੇਖ ਕੇ ਖੁਸ਼ੀ ਪ੍ਰਗਟਾਈ। ਇਸ ਦੇ ਨਾਲ ਪ੍ਰਿੰਸੀਪਲ ਸ਼ਾਕਸੀ ਗੁਲੇਰੀਆ ਨੇ ਅਧਿਆਪਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਨ੍ਹਾਂ ਰੌਚਕ ਗਤੀਵਿਧੀਆਂ ਨਾਲ ਨਾ ਸਿਰਫ਼ ਬੱਚਿਆਂ ਦਾ ਮਨੋਰੰਜਨ ਹੁੰਦਾ ਹੈ, ਸਗੋਂ ਉਨ੍ਹਾਂ ਵਿੱਚ ਆਤਮ-ਵਿਸ਼ਵਾਸ, ਆਪਸੀ ਸਹਿਯੋਗ ਤੇ ਅਨੁਸ਼ਾਸਨ ਦੀ ਭਾਵਨਾ ਵੀ ਪੈਦਾ ਹੁੰਦੀ ਹੈ।

# ਮਨਰੇਗਾ ਮੁਲਾਜ਼ਮ 15 ਦੀ ਖੰਨਾ ਰੈਲੀ 'ਚ ਭਰਵੀਂ ਸ਼ਮੂਲੀਅਤ ਕਰਨਗੇ : ਆਗੂ



ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)-ਭਖਦੀਆਂ ਹੱਕੀ ਮੰਗਾਂ ਨੂੰ ਲੈ ਕੇ ਮਨਰੇਗਾ ਕਰਮਚਾਰੀ ਯੂਨੀਅਨ ਪੰਜਾਬ ਵੱਲੋਂ ਚੱਲ ਰਹੀ ਕਲਮਛੋੜ ਹੜਤਾਲ ਲਗਾਤਾਰ ਜਾਰੀ ਹੈ।ਇਹ ਜਾਣਕਾਰੀ ਬੀ ਡੀ ਪੀ ਓ ਦਫ਼ਤਰ ਮਹਿਲ ਕਲਾਂ ਵਿਖੇ ਬਲਾਕ ਪ੍ਰਧਾਨ ਬੂਟਾ ਸਿੰਘ ਨੇ ਦਿੱਤੀ।ਮੁਲਾਜ਼ਮਾਂ ਨੇ ਸਮੁੱਚੇ ਦਫ਼ਤਰੀ ਕੰਮਕਾਜ ਦਾ ਮੁਕੰਮਲ ਬਾਈਕਾਟ ਕਰਦਿਆਂ ਪੰਜਾਬ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਧਰਨੇ ਨੂੰ ਸੰਬੋਧਨ ਕਰਦਿਆਂ ਬੂਟਾ ਸਿੰਘ, ਏ ਪੀ ਓ ਰਮਨਦੀਪ ਕੌਰ, ਜੇ ਈ ਇੰਦਰਜੀਤ ਸਿੰਘ, ਗ੍ਰਾਮ ਸੇਵਕ ਕੁਲਦੀਪ ਸਿੰਘ, ਮਹਿੰਦਰ ਸਿੰਘ ਰਾਏਸਰ, ਰਣਜੀਤ ਸਿੰਘ ਚੁਹਾਨਕੇ, ਮਹਿੰਦਰ ਸਿੰਘ ਮਹਿਲ ਕਲਾਂ ਆਦਿ ਨੇ ਕਿਹਾ ਕਿ ਸਰਕਾਰ ਨਾਲ ਹੋਈ ਉੱਚ ਪੱਧਰੀ ਮੀਟਿੰਗ ਵੀ ਕਿਸੇ ਠੋਸ ਨਤੀਜੇ 'ਤੇ ਨਹੀਂ ਪਹੁੰਚੀ।ਉਨ੍ਹਾਂ ਕਿਹਾ ਕਿ ਵਿਭਾਗ ਵਿੱਚ ਮਰਜ਼ ਕਰਨ ਦੀ ਮੁੱਖ ਮੰਗ 'ਤੇ ਸਰਕਾਰ ਵੱਲੋਂ ਕੋਈ ਫ਼ੈਸਲਾ ਨਹੀਂ ਲਿਆ ਗਿਆ, ਜਿਸ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਨਿਰਾਸ਼ਾ ਹੈ।ਆਗੂਆਂ ਨੇ ਦੱਸਿਆ ਕਿ ਮਨਰੇਗਾ ਮੁਲਾਜ਼ਮ ਪਿਛਲੇ ਸਾਲਾਂ ਤੋਂ ਪੇਂਡੂ ਵਿਕਾਸ ਦੇ ਕੰਮਾਂ ਵਿੱਚ ਸੇਵਾਵਾਂ ਨਿਭਾਅ ਰਹੇ ਹਨ, ਪਰ ਅਜੇ ਤੱਕ ਨਾ ਤਾਂ ਉਨ੍ਹਾਂ ਨੂੰ ਪੱਕਾ ਕੀਤਾ ਗਿਆ ਹੈ ਤੇ ਨਾ ਹੀ ਅੱਠ ਮਹੀਨਿਆਂ ਤੋਂ ਰੁਕੀ ਤਨਖ਼ਾਹ ਜਾਰੀ ਕੀਤੀ ਗਈ ਹੈ।ਇਸ ਕਾਰਨ ਸੈਂਕੜੇ ਪਰਵਾਰ ਗੰਭੀਰ ਆਰਥਿਕ ਸੰਕਟ ਨਾਲ ਜੂਝ ਰਹੇ ਹਨ।ਯੂਨੀਅਨ ਆਗੂਆਂ ਨੇ ਕਿਹਾ ਕਿ ਸੂਬਾ ਪੱਧਰ 'ਤੇ ਸਰਕਾਰ ਦੇ ਨੁਮਾਇੰਦਿਆਂ ਨਾਲ ਹੋਈ ਮੀਟਿੰਗ ਦੌਰਾਨ ਮੰਗਾਂ 'ਤੇ ਸਹਿਮਤੀ ਨਾ ਬਣਨ ਕਾਰਨ ਸੰਘਰਸ਼ ਨੂੰ ਹੋਰ ਤੇਜ਼ ਕਰਨ ਦਾ ਫ਼ੈਸਲਾ ਕੀਤਾ ਗਿਆ ਹੈ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜਦੋਂ ਤੱਕ ਮਰਜ਼, ਰੈਗੂਲਰ ਕਰਨ ਤੇ ਬਕਾਇਆ ਤਨਖ਼ਾਹਾਂ ਸਬੰਧੀ ਠੋਸ ਫ਼ੈਸਲਾ ਨਹੀਂ ਲਿਆ ਜਾਂਦਾ, ਉਦੋਂ ਤੱਕ ਕਲਮਛੋੜ ਹੜਤਾਲ ਤੇ ਦਫ਼ਤਰੀ ਕੰਮਕਾਜ ਦਾ ਬਾਈਕਾਟ ਜਾਰੀ ਰਹੇਗਾ।ਯੂਨੀਅਨ ਨੇ ਐਲਾਨ ਕੀਤਾ ਕਿ ਸੰਘਰਸ਼ ਦੇ ਅਗਲੇ ਪੜਾਅ ਤਹਿਤ 10 ਜੁਲਾਈ ਨੂੰ ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤੇ ਜਾਣਗੇ, ਜਦਕਿ 15 ਜੁਲਾਈ ਨੂੰ ਖੰਨਾ ਵਿਖੇ ਸੂਬਾ ਪੱਧਰੀ ਵਿਸ਼ਾਲ ਰੈਲੀ ਕਰਕੇ ਸਰਕਾਰ ਨੂੰ ਮੁਲਾਜ਼ਮਾਂ ਦੀਆਂ ਮੰਗਾਂ ਤੁਰੰਤ ਮੰਨਣ ਲਈ ਮਜਬੂਰ ਕੀਤਾ ਜਾਵੇਗਾ

## ਪਲੇਸਮੈਂਟ ਕੈਂਪ ਅੱਜ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਦਫਤਰ ਜ਼ਿਲ੍ਹਾ ਰੁਜ਼ਗਾਰ ਤੇ ਕਾਰੋਬਾਰ ਬਿਊਰੋ ਫਾਜ਼ਿਲਕਾ ਦੇ ਪਲੇਸਮੈਂਟ ਅਫਸਰ ਸ੍ਰੀ ਰਾਜ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 10 ਜੁਲਾਈ ਸ਼ੁੱਕਰਵਾਰ ਨੂੰ ਜ਼ਿਲ੍ਹਾ ਪੱਧਰੀ ਪਲੇਸਮੈਂਟ ਕੈਂਪ ਲਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿੱਚ ਸੁਰੱਖਿਆ ਤੇ ਖੁਫੀਆ ਸੇਵਾਵਾਂ ਇੰਡੀਆ ਲਿਮਟਿਡ ਕੰਪਨੀ ਸ਼ਮੂਲੀਅਤ ਕਰ ਰਹੀ ਹੈ।ਅਸਾਮੀ ਸੁਰੱਖਿਆ ਗਾਰਡ (ਲੜਕੇ) ਲਈ ਘੱਟੋ ਘੱਟ ਯੋਗਤਾ 10ਵੀਂ ਪਾਸ ਮੁੰਡਿਆਂ ਦੀ ਲੋੜ ਹੈ।ਉਮਰ ਸੀਮਾ 19 ਤੋਂ 40 ਸਾਲ ਤੱਕ ਤੇ ਕੱਦ ਘੱਟ ਤੋਂ ਘੱਟ 5 ਫੁੱਟ 6 ਇੰਚ, ਭਾਰ 54 ਕਿੱਲੋ, ਛਾਤੀ 80 ਸੈਂਟੀਮੀਟਰ ਤੋਂ 85 ਸੈਂਟੀਮੀਟਰ ਹੋਣੀ ਚਾਹੀਦੀ ਹੈ।ਤਨਖਾਹ 18000 ਤੋਂ 20000 ਰੁਪਏ ਹੈ।ਉਮੀਦਵਾਰ ਆਪਣੇ ਸਾਰੇ ਜ਼ਰੂਰੀ ਦਸਤਾਵੇਜ਼ ਜਿਵੇਂ ਕਿ 10ਵੀਂ, ਗ੍ਰੈਜੂਏਸ਼ਨ ਤੇ ਬਾਇਓਡਾਟਾ ਆਦਿ ਨਾਲ ਲੈ ਕੇ ਆਉਣ।ਉਨ੍ਹਾਂ ਦੱਸਿਆ ਕਿ ਪਲੇਸਮੈਂਟ ਕੈਂਪ 10 ਜੁਲਾਈ ਨੂੰ ਸਵੇਰੇ 10:00 ਤੋਂ ਕਮਰਾ ਨੰ. 502 ਚੌਥੀ ਮੰਜ਼ਲ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ, ਡੀ ਸੀ ਦਫ਼ਤਰ, ਏ ਬਲਾਕ ਫਾਜ਼ਿਲਕਾ ਵਿਖੇ ਲਗਾਇਆ ਜਾ ਰਿਹਾ ਹੈ।

# ਹਰਦਿਆਲ ਕੰਬੋਜ ਨੇ ਬਘੇਲ ਤੇ ਰਾਜਾ ਵੜਿੰਗ ਦੀ ਹਾਜ਼ਰੀ 'ਚ ਅਹੁਦਾ ਸੰਭਾਲਿਆ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਵਿਧਾਨ ਸਭਾ ਹਲਕਾ ਰਾਜਪੁਰਾ ਦੇ ਸਾਬਕਾ ਵਿਧਾਇਕ ਹਰਦਿਆਲ ਕੰਬੋਜ, ਜਿਨ੍ਹਾਂ ਨੂੰ ਕਾਂਗਰਸ ਦੀ ਕੇਂਦਰੀ ਹਾਈਕਮਾਂਡ ਵੱਲੋਂ 2027 ਦੌਰਾਨ ਹੋਣ ਵਾਲੀਆਂ ਵਿਧਾਨ ਸਭਾ ਦੀਆਂ ਚੋਣਾਂ ਲਈ ਚੋਣ



ਮਨੋਰਥ ਕਮੇਟੀ ਦਾ ਕੋ-ਚੇਅਰਮੈਨ ਨਿਯੁਕਤ ਕੀਤਾ ਗਿਆ ਹੈ, ਨੇ ਪੰਜਾਬ ਕਾਂਗਰਸ ਭਵਨ ਚੰਡੀਗੜ੍ਹ ਵਿਖੇ ਪੰਜਾਬ ਕਾਂਗਰਸ ਦੇ ਇੰਚਾਰਜ ਭੂਪੇਸ਼ ਬਘੇਲ ਤੇ ਪਾਰਟੀ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨਾਲ ਮੁਲਾਕਾਤ ਕਰਕੇ ਇਨ੍ਹਾਂ ਆਗੂਆਂ ਦੀ ਹਾਜ਼ਰੀ ਵਿੱਚ ਅਹੁਦਾ ਸੰਭਾਲਿਆ। ਇਸ ਮੌਕੇ ਸੈਂਕੜਿਆਂ ਦੀ ਗਿਣਤੀ ਵਿੱਚ ਉਨ੍ਹਾਂ ਦੇ ਸਮਾਰਥਕਾਂ ਤੋਂ ਇਲਾਵਾ ਕਾਂਗਰਸ ਦੇ ਬਹੁਤ ਸਾਰੇ ਆਗੂ ਤੇ ਵਰਕਰ ਹਾਜ਼ਰ ਸਨ। ਇਸ ਮੌਕੇ ਪੰਜਾਬ ਕਾਂਗਰਸ ਦੇ ਇੰਚਾਰਜ ਭੁਵੇਸ਼ ਬਘੇਲ ਨੇ ਕਾਂਗਰਸ ਪਾਰਟੀ ਵੱਲੋਂ ਹਰਦਿਆਲ ਕੰਬੋਜ ਨੂੰ ਚੋਣ ਮਨੋਰਥ ਪੱਤਰ ਕਮੇਟੀ ਦਾ ਕੋ-ਚੇਅਰਪਰਸਨ ਨਿਯੁਕਤ ਕਰਨ ਉੱਤੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ ਗਿਆ ਤੇ ਵਧਾਈ ਦਿੱਤੀ।ਹਰਦਿਆਲ ਕੰਬੋਜ ਨੇ ਕਿਹਾ ਕਿ ਉਨ੍ਹਾਂ ਨੂੰ ਪਾਰਟੀ ਵੱਲੋਂ ਉਨ੍ਹਾਂ ਨੂੰ ਦਿੱਤੇ ਮਾਨ ਸਤਿਕਾਰ ਲਈ ਉਹ ਪਾਰਟੀ ਦੇ ਹਮੇਸ਼ਾ ਰਿਣੀ ਰਹਿਣਗੇ। ਇਸ ਦੌਰਾਨ ਉਨ੍ਹਾਂ ਨਾਲ ਪੰਜਾਬ ਵਿਧਾਨ ਸਭਾ ਚੋਣਾਂ 2027 ਲਈ ਪਾਰਟੀ ਦੀਆਂ ਤਿਆਰੀਆਂ, ਸੰਗਠਨ ਨੂੰ ਹੋਰ ਮਜ਼ਬੂਤ ਕਰਨ, ਬੂਥ ਪੱਧਰ ਤੱਕ ਪਾਰਟੀ ਦੀ ਪਹੁੰਚ ਯਕੀਨੀ ਬਣਾਉਣ ਤੇ ਆਉਣ ਵਾਲੇ ਸਮੇਂ ਦੀ ਰਣਨੀਤੀ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।

# ਗਿੱਦੜਬਾਹਾ ਨਗਰ ਕੌਂਸਲ ਦੇ ਰਹਿੰਦੇ 3 ਮੈਂਬਰਾਂ ਨੇ ਚੁੱਕੀ ਸਹੁੰ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਨਵੀਂ ਚੁਣੀ ਗਈ ਨਗਰ ਕੌਂਸਲ ਗਿੱਦੜਬਾਹਾ ਦੀ ਪਹਿਲੀ ਮੀਟਿੰਗ ਵੀਰਵਾਰ ਕੌਂਸਲ ਦਫ਼ਤਰ ਵਿਖੇ ਸੀਨੀਅਰ ਮੀਤ ਪ੍ਰਧਾਨ ਮਨਤਾਜ ਸਿੰਘ ਰੈਸਟੀ ਰੰਧਾਵਾ ਦੀ ਪ੍ਰਧਾਨਗੀ ਹੇਠ ਹੋਈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਰੈਸਟੀ ਰੰਧਾਵਾ ਨੇ ਦੱਸਿਆ ਕਿ ਕਮੇਟੀ ਦੇ ਵੱਖ ਵਾਰਡਾਂ ਵਿੱਚ ਪੀਣ ਵਾਲੇ ਪਾਣੀ ਦੀ ਸਪਲਾਈ ਯਕੀਨੀ ਬਣਾਉਣ ਤੇ ਸੀਵਰੇਜ ਸਬੰਧੀ ਸਮੱਸਿਆਂਵਾਂ ਦੂਰ ਕਰਨ 'ਤੇ ਵੀ ਚਰਚਾ ਕੀਤੀ ਗਈ ਤੇ ਸ਼ਹਿਰ ਦੇ ਵਿਕਾਸ ਕਾਰਜਾਂ ਬਿਨਾਂ ਕਿਸੇ ਭੇਦਭਾਵ ਦੇ ਕਰਵਾਉਣ ਦੀ ਅਪੀਲ ਕੀਤੀ।



ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੌਂਸਲ ਪ੍ਰਧਾਨ ਐਡਵੋਕੇਟ ਗੌਰਵ ਜੈਨ ਚੀਨੂੰ ਨੇ ਕਿਹਾ ਕਿ ਕੋਈ ਵੀ ਮੈਂਬਰ ਉਨ੍ਹਾਂ ਨਾਲ ਨਾਰਾਜ਼ ਨਹੀਂ ਹੈ ਤੇ ਉਹ ਇਕ ਟੀਮ ਹਨ ਅਤੇ ਟੀਮ ਦੀ ਤਰ੍ਹਾਂ ਹੀ ਸ਼ਹਿਰ ਵਿੱਚ ਵਿਕਾਸ ਦੇ ਕੰਮ ਕਰਨਗੇ।ਦੂਜੇ ਪਾਸੇ ਕੌਂਸਲਰ ਐਡਵੋਕੇਟ ਲਗਨਪ੍ਰੀਤ ਸਿੰਘ ਲਾਲੀ ਮਾਨ ਨੇ ਪਹਿਲੀ ਮੀਟਿੰਗ ਵਿੱਚ ਗੈਰ-ਹਾਜ਼ਰ ਰਹਿਣ 'ਤੇ ਕਿਹਾ ਕਿ ਉਹ ਘਰੇਲੂ ਰੁਝੇਵੇਂ ਕਾਰਨ ਸ਼ਹਿਰ ਵਿਚੋਂ ਬਾਹਰ ਸਨ, ਜਦੋਂਕਿ ਸਾਬਕਾ ਪ੍ਰਧਾਨ ਤੇ ਕੌਂਸਲਰ ਜਸਵੀਰ ਸਿੰਘ ਮਾਨ ਨੇ ਕਿਹਾ ਕਿ ਪਾਰਟੀ ਨਾਲ ਨਰਾਜ਼ਗੀ ਵਾਲੀ ਕੋਈ ਗੱਲ ਨਹੀਂ।ਕੌਂਸਲਰ ਗੀਤਾਂਸ਼ੂ ਬੁੱਟਰ ਨੇ ਕਿਹਾ ਕਿ ਪ੍ਰਧਾਨਗੀ ਨੂੰ ਲੈ ਕੇ ਕੋਈ ਨਰਾਜ਼ਗੀ ਨਹੀਂ ਹੈ।ਇਸ ਮੌਕੇ ਨਗਰ ਕੌਂਸਲ ਦੇ ਕਾਰਜਸਾਧਕ ਅਫਸਰ ਸੁਨੀਲ ਦੱਤ ਵਰਮਾ ਵੀ ਮੌਜੂਦ ਸਨ।

ਗਠਨ ਮੌਕੇ ਉਨ੍ਹਾਂ ਦੇ ਤਿੰਨ ਕੌਂਸਲਰ ਗ਼ੈਰ-ਹਾਜ਼ਰ ਸਨ, ਜਿਨ੍ਹਾਂ ਨੂੰ ਅੱਜ ਸਹੁੰ ਚੁਕਾਈ ਗਈ ਹੈ।ਇਨ੍ਹਾਂ ਕੌਂਸਲਰਾਂ ਵਿੱਚ ਵਾਰਡ ਨੰਬਰ 4 ਤੋਂ ਲਗਨਪ੍ਰੀਤ ਸਿੰਘ ਲਾਲੀ ਮਾਨ, ਜਸਵੀਰ ਸਿੰਘ ਮਾਨ ਤੇ ਵਾਰਡ ਨੰਬਰ 19 ਤੋਂ ਕੌਂਸਲਰ ਗੀਤਾਂਸ਼ੂ ਬੁੱਟਰ ਸ਼ਾਮਲ ਸਨ।ਇਸ ਤੋਂ ਇਲਾਵਾ ਮੀਟਿੰਗ ਦੌਰਾਨ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਲੈ ਕੇ ਚਰਚਾ ਕੀਤੀ ਗਈ ਤੇ ਸਮੂਹ ਕੌਂਸਲਰਾਂ ਨੂੰ ਵਾਰਡਾਂ ਦੇ ਬਕਾਇਆ ਰਹਿੰਦੇ ਵਿਕਾਸ ਕਾਰਜਾਂ ਦੀ ਸੂਚੀ ਤਿਆਰ ਕਰਨ ਨੂੰ ਕਿਹਾ ਗਿਆ ਹੈ ਤਾਂ ਜੋ ਬਕਾਇਆ ਪਏ ਕੰਮ ਜਲਦੀ ਪੂਰੇ ਕੀਤੇ ਜਾ ਸਕਣ।ਇਸ ਤੋਂ ਇਲਾਵਾ ਵੱਖ

# ਨਗਰ ਪੰਚਾਇਤ ਭਗਤਾ ਦੀ ਪ੍ਰਧਾਨਗੀ ਦਾ ਪੇਚ ਫਸਿਆ

**• ਆਪ ਕੌਂਸਲਰ ਸੀਰਾ ਪੰਨੂ ਦੇ ਪ੍ਰਧਾਨ ਬਣਨ ਦੇ ਆਸਾਰ ਵਧੇ**



**ਬਠਿੰਡਾ, (ਰਾਜੀਵ ਗੋਇਲ) :** ਬੀਤੇ ਦਿਨੀ ਨਗਰ ਪੰਚਾਇਤ ਭਗਤਾ ਦੀ ਹੋਈ ਚੋਣ ਤੋਂ ਬਾਅਦ ਆਏ ਨਤੀਜਿਆਂ ਮੁਤਾਬਕ 7 ਸੀਟਾਂ ਅਕਾਲੀ ਦਲ, 5 ਸੀਟਾਂ ਕਾਂਗਰਸ ਤੇ 1 ਸੀਟ ਆਮ ਆਦਮੀ ਪਾਰਟੀ ਦੇ ਝੋਲੀ ਪਈ ਸੀ। ਭਾਵੇਂ ਹੀ ਇਨ੍ਹਾਂ ਚੋਣਾਂ ਵਿੱਚ ਅਕਾਲੀ ਦਲ ਦੇ ਹਿੱਸੇ 7 ਸੀਟਾਂ ਆਈਆਂ, ਪਰ ਪ੍ਰਧਾਨਗੀ ਦਾ ਪੇਚ ਅਜੇ ਵੀ ਬਰਕਰਾਰ ਹੈ, ਕਿਉਂਕਿ ਕਾਂਗਰਸੀ ਕੌਂਸਲਰਾਂ ਵੱਲੋਂ ਕਿਸੇ ਵੇਲੇ ਵੀ ਆਮ ਆਦਮੀ ਪਾਰਟੀ ਦੇ ਕੌਂਸਲਰ ਜਗਸੀਰ ਸਿੰਘ ਉਰਫ ਸੀਰਾ ਪੰਨੂ ਦਾ ਸਮਰਥਨ ਕੀਤਾ ਜਾ ਸਕਦਾ ਹੈ। ਜੇਕਰ ਕਾਂਗਰਸੀ ਕੌਂਸਲਰ ਅਜਿਹਾ ਕਰਦੇ ਹਨ ਤਾਂ ਹਲਕਾ ਵਿਧਾਇਕ ਵੱਲੋਂ ਪਾਈ ਜਾਣ ਵਾਲੀ ਵੋਟ ਦੀ ਗਿਣਤੀ ਕਰਕੇ ਦੋਹੇਂ ਪਾਸੇ 7-7 ਵੋਟਾਂ ਬਣਦੀਆਂ ਹਨ, ਜਿਸ ਕਾਰਨ ਇਕੱਲੇ ਅਕਾਲੀ ਦਲ ਨੂੰ ਪ੍ਰਧਾਨ ਬਣਾਉਣਾ ਅਸੰਭਵ ਹੀ ਨਹੀਂ ਨਾਮੁਮਕਿਨ ਹੋ ਸਕਦਾ ਹੈ, ਕਿਉਂਕਿ ਪਿਛਲੇ ਦਿਨੀਂ ਸੂਬੇ ਦੇ ਮੁੱਖ ਮੰਤਰੀ ਵੱਲੋਂ ਦਿੱਤੇ ਗਏ ਬਿਆਨ ਅਨੁਸਾਰ ਕਿ ਨਗਰ ਪੰਚਾਇਤਾਂ/ਕੌਂਸਲਾਂ ਦੇ ਪ੍ਰਧਾਨ ਉਨ੍ਹਾਂ ਅਨੁਸਾਰ ਬਣਾਏ ਜਾਣਗੇ, ਤਾਂ ਨਗਰ ਪੰਚਾਇਤ ਦੀ ਪ੍ਰਧਾਨਗੀ ਦੀ ਕੁਰਸੀ ਸੀਰਾ ਪੰਨੂ ਨੂੰ ਹਾਸਲ ਹੋ ਸਕਦੀ ਹੈ, ਕਿਉਂਕਿ ਆਪ ਵੱਲੋਂ ਸਿਰਫ ਸੀਰਾ ਪੰਨੂ ਵੱਲੋਂ ਹੀ ਜਿੱਤ ਹਾਸਲ ਕੀਤੀ ਗਈ ਹੈ। ਜੇਕਰ ਗੱਲ ਚੋਣਾਂ ਦੀ ਕੀਤੀ ਜਾਵੇ ਤਾਂ ਨਗਰ ਪੰਚਾਇਤ ਚੋਣਾਂ ਵਿੱਚ ਤਿੰਨ ਸੀਟਾਂ ਤੋਂ ਕਾਂਗਰਸ ਵੱਲੋਂ ਆਪਣੇ ਉਮੀਦਵਾਰ ਖੜ੍ਹੇ ਨਹੀਂ ਕੀਤੇ ਗਏ ਸਨ। ਵਾਰਡ ਨੰਬਰ 1, 11 ਤੇ 9 ਤੋਂ ਕੋਈ ਵੀ ਕਾਂਗਰਸੀ ਉਮੀਦਵਾਰ ਚੋਣ ਨਹੀਂ ਲੜਿਆ। ਇਹ ਵੀ ਪਤਾ ਲੱਗਿਆ ਹੈ ਕਿ ਕੋਈ ਵੀ ਕਾਂਗਰਸੀ ਕੌਂਸਲਰ ਨਗਰ ਪੰਚਾਇਤ ਦੇ ਸਾਬਕਾ ਪ੍ਰਧਾਨ ਬੂਟਾ ਸਿੰਘ ਦਾ ਸਾਥ ਛੱਡਣ ਲਈ ਤਿਆਰ ਨਹੀਂ ਹੈ ਤੇ ਜੋ ਵੀ ਫੈਸਲਾ ਬੂਟਾ ਸਿੱਧੂ ਵੱਲੋਂ ਲਿਆ ਜਾਵੇਗਾ, ਉਸ ਮੁਤਾਬਿਕ ਕਾਂਗਰਸੀ ਕੌਂਸਲਰਾਂ ਵੱਲੋਂ ਫੁੱਲ ਚੜ੍ਹਾਏ ਜਾਣ ਦੀ ਸੰਭਾਵਨਾ ਹੈ।

## ...ਸ਼ਫ਼ਾ 2 ਦੇ ਬਾਕੀ

### ਮਾਨ ਸਰਕਾਰ ਨੇ ਖਾਲੜਾ ਕਤਲ ਕੇਸ ਦੇ ਦੋਸ਼ੀਆਂ ...

ਐੱਮ ਐੱਚ ਏ ਅਤੇ ਤਤਕਾਲੀ ਰਾਜਪਾਲ ਵੱਲੋਂ ਰੱਦ ਕਰ ਦਿੱਤਾ ਗਿਆ ਸੀ। ਇਸ ਤੋਂ ਬਾਅਦ 2019 ਅਤੇ ਫਿਰ 2023 ਵਿੱਚ ਵੀ ਇਹ ਮਾਮਲਾ ਪੂਰੀ ਤਰ੍ਹਾਂ ਕੇਂਦਰ ਸਰਕਾਰ ਦੇ ਪੱਧਰ 'ਤੇ ਹੀ ਚੱਲਦਾ ਰਿਹਾ। ਪੰਨੂ ਨੇ ਸਵਾਲ ਕਰਦਿਆਂ ਕਿਹਾ ਕਿ ਜਦੋਂ ਕੇਂਦਰੀ ਗ੍ਰਹਿ ਮੰਤਰਾਲੇ ਵੱਲੋਂ ਅਜਿਹੀ ਕੋਈ ਫਾਈਲ ਪੰਜਾਬ ਸਰਕਾਰ ਕੋਲ ਆਈ ਹੀ ਨਹੀਂ, ਤਾਂ ਮੁੱਖ ਮੰਤਰੀ ਮਾਨ ਸਾਹਿਬ ਦੇ ਦਸਤਖ਼ਤ ਹੋਣ ਅਤੇ ਫਾਈਲ ਰਾਜਪਾਲ ਦਫ਼ਤਰ ਵਿੱਚ ਲੰਬਿਤ ਹੋਣ ਦਾ ਦਾਅਵਾ ਕਿਵੇਂ ਕੀਤਾ ਜਾ ਸਕਦਾ ਹੈ? ਇਹ ਓਲਡ ਸਕੂਲ ਰਾਜਨੀਤੀ ਕਰਨ ਵਾਲੇ ਲੋਕ, ਜਿਨ੍ਹਾਂ ਨੂੰ ਨਾ ਤਾਂ ਗੂਗਲ ਚਲਾਉਣਾ ਆਉਂਦਾ ਹੈ ਅਤੇ ਨਾ ਹੀ ਏ ਆਈ ਜਾਂ ਚੈਟ ਜੀ ਪੀ ਟੀ ਵਰਗੇ ਆਧੁਨਿਕ ਟੂਲਸ ਦਾ ਗਿਆਨ ਹੈ, ਕੇਵਲ ਸਨਸਨੀ ਫੈਲਾਉਣ ਲਈ ਝੂਠਾ ਪ੍ਰਾਪੇਗੰਡਾ ਰਚ ਰਹੇ ਹਨ। ਸ਼੍ਰੋਮਣੀ ਅਕਾਲੀ ਦਲ (ਬਾਦਲ) ਨੂੰ 'ਅਕਾਲੀ ਦਲ ਬੇਅਦਬੀ' ਦਾ ਨਾਂਅ ਦਿੰਦਿਆਂ ਪੰਨੂ ਨੇ ਉਨ੍ਹਾਂ ਦੇ ਦੋਹਰੇ ਚਰਿੱਤਰ 'ਤੇ ਵੱਡਾ ਹਮਲਾ ਬੋਲਿਆ। ਉਨ੍ਹਾਂ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਹੇ ਬੀਬੀ ਪਰਮਜੀਤ ਕੌਰ ਖਾਲੜਾ ਦੇ ਹਾਲੀਆ ਬਿਆਨ ਦਾ ਹਵਾਲਾ ਦਿੰਦਿਆਂ ਕਿਹਾ ਕਿ ਅੱਜ ਅਕਾਲੀ ਦਲ ਦਾ ਅਸਲੀ ਚਿਹਰਾ ਜਨਤਾ ਦੇ ਸਾਹਮਣੇ ਨੰਗਾ ਹੋ ਚੁੱਕਾ ਹੈ।ਬੀਬੀ ਖਾਲੜਾ ਨੇ ਖ਼ੁਦ ਸਾਫ਼ ਕੀਤਾ ਹੈ ਕਿ 1996 ਵਿੱਚ ਉਨ੍ਹਾ ਦੇ ਪੂਰੇ ਪਰਵਾਰ ਅਤੇ ਮਨੁੱਖੀ ਅਧਿਕਾਰ ਵਿੰਗ ਨੇ ਇਸ ਉਮੀਦ ਵਿੱਚ ਬਾਦਲ ਦਲ ਦੀ ਮਦਦ ਕੀਤੀ ਸੀ ਕਿ ਸਰਕਾਰ ਆਉਣ 'ਤੇ ਉਹ ਸ਼ਹੀਦ ਜਸਵੰਤ ਸਿੰਘ ਖਾਲੜਾ ਨੂੰ ਲੱਭਣ ਅਤੇ ਦੋਸ਼ੀਆਂ ਨੂੰ ਸਜ਼ਾ ਦਿਵਾਉਣ ਵਿੱਚ ਮਦਦ ਕਰਨਗੇ, ਪਰ 1997 ਵਿੱਚ ਸਰਕਾਰ ਬਣਦਿਆਂ ਹੀ ਪ੍ਰਕਾਸ਼ ਸਿੰਘ ਬਾਦਲ ਨੇ ਮਦਦ ਕਰਨ ਦੀ ਬਜਾਏ ਬੀਬੀ ਖਾਲੜਾ ਨੂੰ ਜਵਾਬ ਦੇ ਦਿੱਤਾ ਸੀ ਕਿ 'ਬੀਬਾ ਜੀ, ਜੋ ਚੇਅਰਮੈਨਸ਼ਿਪ ਚਾਹੀਦੀ ਹੈ, ਉਹ ਲੈ ਲਓ ਅਤੇ ਆਪਣੇ ਬੱਚੇ ਪਾਲੋ, ਹੁਣ ਇਸ ਮਾਮਲੇ ਵਿੱਚ ਕੀ ਰੱਖਿਆ ਹੈ।' ਪੰਨੂ ਨੇ ਕਿਹਾ ਕਿ ਟਰੁੱਥ ਕਮਿਸ਼ਨ ਬਣਾਉਣ ਅਤੇ ਦੋਸ਼ੀਆਂ ਨੂੰ ਕਟਹਿਰੇ ਵਿੱਚ ਖੜ੍ਹਾ ਕਰਨ ਦਾ ਵਾਅਦਾ ਕਰਨ ਵਾਲੇ ਬਾਦਲਾਂ ਨੇ ਸਰਕਾਰ ਆਉਂਦੇ ਹੀ ਉਹਨਾਂ ਕਾਤਲ ਅਫ਼ਸਰਾਂ ਨੂੰ ਉੱਚੇ-ਉੱਚੇ ਅਹੁਦਿਆਂ ਨਾਲ ਨਿਵਾਜਿਆ। ਬਲਤੇਜ ਪੰਨੂ ਨੇ ਕਿਹਾ ਕਿ ਪਿਛਲੇ ਦਿਨੀਂ ਓ ਟੀ ਟੀ ਪਲੇਟਫਾਰਮ 'ਤੇ ਰਿਲੀਜ਼ ਹੋਈ ਫਿਲਮ 'ਸਤਲੁਜ' ਨੂੰ ਜਿਸ ਤਰ੍ਹਾਂ ਮਹਿਜ਼ ਕੁਝ ਘੰਟਿਆਂ ਦੇ ਅੰਦਰ ਭਾਜਪਾ ਦੀ ਕੇਂਦਰ ਸਰਕਾਰ ਨੇ ਹਟਵਾਇਆ, ਉਸ ਤੋਂ ਸਾਫ਼ ਹੈ ਕਿ ਕਾਂਗਰਸ, ਅਕਾਲੀ ਦਲ ਅਤੇ ਭਾਜਪਾ ਮਿਲ ਕੇ ਉਸ ਕਾਲੇ ਦੌਰ ਦੇ ਸੱਚ ਨੂੰ ਦਬਾਉਣਾ ਚਾਹੁੰਦੀਆਂ ਹਨ, ਪਰ ਅੱਜ ਦੀ ਜਾਗਰੂਕ ਪੀੜ੍ਹੀ ਸਭ ਜਾਣਦੀ ਹੈ। ਆਪਣੀ ਨਾਕਾਮੀ ਅਤੇ ਗੱਦਾਰੀ ਨੂੰ ਛੁਪਾਉਣ ਲਈ ਅਕਾਲੀ ਦਲ ਸਵੇਰੇ ਉੱਠ ਕੇ ਸੋਸ਼ਲ ਮੀਡੀਆ 'ਤੇ ਝੂਠ ਦਾ ਜੋ ਪੁਲੰਦਾ ਚਲਾਉਂਦਾ ਹੈ, ਹੁਣ ਉਹ ਕੰਮ ਨਹੀਂ ਆਵੇਗਾ।

ਪੰਨੂ ਨੇ ਬਿਨਾਂ ਜਾਂਚ-ਪੜਤਾਲ ਕੀਤੇ ਇਸ ਝੂਠੀ ਖ਼ਬਰ ਨੂੰ ਪ੍ਰਕਾਸ਼ਤ ਕਰਨ ਵਾਲੇ ਮੀਡੀਆ ਘਰਾਣਿਆਂ ਨੂੰ ਵੀ ਆੜੇ ਹੱਥੀਂ ਲਿਆ ਅਤੇ ਚੇਤਾਵਨੀ ਦਿੱਤੀ ਕਿ ਗਲਤ ਤੱਥਾਂ 'ਤੇ ਅਧਾਰਤ ਖ਼ਬਰਾਂ ਕਾਨੂੰਨੀ ਦਾਇਰੇ ਵਿੱਚ ਆਉਂਦੀਆਂ ਹਨ, ਉਨ੍ਹਾਂ ਇੱਕ ਜ਼ਿੰਮੇਵਾਰ ਪਾਰਟੀ ਨੁਮਾਇੰਦੇ ਦੇ ਤੌਰ 'ਤੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਇਸ ਤਰ੍ਹਾਂ ਦੀਆਂ ਅਫ਼ਵਾਹਾਂ ਉਡਾਉਣ ਅਤੇ ਝੂਠੀਆਂ ਖ਼ਬਰਾਂ ਛਾਪਣ ਵਾਲਿਆਂ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ, ਤਾਂ ਜੋ ਪੰਜਾਬ ਦੀ ਅਮਨ-ਸ਼ਾਂਤੀ ਅਤੇ ਸਰਕਾਰ ਦੀ ਪਾਰਦਰਸ਼ਤਾ ਨੂੰ ਠੇਸ ਪਹੁੰਚਾਉਣ ਵਾਲੇ ਅਨਸਰਾਂ ਨੂੰ ਕਰੜਾ ਸਬਕ ਮਿਲ ਸਕੇ।

### ਭਲਾਈ ਸਕੀਮਾਂ ਦੇ ਲਾਭ ਲਈ ਐੱਸ ਆਈ ਆਰ ਵੈਰੀਫਿਕੇਸ਼ਨ ਲਾਜ਼ਮੀ : ਅਮਨ ਅਰੋੜਾ

ਵੋਟ ਦਾ ਅਧਿਕਾਰ ਖੋਹਵੇ।

ਉਨ੍ਹਾਂ ਸਾਰੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਅਭਿਆਸ ਨੂੰ ਸਿਰਫ਼ ਇੱਕ ਵੋਟਰ ਵੈਰੀਫਿਕੇਸ਼ਨ ਪ੍ਰਕਿਰਿਆ ਵਜੋਂ ਨਾ ਦੇਖਣ, ਬਲਕਿ ਪੰਜਾਬ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਭਲਾਈ ਸਕੀਮਾਂ ਅਤੇ ਜਨਤਕ ਸੇਵਾਵਾਂ ਤੱਕ ਆਪਣੀ ਨਿਰੰਤਰ ਪਹੁੰਚ ਨੂੰ ਸੁਰੱਖਿਅਤ ਕਰਨ ਲਈ ਇੱਕ ਮਹੱਤਵਪੂਰਨ ਕਦਮ ਵਜੋਂ ਲੈਣ।ਅਮਨ ਅਰੋੜਾ ਨੇ ਅੱਗੇ ਜਾਣਕਾਰੀ ਦਿੱਤੀ ਕਿ 'ਆਪ' ਨੇ ਨਾਗਰਿਕਾਂ ਨੂੰ ਵੈਰੀਫਿਕੇਸ਼ਨ ਪ੍ਰਕਿਰਿਆ ਪੂਰੀ ਕਰਨ ਵਿੱਚ ਮਦਦ ਕਰਨ ਲਈ ਪੂਰੇ ਪੰਜਾਬ ਵਿੱਚ ਬੂਥ ਪੱਧਰ ਦੇ ਏਜੰਟ (ਬੀ ਐੱਲ ਏ-1 ਅਤੇ ਬੀ ਐੱਲ ਏ-2) ਤਾਇਨਾਤ ਕੀਤੇ ਹਨ। ਉਨ੍ਹਾ ਕਿਹਾ, 'ਆਪ' ਕਾਰਜਕਰਤਾ ਬੂਥ ਪੱਧਰ 'ਤੇ ਵੋਟਰਾਂ ਦੀ ਕਿਸੇ ਵੀ ਦਸਤਾਵੇਜ਼ੀ ਜਾਂ ਪ੍ਰਕਿਰਿਆ ਸੰਬੰਧੀ ਲੋੜਾਂ ਵਿੱਚ ਮਦਦ ਕਰਨ ਲਈ ਉਪਲੱਬਧ ਹਨ ਤਾਂ ਜੋ ਕੋਈ ਵੀ ਅਸਲੀ ਵੋਟ ਕੱਟੀ ਨਾ ਜਾ ਸਕੇ।



# ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਸਵਨਾ ਵੱਲੋਂ ਬੱਸ ਰਵਾਨਾ

**ਫਾਜ਼ਿਲਕਾ 9 ਜੁਲਾਈ (ਨਿਸ਼ਾ ਸ਼ਰਮਾ)**-ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਤੀਰਥ ਸਥਾਨਾਂ ਦੇ ਦਰਸ਼ਨਾਂ ਲਈ ਸ਼ੁਰੂ ਕੀਤੀ ਮੁੱਖ ਮੰਤਰੀ ਤੀਰਥ ਯਾਤਰਾ ਸ਼ਰਧਾਲੂਆਂ ਲਈ ਕਾਫੀ ਲਾਹੇਵੰਦ ਸਾਬਿਤ ਹੋ ਰਹੀ ਹੈ।ਇਸੇ ਲੜੀ ਤਹਿਤ ਫਾਜ਼ਿਲਕਾ ਦੇ ਵਿਧਾਇਕ ਸ੍ਰੀ ਨਰਿੰਦਰਪਾਲ ਸਿੰਘ ਸਵਨਾ ਨੇ ਹਲਕੇ ਦੇ ਪਿੰਡ ਆਲਮਸ਼ਾਹ ਤੋਂ ਧਾਰਮਿਕ ਤੀਰਥ ਸਥਾਨਾਂ ਦੀ ਯਾਤਰਾ ਲਈ ਬੱਸ ਰਵਾਨਾ ਕੀਤੀ।ਇਸ ਮੌਕੇ ਉਨ੍ਹਾ ਦੀ ਧਰਮਪਤਨੀ ਮੈਡਮ ਖੁਸ਼ਬੂ ਸਾਵਨਸੁੱਖਾ ਸਵਨਾ ਵੀ ਨਾਲ ਮੌਜੂਦ ਸਨ।ਉਨ੍ਹਾਂ ਕਿਹਾ ਕਿ ਸ਼ਰਧਾਲੂ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ, ਦੁਰਗਿਆਨਾ ਮੰਦਿਰ, ਜਲ੍ਹਿਆਂਵਾਲਾ ਬਾਗ, ਰਾਮਤੀਰਥ ਮੰਦਰ ਤੇ ਕਈ ਗੁਰੂਧਾਮਾਂ ਦੇ ਦਰਸ਼ਨ ਕਰਨਗੇ। ਉਨ੍ਹਾਂ ਕਿਹਾ ਕਿ ਤੀਰਥ ਸਥਾਨਾਂ ਦੇ ਦਰਸ਼ਨਾਂ ਤੋਂ ਇਲਾਵਾ ਰਹਿਣ-ਸਹਿਣ, ਖਾਣ-ਪੀਣ ਦਾ ਵਧੀਆ ਤੇ ਮੁਫਤ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਕੀਤਾ ਗਿਆ ਹੈ। ਵਿਧਾਇਕ ਨੇ ਕਿਹਾ ਕਿ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ 'ਮੁੱਖ ਮੰਤਰੀ ਤੀਰਥ ਯਾਤਰਾ' ਸਕੀਮ ਸ਼ੁਰੂ ਹੋਣ ਨਾਲ ਸੰਗਤਾਂ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰ ਰਹੀਆਂ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਸ ਯਾਤਰਾ ਦਾ ਅਨੇਕਾਂ ਲੋਕਾਂ ਨੇ ਲਾਹਾ ਹਾਸਲ ਕੀਤਾ ਹੈ।ਉਨ੍ਹਾਂ ਕਿਹਾ ਕਿ ਬਜ਼ੁਰਗ ਅਵਸਥਾ ਵਿੱਚ ਸ਼ਰਧਾਲੂ ਤੀਰਥ ਸਥਾਨਾਂ ਵਿਖੇ ਜਾਣ ਤੋਂ ਵਾਂਝੇ ਰਹਿ ਜਾਂਦੇ ਸਨ, ਉਹ ਸਰਕਾਰ ਦੀ ਇਸ ਸਕੀਮ ਦਾ ਵਧੇਰੇ ਲਾਭ ਉਠਾ ਰਹੇ ਹਨ।

# ਪ੍ਰਿੰਸੀਪਲਾਂ ਦੀਆਂ ਖਾਲੀ ਅਸਾਮੀਆਂ ਤੁਰੰਤ ਭਰੀਆਂ ਜਾਣ: ਪ੍ਰੇਮ ਚਾਵਲਾ

**• ਜ਼ਿਲ੍ਹਾ ਫਰੀਦਕੋਟ ਦੇ 42 'ਚੋਂ 27 ਸਕੂਲ ਪ੍ਰਿੰਸੀਪਲਾਂ ਤੋਂ ਸੱਖਣੇ**



**ਕੋਟਕਪੂਰਾ (ਰਛਪਾਲ ਭੁੱਲਰ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿਛਲੇ ਸਵਾ ਚਾਰ ਸਾਲਾਂ ਤੋਂ ਹੁਕਮਰਾਨ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਵਿਸ਼ੇਸ਼ ਤੌਰ 'ਤੇ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਪੰਜਾਬ ਦੇ ਸਿੱਖਿਆ ਦੇ ਪੱਧਰ ਨੂੰ ਉੱਚਾ ਚੁੱਕਣ ਤੇ ਪੰਜਾਬ ਵਿੱਚ ਸਿੱਖਿਆ ਕ੍ਰਾਂਤੀ ਲਿਆਉਣ ਦਾ ਬੜੇ ਜ਼ੋਰ ਸ਼ੋਰ ਨਾਲ ਦਾਅਵੇ ਕੀਤੇ ਜਾ ਰਹੇ ਹਨ।ਜਦਕਿ ਤਸਵੀਰ ਦਾ ਇੱਕ ਪਹਿਲੂ ਇਹ ਵੀ ਹੈ ਪੰਜਾਬ ਦੇ ਬਹੁਤ ਸਾਰੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਪੱਕੇ ਪ੍ਰਿੰਸੀਪਲ ਨਾ ਹੋਣ ਕਾਰਨ ਵਿਦਿਆਰਥੀਆਂ ਦੀ ਪੜ੍ਹਾਈ ਤੇ ਪ੍ਰਬੰਧਕੀ ਕਾਰਜ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੇ ਹਨ। ਪ੍ਰਾਪਤ ਜਾਣਕਾਰੀ ਅਨੁਸਾਰ ਫਰੀਦਕੋਟ ਜ਼ਿਲ੍ਹੇ ਦੇ ਪਿੰਡ ਰਾਮੇਆਣਾ, ਰੋੜੀਕਪੂਰਾ, ਮੱਤਾ, ਚੰਦਭਾਨ, ਬਾਜਾਖਾਨਾ (ਕੁੜੀਆਂ), ਗੋਬਿੰਦਗੜ੍ਹ ਦਬੜੀਖਾਨਾ, ਝੱਖੜ ਵਾਲਾ, ਬਰਗਾੜੀ, ਜੈਤੋ (ਲੜਕੇ), ਜੈਤੋ (ਕੁੜੀਆਂ), ਹਰੀ ਨੌ, ਕੋਹਾਰਵਾਲਾ, ਵਾਂਦਰ ਜਟਾਣਾ, ਸਰਾਵਾਂ, ਪੰਜਗਰਾਈ ਕਲਾਂ (ਲੜਕੇ), ਮਚਾਕੀ ਕਲਾਂ, ਸਾਦਿਕ (ਕੁੜੀਆਂ), ਗੋਲੇਵਾਲਾ, ਢੁੱਡੀ, ਕੋਟ ਸੁਖੀਆ, ਜੰਡ ਸਾਹਿਬ, ਸ਼ੇਰ ਸਿੰਘ ਵਾਲਾ, ਸੁੱਖਣ ਵਾਲਾ, ਦੀਪ ਸਿੰਘ ਵਾਲਾ, ਫਰੀਦਕੋਟ (ਕੁੜੀਆਂ), ਬਲਬੀਰ ਫਰੀਦਕੋਟ, ਚੰਦ ਬਾਜਾ ਵਿੱਚ ਪ੍ਰਿੰਸੀਪਲ ਦੀਆਂ ਕੁੱਲ 27 ਅਸਾਮੀਆਂ ਬੜੇ ਲੰਮੇ ਸਮੇਂ ਤੋਂ ਖਾਲੀ ਪਈਆਂ ਹਨ, ਜਦਕਿ ਜ਼ਿਲ੍ਹਾ ਫਰੀਦਕੋਟ ਵਿੱਚ ਕੁੱਲ 42 ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਨ।ਜ਼ਿਲ੍ਹੇ ਦੇ ਲਗਭਗ 65 ਫੀਸਦੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪ੍ਰਿੰਸੀਪਲਾਂ ਤੋਂ ਸੱਖਣੇ ਹਨ।ਜ਼ਿਕਰਯੋਗ ਹੈ ਕਿ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਆਪਣੇ ਵਿਧਾਨ ਸਭਾ ਹਲਕਾ ਕੋਟਕਪੂਰਾ ਦੇ ਕੁੱਲ 13 ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਵਿੱਚੋਂ ਪ੍ਰਿੰਸੀਪਲਾਂ ਦੀਆਂ 6 'ਚ ਅਸਾਮੀਆਂ ਖਾਲੀ ਪਈਆਂ ਹਨ।ਜੈਤੋ ਵਿੱਦਿਅਕ ਬਲਾਕ ਦੀ ਹਾਲਤ ਬਹੁਤ ਤਰਸਯੋਗ ਬਣੀ ਹੋਈ ਹੈ।ਸਮੁੱਚੇ ਜੈਤੋ ਬਲਾਕ ਦੇ ਸਿਰਫ ਇੱਕ ਸਕੂਲ ਬਾਜਾਖਾਨਾ ਵਿੱਚ ਪ੍ਰਿੰਸੀਪਲ ਦਰਸ਼ਨ ਸਿੰਘ ਕੰਮ ਕਰ ਰਹੇ ਹਨ।ਇਸ ਤੋਂ ਇਲਾਵਾ ਫਰੀਦਕੋਟ ਜ਼ਿਲ੍ਹੇ ਵਿੱਚ ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ) ਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਦੀਆਂ ਆਸਾਮੀਆਂ ਵੀ ਖਾਲੀ ਪਈਆਂ ਹਨ।ਇਸ ਸੰਬੰਧ ਵਿੱਚ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਸਲਾਹਕਾਰ ਪ੍ਰੇਮ ਚਾਵਲਾ ਨੇ ਕਿਹਾ ਕਿ ਜਥੇਬੰਦੀ ਦੇ ਧਿਆਨ ਵਿੱਚ ਆਇਆ ਹੈ ਕਿ ਪ੍ਰਿੰਸੀਪਲਾਂ ਦੀਆਂ ਅਸਾਮੀਆਂ ਵੱਡੇ ਪੱਧਰ 'ਤੇ ਖਾਲੀ ਹੋਣ ਕਰਕੇ ਮੌਜੂਦਾ ਸਮੇਂ ਵਿੱਚ ਕੰਮ ਕਰਦੇ ਪੱਕੇ ਪ੍ਰਿੰਸੀਪਲਾਂ ਨੂੰ 5-6 ਸੀਨੀਅਰ ਸੈਕੰਡਰੀ ਸਕੂਲਾਂ ਦੇ ਵਿੱਤੀ ਤੇ ਹੋਰ ਪ੍ਰਬੰਧਕੀ ਕਾਰਜ ਮੁਕੰਮਲ ਕਰਨ ਲਈ ਡੀ ਡੀ ਓ ਪਾਵਰਜ਼ ਦੇਕੇ ਡੰਗ ਟਪਾਇਆ ਜਾ ਰਿਹਾ ਹੈ।ਅਜਿਹਾ ਹੋਣ ਨਾਲ ਉਨ੍ਹਾਂ ਦੇ ਆਪਣੇ ਸਕੂਲਾਂ ਦੇ ਵਿੱਦਿਅਕ ਤੇ ਪ੍ਰਸ਼ਾਸਨਕ ਕੰਮ ਵੀ ਵੱਡੇ ਪੱਧਰ 'ਤੇ ਪ੍ਰਭਾਵਿਤ ਹੋ ਰਹੇ ਹਨ।ਅਧਿਆਪਕ ਆਗੂ ਪ੍ਰੇਮ ਚਾਵਲਾ ਨੇ ਸਮੂਹ ਵਿਦਿਆਰਥੀਆਂ, ਅਧਿਆਪਕਾਂ ਤੇ ਲੋਕ ਹਿੱਤ ਵਿੱਚ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਤੋਂ ਮੰਗ ਕੀਤੀ ਹੈ ਕਿ ਪੰਜਾਬ ਰਾਜ ਦੇ ਸਮੂਹ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਪ੍ਰਿੰਸੀਪਲਾਂ ਦੀਆਂ ਸਾਰੀਆਂ ਖਾਲੀ ਪਈਆਂ ਅਸਾਮੀਆਂ ਜਲਦੀ ਤੋਂ ਜਲਦੀ ਸੀਨੀਅਰ ਲੈਕਚਰਾਰਾਂ ਤੇ ਮੁੱਖ ਅਧਿਆਪਕਾਂ ਵਿੱਚੋਂ ਤਰੱਕੀਆਂ ਕਰਕੇ ਤੇ ਸਿੱਧੀ ਭਰਤੀ ਦੇ ਕੋਟੇ ਅਨੁਸਾਰ ਤੁਰੰਤ ਭਰੀਆਂ ਜਾਣ, ਕਿਉਂਕਿ ਹੁਣ ਪਿਛਲੇ ਕਈ ਦਿਨਾਂ ਤੋਂ ਇਹ ਖਬਰਾਂ ਸੋਸ਼ਲ ਮੀਡੀਆ 'ਤੇ ਘੁੰਮ ਰਹੀਆਂ ਹਨ ਕਿ ਮਾਨਯੋਗ ਅਦਾਲਤ ਵੱਲੋਂ ਪ੍ਰਿੰਸੀਪਲਾਂ ਦੀਆਂ ਆਸਾਮੀਆਂ ਤੇ ਤਰੱਕੀਆਂ ਕਰਨ ਸਬੰਧੀ ਲਗਾਈ ਗਈ ਰੋਕ ਹਟਾ ਦਿੱਤੀ ਗਈ ਹੈ। ਇਸ ਕਰਕੇ ਹੁਣ ਸਿੱਖਿਆ ਵਿਭਾਗ ਪੰਜਾਬ ਸਰਕਾਰ ਕੋਲ ਪ੍ਰਿੰਸੀਪਲਾਂ ਦੀਆਂ ਖਾਲੀ ਪਈਆਂ ਅਸਾਮੀਆਂ ਨੂੰ ਭਰਨ ਸਬੰਧੀ ਕੋਈ ਹੋਰ ਅੜਿੱਕਾ ਵਿਖਾਈ ਨਹੀਂ ਦਿੰਦਾ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134
Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਕਿਸਾਨਾਂ ਤੇ ਮਜ਼ਦੂਰਾਂ ਐੱਸ ਡੀ ਐੱਮ ਦਫਤਰ ਬਾਬਾ ਬਕਾਲਾ ਵਿਖੇ ਦਿੱਤਾ ਵਿਸ਼ਾਲ ਰੋਸ ਧਰਨਾ

**ਝਬਾਲ: (ਹਰਜਿੰਦਰ ਸਿੰਘ ਸੋਨੀ)**- ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ, ਕੁੱਲ ਹਿੰਦ ਕਿਸਾਨ ਸਭਾ ਅਤੇ ਸੀਟੂ ਵੱਲੋਂ ਮਜ਼ਦੂਰਾਂ ਤੇ



ਕਿਸਾਨਾਂ ਦੀਆਂ ਭਖਦੀਆਂ ਮੰਗਾਂ ਨੂੰ ਲੈ ਕੇ ਐੱਸ. ਡੀ. ਐੱਮ. ਦਫ਼ਤਰ ਬਾਬਾ ਬਕਾਲਾ ਵਿਖੇ ਇੱਕ ਵਿਸ਼ਾਲ ਅਤੇ ਰੋਹ ਭਰਪੂਰ ਧਰਨਾ ਦਿੱਤਾ ਗਿਆ।ਇਸ ਰੋਸ ਪ੍ਰਦਰਸ਼ਨ ਵਿੱਚ ਇਲਾਕੇ ਭਰ ਵਿੱਚੋਂ ਵੱਡੀ ਗਿਣਤੀ ਵਿੱਚ ਮਜ਼ਦੂਰਾਂ ਅਤੇ ਕਿਸਾਨਾਂ ਨੇ ਸ਼ਮੂਲੀਅਤ ਕੀਤੀ।ਸੰਬੋਧਨ ਕਰਦਿਆਂ ਸੀਟੂ ਆਗੂ ਗੁਰਦੀਪ ਸਿੰਘ ਬੁਤਾਲਾ, ਕਿਸਾਨ ਆਗੂ ਰਣਜੀਤ ਸਿੰਘ ਬੱਲ ਅਤੇ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਜਨਰਲ ਸਕੱਤਰ ਜਸਬੀਰ ਸਿੰਘ ਝਬਾਲ ਨੇ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਮਜ਼ਦੂਰ-ਕਿਸਾਨ ਵਿਰੋਧੀ ਨੀਤੀਆਂ 'ਤੇ ਤਿੱਖੇ ਨਿਸ਼ਾਨੇ ਸਾਧੇ।ਬੁਲਾਰਿਆਂ ਨੇ ਸੱਦਾ ਦਿੱਤਾ ਕਿ ਹੱਕਾਂ ਦੀ ਰਾਖੀ ਲਈ ਹੁਣ ਆਰ-ਪਾਰ ਦੇ ਸੰਘਰਸ਼ ਦੇ ਮੈਦਾਨ ਵਿੱਚ ਨਿੱਤਰਨ ਦਾ ਸਮਾਂ ਆ ਗਿਆ ਹੈ।ਜੇਲ੍ਹ ਭਰੋ ਅੰਦੋਲਨ ਦਾ ਸੱਦਾ ਦਿੰਦਿਆਂ ਜਥੇਬੰਦੀਆਂ ਨੇ ਐਲਾਨ ਕੀਤਾ ਕਿ ਮਨਰੇਗਾ ਕਾਨੂੰਨ ਦੀ ਅਸਲ ਰੂਹ ਵਿੱਚ ਬਹਾਲੀ, ਬੇਘਰੇ ਮਜ਼ਦੂਰਾਂ ਨੂੰ 10-10 ਮਰਲੇ ਦੇ ਪਲਾਟ ਦੇਣ ਅਤੇ ਰਿਹਾਇਸ਼ੀ ਮਕਾਨ ਬਣਵਾਉਣ ਵਰਗੀਆਂ ਮੁੱਖ ਮੰਗਾਂ ਨੂੰ ਲੈ ਕੇ 10 ਅਗਸਤ ਨੂੰ ਜਥੇਬੰਦਕ ਤਾਕਤ ਨਾਲ ਦੇਸ਼-ਵਿਆਪੀ ਗ੍ਰਿਫ਼ਤਾਰੀਆਂ (ਜੇਲ੍ਹ ਭਰੋ ਅੰਦੋਲਨ) ਦਿੱਤੀਆਂ ਜਾਣਗੀਆਂ।ਆਗੂਆਂ ਨੇ ਸਥਾਨਕ ਮਸਲਿਆਂ ਦਾ ਜ਼ਿਕਰ ਕਰਦਿਆਂ ਪ੍ਰਸ਼ਾਸਨ ਨੂੰ ਸਖ਼ਤ ਲਹਿਜੇ ਵਿੱਚ ਚੇਤਾਵਨੀ ਦਿੱਤੀ ਕਿ ਗਰੀਬ ਝੁੱਗੀਆਂ-ਝੌਂਪੜੀਆਂ ਵਾਲਿਆਂ ਅਤੇ ਰੇੜ੍ਹੀ-ਫੜ੍ਹੀ ਲਗਾ ਕੇ ਗੁਜ਼ਾਰਾ ਕਰਨ ਵਾਲੇ ਮਜ਼ਦੂਰਾਂ ਨੂੰ ਬੇਵਜ੍ਹਾ ਤੰਗ-ਪ੍ਰੇਸ਼ਾਨ ਕਰਨਾ ਤੁਰੰਤ ਬੰਦ ਕੀਤਾ ਜਾਵੇ।ਜੇਕਰ ਪ੍ਰਸ਼ਾਸਨ ਨੇ ਆਪਣਾ ਵਤੀਰਾ ਨਾ ਬਦਲਿਆ ਤਾਂ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਖ਼ੁਦ ਪ੍ਰਸ਼ਾਸਨ ਦੀ ਹੋਵੇਗੀ।ਇਸ ਮੌਕੇ ਸਮੂਹ ਵਰਕਰਾਂ ਵੱਲੋਂ ਮੁੱਖ ਮੰਗਾਂ ਸਬੰਧੀ ਐੱਸ. ਡੀ. ਐੱਮ. ਬਾਬਾ ਬਕਾਲਾ ਨੂੰ ਇੱਕ ਮੰਗ ਪੱਤਰ ਵੀ ਸੌਂਪਿਆ ਗਿਆ।ਇਸ ਵਿਸ਼ਾਲ ਰੋਸ ਮੁਜ਼ਾਹਰੇ ਦੌਰਾਨ ਜਗੀਰ ਸਿੰਘ ਸਰਜਾ, ਕੁਲਦੀਪ ਸਿੰਘ ਜੱਬੋਵਾਲ, ਜਗਜੀਤ ਸਿੰਘ ਜਸਪਾਲ, ਬੂਟਾ ਸਿੰਘ, ਕੁਲਦੀਪ ਸਿੰਘ ਮਧੇਪੁਰ, ਜਸਬੀਰ ਸਿੰਘ ਬਿਆਸ, ਦਾਰਾ ਸਿੰਘ ਮਹਿਤਾ ਅਤੇ ਸਰਵਣ ਸਿੰਘ ਤਰਸਿੱਕਾ ਸਮੇਤ ਵੱਡੀ ਗਿਣਤੀ ਵਿੱਚ ਹਾਕਮ ਤੇ ਜਥੇਬੰਦਕ ਵਰਕਰ ਮੌਜੂਦ ਸਨ।

# 44 ਦਿਨਾਂ ਬਾਅਦ ਠੇਕਾ ਆਧਾਰਤ ਸਫਾਈ ਕਰਮਚਾਰੀ ਫਿਰ ਹੜਤਾਲ 'ਤੇ



**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਠੇਕੇ 'ਤੇ ਆਧਾਰਤ 44 ਦਿਨਾਂ ਬਾਅਦ, ਸਫਾਈ ਕਰਮਚਾਰੀ ਫਿਰ ਹੜਤਾਲ 'ਤੇ ਚਲੇ ਗਏ ਹਨ। ਉਹ ਮੰਗ ਕਰ ਰਹੇ ਹਨ ਕਿ ਉਨ੍ਹਾਂ ਨੂੰ 2022 ਦੇ ਚੋਣ ਮੈਨੀਫੈਸਟੋ ਵਿੱਚ ਕੀਤੇ ਵਾਅਦੇ ਅਨੁਸਾਰ ਸਥਾਈ ਕਾਮਿਆਂ ਦੀ ਸ਼੍ਰੇਣੀ ਵਿੱਚ ਸ਼ਾਮਲ ਕੀਤਾ ਜਾਵੇ। ਹੜਤਾਲ ਨੇ ਪਹਿਲੇ ਦਿਨ ਹੀ ਸ਼ਹਿਰ ਦੇ ਚੌਰਾਹਿਆਂ ਅਤੇ ਬਾਜ਼ਾਰਾਂ ਵਿੱਚ ਕੂੜੇ ਦੇ ਢੇਰ ਲੱਗ ਗਏ। ਕੌਂਸਲ ਗੇਟ ਦੇ ਬਾਹਰ ਧਰਨੇ ਨੂੰ ਸੰਬੋਧਨ ਕਰਦਿਆਂ ਸਫ਼ਾਈ ਕਰਮਚਾਰੀ ਯੂਨੀਅਨ ਦੇ ਪ੍ਰਧਾਨ ਬਲਵਿੰਦਰ ਸਿੰਘ, ਤਿਲਕ ਰਾਜ, ਸਤਨਾਮ ਸਿੰਘ, ਕਿਸ਼ਨ ਭਗਤ, ਜੋਗਿੰਦਰਪਾਲ, ਸਾਹਿਬ ਸਿੰਘ, ਦਲੀਪ ਸਿੰਘ, ਪ੍ਰਦੀਪ ਕੁਮਾਰ, ਰਾਣੀ ਕੌਰ, ਸੁਖਵੰਤ ਕੌਰ, ਬਿੰਦਰ ਕੌਰ ਨੇ ਸਰਕਾਰ ਨੂੰ ਲੋਕ ਵਿਰੋਧੀ ਦੱਸਿਆ। ਬਲਵਿੰਦਰ ਸਿੰਘ ਨੇ ਦੱਸਿਆ ਕਿ 14 ਠੇਕਾ-ਅਧਾਰਤ ਸਫਾਈ ਕਰਮਚਾਰੀ ਸਥਾਈ ਰੁਜ਼ਗਾਰ ਦੀ ਮੰਗ ਕਰ ਰਹੇ ਹਨ। 10,000 ਰੁਪਏ ਪ੍ਰਤੀ ਮਹੀਨਾ ਤਨਖਾਹ ਨਾਲ ਚੁੱਲ੍ਹਾ ਬਲਦਾ ਰੱਖਣਾ ਅਸੰਭਵ ਹੈ।

# ਪ੍ਰੈਗਾਬਾਲੀਨ ਦੀ ਖੁੱਲ੍ਹੀ ਵਰਤੋਂ 'ਤੇ ਪਾਬੰਦੀ ਦੇ ਹੁਕਮ ਜਾਰੀ

**ਪਠਾਨਕੋਟ, (ਦਵਿੰਦਰ ਸਿੰਘ)**- ਜ਼ਿਲ੍ਹਾ ਮੈਜਿਸਟਰੇਟ ਪਠਾਨਕੋਟ ਡਾ. ਪੱਲਵੀ ਆਈ. ਏ. ਐੱਸ. ਨੇ ਪਾਬੰਦੀ ਦੇ ਹੁਕਮ ਜਾਰੀ ਕਰਦਿਆਂ ਕਿਹਾ ਕਿ ਪ੍ਰੈਗਾਬਾਲੀਨ ਦੇ ਫ਼ਾਰਮੂਲੇ ਤਹਿਤ ਬਣੀ ਦਵਾਈ ਜਿਸ ਨੂੰ ਨਾਰਕੋਟਿਕ ਜਾਂ ਮਨੋਵਿਗਿਆਨਕ ਪਦਾਰਥਾਂ ਵਜੋਂ ਸੂਚਿਤ ਨਹੀਂ ਕੀਤਾ ਗਿਆ ਅਤੇ ਇਸ ਦੀ ਦੁਰਵਰਤੋਂ ਨੂੰ ਰੋਕਣ ਲਈ ਇਸ ਦੀ ਖੁੱਲ੍ਹੀ ਵਿੱਕਰੀ ਉਤੇ ਪਾਬੰਦੀ ਲਗਾਈ ਜਾਂਦੀ ਹੈ।ਇਸ ਦਵਾਈ ਨੂੰ ਵੇਚਣ ਲਈ ਡਾਕਟਰ ਦੀ ਸਿਫ਼ਾਰਿਸ਼ ਦੇ ਨਾਲ-ਨਾਲ ਸਾਰਾ ਰਿਕਾਰਡ ਰੱਖਣਾ ਜ਼ਰੂਰੀ ਹੈ।ਜ਼ਿਲ੍ਹਾ ਮੈਜਿਸਟਰੇਟ ਪਠਾਨਕੋਟ ਨੇ ਪਾਬੰਦੀ ਦੇ ਹੁਕਮ ਜਾਰੀ ਕਰਦਿਆਂ ਕਿਹਾ ਕਿ ਕੈਪਸੂਲ/ਟੈਬਲੇਟ ਦੇ ਰੂਪ ਵਿੱਚ 150 ਮਿਲੀਗਰਾਮ ਅਤੇ 300 ਮਿਲੀਗਰਾਮ ਵਾਲੇ ਪ੍ਰੈਗਾਬਾਲੀਨ ਦੇ ਫ਼ਾਰਮੂਲੇ ਦੀ ਜਨਤਕ ਤੌਰ 'ਤੇ ਦੁਰਵਰਤੋਂ ਦੇ ਮਾਮਲੇ ਸਾਹਮਣੇ ਆਏ ਹਨ। ਕਈ ਲੋਕ ਇਸ ਫ਼ਾਰਮੂਲੇ ਦੀ ਦਵਾਈ ਦੇ ਆਦੀ ਹੋ ਰਹੇ ਹਨ ਪਰ ਡਰੱਗ ਪ੍ਰੈਗਾਬਾਲੀਨ ਡਾਕਟਰਾਂ ਦੁਆਰਾ ਅਕਸਰ ਤਜਵੀਜ਼ ਨਹੀਂ ਕੀਤੀ ਜਾਂਦੀ।ਇੱਥੋਂ ਤੱਕ ਕਿ



ਨਿਊਰੋਲੋਜਿਸਟ/ਆਰਥੋਪੀਡੀਸ਼ੀਅਨ ਵੀ ਸਿਰਫ਼ 75 ਮਿਲੀਗਰਾਮ ਡਰੱਗ ਪ੍ਰੈਗਾਬਾਲੀਨ ਦਾ ਨੁਸਖ਼ਾ ਦੇ ਰਹੇ ਹਨ।ਡਾ. ਪੱਲਵੀ ਨੇ ਭਾਰਤੀ ਨਾਗਰਿਕ ਸੁਰੱਕਸ਼ਾ ਸਹਿੰਤਾ, 2023 ਦੀ ਧਾਰਾ 163 ਬੀ.ਐੱਨ.ਐੱਸ.ਐੱਸ. ਅਧੀਨ ਆਦੇਸ਼ ਦਿੱਤੇ ਹਨ ਕਿ ਇਸ ਫ਼ਾਰਮੂਲੇ ਦੇ 75 ਮਿਲੀਗਰਾਮ ਤੋਂ ਵੱਧ ਕੈਪਸੂਲ/ਟੈਬਲੇਟ ਦੇ ਭੰਡਾਰਨ ਅਤੇ ਵਿੱਕਰੀ 'ਤੇ ਪੂਰਨ ਪਾਬੰਦੀ ਹੋਵੇਗੀ।ਥੋਕ ਵਿਕਰੇਤਾ, ਪ੍ਰਚੂਨ ਵਿਕਰੇਤਾ, ਕੈਮਿਸਟ/ਮੈਡੀਕਲ ਸਟੋਰ ਦੇ ਮਾਲਕ, ਹਸਪਤਾਲਾਂ ਦੇ ਅੰਦਰ ਫਾਰਮੇਸੀਆਂ ਜਾਂ ਕੋਈ ਹੋਰ ਵਿਅਕਤੀ ਪ੍ਰੈਗਾਬਾਲੀਨ 75 ਮਿਲੀਗਰਾਮ ਦੀ ਅਸਲ ਪਰਚੀ ਤੋਂ ਬਿਨਾਂ ਨਹੀਂ ਵੇਚੇਗਾ।ਇਸ ਤੋਂ ਇਲਾਵਾ 75 ਮਿਲੀਗਰਾਮ ਤੱਕ ਦੀ ਖ਼ਰੀਦ ਅਤੇ ਵਿੱਕਰੀ ਦਾ ਸਹੀ ਰਿਕਾਰਡ ਰੱਖਣਗੇ।ਵਿਕਰੇਤਾ ਸਲਿਪ ਦੀ ਸਹੀ ਪੜਚੋਲ ਕਰਕੇ ਇਹ ਯਕੀਨੀ ਬਣਾਉਣਗੇ ਕਿ ਵੇਚੀਆਂ ਜਾ ਰਹੀਆਂ ਗੋਲੀਆਂ/ਕੈਪਸੂਲਾਂ ਦੀ ਗਿਣਤੀ ਨੁਸਖ਼ੇ ਦੀ ਲੋੜ ਤੋਂ ਵੱਧ ਨਾ ਹੋਵੇ।ਇਹ ਹੁਕਮ 8 ਜੁਲਾਈ ਤੋਂ 7 ਸਤੰਬਰ 2026 ਤੱਕ ਲਾਗੂ ਰਹੇਗਾ।

# ਗੁੰਮ ਹੋਏ ਪਤੀ ਨੂੰ ਲੱਭਣ ਲਈ ਪਤਨੀ ਨੇ ਲਾਈ ਪ੍ਰਸ਼ਾਸਨ ਪਾਸ ਗੁਹਾਰ



**ਬਾਬਾ ਬਕਾਲਾ ਸਾਹਿਬ, ਬਿਆਸ (ਨਿਰਮਲ ਸਿੰਘ ਸੰਘਾ, ਪਰਮਜੀਤ ਰੱਖੜਾ)**- ਸਬ ਡਵੀਜਨ ਬਾਬਾ ਬਕਾਲਾ ਸਾਹਿਬ ਦੇ ਗੁਆਂਢੀ ਪਿੰਡ ਸਠਿਆਲਾ ਦੇ ਵਸਨੀਕ ਸੁਖਦੇਵ ਸਿੰਘ (ਪੁੱਤਰ ਮੋਹਣ ਸਿੰਘ) ਦੀ ਪਤਨੀ ਜਯੋਤੀ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਹੈ ਕਿ ਮੇਰਾ ਪਤੀ ਸੁਖਦੇਵ ਸਿੰਘ 6 ਫਰਵਰੀ ਨੂੰ ਕਾਨ੍ਹਪੁਰ ਪਾਵਰ ਪਲਾਂਟ, ਦਿੱਲੀ ਵਿਖੇ ਨੌਕਰੀ 'ਤੇ ਗਿਆ ਸੀ ਜੋ ਕਿ ਅਜ ਤੀਕ ਵਾਪਿਸ ਨਹੀਂ ਆਇਆ। ਮੈਂ ਸਾਰੇ ਰਿਸ਼ਤੇਦਾਰਾਂ ਕੋਲੋਂ ਵੀ ਉਸ ਦਾ ਪਤਾ ਕੀਤਾ, ਪਰ ਉਸ ਦਾ ਕੋਈ ਥਹੁ-ਪਤਾ ਨਹੀਂ ਲੱਗਾ। ਉਸ ਨੇ ਦੋਸ਼ ਲਾਇਆ ਕਿ ਮੈਂ ਕਈ ਵੇਰ ਪੁਲਿਸ ਪਾਸ ਵੀ ਗਈ ਕਿ ਮੇਰੇ ਪਤੀ ਦੀ ਗੁੰਮਸ਼ੁਦਗੀ ਦੀ ਰਿਪੋਰਟ ਦਰਜ ਕੀਤੀ ਜਾਵੇ, ਪਰ ਪੁਲਿਸ ਰਿਪੋਰਟ ਦਰਜ ਨਹੀਂ ਕਰ ਰਹੀ। ਮੇਰੀ ਛੋਟੀ ਲੜਕੀ ਕੀਰਤਪ੍ਰੀਤ ਕੌਰ (12 ਸਾਲ) ਅਤੇ ਵੱਡਾ ਲੜਕਾ ਯੁਵਰਾਜ ਸਿੰਘ 15 ਸਾਲਾ ਦਾ ਹੈ, ਮੈਂ ਬੜੀ ਪ੍ਰੇਸ਼ਾਨ ਹਾਂ, ਇਸ ਲਈ ਮੇਰੀ ਪੁਲਿਸ ਦੇ ਉੱਚ ਅਧਿਕਾਰੀਆਂ ਪਾਸ ਫਰਿਆਦ ਹੈ ਕਿ ਮੇਰੇ ਪਤੀ ਦੀ ਗੁੰਮਸ਼ੁਦਗੀ ਦੀ ਰਿਪੋਰਟ ਦਰਜ ਕਰਕੇ ਉਸ ਦੀ ਭਾਲ ਕੀਤੀ ਜਾਵੇ।

# ਕਟਾਰੂ ਚੱਕ ਨੇ ਡਾਕੂਮੈਂਟਰੀ ਵੈਨ ਨੂੰ ਹਰੀ ਝੰਡੀ ਦਿਖਾ ਕੇ ਕੀਤਾ ਰਵਾਨਾ

**ਪਠਾਨਕੋਟ (ਦਵਿੰਦਰ ਸਿੰਘ)**- ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸ਼ਰਧਾ ਨਾਲ ਮਨਾਉਣ ਅਤੇ ਉਨ੍ਹਾਂ ਦੇ ਜੀਵਨ ਫਲਸਫ਼ੇ ਅਤੇ ਸਿੱਖਿਆਵਾਂ ਨੂੰ ਘਰ ਘਰ ਪਹੁੰਚਾਉਣ



ਲਈ ਪੰਜਾਬ ਸਰਕਾਰ ਵਲੋਂ ਵਿਸ਼ੇਸ਼ ਦਸਤਾਵੇਜ਼ੀ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਤਹਿਤ ਡਾਕੂਮੈਂਟਰੀ ਵੈਨਾਂ ਨੂੰ ਜ਼ਿਲ੍ਹਾ ਪਠਾਨਕੋਟ ਦੇ ਪਿੰਡਾਂ ਲਈ ਕੈਬਨਿਟ ਮੰਤਰੀ ਪੰਜਾਬ ਸ੍ਰੀ ਲਾਲ ਚੰਦ ਕਟਾਰੂ ਚੱਕ ਨੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਵ ਸ੍ਰੀ ਬਲਾਕ ਪ੍ਰਧਾਨ ਸੰਦੀਪ ਕੁਮਾਰ, ਵਿਜੇ ਕੁਮਾਰ ਕਟਾਰੂ ਚੱਕ, ਹੇਮਰਾਜ ਪੰਚਾਇਤ ਮੈਂਬਰ, ਮਾਸਟਰ ਰਤਨ ਮੈਂਬਰ ਪੰਚਾਇਤ, ਬਹਾਦਰ ਲਾਲ, ਅਸ਼ਵਨੀ ਕੁਮਾਰ, ਸਾਧੂ ਰਾਮ, ਦੀਵਾਨ ਚੰਦ, ਨਰਿੰਦਰ ਕੁਮਾਰ, ਲਾਚੀਰਾਮ, ਭੁਪਿੰਦਰ ਸਿੰਘ ਮੈਂਬਰ ਪੰਚਾਇਤ, ਧਿਆਨ ਚੰਦ, ਰਾਜ ਕੁਮਾਰ, ਸੰਤੋਸ਼ ਕੁਮਾਰੀ ਪੰਚਾਇਤ ਮੈਂਬਰ, ਮਨੋਹਰ ਲਾਲ, ਮੁਖਤਿਆਰ, ਚੇਤਨ ਅੱਤਰੀ,ਪ੍ਰਦੀਪ ਸ਼ਰਮਾ, ਅਤੇ ਹੋਰ ਪਿੰਡ ਵਾਸੀ ਵੀ ਹਾਜ਼ਰ ਸਨ।ਇਸ ਮੌਕੇ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂ ਚੱਕ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਫਲਸਫ਼ੇ ਅਤੇ ਸਿੱਖਿਆਵਾਂ 'ਤੇ ਅਧਾਰਿਤ ਪਿੰਡਾਂ ਵਿੱਚ ਦਸਤਾਵੇਜ਼ੀ ਦਿਖਾਉਣ ਲਈ ਵਿਸ਼ੇਸ ਉੱਦਮ ਕੀਤਾ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਜ਼ਿਲ੍ਹਾ ਪਠਾਨਕੋਟ ਵਿਚ ਹਰੇਕ ਵੈਨ ਦੋ ਪਿੰਡਾਂ ਨੂੰ ਕਵਰ ਕਰੇਗੀ ਅਤੇ ਲੋਕਾਂ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਤੋਂ ਜਾਣੂ ਕਰਵਾਏਗੀ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਸਮਾਜ ਵਿੱਚ ਆਪਸੀ ਭਾਈਚਾਰੇ, ਸਮਾਨਤਾ ਅਤੇ ਸਾਂਝੀਵਾਲਤਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ ਵਿੱਚ ਸਹਾਈ ਸਿੱਧ ਹੋਣਗੇ।

# ਘਰੇਲੂ ਵਿਵਾਦ ਕਾਰਨ ਨੌਜਵਾਨ ਦਾ ਕਤਲ ਕਰਕੇ ਲਾਸ਼ ਨਹਿਰ 'ਚ ਸੁੱਟੀ, 2 ਗ੍ਰਿਫਤਾਰ

**ਮਜੀਠਾ (ਸੋਇਮ ਆਨੰਦ)**- ਹਲਕਾ ਮਜੀਠਾ ਦੇ ਪਿੰਡ ਜਿਜੇਆਣੀ 'ਚ ਘਰੇਲੂ ਕਲੇਸ਼ ਦੇ ਚੱਲਦਿਆਂ ਇੱਕ ਨੌਜਵਾਨ ਦਾ ਬੇਰਹਿਮੀ ਨਾਲ ਕਤਲ ਕਰਕੇ ਲਾਸ਼ ਨਹਿਰ ਵਿੱਚ ਸੁੱਟ ਦੇਣ ਦਾ ਮਾਮਲਾ ਸਾਹਮਣੇ ਆਇਆ ਹੈ। ਪੁਲਿਸ ਨੇ ਮ੍ਰਿਤਕ ਦੇ ਪਿਓ, ਮਤਰੇਈ ਮਾਂ ਅਤੇ ਦੋ ਮਤਰੇਏ ਭਰਾਵਾਂ ਖ਼ਿਲਾਫ਼ ਕਤਲ ਦਾ ਮੁਕੱਦਮਾ ਦਰਜ ਕਰਕੇ ਦੋ ਮੁਲਜ਼ਮਾਂ ਨੂੰ ਹਿਰਾਸਤ ਵਿੱਚ ਲੈ ਲਿਆ ਹੈ। ਪੁਲਿਸ ਨੂੰ ਦਿੱਤੇ ਬਿਆਨਾਂ ਵਿੱਚ ਮ੍ਰਿਤਕ ਆਕਾਸ਼ਦੀਪ ਸਿੰਘ ਦੀ ਪਤਨੀ ਕਿਰਨਦੀਪ ਕੌਰ ਨੇ ਦੱਸਿਆ ਕਿ ਉਸ ਦੇ ਪਤੀ ਦਾ ਆਪਣੇ ਪਿਤਾ ਮਲਕੀਤ ਸਿੰਘ ਅਤੇ ਮਤਰੇਏ ਪਰਿਵਾਰ ਨਾਲ ਜਾਇਦਾਦ ਨੂੰ ਲੈ ਕੇ ਲੰਬੇ ਸਮੇਂ ਤੋਂ ਝਗੜਾ ਚੱਲ ਰਿਹਾ ਸੀ। ਮਲਕੀਤ ਸਿੰਘ ਦੇ ਦੋ ਵਿਆਹ ਹੋਏ ਸਨ। ਆਕਾਸ਼ਦੀਪ ਸਿੰਘ ਪਹਿਲੀ ਪਤਨੀ ਦਾ ਬੇਟਾ ਸੀ ਜਦਕਿ ਦੂਜੀ ਪਤਨੀ ਮਨਜੀਤ ਕੌਰ ਦੇ ਦੋ ਪੁੱਤਰ ਗੁਰਪ੍ਰੀਤ ਸਿੰਘ ਅਤੇ ਜਸਨਦੀਪ ਸਿੰਘ ਹਨ। ਕਿਰਨਦੀਪ ਕੌਰ ਦੇ ਮੁਤਾਬਕ ਪਿੰਡ ਵਾਲਾ ਘਰ ਆਕਾਸ਼ਦੀਪ ਸਿੰਘ ਨੇ ਹੀ ਬਣਵਾਇਆ ਸੀ ਪਰ ਮਤਰੇਏ ਭਰਾ ਉਸ ਨੂੰ ਉੱਥੇ ਰਹਿਣ ਨਹੀਂ ਦਿੰਦੇ ਸਨ। ਕਿਰਨਦੀਪ ਕੌਰ ਨੇ ਦੱਸਿਆ ਕਿ ਘਟਨਾ ਵਾਲੇ ਦਿਨ ਸ਼ਾਮ ਨੂੰ ਜਦੋਂ ਆਕਾਸ਼ਦੀਪ ਸਿੰਘ ਘਰ ਪਹੁੰਚਿਆ ਤਾਂ ਮਲਕੀਤ ਸਿੰਘ, ਮਨਜੀਤ ਕੌਰ ਅਤੇ ਉਸ ਦੇ ਦੋਵੇਂ ਬੇਟਿਆਂ ਨੇ ਮਿਲ ਕੇ ਉਸ 'ਤੇ ਬੇਸਬਾਲ ਦੇ ਡੰਡੇ ਅਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ। ਹਮਲੇ ਤੋਂ ਬਾਅਦ ਉਸ ਨੂੰ ਇੱਕ ਕਮਰੇ ਵਿੱਚ ਬੰਦ ਕਰ ਦਿੱਤਾ ਗਿਆ। ਦੋਸ਼ ਹੈ ਕਿ ਚਾਰਾਂ ਨੇ



ਆਕਾਸ਼ਦੀਪ ਸਿੰਘ ਦਾ ਕਤਲ ਕਰਨ ਤੋਂ ਬਾਅਦ ਰਾਤ ਦੇ ਹਨੇਰੇ ਵਿੱਚ ਉਸ ਦੀ ਲਾਸ਼ ਨੂੰ ਨਹਿਰ ਵਿੱਚ ਸੁੱਟ ਦਿੱਤਾ। ਡੀ ਐਸ ਪੀ ਕਮਲਮੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਲਕੀਤ ਸਿੰਘ, ਉਸ ਦੀ ਪਤਨੀ ਮਨਜੀਤ ਕੌਰ ਅਤੇ ਪੁੱਤਰ ਗੁਰਪ੍ਰੀਤ ਸਿੰਘ ਤੇ ਜਸ਼ਨਦੀਪ ਸਿੰਘ ਖ਼ਿਲਾਫ਼ ਮੁਕੱਦਮਾ ਦਰਜ ਕਰ ਲਿਆ ਗਿਆ ਹੈ।

ਪੁਲਿਸ ਨੇ ਮਲਕੀਤ ਸਿੰਘ ਅਤੇ ਮਨਜੀਤ ਕੌਰ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਜਦ ਕਿ ਗੁਰਪ੍ਰੀਤ ਅਤੇ ਜਸਨਦੀਪ ਫ਼ਰਾਰ ਹਨ।

# ਲੋਕ ਮਿਲਣੀ ਦੌਰਾਨ ਕਈ ਸ਼ਿਕਾਇਤਾਂ ਦਾ ਮੌਕੇ 'ਤੇ ਨਿਪਟਾਰਾ

**ਮਜੀਠਾ (ਸੋਇਮ ਆਨੰਦ)** ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਲੋਕ ਮਿਲਣੀ' ਮੁਹਿੰਮ ਤਹਿਤ ਹਲਕਾ ਮਜੀਠਾ ਦੇ ਪਿੰਡ ਸੋਹੀਆਂ ਕਲਾਂ ਅਤੇ ਦਾਦੂਪੁਰਾ ਵਿੱਚ ਆਮ ਆਦਮੀ ਪਾਰਟੀ ਦੀਆਂ ਲੋਕ ਮਿਲਣੀਆਂ ਕਰਵਾਈਆਂ ਗਈਆਂ ਜਿਨ੍ਹਾਂ ਵਿਚ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਪਿੰਡ ਵਾਸੀਆਂ ਨਾਲ ਸਿੱਧੀ ਗੱਲਬਾਤ ਕਰਦਿਆਂ ਉਨ੍ਹਾਂ ਦੀਆਂ ਮੁਸ਼ਕਿਲਾਂ ਅਤੇ ਮੰਗਾਂ ਨੂੰ ਧਿਆਨ ਨਾਲ ਸੁਣਿਆ ਅਤੇ ਕਈ ਮਾਮਲਿਆਂ ਦਾ ਹੱਲ ਮੌਕੇ 'ਤੇ ਹੀ ਕਰਵਾਇਆ। ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਲੋਕਾਂ ਤੱਕ ਸਰਕਾਰੀ ਸੇਵਾਵਾਂ ਅਤੇ ਵਿਕਾਸ ਦੇ ਲਾਭ ਪਹੁੰਚਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਲੋਕ ਮਿਲਣੀ ਦਾ ਮਕਸਦ ਸਿਰਫ਼ ਲੋਕਾਂ ਨਾਲ ਮੁਲਾਕਾਤ ਕਰਨਾ ਨਹੀਂ, ਸਗੋਂ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਉਨ੍ਹਾਂ ਦੇ ਆਪਣੇ ਪਿੰਡ ਵਿੱਚ ਸੁਣ ਕੇ ਤੁਰੰਤ ਹੱਲ ਵੱਲ ਕਦਮ ਚੁੱਕਣਾ ਹੈ।



ਇਸ ਮੌਕੇ ਉਨ੍ਹਾਂ ਨੇ 300 ਯੂਨਿਟ ਮੁਫ਼ਤ ਬਿਜਲੀ, ਆਮ ਆਦਮੀ ਕਲੀਨਿਕਾਂ ਦੀ ਸਥਾਪਨਾ, ਸਰਕਾਰੀ ਸਕੂਲਾਂ ਦੇ ਸੁਧਾਰ ਅਤੇ ਪਿੰਡਾਂ ਵਿੱਚ ਸੜਕਾਂ ਅਤੇ ਪੀਣ ਵਾਲੇ ਪਾਣੀ ਦੀਆਂ ਯੋਜਨਾਵਾਂ ਦਾ ਜਿਕਰ ਕਰਦਿਆਂ ਕਿਹਾ ਕਿ ਸਰਕਾਰ ਨੇ ਲੋਕਾਂ ਨੂੰ ਰਾਹਤ ਦੇਣ ਲਈ ਕੋਈ ਕਸਰ ਨਹੀਂ ਛੱਡੀ। ਇਸ ਮੌਕੇ ਜਸਕਰਨ ਸਿੰਘ ਨੰਗਲ ਪਨੂਆਂ, ਹਰਭੁਪਿੰਦਰ ਸਿੰਘ ਸ਼ਾਹ, ਦਿਲਬਾਗ ਸਿੰਘ ਸਾਬਕਾ ਸਰਪੰਚ, ਹਰੀਪਾਲ ਸਿੰਘ, ਸੋਨੂੰ, ਰਣਜੀਤ ਸਿੰਘ, ਸੁਖਚੈਨ ਸਿੰਘ ਫੌਜੀ, ਬਲਵੰਤ ਸਿੰਘ, ਬੀਬੀ ਸੁਰਿੰਦਰ ਕੌਰ, ਗੁਰਚਰਨ ਸਿੰਘ, ਸੁਖਵਿੰਦਰ ਸਿੰਘ ਸੋਹੀ, ਸੁਰਜੀਤ ਸਿੰਘ ਗਿੱਲ, ਸ਼ਮਸ਼ੇਰ ਸਿੰਘ, ਗੁਰਵੈਲ ਸਿੰਘ ਨੰਬਰਦਾਰ, ਜਰਮਨਜੀਤ ਸਿੰਘ ਸਰਪੰਚ, ਰਾਜਵਿੰਦਰ ਸਿੰਘ, ਪ੍ਰਿਥੀਪਾਲ ਸਿੰਘ, ਅਤਿੰਦਰ ਪਾਲ ਸਿੰਘ, ਅੰਮ੍ਰਿਤਪਾਲ ਸਿੰਘ, ਮਨਜੀਤ ਸਿੰਘ ਮੰਨਾ, ਵਰਨਦੀਪ ਸਿੰਘ, ਬਿਕਰਮਜੀਤ ਸਿੰਘ, ਹਰਚਰਨ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਆਗੂ, ਵਰਕਰ ਅਤੇ ਪਿੰਡਾਂ ਦੇ ਵਸਨੀਕ ਹਾਜ਼ਰ ਸਨ।

# ਕਿਸਾਨ-ਮਜ਼ਦੂਰ ਜਥੇਬੰਦੀ ਦੇ ਸੁਖਚੈਨ ਸਿੰਘ ਬਣੇ ਪੱਟੀ ਸ਼ਹਿਰੀ ਦੇ ਪ੍ਰਧਾਨ



**ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ)**- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਜਥੇਬੰਦੀ ਦੇ ਪਰਿਵਾਰ ਵਿੱਚ ਵੱਡਾ ਵਾਧਾ ਕਰਦਿਆਂ ਪੱਟੀ ਸ਼ਹਿਰ 'ਚ ਇਕਾਈ ਦਾ ਗਠਨ ਕੀਤਾ ਗਿਆ। ਜ਼ੋਨ ਪੱਟੀ ਦੇ ਕੋਰ ਕਮੇਟੀ ਮੈਂਬਰ ਜੁਗਰਾਜ ਸਿੰਘ ਸਭਰਾ, ਸਵਰਨ ਸਿੰਘ ਖਹਿਰਾ, ਸੁਖਬੀਰ ਸਿੰਘ ਢਿੱਲੋਂ ਅਤੇ ਸਤਨਾਮ ਸਿੰਘ ਹਰੀਕੇ ਦੀ ਅਗਵਾਈ ਵਿੱਚ ਕੀਤੇ ਮਿਸਾਲੀ ਇਕੱਠ ਦੌਰਾਨ ਹਾਜ਼ਰੀਨ ਦੀ ਪ੍ਰਵਾਨਗੀ ਨਾਲ ਸੁਖਚੈਨ ਸਿੰਘ ਨੂੰ ਪ੍ਰਧਾਨ ਥਾਪਿਆ ਗਿਆ ਅਤੇ ਬਾਕੀ ਮੈਂਬਰਾਂ ਦੀ ਚੋਣ ਦੇ ਅਧਿਕਾਰ ਦਿੱਤੇ ਗਏ। ਇਕੱਠ ਨੂੰ ਸੰਬੋਧਨ ਕਰਦਿਆਂ ਸਵਰਨ ਸਿੰਘ ਖਹਿਰਾ ਅਤੇ ਜੁਗਰਾਜ ਸਿੰਘ ਸਭਰਾ ਨੇ ਦੱਸਿਆ ਕਿ ਵਿਸ਼ਵ ਭਰ ਦੇ ਕਾਰੋਬਾਰਾਂ 'ਤੇ ਕਾਬਜ਼ ਕਾਰਪੋਰੇਟ ਘਰਾਣਿਆਂ ਦੀ ਨਿਗਾਹ ਹੁਣ ਜ਼ਰਖੇਜ਼ ਜ਼ਮੀਨਾਂ ਹਥਿਆਉਣ 'ਤੇ ਲੱਗੀ ਹੈ ਇਨ੍ਹਾਂ ਦੇ ਮਨਸੂਬੇ ਕਿਸੇ ਵੀ ਕੀਮਤ 'ਤੇ ਕਾਮਯਾਬ ਨਹੀਂ ਹੋਣ ਦੇਵਾਂਗੇ। ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਅਮਰੀਕਾ ਨਾਲ ਕੀਤੇ ਕਰ ਮੁਕਤ ਸਮਝੌਤੇ ਦੇ ਖਿਲਾਫ 15 ਜੁਲਾਈ ਨੂੰ ਕੀਤੇ ਜਾਣ ਵਾਲੇ ਮੋਟਰਸਾਇਕਲ ਮਾਰਚ ਲਈ ਵੱਡੀ ਤਿਆਰੀ ਕਰਦਿਆਂ ਪਿੰਡ ਪਿੰਡ ਨੌਜਵਾਨਾਂ ਨੂੰ ਜਾਗਰੂਕ ਕਰਕੇ ਕਾਫਲੇ ਦਾ ਹਿੱਸਾ ਬਣਨ ਲਈ ਜ਼ੋਰ ਦਿੱਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਪੱਟੀ ਜ਼ੋਨ ਦੇ ਪਿੰਡਾਂ ਵਿੱਚੋਂ ਸਭ ਤੋਂ ਵੱਧ ਨੌਜਵਾਨ ਮੋਟਰਸਾਇਕਲ ਮਾਰਚ ਵਿੱਚ ਭਾਗ ਲੈਣਗੇ। ਅੰਤ ਵਿੱਚ ਸੁਖਚੈਨ ਸਿੰਘ ਨੇ ਸਮੂਹ ਸੰਗਤ ਅਤੇ ਜਥੇਬੰਦੀ ਦੇ ਆਗੂਆਂ ਦਾ ਧੰਨਵਾਦ ਕੀਤਾ।

ਇਸ ਮੌਕੇ ਜੁਗਰਾਜ ਸਿੰਘ, ਹਰਦੀਪ ਸਿੰਘ, ਹਰਜੀਤ ਸਿੰਘ, ਭੁਪਿੰਦਰ ਸਿੰਘ, ਹਰਭਜਨ ਸਿੰਘ,ਕੁਲਦੀਪ ਸਿੰਘ, ਅੰਗਰੇਜ਼ ਸਿੰਘ,ਰਾਜ ਸਿੰਘ, ਬੀਰਦਵਿੰਦਰ ਸਿੰਘ ਸੋਨਾ, ਭੁਪਿੰਦਰ ਸਿੰਘ ਫੌਜੀ, ਹਰੀ ਸਿੰਘ, ਰਾਜਪਾਲ ਸਿੰਘ, ਗੁਰਜੀਤ ਸਿੰਘ, ਅਤੇ ਮਨਦੀਪ ਸਿੰਘ ਦੇ ਨਾਲ ਨਾਲ ਵੱਡੀ ਗਿਣਤੀ ਵਿੱਚ ਕਿਸਾਨ, ਮਜ਼ਦੂਰ ਅਤੇ ਦੁਕਾਨਦਾਰਾਂ ਨੇ ਸ਼ਮੂਲੀਅਤ ਕੀਤੀ।

# ਸੁਪਰੀਮ ਕੋਰਟ ਵੱਲੋਂ ਵਿਸ਼ੇਸ਼ ਲੋਕ ਅਦਾਲਤ ਲਗਾਈ ਜਾਵੇਗੀ

**ਗੁਰਦਾਸਪੁਰ, (ਦਿਨੇਸ਼ ਕੁਮਾਰ)** ਭਾਰਤ ਦੀ ਮਾਣਯੋਗ ਸੁਪਰੀਮ ਕੋਰਟ 21, 22 ਅਤੇ 23 ਅਗਸਤ 2026 ਨੂੰ ਵਿਸ਼ੇਸ਼ ਲੋਕ ਅਦਾਲਤ ਲਗਾ ਰਹੀ ਹੈ, ਜਿਸ ਦਾ ਉਦੇਸ਼ ਅਦਾਲਤ ਦੇ ਸਾਹਮਣੇ ਕਾਫ਼ੀ ਸਮੇਂ ਤੋਂ ਲੰਬਿਤ ਪਏ ਮਾਮਲਿਆਂ ਦੇ ਸੁਹਿਰਦ ਨਿਪਟਾਰੇ ਅਤੇ ਤੇਜ਼ੀ ਨਾਲ ਨਿਪਟਾਰੇ ਨੂੰ ਸੁਵਿਧਾਜਨਕ ਬਣਾਉਣਾ ਹੈ। ਮਾਣਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਸ੍ਰੀ ਦਿਲਬਾਗ ਸਿੰਘ ਜੌਹਲ, ਦੀ ਰਹਿਨੁਮਾਈ ਹੇਠ ਸ੍ਰੀ ਹਰਪ੍ਰੀਤ ਸਿੰਘ, ਸਿਵਲ ਜੱਜ (ਸੀਨੀਅਰ ਡਵੀਜ਼ਨ)/ਸੀ.ਜੇ.ਐੱਮ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਵੱਲੋਂ ਲੋਕਾਂ ਨੂੰ ਇਸ ਵਿਸ਼ੇਸ਼ ਲੋਕ ਅਦਾਲਤ ਸਬੰਧੀ ਲੋਕਾਂ ਨੂੰ ਜਾਗਰੂਕ ਕਰਨ ਲਈ ਵੱਖ ਵੱਖ ਉਪਰਾਲੇ ਕੀਤੇ ਜਾ ਰਹੇ ਹਨ। ਮਾਣਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ ਗੁਰਦਾਸਪੁਰ ਨੇ ਦੱਸਿਆ ਕਿ ਇਹ ਪਹਿਲ ਸੁਪਰੀਮ ਕੋਰਟ ਦੀ ਲੰਬਿਤ ਮਾਮਲਿਆਂ ਨੂੰ ਘਟਾਉਣ ਅਤੇ ਵਿਕਲਪਿਕ ਵਿਵਾਦ ਨਿਪਟਾਰਾ ਵਿਧੀਆਂ ਰਾਹੀਂ ਮਾਮਲਿਆਂ ਦਾ ਨਿਪਟਾਰਾ ਕੀਤਾ ਜਾਵੇਗਾ।ਵਿਸ਼ੇਸ਼ ਲੋਕ ਅਦਾਲਤ ਦੌਰਾਨ, ਆਪਸੀ ਸਹਿਮਤੀ ਅਤੇ ਸੁਲ੍ਹਾ-ਸਫਾਈ ਰਾਹੀਂ ਨਿਪਟਾਰੇ ਲਈ ਯੋਗ ਮਾਮਲਿਆਂ ਨੂੰ ਹੱਲ ਕੀਤਾ ਜਾਵੇਗਾ।



# ਜੀਨਸ ਇਨੋਵੇਸ਼ਨਜ਼ ਨੇ ਹਾਈ-ਫਲੋ ਹਾਈਬ੍ਰਿਡ ਸੋਲਰ ਇਨਵਰਟਰ ਲਾਂਚ ਕੀਤਾ

**ਚੰਡੀਗੜ੍ਹ :** ਐਨਰਜੀ ਸਟੋਰੇਜ ਸਿਸਟਮ ਅਤੇ ਰੀਨਿਊਏਬਲ ਐਨਰਜੀ ਮੈਨੇਜਮੈਂਟ ਸਲਿਊਸ਼ਨਜ਼ ਦੇ ਖੇਤਰ ਵਿੱਚ ਰੁੱਝੀ ਕੰਪਨੀ, ਜੀਨਸ ਇਨੋਵੇਸ਼ਨਜ਼ ਲਿਮਟਿਡ ਨੇ ਹਾਲ ਹੀ ਵਿੱਚ ਚੰਡੀਗੜ੍ਹ ਵਿੱਚ ਇੱਕ ਡਿਸਟ੍ਰੀਬਿਊਟਰ ਸੰਮੇਲਨ ਆਯੋਜਿਤ ਕੀਤਾ।

ਇਸ ਸਮਾਗਮ ਵਿੱਚ ਉੱਤਰੀ ਭਾਰਤ ਦੇ ਵੱਖ-ਵੱਖ ਰਾਜਾਂ ਦੇ ਚੈਨਲ ਭਾਈਵਾਲਾਂ ਨੇ ਹਿੱਸਾ ਲਿਆ। ਇਸ ਸਮਾਗਮ ਦਾ ਉਦੇਸ਼ ਭਾਈਵਾਲਾਂ ਨਾਲ ਸਬੰਧਾਂ ਨੂੰ ਮਜ਼ਬੂਤ ਕਰਨਾ ਅਤੇ ਉਨ੍ਹਾਂ ਨੂੰ ਹਾਈਬ੍ਰਿਡ ਸੋਲਰ ਇੰਟੈਲੀਜੈਂਟ ਸਮਾਧਾਨਾਂ ਨਾਲ ਸਬੰਧਤ ਕੰਪਨੀ ਦੀਆਂ ਨਵੀਆਂ ਤਕਨਾਲੋਜੀਆਂ ਨਾਲ ਜਾਣੂ ਕਰਵਾਉਣਾ ਸੀ।

ਇਸ ਨਵੇਂ ਉਤਪਾਦ ਨੂੰ ਕੰਪਨੀ ਦੀ ਰੇਂਜ ਵਿੱਚ ਸ਼ਾਮਲ ਕਰਨ 'ਤੇ ਟਿੱਪਣੀ ਕਰਦੇ ਹੋਏ, ਜੀਨਸ ਇਨੋਵੇਸ਼ਨਜ਼ ਲਿਮਟਿਡ ਦੇ ਡਾਇਰੈਕਟਰ ਅਤੇ ਮੁੱਖ ਮਾਰਕੀਟਿੰਗ ਅਤੇ ਵਿਕਰੀ ਅਧਿਕਾਰੀ, ਯਸ਼ ਟੋਡੀ ਨੇ ਕਿਹਾ ਕਿ ਸਾਡੇ ਡਿਸਟ੍ਰੀਬਿਊਟਰ ਭਾਈਵਾਲ ਜੀਨਸ ਇਨੋਵੇਸ਼ਨਜ਼ ਦੀ ਵਿਕਾਸ ਯਾਤਰਾ ਦਾ ਇੱਕ ਮਹੱਤਵਪੂਰਨ ਹਿੱਸਾ ਹਨ।

ਭਾਰਤ ਵਿੱਚ ਊਰਜਾ ਖੇਤਰ ਤੇਜ਼ੀ ਨਾਲ ਬਦਲ ਰਿਹਾ ਹੈ ਅਤੇ ਲਗਾਤਾਰ ਸੂਰਜੀ ਊਰਜਾ ਅਤੇ ਊਰਜਾ ਸਟੋਰੇਜ ਵੱਲ ਵਧ ਰਿਹਾ ਹੈ। ਨਤੀਜੇ ਵਜੋਂ, ਇਹ ਬਹੁਤ ਜ਼ਰੂਰੀ ਹੈ ਕਿ ਅਸੀਂ ਆਪਣੇ ਚੈਨਲ ਭਾਈਵਾਲਾਂ ਨੂੰ ਅਜਿਹੀਆਂ ਤਕਨਾਲੋਜੀਆਂ ਨਾਲ ਲੈਸ ਕਰੀਏ ਜੋ ਗਾਹਕਾਂ ਦੀਆਂ ਨਵੀਆਂ ਜ਼ਰੂਰਤਾਂ ਨੂੰ ਪੂਰਾ ਕਰਦੀਆਂ ਹਨ ਅਤੇ ਨਵੇਂ ਵਪਾਰਕ ਮੌਕੇ ਪੈਦਾ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਹਾਈ-ਫਲੋ ਹਾਈਬ੍ਰਿਡ ਸੋਲਰ ਇਨਵਰਟਰ ਦੀ ਸ਼ੁਰੂਆਤ ਸਾਡੀ ਉਤਪਾਦ ਰੇਂਜ ਨੂੰ ਹੋਰ ਮਜ਼ਬੂਤ ਕਰੇਗੀ।

# ਕਲੇਰ ਮਾਂਗਟ 'ਚ ਸਮਾਧ ਜਿੰਦੇ ਪੀਰ ਬਾਬਾ ਸ਼ਾਹ ਮਦਾਰ 'ਤੇ ਲੱਗਾ ਸਾਲਾਨਾ ਮੇਲਾ

**ਮਜੀਠਾ (ਸੋਇਮ ਆਨੰਦ)** ਪਿੰਡ ਕਲੇਰ ਮਾਂਗਟ ਸਥਿਤ ਸਮਾਧ ਜਿੰਦੇ ਪੀਰ ਬਾਬਾ ਸ਼ਾਹ ਮਦਾਰ ਵਿਖੇ ਸਾਲਾਨਾ ਮੇਲੇ ਦਾ ਆਯੋਜਨ ਬੜੀ ਸ਼ਰਧਾ ਭਾਵਨਾ ਨਾਲ ਕੀਤਾ ਗਿਆ। ਇਸ ਮੌਕੇ ਸਮਾਧ



'ਤੇ ਚਾਦਰ ਚੜ੍ਹਾਉਣ ਦੀ ਰਸਮ ਨਾਲ ਮੇਲੇ ਦੀ ਸ਼ੁਰੂਆਤ ਹੋਈ। ਇਸ ਮੌਕੇ ਹਲਕਾ ਮਜੀਠਾ ਦੇ ਆਪ ਇੰਚਾਰਜ ਤਲਬੀਰ ਸਿੰਘ ਗਿੱਲ ਦੇ ਸਪੁੱਤਰ ਸਰਪ੍ਰੀਤ ਸਿੰਘ ਗਿੱਲ ਵਿਸ਼ੇਸ਼ ਤੌਰ 'ਤੇ ਪਹੁੰਚੇ, ਜਿਨ੍ਹਾਂ ਨੇ ਸਮੁੱਚੇ ਪੰਚਾਇਤ ਮੈਂਬਰਾਂ ਤੇ ਹੋਰ ਮੋਹਤਬਰਾਂ ਦੇ ਸਹਿਯੋਗ ਨਾਲ ਚਾਦਰ ਚਾੜਨ ਦੀ ਰਸਮ ਅਦਾ ਕਰਨ ਮੌਕੇ ਕਿਹਾ ਕਿ ਸਾਨੂੰ ਅਜਿਹੇ ਉਰਸ ਮੇਲੇ ਜਾਤ ਪਾਤ ਤੇ ਪਾਰਟੀ ਬਾਜੀ ਤੋਂ ਉਪਰ ਉੱਠ ਕੇ ਮਨਾਵਣੇ ਚਾਹੀਦੇ ਹਨ ਤਾਂ ਜੋ ਆਪਸੀ ਭਾਈਚਾਰਕ ਸਾਂਝ ਕਾਇਮ ਰੱਖੀ ਜਾ ਸਕੇ। ਮੇਲੇ ਦੇ ਸਮਾਗਮ ਵਿੱਚ ਪਹੁੰਚੇ ਸ਼ਰਧਾਲੂਆਂ ਲਈ ਖੁੱਲ੍ਹੇ ਲੰਗਰ ਭੰਡਾਰੇ ਵਰਤਾਏ ਗਏ, ਜਿਸ ਵਿੱਚ ਸਾਰੇ ਧਰਮਾਂ ਦੇ ਲੋਕਾਂ ਨੇ ਇਕੱਠੇ ਬੈਠ ਕੇ ਲੰਗਰ ਛਕਿਆ। ਇਸ ਮੌਕੇ ਸਰਪੰਚ ਅਮਰਜੀਤ ਸਿੰਘ ਨੇ ਕਿਹਾ ਕਿ ਮੇਲੇ ਆਪਸੀ ਭਾਈਚਾਰਕ ਸਾਂਝ ਮਜਬੂਤ ਕਰਦੇ ਹਨ। ਸਮਾਗਮ ਵਿੱਚ ਸਰਪ੍ਰੀਤ ਸਿੰਘ ਗਿੱਲ ਨਾਲ ਹਰਭੁਪਿੰਦਰ ਸਿੰਘ ਸ਼ਾਹ ਮਜੀਠਾ, ਧੀਰਾ ਪ੍ਰਧਾਨ, ਬਾਬਾ ਕਰਮਜੀਤ, ਜਗਤਾਰ ਸਿੰਘ, ਰਾਜੂ, ਸਾਜਨ, ਰਵੇਲ ਸਿੰਘ, ਆਕਾਸ਼ ਰਾਜ ਗਿੱਲ, ਕਰਨ ਗਿੱਲ, ਨੰਬਰਦਾਰ ਬਾਬਾ ਗੁਰਦੇਵ ਸਿੰਘ, ਪੰਚ ਹਰੀ ਸਿੰਘ, ਬਲਦੇਵ ਸਿੰਘ ਵਪਾਰੀ, ਪੰਚ ਮੰਗਲ ਸਿੰਘ ਗਿੱਲ, ਪੰਚ ਤਰਸੇਮ ਸਿੰਘ, ਸਮੇਤ ਬਹੁਤ ਸਾਰੇ ਪਿੰਡ ਵਾਸੀ ਪ੍ਰਬੰਧਕ ਤੇ ਸੰਗਤਾਂ ਸ਼ਾਮਲ ਸਨ।

# ਚੈੱਕ ਬਾਊਂਸ ਦੇ ਮਾਮਲਿਆਂ ਲਈ ਵਿਸ਼ੇਸ਼ ਲੋਕ ਅਦਾਲਤਾਂ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਵੱਲੋਂ ਆਮ ਲੋਕਾਂ ਨੂੰ ਚੈੱਕ ਬਾਊਂਸ ਦੇ ਮਾਮਲਿਆਂ ਦੇ ਨਿਪਟਾਰੇ ਲਈ ਆਯੋਜਿਤ ਕੀਤੀਆਂ ਜਾਣ ਵਾਲੀਆਂ ਵਿਸ਼ੇਸ਼ ਲੋਕ ਅਦਾਲਤਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਇਹ ਵਿਸ਼ੇਸ਼ ਲੋਕ ਅਦਾਲਤਾਂ ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕਰਵਾਈਆਂ ਜਾ ਰਹੀਆਂ ਹਨ।

ਇਹ ਵਿਸ਼ੇਸ਼ ਲੋਕ ਅਦਾਲਤਾਂ 18 ਜੁਲਾਈ, 2026 (ਜੁਲਾਈ ਦੇ ਤੀਜੇ ਸ਼ਨੀਵਾਰ) ਅਤੇ 21 ਨਵੰਬਰ, 2026 (ਨਵੰਬਰ ਦੇ ਤੀਜੇ ਸ਼ਨੀਵਾਰ) ਨੂੰ ਆਯੋਜਿਤ ਕੀਤੀਆਂ ਜਾਣਗੀਆਂ। ਇਨ੍ਹਾਂ ਦਾ ਮੁੱਖ ਉਦੇਸ਼ ਚੈੱਕ ਬਾਊਂਸ ਦੇ ਮਾਮਲਿਆਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕਰਵਾਉਣਾ, ਤੁਰੰਤ ਅਤੇ ਸਸਤਾ ਨਿਆਂ ਪ੍ਰਦਾਨ ਕਰਨਾ ਅਤੇ ਅਦਾਲਤਾਂ ਵਿੱਚ ਲੰਬਿਤ ਚੈੱਕ ਬਾਊਂਸ ਦੇ ਮਾਮਲਿਆਂ ਦੀ ਗਿਣਤੀ ਘਟਾਉਣਾ ਹੈ।

# ਆਦਿਤਿਆ ਉੱਪਲ ਦੀ ਪ੍ਰਧਾਨਗੀ ਹੇਠ ਰਾਜਸੀ ਪਾਰਟੀਆਂ ਨਾਲ ਮੀਟਿੰਗ



**ਗੁਰਦਾਸਪੁ (ਦਿਨੇਸ਼ ਕੁਮਾਰ)**- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਗੁਰਦਾਸਪੁਰ ਆਦਿਤਿਆ ਉੱਪਲ ਦੀ ਪ੍ਰਧਾਨਗੀ ਹੇਠ ਪੋਲਿੰਗ ਸ਼ਟੇਸ਼ਨਾਂ ਦੀ ਰੈਸ਼ਨੇਲਾਈਜੇਸ਼ਨ ਸਬੰਧੀ ਦਫਤਰ ਡਿਪਟੀ ਕਮਿਸ਼ਨਰ, ਜ਼ਿਲ੍ਹਾ ਕੰਪਲੈਕਸ ਗੁਰਦਾਸਪੁਰ ਵਿਖੇ ਜ਼ਿਲ੍ਹੇ ਦੀਆਂ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਪ੍ਰਧਾਨ/ ਸਕੱਤਰਾਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮੁੱਖ ਚੋਣ ਅਫਸਰ ਪੰਜਾਬ ਵੱਲੋਂ ਪ੍ਰਾਪਤ ਹੋਈਆਂ ਹਦਾਇਤਾਂ ਅਨੁਸਾਰ ਐਸ ਆਈ ਆਰ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹੇ ਦੇ ਸਮੂਹ ਵਿਧਾਨ ਸਭਾ ਚੋਣ ਹਲਕਿਆਂ ਦੇ ਪੋਲਿੰਗ ਸਟੇਸ਼ਨਾਂ ਦੀ ਰੈਸ਼ਨੇਲਾਈਜੇਸ਼ਨ ਕਰਵਾਈ ਗਈ ਹੈ। ਉਹਨਾ ਦੱਸਿਆ ਕਿ ਹਰੇਕ ਪੋਲਿੰਗ ਸਟੇਸ਼ਨ ਦੀ ਕਟ ਆਫ ਲਿਮਟ 1200 ਵੋਟਰ ਰੱਖੀ ਗਈ ਹੈ। ਸ਼ਹਿਰੀ ਖੇਤਰ ਵਿਚ 4 ਤੋਂ ਵੱਧ ਅਤੇ ਪੇਂਡੂ ਖੇਤਰ ਵਿਚ 2 ਤੋਂ ਵੱਧ ਪੋਲਿੰਗ ਸਟੇਸ਼ਨ ਇੱਕ ਬਿਲਡਿੰਗ ਵਿਚ ਨਹੀਂ ਹਨ, ਪੋਲਿੰਗ ਸਟੇਸ਼ਨ ਬਣਾਉਣ ਸਮੇਂ ਸਰਕਾਰੀ ਇਮਾਰਤਾਂ (ਖਾਸ ਤੌਰ ਤੇ ਸਕੂਲਾਂ/ਕਾਲਜਾਂ) ਨੂੰ ਹੀ ਤਰਜੀਹ ਦਿੱਤੀ ਗਈ ਹੈ, ਹਰੇਕ ਪੋਲਿੰਗ ਸ਼ਟੇਸ਼ਨ ਵਿੱਚ ਵੋਟਰਾਂ ਲਈ ਸਹੂਲਤਾਂ ਦਾ ਪ੍ਰਬੰਧ ਹੈ। ਇਸ ਮੌਕੇ ਗੁਰਸਿਮਰਨ ਸਿੰਘ ਢਿੱਲੋਂ, ਵਧੀਕ ਡਿਪਟੀ ਕਮਿਸ਼ਨਰ (ਜ), ਮਨਜਿੰਦਰ ਸਿੰਘ ਚੋਣ ਤਹਿਸੀਲਦਾਰ, ਕਾਂਗਰਸ ਤੋਂ ਦਫਤਰੀ ਸੈਕਟਰੀ ਗੁਰਵਿੰਦਰ ਲਾਲ ਅਤੇ ਪੀ.ਏ. ਮਨਦੀਪ ਕੁਮਾਰ,ਭਾਜਪਾ ਦੇ ਇੰਚਾਰਜ ਰਜਤ ਗੋਇਲ,ਬਸਪਾ ਦੇ ਇੰਚਾਰਜ ਰਨਜੀਤ ਸਿੰਘ ਅਤੇ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਚੌਧਰੀ,ਅਕਾਲੀ ਦਲ ਤੋਂ ਪੀ.ਏ. ਤੇਜਬੀਰ ਸਿੰਘ, ਆਮ ਆਦਮੀ ਪਾਰਟੀ ਦੇ ਚੇਅਰਮੈਨ ਭਾਰਤ ਭੂਸ਼ਣ ਸ਼ਰਮਾ ਅਤੇ ਕੋਆਰਡੀਨੇਟਰ ਸ਼ੁਭਦੀਪ ਮੌਜੂਦ ਸਨ।

# ਪਾਣੀ ਦੀ ਸੰਭਾਲ, ਕਚਰਾ ਪ੍ਰਬੰਧਨ ਤੇ ਸਫ਼ਾਈ ਬਾਰੇ ਜਾਗਰੂਕਤਾ ਸੈਮੀਨਾਰ

**ਬਿਆਸ (ਪਰਮਜੀਤ ਸਿੰਘ ਰੱਖੜਾ)** ਨਗਰ ਪੰਚਾਇਤ ਰਈਆ ਦੇ ਪ੍ਰਧਾਨ ਸੰਜੀਵ ਭੰਡਾਰੀ ਅਤੇ ਵਾਰਡ ਨੰਬਰ 12 ਦੇ ਕੌਂਸਲਰ ਵਿਸ਼ਾਲ ਮੰਨਣ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸ਼ਹੀਦ ਬਾਬਾ ਜੀਵਨ ਸਿੰਘ ਮੁਹੱਲਾ, ਵਾਰਡ ਨੰਬਰ 12 ਦੇ ਜੰਝਘਰ ਵਿਖੇ ਪਾਣੀ ਦੀ ਸੰਭਾਲ, ਕਚਰਾ ਪ੍ਰਬੰਧਨ ਅਤੇ ਸਫ਼ਾਈ ਸੰਬੰਧੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਹ ਸੈਮੀਨਾਰ ਸੈਕਟਰੀ ਬਚਿੱਤਰ ਸਿੰਘ, ਕੁਲਵਿੰਦਰ ਕੌਰ (ਸੀ ਐੱਫ), ਕੋਮਲਪ੍ਰੀਤ ਕੌਰ (ਮੋਟੀਵੇਟਰ), ਗੁਰਵਿੰਦਰ ਕੌਰ (ਸੀ ਐੱਫ) ਅਤੇ ਸਖਵਿੰਦਰ ਕੌਰ (ਮੋਟੀਵੇਟਰ) ਦੀ ਅਗਵਾਈ ਹੇਠ ਸਮਾਜ ਸੇਵੀ ਸੁਖਵਿੰਦਰ ਸਿੰਘ ਮੱਤੇਵਾਲ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ। ਸੈਮੀਨਾਰ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਸੰਜੀਵ ਭੰਡਾਰੀ, ਕੌਂਸਲਰ ਵਿਸ਼ਾਲ ਮੰਨਣ, ਕੁਲਵਿੰਦਰ ਕੌਰ, ਸਮਾਜ ਸੇਵੀ ਸੁਖਵਿੰਦਰ ਸਿੰਘ ਮੱਤੇਵਾਲ, ਰਾਕੇਸ਼ ਮੰਨਣ, ਬੀਬੀ ਹਰਜੀਤ ਕੌਰ ਅਤੇ ਐਡਵੋਕੇਟ ਹੇਮਦੀਪ ਸ਼ਰਮਾ ਨੇ ਪਾਣੀ ਦੀ ਹਰ ਬੂੰਦ ਨੂੰ ਬਚਾਉਣ, ਕਚਰੇ ਦੇ ਸਹੀ ਪ੍ਰਬੰਧਨ ਅਤੇ ਆਪਣੇ ਆਲੇ-ਦੁਆਲੇ ਨੂੰ ਸਾਫ਼-ਸੁਥਰਾ ਰੱਖਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸਾਫ਼-ਸੁਥਰਾ ਅਤੇ ਹਰਿਆ-ਭਰਿਆ ਵਾਤਾਵਰਨ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ ਅਤੇ ਇਸ ਲਈ ਲੋਕਾਂ ਨੂੰ ਸਰਗਰਮ



ਭੂਮਿਕਾ ਨਿਭਾਉਣੀ ਚਾਹੀਦੀ ਹੈ।ਕੌਂਸਲਰ ਸਰਬਜੀਤ ਸਿੰਘ ਮਾਨ ਤੇ ਕੌਂਸਲਰ ਰਾਜਿੰਦਰ ਸਿੰਘ ਰਿਖੀ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਵਾਤਾਵਰਨ ਸੰਭਾਲ ਲਈ ਲੋਕਾਂ ਨੂੰ ਜਾਗਰੂਕ ਰਹਿਣ ਦਾ ਸੱਦਾ ਦਿੱਤਾ। ਇਸ ਮੌਕੇ ਭੁਪਿੰਦਰ ਸਿੰਘ (ਸਾਬਕਾ ਸੈਨੇਟਰੀ ਇੰਸਪੈਕਟਰ), ਸੰਦੀਪ ਕੁਮਾਰ ਬੌਬੀ, ਗੁਰਦਰਸ਼ਨ ਸਿੰਘ ਮਾਨ, ਬਲਦੇਵ ਸਿੰਘ ਰੰਧਾਵਾ, ਮਨੋਜ ਕੁਮਾਰ, ਗੁਰਜੀਤ ਕੌਰ, ਮੈਡਮ ਰਾਜਨ, ਸਤਬੀਰ ਸਿੰਘ ਸੂਰੀਆ, ਬਲਜਿੰਦਰ ਸਿੰਘ ਕੇੜੀ ਅਤੇ ਬਲਕਾਰ ਸਿੰਘ ਸਮੇਤ ਹੋਰ ਪਤਵੰਤੇ ਵੀ ਹਾਜ਼ਰ ਸਨ।

# ਢਿੱਲਵਾਂ ਪੁਲਸ ਵਲੋਂ ਹੈਰੋਇਨ ਸਮੇਤ ਨੌਜਵਾਨ ਕਾਬੂ

**ਢਿੱਲਵਾਂ (ਪਲਵਿੰਦਰ ਸਿੰਘ ਜੈ ਰਾਮ ਪੁਰ)**- ਥਾਣਾ ਢਿਲਵਾਂ ਦੀ ਪੁਲਿਸ ਨੇ ਛੇ ਗ੍ਰਾਮ ਹੈਰੋਇਨ ਸਮੇਤ ਨੌਜਵਾਨ ਨੂੰ ਕਾਬੂ ਕੀਤਾ ਹੈ। ਥਾਣਾ ਮੁਖੀ ਹਰਜਿੰਦਰ ਸਿੰਘ, ਸਬ ਇੰਸਪੈਕਟਰ ਕੁਲਦੀਪ ਸਿੰਘ ਨੇ ਦੱਸਿਆ ਕਿ ਪੁਲਿਸ ਪਾਰਟੀ ਨੇ ਦੌਰਾਨੇ ਗਸ਼ਤ ਸੁਨੀਲ ਕੁਮਾਰ ਉਰਫ ਬੱਬੂ ਵਾਸੀ ਬੇਗੋਵਾਲ ਨੂੰ ਗ੍ਰਿਫਤਾਰ ਕੀਤਾ ਹੈ ਜਿਸ ਕੋਲੋਂ 6 ਗ੍ਰਾਮ ਹੈਰੋਇਨ ਬਰਾਮਦ ਹੋਈ। ਢਿੱਲਵਾਂ ਪੁਲਿਸ ਨੇ ਨੌਜਵਾਨ ਵਿਰੁੱਧ ਕੇਸ ਦਰਜ ਕਰ ਲਿਆ ਹੈ।



# ਧਾਰਮਿਕ ਪ੍ਰੀਖਿਆ 'ਚ ਸ਼ਾਨਦਾਰ ਕਾਰਗੁਜ਼ਾਰੀ



**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਖਾਲਸਾ ਕਾਲਜ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਦੀਆਂ ਵਿਦਿਆਰਥਣਾਂ ਨੇ ਧਾਰਮਿਕ ਪ੍ਰੀਖਿਆ 'ਚ ਸ਼ਾਨਦਾਰ ਸਥਾਨ ਪ੍ਰਾਪਤ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ। ਇਸ ਸਬੰਧੀ ਸਕੂਲ ਪ੍ਰਿੰਸੀਪਲ ਪੁਨੀਤ ਕੌਰ ਨਾਗਪਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੱਚਿਆਂ ਨੇ ਸਤਿਨਾਮ ਸਰਬ ਕਲਿਆਣ ਟਰੱਸਟ ਵੱਲੋਂ ਲਏ ਗਏ ਧਾਰਮਿਕ ਪੇਪਰ 'ਚ ਹਿੱਸਾ ਲੈਂਦਿਆਂ ਵਧੀਆ ਨੰਬਰ ਹਾਸਲ ਕਰਕੇ ਸਕੂਲ ਦਾ ਮਾਣ ਵਧਾਇਆ ਹੈ। ਉਨ੍ਹਾਂ ਕਿਹਾ ਕਿ ਉਕਤ ਇਮਤਿਹਾਨ 'ਚ ਬੱਚਿਆਂ ਨੇ ਚੰਗੇ ਨੰਬਰ ਲੈ ਕੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਪ੍ਰਿੰ: ਨਾਗਪਾਲ ਨੇ ਸੁਪਰਵਾਈਜ਼ਰ ਸ: ਰਣਜੀਤ ਸਿੰਘ ਨਾਲ ਮਿਲ ਕੇ ਬੱਚਿਆਂ ਨੂੰ ਇਨਾਮ ਤਕਸੀਮ ਕਰਕੇ ਸਨਮਾਨਿਤ ਕੀਤਾ। ਉਨ੍ਹਾਂ ਕਿਹਾ ਕਿ ਸਕੂਲ ਦੇ 60 ਬੱਚਿਆਂ ਵੱਲੋਂ ਕਾਲਜ ਦੇ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਸਹਿਜ ਪਾਠ ਵੀ ਕੀਤੇ ਗਏ।

# ਖਾਲਸਾ ਕਾਲਜ ਇੰਜੀਨੀਅਰਿੰਗ ਤੇ ਰਿਜ਼ਾ ਇੰਜੀਨੀਅਰਿੰਗ ਸਲਿਊਸ਼ਨ ਵਿਚਾਲੇ ਸਮਝੌਤਾ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਖਾਲਸਾ ਕਾਲਜ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ, ਰਣਜੀਤ ਐਵੀਨਿਊ ਨੇ ਰਿਜ਼ਾ (ਆਰ. ਆਰ. ਆਈ. ਜੈੱਡ. ਏ.) ਇੰਜੀਨੀਅਰਿੰਗ ਸਲਿਊਸ਼ਨ, ਆਟੋਡੈਸਕ ਲਰਨਿੰਗ ਪਾਰਟਨਰ, ਫਗਵਾੜਾ ਨਾਲ ਇਕ ਅਹਿਮ ਸਮਝੌਤਾ ਪੱਤਰ 'ਤੇ ਦਸਤਖ਼ਤ ਹਨ। ਇਸ ਸਮਝੌਤਾ ਉਦਯੋਗ-ਅਕਾਦਮਿਕ ਸਹਿਯੋਗ ਨੂੰ ਮਜ਼ਬੂਤ ਕਰਨ ਅਤੇ ਇੰਜੀਨੀਅਰਿੰਗ ਵਿਦਿਆਰਥੀਆਂ 'ਚ ਰੁਜ਼ਗਾਰ ਯੋਗਤਾ ਦੇ ਹੁਨਰ ਨੂੰ ਵਧਾਉਣ ਸਬੰਧੀ ਮਹੱਤਵਪੂਰਨ ਹੈ। ਇਸ ਸਮਝੌਤਾ ਪੱਤਰ 'ਤੇ ਕਾਲਜ ਡਾਇਰੈਕਟਰ ਡਾ. ਮੰਜੂ ਬਾਲਾ ਅਤੇ ਰਿਜ਼ਾ ਤੋਂ ਮੈਨੇਜਿੰਗ ਡਾਇਰੈਕਟਰ ਸ੍ਰੀ ਰੁਪਿੰਦਰ ਸਿੰਘ ਦੁਆਰਾ ਦਸਤਖ਼ਤ ਕੀਤੇ ਗਏ। ਇਸ ਸਮਝੌਤੇ ਤਹਿਤ ਇੰਜੀਨੀਅਰਿੰਗ ਵਿਦਿਆਰਥੀਆਂ 'ਚ ਨਵੀਨਤਾ, ਤਕਨੀਕੀ ਉੱਤਮਤਾ ਅਤੇ ਉਦਯੋਗ-ਅਧਾਰਤ ਹੁਨਰ ਵਿਕਾਸ ਨੂੰ ਉਤਸ਼ਾਹਿਤ ਕਰਨ ਦੇ ਮਕਸਦ ਨਾਲ ਇਕ ਰਣਨੀਤਿਕ ਸਾਂਝੇਦਾਰੀ ਦੀ ਸ਼ੁਰੂਆਤ ਹੋਵੇਗੀ। ਇਸ ਸਬੰਧੀ ਡਾ. ਮੰਜੂ ਬਾਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਮਝੌਤੇ ਦਾ ਉਦੇਸ਼ ਵਿਸ਼ਵ ਪੱਧਰ 'ਤੇ ਮਾਨਤਾ ਪ੍ਰਾਪਤ ਆਟੋਡੈਸਕ ਤਕਨਾਲੋਜੀਆਂ ਨੂੰ ਇੰਜੀਨੀਅਰਿੰਗ ਸਿੱਖਿਆ 'ਚ ਜੋੜ ਕੇ ਅਕਾਦਮਿਕ ਸਿਖਲਾਈ ਅਤੇ ਉਦਯੋਗਿਕ ਜ਼ਰੂਰਤਾਂ ਵਿਚਕਾਰ ਪਾੜੇ ਨੂੰ ਪੂਰਾ ਕਰਨਾ।

# ਮੁਫਤ ਦੰਦਾਂ ਦਾ ਜਾਂਚ ਕੈਂਪ ਲਗਾਇਆ

**ਜਲੰਧਰ (ਸ਼ੈਲੀ ਐਲਬਰਟ)**- ਬੌਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਵੱਲੋਂ ਚਲਾਏ ਅਤੇ ਪ੍ਰਬੰਧਿਤ 'ਦਿਸ਼ਾ-ਐਨ ਇਨੀਸ਼ੀਏਟਿਵ' ਦੇ ਤਹਿਤ ਇੰਨੋਸੈਂਟ ਹਾਰਟਸ ਸਕੂਲ ਨੇ ਵਿਦਿਆਰਥੀਆਂ ਵਿੱਚ ਮੂੰਹ ਅਤੇ ਦੰਦਾਂ ਦੀ ਸਿਹਤ (ਓਰਲ ਹੈਲਥ) ਪ੍ਰਤੀ ਜਾਗਰੂਕਤਾ ਵਧਾਉਣ ਅਤੇ ਸਮੇਂ ਸਿਰ ਦੰਦਾਂ ਦੀ ਸੰਭਾਲ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਆਪਣੇ ਸਾਰੇ ਪੰਜ ਕੈਂਪਸਾਂ—ਗ੍ਰੀਨ ਮਾਡਲ ਟਾਊਨ, ਲੋਹਾਰਾਂ, ਕੈਂਟ-ਜੰਡਿਆਲਾ ਰੋਡ, ਨੂਰਪੁਰ ਰੋਡ ਅਤੇ ਕਪੂਰਥਲਾ ਰੋਡ—ਵਿੱਚ ਮੁਫ਼ਤ ਦੰਦਾਂ ਦੀ ਜਾਂਚ ਕੈਂਪ ਦਾ ਆਯੋਜਨ ਕੀਤਾ।ਇਸ ਕੈਂਪ ਦਾ ਸੰਚਾਲਨ ਤਜਰਬੇਕਾਰ ਦੰਦਾਂ ਦੇ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਕੀਤਾ ਗਿਆ। ਗ੍ਰੀਨ ਮਾਡਲ ਟਾਊਨ ਕੈਂਪਸ ਵਿੱਚ ਡਾ. ਹਰਮਨਜੀਤ ਚਹਿਲ ਅਤੇ ਡਾ. ਹਰਨੂਰ ਸੇਖੋਂ ਨੇ ਵਿਦਿਆਰਥੀਆਂ ਦੇ ਦੰਦਾਂ ਦੀ ਜਾਂਚ ਕੀਤੀ। ਲੋਹਾਰਾਂ ਅਤੇ ਕਪੂਰਥਲਾ ਰੋਡ ਕੈਂਪਸ ਵਿੱਚ ਡਾ. ਆਸਥਾ ਬੌਰੀ ਨੇ ਵਿਦਿਆਰਥੀਆਂ ਦਾ ਦੰਦਾਂ ਦਾ ਮੁਆਇਨਾ ਕੀਤਾ। ਕੈਂਟ-ਜੰਡਿਆਲਾ ਰੋਡ ਕੈਂਪਸ ਵਿੱਚ ਡਾ. ਰੂਪੀਸ਼ਵਰ ਗਿੱਲ ਨੇ ਅਤੇ ਨੂਰਪੁਰ ਰੋਡ ਕੈਂਪਸ ਵਿੱਚ ਫੋਰਟਿਸ ਹਸਪਤਾਲ ਦੀ ਡਾ. ਪੱਲਵੀ ਨੇ ਵਿਦਿਆਰਥੀਆਂ ਦੇ ਦੰਦਾਂ ਦੀ ਜਾਂਚ ਕੀਤੀ।ਦੰਦਾਂ ਦੇ ਮਾਹਰਾਂ ਨੇ ਵਿਦਿਆਰਥੀਆਂ ਦੀ ਮੂੰਹ ਦੀ ਸਿਹਤ ਦਾ ਮੁਲਾਂਕਣ ਕੀਤਾ, ਦੰਦਾਂ ਨਾਲ ਸੰਬੰਧਿਤ ਆਮ



ਸਮੱਸਿਆਵਾਂ ਦੀ ਪਛਾਣ ਕੀਤੀ ਅਤੇ ਉਨ੍ਹਾਂ ਨੂੰ ਦੰਦਾਂ ਨੂੰ ਸਹੀ ਢੰਗ ਨਾਲ ਬਰਸ਼ ਕਰਨ, ਸੰਤੁਲਿਤ ਖੁਰਾਕ ਅਪਣਾਉਣ ਅਤੇ ਨਿਯਮਿਤ ਡੈਂਟਲ ਚੈਕਅੱਪ ਕਰਵਾਉਣ ਰਾਹੀਂ ਦੰਦਾਂ ਅਤੇ ਮਸੂੜਿਆਂ ਨੂੰ ਤੰਦਰੁਸਤ ਰੱਖਣ ਬਾਰੇ ਮਹੱਤਵਪੂਰਨ ਜਾਣਕਾਰੀ ਦਿੱਤੀ।ਵਿਦਿਆਰਥੀਆਂ ਨੇ ਇਸ ਕੈਂਪ ਵਿੱਚ ਬੜੇ ਉਤਸ਼ਾਹ ਨਾਲ ਭਾਗ ਲਿਆ ਅਤੇ ਮਾਹਿਰਾਂ ਵੱਲੋਂ ਦਿੱਤੇ ਗਏ ਸੁਝਾਵਾਂ ਦਾ ਲਾਭ ਪ੍ਰਾਪਤ ਕੀਤਾ।

# ਮਾਤਾ ਸੁਰਜੀਤ ਕੌਰ ਨਮਿੱਤ ਅੰਤਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਅੱਜ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**— ਧੰਨ ਧੰਨ ਬ੍ਰਹਮ ਗਿਆਨੀ ਸੰਤ ਬਾਬਾ ਜਵਾਲਾ ਸਿੰਘ ਸੰਪਰਦਾਇ ਹਰਖੋਵਾਲ ਵਾਲਿਆਂ ਤੋਂ ਵਰਸੋਏ ਧੰਨ ਧੰਨ ਪੂਰਨ ਬ੍ਰਹਮ ਗਿਆਨੀ ਸੰਤ ਬਾਬਾ ਗੁਰਬਚਨ ਸਿੰਘ ਜੀ ਡੰਡੇ ਵਾਲਿਆਂ ਦੇ ਪਰਮ ਸੇਵਕ ਜਥੇਦਾਰ ਭਾਈ ਟੇਕ ਸਿੰਘ ਦੀ ਧਰਮ ਪਤਨੀ ਅਤੇ ਗੁਰਦੁਆਰਾ ਹੋਲਗੜ ਸਾਹਿਬ ਦੇ ਮੁੱਖ ਸੇਵਾਦਾਰ ਅਤੇ ਸੰਤ ਸਮਾਜ ਦੇ ਮੁੱਖ ਬੁਲਾਰੇ ਬਾਬਾ ਗੁਰਬੇਜ ਸਿੰਘ ਖੁਜਾਲਾ ਦੀ ਮਾਤਾ ਬੀਬੀ ਸੁਰਜੀਤ ਕੌਰ ਪਿਛਲੇ ਦਿੰਨੀ ਆਪਣੇ ਸੁਆਸਾਂ ਦੀ ਪੂੰਜੀ ਨੂੰ ਪੂਰੇ ਕਰਦੇ ਹੋਏ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ। ਮਾਤਾ ਸੁਰਜੀਤ ਕੌਰ ਨਮਿੱਤ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਅਤੇ ਸ਼ਰਧਾਂਜਲੀ ਸਮਾਗਮ 10 ਜੁਲਾਈ ਦਿਨ ਸ਼ੁਕਰਵਾਰ ਨੂੰ ਗੁਰਦੁਆਰਾ ਹੌਲਗੜ੍ਹ ਸਾਹਿਬ ਖਜਾਲਾ ਸਈਦਲ ਵਿਖੇ ਹੋਵੇਗਾ।



# ਡੀ ਐੱਸ ਟੇਲਰ ਝਬਾਲ ਨੂੰ ਸਦਮਾ, ਪੁੱਤਰ ਦਾ ਦਿਹਾਂਤ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਡੀ ਐਸ ਟੇਲਰ ਝਬਾਲ ਦਰਸ਼ਨ ਸਿੰਘ ਬਘਿਆੜੀ ਦੇ ਪੁੱਤਰ ਸਰਦਾਰ ਪੱਗੜੀ ਹਾਊਸ ਕਰਮਜੀਤ ਸਿੰਘ ਸੋਨੀ ਤੇ ਭੁਪਿੰਦਰ ਸਿੰਘ ਭਿੰਦਾ ਟੇਲਰ ਨੂੰ ਉਸ ਵੇਲੇ ਗਹਿਰਾ ਸਦਮਾ ਪੁੱਜਾ ਜਦੋਂ ਉਨ੍ਹਾਂ ਦੇ ਭਰਾ ਹਰਜਿੰਦਰ ਸਿੰਘ ਜਿੰਦਾ ਕਾਰ ਮਕੈਨਿਕ ਦਾ ਹਾਰਟ ਅਟੈਕ ਨਾਲ ਦਿਹਾਂਤ ਹੋ ਗਿਆ। ਉਨ੍ਹਾਂ ਦਾ ਅੰਤਿਮ ਸੰਸਕਾਰ ਅੱਡਾ ਝਬਾਲ ਰਾਧਾ ਸੁਆਮੀ ਸਤਿਸੰਗ ਨਾਲ ਦੇ ਸ਼ਮਸ਼ਾਨ ਘਾਟ ਵਿਚ ਕਰ ਦਿੱਤਾ ਗਿਆ। ਪਰਿਵਾਰ ਨਾਲ ਗਹਿਰੇ ਦੁੱਖ ਪ੍ਰਗਟਾਵਾ ਕਰਦੇ ਹੋਏ ਚੇਅਰਮੈਨ ਕਸ਼ਮੀਰ ਸਿੰਘ ਮੰਨਣ, ਚੇਅਰਮੈਨ ਰਮਨ ਕੁਮਾਰ ਝਬਾਲ, ਭੁਪਿੰਦਰ ਸਿੰਘ ਭਿੰਦਾ ਕਾਰ ਮਕੈਨਿਕ ਤਰਨ ਤਾਰਨ, ਪ੍ਰਿੰਸ ਐਮਾ,ਚਰਨਜੀਤ ਸਿੰਘ ਚੰਨ ਭਾਂਡਿਆਂ ਵਾਲੇ, ਪ੍ਰਧਾਨ ਅਸ਼ੋਕ ਕੁਮਾਰ ਸ਼ਰਮਾ ਝਬਾਲ,ਜੇ ਈ ਚਰਨਜੀਤ ਸਿੰਘ ਚੰਨ,ਰੋਹਿਤ ਹਾਡਵੇਅਰ ਝਬਾਲ,ਹਰਪ੍ਰੀਤ ਸਿੰਘ ਹੈਪੀ ਬਰਫ਼ ਕਾਰਖਾਨੇ ਵਾਲੇ, ਬਲਜਿੰਦਰ ਸਿੰਘ ਸੋਨੂੰ ਝਬਾਲ, ਨਰਿੰਦਰ ਸਿੰਘ ਘੋਨਾ ਝਬਾਲ,ਏ ਐਸ ਆਈ ਗੁਰਦੇਵ ਸਿੰਘ ਝਬਾਲ ਤੇ ਸੋਢੀ ਬਘਿਆੜੀ ਨੇ ਪਰਿਵਾਰ ਨੂੰ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ।



# ਕਿਊਬਾ ਦੀ ਨਾਕਾਬੰਦੀ

*ਸਾਮਰਾਜਵਾਦ ਨੇ ਵਿਸ਼ਵ ਇਤਿਹਾਸ ਵਿੱਚ ਕਈ ਵਾਰ ਆਪਣੇ ਰੂਪ ਬਦਲੇ ਹਨ। ਕਦੇ ਇਹ ਬਸਤੀਵਾਦ ਦੇ ਰੂਪ ਵਿੱਚ ਆਇਆ, ਕਦੇ ਫੌਜੀ ਹਮਲੇ ਦੇ ਰੂਪ ਵਿੱਚ ਅਤੇ ਕਦੇ ਕਠਪੁਤਲੀ ਸਰਕਾਰਾਂ ਰਾਹੀਂ। ਇੱਕੀਵੀਂ ਸਦੀ ਵਿੱਚ ਇਸ ਨੇ ਇੱਕ ਨਵਾਂ ਅਤੇ ਵਧੇਰੇ ਗੁੰਝਲਦਾਰ ਰੂਪ ਧਾਰਨ ਕੀਤਾ ਹੈ–ਆਰਥਿਕ ਪਾਬੰਦੀਆਂ। ਹੁਣ ਕਿਸੇ ਦੇਸ਼ ਨੂੰ ਝੁਕਾਉਣ ਲਈ ਉਸ ਦੀਆਂ ਸਰਹੱਦਾਂ 'ਤੇ ਫੌਜਾਂ ਭੇਜਣ ਦੀ ਲੋੜ ਨਹੀਂ ਰਹਿ ਗਈ। ਉਸ ਦੇ ਬੈਂਕਾਂ ਨੂੰ ਬੰਦ ਕਰ ਦਿਓ, ਵਪਾਰ ਰੋਕ ਦਿਓ, ਵਿਦੇਸ਼ੀ ਨਿਵੇਸ਼ ਨੂੰ ਰੋਕ ਦਿਓ, ਜਹਾਜ਼ਾਂ ਅਤੇ ਬੀਮਾ ਕੰਪਨੀਆਂ ਨੂੰ ਡਰਾ ਦਿਓ, ਡਾਲਰ-ਅਧਾਰਤ ਵਿੱਤੀ ਵਿਵਸਥਾ 'ਚੋਂ ਬਾਹਰ ਕਰ ਦਿਓ— ਹੌਲੀ-ਹੌਲੀ ਉਸ ਦੀ ਅਰਥਵਿਵਸਥਾ, ਸਿਹਤ ਪ੍ਰਣਾਲੀ, ਸਿੱਖਿਆ, ਉਦਯੋਗ ਅਤੇ ਅੰਤ ਵਿੱਚ ਉਸ ਦਾ ਸਮਾਜਿਕ ਜੀਵਨ ਦਮ ਤੋੜਨ ਲਗਦਾ ਹੈ। ਇਹ ਆਧੁਨਿਕ ਆਰਥਿਕ ਯੁੱਧ ਹੈ।*

*ਕਿਊਬਾ ਇਸ ਆਰਥਿਕ ਯੁੱਧ ਦਾ ਸਭ ਤੋਂ ਪੁਰਾਣਾ ਸ਼ਿਕਾਰ ਹੈ। ਛੇ ਦਹਾਕਿਆਂ ਤੋਂ ਵੱਧ ਸਮੇਂ ਤੋਂ ਉਹ ਅਜਿਹੀ ਨਾਕਾਬੰਦੀ ਨੂੰ ਝੱਲ ਰਿਹਾ ਹੈ, ਜਿਸ ਦਾ ਵਿਰੋਧ ਕੌਮਾਂਤਰੀ ਭਾਈਚਾਰਾ ਲਗਾਤਾਰ ਕਰਦਾ ਆਇਆ ਹੈ। ਸੰਯੁਕਤ ਰਾਸ਼ਟਰ ਮਹਾਂਸਭਾ ਵਿੱਚ ਇੱਕ ਵਾਰ ਫਿਰ ਕਿਊਬਾ ਦੇ ਵਿਦੇਸ਼ ਮੰਤਰੀ ਬਰੂਨੋ ਰੋਡ੍ਰਿਗਜ਼ ਨੇ ਦੋਸ਼ ਲਗਾਇਆ ਕਿ ਅਮਰੀਕਾ ਸਿਰਫ ਆਰਥਿਕ ਪਾਬੰਦੀਆਂ ਹੀ ਨਹੀਂ ਲਗਾ ਰਿਹਾ, ਸਗੋਂ ਕਿਊਬਾ ਵਿਰੁੱਧ 'ਬਹੁਆਯਾਮੀ ਅਤੇ ਗੈਰ-ਰਵਾਇਤੀ ਜੰਗ' ਚਲਾ ਰਿਹਾ ਹੈ। ਉਸ ਦੇ ਸ਼ਬਦਾਂ ਵਿੱਚ ਇਹ ਨੀਤੀ ਪੂਰੇ ਸਮਾਜ ਨੂੰ ਅਸਥਿਰ ਕਰਨ ਅਤੇ ਇੱਕ ਮਨੁੱਖੀ ਸੰਕਟ ਪੈਦਾ ਕਰਨ ਦੀ ਕੋਸ਼ਿਸ਼ ਹੈ।*

*1959 ਦੀ ਕਿਊਬਾ ਕ੍ਰਾਂਤੀ ਤੋਂ ਬਾਅਦ, ਜਦੋਂ ਫਿਦੇਲ ਕਾਸਤਰੋ ਨੇ ਅਮਰੀਕੀ ਪੂੰਜੀ ਦੇ ਦਬਦਬੇ ਨੂੰ ਚੁਣੌਤੀ ਦਿੱਤੀ, ਉਦਯੋਗਾਂ ਦਾ ਰਾਸ਼ਟਰੀਕਰਨ ਕੀਤਾ ਅਤੇ ਸਮਾਜਵਾਦੀ ਰਸਤਾ ਅਪਣਾਇਆ, ਉਦੋਂ ਤੋਂ ਅਮਰੀਕਾ ਨੇ ਕਿਊਬਾ ਨੂੰ ਸਜ਼ਾ ਦੇਣ ਦੀ ਨੀਤੀ ਅਪਣਾਈ। ਸੀਤ ਯੁੱਧ ਖਤਮ ਹੋ ਗਿਆ, ਸੋਵੀਅਤ ਯੂਨੀਅਨ ਇਤਿਹਾਸ ਬਣ ਗਿਆ, ਪਰ ਕਿਊਬਾ 'ਤੇ ਨਾਕਾਬੰਦੀ ਬਰਕਰਾਰ ਰਹੀ।*

*ਇਸ ਤੋਂ ਇਹ ਸਵਾਲ ਉੱਠਣਾ ਕੁਦਰਤੀ ਹੈ ਕਿ ਜੇ ਪਾਬੰਦੀਆਂ ਦਾ ਉਦੇਸ਼ ਸਿਰਫ ਸੀਤ ਯੁੱਧ ਸੀ ਤਾਂ ਉਸ ਦੇ ਖਾਤਮੇ ਦੇ ਬਾਅਦ ਵੀ ਇਹ ਨੀਤੀ ਕਿਉਂ ਜਾਰੀ ਰਹੀ? ਦਰਅਸਲ, ਇਹ ਸਿਰਫ ਕਿਊਬਾ ਦਾ ਮੁੱਦਾ ਨਹੀਂ। ਇਹ ਪੂਰੀ ਦੁਨੀਆ ਲਈ ਇੱਕ ਸਿਆਸੀ ਸੰਦੇਸ਼ ਹੈ–ਜਿਹੜਾ ਦੇਸ਼ ਅਮਰੀਕੀ ਆਰਥਿਕ ਅਤੇ ਰਣਨੀਤਕ ਦਬਦਬੇ ਨੂੰ ਚੁਣੌਤੀ ਦੇਵੇਗਾ, ਉਸ ਨੂੰ ਇਸ ਦੀ ਕੀਮਤ ਚੁਕਾਉਣੀ ਪਵੇਗੀ। ਇਸ ਸੰਬੰਧ ਵਿੱਚ ਕਿਊਬਾ ਨੂੰ ਇੱਕ 'ਮਿਸਾਲ' ਬਣਾਇਆ ਗਿਆ।*

*ਅਮਰੀਕਾ ਦਾ ਤਰਕ ਹੈ ਕਿ ਪਾਬੰਦੀਆਂ ਲੋਕਤੰਤਰ ਅਤੇ ਮਨੁੱਖੀ ਅਧਿਕਾਰਾਂ ਦੇ ਸਮਰਥਨ ਵਿੱਚ ਲਗਾਈਆਂ ਗਈਆਂ ਹਨ। ਪਰ ਜੇ ਕਿਸੇ ਨੀਤੀ ਦੇ ਨਤੀਜੇ ਵਜੋਂ ਦਵਾਈਆਂ ਦੀ ਘਾਟ ਹੋਵੇ, ਹਸਪਤਾਲ 'ਚ ਉਪਕਰਣ ਨਾ ਪਹੁੰਚ ਸਕਣ, ਖੇਤੀਬਾੜੀ ਉਤਪਾਦਨ ਪ੍ਰਭਾਵਤ ਹੋਵੇ, ਊਰਜਾ ਸੰਕਟ ਡੂੰਘਾ ਹੋ ਜਾਵੇ ਅਤੇ ਆਮ ਨਾਗਰਿਕਾਂ ਦਾ ਜੀਵਨ ਲਗਾਤਾਰ ਮੁਸ਼ਕਲ ਹੁੰਦਾ ਜਾਵੇ, ਤਾਂ ਇਹ ਸਵਾਲ ਉੱਠਣਾ ਕੁਦਰਤੀ ਹੈ ਕਿ ਉਸ ਦੀ ਅਸਲ ਕੀਮਤ ਕੌਣ ਅਦਾ ਕਰ ਰਿਹਾ ਹੈ–ਸਰਕਾਰ ਜਾਂ ਲੋਕ? ਸੰਯੁਕਤ ਰਾਸ਼ਟਰ ਮਹਾਂਸਭਾ ਵਿੱਚ ਲੱਗਭੱਗ ਹਰ ਸਾਲ ਪਾਸ ਕੀਤੇ ਜਾਣ ਵਾਲੇ ਮਤਿਆਂ ਦੀ ਭਾਰੀ ਬਹੁਗਿਣਤੀ ਦਰਸਾਉਂਦੀ ਹੈ ਕਿ ਜ਼ਿਆਦਾਤਰ ਦੇਸ਼ ਨਾਕਾਬੰਦੀ ਨੂੰ ਨਾਜਾਇਜ਼ ਮੰਨਦੇ ਹਨ। ਹਾਲਾਂਕਿ ਮਹਾਂਸਭਾ ਦੇ ਮਤੇ ਬੰਧਨਕਾਰੀ ਨਹੀਂ ਹੁੰਦੇ, ਪਰ ਉਹ ਵਿਸ਼ਵਵਿਆਪੀ ਨੈਤਿਕ ਅਤੇ ਸਿਆਸੀ ਸਹਿਮਤੀ ਨੂੰ ਦਰਸਾਉਂਦੇ ਹਨ। ਫਿਰ ਵੀ ਜੇ ਕੋਈ ਮਹਾਂਸ਼ਕਤੀ ਆਪਣੇ ਫੈਸਲੇ 'ਤੇ ਕਾਇਮ ਰਹਿੰਦੀ ਹੈ, ਤਾਂ ਇਹ ਸਵਾਲ ਸਿਰਫ ਕਿਊਬਾ ਦਾ ਨਹੀਂ, ਸਗੋਂ ਕੌਮਾਂਤਰੀ ਸੰਸਥਾਵਾਂ ਦੀ ਪ੍ਰਭਾਵਸ਼ੀਲਤਾ ਦਾ ਵੀ ਬਣ ਜਾਂਦਾ ਹੈ। ਇੱਥੇ ਇੱਕ ਹੋਰ ਤੱਥ ਧਿਆਨ ਦੇਣਯੋਗ ਹੈ। ਆਧੁਨਿਕ ਵਿਸ਼ਵ ਵਿਵਸਥਾ ਮੁਕਤ ਵਪਾਰ, ਵਿਸ਼ਵੀਕਰਨ ਅਤੇ ਖੁੱਲ੍ਹੇ ਬਾਜ਼ਾਰਾਂ ਦੀ ਵਕਾਲਤ ਕਰਦੀ ਹੈ, ਪਰ ਇਹੀ ਵਿਵਸਥਾ ਉਦੋਂ ਬਦਲ ਜਾਂਦੀ ਹੈ, ਜਦੋਂ ਕੋਈ ਦੇਸ਼ ਮਹਾਂਸ਼ਕਤੀਆਂ ਦੀਆਂ ਸਿਆਸੀ ਤਰਜੀਹਾਂ ਨਾਲ ਅਸਹਿਮਤ ਹੁੰਦਾ ਹੈ। ਫਿਰ 'ਮੁਕਤ ਵਪਾਰ' ਦੀ ਥਾਂ ਪਾਬੰਦੀਆਂ ਲੈ ਲੈਂਦੀਆਂ ਹਨ ਅਤੇ 'ਕੌਮਾਂਤਰੀ ਨਿਯਮਾਂ' ਦੀ ਵਿਆਖਿਆ ਸ਼ਕਤੀ ਦੇ ਸੰਤੁਲਨ ਦੇ ਅਨੁਸਾਰ ਕੀਤੀ ਜਾਂਦੀ ਹੈ।*

*ਕਿਊਬਾ ਦੇ ਵਿਦੇਸ਼ ਮੰਤਰੀ ਦਾ ਇਹ ਬਿਆਨ ਖਾਸ ਤੌਰ 'ਤੇ ਧਿਆਨ ਦੇਣਯੋਗ ਹੈ ਕਿ ਜੋ ਅੱਜ ਕਿਊਬਾ ਨਾਲ ਹੋ ਰਿਹਾ ਹੈ, ਉਹ ਕੱਲ੍ਹ ਕਿਸੇ ਹੋਰ ਦੇਸ਼ ਨਾਲ ਵੀ ਹੋ ਸਕਦਾ ਹੈ। ਇਹ ਸਿਰਫ ਇੱਕ ਚੇਤਾਵਨੀ ਨਹੀਂ, ਸਗੋਂ ਸਮਕਾਲੀ ਵਿਸ਼ਵ ਸਿਆਸਤ ਦੀ ਇੱਕ ਹਕੀਕਤ ਹੈ। ਆਰਥਿਕ ਪਾਬੰਦੀਆਂ ਵਿਦੇਸ਼ ਨੀਤੀ ਦਾ ਇੱਕ ਆਮ ਔਜ਼ਾਰ ਬਣ ਗਈਆਂ ਹਨ। ਈਰਾਨ, ਵੈਨੇਜ਼ੁਏਲਾ, ਰੂਸ, ਸੀਰੀਆ ਅਤੇ ਹੋਰ ਬਹੁਤ ਸਾਰੇ ਦੇਸ਼ਾਂ ਦੇ ਤਜਰਬੇ ਦਰਸਾਉਂਦੇ ਹਨ ਕਿ ਆਰਥਿਕ ਦਬਾਅ ਅੱਜ ਫੌਜੀ ਦਖਲਅੰਦਾਜ਼ੀ ਦਾ ਵਿਕਲਪ ਬਣਦਾ ਜਾ ਰਿਹਾ ਹੈ। ਦੁਨੀਆ ਦੇ ਸਾਹਮਣੇ ਬੁਨਿਆਦੀ ਸਵਾਲ ਇਹ ਨਹੀਂ ਕਿ ਕਿਊਬਾ ਸਰਕਾਰ ਸਹੀ ਹੈ ਜਾਂ ਅਮਰੀਕਾ ਦੀ ਨੀਤੀ। ਬੁਨਿਆਦੀ ਸਵਾਲ ਇਹ ਹੈ ਕਿ ਕੀ ਕਿਸੇ ਸਿਆਸੀ ਮੱਤਭੇਦ ਦਾ ਹੱਲ ਪੂਰੇ ਸਮਾਜ ਨੂੰ ਆਰਥਿਕ ਤੌਰ 'ਤੇ ਸਜ਼ਾ ਦੇ ਕੇ ਲੱਭਿਆ ਜਾ ਸਕਦਾ ਹੈ?*

*ਕਿਊਬਾ ਦੀ ਕਹਾਣੀ ਇਸ ਲਈ ਮਹੱਤਵਪੂਰਨ ਹੈ ਕਿ ਉਹ ਸਾਨੂੰ ਯਾਦ ਦਿਵਾਉਂਦੀ ਹੈ ਕਿ ਜੰਗਾਂ ਸਿਰਫ ਗੋਲੀਆਂ ਅਤੇ ਬੰਬਾਂ ਨਾਲ ਨਹੀਂ ਲੜੀਆਂ ਜਾਂਦੀਆਂ। ਆਰਥਿਕ ਨਾਕਾਬੰਦੀਆਂ, ਵਿੱਤੀ ਅਲੱਗ-ਥਲੱਗਤਾ ਅਤੇ ਵਪਾਰਕ ਪਾਬੰਦੀਆਂ ਵੀ ਸਮਾਜਾਂ ਨੂੰ ਅੰਦਰੋਂ ਤੋੜ ਸਕਦੀਆਂ ਹਨ। ਆਧੁਨਿਕ ਸਾਮਰਾਜਵਾਦ ਦੀ ਸਭ ਤੋਂ ਵੱਡੀ ਤਾਕਤ ਇਹ ਹੈ ਕਿ ਉਹ ਆਪਣੇ ਹਿੰਸਕ ਪ੍ਰਭਾਵ ਨੂੰ ਅਕਸਰ 'ਪਾਬੰਦੀਆਂ', 'ਦਬਾਅ' ਅਤੇ 'ਨੀਤੀ' ਵਰਗੇ ਪ੍ਰਸ਼ਾਸਕੀ ਸ਼ਬਦਾਂ ਪਿੱਛੇ ਲੁਕਾ ਲੈਂਦਾ ਹੈ। ਕਿਊਬਾ ਦੀ ਨਾਕਾਬੰਦੀ ਸਿਰਫ ਇੱਕ ਦੇਸ਼ ਦੀ ਤ੍ਰਾਸਦੀ ਨਹੀਂ। ਅਸਲ ਸਵਾਲ ਇਹ ਹੈ ਕਿ ਕੀ ਇੱਕੀਵੀਂ ਸਦੀ ਦਾ ਵਿਸ਼ਵ ਪ੍ਰਬੰਧ ਸੱਚਮੁੱਚ ਨਿਆਂ, ਸਮਾਨਤਾ ਅਤੇ ਪ੍ਰਭੂਸੱਤਾ ਦੇ ਸਿਧਾਂਤਾਂ 'ਤੇ ਅਧਾਰਤ ਹੈ, ਜਾਂ ਫਿਰ ਅੱਜ ਵੀ ਸ਼ਕਤੀ ਹੀ ਕੌਮਾਂਤਰੀ ਸਿਆਸਤ ਦਾ ਅੰਤਮ ਸੱਚ ਬਣੀ ਹੋਈ ਹੈ।*

# ਕੈਸ਼ਲੈੱਸ ਭੁਗਤਾਨ ਤੇ ਇਸ ਦੇ ਫਾਇਦੇ



ਪ੍ਰਮੋਦ ਧੀਰ

ਅਸੀਂ ਰੋਜ਼ਾਨਾ ਸੁਣਦੇ ਹਾਂ ਕਿ ਬਿਨਾਂ ਨਕਦ ਭੁਗਤਾਨ ਅਸੀਂ ਹਰ ਤਰ੍ਹਾਂ ਦੇ ਬਿੱਲਾਂ ਦੀ ਅਦਾਇਗੀ, ਸਾਜ਼ੋ ਸਮਾਨ ਦੀ ਖਰੀਦ-ਵੇਚ ਅਸਾਨੀ ਨਾਲ ਕਰ ਸਕਦੇ ਹਾਂ, ਪਰ ਫਿਰ ਵੀ ਕਈ ਪੁਰਾਣੇ ਖਿਆਲਾਂ ਵਾਲੇ ਇਨਸਾਨ ਇਸ ਸੱਚ ਨੂੰ ਮੰਨਣ ਲਈ ਤਿਆਰ ਨਹੀਂ ਹਨ। ਉਹ ਕੈਸ਼ਲੈੱਸ ਭੁਗਤਾਨ ਤੇ ਵਿਸ਼ਵਾਸ ਨਹੀਂ ਕਰਦੇ। ਇਸਦਾ ਇੱਕੋ ਇੱਕ ਕਾਰਨ ਹੀ ਹੋ ਸਕਦਾ ਹੈ ਕੈਸ਼ਲੈੱਸ਼ ਭੁਗਤਾਨ ਬਾਰੇ ਜਾਣਕਾਰੀ ਦੀ ਘਾਟ। ਸੰਸਾਰ ਭਰ ਵਿੱਚ ਅੱਜਕੱਲ ਕੈਸ਼ਲੈੱਸ (ਡਿਜੀਟਲ ਪੇਮੈਂਟਸ) ਦਾ ਬੋਲਬਾਲਾ ਹੈ । ਬਾਹਰਲੇ ਮੁਲਕਾਂ ਵਿੱਚ ਤਾਂ ਬਹੁਤ ਸਮਾਂ ਪਹਿਲਾਂ ਤੋਂ ਹੀ ਕੈਸ਼ਲੈਸ ਪ੍ਰਣਾਲੀ ਚੱਲ ਰਹੀ ਹੈ । ਸਵੀਡਨ ਸੰਸਾਰ ਦਾ ਪਹਿਲਾ ਦੇਸ਼ ਹੈ, ਜਿਸ ਨੇ ਸਭ ਤੋਂ ਪਹਿਲਾਂ ਕੈਸ਼ਲੈੱਸ਼ ਪ੍ਰਣਾਲੀ ਨੂੰ ਅਪਣਾਇਆ, ਉਥੇ 80% ਲੋਕ ਲੈਣ ਦੇਣ ਕੈਸ਼ਲੈੱਸ ਹੀ ਕਰਦੇ ਹਨ, ਉਥੋਂ ਦੀਆਂ ਚਰਚ ਵਿੱਚ ਵੀ ਕੈਸ਼ਲੈੱਸ਼ ਚੜ੍ਹਾਵਾ ਚੜ੍ਹਦਾ ਹੈ ਤੇ ਸਵੀਡਨ ਹੀ ਯੂਰਪ ਦਾ ਪਹਿਲਾ ਮੁਲਕ ਹੈ, ਜਿਸ ਨੇ 1661 ਵਿੱਚ ਸਭ ਤੋਂ ਪਹਿਲਾਂ ਬੈਂਕ ਨੋਟ ਬਣਾ ਕੇ ਚਾਲੂ ਕੀਤੇ ਸਨ। ਭਾਰਤ ਸਰਕਾਰ ਨੇ 1 ਜੁਲਾਈ 2015 'ਚ 'ਡਿਜੀਟਲ ਇੰਡੀਆ' ਪ੍ਰੋਗਰਾਮ ਸ਼ੁਰੂ ਕੀਤਾ ਹੈ, ਜਿਸ ਦਾ ਮੁੱਖ ਉਦੇਸ਼ ਹੈ ਭਾਰਤੀਆਂ ਨੂੰ ਪੇਪਰਲੈੱਸ (ਕਾਗਜ਼ ਤੋਂ ਬਿਨਾਂ), ਕੈਸ਼ਲੈੱਸ (ਨਕਦੀ ਤੋਂ ਬਿਨਾਂ), ਫੇਸਲੈਸ (ਆਹਮਣੇ-ਸਾਹਮਣੇ ਆਉਣ ਤੋਂ ਬਿਨਾਂ) ਸਹੂਲਤਾਂ ਮੁਹੱਈਆ ਕਰਵਾਉਣਾ।

ਆਓ, ਜਾਣਦੇ ਹਾਂ ਕਿ ਕੀ ਹੈ ਕੈਸ਼ਲੈੱਸ਼ ਭੁਗਤਾਨ, ਇਸ ਦੇ ਕੀ ਫਾਈਦੇ ਹਨ ਅਤੇ ਕਿਸ ਤਰੀਕੇ ਨਾਲ ਇਹ ਆਮ ਆਦਮੀ ਲਈ ਲਾਭਦਾਇਕ ਹੈ? ਕੈਸ਼ਲੈੱਸ, ਜਿਵੇਂ ਕਿ ਨਾਂਅ ਤੋਂ ਹੀ ਸਪੱਸ਼ਟ ਹੈ ਕਿ ਬਿਨਾਂ ਨਕਦੀ ਤੋਂ ਭੁਗਤਾਨ ਕਰਨਾ। ਇਸ ਤਰੀਕੇ ਨਾਲ ਭੁਗਤਾਨ ਕਰਨ ਲਈ ਸਾਨੂੰ ਕਿਸੇ ਨੂੰ ਪੈਸੇ ਦੇਣ ਦੀ ਲੋੜ ਨਹੀਂ ਪੈਂਦੀ, ਅਸੀਂ ਸਿੱਧਾ ਆਪਣੇ ਬੈਂਕ ਦੇ ਖਾਤੇ ਤੋਂ ਦੂਜੇ ਕਿਸੇ ਬੈਂਕ ਦੇ ਖਾਤੇ ਵਿੱਚ ਪੈਸੇ ਭੇਜ ਸਕਦੇ ਹਾਂ। ਵੈਸੇ ਤਾਂ ਇਸ ਤਰੀਕੇ ਨਾਲ ਅਸੀਂ ਕਈ ਸਾਲਾਂ ਤੋਂ ਇਕ-ਦੂਜੇ ਦੇ ਖਾਤਿਆਂ ਵਿੱਚ ਪੈਸੇ ਭੇਜਦੇ ਆ ਰਹੇ ਹਾਂ, ਪਰ ਜਿਵੇਂ ਵਿਗਿਆਨਕ ਤਰੱਕੀ ਨਾਲ ਇੰਟਰਨੈਟ, ਮੋਬਾਇਲ, ਏ.ਆਈ ਆਦਿ ਤਰੱਕੀ ਕਰ ਰਿਹਾ ਹੈ, ਓਵੇਂ ਓਵੇਂ ਨਵੀਆਂ-ਨਵੀਆਂ ਤਕਨੀਕਾਂ ਨਾਲ ਹਰ ਕਿਸੇ ਕੰਮ ਨੂੰ ਕੀਤਾ ਜਾਣ ਲੱਗ ਪਿਆ ਹੈ। ਕਿਸੇ ਵੀ ਤਰਾਂ ਦੇ ਭੁਗਤਾਨ ਲਈ ਆਮ ਪ੍ਰਚਲਤ ਤਰੀਕੇ ਹਨ ਬੈਂਕ ਖਾਤੇ ਵਿਚ ਪੈਸੇ ਜਮ੍ਹਾਂ ਕਰਨੇ, ਚੈੱਕ ਜਾਂ ਡਰਾਫਟ ਰਾਹੀਂ ਭੁਗਤਾਨ ਕਰਨਾ, ਪਰ ਇੰਟਰਨੈੱਟ ਦੇ ਆਉਣ ਨਾਲ ਹੋਰ ਵੀ ਕਈ ਤਰੀਕੇ ਹੋਂਦ ਵਿਚ ਆ ਗਏ ਹਨ, ਜਿਵੇਂ ਡੈਬਿਟ/ਕ੍ਰੈਡਿਟ ਕਾਰਡ, ਪੇਟੀਐਮ, ਏਅਰਟੈੱਲ ਮਨੀ, ਗੂਗਲ ਪੇ, ਫੋਨ ਪੇ ਤੋਂ ਆਨਲਾਈਨ ਭੁਗਤਾਨ, ਬੈਂਕ ਦੁਆਰਾ ਦਿੱਤੀ ਜਾਂਦੀ ਨੈੱਟ ਬੈਂਕਿੰਗ ਦੀ ਵਰਤੋਂ ਕਰਕੇ ਅਸੀਂ ਆਸਾਨੀ ਨਾਲ ਘਰ ਬੈਠੇ ਕੋਈ ਵੀ ਭੁਗਤਾਨ ਕਰ ਸਕਦੇ ਹਾਂ। ਆਨਲਾਈਨ ਸ਼ਾਪਿੰਗ ਕਰ ਸਕਦੇ ਹਾਂ, ਆਪਣੇ ਖਾਤੇ ਦੀ ਪੂਰੀ ਜਾਣਕਾਰੀ ਹਾਸਲ ਕਰ ਸਕਦੇ ਹਾਂ। ਨੈੱਟਬੈਂਕਿੰਗ ਬੈਂਕਾਂ ਦੁਆਰਾ ਦਿੱਤੀ ਗਈ ਇੱਕ ਬਹੁਤ ਹੀ ਲਾਭਦਾਇਕ ਸਹੂਲਤ ਹੈ, ਇਸ ਦੇ ਰਾਹੀਂ ਅਸੀਂ ਆਪਣੇ ਖਾਤੇ ਵਿੱਚੋਂ ਪੈਸੇ ਕਿਸੇ ਦੇ ਵੀ ਖਾਤੇ ਵਿੱਚ ਬੜੀ ਆਸਾਨੀ ਨਾਲ,ਬਿਨਾਂ ਕੋਈ ਬਾਊਚਰ, ਚੈੱਕ ਆਦਿ ਭਰੇ ਟ੍ਰਾਂਸਫਰ ਕਰ ਸਕਦੇ ਹਾਂ। ਨੈੱਟਬੈਂਕਿੰਗ ਦੀ ਸਹੂਲਤ ਕਿਸੇ ਵੀ ਬੈਂਕ ਵਿੱਚ ਅਰਜ਼ੀ ਦੇ ਕੇ ਮੁਫਤ ਪ੍ਰਾਪਤ ਕੀਤੀ ਜਾ ਸਕਦੀ ਹੈ, ਇਸ ਦੇ ਲਈ ਸਾਨੂੰ ਬੈਂਕ ਇੱਕ ਯੂਜਰ ਨੇਮ ਅਤੇ ਪਾਸਵਰਡ ਮੁਹੱਈਆ ਕਰਵਾਉਂਦਾ ਹੈ, ਜਿਸ ਰਾਹੀਂ ਅਸੀਂ ਇਸ ਦਾ ਲਾਭ ਉਠਾ ਸਕਦੇ ਹਾਂ।

ਨੋਟਬੰਦੀ ਤੋਂ ਬਾਅਦ ਹੁਣ ਸਮੇਂ ਦੀ ਮੰਗ ਅਨੁਸਾਰ ਹਰ ਤਰਾਂ ਦੇ ਭੁਗਤਾਨ ਲਈ ਕੈਸ਼ਲੈੱਸ ਤੇ ਆਨਲਾਈਨ ਭੁਗਤਾਨ ਸੇਵਾਵਾਂ ਦੀ ਵਰਤੋਂ ਲਈ ਪ੍ਰੇਰਿਆ ਜਾ ਰਿਹਾ ਹੈ, ਤਾਂ ਜੋ ਬਿਨਾਂ ਨਕਦੀ ਤੋਂ ਹਰ ਕੋਈ ਆਪਣੀਆਂ ਲੋੜਾਂ ਦੀ ਪੂਰਤੀ ਕਰ ਸਕੇ। ਅੱਜ ਹਰੇਕ ਰੇਹੜੀ ਵਾਲਾ, ਰਿਕਸ਼ੇ ਵਾਲਾ ਤੋਂ ਲੈ ਕੇ ਕੇ ਹਰ ਤਰ੍ਹਾਂ ਦੇ ਸਾਰੇ ਵਪਾਰੀ, ਦੁਕਾਨਦਾਰ ਅਤੇ ਆਮ ਲੋਕ ਆਪਣੇ ਸੈਕਟਰ ਦੀ ਵਰਤੋਂ ਕਰਕੇ, ਗੂਗਲ ਪੇ, ਫੋਨ ਪੇ ਦੀ ਮਦਦ ਨਾਲ ਪੈਸੇ ਦਾ ਲੈਣ-ਦੇਣ ਕਰਦੇ ਹਨ। ਕਈ ਵਪਾਰੀਆਂ ਨੇ ਆਪਣੇ ਵਪਾਰਕ ਅਦਾਰਿਆਂ 'ਤੇ ਸਵੈਪ ਮਸ਼ੀਨਾਂ ਲਗਾਈਆਂ ਹੋਈਆਂ ਹਨ ਜਿਸ ਦੁਆਰਾ ਗਾਹਕ ਆਪਣੇ ਡੈਬਿਟ/ਕ੍ਰੈਡਿਟ /ਏ.ਟੀ.ਐੱਮ ਕਾਰਡ ਤੋਂ ਭੁਗਤਾਨ ਕਰ ਸਕਦੇ ਹਨ। ਇਹ ਇੱਕ ਬਹੁਤ ਆਸਾਨ ਤੇ ਸੁਰੱਖਿਅਤ ਤਰੀਕਾ ਹੈ, ਕੋਈ ਵੀ ਭੁਗਤਾਨ ਕਰਨ ਲਈ ਗਾਹਕ ਆਪਣਾ ਕਾਰਡ ਮਸ਼ੀਨ ਵਿੱਚ ਸਵਾਈਪ ਕਰਦੇ ਹਨ ਤੇ ਆਪਣਾ ਪਿੰਨ ਕੋਡ ਭਰ ਕੇ ਆਪਣੇ ਬੈਂਕ ਖਾਤੇ ਵਿਚੋਂ ਸਿੱਧਾ ਲੈਣਦਾਰ ਦੇ ਖਾਤੇ ਵਿਚ ਪੈਸੇ ਭੇਜ ਸਕਦੇ ਹਨ। ਇਹ ਤਰੀਕਾ ਬਹੁਤ ਸੁਰੱਖਿਅਤ ਹੈ, ਪਰ ਇਸ ਗੱਲ ਦਾ ਹਮੇਸ਼ਾ ਧਿਆਨ ਰੱਖੋ ਕਿ ਆਪਣੇ ਕਾਰਡ ਦੀ ਕੋਈ ਵੀ ਜਾਣਕਾਰੀ ਕਿਸੇ ਨਾਲ ਸਾਂਝੀ ਨਾ ਕਰੋ, ਸਮੇਂ-ਸਮੇਂ 'ਤੇ ਆਪਣੇ ATM, ਨੈੱਟਬੈਂਕਿੰਗ ਆਦਿ ਦਾ ਪਾਸਵਰਡ ਬਦਲਦੇ ਰਹੋ ਕਿਸੇ ਨਾਲ ਵੀ ਸ਼ੇਅਰ ਨਾ ਕਰੋ, ਆਪਣੇ ਫੋਨ 'ਤੇ ਆਇਆ OTP ਨੰਬਰ ਕਿਸੇ ਨੂੰ ਨਾ ਦੱਸੋ, ਤਾਂ ਕਿ ਕਿਸੇ ਵੀ ਤਰਾਂ ਦੇ ਧੋਖੇ ਤੋਂ ਬਚਿਆ ਜਾ ਸਕੇ। ਇਸ ਤੋਂ ਇਲਾਵਾ ਬੈਂਕ ਵਿਚ ਆਪਣਾ ਮੋਬਾਇਲ ਨੰਬਰ ਆਪਣੇ ਬੈਂਕ ਖਾਤੇ ਨਾਲ ਜ਼ਰੂਰ ਜੋੜ ਲਵੋ, ਤਾਂ ਜੋ ਕਿਸੇ ਵੀ ਤਰਾਂ ਦੇ ਲੈਣਦੇਣ ਆਦਿ ਦੀ ਜਾਣਕਾਰੀ ਤੁਸੀਂ ਆਪਣੇ ਮੋਬਾਇਲ 'ਤੇ ਐੱਸ.ਐੱਮ.ਐੱਸ ਰਾਹੀਂ ਪ੍ਰਾਪਤ ਕਰ ਸਕੋ। ਆਪਣੇ ਬੈਂਕ ਖਾਤੇ ਦੀ ਸੁਰੱਖਿਆ ਵਧਾਉਣ ਲਈ ਬੈਂਕ ਵੱਲੋਂ ਦਿੱਤੀ ਜਾਂਦੀ OTP(One Time Password) ਦੀ ਸਹੂਲਤ ਜ਼ਰੂਰ ਪ੍ਰਯੋਗ ਕਰੋ, ਇਸ ਪ੍ਰਕਾਰ ਜਦ ਵੀ ਕੋਈ ਭੁਗਤਾਨ ਕਰਨ ਲਈ ਆਪਣੇ ਕਾਰਡ ਦੀ ਵਰਤੋਂ ਕੀਤੀ ਜਾਵੇਗੀ ਤਾਂ ਬੈਂਕ ਵੱਲੋਂ ਇੱਕ ਪਾਸਵਰਡ ਤੁਹਾਡੇ ਬੈਂਕ ਖਾਤੇ ਨਾਲ ਜੁੜੇ ਹੋਏ ਮੋਬਾਇਲ 'ਤੇ ਮੈਸੇਜ ਦੇ ਰੂਪ ਵਿੱਚ ਆਵੇਗਾ, ਜਿਸ ਦੀ ਵਰਤੋਂ ਕਰਕੇ ਹੀ ਭੁਗਤਾਨ ਪੂਰਾ ਹੋ ਸਕਦਾ ਹੈ। ਬੈਂਕਿੰਗ ਵੀ ਹੁਣ ਬਹੁਤ ਹੱਦ ਤੱਕ ਮੋਬਾਇਲ ਫੋਨ ਤੋਂ ਹੀ ਹੋਣ ਲੱਗ ਪਈ ਹੈ। ਐਂਡਰਾਇਡ ਅਤੇ ਸਮਾਰਟ ਫੋਨਾਂ ਦੇ ਆਉਣ ਨਾਲ ਬਹੁਤ ਕੁਝ ਹੁਣ ਮੋਬਾਇਲ ਤੋਂ ਹੀ ਸੰਭਵ ਹੋ ਸਕਦਾ ਹੈ। ਬਹੁਤ ਸਾਰੀਆਂ ਸਰਕਾਰੀ ਅਤੇ ਨਿੱਜੀ ਕੰਪਨੀਆਂ 'ਤੇ ਬੈਂਕਾਂ ਨੇ ਇਸ ਕੰਮ ਲਈ ਐਪਸ ਬਣਾਈਆਂ ਹਨ, ਜੋ ਮੋਬਾਇਲ ਤੋਂ ਹੀ ਪੈਸਿਆਂ ਦਾ ਲੈਣ-ਦੇਣ ਕਰਨ ਵਿਚ ਬਹੁਤ ਮਦਦਗਾਰ ਸਾਬਿਤ ਹੋ ਰਹੀਆਂ ਹਨ। ਅੱਜਕੱਲ੍ਹ ਸਭ ਤੋਂ ਮਸ਼ਹੂਰ ਐਪ, ਜੋ ਸਭ ਤੋਂ ਜ਼ਿਆਦਾ ਵਰਤੋਂ ਵਿੱਚ ਆ ਰਹੀ ਹੈ, ਉਹ ਹੈ ਗੂਗਲ ਪੇ ਤੇ Paytm। ਇਸ ਐਪ ਅਤੇ ਇਸ ਦੇ ਸਕੈਨਰਾਂ ਨੂੰ ਵਰਤ ਕੇ ਬਹੁਤ ਆਸਾਨੀ ਨਾਲ ਇਕ ਖਾਤੇ ਵਿੱਚੋਂ ਕਿਸੇ ਹੋਰ ਖਾਤੇ ਵਿੱਚ ਪੈਸੇ ਭੇਜੇ ਜਾ ਸਕਦੇ ਹਨ, ਇਸ ਐਪ ਨੂੰ ਐਕਟਿਵ ਕਰਨ ਲਈ ਆਪਣੇ ਬੈਂਕ ਨਾਲ ਸੰਪਰਕ ਕਰਨਾ ਪੈਂਦਾ ਹੈ ਜਾਂ ਮੋਬਾਇਲ ਦੀ ਵਰਤੋਂ ਕਰਕੇ ਓ ਟੀ ਪੀ ਆਦਿ ਦੀ ਮਦਦ ਨਾਲ ਬੈਂਕ ਖਾਤੇ ਨੂੰ ਸਿੱਧੇ ਵੀ ਜੋੜ ਸਕਦੇ ਹਾਂ। ਇਸ ਤੋਂ ਇਲਾਵਾ ਏਅਰਟੈਲ ਤੇ ਜੀਓ ਆਦਿ ਕੰਪਨੀਆਂ ਵੀ ਆਨਲਾਈਨ ਲੈਣ-ਦੇਣ ਦੀ ਸਹੂਲਤ ਮੁਹੱਈਆਂ ਕਰਵਾਉਂਦੀਆਂ ਹਨ, ਜਿਸ ਦੀ ਐਪ ਰਾਹੀਂ ਅਸੀਂ ਆਪਣੀ ਆਈ.ਡੀ ਬਣਾ ਕੇ ਤੇ ਇਸ ਵਿੱਚ ਬੈਂਕ ਵਾਂਗ ਪੈਸੇ ਜਮਾਂ ਕਰਵਾ ਕੇ ਫੋਨਾਂ ਦੇ ਬਿਲ ਆਦਿ ਭਰ ਸਕਦੇ ਹਾਂ, ਵਹੀਕਲਾਂ ਤੇ ਫਾਸਟ ਟੈਗ ਲਗਾ ਸਕਦੇ ਹਾਂ ਅਤੇ ਆਨ ਲਾਈਨ ਸ਼ਾਪਿੰਗ ਕਰ ਸਕਦੇ ਹਾਂ।

ਉਪਰ ਦੱਸੀਆਂ ਕੈਸ਼ਲੈੱਸ ਭੁਗਤਾਨ ਵਾਲੀਆਂ ਸਹੂਲਤਾਂ ਦੇ ਜ਼ਰੀਏ ਅਸੀਂ ਕੋਈ ਵੀ ਬਿੱਲ ਜਿਵੇਂ ਬਿਜਲੀ,ਪਾਣੀ ਆਦਿ, ਟਿਕਟਾਂ ਦੀ ਬੁਕਿੰਗ ਜਿਵੇਂ ਰੇਲਵੇ, ਹਵਾਈ ਜਹਾਜ਼,ਬੱਸ ਆਦਿ, ਆਨ ਲਾਈਨ ਖਰੀਦਦਾਰੀ, ਸ਼ਾਪਿੰਗ, ਫੀਸਾਂ ਦੇ ਭੁਗਤਾਨ ਆਦਿ ਸਭ ਕੁਝ ਘਰ ਬੈਠੇ ਜਾਂ ਕਿਤੇ ਵੀ ਬਹੁਤ ਆਸਾਨ ਤਰੀਕੇ ਨਾਲ ਕਰ ਸਕਦੇ ਹਾਂ।

**# ਸੰਪਰਕ : 98550-31081**

# ਜੇਕਰ ਰੁੱਖ ਆਕਸੀਜਨ ਦੀ ਥਾਂ ਵਾਈ-ਫਾਈ ਇੰਟਰਨੈੱਟ ਦਿੰਦੇ ਹੁੰਦੇ



ਚਾਨਣਦੀਪ ਸਿੰਘ ਔਲਖ

ਅੱਜ ਦੇ ਵਿਗਿਆਨਕ ਅਤੇ ਡਿਜੀਟਲ ਯੁੱਗ ਵਿੱਚ ਮਨੁੱਖ ਦੀਆਂ ਲੋੜਾਂ ਬਹੁਤ ਤੇਜ਼ੀ ਨਾਲ ਬਦਲ ਰਹੀਆਂ ਹਨ। ਇੱਕ ਸਮਾਂ ਸੀ, ਜਦੋਂ ਮਨੁੱਖ ਦੀਆਂ ਮੁਢਲੀਆਂ ਲੋੜਾਂ ਰੋਟੀ, ਕੱਪੜਾ ਅਤੇ ਮਕਾਨ ਤੱਕ ਸੀਮਤ ਸਨ, ਪਰ ਅੱਜ ਦੇ ਦੌਰ ਵਿੱਚ ਇਸ ਸੂਚੀ ਵਿੱਚ ਇੰਟਰਨੈੱਟ ਸਭ ਤੋਂ ਉੱਪਰ ਆ ਚੁੱਕਾ ਹੈ । ਸੋਸ਼ਲ ਮੀਡੀਆ 'ਤੇ ਅਕਸਰ ਇੱਕ ਵਿਅੰਗਮਈ ਕਹਾਵਤ ਪੜ੍ਹਨ ਨੂੰ ਮਿਲਦੀ ਹੈ ਕਿ ਜੇਕਰ ਦਰੱਖਤ ਆਕਸੀਜਨ ਦੀ ਥਾਂ ਵਾਈ-ਫਾਈ ਇੰਟਰਨੈੱਟ ਛੱਡਦੇ ਹੁੰਦੇ, ਤਾਂ ਸ਼ਾਇਦ ਆਪਾਂ ਹਰ ਘਰ ਅਤੇ ਹਰ ਕਮਰੇ ਵਿੱਚ ਦਰੱਖ਼ਤ ਲਗਾ ਲੈਂਦੇ। ਇਹ ਗੱਲ ਸੁਣਨ ਵਿੱਚ ਭਾਵੇਂ ਹਾਸੋਹੀਣੀ ਲੱਗਦੀ ਹੈ, ਪਰ ਇਸ ਦੇ ਪਿੱਛੇ ਛੁਪਿਆ ਵਿਅੰਗ ਅੱਜ ਦੇ ਸਮਾਜ ਦੀ ਇੱਕ ਬਹੁਤ ਹੀ ਕੌੜੀ ਅਤੇ ਚਿੰਤਾਜਨਕ ਸੱਚਾਈ ਨੂੰ ਬਿਆਨ ਕਰਦਾ ਹੈ।

ਜੇਕਰ ਅਸੀਂ ਅੱਜ ਦੇ ਰੁਝੇਵਿਆਂ ਭਰੇ ਜੀਵਨ ਵੱਲ ਝਾਤ ਮਾਰੀਏ ਤਾਂ ਪਤਾ ਲੱਗਦਾ ਹੈ ਕਿ ਇੰਟਰਨੈੱਟ ਸਾਡੀ ਜ਼ਿੰਦਗੀ ਦਾ ਇੱਕ ਅਟੁੱਟ ਅੰਗ ਬਣ ਚੁੱਕਾ ਹੈ। ਸਵੇਰੇ ਉੱਠਣ ਤੋਂ ਲੈ ਕੇ ਰਾਤ ਨੂੰ ਸੌਣ ਤੱਕ, ਮਨੁੱਖ ਦਾ ਜ਼ਿਆਦਾਤਰ ਸਮਾਂ ਮੋਬਾਇਲ ਜਾਂ ਕੰਪਿਊਟਰ ਦੀ ਸਕ੍ਰੀਨ 'ਤੇ ਹੀ ਲੰਘਦਾ ਹੈ । ਜੇਕਰ ਕਿਸੇ ਕਾਰਨ ਕਰਕੇ ਘਰ ਦਾ ਇੰਟਰਨੈੱਟ ਕੁਝ ਮਿੰਟਾਂ ਲਈ ਵੀ ਬੰਦ ਹੋ ਜਾਵੇ ਤਾਂ ਇਸ ਤਰ੍ਹਾਂ ਲਗਦਾ ਹੈ, ਜਿਵੇਂ ਪੂਰੀ ਦੁਨੀਆ ਦੀ ਰਫ਼ਤਾਰ ਹੀ ਰੁਕ ਗਈ ਹੋਵੇ। ਲੋਕ ਮੁਫ਼ਤ ਇੰਟਰਨੈੱਟ ਸਿਗਨਲ ਦੀ ਭਾਲ ਵਿੱਚ ਕਿਤੇ ਵੀ ਜਾਣ ਨੂੰ ਤਿਆਰ ਹੋ ਜਾਂਦੇ ਹਨ ਜਾਂ ਹੋਰਨਾਂ ਜਨਤਕ ਥਾਵਾਂ ਵੱਲ ਦੌੜਦੇ ਹਨ । ਦੂਜੇ ਪਾਸੇ, ਕੁਦਰਤ ਸਾਨੂੰ ਬਿਨਾਂ ਕਿਸੇ ਭੇਦਭਾਵ ਅਤੇ ਬਿਨਾਂ ਕਿਸੇ ਕੀਮਤ ਦੇ ਸਾਫ਼ ਹਵਾ ਅਤੇ ਆਕਸੀਜਨ ਪ੍ਰਦਾਨ ਕਰ ਰਹੀ ਹੈ, ਜਿਸ ਤੋਂ ਬਿਨਾਂ ਮਨੁੱਖ ਕੁਝ ਮਿੰਟ ਵੀ ਜਿਉਂਦਾ ਨਹੀਂ ਰਹਿ ਸਕਦਾ, ਪਰ ਅਫ਼ਸੋਸ ਦੀ ਗੱਲ ਇਹ ਹੈ ਕਿ ਅਸੀਂ ਇਸ ਮੁਫ਼ਤ ਦੀ ਆਕਸੀਜਨ ਦੀ ਕਦਰ ਕਰਨ ਦੀ ਬਜਾਏ ਲਗਾਤਾਰ ਜੰਗਲਾਂ ਨੂੰ ਕੱਟ ਰਹੇ ਹਾਂ ਅਤੇ ਹਰਿਆਵਲ ਨੂੰ ਖ਼ਤਮ ਕਰਦੇ ਜਾ ਰਹੇ ਹਾਂ।

ਕਲਪਨਾ ਕਰੋ ਕਿ ਜੇਕਰ ਕੁਦਰਤ ਦਾ ਨਿਯਮ ਸੱਚਮੁੱਚ ਬਦਲ ਜਾਂਦਾ ਅਤੇ ਰੁੱਖਾਂ ਵਿੱਚੋਂ ਆਕਸੀਜਨ ਦੀ ਬਜਾਏ ਹਾਈ-ਸਪੀਡ ਇੰਟਰਨੈੱਟ ਦੇ ਸਿਗਨਲ ਨਿਕਲਣ ਲੱਗ ਪੈਂਦੇ ਤਾਂ ਅੱਜ ਸਾਡੀ ਧਰਤੀ ਦਾ ਨਜ਼ਾਰਾ ਬਿਲਕੁਲ ਵੱਖਰਾ ਹੁੰਦਾ । ਫਿਰ ਸਰਕਾਰਾਂ ਜਾਂ ਸਮਾਜ ਸੇਵੀ ਸੰਸਥਾਵਾਂ ਨੂੰ ਲੋਕਾਂ ਨੂੰ ਰੁੱਖ ਲਗਾਉਣ ਲਈ ਪ੍ਰੇਰਿਤ ਨਹੀਂ ਕਰਨਾ ਪੈਣਾ ਸੀ ਅਤੇ ਨਾ ਹੀ ਵਾਤਾਵਰਣ ਦਿਵਸ ਮਨਾਉਣ ਦੀ ਲੋੜ ਪੈਣੀ ਸੀ। ਲੋਕ ਵਧੀਆ ਨੈੱਟਵਰਕ ਅਤੇ ਤੇਜ਼ ਇੰਟਰਨੈੱਟ ਸਪੀਡ ਦੇ ਲਾਲਚ ਵਿੱਚ ਆਪਣੇ ਘਰਾਂ ਦੇ ਵਿਹੜਿਆਂ, ਛੱਤਾਂ, ਬਾਲਕੋਨੀਆਂ ਅਤੇ ਇੱਥੋਂ ਤੱਕ ਕਿ ਆਪਣੇ ਕਮਰਿਆਂ ਦੇ ਅੰਦਰ ਵੀ ਰੁੱਖਾਂ ਦੇ ਗਮਲੇ ਸਜਾ ਲੈਂਦੇ। ਬੱਚਿਆਂ ਤੋਂ ਲੈ ਕੇ ਬਜ਼ੁਰਗਾਂ ਤੱਕ ਪਰਵਾਰ ਦਾ ਹਰ ਮੈਂਬਰ ਰੁੱਖਾਂ ਦੀ ਦੇਖਭਾਲ ਕਰਦਾ ਅਤੇ ਉਹਨਾਂ ਨੂੰ ਰੋਜ਼ਾਨਾ ਸਮੇਂ ਸਿਰ ਪਾਣੀ ਦਿੰਦਾ ਤਾਂ ਜੋ ਇੰਟਰਨੈੱਟ ਦੇ ਸਿਗਨਲ ਕਦੇ ਕਮਜ਼ੋਰ ਨਾ ਹੋਣ । ਦਰੱਖ਼ਤਾਂ ਨੂੰ ਕੱਟਣਾ ਦੁਨੀਆ ਦਾ ਸਭ ਤੋਂ ਵੱਡਾ ਅਪਰਾਧ ਮੰਨਿਆ ਜਾਂਦਾ, ਕਿਉਂਕਿ ਇੱਕ ਰੁੱਖ ਕੱਟਣ ਦਾ ਮਤਲਬ ਹੁੰਦਾ ਪੂਰੇ ਇਲਾਕੇ ਦਾ ਸੰਪਰਕ ਸੰਸਾਰ ਨਾਲੋਂ ਟੁੱਟ ਜਾਣਾ।ਪਰ ਇਸ ਕਾਲਪਨਿਕ ਸੋਚ ਦੇ ਦੂਜੇ ਪਾਸੇ ਇੱਕ ਬਹੁਤ ਹੀ ਖ਼ਤਰਨਾਕ ਹਕੀਕਤ ਛੁਪੀ ਹੋਈ ਹੈ। ਸਾਨੂੰ ਇਹ ਗੱਲ ਗੰਭੀਰਤਾ ਨਾਲ ਸੋਚਣੀ ਪਵੇਗੀ ਕਿ ਮਨੁੱਖ ਨੂੰ ਜ਼ਿੰਦਾ ਰਹਿਣ ਲਈ ਕਿਸੇ ਡਿਜੀਟਲ ਸਕ੍ਰੀਨ ਦੀ ਨਹੀਂ, ਬਲਕਿ ਚਲਦੇ ਸਾਹਾਂ ਦੀ ਲੋੜ ਹੁੰਦੀ ਹੈ। ਅਸੀਂ ਇੰਟਰਨੈੱਟ ਜਾਂ ਤਕਨਾਲੋਜੀ ਤੋਂ ਬਿਨਾਂ ਆਪਣੀ ਜ਼ਿੰਦਗੀ ਬਤੀਤ ਕਰ ਸਕਦੇ ਹਾਂ, ਪਰ ਆਕਸੀਜਨ ਤੋਂ ਬਿਨਾਂ ਜੀਵਨ ਦੀ ਕਲਪਨਾ ਵੀ ਅਸੰਭਵ ਹੈ। ਕੁਝ ਸਮਾਂ ਪਹਿਲਾਂ ਜਦੋਂ ਦੇਸ਼ ਵਿੱਚ ਮਹਾਂਮਾਰੀ ਦੇ ਦੌਰ ਦੌਰਾਨ ਹਸਪਤਾਲਾਂ ਵਿੱਚ ਆਕਸੀਜਨ ਦੀ ਕਮੀ ਹੋ ਗਈ ਸੀ, ਉਦੋਂ ਲੋਕਾਂ ਨੂੰ ਸਾਹ ਲੈਣ ਲਈ ਇੱਕ-ਇੱਕ ਸਿਲੰਡਰ ਵਾਸਤੇ ਲੱਖਾਂ ਰੁਪਏ ਖਰਚਣੇ ਪਏ ਸਨ। ਉਸ ਸਮੇਂ ਸਾਨੂੰ ਕੁਦਰਤ ਦੇ ਇਸ ਅਨਮੋਲ ਤੋਹਫ਼ੇ ਦੀ ਅਸਲ ਕੀਮਤ ਦਾ ਅਹਿਸਾਸ ਹੋਇਆ ਸੀ, ਪਰ ਜਿਵੇਂ ਹੀ ਹਾਲਾਤ ਸੁਧਰੇ, ਅਸੀਂ ਫਿਰ ਤੋਂ ਉਸੇ ਲਾਪਰਵਾਹੀ ਦੇ ਰਾਹ ਪੈ ਗਏ। ਅੱਜ ਗਲੋਬਲ ਵਾਰਮਿੰਗ, ਪ੍ਰਦੂਸ਼ਣ ਅਤੇ ਮੌਸਮ ਵਿੱਚ ਆ ਰਹੇ ਅਚਾਨਕ ਬਦਲਾਅ ਵਰਗੀਆਂ ਸਮੱਸਿਆਵਾਂ ਸਾਡੇ ਸਾਹਮਣੇ ਚੁਣੌਤੀ ਬਣ ਕੇ ਖੜ੍ਹੀਆਂ ਹਨ, ਜੋ ਕਿ ਸਿਰਫ਼ ਰੁੱਖਾਂ ਦੀ ਘਾਟ ਕਾਰਨ ਪੈਦਾ ਹੋਈਆਂ ਹਨ।

ਸਾਨੂੰ ਇਹ ਸਮਝਣਾ ਪਵੇਗਾ ਕਿ ਜੇਕਰ ਧਰਤੀ 'ਤੇ ਦਰੱਖ਼ਤ ਹੀ ਨਾ ਰਹੇ, ਤਾਂ ਨਾ ਹੀ ਮਨੁੱਖੀ ਸਭਿਅਤਾ ਬਚੇਗੀ ਅਤੇ ਨਾ ਹੀ ਮਨੁੱਖ ਦੁਆਰਾ ਬਣਾਇਆ ਗਿਆ ਇੰਟਰਨੈੱਟ। ਸਾਨੂੰ ਆਪਣੀ ਸੋਚ ਨੂੰ ਬਦਲਣ ਦੀ ਲੋੜ ਹੈ। ਜੇਕਰ ਅਸੀਂ ਮਨੋਰੰਜਨ ਜਾਂ ਸੋਸ਼ਲ ਮੀਡੀਆ ਲਈ ਐਨਾ ਸਮਾਂ ਅਤੇ ਪੈਸਾ ਬਰਬਾਦ ਕਰ ਸਕਦੇ ਹਾਂ, ਤਾਂ ਸਾਨੂੰ ਆਪਣੇ ਅਤੇ ਆਪਣੇ ਬੱਚਿਆਂ ਦੇ ਸੁਰੱਖਿਅਤ, ਨਿਰੋਏ ਅਤੇ ਹਰੇ-ਭਰੇ ਭਵਿੱਖ ਲਈ ਵੀ ਹੰਭਲਾ ਮਾਰਨਾ ਚਾਹੀਦਾ ਹੈ।

ਆਓ, ਪ੍ਰਣ ਕਰੀਏ ਕਿ ਅਸੀਂ ਰੁੱਖਾਂ ਨੂੰ ਸਿਰਫ਼ ਲੱਕੜ ਜਾਂ ਪੈਸੇ ਦੇ ਤੌਰ 'ਤੇ ਨਾ ਦੇਖ ਕੇ ਉਹਨਾਂ ਨੂੰ ਜ਼ਿੰਦਗੀ ਦੇ ਸੱਚੇ ਰਖਵਾਲੇ ਮੰਨੀਏ ਅਤੇ ਹਰ ਸਾਲ ਘੱਟੋ-ਘੱਟ ਇੱਕ ਰੁੱਖ ਜ਼ਰੂਰ ਲਗਾਈਏ ਅਤੇ ਉਸ ਦੀ ਪਰਵਾਰ ਦੇ ਮੈਂਬਰ ਵਾਂਗ ਸੰਭਾਲ ਕਰੀਏ, ਤਾਂ ਜੋ ਸਾਡੀ ਧਰਤੀ ਹਮੇਸ਼ਾ ਸਾਹ ਲੈਂਦੀ ਰਹੇ।

**# ਸੰਪਰਕ 98768-88177**

# ਨੇਤਰਹੀਣਾਂ ਲਈ ਛੇਵੀਂ ਇੰਦਰੀ ਰਾਹੀਂ ਤਕਨੀਕੀ ਸਿੱਖਿਆ



ਡਾ. ਜਗਰੂਪ ਸਿੰਘ

ਕਿਸੇ ਵੀ ਸੱਭਿਆਚਾਰਕ ਸਮਾਜ ਦੀ ਪਹਿਚਾਣ ਇਸ ਗੱਲ ਨਾਲ ਹੁੰਦੀ ਹੈ ਕਿ ਉਹ ਆਪਣੇ ਸਭ ਤੋਂ ਕਮਜ਼ੋਰ ਮੰਨੇ ਜਾਂਦੇ ਵਰਗ ਨੂੰ ਕਿੰਨੇ ਸਨਮਾਨ, ਬਰਾਬਰੀ ਅਤੇ ਮੌਕੇ ਦਿੰਦਾ ਹੈ । ਦ੍ਰਿਸ਼ਟੀ ਬਾਧਿਤ ਜਾਂ ਨੇਤਰਹੀਣ ਵਿਅਕਤੀ ਸਮਾਜ ਦੀ ਹਮਦਰਦੀ ਨਹੀਂ, ਸਗੋਂ ਆਪਣੀ ਯੋਗਤਾ ਸਾਬਤ ਕਰਨ ਲਈ ਬਰਾਬਰ ਦੇ ਮੌਕੇ ਚਾਹੁੰਦੇ ਹਨ । ਉਨ੍ਹਾਂ ਨੂੰ ਤਰਸ ਦੇ ਪਾਤਰ ਨਹੀਂ, ਸਗੋਂ ਸਮਰੱਥ ਨਾਗਰਿਕ ਵਜੋਂ ਸਵੀਕਾਰ ਕਰਨ ਦੀ ਲੋੜ ਹੈ।

ਅੱਜ ਵਿਗਿਆਨ ਅਤੇ ਤਕਨਾਲੋਜੀ ਦਾ ਯੁੱਗ ਹੈ। ਆਰਟੀਫ਼ੀਸ਼ੀਅਲ ਇੰਟੈਲੀਜੈਂਸ, ਡਿਜੀਟਲ ਸੰਚਾਰ ਅਤੇ ਸਹਾਇਕ ਤਕਨਾਲੋਜੀਆਂ ਨੇ ਉਹ ਰੁਕਾਵਟਾਂ ਘਟਾ ਦਿੱਤੀਆਂ ਹਨ, ਜੋ ਕਦੇ ਦ੍ਰਿਸ਼ਟੀ ਬਾਧਿਤ ਵਿਅਕਤੀਆਂ ਦੀ ਸਿੱਖਿਆ ਅਤੇ ਰੁਜ਼ਗਾਰ ਦੇ ਰਸਤੇ ਵਿੱਚ ਸਨ। ਇਸ ਲਈ ਕੇਵਲ ਨਜ਼ਰ ਦੀ ਕਮੀ ਦੇ ਆਧਾਰ 'ਤੇ ਕਿਸੇ ਨੂੰ ਤਕਨੀਕੀ ਸਿੱਖਿਆ ਤੋਂ ਵਾਂਝਾ ਰੱਖਣਾ ਨਾ ਤਾਂ ਨਿਆਂਸੰਗਤ ਹੈ ਅਤੇ ਨਾ ਹੀ ਸੰਵਿਧਾਨਕ ਬਰਾਬਰੀ ਦੀ ਭਾਵਨਾ ਦੇ ਅਨੁਕੂਲ। ਸੱਚ ਤਾਂ ਇਹ ਹੈ ਕਿ ਉਹ ਮਨ ਦੀਆਂ ਅੱਖਾਂ ਨਾਲ ਦੁਨੀਆ ਨੂੰ ਸਮਝਦੇ ਹਨ ਅਤੇ ਅਕਸਰ ਸਮੱਸਿਆਵਾਂ ਦਾ ਹੱਲ ਬਹੁਤ ਡੂੰਘੀ ਸੋਚ ਨਾਲ ਲੱਭਦੇ ਹਨ।

ਦ੍ਰਿਸ਼ਟੀ ਬਾਧਿਤ ਵਿਅਕਤੀਆਂ ਵਿੱਚ ਪੂਰੀ ਤਰ੍ਹਾਂ ਨੇਤਰਹੀਣ, ਘੱਟ ਦ੍ਰਿਸ਼ਟੀ ਵਾਲੇ ਅਤੇ ਦੁਰਘਟਨਾ ਜਾਂ ਬਿਮਾਰੀ ਕਾਰਨ ਦ੍ਰਿਸ਼ਟੀ ਗੁਆ ਬੈਠੇ ਲੋਕ ਸ਼ਾਮਲ ਹਨ। ਉਨ੍ਹਾਂ ਦੀਆਂ ਲੋੜਾਂ ਭਾਵੇਂ ਵੱਖ-ਵੱਖ ਹੋ ਸਕਦੀਆਂ ਹਨ, ਪਰ ਉਨ੍ਹਾਂ ਦੀ ਸਮਰੱਥਾ ਕਿਸੇ ਵੀ ਆਮ ਵਿਅਕਤੀ ਤੋਂ ਘੱਟ ਨਹੀਂ ਹੁੰਦੀ। ਬਦਕਿਸਮਤੀ ਨਾਲ ਸਾਡੇ ਸਮਾਜ ਵਿੱਚ ਅਜੇ ਵੀ ਉਨ੍ਹਾਂ ਨਾਲ ਤਰਸ ਵਾਲਾ ਵਿਵਹਾਰ ਕੀਤਾ ਜਾਂਦਾ ਹੈ। ਬਚਪਨ ਤੋਂ ਹੀ ਉਨ੍ਹਾਂ ਨੂੰ ਵੱਖਰੇ ਸਕੂਲਾਂ, ਵੱਖਰੇ ਮਾਹੌਲ ਅਤੇ ਸੀਮਿਤ ਉਮੀਦਾਂ ਵਿੱਚ ਬੰਨ੍ਹ ਦਿੱਤਾ ਜਾਂਦਾ ਹੈ।

ਇਤਿਹਾਸ ਸਾਨੂੰ ਸਿਖਾਉਂਦਾ ਹੈ ਕਿ ਮਨੁੱਖ ਦੀ ਯੋਗਤਾ ਦਾ ਮਾਪ ਉਸ ਦੀ ਸਰੀਰਕ ਸਮਰੱਥਾ ਨਹੀਂ, ਸਗੋਂ ਉਸ ਦੀ ਇੱਛਾ-ਸ਼ਕਤੀ ਅਤੇ ਗਿਆਨ ਹੁੰਦਾ ਹੈ। ਗੁਰੂ ਵਿਰਜਾਨੰਦ, ਜੌਨ ਮਿਲਟਨ ਅਤੇ ਹੈਲਨ ਕੇਲਰ ਵਰਗੀਆਂ ਮਹਾਨ ਸ਼ਖ਼ਸੀਅਤਾਂ ਨੇ ਇਹ ਸਾਬਤ ਕੀਤਾ ਕਿ ਦ੍ਰਿਸ਼ਟੀ ਦੀ ਕਮੀ ਸਫ਼ਲਤਾ ਦੇ ਰਸਤੇ ਦੀ ਰੁਕਾਵਟ ਨਹੀਂ ਬਣਦੀ। ਉਨ੍ਹਾਂ ਦੀਆਂ ਪ੍ਰਾਪਤੀਆਂ ਅੱਜ ਵੀ ਸਮਾਜ ਲਈ ਪ੍ਰੇਰਣਾ ਹਨ।

ਦ੍ਰਿਸ਼ਟੀ ਬਾਧਿਤ ਵਿਅਕਤੀਆਂ ਦੀ ਸੁਣਨ, ਛੂਹਣ ਅਤੇ ਯਾਦ ਰੱਖਣ ਦੀ ਸਮਰੱਥਾ ਬਹੁਤ ਵਿਕਸਤ ਹੋ ਜਾਂਦੀ ਹੈ। ਉਹ ਕਿਸੇ ਵੀ ਕੰਮ ਵਿੱਚ ਡੂੰਘੀ ਇਕਾਗਰਤਾ ਨਾਲ ਜੁੜ ਸਕਦੇ ਹਨ। ਇਹੀ ਕਾਰਨ ਹੈ ਕਿ ਉਹ ਸੰਗੀਤ, ਸਾਹਿਤ, ਸਿੱਖਿਆ ਅਤੇ ਸੂਚਨਾ ਤਕਨਾਲੋਜੀ ਵਰਗੇ ਖੇਤਰਾਂ ਵਿੱਚ ਲਗਾਤਾਰ ਆਪਣੀ ਯੋਗਤਾ ਸਾਬਤ ਕਰ ਰਹੇ ਹਨ।

ਅੱਜ NVDA, JAWS, VoiceOver, OCR, TalkBack ਅਤੇ ਹੋਰ ਸਕ੍ਰੀਨ ਰੀਡਰ ਸਾਫਟਵੇਅਰਾਂ ਨੇ ਦ੍ਰਿਸ਼ਟੀ ਬਾਧਿਤ ਵਿਅਕਤੀਆਂ ਲਈ ਸਿੱਖਿਆ ਦੇ ਨਵੇਂ ਰਸਤੇ ਖੋਲ੍ਹ ਦਿੱਤੇ ਹਨ। ਟਾਕਿੰਗ ਬੁੱਕਸ, ਡਿਜੀਟਲ ਲਾਇਬ੍ਰੇਰੀਆਂ, ਸਮਾਰਟ ਫੋਨ ਐਪਲੀਕੇਸ਼ਨਾਂ ਅਤੇ ਆਰਟੀਫ਼ੀਸ਼ੀਅਲ ਇੰਟੈਲੀਜੈਂਸ ਆਧਾਰਿਤ ਸਹਾਇਕ ਤਕਨਾਲੋਜੀਆਂ ਨੇ ਉਨ੍ਹਾਂ ਨੂੰ ਆਤਮ ਨਿਰਭਰ ਬਣਾਇਆ ਹੈ । ਅੱਜ ਹਜ਼ਾਰਾਂ ਦ੍ਰਿਸ਼ਟੀ ਬਾਧਿਤ ਨੌਜਵਾਨ ਕੰਪਿਊਟਰ ਪ੍ਰੋਗਰਾਮਿੰਗ, ਡਿਜੀਟਲ ਸੇਵਾਵਾਂ, ਸਮੱਗਰੀ ਤਿਆਰ ਕਰਨ, ਆਨਲਾਈਨ ਸਿੱਖਿਆ ਅਤੇ ਸਰਕਾਰੀ ਸੇਵਾਵਾਂ ਵਿੱਚ ਸਫ਼ਲਤਾਪੂਰਵਕ ਕੰਮ ਕਰ ਰਹੇ ਹਨ।

ਸਰਕਾਰ ਵੱਲੋਂ ਰਾਖਵਾਂ, ਸਕਾਲਰਸ਼ਿਪਾਂ, ਸਹਾਇਕ ਉਪਕਰਣ ਅਤੇ ਹੋਰ ਕਲਿਆਣਕਾਰੀ ਯੋਜਨਾਵਾਂ ਚਲਾਈਆਂ ਜਾਂਦੀਆਂ ਹਨ, ਪਰ ਉਨ੍ਹਾਂ ਦਾ ਲਾਭ ਹਰ ਲੋੜਵੰਦ ਤੱਕ ਨਹੀਂ ਪਹੁੰਚਦਾ। ਇਸ ਲਈ ਜਾਗਰੂਕਤਾ ਵਧਾਉਣ, ਪ੍ਰਕਿਰਿਆਵਾਂ ਨੂੰ ਸਰਲ ਬਣਾਉਣ ਅਤੇ ਯੋਜਨਾਵਾਂ ਦੀ ਪ੍ਰਭਾਵਸ਼ਾਲੀ ਨਿਗਰਾਨੀ ਕਰਨ ਦੀ ਲੋੜ ਹੈ। ਇਸ ਦੇ ਨਾਲ ਆਮ ਸਕੂਲਾਂ ਅਤੇ ਤਕਨੀਕੀ ਸੰਸਥਾਵਾਂ ਵਿੱਚ ਸਮਾਵੇਸ਼ੀ ਸਿੱਖਿਆ ਨੂੰ ਪ੍ਰਾਥਮਿਕਤਾ ਦਿੱਤੀ ਜਾਣੀ ਚਾਹੀਦੀ ਹੈ।

ਤਕਨੀਕੀ ਸਿੱਖਿਆ ਨੂੰ ਦ੍ਰਿਸ਼ਟੀ ਬਾਧਿਤ ਵਿਅਕਤੀਆਂ ਲਈ ਹੋਰ ਸੁਗਮ ਬਣਾਉਣ ਵਾਸਤੇ ਬ੍ਰੇਲ ਪੁਸਤਕਾਂ, ਡਿਜੀਟਲ ਆਡੀਓ ਸਮੱਗਰੀ, ਸਪਰਸ਼-ਆਧਾਰਿਤ ਮਾਡਲ, 34 ਸਿੱਖਿਆ ਸਮੱਗਰੀ ਅਤੇ ਵਾਇਸ-ਗਾਈਡਡ ਪ੍ਰਯੋਗਸ਼ਾਲਾਵਾਂ ਵਿਕਸਿਤ ਕੀਤੀਆਂ ਜਾਣੀਆਂ ਚਾਹੀਦੀਆਂ ਹਨ। ਪਾਠਕ੍ਰਮ ਤਿਆਰ ਕਰਨ ਅਤੇ ਨੀਤੀ ਬਣਾਉਣ ਵਾਲੀਆਂ ਕਮੇਟੀਆਂ ਵਿੱਚ ਦ੍ਰਿਸ਼ਟੀ ਬਾਧਿਤ ਵਿਅਕਤੀਆਂ ਦੀ ਭਾਗੀਦਾਰੀ ਯਕੀਨੀ ਬਣਾਉਣੀ ਵੀ ਉਤਨੀ ਹੀ ਮਹੱਤਵਪੂਰਨ ਹੈ, ਕਿਉਂਕਿ ਉਹ ਆਪਣੀਆਂ ਲੋੜਾਂ ਨੂੰ ਸਭ ਤੋਂ ਵਧੀਆ ਢੰਗ ਨਾਲ ਸਮਝਦੇ ਹਨ।

ਮੇਹਰ ਚੰਦ ਪੌਲੀਟੈਕਨਿਕ ਕਾਲਜ ਜਲੰਧਰ ਵਿੱਚ ਸਕਸ਼ਮ ਪੰਜਾਬ ਦੇ ਸਹਿਯੋਗ ਨਾਲ ਸਥਾਪਿਤ ਗੁਰੂ ਵਿਰਜਾਨੰਦ ਟੈਕ ਵਿਜ਼ਨ ਲੈਬ ਇਸ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਪਹਿਲ ਹੈ। ਇੱਥੇ ਦੇਸ਼ ਦੇ ਵੱਖ-ਵੱਖ ਰਾਜਾਂ ਤੋਂ ਆਏ ਦ੍ਰਿਸ਼ਟੀ ਬਾਧਿਤ ਵਿਦਿਆਰਥੀਆਂ ਨੂੰ ਡਿਜੀਟਲ ਸਾਖਰਤਾ, ਕੰਪਿਊਟਰ, ਮੋਬਾਇਲ ਤਕਨਾਲੋਜੀ, ਸੰਚਾਰ ਕੌਸ਼ਲ ਅਤੇ ਰੁਜ਼ਗਾਰ ਯੋਗਤਾ ਨਾਲ ਸੰਬੰਧਿਤ ਸਿਖਲਾਈ ਦਿੱਤੀ ਜਾਂਦੀ ਹੈ। ਇਹ ਮਾਡਲ ਦੇਸ਼ ਦੀਆਂ ਹੋਰ ਤਕਨੀਕੀ ਸੰਸਥਾਵਾਂ ਲਈ ਵੀ ਪ੍ਰੇਰਣਾ ਬਣ ਸਕਦਾ ਹੈ।

ਸਮਾਜ ਵਿੱਚ ਅਜੇ ਵੀ ਕਈ ਗਲਤ ਧਾਰਨਾਵਾਂ ਮੌਜੂਦ ਹਨ। ਦ੍ਰਿਸ਼ਟੀ ਬਾਧਿਤ ਵਿਅਕਤੀਆਂ ਨੂੰ ਤਰਸ ਦੀ ਨਜ਼ਰ ਨਾਲ ਦੇਖਣ ਦੀ ਬਜਾਏ ਉਨ੍ਹਾਂ ਨੂੰ ਬਰਾਬਰੀ, ਸਨਮਾਨ ਅਤੇ ਮੌਕੇ ਦੇਣ ਦੀ ਲੋੜ ਹੈ। ਜਦੋਂ ਸਿੱਖਿਆ, ਤਕਨਾਲੋਜੀ ਅਤੇ ਸਮਾਜ ਇਕੱਠੇ ਹੋ ਕੇ ਉਨ੍ਹਾਂ ਲਈ ਅਨੁਕੂਲ ਵਾਤਾਵਰਣ ਤਿਆਰ ਕਰਨਗੇ, ਤਦੋਂ ਉਹ ਨਾ ਸਿਰਫ਼ ਆਪਣੀ ਜ਼ਿੰਦਗੀ ਬਦਲਣਗੇ, ਸਗੋਂ ਦੇਸ਼ ਦੇ ਵਿਕਾਸ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਾਉਣਗੇ।

ਉਹ ਦਿਨ ਦੂਰ ਨਹੀਂ ਜਦੋਂ ਦ੍ਰਿਸ਼ਟੀ ਬਾਧਿਤ ਵਿਅਕਤੀ ਤਕਨੀਕੀ ਯੂਨੀਵਰਸਿਟੀਆਂ ਦੇ ਪ੍ਰੋਫ਼ੈਸਰ, ਡਾਇਰੈਕਟਰ, ਪ੍ਰਿੰਸੀਪਲ, ਵਿਗਿਆਨੀ ਅਤੇ ਨੀਤੀ-ਨਿਰਮਾਤਾ ਵਜੋਂ ਅਗਵਾਈ ਕਰਦੇ ਨਜ਼ਰ ਆਉਣਗੇ। ਉਸ ਦਿਨ ਇਹ ਸੱਚ ਹੋਰ ਮਜ਼ਬੂਤੀ ਨਾਲ ਸਾਬਤ ਹੋਵੇਗਾ ਕਿ 'ਦੇਖਣ ਲਈ ਅੱਖਾਂ ਨਹੀਂ, ਸੋਚ ਅਤੇ ਸੰਕਲਪ ਦੀ ਰੌਸ਼ਨੀ ਚਾਹੀਦੀ ਹੈ।'

**# ਸੰਪਰਕ : 98786-15600**

# ਝੋਨੇ ਦੀ ਹਰਿਆਲੀ ਪਿੱਛੇ ਸੁੱਕਦਾ ਪੰਜਾਬ

**ਪ੍ਰੋ. ਗੁਰਦੀਪ ਸਿੰਘ ਝੰਡੂਕੇ**

ਪੰਜਾਬ ਨੂੰ 'ਪੰਜ ਦਰਿਆਵਾਂ ਦੀ ਧਰਤੀ' ਕਿਹਾ ਜਾਂਦਾ ਹੈ । ਇਹ ਸਿਰਫ਼ ਇੱਕ ਭੂਗੋਲਿਕ ਪਛਾਣ ਨਹੀਂ, ਸਗੋਂ ਬੀਤੇ ਦਾ ਇੱਕ ਅਜਿਹਾ ਸੱਚ ਹੈ, ਜਿਸ ਵਿੱਚ ਖ਼ੁਸ਼ਹਾਲੀ ਦੀ ਖੁਸ਼ਬੂ, ਮਿੱਟੀ ਦੀ ਮਹਿਕ ਅਤੇ ਜੀਵਨ ਦਾ ਸੰਗੀਤ ਵੱਜਦਾ ਸੀ । ਪਿੰਡਾਂ ਦੇ ਖੂਹਾਂ ਦੀਆਂ ਜਗਤਾਂ ਉੱਤੇ ਬੈਠੇ ਬਜ਼ੁਰਗ, ਖੂਹਾਂ ਤੋਂ ਪਾਣੀ ਕੱਢਦੀਆਂ ਔਰਤਾਂ, ਨਹਿਰਾਂ ਵਿੱਚ ਤੈਰਦੇ ਬੱਚੇ ਅਤੇ ਮੀਂਹ ਦੀ ਪਹਿਲੀ ਬੂੰਦ ਨਾਲ ਖਿੜਦੇ ਕਿਸਾਨ, ਇਹ ਸਭ ਪੰਜਾਬ ਦੇ ਉਸ ਰੂਪ ਦੀ ਤਸਵੀਰ ਸਨ, ਜਿਸ ਵਿੱਚ ਪਾਣੀ ਸਿਰਫ਼ ਇੱਕ ਕੁਦਰਤੀ ਸਰੋਤ ਨਹੀਂ, ਸਗੋਂ ਜੀਵਨ, ਸੱਭਿਆਚਾਰ ਅਤੇ ਖ਼ੁਸ਼ਹਾਲੀ ਦਾ ਪ੍ਰਤੀਕ ਸੀ। ਸਾਡੇ ਪੁਰਖਿਆਂ ਨੇ ਖੂਹਾਂ, ਛੱਪੜਾਂ ਅਤੇ ਨਹਿਰਾਂ ਦੇ ਸਹਾਰੇ ਇੱਕ ਅਜਿਹੀ ਖੇਤੀ ਪ੍ਰਣਾਲੀ ਵਿਕਸਤ ਕੀਤੀ ਸੀ, ਜਿਸ ਵਿੱਚ ਕੁਦਰਤ ਨਾਲ ਟਕਰਾਅ ਨਹੀਂ, ਸਗੋਂ ਤਾਲਮੇਲ ਸੀ।

ਅੱਜ ਜਦੋਂ ਅਸੀਂ ਪੰਜਾਬ ਦੇ ਖੇਤਾਂ ਦੀ ਹਰਿਆਵਲ ਨੂੰ ਦੇਖਦੇ ਹਾਂ, ਤਾਂ ਮਨ ਦੇ ਕਿਸੇ ਕੋਨੇ ਵਿੱਚ ਇੱਕ ਡਰਾਉਣਾ ਸੱਚ ਅਤੇ ਗੰਭੀਰ ਚਿੰਤਾ ਜਨਮ ਲੈਂਦੀ ਹੈ। ਇਹ ਹਰਿਆਵਲ ਜਿੰਨੀ ਸੁੰਦਰ ਦਿਸਦੀ ਹੈ, ਉਸ ਦੇ ਪਿੱਛੇ ਓਨਾ ਹੀ ਡੂੰਘਾ ਸੰਕਟ ਲੁਕਿਆ ਹੋਇਆ ਹੈ। ਧਰਤੀ ਹੇਠਲਾ ਪਾਣੀ ਲਗਾਤਾਰ ਖ਼ਤਮ ਹੋ ਰਿਹਾ ਹੈ ਅਤੇ ਪੰਜਾਬ ਆਪਣੇ ਇਤਿਹਾਸ ਦੇ ਸਭ ਤੋਂ ਵੱਡੇ ਜਲ ਸੰਕਟ ਵੱਲ ਵਧ ਰਿਹਾ ਹੈ, ਜਿੱਥੇ ਪਾਣੀ ਦਾ ਸਵਾਲ ਸਿਰਫ਼ ਖੇਤੀ ਦਾ ਨਹੀਂ, ਸਗੋਂ ਸਾਡੀ ਹੋਂਦ ਦਾ ਸਵਾਲ ਬਣ ਗਿਆ ਹੈ। ਹਰ ਸਾਲ ਜੂਨ ਅਤੇ ਜੁਲਾਈ ਦੇ ਮਹੀਨਿਆਂ ਵਿੱਚ ਜਦੋਂ ਝੋਨੇ ਦੀ ਲੁਆਈ ਸ਼ੁਰੂ ਹੁੰਦੀ ਹੈ, ਤਾਂ ਪੰਜਾਬ ਦੇ ਖੇਤ ਹਰੇ-ਭਰੇ ਦਿਸਣ ਲੱਗਦੇ ਹਨ, ਪਰ ਇਹ ਹਰਿਆਵਲ ਇੱਕ ਅਜਿਹੀ ਕੀਮਤ 'ਤੇ ਹਾਸਲ ਹੋ ਰਹੀ ਹੈ, ਜਿਸ ਦਾ ਅੰਦਾਜ਼ਾ ਸ਼ਾਇਦ ਅਸੀਂ ਅਜੇ ਤੱਕ ਨਹੀਂ ਲਗਾ ਸਕੇ।

ਕੇਂਦਰੀ ਭੂਮੀਗਤ ਜਲ ਬੋਰਡ ਦੇ ਤਾਜ਼ਾ ਅੰਕੜਿਆਂ ਅਨੁਸਾਰ ਪੰਜਾਬ ਪੂਰੇ ਭਾਰਤ ਵਿੱਚ ਧਰਤੀ ਹੇਠਲੇ ਪਾਣੀ ਦੀ ਕੱਢਣ ਦੀ ਦਰ ਵਿੱਚ 156.36 ਪ੍ਰਤੀਸ਼ਤ ਨਾਲ ਸਭ ਤੋਂ ਮੋਹਰੀ (ਪਹਿਲੇ ਨੰਬਰ 'ਤੇ) ਹੈ, ਜੋ ਕਿ ਰਾਸ਼ਟਰੀ ਔਸਤ (60.63 ਪ੍ਰਤੀਸ਼ਤ) ਨਾਲੋਂ ਬਹੁਤ ਜ਼ਿਆਦਾ ਹੈ। ਚਿੰਤਾਜਨਕ ਤੱਥ ਇਹ ਹੈ ਕਿ ਸੂਬੇ ਦੇ ਕੁੱਲ 153 ਬਲਾਕਾਂ ਵਿੱਚੋਂ 111 ਬਲਾਕ (72.55 ਪ੍ਰਤੀਸ਼ਤ) 'ਓਵਰ-ਐਕਸਪਲਾਈਟਡ' ਐਲਾਨੇ ਜਾ ਚੁੱਕੇ ਹਨ, ਜਿੱਥੇ ਪਾਣੀ ਦੀ ਸਾਲਾਨਾ ਵਰਤੋਂ ਉਸ ਦੇ ਕੁਦਰਤੀ ਰੀਚਾਰਜ ਨਾਲੋਂ ਬਹੁਤ ਜ਼ਿਆਦਾ ਹੈ।

ਇਸ ਬੇਤਹਾਸ਼ਾ ਵਰਤੋਂ ਕਾਰਨ ਸੂਬੇ ਦੇ ਜ਼ਿਆਦਾਤਰ ਜ਼ਿਲ੍ਹੇ 'ਡਾਰਕ ਜ਼ੋਨ' ਵਿੱਚ ਆ ਚੁੱਕੇ ਹਨ । ਭੂ-ਵਿਗਿਆਨੀਆਂ ਅਤੇ ਮਾਹਰਾਂ ਦੀ ਚੇਤਾਵਨੀ ਅਨੁਸਾਰ ਜੇਕਰ ਇਸੇ ਰਫ਼ਤਾਰ ਨਾਲ ਧਰਤੀ ਦੀ ਹਿੱਕ ਵਿੱਚੋਂ ਪਾਣੀ ਕੱਢਿਆ ਜਾਂਦਾ ਰਿਹਾ, ਤਾਂ ਪੰਜਾਬ ਦਾ ਧਰਤੀ ਹੇਠਲਾ ਪਾਣੀ ਸਾਲ 2039 ਤੱਕ 300 ਮੀਟਰ ਤੋਂ ਵੀ ਹੇਠਾਂ ਚਲਾ ਜਾਵੇਗਾ, ਜੋ ਕਿ ਇੱਕ ਤਰ੍ਹਾਂ ਨਾਲ ਨਾ-ਮੁੜਨਯੋਗ ਤਬਾਹੀ ਦਾ ਸੰਕੇਤ ਹੈ । ਸੰਕਟ ਸਿਰਫ਼ ਪਾਣੀ ਦੇ ਮੁੱਕਣ ਦਾ ਨਹੀਂ, ਸਗੋਂ ਇਸ ਦੀ ਗੁਣਵੱਤਾ ਦਾ ਵੀ ਹੈ। ਪੰਜਾਬ ਵਿੱਚ ਪਾਣੀ ਦਾ ਪੱਧਰ ਡਿੱਗਣ ਦੇ ਨਾਲ-ਨਾਲ ਕਈ ਥਾਵਾਂ 'ਤੇ ਸ਼ੁੱਧਤਾ ਦੀ ਗੰਭੀਰ ਸਮੱਸਿਆ ਖੜ੍ਹੀ ਹੋ ਗਈ ਹੈ। ਹਰੀ ਕ੍ਰਾਂਤੀ ਨੇ ਪੰਜਾਬ ਨੂੰ ਦੇਸ਼ ਦਾ ਅੰਨ ਭੰਡਾਰ ਅਤੇ ਕਿਸਾਨਾਂ ਨੂੰ ਦੇਸ਼ ਦਾ 'ਅੰਨਦਾਤਾ' ਤਾਂ ਬਣਾਇਆ, ਪਰ ਇਸ ਦੇ ਨਾਲ ਹੀ ਸਾਡੇ ਖੇਤੀ ਮਾਡਲ ਨੂੰ ਕਣਕ-ਝੋਨੇ ਦੇ ਇੱਕੋ ਫ਼ਸਲੀ ਚੱਕਰ 'ਤੇ ਨਿਰਭਰ ਕਰ ਦਿੱਤਾ।

ਖੇਤੀ ਮਾਹਰਾਂ ਅਨੁਸਾਰ ਝੋਨੇ ਦੇ ਖੇਤ ਵਿੱਚ ਇੱਕ ਕਿਲੋ ਚੌਲ ਪੈਦਾ ਕਰਨ ਲਈ ਲਗਭਗ 3,000 ਤੋਂ 4,000 ਲੀਟਰ ਪਾਣੀ ਦੀ ਖਪਤ ਹੁੰਦੀ ਹੈ। ਇਸ ਰਵਾਇਤੀ ਖੇਤੀ ਨੇ ਹੌਲੀ-ਹੌਲੀ ਪੰਜਾਬ ਦੀਆਂ ਸਦੀਆਂ ਪੁਰਾਣੀਆਂ ਜਲ-ਪਰਤਾਂ ਨੂੰ ਖ਼ਾਲੀ ਕਰ ਦਿੱਤਾ ਹੈ। ਅੱਜ ਹਾਲਾਤ ਇਹ ਹਨ ਕਿ ਪੰਜਾਬ ਦੇ ਬਹੁਤ ਸਾਰੇ ਖੇਤਰਾਂ ਵਿੱਚ ਕਿਸਾਨਾਂ ਨੂੰ ਪਾਣੀ ਲਈ ਸੈਂਕੜੇ ਫੁੱਟ ਡੂੰਘੇ 'ਸਬਮਰਸੀਬਲ ਬੋਰ' ਕਰਨੇ ਪੈ ਰਹੇ ਹਨ। ਜਿਹੜੇ ਖੂਹ ਕਦੇ ਸਾਲਾਂ ਤੱਕ ਨਹੀਂ ਸੁੱਕਦੇ ਸਨ, ਉਹ ਹੁਣ ਇਤਿਹਾਸ ਬਣ ਗਏ ਹਨ।

ਪੰਜਾਬੀ ਮਾਨਸਿਕਤਾ ਅਤੇ ਚਿੰਤਨ ਵਿੱਚ ਪਾਣੀ ਨੂੰ ਹਮੇਸ਼ਾ ਰੂਹਾਨੀ ਪਵਿੱਤਰਤਾ ਅਤੇ ਜੀਵਨ ਦਾ ਦਰਜਾ ਹਾਸਲ ਰਿਹਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਨੇ ਬਾਣੀ ਵਿੱਚ 'ਪਵਣੁ ਗੁਰੂ ਪਾਣੀ ਪਿਤਾ, ਮਾਤਾ ਧਰਤਿ ਮਹਤੁ' ਦਾ ਮਹਾਨ ਸੰਦੇਸ਼ ਦੇ ਕੇ ਪਾਣੀ ਨੂੰ ਪਿਤਾ ਅਤੇ ਧਰਤੀ ਨੂੰ ਮਾਤਾ ਦਾ ਰੁਤਬਾ ਬਖ਼ਸ਼ਿਆ ਹੈ। ਗੁਰਬਾਣੀ ਦਾ ਇਹ ਫ਼ਰਮਾਨ ਵੀ ਹੈ ਕਿ 'ਪਹਿਲਾ ਪਾਣੀ ਜੀਉ ਹੈ ਜਿਤੁ ਹਰਿਆ ਸਭੁ ਕੋਇ' ਯਾਨੀ ਜੀਵਨ ਦੀ ਸ਼ੁਰੂਆਤ ਹੀ ਪਾਣੀ ਤੋਂ ਹੈ। ਸਾਡੀ ਲੋਕਧਾਰਾ ਵਿੱਚ ਵੀ ਬਾਬਾ ਫਰੀਦ, ਬੁੱਲ੍ਹੇ ਸ਼ਾਹ ਤੋਂ ਲੈ ਕੇ ਵਾਰਿਸ ਸ਼ਾਹ ਤੱਕ ਅਤੇ ਪਿੰਡਾਂ ਦੀਆਂ ਸਧਾਰਨ ਬੋਲੀਆਂ ਤੋਂ ਲੈ ਕੇ ਟੱਪਿਆਂ ਤੱਕ ਪਾਣੀ ਨੂੰ ਜੀਵਨ ਦੀ ਰਵਾਨੀ ਅਤੇ ਮਨੁੱਖੀ ਅਸਤਿਤਵ ਨਾਲ ਜੋੜਿਆ ਗਿਆ ਹੈ। ਸ਼ਾਇਦ ਅੱਜ ਪੰਜਾਬ ਦੀ ਇਹ ਪਿਆਸੀ ਧਰਤੀ ਅਤੇ ਘਟਦਾ ਜਲ-ਪੱਧਰ ਸਾਨੂੰ ਗੁਰੂ ਸਾਹਿਬ ਦੇ ਇਸੇ ਪਵਿੱਤਰ ਸੰਦੇਸ਼ ਤੋਂ ਬੇਮੁਖ ਹੋਣ ਦੀ ਖ਼ਾਮੋਸ਼ ਚੇਤਾਵਨੀ ਦੇ ਰਿਹਾ ਹੈ।ਸਾਡੀ ਤ੍ਰਾਸਦੀ ਇਹ ਹੈ ਕਿ ਅਸੀਂ ਹਰ ਸਾਲ ਝੋਨੇ ਦੀ ਹਰਿਆਵਲ 'ਤੇ ਮਾਣ ਤਾਂ ਕਰਦੇ ਹਾਂ, ਪਰ ਇਹ ਭੁੱਲ ਜਾਂਦੇ ਹਾਂ ਕਿ ਇਸ ਦੀ ਕੀਮਤ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਚੁਕਾਉਣਗੀਆਂ । ਅੱਜ ਦਾ ਕਿਸਾਨ ਵੀ ਇੱਕ ਵੱਡੀ ਦੁਬਿਧਾ ਵਿੱਚ ਫਸਿਆ ਹੋਇਆ ਹੈ। ਇੱਕ ਪਾਸੇ ਉਸ ਦੀ ਆਰਥਿਕ ਰੋਜ਼ੀ-ਰੋਟੀ ਅਤੇ ਘੱਟੋ-ਘੱਟ ਸਮਰਥਨ ਮੁੱਲ ਦੀ ਗਾਰੰਟੀ ਹੈ ਤੇ ਦੂਜੇ ਪਾਸੇ ਉਸ ਦੀ ਆਪਣੀ ਧਰਤੀ ਦਾ ਸੁੱਕ ਰਿਹਾ ਹਲਕ। ਉਹ ਜਾਣਦਾ ਹੈ ਕਿ ਪਾਣੀ ਘਟ ਰਹਿੰਦਾ ਹੈ, ਪਰ ਉਸ ਕੋਲ ਲਾਹੇਵੰਦ ਬਦਲਵੇਂ ਵਿਕਲਪ ਬਹੁਤ ਸੀਮਤ ਹਨ ।

ਇਹ ਸਿਰਫ਼ ਖੇਤੀ ਦਾ ਸੰਕਟ ਨਹੀਂ, ਸਗੋਂ ਪੰਜਾਬ ਦੀ ਆਰਥਿਕਤਾ, ਸਮਾਜ ਅਤੇ ਨਸਲਾਂ ਦੇ ਭਵਿੱਖ ਦਾ ਸੰਕਟ ਹੈ। ਜੇਕਰ ਧਰਤੀ ਹੇਠਲਾ ਪਾਣੀ ਇਸੇ ਰਫ਼ਤਾਰ ਨਾਲ ਘਟਦਾ ਰਿਹਾ, ਤਾਂ ਪੰਜਾਬ ਦੀਆਂ ਆਉਣ ਵਾਲੀਆਂ ਨਸਲਾਂ ਸਾਡੇ ਤੋਂ ਪੁੱਛਣਗੀਆਂ ਕਿ ਅਸੀਂ ਉਨ੍ਹਾਂ ਲਈ ਵਿਰਾਸਤ ਵਿੱਚ ਕੀ ਛੱਡ ਕੇ ਗਏ ਹਾਂ, ਉਪਜਾਊ ਧਰਤੀ ਜਾਂ ਰੇਗਿਸਤਾਨ ?ਸਵਾਲ ਇਹ ਨਹੀਂ ਕਿ ਦੋਸ਼ੀ ਕੌਣ ਹੈ, ਸਵਾਲ ਇਹ ਹੈ ਕਿ ਹੁਣ ਜ਼ਿੰਮੇਵਾਰੀ ਕੌਣ ਲਵੇਗਾ ? ਖ਼ੁਸ਼ੀ ਦੀ ਗੱਲ ਹੈ ਕਿ ਹੁਣ ਸਰਕਾਰਾਂ, ਵਿਗਿਆਨਕ ਸੰਸਥਾਵਾਂ ਅਤੇ ਜਾਗਰੂਕ ਕਿਸਾਨ ਇਸ ਸੰਕਟ ਵੱਲ ਕਦਮ ਵਧਾ ਰਹੇ ਹਨ। ਨਹਿਰੀ ਪਾਣੀ ਦੇ ਵਿਸਥਾਰ, ਫ਼ਸਲੀ ਵਿਭਿੰਨਤਾ ਤਹਿਤ ਮੱਕੀ, ਦਾਲਾਂ ਤੇ ਬਾਸਮਤੀ ਨੂੰ ਉਤਸ਼ਾਹਤ ਕਰਨ ਦੇ ਯਤਨ ਕੀਤੇ ਜਾ ਰਹੇ ਹਨ, ਪਰ ਹੁਣ ਸਾਨੂੰ ਰਵਾਇਤੀ ਤਰੀਕਿਆਂ ਤੋਂ ਉੱਪਰ ਉੱਠ ਕੇ ਆਧੁਨਿਕ ਤਕਨੀਕਾਂ ਵੱਲ ਵਧਣਾ ਪਵੇਗਾ। ਝੋਨੇ ਦੀ ਸਿੱਧੀ ਬੀਜਾਈ, ਤੁਪਕਾ ਸਿੰਚਾਈ ਅਤੇ ਉਦਯੋਗਿਕ ਤੇ ਘਰੇਲੂ ਪੱਧਰ 'ਤੇ 'ਰੇਨ ਵਾਟਰ ਹਾਰਵੈਸਟਿੰਗ' ਨੂੰ ਕਾਨੂੰਨੀ ਅਤੇ ਸਮਾਜਿਕ ਤੌਰ 'ਤੇ ਲਾਜ਼ਮੀ ਕਰਨਾ ਹੋਵੇਗਾ।

ਅੱਜ ਪੰਜਾਬ ਦੀ ਧਰਤੀ ਸਾਡੇ ਕੋਲੋਂ ਇੱਕੋ ਸਵਾਲ ਪੁੱਛ ਰਹੀ ਹੈ, ਕੀ ਅਸੀਂ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਹਰਿਆਲੀ ਛੱਡ ਕੇ ਜਾਵਾਂਗੇ ਜਾਂ ਸਿਰਫ਼ ਸੁੱਕੀਆਂ ਯਾਦਾਂ ? ਕਿਹਾ ਜਾਂਦਾ ਹੈ ਕਿ ਜਦੋਂ ਕੁਦਰਤ ਚੁੱਪ ਹੋ ਜਾਵੇ, ਤਾਂ ਮਨੁੱਖ ਨੂੰ ਡਰ ਜਾਣਾ ਚਾਹੀਦਾ ਹੈ। ਪੰਜਾਬ ਦੀ ਧਰਤੀ ਹੇਠੋਂ ਹਰ ਰੋਜ਼ ਗਾਇਬ ਹੁੰਦਾ ਪਾਣੀ ਵੀ ਇੱਕ ਖ਼ਾਮੋਸ਼ ਚੇਤਾਵਨੀ ਹੈ। ਇਹ ਸਮਾਂ ਸਿਰਫ਼ ਚਿੰਤਾ ਕਰਨ ਦਾ ਨਹੀਂ, ਸਗੋਂ ਸੁਚੇਤ ਹੋਣ ਦਾ ਹੈ, ਕਿਉਂਕਿ ਜੇ ਪਾਣੀ ਬਚੇਗਾ, ਤਾਂ ਹੀ ਪੰਜਾਬ ਬਚੇਗਾ ਅਤੇ ਜੇ ਪੰਜਾਬ ਬਚੇਗਾ, ਤਾਂ ਹੀ ਸਾਡੀ ਵਿਰਾਸਤ, ਸਾਡੀ ਮਿੱਟੀ ਅਤੇ ਸਾਡਾ ਭਵਿੱਖ ਬਚੇਗਾ।

**# ਸੰਪਰਕ : 78885-07725**

# ਚੋਰ ਗਰੋਹ ਦਾ ਪਰਦਾ ਫਾਸ਼, 5 ਚੋਰੀ ਦੇ ਮੋਟਰਸਾਈਕਲਾਂ ਸਣੇ 3 ਕਾਬੂ

## ਨਜਾਇਜ਼ ਸ਼ਰਾਬ ਤੇ ਹੈਰੋਇਨ ਵੀ ਬਰਾਮਦ

**ਭਵਾਨੀਗੜ੍ਹ, (ਰਾਜ ਖੁਰਮੀ)** : ਸੀਨੀਅਰ ਪੁਲਸ ਅਧਿਕਾਰੀ ਡੀ ਐੱਸ ਪੀ ਸਤਨਾਮ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅਪਰਾਧਿਕ ਅਨਸਰਾਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਥਾਣਾ ਭਵਾਨੀਗੜ੍ਹ ਪੁਲਸ ਨੇ ਤਿੰਨ ਵੱਖ-ਵੱਖ ਕਾਰਵਾਈਆਂ ਦੌਰਾਨ ਚੋਰੀ, ਨਾਜਾਇਜ਼ ਸ਼ਰਾਬ ਤੇ ਨਸ਼ਾ ਤਸਕਰੀ ਦੇ ਮਾਮਲਿਆਂ ਵਿੱਚ ਅਹਿਮ ਸਫ਼ਲਤਾ ਹਾਸਲ ਕੀਤੀ ਹੈ।ਪੁਲਸ ਨੇ ਇੱਕ ਚੋਰ ਗਰੋਹ ਦਾ ਪਰਦਾਫਾਸ਼ ਕਰਦਿਆਂ 5 ਚੋਰੀ ਦੇ ਮੋਟਰਸਾਈਕਲ ਬਰਾਮਦ ਕੀਤੇ ਹਨ, ਜਦਕਿ ਵੱਖ-ਵੱਖ ਕਾਰਵਾਈਆਂ ਵਿੱਚ 410 ਲੀਟਰ ਲਾਹਣ ਤੇ 7 ਗ੍ਰਾਮ ਹੈਰੋਇਨ ਸਮੇਤ ਦੋ ਹੋਰ ਮੁਲਜ਼ਮਾਂ ਨੂੰ ਵੀ ਕਾਬੂ ਕੀਤਾ ਗਿਆ ਹੈ।



ਥਾਣਾ ਭਵਾਨੀਗੜ੍ਹ ਦੇ ਐੱਸ.ਐੱਚ.ਓ. ਰਮਨਦੀਪ ਸਿੰਘ ਦੀ ਅਗਵਾਈ ਹੇਠ ਕੀਤੀ ਗਈ ਕਾਰਵਾਈ ਦੌਰਾਨ ਮਿਲੀ ਜਾਣਕਾਰੀ ਅਨੁਸਾਰ ਮੁਖਬਰ ਖ਼ਾਸ ਦੀ ਇਤਲਾਹ 'ਤੇ ਪੁਲਸ ਨੇ ਮੁਲਜ਼ਮ ਬਲਜਿੰਦਰ ਸਿੰਘ ਪੁੱਤਰ ਬਹਾਦਰ ਸਿੰਘ ਵਾਸੀ ਰੇਤਗੜ੍ਹ ਨੂੰ ਗ੍ਰਿਫ਼ਤਾਰ ਕੀਤਾ।ਪੁਲਿਸ ਰਿਮਾਂਡ ਦੌਰਾਨ ਉਸ ਦੇ ਖੁਲਾਸਿਆਂ ਦੇ ਆਧਾਰ 'ਤੇ ਧਰਮਿੰਦਰ ਦਾਸ ਉਰਫ਼ ਬਿੱਕਾ ਵਾਸੀ ਝਨੇੜੀ ਸਮੇਤ ਤਿੰਨ ਹੋਰ ਸਾਥੀਆਂ ਨੂੰ ਨਾਮਜ਼ਦ ਕੀਤਾ ਗਿਆ ਤੇ ਵੱਖ-ਵੱਖ ਥਾਵਾਂ ਤੋਂ 5 ਬਿਨਾਂ ਨੰਬਰੀ ਚੋਰੀ ਦੇ ਮੋਟਰਸਾਈਕਲ ਬਰਾਮਦ ਕੀਤੇ ਗਏ।ਪੁਲਸ ਵੱਲੋਂ ਹੋਰ ਮੁਲਜ਼ਮਾਂ ਦੀ ਭਾਲ ਜਾਰੀ ਹੈ।

ਇਸੇ ਤਰ੍ਹਾਂ ਏ.ਐੱਸ.ਆਈ. ਦਰਸ਼ਨ ਸਿੰਘ ਨੇ ਪੁਲਸ ਟੀਮ ਭਵਾਨੀਗੜ੍ਹ-ਸੁਨਾਮ ਰੋਡ 'ਤੇ ਗਸ਼ਤ ਦੌਰਾਨ ਮਿਲੀ ਪੱਕੀ ਸੂਚਨਾ ਦੇ ਆਧਾਰ 'ਤੇ ਪਿੰਡ ਰੇਤਗੜ੍ਹ ਵਿਖੇ ਛਾਪੇਮਾਰੀ ਕਰਕੇ ਬਲਵੀਰ ਸਿੰਘ ਉਰਫ਼ ਬੀਰੂ ਨੂੰ ਕਾਬੂ ਕੀਤਾ।ਪੁਲਸ ਨੇ ਉਸ ਦੇ ਕਬਜ਼ੇ ਵਿੱਚੋਂ 410 ਲੀਟਰ ਲਾਹਣ, ਨਾਜਾਇਜ਼ ਸ਼ਰਾਬ ਤਿਆਰ ਕਰਨ ਲਈ ਵਰਤਿਆ ਜਾਣ ਵਾਲਾ ਸਾਮਾਨ ਤੇ ਹੋਰ ਸਮੱਗਰੀ ਬਰਾਮਦ ਕਰਕੇ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕਰ ਲਿਆ ਹੈ।

ਇੱਕ ਹੋਰ ਕਾਰਵਾਈ ਵਿੱਚ ਚੌਕੀ ਕਾਲਾਝਾੜ ਦੇ ਇੰਚਾਰਜ ਸਹਾਇਕ ਥਾਣੇਦਾਰ ਸਤਵੰਤ ਸਿੰਘ ਪੁਲਸ ਟੀਮ ਪਿੰਡ ਚੰਨੋ ਤੋਂ ਖੇੜੀਗਿੱਲਾਂ ਵੱਲ ਗਸ਼ਤ ਕਰ ਰਹੀ ਸੀ।ਇਸ ਦੌਰਾਨ ਐੱਨ.ਐੱਚ.-7 ਦੇ ਸੂਏ ਦੀ ਪਟੜੀ ਨੇੜੇ ਖੜ੍ਹਾ ਰਵੀ ਸਿੰਘ (24) ਵਾਸੀ ਖੇੜੀਗਿੱਲਾਂ ਪੁਲਸ ਨੂੰ ਦੇਖ ਕੇ ਇੱਕ ਲਿਫ਼ਾਫ਼ਾ ਸੁੱਟ ਕੇ ਭੱਜਣ ਲੱਗਾ।ਪੁਲਸ ਨੇ ਤੁਰੰਤ ਉਸ ਨੂੰ ਕਾਬੂ ਕਰ ਲਿਆ ਤੇ ਸੁੱਟੇ ਗਏ ਲਿਫ਼ਾਫ਼ੇ ਦੀ ਤਲਾਸ਼ੀ ਦੌਰਾਨ ਉਸ ਵਿੱਚੋਂ 7 ਗ੍ਰਾਮ ਹੈਰੋਇਨ (ਚਿੱਟਾ) ਬਰਾਮਦ ਹੋਈ।ਮੁਲਜ਼ਮ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

# ਭਾਰਤ ਦੀਆਂ ਜੇਲ੍ਹਾਂ 'ਚੋਂ ਵਿਦੇਸ਼ਾਂ 'ਚ ਕਾਰੇ ਕਰਵਾ ਰਹੇ ਗੈਂਗਸਟਰਾਂ ਬਾਰੇ ਐੱਫ ਬੀ ਆਈ ਦੇ ਖੁਲਾਸੇ 'ਤੇ ਸਰਕਾਰ ਆਪਣਾ ਰਵੱਈਆ ਸਪੱਸ਼ਟ ਕਰੇ-ਸੀ ਪੀ ਆਈ

**ਲੁਧਿਆਣਾ (ਐੱਮ. ਐੱਸ. ਭਾਟੀਆ)**- ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਲੁਧਿਆਣਾ ਨੇ ਜਾਰੀ ਬਿਆਨ ਵਿੱਚ ਕਿਹਾ ਹੈ ਕਿ ਅਮਰੀਕਾ ਦੀ ਐੱਫ ਬੀ ਆਈ ਵੱਲੋਂ ਲਾਰੈਂਸ ਬਿਸ਼ਨੋਈ ਤੇ ਹੋਰ ਗੈਂਗਸਟਰਾਂ ਬਾਰੇ ਦਿੱਤੇ ਗਏ ਖੁਲਾਸੇ ਨੇ ਬੜੇ ਗੰਭੀਰ ਸਵਾਲ ਖੜੇ ਕਰ ਦਿੱਤੇ ਹਨ।ਉਨ੍ਹਾਂ ਦੇ ਮੁਤਾਬਿਕ ਇਹ ਗੈਂਗਸਟਰ ਜੇਲਾਂ ਵਿੱਚੋਂ ਰਹਿ ਕੇ ਸੈਟੇਲਾਈਟ ਫੋਨ ਦਾ ਪ੍ਰਯੋਗ ਕਰਕੇ ਤੇ ਦੂਜੇ ਹੋਰ ਤਰੀਕਿਆ ਦਾ ਪ੍ਰਯੋਗ ਕਰਕੇ ਅਮਰੀਕਾ ਤੇ ਕੈਨੇਡਾ ਵਿੱਚ ਵੀ ਫਿਰੌਤੀਆਂ ਪ੍ਰਾਪਤ ਕਰ ਰਹੇ ਹਨ।ਫਿਰੌਤੀਆਂ ਨਾ ਦੇਣ ਦੀ ਸਥਿਤੀ ਦੇ ਵਿੱਚ ਉਹ ਧਮਕੀਆਂ ਦਿੰਦੇ ਹਨ ਕਿ ਉਨ੍ਹਾਂ ਦੇ ਜੋ ਪੰਜਾਬ ਵਿੱਚ ਰਹਿਣ ਵਾਲੇ ਰਿਸ਼ਤੇਦਾਰ ਹਨ, ਉਨ੍ਹਾਂ ਨੂੰ ਧਮਕੀਆਂ ਦਿੱਤੀਆਂ ਜਾਣਗੀਆਂ ਤੇ ਉਨ੍ਹਾਂ 'ਤੇ ਕਾਰਵਾਈ ਕੀਤੀ ਜਾਏਗੀ।ਦੁੱਖ ਦੀ ਗੱਲ ਤਾਂ ਇਹ ਵੀ ਹੈ ਕਿ ਟਾਂਡਾ ਦੇ ਐੱਸ ਐੱਚ ਓ ਗੁਰਿੰਦਰਜੀਤ ਸਿੰਘ ਟਾਂਡਾ 'ਤੇ ਚਾਰ ਲੱਖ ਡਾਲਰ ਦੀ ਫਿਰੌਤੀ ਦਾ ਦੋਸ਼ ਲੱਗਿਆ ਹੈ।ਇਹ ਵੀ ਖ਼ਬਰ ਆ ਰਹੀ ਹੈ ਕਿ ਅਮਰੀਕਾ ਇਨ੍ਹਾਂ ਗੈਂਗਸਟਰਾਂ ਨੂੰ ਅਮਰੀਕਾ ਬੁਲਾਉਣ ਲਈ ਭਾਰਤ ਸਰਕਾਰ ਨੂੰ ਆਖੇਗਾ।ਜਿਹੜੇ ਪ੍ਰਮੁੱਖ ਦੋਸ਼ੀਆਂ ਦੀਆਂ ਗੱਲਾਂ ਹਨ, ਉਹ ਗੁਜਰਾਤ, ਦਿੱਲੀ ਤੇ ਯੂਪੀ ਦੀਆਂ ਜੇਲ੍ਹਾਂ ਵਿੱਚ ਹਨ ਤੇ ਉੱਥੋਂ ਹੀ ਉਹ ਬੈਠੇ ਇਸ ਕਿਸਮ ਦੇ ਕਾਰੇ ਕਰ ਰਹੇ ਹਨ।ਇਨ੍ਹਾਂ ਤਿੰਨਾਂ ਰਾਜਾਂ ਵਿੱਚ ਭਾਜਪਾ ਦੀ ਸਰਕਾਰ ਹੈ।ਇਹ ਜੇਲ੍ਹਾਂ ਦੇ ਪ੍ਰਸ਼ਾਸਨ 'ਤੇ ਪ੍ਰਸ਼ਨ ਚਿੰਨ ਖੜੇ ਕਰਦਾ ਹੈ ਕਿ ਇਹ ਸੰਭਵ ਹੀ ਨਹੀਂ ਕਿ ਉਨ੍ਹਾਂ ਨੂੰ ਇਨ੍ਹਾਂ ਗੱਲਾਂ ਦਾ ਪਤਾ ਨਾ ਹੋਵੇ।ਦੂਜੇ ਪਾਸੇ ਇਹ ਵੀ ਪ੍ਰਸ਼ਨ ਹੈ ਕਿ ਕੀ ਸਰਕਾਰ ਦੀ ਸਹਿਮਤੀ ਤੋਂ ਬਿਨਾਂ ਇਸ ਕਿਸਮ ਦੀ ਕਮਜ਼ੋਰੀ ਜੇਲ੍ਹ ਪ੍ਰਸ਼ਾਸਨ ਦਿਖਾ ਸਕਦਾ ਹੈ? ਐੱਫ ਬੀ ਆਈ ਵੱਲੋਂ ਇਸ ਖੁਲਾਸੇ ਨੇ ਸਾਡੇ ਦੇਸ਼ ਦੀ ਸਾਖ ਤੇ ਬਹੁਤ ਵੱਡੀ ਸੱਟ ਮਾਰੀ ਹੈ।ਇਹ ਬੜੀ ਹੈਰਾਨੀ ਵਾਲੀ ਗੱਲ ਹੈ ਕਿ 24 ਘੰਟੇ ਦੇ ਬਾਅਦ ਵੀ ਨਾ ਤਾਂ ਭਾਰਤ ਸਰਕਾਰ, ਨਾ ਭਰਤ ਸਰਕਾਰ ਦੀ ਕੋਈ ਏਜੰਸੀ, ਸੀ ਬੀ ਆਈ ਜਾਂ ਐੱਨ ਆਈ ਏ ਜਾਂ ਐੱਨ ਐੱਸ ਏ ਨੇ ਇਸ ਬਾਬਤ ਕੋਈ ਬਿਆਨ ਦਿੱਤਾ ਹੈ।ਅਮਿਤ ਸ਼ਾਹ ਜੋ ਕਿ ਗ੍ਰਹਿ ਮੰਤਰੀ ਹਨ, ਉਨ੍ਹਾਂ 'ਤੇ ਸਿੱਧਾ ਸਵਾਲ ਆਉਂਦਾ ਹੈ, ਕਿਉਂਕਿ ਲਾਰੈਂਸ ਬਿਸ਼ਨੋਈ ਗੁਜਰਾਤ ਦੀ ਜੇਲ੍ਹ ਵਿੱਚ ਹੈ, ਜਿੱਥੋਂ ਕਿ ਅਮਿਤ ਸ਼ਾਹ ਆਉਂਦੇ ਹਨ ਤੇ ਦੂਸਰਾ ਹੁਣ ਇਸ ਮਾਮਲੇ ਨੇ ਅੰਤਰਰਾਸ਼ਟਰੀ ਤੂਲ ਪਕੜ ਲਈ ਹੈ, ਜੋ ਕਿ ਇਕ ਬਹੁਤ ਹੀ ਗੰਭੀਰ ਵਿਸ਼ਾ ਹੈ।ਇਹ ਵੀ ਪ੍ਰਸ਼ਨ ਹੁਣ ਸੋਚਣ ਵਾਲੇ ਹਨ ਕਿ ਕੀ ਸਾਡੇ ਦੇਸ਼ ਵਿੱਚ ਜੇਲ੍ਹ ਨਿਯਮ ਸੁਧਾਰ, ਪੁਲਸ ਨਿਯਮ ਸੁਧਾਰ ਤੇ ਨਿਆਪਾਲਿਕਾ ਦੇ ਸੁਧਾਰ ਕਰਨਾ ਜ਼ਰੂਰੀ ਹੋ ਗਿਆ ਹੈ।ਪੁਲਸ ਦੇ ਕੰਮਾਂ ਵਿੱਚ ਪਾਰਦਰਸ਼ਤਾ ਨਾ ਹੋਣ ਕਾਰਨ ਅੱਜ ਮੋਦੀ ਸਰਕਾਰ ਸਾਰੇ ਦੇਸ਼ ਨੂੰ ਪੁਲਸ ਰਾਜ ਵਜੋਂ ਵਰਤਨਾ ਚਾਹੁੰਦੀ ਹੈ ਤੇ ਛੋਟੀਆਂ ਛੋਟੀਆਂ ਗੱਲਾਂ 'ਤੇ ਕੁਝ ਚੋਣਵੇ ਦੋਸ਼ੀਆਂ ਦੇ ਘਰਾਂ ਤੇ ਬੁਲਡੋਜ਼ਰ ਫੇਰ ਰਹੀ ਹੈ, ਜਦੋਂ ਕਿ ਦੂਸਰੇ ਦੋਸ਼ੀਆਂ 'ਤੇ ਕੋਈ ਕਾਰਵਾਈ ਤੱਕ ਨਹੀਂ ਹੁੰਦੀ।ਇਸ ਲਈ ਪੁਲਸ ਦੀ ਜਵਾਬਦੇਹੀ ਤੇ ਪਾਰਦਰਸ਼ਤਾ ਵਰਗੇ ਕਾਨੂੰਨ ਮਾਹਰਾਂ ਦੀ ਰਾਏ ਦੇ ਮੁਤਾਬਕ ਬਣਾਉਣੇ ਅਤੀ ਜ਼ਰੂਰੀ ਹੋ ਗਏ ਹਨ।ਬਿਆਨ ਜਾਰੀ ਕਰਨ ਵਾਲਿਆਂ ਵਿੱਚ ਕਾਮਰੇਡ ਡੀ. ਪੀ. ਮੌੜ ਜ਼ਿਲ੍ਹਾ ਸਕੱਤਰ, ਐੱਮ. ਐੱਸ. ਭਾਟੀਆ, ਚਮਕੌਰ ਸਿੰਘ, ਡਾ. ਰਜਿੰਦਰ ਪਾਲ ਔਲਖ (ਸਾਰੇ ਸਹਾਇਕ ਸਕੱਤਰ), ਡਾ. ਅਰੁਣ ਮਿੱਤਰਾ, ਰਮੇਸ਼ ਰਤਨ, ਕੇਵਲ ਸਿੰਘ ਬਨਵੈਤ ਤੇ ਵਿਜੇ ਕੁਮਾਰ ਸ਼ਾਮਲ ਹਨ।

# ਕਾਮਰੇਡ ਹਰਪਾਲ ਸਿੰਘ ਮਜਾਲੀਆਂ ਦੀ ਯਾਦ 'ਚ ਸਮਾਗਮ ਅੱਜ

**ਦੋਰਾਹਾ, (ਹਰਮਿੰਦਰ ਸੇਠ)** : ਭਾਰਤੀ ਕਮਿਊਨਿਸਟ ਪਾਰਟੀ (ਸੀ.ਪੀ.ਆਈ.) ਬਲਾਕ ਦੋਰਾਹਾ ਵੱਲੋਂ ਜ਼ਿੰਦਾ ਸ਼ਹੀਦ ਕਾਮਰੇਡ ਹਰਪਾਲ ਸਿੰਘ ਮਜਾਲੀਆਂ, ਸਾਬਕਾ ਸਰਪੰਚ ਦੀ ਯਾਦ ਵਿੱਚ ਯਾਦਗਾਰੀ ਸਮਾਗਮ 10 ਜੁਲਾਈ ਨੂੰ ਕਾਮਰੇਡ ਜਗਜੀਤ ਸਿੰਘ ਬਾਗੀ ਭਵਨ ਸਮਰਾਲਾ ਵਿਖੇ ਸਵੇਰੇ 10 ਵਜੇ ਕਰਵਾਇਆ ਜਾਵੇਗਾ।ਇਸ ਸਬੰਧੀ ਜਾਣਕਾਰੀ ਸੀ.ਪੀ.ਆਈ. ਪੰਜਾਬ ਕੰਟਰੋਲ ਕਮਿਸ਼ਨ ਦੇ ਚੇਅਰਮੈਨ ਰਮੇਸ਼ ਕੁਮਾਰ ਰਤਨ, ਜ਼ਿਲ੍ਹਾ ਲੁਧਿਆਣਾ ਸਕੱਤਰ ਡੀ. ਪੀ. ਮੌੜ, ਡਾ. ਅਰੁਣ ਮਿੱਤਰਾ ਤੇ ਜ਼ਿਲ੍ਹਾ ਸਹਾਇਕ ਸਕੱਤਰ ਚਮਕੌਰ ਸਿੰਘ ਨੇ ਦਿੱਤੀ।ਉਨ੍ਹਾਂ ਦੱਸਿਆ ਕਿ ਕਾਮਰੇਡ ਹਰਪਾਲ ਸਿੰਘ ਮਜਾਲੀਆਂ ਦਾ ਜਨਮ 3 ਅਗਸਤ 1947 ਨੂੰ ਮਾਤਾ ਠਾਕਰੀ ਤੇ ਪਿਤਾ ਬੀਰ ਸਿੰਘ ਦੇ ਘਰ ਹੋਇਆ। ਉਨ੍ਹਾਂ ਖ਼ਾਲਸਾ ਕਾਲਜ ਲੁਧਿਆਣਾ ਵਿਖੇ ਪੜ੍ਹਾਈ ਦੌਰਾਨ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ (ਏ.ਆਈ.ਐੱਸ.ਐੱਫ.) ਰਾਹੀਂ ਵਿਦਿਆਰਥੀ ਹੱਕਾਂ ਲਈ ਸੰਘਰਸ਼ ਕੀਤਾ।ਐੱਲ.ਐੱਲ.ਬੀ. ਦੀ ਸਿੱਖਿਆ ਪੂਰੀ ਕਰਨ ਉਪਰੰਤ ਉਨ੍ਹਾਂ ਮੁਹਾਲੀ-ਰੋਪੜ ਖੇਤਰ ਵਿੱਚ ਸਾਲ 1982 ਦੌਰਾਨ ਏਟਕ (ਏ.ਆਈ.ਟੀ.ਯੂ.ਸੀ.) ਦੀ ਸਥਾਪਨਾ ਵਿੱਚ ਅਹਿਮ ਭੂਮਿਕਾ ਨਿਭਾਈ।ਵਕਾਲਤ ਦੇ ਨਾਲ-ਨਾਲ ਉਨ੍ਹਾਂ ਨੇ ਪਿੰਡ ਮਜਾਲੀਆਂ ਦੀ ਸਰਪੰਚੀ ਕਰਕੇ ਲੋਕ ਸੇਵਾ ਨੂੰ ਆਪਣਾ ਜੀਵਨ ਸਮਰਪਤ ਕੀਤਾ। ਉਨ੍ਹਾਂ ਦੱਸਿਆ ਕਿ ਅੱਤਵਾਦ ਦੇ ਕਾਲੇ ਦੌਰ ਦੌਰਾਨ ਸਾਲ 1992 ਵਿੱਚ ਕਾਮਰੇਡ ਹਰਪਾਲ ਸਿੰਘ ਮਜਾਲੀਆਂ ਉੱਤੇ ਜਾਨਲੇਵਾ ਹਮਲਾ ਹੋਇਆ।ਇਸ ਹਮਲੇ ਵਿੱਚ ਗੋਲੀਆਂ ਲੱਗਣ ਕਾਰਨ ਉਨ੍ਹਾਂ ਦੀ ਜਾਨ ਤਾਂ ਬਚ ਗਈ, ਪਰ ਉਹ ਤੁਰਨ-ਫਿਰਨ ਤੋਂ ਅਸਮਰੱਥ ਹੋ ਗਏ ਤੇ ਵ੍ਹੀਲਚੇਅਰ ਦਾ ਸਹਾਰਾ ਲੈਣਾ ਪਿਆ।ਇਸ ਦੇ ਬਾਵਜੂਦ ਕਾਮਰੇਡ ਹਰਪਾਲ ਸਿੰਘ ਨੇ ਹਿੰਮਤ ਨਹੀਂ ਹਾਰੀ।ਲਗਭਗ 30 ਸਾਲ ਵ੍ਹੀਲਚੇਅਰ 'ਤੇ ਰਹਿੰਦਿਆਂ ਵੀ ਉਹ ਆਪਣੀਆਂ ਲਿਖਤਾਂ ਤੇ ਵਿਚਾਰਾਂ ਰਾਹੀਂ ਲੋਕਾਂ ਨੂੰ ਜਾਗਰੂਕ ਕਰਦੇ ਰਹੇ ਤੇ ਮਿਹਨਤਕਸ਼ ਲੋਕਾਂ ਦੇ ਹੱਕਾਂ ਲਈ ਸੰਘਰਸ਼ ਕਰਦੇ ਰਹੇ। ਕਾਮਰੇਡ ਹਰਪਾਲ ਸਿੰਘ ਮਜਾਲੀਆਂ 12 ਜੁਲਾਈ 2020 ਨੂੰ ਇਸ ਸੰਸਾਰ ਤੋਂ ਵਿਛੋੜਾ ਲੈ ਗਏ। ਉਨ੍ਹਾਂ ਦੀ ਯਾਦ ਤੇ ਲੋਕ ਸੰਘਰਸ਼ਾਂ ਪ੍ਰਤੀ ਸਮਰਪਣ ਨੂੰ ਸਮਰਪਤ ਇਸ ਸਮਾਗਮ ਵਿੱਚ ਵੱਖ-ਵੱਖ ਆਗੂ ਤੇ ਕਾਰਕੁਨ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕਰਨਗੇ।ਸਮਾਗਮ ਸਬੰਧੀ ਪ੍ਰੈੱਸ ਨੂੰ ਜਾਣਕਾਰੀ ਕੇਵਲ ਸਿੰਘ ਮਜਾਲੀਆਂ ਨੇ ਦਿੱਤੀ।



# ਪੰਜਾਬ ਮੁਲਾਜ਼ਮ ਮੰਚ ਤੇ ਮੁਲਾਜ਼ਮ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਵਿਧਾਇਕਾ ਦੇ ਘਰ ਅੱਗੇ ਰੈਲੀ

**ਮੁੱਲਾਂਪੁਰ ਦਾਖਾ (ਗੁਰਮੇਲ ਸਿੰਘ ਮੈਲਡੇ)**-ਐੱਮ ਐੱਲ ਏ ਜਗਰਾਓਂ ਸ਼੍ਰੀਮਤੀ ਸਰਬਜੀਤ ਕੌਰ ਮਾਣੂਕੇ ਨੂੰ ਮੁਲਾਜ਼ਮਾਂ ਤੇ ਪੈਨਸ਼ਨਰ ਸਾਂਝਾ ਫਰੰਟ ਜਗਰਾਓਂ ਵੱਲੋਂ ਡੀ ਏ ਤੇ ਭਖਦੀਆਂ ਮੰਗਾਂ ਸਬੰਧੀ ਚਿਤਾਵਨੀ ਪੱਤਰ ਦਿੱਤਾ ਗਿਆ।ਇਸ ਸਮੇਂ ਐੱਮ ਐੱਲ ਏ ਦੇ ਘਰ ਅੱਗੇ ਰੈਲੀ ਕੀਤੀ ਗਈ ਤੇ ਇਸ ਰੈਲੀ ਨੂੰ ਸੰਬੋਧਨ ਕਰਦਿਆਂ ਪੈਨਸ਼ਨ ਯੂਨੀਅਨ ਦੇ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ, ਅਲੋਕ ਕੁਮਾਰ ਭੰਡਾਰੀ ਪ੍ਰਧਾਨ ਸਾਂਝਾ ਫਰੰਟ ਜਗਰਾਓਂ, ਮਨਜੀਤ ਸਿੰਘ ਸਵੱਦੀ, ਭੁਪਿੰਦਰ ਸਿੰਘ ਬਰਾੜ, ਬਿਜਲੀ ਬੋਰਡ ਰਸਾਲ ਸਿੰਘ ਜਨ: ਸਕੱਤਰ (ਏਟਕ) ਤੇ ਪਰਮਜੀਤ ਸਿੰਘ ਪੰਮੀ ਜਨ: ਸਕੱਤਰ ਪੰਜਾਬ ਪੈਨਸ਼ਨ ਯੂਨੀਅਨ, ਜਗਦੀਸ਼ ਸਿੰਘ ਕਾਉਂਕੇ ਤੇ ਮਾਸਟਰ ਜਸਵੰਤ ਸਿੰਘ ਕਾਉਂਕੇ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਸਰਕਾਰ ਦਾ ਮਲਾਜ਼ਮਾਂ/ਪੈਨਸ਼ਨਰਾਂ ਦੀਆਂ ਮੰਗਾਂ ਸਬੰਧੀ ਰਵੱਈਆ ਠੀਕ ਨਹੀਂ ਹੈ। ਹਾਈਕੋਰਟ ਦੇ ਸਿੰਗਲ ਬੈਂਚ ਵੱਲੋਂ ਮੁਲਾਜ਼ਮਾਂ ਦੇ ਹੱਕ ਵਿੱਚ ਦਿੱਤੇ ਫੈਸਲੇ ਨੂੰ ਲਾਗੂ ਕਰਨ ਦੀ ਬਜਾਏ ਇਸ ਫੈਸਲੇ ਨੂੰ ਸਟੇਅ ਕਰਵਾਉਣ ਲਈ ਡੱਬਲ ਬੈਂਚ ਅੱਗੇ ਐੱਲ ਪੀ ਏ ਪਾ ਦਿੱਤੀ ਤੇ ਸੀਨੀਅਰ ਵਕੀਲਾਂ ਦਾ ਸਹਾਰਾ ਲੈ ਰਹੀ ਹੈ। ਇਸ ਸਮੇਂ 42% ਡੀ ਏ ਪੰਜਾਬ ਦੇ ਮੁਲਾਜ਼ਮਾਂ ਨੂੰ ਮਿਲਦਾ ਹੈ, ਜਦੋਂਕਿ ਕੇਂਦਰ ਸਰਕਾਰ ਤੇ ਗੁਆਂਢੀ ਰਾਜ 60% ਡੀ ਏ ਦੇ ਰਹੇ ਹਨ। ਪੰਜਾਬ ਸਰਕਾਰ ਪਹਿਲਾਂ ਹੀ ਮੁਲਾਜ਼ਮਾਂ ਤੇ ਪੈਸ਼ਨਰਾਂ ਦੇ ਹੱਕ ਖੋਹ ਰਹੀ ਹੈ, ਜਿਵੇਂ ਕਿ ਪੇਂਡੂ ਭੱਤਾ, ਏ ਪੀ ਸੀ ਸਕੀਮ ਵੀ ਬੰਦ ਕਰ ਚੁੱਕੀ ਹੈ। ਮੰਗਾਂ ਨਾ ਮੰਨਣ ਤੇ ਡੀ ਏ ਦੀ ਅਦਾਇਗੀ ਨਾ ਕਰਨ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਰੋਸ ਹੈ ਅਤੇ ਮੁਲਾਜ਼ਮ ਪੈਨਸ਼ਨਰ ਆਪਣੇ ਆਪ ਨੂੰ ਲੁੱਟਿਆ ਹੋਇਆ ਮਹਿਸੂਸ ਕਰ ਰਹੇ ਹਨ।ਇਸ ਲਈ 17 ਜੁਲਾਈ 2026 ਨੂੰ ਮੋਹਾਲੀ ਵਿਖੇ ਵਿਸ਼ਾਲ ਰੈਲੀ ਉਪਰੰਤ ਰੋਸ ਮਾਰਚ ਕੀਤਾ ਜਾਵੇਗਾ ਤਾਂ ਜੋ ਸੱਤਾ ਦੇ ਨਸ਼ੇ ਵਿੱਚ ਮਦਹੋਸ਼ ਸਰਕਾਰ ਦੀ ਨੀਂਦ ਖੋਲ੍ਹੀ ਜਾ ਸਕੇ।ਇਸ ਸਮੇਂ ਸਵਰਨ ਸਿੰਘ ਹਠੂਰ, ਬਲਜੀਤ ਸਿੰਘ ਬਿਲੂ, ਪ੍ਰਿਤਪਾਲ ਸਿੰਘ ਪੰਡੋਰੀ, ਅਜਮੇਰ ਸਿੰਘ ਅਖਾੜਾ, ਬਚਿੱਤਰ ਸਿੰਘ ਧੋਥੜ ਬਿਜਲੀ ਬੋਰਡ ਜਗਤਾਰ ਸਿੰਘ, ਪੈਰਾਮੈਡੀਕਲ ਸਟਾਫ ਗੁਰਦੇਵ ਸਿੰਘ, ਹਰਨੇਕ ਸਿੰਘ ਭੁੱਲਰ, ਮਾਸਟਰ ਮਲਕੀਤ ਸਿੰਘ, ਅਵਤਾਰ ਸਿੰਘ, ਹਰਭਜਨ ਸਿੰਘ, ਰੋਡਵੇਜ਼ ਆਗੂ ਪ੍ਰਮਿੰਦਰ ਸਿੰਘ ਮਾਣੂਕੇ, ਅਮਰਜੀਤ ਸਿੰਘ ਮੱਲਾ, ਅਮ੍ਰਿਤਪਾਲ ਸਿੰਘ ਹਾਜ਼ਰ ਰਹੇ।

**ਡੀ ਏ ਤੇ ਭਖਦੀਆਂ ਮੰਗਾਂ ਸਬੰਧੀ ਦਿੱਤਾ ਚਿਤਾਵਨੀ ਪੱਤਰ**

# ਬਿਜਲੀ ਬੋਰਡ ਦੇ ਮੁਲਾਜ਼ਮਾਂ ਵੱਲੋਂ ਸਰਕਾਰ ਤੇ ਮੈਨੇਜਮੈਂਟ ਖਿਲਾਫ ਨਾਅਰੇਬਾਜ਼ੀ

**ਮਾਲੇਰਕੋਟਲਾ, (ਅਸਗਰ ਪਰਿਹਾਰ)**- ਮਾਲੇਰਕੋਟਲਾ ਡਵੀਜ਼ਨ ਵਿਖੇ 66 ਕੇ.ਵੀ. ਗਰਿੱਡ ਸਾਹਮਣੇ ਬਿਜਲੀ ਬੋਰਡ ਦੇ ਮੁਲਾਜ਼ਮਾਂ ਵੱਲੋਂ ਇੱਕ ਹੰਗਾਮੀ ਮੀਟਿੰਗ ਕੀਤੀ ਗਈ।ਇਸ ਮੀਟਿੰਗ ਦੌਰਾਨ ਵੱਖ-ਵੱਖ ਬੁਲਾਰਿਆਂ ਨੇ ਪੰਜਾਬ ਸਰਕਾਰ ਤੇ ਬਿਜਲੀ ਬੋਰਡ ਮੈਨੇਜਮੈਂਟ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਖ਼ਿਲਾਫ਼ ਜੰਮ ਕੇ ਭੜਾਸ ਕੱਢੀ ਅਤੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਬੁਲਾਰਿਆਂ ਨੇ ਦੋਸ਼ ਲਾਇਆ ਕਿ ਬਿਜਲੀ ਬੋਰਡ ਮੈਨੇਜਮੈਂਟ 17-07-2020 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਪ੍ਰਤੀ ਦੂਹਰੀ ਨੀਤੀ ਅਪਣਾ ਰਹੀ ਹੈ।ਉਨ੍ਹਾਂ ਸਵਾਲ ਚੁੱਕਿਆ ਕਿ ਜੇਕਰ 17-07-2020 ਵਾਲਾ ਪੱਤਰ ਪੰਜਾਬ ਸਰਕਾਰ ਦਾ ਹੈ, ਤਾਂ ਬਿਜਲੀ ਬੋਰਡ ਮੈਨੇਜਮੈਂਟ ਨੇ ਇਸ ਨੂੰ ਕਿਉਂ ਲਾਗੂ ਕੀਤਾ? ਦੂਜੇ ਪਾਸੇ, ਡੀ.ਏ. (ਮਹਿੰਗਾਈ ਭੱਤੇ) ਦਾ ਕੇਸ ਮਾਨਯੋਗ ਹਾਈ ਕੋਰਟ ਵਿੱਚ ਚੱਲ ਰਿਹਾ ਹੈ, ਜਿੱਥੇ ਮੈਨੇਜਮੈਂਟ ਇਹ ਹਲਫਨਾਮਾ ਦੇ ਰਹੀ ਹੈ ਕਿ ਪੀ.ਐੱਸ.ਪੀ.ਸੀ.ਐੱਲ. ਪੰਜਾਬ ਸਰਕਾਰ ਨਾਲੋਂ ਵੱਖਰੀ ਸੰਸਥਾ ਹੈ, ਇਸ ਲਈ ਉਹ ਡੀ.ਏ. ਨਹੀਂ ਦੇ ਸਕਦੇ।ਮੁਲਾਜ਼ਮਾਂ ਨੇ ਕਿਹਾ ਕਿ 'ਆਪ' ਸਰਕਾਰ ਤੇ ਮੈਨੇਜਮੈਂਟ ਮਿਲ ਕੇ ਮੁਲਾਜ਼ਮਾਂ ਦੇ ਹਿੱਤਾਂ ਨਾਲ ਖਿਲਵਾੜ ਕਰ ਰਹੀਆਂ ਹਨ, ਜਿਸ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਰੋਸ ਹੈ, ਜੋ ਹੁਣ ਜਲਦੀ ਹੀ ਜਵਾਲਾਮੁੱਖੀ ਬਣ ਕੇ ਫੁੱਟਣ ਵਾਲਾ ਹੈ। ਮੁਲਾਜ਼ਮ ਆਗੂਆਂ ਨੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਘੇਰਦਿਆਂ ਕਿਹਾ ਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ ਉਨ੍ਹਾਂ ਵਾਅਦਾ ਕੀਤਾ ਸੀ ਕਿ ਸਰਕਾਰ ਬਣਨ ਦੇ ਦੋ ਮਹੀਨਿਆਂ ਦੇ ਅੰਦਰ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰ ਦਿੱਤੀ ਜਾਵੇਗੀ, ਪ੍ਰੰਤੂ 4 ਸਾਲ ਤੋਂ ਵੱਧ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਇਹ ਵਾਅਦਾ ਵਫ਼ਾ ਨਹੀਂ ਹੋਇਆ।ਇਸ ਵਾਅਦਾਖਿਲਾਫੀ ਕਾਰਨ ਪੰਜਾਬ ਦੇ ਸਾਰੇ ਵਿਭਾਗਾਂ ਦੇ ਮੁਲਾਜ਼ਮ ਮੌਜੂਦਾ ਸਰਕਾਰ ਦੇ ਸਖ਼ਤ ਖ਼ਿਲਾਫ਼ ਹਨ ਤੇ ਆਉਣ ਵਾਲੇ ਸਮੇਂ ਵਿੱਚ ਚੋਣਾਂ ਦੌਰਾਨ ਵੋਟ ਦੀ ਚੋਟ ਮਾਰ ਕੇ ਸਰਕਾਰ ਨੂੰ ਸੱਤਾ ਤੋਂ ਬਾਹਰ ਦਾ ਰਸਤਾ ਦਿਖਾਉਣਗੇ।ਇਸ ਮੌਕੇ ਡਵੀਜ਼ਨ ਪ੍ਰਧਾਨ ਸਾਥੀ ਜਸਵੀਰ ਸਿੰਘ ਨੌਧਰਾਣੀ, ਪ੍ਰੈੱਸ ਸਕੱਤਰ ਹਰਵਿੰਦਰ ਸਿੰਘ, ਜਗਸੀਰ ਸਿੰਘ, ਪ੍ਰਦੀਪ ਸ਼ਰਮਾ, ਹਰਦੀਪ ਰੁੜਕਾ, ਰਵੀ ਜੋਸ਼ੀ, ਅਜਿੰਦਰ ਸਿੰਘ ਅਤੇ ਦਵਿੰਦਰ ਭੰਗੂ ਸਮੇਤ ਵੱਡੀ ਗਿਣਤੀ ਵਿੱਚ ਮੁਲਾਜ਼ਮ ਹਾਜ਼ਰ ਸਨ।



# ਖੇਤ 'ਚ ਕੰਮ ਕਰਦੇ ਸਮੇਂ ਪੈਰ ਫਿਸਲਣ ਕਾਰਨ ਮਜ਼ਦੂਰ ਦੀ ਮੌਤ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਪਿੰਡ ਨੀਲੋਵਾਲ ਦੇ ਸਾਬਕਾ ਸਰਪੰਚ ਰਛਪਾਲ ਸਿੰਘ ਪਾਲੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿੰਡ ਦੇ ਰਹਿਣ ਵਾਲੇ ਦਿਲਵਰ ਖਾਨ ਪੁੱਤਰ ਸਲਾਮਤ ਅਲੀ ਖਾਨ ਦੀ ਖੇਤ ਵਿੱਚ ਕੰਮ ਕਰਦੇ ਸਮੇਂ ਵਾਪਰੇ ਇੱਕ ਦੁਖਦਾਈ ਹਾਦਸੇ ਵਿੱਚ ਮੌਤ ਹੋ ਗਈ।ਉਨ੍ਹਾਂ ਦੱਸਿਆ ਕਿ ਦਿਲਵਰ ਖਾਨ ਖੇਤ ਵਿੱਚ ਯੂਰੀਆ ਖਾਦ ਪਾਉਣ ਦਾ ਕੰਮ ਕਰ ਰਿਹਾ ਸੀ।ਇਸ ਦੌਰਾਨ ਜਦੋਂ ਉਹ ਯੂਰੀਆ ਦੀ ਬੋਰੀ ਚੁੱਕ ਕੇ ਪੱਕੇ ਖਾਲ ਦੇ ਕੋਲੋਂ ਲੰਘ ਰਿਹਾ ਸੀ ਤਾਂ ਅਚਾਨਕ ਉਸ ਦਾ ਪੈਰ ਫਿਸਲ ਗਿਆ।ਪੈਰ ਫਿਸਲਣ ਕਾਰਨ ਉਹ ਜ਼ੋਰ ਨਾਲ ਡਿੱਗ ਪਿਆ, ਜਿਸ ਨਾਲ ਉਸ ਦੇ ਸਿਰ ਤੇ ਪੇਟ 'ਤੇ ਗੰਭੀਰ ਸੱਟਾਂ ਲੱਗੀਆਂ। ਹਾਦਸੇ ਤੋਂ ਤੁਰੰਤ ਬਾਅਦ ਮੌਕੇ 'ਤੇ ਮੌਜੂਦ ਲੋਕਾਂ ਤੇ ਪਰਿਵਾਰਕ ਮੈਂਬਰਾਂ ਵੱਲੋਂ ਉਸ ਨੂੰ ਇਲਾਜ ਲਈ ਸੁਨਾਮ ਦੇ ਇੱਕ ਨਿੱਜੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ।ਉੱਥੇ ਡਾਕਟਰਾਂ ਨੇ ਉਸ ਦੀ ਹਾਲਤ ਨਾਜ਼ੁਕ ਦੇਖਦੇ ਹੋਏ ਮੁੱਢਲੀ ਸਹਾਇਤਾ ਦੇਣ ਤੋਂ ਬਾਅਦ ਉਸ ਨੂੰ ਚੰਡੀਗੜ੍ਹ ਸਥਿਤ ਪੀਜੀਆਈ ਰੈਫਰ ਕਰ ਦਿੱਤਾ। ਪੀਜੀਆਈ ਵਿੱਚ ਡਾਕਟਰਾਂ ਵੱਲੋਂ ਹਰ ਸੰਭਵ ਇਲਾਜ ਕੀਤਾ ਗਿਆ, ਪਰ ਸਿਰ ਤੇ ਪੇਟ 'ਤੇ ਲੱਗੀਆਂ ਗੰਭੀਰ ਸੱਟਾਂ ਦੀ ਤਾਬ ਨਾ ਝੱਲਦਿਆਂ ਦਿਲਵਰ ਖਾਨ ਨੇ ਇਲਾਜ ਦੌਰਾਨ ਦਮ ਤੋੜ ਦਿੱਤਾ। ਉਸ ਦੀ ਮੌਤ ਦੀ ਖ਼ਬਰ ਮਿਲਦਿਆਂ ਹੀ ਪਿੰਡ ਨੀਲੋਵਾਲ ਤੇ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ। ਪਰਿਵਾਰ ਦਾ ਰੋ-ਰੋ ਕੇ ਬੁਰਾ ਹਾਲ ਹੈ ਤੇ ਪਿੰਡ ਵਾਸੀਆਂ ਨੇ ਵੀ ਇਸ ਦੁਖਦਾਈ ਘਟਨਾ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।



## ਤਿੰਨ ਰੋਜ਼ਾ ਗੁਰਮਤਿ ਸਮਾਗਮ ਸ਼ੁਰੂ

**ਚੀਮਾਂ ਮੰਡੀ, (ਰਵਿੰਦਰ ਚੀਮਾ)**-ਕਲਗੀਧਰ ਟਰੱਸਟ ਗੁ. ਬੜੂ ਸਾਹਿਬ ਵੱਲੋਂ ਬਾਬਾ ਸੰਤੋਖ ਸਿੰਘ ਤੇ ਭਾਈ ਦਰਸ਼ਨ ਸਿੰਘ ਦੀ ਬਰਸੀ ਨੂੰ ਸਮਰਪਤ ਤਿੰਨ ਰੋਜ਼ਾ ਗੁਰਮਤਿ ਸਮਾਗਮ ਗੁਰਦੁਆਰਾ ਜਨਮ ਅਸਥਾਨ ਚੀਮਾ ਵਿਖੇ 9, 10 ਤੇ 11 ਜੁਲਾਈ ਨੂੰ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ। ਸਮਾਗਮ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਪ੍ਰਸਿੱਧ ਰਾਗੀ, ਢਾਡੀ ਤੇ ਕਥਾਵਾਚਕ ਸੰਗਤਾਂ ਨੂੰ ਗੁਰਬਾਣੀ ਕੀਰਤਨ ਤੇ ਗੁਰਮਤਿ ਵਿਚਾਰਾਂ ਰਾਹੀਂ ਨਿਹਾਲ ਕਰਨਗੇ।ਇਸ ਤੋਂ ਇਲਾਵਾ 11 ਜੁਲਾਈ ਨੂੰ ਅੰਮ੍ਰਿਤ ਸੰਚਾਰ ਕਰਵਾਇਆ ਜਾਵੇਗਾ।ਸਮਾਗਮ ਦੌਰਾਨ ਬਾਬਾ ਜਸਵਿੰਦਰ ਸਿੰਘ ਹਰੇੜੀ ਵਾਲੇ, ਬਾਬਾ ਗੁਰਜੀਤ ਸਿੰਘ ਹਰੀਗੜ੍ਹ ਵਾਲੇ, ਬਾਬਾ ਜਗਤਾਰ ਸਿੰਘ ਕਾਹਨਗੜ੍ਹ ਵਾਲੇ ਤੇ ਕਲਗੀਧਰ ਟਰੱਸਟ ਗੁ. ਬੜੂ ਸਾਹਿਬ ਦੇ ਪ੍ਰਧਾਨ ਡਾ. ਦਵਿੰਦਰ ਸਿੰਘ ਸੰਗਤਾਂ ਨੂੰ ਪ੍ਰਵਚਨ ਦੇਣਗੇ।ਗੁਰਦੁਆਰਾ ਜਨਮ ਅਸਥਾਨ ਚੀਮਾ ਦੇ ਮੁੱਖ ਸੇਵਾਦਾਰ ਭਾਈ ਜਗਜੀਤ ਸਿੰਘ ਕਾਕਾ ਵੀਰ ਜੀ (ਉਪ ਪ੍ਰਧਾਨ ਕਲਗੀਧਰ ਟਰੱਸਟ ਗੁ. ਬੜੂ ਸਾਹਿਬ) ਨੇ ਸੰਗਤਾਂ ਨੂੰ ਸਮਾਗਮ 'ਚ ਵਧ ਚੜ੍ਹ ਕੇ ਸ਼ਮੂਲੀਅਤ ਕਰਨ ਲਈ ਬੇਨਤੀ ਕੀਤੀ।





## ਸਫਾਈ ਸੇਵਕਾਂ ਨੇ ਹੜਤਾਲ ਦੇ ਦੂਜੇ ਦਿਨ ਕਾਰਜ ਸਾਧਕ ਅਫ਼ਸਰ ਨੂੰ ਸੌਂਪਿਆ ਮੰਗ ਪੱਤਰ

**ਸ੍ਰੀ ਮੁਕਤਸਰ ਸਾਹਿਬ, 9 ਜੁਲਾਈ (ਸ਼ਮਿੰਦਰਪਾਲ/ਪੂਜਾ)**-ਸਫਾਈ ਸੇਵਕ ਯੂਨੀਅਨ (ਰਜਿ.) ਨਗਰ ਕੌਂਸਲ ਸ੍ਰੀ ਮੁਕਤਸਰ ਸਾਹਿਬ ਵੱਲੋਂ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਦੇ ਵਿਰੋਧ ਵਿੱਚ 8 ਜੁਲਾਈ 2026 ਤੋਂ ਅਣਮਿੱਥੇ ਸਮੇਂ ਲਈ ਕੰਮ-ਛੱਡ ਹੜਤਾਲ ਸ਼ੁਰੂ ਕਰਨ ਦਾ ਐਲਾਨ ਕੀਤਾ ਗਿਆ ਹੈ।ਇਹ ਫੈਸਲਾ ਯੂਨੀਅਨ ਵੱਲੋਂ ਜਾਰੀ ਪੱਤਰ ਰਾਹੀਂ ਨਗਰ ਕੌਂਸਲ ਦੇ ਕਾਰਜਸਾਧਕ ਅਫ਼ਸਰ ਨੂੰ ਵੀ ਸੂਚਿਤ ਕੀਤਾ ਗਿਆ ਹੈ।ਯੂਨੀਅਨ ਦੇ ਪ੍ਰਧਾਨ ਭਾਸ਼ ਲੁਕਮਾਨ ਚੰਦ ਨੇ ਦੱਸਿਆ ਕਿ ਪੰਜਾਬ ਭਰ ਦੇ ਸਫਾਈ ਸੇਵਕ, ਸੀਵਰਮੈਨ ਅਤੇ ਹੋਰ ਕਰਮਚਾਰੀ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਕਰ ਰਹੇ ਹਨ, ਪਰ ਸਰਕਾਰ ਵੱਲੋਂ ਕੋਈ ਠੋਸ ਕਦਮ ਨਹੀਂ ਚੁੱਕਿਆ ਗਿਆ।ਇਸ ਕਾਰਨ ਯੂਨੀਅਨ ਨੇ ਸੂਬਾ ਪੱਧਰ ਦੇ ਸੱਦੇ 'ਤੇ ਅਣਮਿੱਥੇ ਸਮੇਂ ਲਈ ਹੜਤਾਲ ਕਰਨ ਦਾ ਫੈਸਲਾ ਕੀਤਾ ਹੈ, ਜਿਸ ਦਾ ਅੱਜ ਦੂਸਰਾ ਦਿਨ ਹੈ।ਯੂਨੀਅਨ ਨੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਹੈ ਕਿ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਨੂੰ ਜਲਦ ਪੂਰਾ ਕੀਤਾ ਜਾਵੇ ਤਾਂ ਜੋ ਜਨਤਾ ਨੂੰ ਕਿਸੇ ਤਰ੍ਹਾਂ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ।ਹੜਤਾਲ ਕਾਰਨ ਸ਼ਹਿਰ ਦੀ ਸਫਾਈ ਵਿਵਸਥਾ ਪ੍ਰਭਾਵਿਤ ਹੋਣ ਲੱਗੀ ਹੈ ਤੇ ਹਰ ਪਾਸੇ ਕੂੜੇ ਦੇ ਢੇਰ ਨਜ਼ਰ ਆਉਣੇ ਸ਼ੁਰੂ ਹੋ ਗਏ ਹਨ।



## ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨੂੰ ਸਮਰਪਤ ਸੇਵਾ ਕੇਂਦਰ ਦਾ ਆਗਾਜ਼

**ਸੁਨਾਮ, (ਅਸ਼ੋਕ ਬਾਂਸਲ, ਹਾਕਮ ਭੱਟੀ)**-ਮਰਹੂਮ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੀ ਯਾਦ ਨੂੰ ਸਮਰਪਤ ਸ਼੍ਰੋਮਣੀ ਅਕਾਲੀ ਦਲ ਹਲਕਾ ਸੁਨਾਮ ਦੇ ਮੁੱਖ ਸੇਵਾਦਾਰ ਇੰਜਨੀਅਰ ਵਿਨਰਜੀਤ ਸਿੰਘ ਖਡਿਆਲ ਵੱਲੋਂ ਪਟਿਆਲਾ ਰੋਡ, ਕਚਹਿਰੀਆਂ ਕੋਲ, ਐੱਸਬੀਆਈ ਬੈਂਕ ਦੇ ਬਿਲਕੁਲ ਸਾਹਮਣੇ ਸੇਵਾ ਕੇਂਦਰ ਤੇ ਹਲਕੇ ਦੇ ਮੁੱਖ ਦਫ਼ਤਰ ਦਾ ਉਦਘਾਟਨ ਕੀਤਾ ਗਿਆ।ਸਮਾਗਮ ਦੀ ਸ਼ੁਰੂਆਤ ਗ੍ਰੰਥੀ ਸਿੰਘ ਵੱਲੋਂ ਅਰਦਾਸ ਉਪਰੰਤ ਕੀਤੀ ਗਈ, ਜਿਸ ਤੋਂ ਬਾਅਦ ਦਫ਼ਤਰ ਦਾ ਰਸਮੀ ਉਦਘਾਟਨ ਹੋਇਆ।ਇਸ ਮੌਕੇ ਮਨੁੱਖਤਾ ਦੀ ਸੇਵਾ ਨੂੰ ਸਮਰਪਤ ਇੱਕ ਵਿਸ਼ਾਲ ਖੂਨਦਾਨ ਕੈਂਪ ਵੀ ਲਗਾਇਆ ਗਿਆ, ਜਿਸ ਵਿੱਚ ਨੌਜਵਾਨਾਂ ਤੇ ਸਮਾਜ ਸੇਵੀਆਂ ਨੇ ਉਤਸ਼ਾਹ ਨਾਲ ਖੂਨ ਦਾਨ ਕੀਤਾ।ਇਸ ਦੇ ਨਾਲ ਹੀ ਗੁਰੂ ਦਾ ਅਤੁੱਟ ਲੰਗਰ ਵੀ ਵਰਤਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਤੇ ਇਲਾਕਾ ਨਿਵਾਸੀਆਂ ਨੇ ਸ਼ਿਰਕਤ ਕੀਤੀ।ਇਸ ਮੌਕੇ ਇੰਜਨੀਅਰ ਵਿਨਰਜੀਤ ਸਿੰਘ ਖਡਿਆਲ ਨੇ ਕਿਹਾ ਕਿ ਇਸ ਸੇਵਾ ਕੇਂਦਰ ਦਾ ਮੁੱਖ ਉਦੇਸ਼ ਹਲਕੇ ਦੇ ਹਰ ਲੋੜਵੰਦ ਵਿਅਕਤੀ ਤੱਕ ਮਦਦ ਪਹੁੰਚਾਉਣਾ ਹੈ।ਉਨ੍ਹਾਂ ਦੱਸਿਆ ਕਿ ਕੇਂਦਰ ਵਿੱਚ ਵੱਖ-ਵੱਖ ਸਰਕਾਰੀ ਤੇ ਗੈਰ-ਸਰਕਾਰੀ ਕੰਮਾਂ ਲਈ ਤਜਰਬੇਕਾਰ ਕਰਮਚਾਰੀ ਨਿਯੁਕਤ ਕੀਤੇ ਜਾਣਗੇ, ਜੋ ਲੋਕਾਂ ਦੀਆਂ ਲੋੜਾਂ ਅਨੁਸਾਰ ਉਨ੍ਹਾਂ ਦੀ ਹਰ ਸੰਭਵ ਸਹਾਇਤਾ ਕਰਨਗੇ।ਇੰਜਨੀਅਰ ਵਿਨਰਜੀਤ ਸਿੰਘ ਖਡਿਆਲ ਨੇ ਕਿਹਾ ਕਿ ਉਹ ਹਮੇਸ਼ਾ ਲੋਕਾਂ ਦੀ ਕਚਹਿਰੀ ਵਿੱਚ ਹਾਜ਼ਰ ਰਹਿ ਕੇ ਬਿਨਾਂ ਕਿਸੇ ਭੇਦਭਾਵ ਦੇ ਹਰ ਵਰਗ ਦੀ ਸੇਵਾ ਲਈ ਵਚਨਬੱਧ ਰਹਿਣਗੇ।ਉਨ੍ਹਾਂ ਕਿਹਾ ਕਿ ਲੋਕਾਂ ਦੀ ਸੇਵਾ ਹੀ ਉਨ੍ਹਾਂ ਦਾ ਮੁੱਖ ਮਕਸਦ ਹੈ ਤੇ ਹਰ ਲੋੜਵੰਦ ਨੂੰ ਇਨਸਾਫ਼ ਤੇ ਸਹਿਯੋਗ ਦਿਵਾਉਣ ਲਈ ਇਹ ਸੇਵਾ ਕੇਂਦਰ ਹਰ ਸਮੇਂ ਲੋਕਾਂ ਲਈ ਖੁੱਲ੍ਹਾ ਰਹੇਗਾ।




# ਪੱਤਰਕਾਰ ਵੱਲੋਂ ਫੜ ਕੇ ਪੁਲਸ ਹਵਾਲੇ ਕੀਤਾ ਚੋਰ ਚਕਮਾ ਦੇ ਕੇ ਫਰਾਰ

**ਜ਼ੀਰਾ, (ਨਰਿੰਦਰ ਅਨੇਜਾ)**-ਮੁਹੱਲਾ ਜਟਾਂ ਵਾਲਾ ਜ਼ੀਰਾ ਵਿਖੇ ਇੱਕ ਸੁੰਨੇ ਪਏ ਘਰ ਵਿੱਚ ਲਗਾਤਾਰ ਚੋਰੀ ਕਰਨ ਆ ਰਹੇ ਚੋਰ ਨੂੰ ਪੱਤਰਕਾਰ ਵੱਲੋਂ ਫੜ ਕੇ ਥਾਣਾ ਸਿਟੀ ਜ਼ੀਰਾ ਦੀ ਪੁਲਸ ਹਵਾਲੇ ਕੀਤਾ ਗਿਆ, ਪਰ ਇਸ ਨੂੰ ਪੱਤਰਕਾਰ ਤੇ ਪੁਲਸ ਦੀ ਬਦਨਸੀਬੀ ਕਿਹਾ ਜਾਵੇ ਜਾਂ ਚੋਰ ਦੀ ਖੁਸ਼ਕਿਸਮਤੀ ਕਿ ਉਹ ਥਾਣਾ ਸਿਟੀ ਦੀ ਪੁਲਸ ਨੂੰ ਚਕਮਾ ਦੇ ਕੇ ਫਰਾਰ ਹੋ ਗਿਆ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪੱਤਰਕਾਰ ਸਤੀਸ਼ ਵਿੱਜ ਨੇ ਦੱਸਿਆ ਕਿ ਮੁਹੱਲਾ ਜੱਟਾਂ ਵਾਲਾ ਜ਼ੀਰਾ ਵਿਖੇ ਸਥਿਤ ਉਨ੍ਹਾਂ ਦੇ ਘਰ ਦੇ ਨਾਲ ਉਨ੍ਹਾਂ ਦੇ ਰਿਸ਼ਤੇਦਾਰਾਂ ਦਾ ਇੱਕ ਖਾਲੀ ਮਕਾਨ ਬੰਦ ਪਿਆ ਹੈ।ਉਸ ਨੇ ਦੱਸਿਆ ਕਿ ਕੁਝ ਦਿਨ ਪਹਿਲਾਂ ਇੱਕ ਚੋਰ ਪੌੜੀਆਂ ਦੇ ਰਸਤੇ ਵਿੱਚ ਲੱਗੇ ਸ਼ੀਸ਼ੇ ਨੂੰ ਤੋੜ ਕੇ ਘਰ ਵਿੱਚ ਦਾਖਲ ਹੋ ਗਿਆ ਤੇ ਕਾਫੀ ਸਾਮਾਨ ਚੋਰੀ ਕਰਕੇ ਲੈ ਗਿਆ।ਉਸ ਨੇ ਦੱਸਿਆ ਕਿ ਇਸ ਦੀ ਕਿਸੇ ਨੂੰ ਭਿਣਕ ਨਾ ਪੈਣ ਕਰਕੇ ਚੋਰ ਵੱਲੋਂ ਚੋਰੀ ਕਰਨ ਦਾ ਸਿਲਸਿਲਾ ਕੁਝ ਦਿਨ ਲਗਾਤਾਰ ਜਾਰੀ ਰਿਹਾ, ਪਰ ਜਿਸ ਘਰ ਵਿੱਚੋਂ ਚੋਰੀ ਕੀਤੀ ਗਈ, ਉਸ ਘਰ ਦੇ ਵਿੱਚੋਂ ਨਿਕਲਦੇ ਸਮੇਂ ਚੋਰ ਦੀ ਸੀ.ਸੀ.ਟੀ.ਵੀ. ਫੁਟੇਜ ਸਾਡੇ ਘਰ ਦੇ ਬਾਹਰ ਲੱਗੇ ਸੀ.ਸੀ.ਟੀ.ਵੀ. ਕੈਮਰਿਆਂ ਵਿੱਚ ਕੈਦ ਹੋ ਗਈ।ਉਸ ਨੇ ਦੱਸਿਆ ਕਿ ਚੋਰ ਦੀ ਸ਼ਨਾਖਤ ਕੀਤੀ ਗਈ ਤਾਂ ਉਹ ਇੱਕ ਪੇਸ਼ੇਵਰ ਚੋਰ ਨਿਕਲਿਆ, ਜੋ ਕਿ ਪਹਿਲਾਂ ਵੀ ਸ਼ਹਿਰ ਦੇ ਕਈ ਸੁੰਨੇ ਘਰਾਂ ਵਿੱਚ ਚੋਰੀਆਂ ਕਰ ਚੁੱਕਾ ਹੈ। ਉਸ ਨੇ ਦੱਸਿਆ ਕਿ ਉਸ ਵੱਲੋਂ ਕੀਤੀ ਗਈ ਚੋਰੀ ਦਾ ਇਕਬਾਲ ਕਰਨ 'ਤੇ ਜਦੋਂ ਉਸ ਨੂੰ ਫੜ ਕੇ ਥਾਣਾ ਸਿਟੀ ਜ਼ੀਰਾ ਦੀ ਪੁਲਸ ਨੂੰ ਸੂਚਿਤ ਕੀਤਾ ਗਿਆ ਤਾਂ ਥਾਣਾ ਸਿਟੀ ਜ਼ੀਰਾ ਵੱਲੋਂ ਭੇਜੇ ਗਏ ਡਿਊਟੀ ਅਫਸਰ ਏ.ਐੱਸ.ਆਈ. ਲਖਵੀਰ ਸਿੰਘ ਤੇ ਸਿਵਲ ਕੱਪੜਿਆਂ ਵਿੱਚ ਵਿੱਚ ਆਏ ਇੱਕ ਮੁਲਾਜ਼ਮ ਦੇ ਹਵਾਲੇ ਕਰ ਦਿੱਤਾ।ਉਸ ਨੇ ਦੱਸਿਆ ਕਿ ਥਾਣਾ ਸਿਟੀ ਜ਼ੀਰਾ ਦੀ ਪੁਲਸ ਨੇ ਦੋਸ਼ੀ ਖਿਲਾਫ ਬਣਦੀ ਸਖਤ ਕਾਰਵਾਈ ਕਰਨ ਦਾ ਭਰੋਸਾ ਦਿੱਤਾ ਤੇ ਚੋਰ ਨੂੰ ਥਾਣਾ ਸਿਟੀ ਜ਼ੀਰਾ ਵਿਖੇ ਲੈ ਗਏ, ਪਰ ਉਸ ਦੇ ਪੈਰਾਂ ਹੇਠੋਂ ਉਸ ਸਮੇਂ ਜ਼ਮੀਨ ਖਿਸਕ ਗਈ ਜਦੋਂ ਪਤਾ ਲੱਗਾ ਕਿ ਥਾਣਾ ਸਿਟੀ ਜ਼ੀਰਾ ਦੀ ਪੁਲਸ ਨੂੰ ਚਕਮਾ ਦੇ ਕੇ ਚੋਰ ਥਾਣੇ ਵਿੱਚੋਂ ਫਰਾਰ ਹੋ ਗਿਆ ਹੈ।ਉਸ ਨੇ ਦੱਸਿਆ ਕਿ ਚੋਰ ਨੂੰ ਫੜਨਾ ਪੁਲਸ ਦਾ ਕੰਮ ਹੁੰਦਾ ਹੈ, ਪਰ ਪੁਲਸ ਦਾ ਕੰਮ ਸੁਖਾਲਾ ਕਰਨ ਵਾਸਤੇ ਅਸੀਂ ਚੋਰ ਵੀ ਫੜ ਕੇ ਪੁਲਸ ਦੇ ਹਵਾਲੇ ਕਰ ਦਿੱਤਾ, ਪਰ ਥਾਣਾ ਸਿਟੀ ਜ਼ੀਰਾ ਦੀ ਪੁਲਸ ਨੂੰ ਝਕਾਨੀ ਦੇ ਕੇ ਚੋਰ ਵੱਲੋਂ ਫਰਾਰ ਹੋ ਜਾਣਾ ਪੁਲਸ ਦੀ ਕਾਰਗੁਜ਼ਾਰੀ ਨੂੰ ਕਟਹਿਰੇ ਵਿੱਚ ਖੜਾ ਕਰ ਰਹੀ ਹੈ।ਉਸ ਨੇ ਸੀਨੀਅਰ ਪੁਲਸ ਕਪਤਾਨ ਫਿਰੋਜ਼ਪੁਰ ਤੋਂ ਮੰਗ ਕੀਤੀ ਹੈ ਕਿ ਇਸ ਮਾਮਲੇ ਦੀ ਪੜਤਾਲ ਕਰਕੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ ਤੇ ਉਕਤ ਪੇਸ਼ੇਵਰ ਚੋਰ ਨੂੰ ਗ੍ਰਿਫਤਾਰ ਕੀਤਾ ਜਾਵੇ।

**ਪੁਲਸ ਦੀ ਕਾਰਗੁਜ਼ਾਰੀ ਸ਼ੱਕ ਦੇ ਘੇਰੇ ਵਿੱਚ**

# ਸਰਵਹਿੱਤਕਾਰੀ ਵਿੱਦਿਆ ਮੰਦਰ ਦਾ ਸ਼ੇਖਰ ਤੇ ਨਰੂਲਾ ਵੱਲੋਂ ਦੌਰਾ

**ਜਗਰਾਉਂ (ਅਮਿਤ ਖੰਨਾ)**-ਸਰਵਹਿੱਤਕਾਰੀ ਵਿੱਦਿਆ ਮੰਦਰ ਵਿੱਚ ਵਿੱਦਿਆ ਭਾਰਤੀ ਦੇ ਸੀਨੀਅਰ ਉਪ ਪ੍ਰਧਾਨ ਸ਼੍ਰੀ ਨਵਦੀਪ ਸ਼ੇਖਰ ਤੇ ਲੁਧਿਆਣਾ ਵਿਭਾਗ ਸਚਿਵ ਸ੍ਰੀ ਸਤਪਾਲ ਨਰੂਲਾ ਨੇ ਸਕੂਲ ਦਾ ਦੌਰਾ ਕੀਤਾ।ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਸ੍ਰੀਮਤੀ ਨੀਲੂ ਨਰੂਲਾ ਵੱਲੋਂ ਤਿਲਕ ਲਗਾ ਕੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਉਪਰੰਤ ਪ੍ਰਿੰਸੀਪਲ ਨਾਲ ਇੱਕ ਵਿਸ਼ੇਸ਼ ਬੈਠਕ ਹੋਈ, ਜਿਸ ਵਿੱਚ ਸਕੂਲ ਦੇ ਵਿਕਾਸ, ਵਿਦਿਆਰਥੀਆਂ ਦੀ ਸਰਵਪੱਖੀ ਤਰੱਕੀ ਤੇ ਭਵਿੱਖ ਦੀਆਂ ਯੋਜਨਾਵਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਉਨ੍ਹਾਂ ਨੇ ਸੁਝਾਅ ਦਿੱਤਾ ਕਿ ਵਿਦਿਆਰਥੀਆਂ ਨੂੰ ਆਧੁਨਿਕ ਤਕਨੀਕਾਂ ਤੇ ਨਵੀਆਂ ਸਿੱਖਣ ਪੱਧਤੀਆਂ ਰਾਹੀਂ ਸਿੱਖਿਆ ਦਿੱਤੀ ਜਾਵੇ, ਤਾਂ ਜੋ ਉਹ ਸਮੇਂ ਦੇ ਨਾਲ ਕਦਮ ਮਿਲਾ ਸਕਣ ਤੇ ਹਰ ਖੇਤਰ ਵਿੱਚ ਆਪਣੀ ਵਿਲੱਖਣ ਪਹਿਚਾਣ ਬਣਾ ਸਕਣ।ਇਸ ਤੋਂ ਬਾਅਦ ਉਨ੍ਹਾਂ ਨੇ ਸਕੂਲ ਦੀਆਂ ਵੱਖ-ਵੱਖ ਜਮਾਤਾਂ ਦਾ ਦੌਰਾ ਕਰਕੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ ਤੇ ਉਨ੍ਹਾਂ ਦੀ ਪੜ੍ਹਾਈ, ਅਨੁਸ਼ਾਸਨ ਤੇ ਸਿੱਖਣ ਦੇ ਤਜਰਬਿਆਂ ਬਾਰੇ ਜਾਣਕਾਰੀ ਲਈ।ਉਨ੍ਹਾਂ ਨੇ ਸਕੂਲ ਦੀ ਸਾਇੰਸ ਲੈਬ, ਕੰਪਿਊਟਰ ਲੈਬ ਤੇ ਹੋਰ ਸਹੂਲਤਾਂ ਦਾ ਵੀ ਨਿਰੀਖਣ ਕੀਤਾ ਅਤੇ ਉਨ੍ਹਾਂ ਦੀ ਸ਼ਲਾਘਾ ਕੀਤੀ।ਅੰਤ ਵਿੱਚ ਸਕੂਲ ਦੀ ਮੈਨੇਜਮੈਂਟ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ, ਜਿਸ ਵਿੱਚ ਸਕੂਲ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ, ਵਿਦਿਆਰਥੀਆਂ ਲਈ ਨਵੀਆਂ ਸਹੂਲਤਾਂ ਉਪਲੱਬਧ ਕਰਵਾਉਣ ਤੇ ਗੁਣਵੱਤਾ ਭਰਪੂਰ ਸਿੱਖਿਆ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਕਈ ਮਹੱਤਵਪੂਰਨ ਯੋਜਨਾਵਾਂ 'ਤੇ ਵਿਚਾਰ ਕੀਤਾ ਗਿਆ।ਇਸ ਮੌਕੇ ਪ੍ਰਧਾਨ ਵਿਨੇ ਸਿੰਗਲਾ, ਸਰਪਰਸਤ ਰਵਿੰਦਰ ਗੁਪਤਾ, ਉਪ ਪ੍ਰਧਾਨ ਅਰੁਣ ਸਿੰਘਲਾ, ਐੱਮ.ਐੱਲ.ਬੀ. ਗੁਰੂਕੁਲ ਦੇ ਪ੍ਰਧਾਨ ਵਿਵੇਕ ਭਾਰਦਵਾਜ, ਮੈਂਬਰ ਸੁਰੇਸ਼ ਗਰਗ ਨੇ ਸਕੂਲ ਨੂੰ ਸਿੱਖਿਆ ਦੇ ਖੇਤਰ ਵਿੱਚ ਹੋਰ ਉੱਚਾਈਆਂ ਤੱਕ ਲਿਜਾਣ ਲਈ ਮਿਲਜੁਲ ਕੇ ਕੰਮ ਕਰਨ ਦਾ ਸੰਕਲਪ ਲਿਆ।



# ਪ੍ਰੋ. ਕੁਸ਼ਲਜੀਤ ਸਿੰਘ ਸੋਢੀ ਯੂ ਕੇ ਦੀ ਫੈਲੋਸ਼ਿਪ ਨਾਲ ਸਨਮਾਨਤ

**ਸਮਰਾਲਾ (ਸੁਰਜੀਤ ਸਿੰਘ)**-ਪੀਜੀਆਈ ਚੰਡੀਗੜ੍ਹ ਦੇ ਰੇਡੀਓਡਾਇਗਨੋਸਿਸ ਵਿਭਾਗ ਦੇ ਪ੍ਰੋਫੈਸਰ ਪ੍ਰੋ. ਕੁਸ਼ਲਜੀਤ ਸਿੰਘ ਸੋਢੀ ਨੂੰ ਲੰਡਨ (ਯੂ ਕੇ) ਦੇ ਸੈਂਟਰਲ ਹਾਲ ਵੈਸਟਮਿੰਸਟਰ ਵਿੱਚ ਸਮਾਗਮ ਦੌਰਾਨ ਰਾਇਲ ਕਾਲਜ ਆਫ਼ ਰੇਡੀਓਲੋਜਿਸਟਸ (ਆਰ ਸੀ ਆਰ) ਲੰਡਨ ਵੱਲੋਂ ਆਨਰੇਰੀ ਫੈਲੋਸ਼ਿਪ ਨਾਲ ਸਨਮਾਨਤ ਕੀਤਾ ਗਿਆ ਹੈ।ਇਹ ਰਾਇਲ ਕਾਲਜ ਵੱਲੋਂ ਦਿੱਤੇ ਜਾਣ ਵਾਲੇ ਸਭ ਤੋਂ ਉੱਚੇ ਤੇ ਬਹੁਤ ਹੀ ਦੁਰਲੱਭ ਸਨਮਾਨਾਂ ਵਿੱਚੋਂ ਇੱਕ ਹੈ।ਇਹ ਸਨਮਾਨ ਦੁਨੀਆ ਭਰ ਦੇ ਚੁਣਿੰਦਾ ਰੇਡੀਓਲੋਜਿਸਟਾਂ ਨੂੰ ਰੇਡੀਓਲੋਜੀ ਦੇ ਖੇਤਰ ਵਿੱਚ ਸ਼ਾਨਦਾਰ ਯੋਗਦਾਨ ਤੇ ਅੰਤਰਰਾਸ਼ਟਰੀ ਪੱਧਰ 'ਤੇ ਮੈਡੀਕਲ ਲੀਡਰਸ਼ਿਪ ਲਈ ਪ੍ਰਦਾਨ ਕੀਤਾ ਜਾਂਦਾ ਹੈ।ਪ੍ਰੋ. ਸੋਢੀ ਨੂੰ ਇਹ ਵੱਕਾਰੀ ਫੈਲੋਸ਼ਿਪ ਬਾਲ ਰੇਡੀਓਲੋਜੀ ਦੇ ਵਿਸ਼ਵ ਪੱਧਰੀ ਖੇਤਰ ਵਿੱਚ ਕਲੀਨਿਕਲ ਸੇਵਾਵਾਂ, ਖੋਜ, ਸਿੱਖਿਆ ਤੇ ਅਕਾਦਮਿਕ ਲੀਡਰਸ਼ਿਪ ਵਿੱਚ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਲਈ ਦਿੱਤੀ ਗਈ ਹੈ। ਮੌਜੂਦਾ ਸਮੇਂ ਪ੍ਰੋ. ਸੋਢੀ ਏਸ਼ੀਅਨ ਓਸ਼ੀਅਨਿਕ ਸੋਸਾਇਟੀ ਆਫ਼ ਪੀਡੀਐਟ੍ਰਿਕ ਰੇਡੀਓਲੋਜੀ ਦੇ ਉਪ ਪ੍ਰਧਾਨ ਵਜੋਂ ਸੇਵਾਵਾਂ ਨਿਭਾ ਰਹੇ ਹਨ ਤੇ ਇਹ ਅਹੁਦਾ ਸੰਭਾਲਣ ਵਾਲੇ ਪਹਿਲੇ ਭਾਰਤੀ ਹਨ।ਇਸ ਤੋਂ ਇਲਾਵਾ ਉਹ ਇੰਡੀਅਨ ਸੋਸਾਇਟੀ ਆਫ਼ ਪੀਡੀਐਟ੍ਰਿਕ ਰੇਡੀਓਲੋਜੀ ਦੇ ਪ੍ਰਧਾਨ ਵੀ ਹਨ।ਉਹ ਸਪ੍ਰਿੰਗਰ ਵੱਲੋਂ ਪ੍ਰਕਾਸ਼ਿਤ ਪੁਸਤਕ 'ਨਿਓਨੇਟਾਲ ਅਲਟਰਾਸਾਊਂਡ' ਦੇ ਸੰਪਾਦਕ ਹਨ



# ਸ਼ਿਵਜ ਕੁਮਾਰ ਖੁਦਕੁਸ਼ੀ ਮਾਮਲੇ 'ਚ 7 ਨਾਮਜ਼ਦ

**ਬਠਿੰਡਾ, (ਰਾਜੀਵ ਗੋਇਲ)** : ਬੀਤੇ ਦਿਨੀਂ ਹਲਕਾ ਰਾਮਪੁਰਾ ਫੂਲ ਦੇ ਪਿੰਡ ਕੇਸਰ ਸਿੰਘ ਵਾਲਾ ਵਿਖੇ ਮੌਜੂਦਾ ਸਰਪੰਚ ਔਰਤ ਦੇ ਪਤੀ ਸ਼ਿਵਜ ਕੁਮਾਰ ਵੱਲੋਂ ਫਾਹਾ ਲਗਾ ਕੇ ਖੁਦਕੁਸ਼ੀ ਕਰ ਲਈ ਗਈ ਸੀ, ਜਿਸ ਤੋਂ ਬਾਅਦ ਥਾਣਾ ਭਗਤਾ ਦੀ ਪੁਲਸ ਵੱਲੋਂ ਮ੍ਰਿਤਕ ਦੀ ਪਤਨੀ ਸਤਵੰਤ ਕੌਰ ਦੇ ਬਿਆਨਾਂ ਦੇ ਅਧਾਰ 'ਤੇ 7 ਵਿਅਕਤੀਆਂ ਵਿਰੁੱਧ ਮਾਮਲਾ ਦਰਜ ਕੀਤਾ ਗਿਆ ਹੈ। ਨਾਮਜ਼ਦ ਵਿਅਕਤੀਆਂ ਵਿੱਚ ਸਿਕੰਦਰ ਸਿੰਘ, ਦਰਸ਼ਨ ਸਿੰਘ, ਲਵਜੀਤ ਸਿੰਘ, ਜੀਵਨ ਸਿੰਘ, ਜਗਸੀਰ ਸਿੰਘ, ਗੁਰਪ੍ਰੀਤ ਸਿੰਘ ਤੇ ਗਮਦੂਰ ਸਿੰਘ ਸ਼ਾਮਲ ਹਨ। ਭਾਵੇਂ ਥਾਣਾ ਭਗਤਾ ਦੀ ਪੁਲਸ ਵੱਲੋਂ ਇਹ ਮਾਮਲਾ ਦਰਜ ਕਰ ਲਿਆ ਗਿਆ ਹੈ, ਪਰ ਥਾਣਾ ਭਗਤਾ ਦੇ ਮੁਖੀ ਪਰਬਤ ਸਿੰਘ ਦਾ ਕਹਿਣਾ ਸੀ ਕਿ ਪੁਲਸ ਡੂੰਘਾਈ ਨਾਲ ਤਫਤੀਸ਼ ਕਰਕੇ ਖੁਦਕੁਸ਼ੀ ਦੇ ਅਸਲ ਕਾਰਨਾਂ ਦਾ ਪਤਾ ਕਰ ਰਹੀ ਹੈ। ਇਸ ਮਾਮਲੇ ਵਿੱਚ ਕਿਸੇ ਸਮੇਂ ਕੋਈ ਵੀ ਮੋੜ ਆਉਣ ਦੀ ਸੰਭਾਵਨਾ ਬਣੀ ਹੋਈ ਹੈ। ਖ਼ਬਰ ਲਿਖੇ ਜਾਣ ਤੱਕ ਕਿਸੇ ਦੀ ਵੀ ਗ੍ਰਿਫਤਾਰੀ ਨਹੀਂ ਹੋਈ ਸੀ।



# ਟਰੱਕ ਦੀ ਟੱਕਰ ਨਾਲ ਨੂੰਹ ਦੀ ਮੌਤ, ਸੱਸ ਜ਼ਖ਼ਮੀ

**ਭਵਾਨੀਗੜ੍ਹ (ਰਾਜ ਖੁਰਮੀ)**-ਭਵਾਨੀਗੜ੍ਹ-ਸੰਗਰੂਰ ਮੁੱਖ ਮਾਰਗ 'ਤੇ ਪਿੰਡ ਫੱਗੂਵਾਲਾ ਦੇ ਕੱਟ ਨੇੜੇ ਬੁੱਧਵਾਰ ਨੂੰ ਵਾਪਰੇ ਦਰਦਨਾਕ ਸੜਕ ਹਾਦਸੇ ਵਿੱਚ ਇੱਕ ਔਰਤ ਦੀ ਮੌਤ ਹੋ ਗਈ, ਜਦਕਿ ਉਸ ਦੀ ਸੱਸ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਈ।ਪ੍ਰਾਪਤ ਜਾਣਕਾਰੀ ਅਨੁਸਾਰ ਗਾਂਧੀ ਨਗਰ ਦੀਆਂ ਰਹਿਣ ਵਾਲੀਆਂ ਸੱਸ-ਨੂੰਹ ਪਰਮਜੀਤ ਕੌਰ ਪੰਮੀ ਪਤਨੀ ਜੋਗਿੰਦਰ ਰਾਮ ਅਤੇ ਮਨਜੀਤ ਰਾਣੀ ਸਕੂਟਰੀ 'ਤੇ ਭਵਾਨੀਗੜ੍ਹ ਤੋਂ ਸੰਗਰੂਰ ਵੱਲ ਜਾ ਰਹੀਆਂ ਸਨ। ਜਿਵੇਂ ਹੀ ਉਹ ਪਿੰਡ ਫੱਗੂਵਾਲਾ ਦੇ ਕੱਟ ਨੇੜੇ ਪਹੁੰਚੀਆਂ ਤਾਂ ਪਿੱਛੋਂ ਆ ਰਹੇ ਇੱਕ ਟਰੱਕ ਨੇ ਸਕੂਟਰੀ ਨੂੰ ਟੱਕਰ ਮਾਰ ਦਿੱਤੀ। ਟੱਕਰ ਇੰਨੀ ਜ਼ਬਰਦਸਤ ਸੀ ਕਿ ਦੋਵੇਂ ਔਰਤਾਂ ਸੜਕ 'ਤੇ ਡਿਗ ਕੇ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਈਆਂ।ਇਸ ਦੌਰਾਨ ਉੱਥੋਂ ਲੰਘ ਰਹੇ ਐੱਸ.ਪੀ. ਨਵਰੀਤ ਸਿੰਘ ਤੂਰ ਨੇ ਤੁਰੰਤ ਆਪਣਾ ਵਾਹਨ ਰੋਕਿਆ ਅਤੇ ਸਥਾਨਕ ਲੋਕਾਂ ਦੀ ਮਦਦ ਨਾਲ ਦੋਵੇਂ ਜ਼ਖ਼ਮੀਆਂ ਨੂੰ ਇੱਕ ਥ੍ਰੀ-ਵੀਲਰ ਰਾਹੀਂ ਇਲਾਜ ਲਈ ਹਸਪਤਾਲ ਪਹੁੰਚਾਇਆ।ਗਾਂਧੀ ਨਗਰ ਤੋਂ ਮਿਲੀ ਜਾਣਕਾਰੀ ਅਨੁਸਾਰ ਇਲਾਜ ਦੌਰਾਨ ਮਨਜੀਤ ਰਾਣੀ ਨੇ ਦਮ ਤੋੜ ਦਿੱਤਾ, ਜਦਕਿ ਪਰਮਜੀਤ ਕੌਰ ਪੰਮੀ ਦੀ ਹਾਲਤ ਨਾਜ਼ੁਕ ਹੋਣ ਕਾਰਨ ਉਸ ਨੂੰ ਪਟਿਆਲਾ ਰੈਫਰ ਕਰ ਦਿੱਤਾ ਗਿਆ ।ਸੂਚਨਾ ਮਿਲਣ 'ਤੇ ਪੁਲਸ ਮੌਕੇ 'ਤੇ ਪਹੁੰਚ ਗਈ ਅਤੇ ਹਾਦਸੇ ਦੇ ਕਾਰਨਾਂ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।



# ਅਮਨਦੀਪ ਅਰੋੜਾ ਦੀ ਰਹਾਇਸ਼ ਅੱਗੇ ਧਰਨਾ ਤੇ ਰੈਲੀ ਭਲਕੇ



**ਮੋਗਾ, (ਇਕਬਾਲ ਸਿੰਘ ਖਹਿਰਾ)**-ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਪੰਜਾਬ ਤੇ ਸਾਂਝਾ ਮੁਲਾਜ਼ਮ ਮੰਚ ਵੱਲੋਂ ਜ਼ਿਲ੍ਹਾ ਕੋਆਰਡੀਨੇਸ਼ਨ ਕਮੇਟੀ ਮੋਗਾ ਦੇ ਦਿੱਤੇ ਸੱਦੇ ਮੁਤਾਬਕ ਜ਼ਿਲ੍ਹੇ ਦੇ ਮੁਲਾਜ਼ਮ ਤੇ ਪੈਨਸ਼ਨਰਜ਼ ਵੱਡੀ ਗਿਣਤੀ ਵਿੱਚ 11 ਵਜੇ ਐੱਮ ਐੱਲ ਏ ਅਮਨਦੀਪ ਕੌਰ ਆਰੋੜਾ ਦੀ ਰਹਾਇਸ਼ 'ਤੇ ਇੱਕਠੇ ਹੋ ਕੇ ਵਿਸ਼ਾਲ ਧਰਨਾ ਦੇਣਗੇ ਤੇ ਵੱਖ ਵੱਖ ਮੁਲਾਜ਼ਮ ਪੈਨਸ਼ਨਰ ਜਥੇਬੰਦੀਆਂ ਦੇ ਆਗੂ, ਪੰਜਾਬ ਦੀ ਮਾਨ ਸਰਕਾਰ ਵੱਲੋਂ ਵਾਰ ਵਾਰ ਸਮਾਂ ਦੇ ਕੇ ਮੀਟਿੰਗਾਂ ਤੋਂ ਭੱਜਣਾ ਤੇ ਮੰਗਾਂ ਮਸਲਿਆਂ ਨੂੰ ਹੱਲ ਕਰਨ ਦੀ ਬਜਾਏ, ਲਾਠੀਆਂ ਅੱਥਰੂ ਗੈਸ ਪਾਣੀ ਦੀਆਂ ਬੁਛਾੜਾਂ ਤੇ ਲਾਠੀਚਾਰਜ ਨਾਲ ਮੁਲਾਜ਼ਮਾਂ ਪੈਨਸ਼ਨਰਾਂ ਨੂੰ ਨਿਵਾਜਨਾ ਬਹੁਤ ਹੀ ਨਿੰਦਣਯੋਗ ਵਰਤਾਰਾ ਹੈ।ਸੂਬਾ ਪੱਧਰੀ ਕੋਆਰਡੀਨੇਸ਼ਨ ਕਮੇਟੀ ਦੇ ਆਗੂਆਂ ਨੇ ਸਰਕਾਰ ਨੂੰ ਚਿਤਾਵਨੀ ਪੱਤਰ ਜਾਰੀ ਕਰਕੇ ਮੰਗਾਂ ਦਾ ਨਿਪਟਾਰਾ ਨਾ ਕਰਨ ਦੀ ਸੂਰਤ ਵਿੱਚ 17 ਜੁਲਾਈ 2026 ਨੂੰ ਚੰਡੀਗੜ੍ਹ ਵਿਖੇ ਵਿਸ਼ਾਲ ਰੈਲੀ ਕਰਕੇ ਪੰਜਾਬ ਸਰਕਾਰ ਦੀਆਂ ਨੀਤੀਆਂ ਤੇ ਨੀਅਤ ਦਾ ਪਰਦਾ ਚਾਕ ਕਰਨ ਦਾ ਫੈਸਲਾ ਕੀਤਾ। ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਕੋਆਰਡੀਨੇਸ਼ਨ ਕਮੇਟੀ ਦੇ ਸੂਬਾ ਕਨਵੀਨਰ ਭਜਨ ਸਿੰਘ ਗਿੱਲ, ਸੁਰਿੰਦਰ ਰਾਮ ਕੁੱਸਾ ਮੈਂਬਰ ਸੂਬਾ ਕਮੇਟੀ, ਜ਼ਿਲ੍ਹਾ ਪ੍ਰਧਾਨ ਸੁਖਮੰਦਰ ਸਿੰਘ, ਜ਼ਿਲ੍ਹਾ ਸਕੱਤਰ ਸਰਬਜੀਤ ਦੌਧਰ, ਵਿਤ ਸਕੱਤਰ ਪ੍ਰੇਮ ਕੁਮਾਰ, ਪ੍ਰੈੱਸ ਸਕੱਤਰ ਗਿਆਨ ਸਿੰਘ ਨੇ ਜਾਣਕਾਰੀ ਦਿੱਤੀ ਕਿ ਪੈਨਸ਼ਨਰ ਐਸੋਸੀਏਸ਼ਨ ਦੀ ਇੱਕ ਬੱਸ ਧਰਨੇ 'ਤੇ ਪਹੁੰਚਣ ਲਈ 8.45 ਤੇ ਬਿਲਾਸਪੁਰ, 8.55 ਤੇ ਨਿਹਾਲ ਸਿੰਘ ਵਾਲਾ ਤੋਂ ਰਵਾਨਾ ਹੋਵੇਗੀ, ਜੋ ਨੌਂ ਵਜੇ ਜਵਾਹਰ ਸਿੰਘ ਵਾਲਾ ਖੋਟੇ, 9.15 ਤੇ ਮਾਣੂਕੇ, 9.25 ਤੇ ਨੱਥੋਕੇ ਤੋਂ 10 ਵਜੇ ਬਾਘਾ ਪੁਰਾਣਾ ਪਹੁੰਚੇਗੀ।10.05 ਤੇ ਮੋਗੇ ਰੈਲੀ ਤੇ ਜਾਣ ਲਈ ਬੁਆਇਜ਼ ਸਕੂਲ ਕੋਟਕਪੂਰਾ ਰੋਡ ਤੋਂ ਰਵਾਨਾ ਹੋਵੇਗੀ।ਇਸੇ ਤਰ੍ਹਾਂ ਧਰਮਕੋਟ, ਮੋਗਾ 1 ਤੇ 2 ਦੇ ਸਾਥੀ, ਦੌਧਰ, ਬੱਧਨੀ ਕਲਾਂ, ਢੁੱਡੀ ਕੇ, ਅਜਿਤਵਾਲ, ਡਗਰੂ, ਡਰੋਲੀ, ਘੱਲ ਕਲਾਂ ਤੇ ਹੋਰ ਪਿੰਡਾਂ ਤੋਂ ਪੈਨਸ਼ਨਰ ਸਾਥੀ ਆਪਣੇ ਸਾਧਨਾ ਰਾਹੀਂ ਵਹੀਰਾਂ ਘੱਤ ਕੇ ਧਰਨੇ 'ਚ ਪਹੁੰਚਣਗੇ।

# ਹਲਵਾਰਾ 'ਚ ਨੌਜਵਾਨ ਦੀ ਸ਼ੱਕੀ ਮੌਤ ਮਾਮਲੇ 'ਚ ਨਵਾਂ ਮੋੜ, ਦੋ ਦੋਸਤ ਗ੍ਰਿਫ਼ਤਾਰ

**ਰਾਏਕੋਟ (ਸੰਤੋਖ ਗਿੱਲ)**-ਥਾਣਾ ਸੁਧਾਰ ਅਧੀਨ ਪਿੰਡ ਹਲਵਾਰਾ ਦੇ 26 ਸਾਲਾ ਕਰਨਜੋਤ ਸਿੰਘ ਦੀ ਸ਼ੱਕੀ ਮੌਤ ਦੇ ਮਾਮਲੇ ਵਿੱਚ ਨਵਾਂ ਮੋੜ ਸਾਹਮਣੇ ਆਇਆ ਹੈ।ਸ਼ੁਰੂਆਤੀ ਜਾਂਚ ਦੌਰਾਨ ਹੀ ਇਸ ਨੂੰ ਕਤਲ ਦਾ ਮਾਮਲਾ ਮੰਨਿਆ ਜਾ ਰਿਹਾ ਸੀ, ਹੁਣ ਥਾਣਾ ਸੁਧਾਰ ਪੁਲਸ ਨੇ ਕਰਨਜੋਤ ਦੇ ਦੋ ਦੋਸਤਾਂ ਜਸ਼ਨਦੀਪ ਸਿੰਘ ਤੇ ਵਿਸ਼ਾਲਦੀਪ ਸਿੰਘ ਨੂੰ ਹਿਰਾਸਤ ਵਿੱਚ ਲੈ ਕੇ ਪੁੱਛਗਿੱਛ ਕੀਤੀ ਹੈ।ਪੁਲਸ ਅਨੁਸਾਰ ਉਨ੍ਹਾਂ ਘਟਨਾ ਵਾਲੀ ਰਾਤ ਇਕੱਠੇ ਬੈਠ ਕੇ ਚਿੱਟੇ ਦਾ ਨਸ਼ਾ ਕਰਨ ਦੀ ਗੱਲ ਕਬੂਲੀ ਹੈ।ਉਨ੍ਹਾਂ ਦੱਸਿਆ ਕਿ ਕਰਨਜੋਤ ਦੀ ਨਸ਼ੇ ਦਾ ਟੀਕਾ ਲਾਉਣ ਬਾਅਦ ਉਸ ਦੀ ਤਬੀਅਤ ਅਚਾਨਕ ਵਿਗੜ ਗਈ ਤੇ ਉਹ ਸਿਰ ਦੇ ਭਾਰ ਜ਼ਮੀਨ 'ਤੇ ਡਿੱਗ ਪਿਆ।ਇਸ ਤੋਂ ਬਾਅਦ ਉਹ ਦੋਵੇਂ ਘਬਰਾ ਕੇ ਮੌਕੇ ਤੋਂ ਫ਼ਰਾਰ ਹੋ ਗਏ।ਉਨ੍ਹਾਂ ਨੂੰ ਵੀ ਅਗਲੇ ਦਿਨ ਸਵੇਰੇ ਕਰਨਜੋਤ ਦੀ ਮੌਤ ਹੋਣ ਦੀ ਜਾਣਕਾਰੀ ਮਿਲੀ ਹੈ।ਪੁਲਸ ਨੇ ਗੈਰ-ਇਰਾਦਤਨ ਹੱਤਿਆ ਦੇ ਮਾਮਲੇ ਵਿੱਚ ਦੋਵੇਂ ਮੁਲਜ਼ਮਾਂ ਨੂੰ ਨਾਮਜ਼ਦ ਕਰ ਲਿਆ ਹੈ। ਕਾਬਲੇ-ਗ਼ੌਰ ਹੈ ਕਿ ਮੰਗਲਵਾਰ ਸਵੇਰੇ ਪਿੰਡ ਦੀ ਅਨਾਜ ਮੰਡੀ ਵਿੱਚ ਕਰਨਜੋਤ ਸਿੰਘ ਦੀ ਅੱਧ-ਨੰਗੀ ਲਾਸ਼ ਮਿਲੀ ਸੀ।ਮ੍ਰਿਤਕ ਦੇ ਸਿਰ ਤੇ ਸਰੀਰ 'ਤੇ ਗੰਭੀਰ ਸੱਟਾਂ ਦੇ ਨਿਸ਼ਾਨ ਸਨ, ਜਦਕਿ ਉਸ ਦੇ ਕੱਪੜੇ ਵੱਖ-ਵੱਖ ਥਾਵਾਂ ਤੋਂ ਬਰਾਮਦ ਹੋਏ ਸਨ।ਪਰਿਵਾਰਕ ਮੈਂਬਰਾਂ ਤੇ ਪਿੰਡ ਵਾਸੀਆਂ ਨੇ ਕਤਲ ਦਾ ਸ਼ੱਕ ਪ੍ਰਗਟਾਇਆ ਸੀ।ਡੀ.ਐੱਸ.ਪੀ ਦਾਖਾ ਕਰਨ ਸਿੰਘ ਸੰਧੂ ਤੇ ਥਾਣਾ ਸੁਧਾਰ ਦੇ ਮੁਖੀ ਸਾਹਿਬਮੀਤ ਸਿੰਘ ਅਨੁਸਾਰ ਦੋਵੇਂ ਮੁਲਜ਼ਮਾਂ ਨੂੰ ਕੇਸ ਵਿੱਚ ਨਾਮਜ਼ਦ ਕਰ ਲਿਆ ਹੈ।ਉਨ੍ਹਾਂ ਕਿਹਾ ਕਿ ਮਾਮਲੇ ਦੀ ਜਾਂਚ ਜਾਰੀ ਹੈ ਤੇ ਜੇਕਰ ਜਾਂਚ ਦੌਰਾਨ ਕਿਸੇ ਹੋਰ ਵਿਅਕਤੀ ਦੀ ਭੂਮਿਕਾ ਵੀ ਸਾਹਮਣੇ ਆਈ ਤਾਂ ਉਸ ਨੂੰ ਵੀ ਨਾਮਜ਼ਦ ਕਰਕੇ ਗ੍ਰਿਫ਼ਤਾਰ ਕੀਤਾ ਜਾਵੇਗਾ।ਮ੍ਰਿਤਕ ਦੇ ਪਿਤਾ ਅਜੀਤਪਾਲ ਸਿੰਘ ਨੇ ਦੱਸਿਆ ਕਿ ਕਰਨਜੋਤ ਸਿੰਘ ਲੁਧਿਆਣਾ ਦੀ ਇੱਕ ਨਿੱਜੀ ਕੰਪਨੀ ਵਿੱਚ ਡਰਾਈਵਰ ਵਜੋਂ ਕੰਮ ਕਰਦਾ ਸੀ।ਉਹ ਕੁਝ ਸਮੇਂ ਤੋਂ ਨਸ਼ੇ ਦੀ ਲਤ ਦਾ ਸ਼ਿਕਾਰ ਸੀ ਤੇ ਉਸ ਦਾ ਇਲਾਜ ਵੀ ਚੱਲ ਰਿਹਾ ਸੀ।

**ਦੋਵੇਂ ਮੁਲਜ਼ਮਾਂ ਨੇ ਚਿੱਟੇ ਦਾ ਨਸ਼ਾ ਕਰਨ ਦੀ ਗੱਲ ਕਬੂਲੀ ਹੈ: ਡੀ.ਐੱਸ.ਪੀ.**

# ਮੈਨੂੰ 10 ਹਜ਼ਾਰ ਮਾਣ-ਰਾਸ਼ੀ ਨਹੀਂ, ਮੇਰੇ ਪਿੰਡ ਲਈ ਪਾਣੀ ਤੇ ਵਿਕਾਸ ਚਾਹੀਦੈ : ਸਰਪੰਚ ਹਮੀਦੀ

**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)**-ਪੰਜਾਬ ਸਰਕਾਰ ਵੱਲੋਂ ਸਰਪੰਚਾਂ ਨੂੰ ਹਰ ਮਹੀਨੇ 10 ਹਜ਼ਾਰ ਰੁਪਏ ਮਾਣ-ਰਾਸ਼ੀ ਦੇਣ ਦੇ ਐਲਾਨ ਤੋਂ ਬਾਅਦ ਪਿੰਡ ਹਮੀਦੀ ਦੇ ਸਰਬਸੰਮਤੀ ਨਾਲ ਚੁਣੇ ਗਏ ਨੌਜਵਾਨ ਸਰਪੰਚ ਓਮਨਦੀਪ ਸਿੰਘ ਸੋਹੀ ਨੇ ਇੱਕ ਵੱਖਰੀ ਮਿਸਾਲ ਪੇਸ਼ ਕਰਦਿਆਂ ਇਹ ਮਾਣ-ਰਾਸ਼ੀ ਲੈਣ ਤੋਂ ਨਿਮਰਤਾ ਸਹਿਤ ਇਨਕਾਰ ਕਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਉਹ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦਾ ਦਿਲੋਂ ਧੰਨਵਾਦ ਕਰਦੇ ਹਨ ਕਿ ਉਨ੍ਹਾਂ ਨੇ ਸਰਪੰਚਾਂ ਦੀਆਂ ਜ਼ਿੰਮੇਵਾਰੀਆਂ ਤੇ ਖ਼ਰਚਿਆਂ ਨੂੰ ਧਿਆਨ ਵਿੱਚ ਰੱਖਦਿਆਂ ਇਹ ਫ਼ੈਸਲਾ ਲਿਆ ਹੈ, ਪਰ ਉਹ ਨਿੱਜੀ ਤੌਰ 'ਤੇ ਇਹ ਰਕਮ ਨਹੀਂ ਲੈਣਾ ਚਾਹੁੰਦੇ। ਸਰਪੰਚ ਸੋਹੀ ਨੇ ਕਿਹਾ ਕਿ ਪਿੰਡ ਹਮੀਦੀ ਦੇ ਲੋਕਾਂ ਨੇ ਉਨ੍ਹਾਂ ਨੂੰ ਸਰਬਸੰਮਤੀ ਨਾਲ ਪਿੰਡ ਦੀ ਸੇਵਾ ਕਰਨ ਲਈ ਚੁਣਿਆ ਹੈ, ਨਾ ਕਿ ਤਨਖ਼ਾਹ ਜਾਂ ਆਰਥਿਕ ਲਾਭ ਪ੍ਰਾਪਤ ਕਰਨ ਲਈ।ਉਨ੍ਹਾਂ ਕਿਹਾ ਕਿ ਮੇਰੇ ਲਈ ਲੋਕਾਂ ਦਾ ਵਿਸ਼ਵਾਸ, ਪਿਆਰ ਤੇ ਸਤਿਕਾਰ ਹੀ ਸਭ ਤੋਂ ਵੱਡਾ ਇਨਾਮ ਹੈ।ਵਾਹਿਗੁਰੂ ਨੇ ਮੈਨੂੰ ਬਹੁਤ ਕੁਝ ਦਿੱਤਾ ਹੈ ਤੇ ਮੈਨੂੰ ਕਿਸੇ ਮਾਣ-ਰਾਸ਼ੀ ਦੀ ਲੋੜ ਨਹੀਂ।ਉਨ੍ਹਾਂ ਮੁੱਖ ਮੰਤਰੀ ਪੰਜਾਬ ਨੂੰ ਯਾਦ ਦਿਵਾਇਆ ਕਿ ਮਹਿਲ ਕਲਾਂ ਵਿਖੇ ਹੋਈ ਲੋਕ ਮਿਲਣੀ ਦੌਰਾਨ ਪਿੰਡ ਹਮੀਦੀ ਦੀਆਂ ਮੁੱਖ ਸਮੱਸਿਆਵਾਂ ਸਬੰਧੀ ਮੰਗ-ਪੱਤਰ ਵੀ ਸੌਂਪਿਆ ਗਿਆ ਸੀ।ਉਨ੍ਹਾਂ ਕਿਹਾ ਕਿ ਪਿੰਡ ਦਾ ਕਰੀਬ 33 ਏਕੜ ਰਕਬਾ ਅੱਜ ਵੀ ਸਿੰਚਾਈ ਲਈ ਪਾਣੀ ਦੀ ਘਾਟ ਨਾਲ ਪ੍ਰਭਾਵਿਤ ਹੈ ਤੇ ਆਉਣ ਵਾਲੇ ਸਮੇਂ ਵਿੱਚ ਇਹ ਸਮੱਸਿਆ ਹੋਰ ਗੰਭੀਰ ਹੋ ਸਕਦੀ ਹੈ। ਇਸ ਲਈ ਉਨ੍ਹਾਂ ਨੂੰ ਪੂਰੀ ਉਮੀਦ ਹੈ ਕਿ ਪਿੰਡ ਵਿੱਚੋਂ ਲੰਘਦੇ ਸੂਏ ਨਾਲ ਜੁੜੀਆਂ ਤਿੰਨਾਂ ਨਾਲੀਆਂ ਨੂੰ ਅੰਡਰਗਰਾਊਂਡ ਪਾਈਪਲਾਈਨ ਰਾਹੀਂ ਜੋੜ ਕੇ ਪੂਰੇ ਰਕਬੇ ਲਈ ਸਿੰਚਾਈ ਦਾ ਪੱਕਾ ਪ੍ਰਬੰਧ ਕੀਤਾ ਜਾਵੇਗਾ। ਸਰਪੰਚ ਸੋਹੀ ਨੇ ਕਿਹਾ ਕਿ ਪੰਜਾਬ ਪਹਿਲਾਂ ਹੀ ਵੱਡੇ ਆਰਥਿਕ ਬੋਝ ਤੇ ਕਰਜ਼ੇ ਹੇਠ ਹੈ। ਅਜਿਹੇ ਸਮੇਂ ਵਿੱਚ ਸਰਕਾਰੀ ਧਨ ਦੀ ਵਰਤੋਂ ਲੋਕ ਭਲਾਈ ਤੇ ਬੁਨਿਆਦੀ ਵਿਕਾਸ ਕਾਰਜਾਂ 'ਤੇ ਹੋਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਪਾਣੀ, ਸੜਕਾਂ, ਸੀਵਰੇਜ, ਸਿੱਖਿਆ, ਸਿਹਤ ਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਪਹਿਲ ਦੇਣ ਨਾਲ ਲੱਖਾਂ ਲੋਕਾਂ ਨੂੰ ਸਿੱਧਾ ਲਾਭ ਮਿਲੇਗਾ।ਉਨ੍ਹਾਂ ਕਿਹਾ ਕਿ ਸਰਪੰਚ ਦਾ ਅਹੁਦਾ ਲੋਕ ਸੇਵਾ ਦਾ ਅਹੁਦਾ ਹੈ।ਇਸ ਅਹੁਦੇ ਦੀ ਅਸਲ ਤਾਕਤ ਲੋਕਾਂ ਦਾ ਭਰੋਸਾ ਹੁੰਦਾ ਹੈ, ਨਾ ਕਿ ਮਾਣ-ਰਾਸ਼ੀ।ਉਨ੍ਹਾਂ ਕਿਹਾ ਕਿ ਉਨ੍ਹਾਂ ਲਈ ਸਭ ਤੋਂ ਵੱਡਾ ਸਨਮਾਨ ਇਹ ਹੈ ਕਿ ਪਿੰਡ ਵਾਸੀਆਂ ਨੇ ਉਨ੍ਹਾਂ 'ਤੇ ਵਿਸ਼ਵਾਸ ਜਤਾਉਂਦਿਆਂ ਸਰਬਸੰਮਤੀ ਨਾਲ ਪਿੰਡ ਦੀ ਅਗਵਾਈ ਦੀ ਜ਼ਿੰਮੇਵਾਰੀ ਸੌਂਪੀ ਹੈ। ਉਨ੍ਹਾਂ ਪੰਜਾਬ ਭਰ ਦੇ ਸਰਪੰਚਾਂ ਨੂੰ ਵੀ ਅਪੀਲ ਕੀਤੀ ਕਿ ਜਿਨ੍ਹਾਂ ਦੀ ਆਰਥਿਕ ਸਥਿਤੀ ਇਜਾਜ਼ਤ ਦਿੰਦੀ ਹੈ, ਉਹ ਵੀ ਨਿੱਜੀ ਲਾਭ ਨਾਲੋਂ ਪੰਜਾਬ ਤੇ ਆਪਣੇ ਪਿੰਡਾਂ ਦੇ ਵਿਕਾਸ ਨੂੰ ਪਹਿਲ ਦੇਣ ਬਾਰੇ ਵਿਚਾਰ ਕਰਨ।ਉਨ੍ਹਾਂ ਕਿਹਾ ਕਿ ਜੇਕਰ ਅਸੀਂ ਸਾਰੇ ਮਿਲ ਕੇ ਪਿੰਡਾਂ ਦੀਆਂ ਬੁਨਿਆਦੀ ਲੋੜਾਂ ਨੂੰ ਪਹਿਲ ਦੇਵਾਂਗੇ ਤਾਂ ਪੰਜਾਬ ਦੇ ਵਿਕਾਸ ਨੂੰ ਨਵੀਂ ਦਿਸ਼ਾ ਮਿਲ ਸਕਦੀ ਹੈ। ਅੰਤ ਵਿੱਚ ਸਰਪੰਚ ਸੋਹੀ ਨੇ ਮੁੱਖ ਮੰਤਰੀ ਦਾ ਮੁੜ ਧੰਨਵਾਦ ਕਰਦਿਆਂ ਕਿਹਾ ਕਿ ਸਰਪੰਚਾਂ ਦੇ ਸਨਮਾਨ ਲਈ ਚੁੱਕਿਆ ਗਿਆ ਕਦਮ ਸ਼ਲਾਘਾਯੋਗ ਹੈ, ਪਰ ਉਨ੍ਹਾਂ ਲਈ ਸਭ ਤੋਂ ਵੱਡਾ ਸਨਮਾਨ ਉਦੋਂ ਹੋਵੇਗਾ, ਜਦੋਂ ਪਿੰਡ ਹਮੀਦੀ ਦੇ 33 ਏਕੜ ਰਕਬੇ ਲਈ ਸਿੰਚਾਈ ਦਾ ਪੱਕਾ ਪ੍ਰਬੰਧ ਹੋਵੇਗਾ ਤੇ ਪਿੰਡਾਂ ਦੀਆਂ ਬੁਨਿਆਦੀ ਲੋੜਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ।ਉਨ੍ਹਾਂ ਵਿਸ਼ਵਾਸ ਜਤਾਇਆ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਇਨ੍ਹਾਂ ਮੰਗਾਂ ਨੂੰ ਹਮਦਰਦੀ ਨਾਲ ਵਿਚਾਰ ਕੇ ਜਲਦੀ ਪੂਰਾ ਕਰੇਗੀ। ਉਨ੍ਹਾਂ ਅੰਤ ਵਿੱਚ ਕਿਹਾ ਕਿ ਉਹ ਹਮੇਸ਼ਾ ਆਪਣੇ ਪਿੰਡ ਦੇ ਵਿਕਾਸ ਲਈ ਸਮਰਪਤ ਰਹਿਣਗੇ ਤੇ ਲੋਕ ਸੇਵਾ ਨੂੰ ਹੀ ਆਪਣਾ ਸਭ ਤੋਂ ਵੱਡਾ ਫ਼ਰਜ਼ ਮੰਨਦੇ ਹਨ।



# ਧੂਰੀ ਦੋਹਰਾ ਕਤਲ ਕਾਂਡ : ਪੁਲਸ ਨੇ 24 ਘੰਟਿਆਂ 'ਚ ਸੁਲਝਾਈ ਗੁੱਥੀ

## 6 ਮੁਲਜ਼ਮ ਹਥਿਆਰਾਂ ਤੇ ਮੋਟਰਸਾਈਕਲਾਂ ਸਮੇਤ ਗ੍ਰਿਫ਼ਤਾਰ

**ਧੂਰੀ/ਸੰਗਰੂਰ**, (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)- ਜ਼ਿਲ੍ਹਾ ਸੰਗਰੂਰ ਪੁਲਸ ਨੇ ਇੱਕ ਵੱਡੀ ਸਫ਼ਲਤਾ ਹਾਸਲ ਕਰਦਿਆਂ ਥਾਣਾ ਸਿਟੀ ਧੂਰੀ ਦੇ ਇਲਾਕੇ ਵਿੱਚ ਹੋਏ ਦੋ ਨੌਜਵਾਨਾਂ ਦੇ ਅੰਨ੍ਹੇ ਕਤਲ ਦੀ ਗੁੱਥੀ ਨੂੰ ਮਹਿਜ਼ 24 ਘੰਟਿਆਂ ਅੰਦਰ ਸੁਲਝਾ ਲਿਆ ਹੈ।ਜ਼ਿਲ੍ਹਾ ਪੁਲਸ ਮੁਖੀ ਸੰਗਰੂਰ ਡਾ. ਰਵਜੋਤ ਗਰੇਵਾਲ ਨੇ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਮਾੜੇ ਅਨਸਰਾਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਪੁਲਸ ਨੇ ਮੁਸਤੈਦੀ ਦਿਖਾਉਂਦੇ ਹੋਏ ਇਸ ਸਨਸਨੀਖੇਜ਼ ਵਾਰਦਾਤ ਦੇ 6 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ।ਫੜੇ ਗਏ ਮੁਲਜ਼ਮਾਂ ਕੋਲੋਂ ਵਾਰਦਾਤ ਦੌਰਾਨ ਵਰਤੇ ਗਏ 2 ਮੋਟਰਸਾਈਕਲ ਵੀ ਬਰਾਮਦ ਕੀਤੇ ਗਏ। ਡਾ. ਗਰੇਵਾਲ ਨੇ ਦੱਸਿਆ ਕਿ ਲੰਘੀ 7 ਜੁਲਾਈ ਨੂੰ ਕੱਕੜਵਾਲ ਰੋਡ 'ਤੇ ਇੱਕ ਨਾਈ ਦੀ ਦੁਕਾਨ ਤੇ ਇੱਥੇ ਲੱਭੂ, ਸਾਵਨ, ਪ੍ਰਿੰਸ, ਕਰਨ ਰਟੋਲ, ਨੀਰਜ ਉਰਫ਼ ਸੈਂਡੀ, ਵਿੱਕੀ, ਰਿੰਕੂ, ਮੋਗਲੀ ਤੇ ਉਨ੍ਹਾਂ ਦੇ 7-8 ਹੋਰ ਅਣਪਛਾਤੇ ਸਾਥੀਆਂ ਨੇ ਮਾਰੂ ਹਥਿਆਰਾਂ ਨਾਲ ਲੈਸ ਹੋ ਕੇ ਦੇਵ ਕੁਮਾਰ ਉਰਫ਼ ਦੇਬੂ ਤੇ ਅਨਿਲ ਉਰਫ਼ ਬੱਬਾਂ 'ਤੇ ਘਾਤਕ ਹਮਲਾ ਕਰ ਦਿੱਤਾ।ਇਸ ਬੇਰਹਿਮੀ ਨਾਲ ਕੀਤੇ ਹਮਲੇ ਵਿੱਚ ਦੋਵਾਂ ਨੌਜਵਾਨਾਂ ਦੀ ਮੌਤ ਹੋ ਗਈ।ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਥਾਣਾ ਸਿਟੀ ਧੂਰੀ ਵਿਖੇ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਜਾਂਚ ਸ਼ੁਰੂ ਕੀਤੀ।ਸੀ.ਆਈ.ਏ. ਇੰਚਾਰਜ ਸੰਦੀਪ ਸਿੰਘ ਤੇ ਮੁੱਖ ਅਫ਼ਸਰ ਜਸਵੀਰ ਸਿੰਘ ਦੀਆਂ ਟੀਮਾਂ ਨੇ ਤਕਨੀਕੀ ਤੇ ਵਿਗਿਆਨਕ ਤਰੀਕਿਆਂ ਦੀ ਵਰਤੋਂ ਕਰਦੇ ਹੋਏ 24 ਘੰਟਿਆਂ ਅੰਦਰ ਹੀ ਛੇ ਮੁਲਜ਼ਮਾਂ ਲੱਭੂ, ਸਾਵਨ, ਪ੍ਰਿੰਸ, ਕਰਨ ਰਟੋਲ, ਰਮਨ ਤੇ ਪਵਨ ਨੂੰ ਦਬੋਚ ਲਿਆ। ਪੁਲਸ ਦੀ ਮੁਢਲੀ ਪੁੱਛਗਿੱਛ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਦੋਵਾਂ ਧਿਰਾਂ ਵਿਚਾਲੇ ਬੀਤੀ 14 ਜੂਨ 2026 ਨੂੰ ਵੀ ਝਗੜਾ ਹੋਇਆ ਸੀ, ਜਿਸ ਸਬੰਧੀ ਥਾਣਾ ਸਿਟੀ ਧੂਰੀ ਵਿਖੇ ਪਹਿਲਾਂ ਹੀ ਮੁਕੱਦਮਾ ਦਰਜ ਸੀ।ਇਸੇ ਪੁਰਾਣੀ ਲੜਾਈ ਦੀ ਰੰਜਿਸ਼ ਦਾ ਬਦਲਾ ਲੈਣ ਲਈ ਮੁਲਜ਼ਮਾਂ ਨੇ ਇਸ ਖ਼ੂਨੀ ਖੇਡ ਨੂੰ ਅੰਜਾਮ ਦਿੱਤਾ।ਪੁਲਸ ਵੱਲੋਂ ਮੁਲਜ਼ਮਾਂ ਦਾ ਰਿਮਾਂਡ ਹਾਸਲ ਕਰਕੇ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ ਤੇ ਬਾਕੀ ਫ਼ਰਾਰ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਜਾਰੀ ਹੈ



# ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਮੰਗਾਂ ਨੂੰ ਲੈ ਕੇ ਧਰਨਾ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਅਣਗੌਲਿਆ ਕਰਨ ਦੇ ਰੋਸ ਵਜੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਸਾਂਝੀ ਕੋਆਰਡੀਨੇਸ਼ਨ ਕਮੇਟੀ ਪੰਜਾਬ ਦੇ ਸੱਦੇ 'ਤੇ ਜੀਤ ਸਿੰਘ ਬੰਗਾ, ਕ੍ਰਿਸ਼ਨ ਲਾਲ ਬੱਤਰਾ, ਸੁਰਿੰਦਰ ਸਿੰਘ, ਹਰਪਾਲ ਸਿੰਘ, ਚੇਤ ਰਾਮ ਢਿੱਲੋਂ ਦੀ ਪ੍ਰਧਾਨਗੀ ਮਾਤਾ ਮੋਦੀ ਪਾਰਕ ਕੈਬਨਿਟ ਮੰਤਰੀ ਅਮਨ ਅਰੋੜਾ ਦੀ ਰਿਹਾਇਸ਼ ਨਜ਼ਦੀਕ ਰੋਹ ਭਰਪੂਰ ਧਰਨਾ ਦਿੱਤਾ ਤੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ।ਤਹਿਸੀਲਦਾਰ ਅਮ੍ਰਿਤਬੀਰ ਸਿੰਘ ਨੇ ਧਰਨੇ ਵਿੱਚ ਪਹੁੰਚ ਕੇ ਸਰਕਾਰ ਨੂੰ ਫਰੰਟ ਵੱਲੋਂ ਲਿਖਿਆ ਚਿਤਾਵਨੀ ਪੱਤਰ ਪ੍ਰਾਪਤ ਕੀਤਾ।ਧਰਨੇ ਨੂੰ ਸੰਬੋਧਨ ਕਰਦਿਆਂ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੇ ਆਗੂਆਂ ਰਾਮ ਸਰੂਪ ਢੈਪਈ, ਜਗਦੇਵ ਸਿੰਘ ਬਾਹੀਆ, ਜੀਤ ਸਿੰਘ ਬੰਗਾ, ਪਵਨ ਕੁਮਾਰ ਸ਼ਰਮਾ, ਸੁਰਿੰਦਰ ਸਿੰਘ, ਗੁਰਪ੍ਰੀਤ ਸਿੰਘ ਮੰਗਵਾਲ, ਦਾਤਾ ਸਿੰਘ ਨਮੋਲ, ਚੇਤ ਰਾਮ ਢਿੱਲੋਂ, ਦਰਸ਼ਨ ਸਿੰਘ ਭੂਰ, ਕ੍ਰਿਸ਼ਨ ਲਾਲ ਬੱਤਰਾ, ਹਰਪਾਲ ਸਿੰਘ ਚਮਨ ਲਾਲ ਲਾਲਕਾ, ਜਗਦੀਸ਼ ਸ਼ਰਮਾ, ਰਾਜ ਕੁਮਾਰ ਅਰੋੜਾ, ਸੁਰਿੰਦਰ ਕੁਮਾਰ ਬਾਲੀਆਂ, ਮੇਲਾ ਸਿੰਘ ਪੁੰਨ੍ਹਾਵਾਲ, ਫ਼ਕੀਰ ਸਿੰਘ, ਸੀਤਾ ਰਾਮ ਲਹਿਰਾ ਨੇ ਸੰਬੋਧਨ ਕਰਦਿਆਂ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਤੇ ਪੈਨਸ਼ਨਰ ਮਾਰੂ ਨੀਤੀਆਂ ਨੂੰ ਭੰਡਿਆ।ਬੁਲਾਰੇ ਆਗੂਆਂ ਨੇ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਵਾਜਬ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਸਰਕਾਰ ਨੂੰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਰੋਸ ਦਾ ਖਮਿਆਜ਼ਾ ਭੁਗਤਣਾ ਪਵੇਗਾ।

# ਜ਼ਿਲ੍ਹਾ ਤੇ ਸੈਸ਼ਨ ਜੱਜ ਵੱਲੋਂ ਕੇਂਦਰੀ ਜੇਲ੍ਹ ਤੇ ਮਹਿਲਾ ਜੇਲ੍ਹ ਦਾ ਦੌਰਾ

**ਬਠਿੰਡਾ, (ਪਰਵਿੰਦਰ ਜੀਤ ਸਿੰਘ)** ਸ੍ਰੀ ਕਰੁਨੇਸ਼ ਕੁਮਾਰ, ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ ਸਹਿਤ ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਠਿੰਡਾ, ਮਿਸ. ਬਲਜਿੰਦਰ ਕੌਰ ਮਾਨ, ਸਿਵਲ ਜੱਜ (ਸੀਨੀਅਰ ਡਵੀਜ਼ਨ)/ਸੀ.ਜੇ.ਐਮ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਠਿੰਡਾ, ਸ੍ਰੀ ਇੰਦਰਜੀਤ ਸਿੰਘ, ਜੇ.ਐਮ.ਆਈ.ਸੀ, ਬਠਿੰਡਾ ਵੱਲੋਂ ਕੇਂਦਰੀ ਜੇਲ੍ਹ, ਬਠਿੰਡਾ ਅਤੇ ਮਹਿਲਾ ਜੇਲ ਦਾ ਦੌਰਾ ਕੀਤਾ ਗਿਆ।



ਜ਼ਿਲਾ ਅਤੇ ਸੈਸ਼ਨ ਜੱਜ ਨੇ ਕਿਹਾ ਕਿ ਜੇਲ੍ਹ ਰੇਡੀਓ ਸਟੇਸ਼ਨ ਕੈਦੀਆਂ ਨੂੰ ਕਾਨੂੰਨੀ ਜਾਗਰੂਕਤਾ, ਸਿਹਤ ਸੰਬੰਧੀ ਜਾਣਕਾਰੀ, ਸਿੱਖਿਆ, ਪ੍ਰੇਰਣਾਦਾਇਕ ਸੰਦੇਸ਼ ਤੇ ਮਨੋਰੰਜਨ ਪ੍ਰਦਾਨ ਕਰਨ ਦੇ ਨਾਲ-ਨਾਲ ਉਨ੍ਹਾਂ ਦੇ ਸੁਧਾਰ ਅਤੇ ਪੁਨਰਵਾਸ ਵਿੱਚ ਅਹਿਮ ਭੂਮਿਕਾ ਨਿਭਾਏਗਾ।ਉਨ੍ਹਾਂ ਨੇ ਕੈਦੀਆਂ ਨਾਲ ਗੱਲਬਾਤ ਵੀ ਕੀਤੀ ਤੇ ਉਨ੍ਹਾਂ ਨੂੰ ਰੇਡੀਓ ਸਟੇਸ਼ਨ ਦੀਆਂ ਗਤੀਵਿਧੀਆਂ ਵਿੱਚ ਸਰਗਰਮ ਭਾਗ ਲੈਣ ਲਈ ਪ੍ਰੇਰਿਤ ਕੀਤਾ।ਜੇਲ੍ਹ ਪ੍ਰਸ਼ਾਸਨ ਨੇ ਇਸ ਪਹਿਲ ਨੂੰ ਕੈਦੀਆਂ ਦੇ ਸਰਵਪੱਖੀ ਵਿਕਾਸ ਵੱਲ ਇੱਕ ਮਹੱਤਵਪੂਰਨ ਕਦਮ ਦੱਸਿਆ।ਦੌਰੇ ਦੌਰਾਨ ਜ਼ਿਲ੍ਹਾ ਤੇ ਸੈਸ਼ਨ ਜੱਜ ਅਤੇ ਹੋਰ ਅਧਿਕਾਰੀਆਂ ਵੱਲੋਂ ਜੇਲ੍ਹ ਦੇ ਹਵਾਲਾਤੀਆਂ ਅਤੇ ਕੈਦੀਆਂ ਨਾਲ ਰੂ-ਬ-ਰੂ ਗੱਲਬਾਤ ਕੀਤੀ ਗਈ।ਉਨ੍ਹਾਂ ਕੈਦੀਆਂ ਦੀਆਂ ਸਮੱਸਿਆਵਾਂ, ਲੋੜਾਂ ਅਤੇ ਸੁਝਾਵਾਂ ਨੂੰ ਧਿਆਨ ਨਾਲ ਸੁਣਿਆ ਅਤੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੇ ਕਾਨੂੰਨੀ ਅਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਨੂੰ ਯਕੀਨੀ ਬਣਾਇਆ ਜਾਵੇਗਾ। ਕੈਦੀਆਂ ਨੂੰ ਉਨ੍ਹਾਂ ਦੇ ਕਾਨੂੰਨੀ ਅਧਿਕਾਰਾਂ, ਮੁਫ਼ਤ ਕਾਨੂੰਨੀ ਸਹਾਇਤਾ, ਸਿਹਤ ਸੇਵਾਵਾਂ ਤੇ ਸਰਕਾਰ ਵੱਲੋਂ ਉਪਲਬਧ ਵੱਖ-ਵੱਖ ਭਲਾਈ ਸਕੀਮਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ।ਇਸ ਉਪਰੰਤ ਜ਼ਿਲ੍ਹਾ ਤੇ ਸੈਸ਼ਨ ਜੱਜ ਜੀ ਵੱਲੋਂ ਜੇਲ੍ਹਾਂ ਵਿੱਚ ਉਪਲਬਧ ਰਿਹਾਇਸ਼, ਸਫ਼ਾਈ, ਰਸੋਈ, ਮੈਡੀਕਲ ਸਹੂਲਤਾਂ, ਸੁਰੱਖਿਆ ਪ੍ਰਬੰਧਾਂ ਤੇ ਹੋਰ ਬੁਨਿਆਦੀ ਸਹੂਲਤਾਂ ਦਾ ਜਾਇਜ਼ਾ ਲਿਆ ਗਿਆ।ਦੌਰੇ ਦੌਰਾਨ ਜੇਲ੍ਹ ਪ੍ਰਸ਼ਾਸਨ ਵੱਲੋਂ ਜੱਜ ਤੇ ਹੋਰ ਅਧਿਕਾਰੀਆਂ ਨੂੰ ਜੇਲ੍ਹਾਂ ਵਿੱਚ ਚੱਲ ਰਹੀਆਂ ਵੱਖ-ਵੱਖ ਸੁਧਾਰਾਤਮਕ, ਪੁਨਰਵਾਸ ਤੇ ਭਲਾਈ ਸੰਬੰਧੀ ਗਤੀਵਿਧੀਆਂ ਬਾਰੇ ਵੀ ਵਿਸਥਾਰਪੂਰਵਕ ਜਾਣੂ ਕਰਾਇਆ ਗਿਆ।

## ਪੰਜਾਬੀ ਲੈਕਚਰਾਰ ਭਰਤੀ 'ਚੋਂ 'ਇਲੈਕਟਿਵ ਪੰਜਾਬੀ' ਦੀ ਸ਼ਰਤ ਹਟਾਉਣ ਦੀ ਮੰਗ

**ਮਾਲੇਰਕੋਟਲਾ (ਅਸਗਰ ਪਰਿਹਾਰ)**- ਬੀ.ਐਡ. ਫਰੰਟ ਪੰਜਾਬ ਦੀ ਜ਼ਿਲ੍ਹਾ ਮਾਲੇਰਕੋਟਲਾ ਇਕਾਈ ਦੀ ਇੱਕ ਹੰਗਾਮੀ ਇਕੱਤਰਤਾ ਸਥਾਨਕ ਡਾ. ਜ਼ਾਕਿਰ ਹੁਸੈਨ ਸਟੇਡੀਅਮ ਵਿਖੇ ਹੋਈ। ਇਸ ਮੀਟਿੰਗ ਸਬੰਧੀ ਜਾਣਕਾਰੀ ਦਿੰਦਿਆਂ ਬੀ.ਐਡ. ਫਰੰਟ ਦੇ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਹੰਮਦ ਕਾਸ਼ਿਫ ਨੇ ਦੱਸਿਆ ਕਿ ਪਿਛਲੇ ਦਿਨੀਂ ਸਿੱਖਿਆ ਵਿਭਾਗ ਪੰਜਾਬ ਵੱਲੋਂ ਪੰਜਾਬੀ ਲੈਕਚਰਾਰਾਂ ਦੀ ਭਰਤੀ ਲਈ ਇਸ਼ਤਿਹਾਰ ਜਾਰੀ ਕੀਤਾ ਗਿਆ ਹੈ।ਇਸ ਭਰਤੀ ਲਈ ਵਿਭਾਗ ਵੱਲੋਂ ਐੱਮ.ਏ. (ਪੰਜਾਬੀ) 55 ਪ੍ਰਤੀਸ਼ਤ ਅੰਕਾਂ ਨਾਲ, ਸਬੰਧਤ ਵਿਸ਼ੇ ਵਿੱਚ ਬੀ.ਐਡ. ਅਤੇ ਗ੍ਰੈਜੂਏਸ਼ਨ (ਬੀ.ਏ.) ਵਿੱਚ ਪੰਜਾਬੀ ਇਲੈਕਟਿਵ ਵਿਸ਼ਾ ਤਿੰਨ ਸਾਲ ਪੜ੍ਹਿਆ ਹੋਣ ਦੀ ਸ਼ਰਤ ਰੱਖੀ ਗਈ ਹੈ। ਜ਼ਿਲ੍ਹਾ ਪ੍ਰਧਾਨ ਨੇ ਇਤਰਾਜ਼ ਜਤਾਉਂਦਿਆਂ ਦੱਸਿਆ ਕਿ ਸਾਲ 2015 ਵਿੱਚ ਹੋਈ ਪੰਜਾਬੀ ਲੈਕਚਰਾਰ ਭਰਤੀ ਵਿੱਚ ਇਲੈਕਟਿਵ ਵਿਸ਼ੇ ਦੀ ਅਜਿਹੀ ਕੋਈ ਸ਼ਰਤ ਨਹੀਂ ਸੀ। ਇਸ ਤੋਂ ਇਲਾਵਾ ਮਾਸਟਰ ਕਾਡਰ ਤੋਂ ਪੰਜਾਬੀ ਲੈਕਚਰਾਰ ਵਜੋਂ ਤਰੱਕੀ (ਪ੍ਰਮੋਸ਼ਨ) ਲੈਣ ਲਈ ਵੀ ਗ੍ਰੈਜੁਏਸ਼ਨ ਵਿੱਚ ਇਲੈਕਟਿਵ ਪੰਜਾਬੀ ਦੀ ਕੋਈ ਸ਼ਰਤ ਨਹੀਂ ਰੱਖੀ ਜਾਂਦੀ।ਹੁਣਵਿਭਾਗ ਵੱਲੋਂ ਗ੍ਰੈਜੁਏਸ਼ਨ ਵਿੱਚ ਪੰਜਾਬੀ ਇਲੈਕਟਿਵ ਦੀ ਅਣਲੋੜੀਂਦੀ ਸ਼ਰਤ ਲਗਾ ਕੇ ਹਜ਼ਾਰਾਂ ਯੋਗ ਅਧਿਆਪਕਾਂ ਅਤੇ ਉਮੀਦਵਾਰਾਂ ਨੂੰ ਇਸ ਮੁਕਾਬਲੇ ਤੋਂ ਬਾਹਰ ਕਰ ਦਿੱਤਾ ਗਿਆ ਹੈ।ਬੀ.ਐਡ. ਫਰੰਟ ਪੰਜਾਬ ਨੇ ਸਿੱਖਿਆ ਮੰਤਰੀ ਪੰਜਾਬ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਇਲੈਕਟਿਵ ਪੰਜਾਬੀ ਦੀ ਸ਼ਰਤ ਤੁਰੰਤ ਹਟਾਈ ਜਾਵੇ । ਇਸ ਮੀਟਿੰਗ ਵਿੱਚ ਸਟੇਟ ਕਮੇਟੀ ਮੈਂਬਰ ਮੁਹੰਮਦ ਬਸ਼ੀਰ, ਮੁਹੰਮਦ ਰਫ਼ੀਕ ਭੂਦਨ, ਅਖ਼ਤਰ ਰਸੂਲ, ਮੁਹੰਮਦ ਸ਼ੌਕਤ, ਅਸ਼ੀਸ਼ ਕੁਮਾਰ, ਮੁਹੰਮਦ ਸਾਬਰ ਹਥਨ, ਵਰਿੰਦਰ ਵਰਮਾ ਵਜੀਦਗੜ੍ਹ, ਮੁਜਾਹਿਦ ਅਲੀ ਖਾਨ, ਜ਼ਿਆ ਉੱਲਾਹ, ਬਲਜੀਤ ਸਿੰਘ, ਮੁਹੰਮਦ ਅਖ਼ਤਰ, ਸ੍ਰੀ ਅਤਾ-ਉਰ-ਰਹਿਮਾਨ ਅਤੇ ਮੁਹੰਮਦ ਜਮੀਲ ਸਮੇਤ ਵੱਡੀ ਗਿਣਤੀ ਵਿੱਚ ਅਧਿਆਪਕ ਹਾਜ਼ਰ ਸਨ।



## ਪੀ.ਡਬਲਯੂ.ਡੀ. ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਦੀ ਮੀਟਿੰਗ

**ਜਲਾਲਾਬਾਦ (ਜੀਤ ਕੁਮਾਰ)**-ਪੀ.ਡਬਲਯੂ.ਡੀ. ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਬ੍ਰਾਂਚ ਜਲਾਲਾਬਾਦ ਦੀ ਮੀਟਿੰਗ ਸ਼ਹੀਦ ਊਧਮ ਸਿੰਘ ਪਾਰਕ ਜਲਾਲਾਬਾਦ ਵਿਖੇ ਬ੍ਰਾਂਚ ਪ੍ਰਧਾਨ ਪਰਮਜੀਤ ਸਿੰਘ ਸੋਹਣਾ ਸਾਂਦੜ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਵਿਚ ਰਿਟਾਇਰ ਸਾਥੀ ਜੱਥੇਬੰਦੀ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਕ੍ਰਿਸ਼ਨ ਬਲਦੇਵ ਉਚੇਚੇ ਤੌਰ 'ਤੇ ਪੁੱਜੇ। ਮੀਟਿੰਗ ਵਿੱਚ ਵੱਖ-ਵੱਖ ਬੁਲਾਰਿਆਂ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚੋਣਾਂ ਸਮੇਂ ਮੁਲਾਜਮ ਨਾਲ ਕੀਤੇ ਵਾਅਦੇ ਪੂਰੇ ਨਹੀਂ ਕੀਤੇ। ਮੁਲਾਜਮ ਵਰਗ ਦੀਆਂ ਹੱਕੀ ਅਤੇ ਜਾਇਜ ਮੰਗਾਂ ਪੂਰੀਆਂ ਨਹੀਂ ਕੀਤੀਆਂ ਗਈਆਂ ਜਿਵੇ ਕਿ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਇਨਲਿਸਟਮੈਂਟ ਅਤੇ ਆਊਟਸੋਰਸ ਕਾਮਿਆਂ ਨੂੰ ਮਹਿਕਮੇ ਵਿੱਚ ਰੈਗੂਲਰ ਨਹੀਂ ਕੀਤਾ ਗਿਆ। ਕੇਂਦਰੀ ਪੈਟਰਨ 'ਤੇ 18 ਪ੍ਰਤੀਸ਼ਤ ਡੀ.ਏ ਨਹੀਂ ਦਿੱਤਾ। ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਮੁਲਾਜਮਾਂ ਦੀਆਂ ਹੱਕੀ ਤੇ ਜਾਇਜ ਮੰਗਾਂ ਦਾ ਹੱਲ ਜਲਦੀ ਨਾ ਕੀਤਾ ਗਿਆ ਤਾਂ ਜੱਥੇਬੰਦੀ ਵੱਲੋਂ ਸੰਘਰਸ਼ ਤੇਜ ਕੀਤਾ ਜਾਵੇਗਾ। ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸੀ.ਮੀਤ ਪ੍ਰਧਾਨ ਹਰਵੇਲ ਸਿੰਘ, ਕੈਸ਼ੀਅਰ ਸ਼ਾਮਾ ਨੰਦ, ਆਤਰ ਸਿੰਘ, ਸੁਖ ਨਰੈਣ, ਕਾਲਾ ਸਿੰਘ ਪ੍ਰਧਾਨ ਜਗਲਾਤ ਵਿਭਾਗ, ਹਰਜੀਤ ਸਿੰਘ, ਜਗਜੀਤ ਸਿੰਘ, ਸਰਦੂਲ ਸਿੰਘ, ਪ੍ਰਤਾਪ ਸਿੰਘ, ਸੱਜਣ ਸਿੰਘ, ਮੱਖਣ ਸਿੰਘ, ਲਖਵਿੰਦਰ ਸਿੰਘ ਜੰਗਲਾਤ, ਬਗੀਚਾ ਸਿੰਘ, ਮਹਿੰਦਰ ਕੁਮਾਰ ਨੇ ਵੀ ਸੰਬੋਧਨ ਕੀਤਾ।



## ਸਰਵ ਹਿੱਤਕਾਰੀ ਵਿਦਿਆ ਮੰਦਰ ਵਿਖੇ ਵਾਤਾਵਰਣ ਪੰਦਰਵਾੜਾ ਮਨਾਇਆ

**ਜਲਾਲਾਬਾਦ (ਜੀਤ ਕੁਮਾਰ)**-ਅਖਿਲ ਭਾਰਤੀ ਵਾਤਾਵਰਣ ਮੁਖੀ ਬਾਲਕ੍ਰਿਸ਼ਨ ਅਤੇ ਸੂਬਾਈ ਵਾਤਾਵਰਣ ਮੁਖੀ ਨਵਦੀਪ ਸ਼ੇਖਰ ਵਿਦਿਆ ਭਾਰਤੀ ਪੰਜਾਬ ਦੀ ਅਗਵਾਈ ਹੇਠ, ਪੰਜਾਬ ਦੇ ਸਾਰੇ ਵਿਦਿਆ ਭਾਰਤੀ ਸਕੂਲਾਂ ਵਿੱਚ 1 ਜੁਲਾਈ ਤੋਂ 15 ਜੁਲਾਈ ਤੱਕ 'ਵਾਤਾਵਰਣ ਪੰਦਰਵਾੜਾ' ਮਨਾਇਆ ਜਾ ਰਿਹਾ ਹੈ। ਇਸ ਪਹਿਲਕਦਮੀ ਦੇ ਹਿੱਸੇ ਵਜੋਂ, ਵਾਤਾਵਰਣ ਸੰਭਾਲ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਸਰਵ ਹਿੱਤਕਾਰੀ ਵਿਦਿਆ ਮੰਦਰ, ਜਲਾਲਾਬਾਦ ਵਿਖੇ ਵੱਖ-ਵੱਖ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ। ਸਕੂਲ ਦੇ ਵਾਤਾਵਰਣ ਇੰਚਾਰਜ, ਅਮਨ ਦੀਦੀ ਦੇ ਨਿਰਦੇਸ਼ਨ ਹੇਠ, ਸਕੂਲ ਦੇ ਵਿਹੜੇ ਵਿੱਚ ਲਗਭਗ 30 ਪੌਦੇ ਲਗਾਏ ਗਏ। ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਬਹੁਤ ਉਤਸ਼ਾਹ ਨਾਲ ਮੁਹਿੰਮ ਵਿੱਚ ਹਿੱਸਾ ਲਿਆ ਅਤੇ ਪੌਦਿਆਂ ਦੀ ਨਿਯਮਤ ਦੇਖਭਾਲ ਨੂੰ ਯਕੀਨੀ ਬਣਾਉਣ ਦਾ ਪ੍ਰਣ ਲਿਆ। ਸਕੂਲ ਦੇ ਪ੍ਰਿੰਸੀਪਲ ਗੁਰਮੀਤ ਮਦਾਨ ਨੇ ਕਿਹਾ, ਵਾਤਾਵਰਣ ਸੰਭਾਲ ਸਿਰਫ਼ ਇੱਕ ਮੁਹਿੰਮ ਨਹੀਂ ਹੈ, ਸਗੋਂ ਹਰ ਨਾਗਰਿਕ ਦਾ ਨੈਤਿਕ ਫਰਜ਼ ਹੈ। ਸਕੂਲ ਪ੍ਰਬੰਧਨ ਕਮੇਟੀ ਦੇ ਪ੍ਰਧਾਨ ਅਨਿਲ ਵਲੇਚਾ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਹਰੇਕ ਵਿਅਕਤੀ ਨੂੰ ਆਪਣੇ ਜੀਵਨ ਕਾਲ ਵਿੱਚ ਘੱਟੋ-ਘੱਟ ਇੱਕ ਪੌਦਾ ਲਗਾਉਣਾ ਚਾਹੀਦਾ ਹੈ ਅਤੇ ਇਸ ਦੀ ਦੇਖਭਾਲ ਦੀ ਜ਼ਿੰਮੇਵਾਰੀ ਲੈਣੀ ਚਾਹੀਦੀ ਹੈ। ਪ੍ਰੋਗਰਾਮ ਦੇ ਅੰਤ 'ਤੇ, ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਵਾਤਾਵਰਣ ਸੰਭਾਲ, ਵੱਡੇ ਪੱਧਰ 'ਤੇ ਰੁੱਖ ਲਗਾਉਣ ਅਤੇ ਇੱਕ ਸਾਫ਼ ਅਤੇ ਹਰੇ ਭਾਰਤ ਦੀ ਸਿਰਜਣਾ ਵਿੱਚ ਸਰਗਰਮੀ ਨਾਲ ਯੋਗਦਾਨ ਪਾਉਣ ਦਾ ਪ੍ਰਣ ਲਿਆ।



## ਲੋਕ ਮਿਲਣੀ ਦੌਰਾਨ ਅਰੋੜਾ ਨੇ ਸਮੱਸਿਆਵਾਂ ਹੱਲ ਕਰਨ ਦੇ ਦਿੱਤੇ ਨਿਰਦੇਸ਼

**ਮੋਗਾ (ਇਕਬਾਲ ਸਿੰਘ ਖਹਿਰਾ)**- ਮੋਗਾ ਵਿਧਾਨ ਸਭਾ ਹਲਕੇ ਦੀ ਆਮ ਆਦਮੀ ਪਾਰਟੀ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਬੀਤੇ ਦਿਨ ਕੌਂਸਲਰ ਗੁਰਵਿੰਦਰ ਕੌਰ ਦੇ ਵਾਰਡ ਨੰਬਰ-28 ਵਿੱਚ ਆਯੋਜਿਤ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਇਲਾਕਾ ਵਾਸੀਆਂ ਨਾਲ ਮੁਲਾਕਾਤ ਕੀਤੀ। ਇਸ ਮੌਕੇ ਉਨ੍ਹਾਂ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਯੋਜਨਾਵਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਅਤੇ ਲੋਕਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ। ਵਿਧਾਇਕਾ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਾਰਦਰਸ਼ੀ ਅਤੇ ਜਵਾਬਦੇਹ ਪ੍ਰਸ਼ਾਸਨ ਦੇਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮਕਸਦ ਪੰਜਾਬ ਦੇ ਹਰ ਵਰਗ ਤੱਕ ਵਿਕਾਸ ਦੇ ਲਾਭ ਪਹੁੰਚਾਉਣਾ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਯਕੀਨੀ ਬਣਾਉਣਾ ਹੈ। ਇਸ ਦੌਰਾਨ ਉਨ੍ਹਾਂ ਨੇ ਇਲਾਕਾ ਵਾਸੀਆਂ ਵੱਲੋਂ ਉਠਾਈਆਂ ਗਈਆਂ ਵੱਖ-ਵੱਖ ਸਮੱਸਿਆਵਾਂ ਦੇ ਜਲਦੀ ਨਿਪਟਾਰੇ ਲਈ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਵੀ ਦਿੱਤੇ ।



## ਲੋਕ ਸੰਗਰਾਮ ਮੋਰਚਾ ਸ਼ਹੀਦਾਂ ਦੀ ਯਾਦ 'ਚ ਕਰੇਗਾ ਸਿਆਸੀ ਕਾਨਫਰੰਸ : ਤਾਰਾ ਸਿੰਘ

**ਮੋਗਾ (ਇਕਬਾਲ ਸਿੰਘ ਖਹਿਰਾ)**- ਲੋਕ ਸੰਗਰਾਮ ਮੋਰਚਾ ਪੰਜਾਬ ਦੇ ਪ੍ਰੈਸ ਸਕੱਤਰ ਲੋਕਰਾਜ ਮਹਿਰਾਜ ਨੇ ਦੱਸਿਆ ਕਿ ਲੋਕ ਸੰਗਰਾਮ ਮੋਰਚਾ ਪੰਜਾਬ ਦੀ ਸੂਬਾ ਕਮੇਟੀ ਦੀ ਮੀਟਿੰਗ ਸੂਬਾ ਪ੍ਰਧਾਨ ਤਾਰਾ ਸਿੰਘ ਮੋਗਾ ਦੀ ਪ੍ਰਧਾਨਗੀ ਵਿੱਚ ਮੋਗਾ ਵਿਖੇ ਕੀਤੀ ਗਈ। ਮੀਟਿੰਗ ਦੇ ਵਿੱਚ ਫੈਸਲਾ ਕੀਤਾ ਕਿ ਜੁਲਾਈ ਮਹੀਨੇ ਦੇ ਸ਼ਹੀਦ ਕਾਮਰੇਡ ਚਾਰੂ ਮਜ਼ੂਮਦਾਰ, ਕਨਈ ਚੈਟਰਜੀ, ਕਾਮਰੇਡ ਬਾਬਾ ਬੂਝਾ ਸਿੰਘ, ਸ਼ਹੀਦ ਊਧਮ ਸਿੰਘ ਸੁਨਾਮ, ਸ਼ਹੀਦ ਪ੍ਰਿਥੀਪਾਲ ਸਿੰਘ ਰੰਧਾਵਾ, ਸ਼ਹੀਦ ਅਵਤਾਰ ਸਿੰਘ ਢੁੱਡੀਕੇ, ਸ਼ਹੀਦ ਲਾਲ ਇੰਦਰ ਕੁਮਾਰ ਲਾਲੀ ਦੀ ਯਾਦ ਦੇ ਵਿੱਚ 28 ਜੁਲਾਈ ਨੂੰ 10 ਵਜੇ ਨਛੱਤਰ ਸਿੰਘ ਯਾਦਗਾਰ ਹਾਲ ਮੋਗਾ ਵਿਖੇ ਸਿਆਸੀ ਕਾਨਫਰੰਸ ਕੀਤੀ ਜਾਵੇਗੀ। ਇਸ ਕਾਨਫਰੰਸ ਵਿੱਚ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਕ੍ਰਾਂਤੀਕਾਰੀ ਪਿੰਡੂ ਮਜ਼ਦੂਰ ਯੂਨੀਅਨ, ਈ- ਰਿਕਸ਼ਾ ਯੂਨੀਅਨ ਅਤੇ ਲੋਕ ਸੰਗਰਾਮ ਮੋਰਚਾ ਦੇ ਆਗੂ ਤੇ ਵਰਕਰ ਵੱਡੀ ਗਿਣਤੀ ਵਿੱਚ ਪੁੱਜਣਗੇ। ਪ੍ਰੋਗਰਾਮਾਂ ਦੀ ਤਿਆਰੀ ਲਈ 17 ਜੁਲਾਈ ਨੂੰ ਮੋਗਾ ਵਿਖੇ ਵੱਡੀ ਮੀਟਿੰਗ ਕੀਤੀ ਜਾ ਰਹੀ ਹੈ।



## ਮੈਗਾ ਰੋਜ਼ਗਾਰ ਮੇਲੇ ਦੀਆਂ ਤਿਆਰੀਆਂ ਜ਼ੋਰਾਂ 'ਤੇ

**ਸੁਨਾਮ, ਸੰਗਰੂਰ, (ਅਸ਼ੋਕ ਬਾਂਸਲ, ਹਾਕਮ ਭੱਟੀ)**-ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਤੇ ਸਿਖਲਾਈ ਮੰਤਰੀ ਸ੍ਰੀ ਅਮਨ ਅਰੋੜਾ ਦੀ ਅਗਵਾਈ ਹੇਠ 20 ਜੁਲਾਈ ਨੂੰ ਮਹਾਰਾਜਾ ਪੈਲੇਸ ਵਿਖੇ ਕਰਾਏ ਜਾ ਰਹੇ ਮੈਗਾ ਰੋਜ਼ਗਾਰ ਮੇਲੇ ਦੀਆਂ ਤਿਆਰੀਆਂ ਜ਼ੋਰਾਂ 'ਤੇ ਹਨ।ਵਧੀਕ ਡਿਪਟੀ ਕਮਿਸ਼ਨਰ (ਜ) ਅੰਕੁਰ ਮਹਿੰਦਰੂ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕਰਕੇ ਤਿਆਰੀਆਂ ਦਾ ਜਾਇਜ਼ਾ ਲਿਆ।ਮੀਟਿੰਗ ਦੌਰਾਨ ਏ.ਡੀ.ਸੀ. ਅੰਕੁਰ ਮਹਿੰਦਰੂ ਨੇ ਸਾਰੇ ਸਬੰਧਤ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਦੀ ਹਦਾਇਤ ਦਿੰਦਿਆਂ ਕਿਹਾ ਕਿ ਮੇਲੇ ਦੇ ਸਫ਼ਲ ਆਯੋਜਨ ਲਈ ਹਰ ਵਿਭਾਗ ਆਪਣੀ ਜ਼ਿੰਮੇਵਾਰੀ ਨੂੰ ਸਮੇਂ ਸਿਰ ਤੇ ਸੁਚੱਜੇ ਢੰਗ ਨਾਲ ਨਿਭਾਏ।ਉਨ੍ਹਾਂ ਕਿਹਾ ਕਿ ਰੋਜ਼ਗਾਰ ਮੇਲੇ ਵਿੱਚ ਵੱਧ ਤੋਂ ਵੱਧ ਨੌਜਵਾਨਾਂ ਦੀ ਸ਼ਮੂਲੀਅਤ ਯਕੀਨੀ ਬਣਾਉਣ ਲਈ ਜ਼ਿਲ੍ਹੇ ਦੇ ਸਾਰੇ ਸਰਕਾਰੀ ਤੇ ਪ੍ਰਾਈਵੇਟ ਕਾਲਜਾਂ, ਆਈ.ਟੀ.ਆਈਜ਼, ਬਹੁ-ਤਕਨੀਕੀ ਕਾਲਜਾਂ ਅਤੇ ਹੋਰ ਵਿੱਦਿਅਕ ਸੰਸਥਾਵਾਂ ਨਾਲ ਤੁਰੰਤ ਸੰਪਰਕ ਕਰਕੇ ਵਿਦਿਆਰਥੀਆਂ ਨੂੰ ਇਸ ਮੇਲੇ ਬਾਰੇ ਜਾਗਰੂਕ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਹ ਮੈਗਾ ਰੋਜ਼ਗਾਰ ਮੇਲਾ ਸੰਗਰੂਰ, ਬਰਨਾਲਾ ਤੇ ਮਾਲੇਰਕੋਟਲਾ ਜ਼ਿਲ੍ਹਿਆਂ ਦੇ ਨੌਜਵਾਨਾਂ ਲਈ ਰੁਜ਼ਗਾਰ ਹਾਸਲ ਕਰਨ ਦਾ ਸੁਨਹਿਰੀ ਮੌਕਾ ਹੈ ਤੇ ਇਸ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਯੋਗ ਉਮੀਦਵਾਰਾਂ ਨੂੰ ਪ੍ਰੇਰਿਤ ਕੀਤਾ ਜਾਵੇ।ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੇ ਅਧਿਕਾਰੀ ਸਿੰਪੀ ਸਿੰਗਲਾ ਨੇ ਦੱਸਿਆ ਕਿ ਰੋਜ਼ਗਾਰ ਮੇਲੇ ਵਿੱਚ ਕਰੀਬ 60 ਨਾਮੀ ਕੰਪਨੀਆਂ ਵੱਲੋਂ ਸ਼ਮੂਲੀਅਤ ਕੀਤੀ ਜਾਵੇਗੀ, ਜਿਨ੍ਹਾਂ ਵੱਲੋਂ ਲਗਭਗ 3,000 ਅਸਾਮੀਆਂ ਲਈ ਭਰਤੀ ਕੀਤੀ ਜਾਵੇਗੀ।

## ਵੈਦਵਾਲਾ 'ਚ 9 ਕਿਸਾਨ ਬਿਜਲੀ ਟਾਵਰ 'ਤੇ ਚੜ੍ਹੇ

• ਵਧਿਆ ਹੋਇਆ ਮੁਆਵਜ਼ਾ ਦੇਣ ਦੀ ਮੰਗ

**ਸਿਰਸਾ, (ਸੁਰਿੰਦਰ ਪਾਲ ਸਿੰਘ)** : ਭਾਰਤੀ ਕਿਸਾਨ ਯੂਨੀਅਨ ਚੜੂਨੀ ਦੇ ਜ਼ਿਲ੍ਹਾ ਪ੍ਰਧਾਨ ਸਮੇਤ ਨੌਂ ਕਿਸਾਨ ਪਿੰਡ ਵੈਦਵਾਲਾ ਵਿੱਚ ਬਿਜਲੀ ਟਾਵਰ 'ਤੇ ਚੜ੍ਹ ਗਏ। ਇਹ ਕਿਸਾਨ ਆਪਣੇ ਨਾਲ ਮੰਜੇ ਤੇ ਰਾਸ਼ਨ ਲੈ ਕੇ ਆਏ ਸਨ। ਕਿਸਾਨਾਂ ਨੇ ਚੇਤਾਵਨੀ ਦਿੱਤੀ ਕਿ ਜਦੋਂ ਤੱਕ ਉਨ੍ਹਾਂ ਦੀ ਵਧੇ ਹੋਏ ਮੁਆਵਜ਼ੇ ਦੀ ਮੰਗ ਪੂਰੀ ਨਹੀਂ ਹੋ ਜਾਂਦੀ, ਉਹ ਹੇਠਾਂ ਨਹੀਂ ਆਉਣਗੇ। ਸੂਚਨਾ ਮਿਲਣ 'ਤੇ ਪੁਲਸ ਟੀਮ ਸਮੇਤ ਬਿਜਲੀ ਨਿਗਮ ਦੇ ਅਧਿਕਾਰੀਆਂ ਨੇ ਕਿਸਾਨਾਂ ਨੂੰ ਮਨਾਉਣ ਦੀ ਕੋਸ਼ਿਸ਼ ਕੀਤੀ। ਇਸ ਦੌਰਾਨ ਕਿਸਾਨ ਯੂਨੀਅਨ ਚੜੂਨੀ ਦੇ ਪ੍ਰਧਾਨ ਗੁਰਨਾਮ ਸਿੰਘ ਚੜੂਨੀ ਨੇ ਸੋਸ਼ਲ ਮੀਡੀਆ 'ਤੇ ਲਾਈਵ ਹੋ ਕੇ ਕਿਸਾਨਾਂ ਨੂੰ ਟਾਵਰ ਤੋਂ ਛਾਲ ਨਾ ਮਾਰਨ ਦੀ ਅਪੀਲ ਕੀਤੀ। ਪਿੰਡ ਵੈਦਵਾਲਾ 'ਚ ਚੜੂਨੀ ਗਰੁੱਪ ਦੇ ਸਿਰਸਾ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੇ ਖੇਤ ਵਿੱਚ ਤਿੰਨ ਹਾਈ-ਟੈਂਸ਼ਨ ਲਾਈਨ ਟਾਵਰ ਲੱਗੇ ਹੋਏ ਹਨ। ਟਾਵਰ 'ਤੇ ਚੜ੍ਹੇ ਕਿਸਾਨਾਂ ਵਿੱਚ ਹਰਦੇਵ ਸਿੰਘ, ਸੁਖਦੇਵ ਸਿੰਘ, ਸੋਨਾ ਰਾਮ, ਪ੍ਰੇਮ ਮੋਮੀ, ਵੇਦ ਪ੍ਰਕਾਸ਼ ਤੇ ਗੁਰਸੇਵਕ ਸਿੰਘ ਸ਼ਾਮਲ ਸਨ। ਪੁਲਸ ਨੇ ਟਾਵਰ ਨੂੰ ਘੇਰ ਲਿਆ ਹੈ ਤੇ ਹੋਰ ਕਿਸਾਨਾਂ ਨੂੰ ਟਾਵਰ 'ਤੇ ਚੜ੍ਹਨ ਤੋਂ ਰੋਕ ਰਹੀ ਹੈ। ਇਸ ਮਾਮਲੇ ਨੂੰ ਲੈ ਕੇ ਪਗੜੀ ਸੰਭਾਲ ਜੱਟਾ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਮਨਦੀਪ ਨਥਵਾਨ, ਕਿਸਾਨ ਆਗੂ ਮੈਕਸ ਸਾਹੂਵਾਲਾ, ਗੁਰੀ ਮੱਲੇਕਾ, ਆਲ ਇੰਡੀਆ ਕਿਸਾਨ ਸਭਾ ਦੇ ਹਮਜਿੰਦਰ ਸਿੰਘ, ਭਜਨ ਲਾਲ ਬਾਜੇਕਾ, ਰਾਮਕਿਸ਼ਨ ਫੌਜੀ ਤੇ ਇਕਬਾਲ ਸਿੰਘ ਨੇਜਾਡੇਲਾ ਵੀ ਸਿਰਸਾ ਪਹੁੰਚੇ ਹਨ। ਧਿਆਨ ਰਹੇ ਕਿ ਸਿਰਸਾ ਦੇ ਕਿਸਾਨ ਸੰਗਠਨਾਂ ਦੀ ਪ੍ਰਸ਼ਾਸਨ ਨਾਲ ਮੀਟਿੰਗ ਅਸਫਲ ਰਹੀ। ਕਿਸਾਨਾਂ ਦਾ ਕਹਿਣਾ ਹੈ ਕਿ ਖੇਤਾਂ ਵਿੱਚ ਵੱਡੇ ਟਾਵਰ ਬਣੇ ਹਨ। ਉਹ ਮੁੱਖ ਮੰਤਰੀ ਤੋਂ ਦੂਜੇ ਜ਼ਿਲ੍ਹਿਆਂ ਵਾਂਗ ਪੂਰੇ ਮੁਆਵਜ਼ੇ ਦੀ ਮੰਗ ਕਰ ਰਹੇ ਹਨ। ਕਿਸਾਨਾਂ ਦਾ ਦੋਸ਼ ਹੈ ਕਿ ਉਨ੍ਹਾਂ ਨੂੰ ਹੁਣ ਤੱਕ ਵੀ ਮੁਆਵਜ਼ਾ ਨਹੀਂ ਮਿਲਿਆ ਜਾਂ ਬਹੁਤ ਘੱਟ ਮਿਲਿਆ ਹੈ।



## ਧਰਮਿੰਦਰ ਰੱਖੜਾ ਨੂੰ ਮਿਲੀ ਉਪ ਪ੍ਰਧਾਨਗੀ, ਕਈ ਕੌਂਸਲਰ ਰਹੇ ਚੋਣ ਤੋਂ ਦੂਰ

**ਬਾਘਾ ਪੁਰਾਣਾ, (ਮਨੀ ਸਿੰਗਲਾ)**-ਦਸੰਬਰ 2024 ਵਿੱਚ ਹੋਈਆਂ ਨਗਰ ਕੌਂਸਲ ਚੋਣਾਂ ਤੋਂ ਬਾਅਦ ਜਨਵਰੀ 2025 ਵਿੱਚ ਨਗਰ ਕੌਂਸਲ ਬਾਘਾ ਪੁਰਾਣਾ ਦੇ ਪ੍ਰਧਾਨ ਤੇ ਉੱਪ ਪ੍ਰਧਾਨ ਦੀ ਚੋਣ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੀ ਅਗਵਾਈ ਹੇਠ ਕਰਵਾਈ ਗਈ ਸੀ।ਉਸ ਸਮੇਂ ਕੌਂਸਲਰ ਸੋਨੀਆ ਗੁਪਤਾ ਨੂੰ ਨਗਰ ਕੌਂਸਲ ਦਾ ਪ੍ਰਧਾਨ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਕੌਂਸਲਰ ਰਣਜੀਤ ਸਿੰਘ ਟੀਟੂ ਬਰਾੜ ਨੂੰ ਉੱਪ-ਪ੍ਰਧਾਨ ਚੁਣਿਆ ਗਿਆ ਸੀ।ਹੁਣ ਲਗਭਗ ਸਵਾ ਸਾਲ ਬਾਅਦ ਨਗਰ ਕੌਂਸਲ ਦੀ ਸਿਆਸਤ ਵਿੱਚ ਵੱਡਾ ਮੋੜ ਆ ਗਿਆ ਹੈ, ਜਿੱਥੇ ਰਣਜੀਤ ਸਿੰਘ ਟੀਟੂ ਬਰਾੜ ਨੂੰ ਉੱਪ-ਪ੍ਰਧਾਨ ਦੇ ਅਹੁਦੇ ਤੋਂ ਹਟਾ ਕੇ ਉਨ੍ਹਾਂ ਦੀ ਥਾਂ ਕੌਂਸਲਰ ਧਰਮਿੰਦਰ ਸਿੰਘ ਰੱਖੜਾ ਨੂੰ ਨਵਾਂ ਉੱਪ-ਪ੍ਰਧਾਨ ਚੁਣ ਲਿਆ ਗਿਆ।ਧਰਮਿੰਦਰ ਸਿੰਘ ਰੱਖੜਾ ਦੀ ਉੱਪ-ਪ੍ਰਧਾਨ ਵਜੋਂ ਚੋਣ ਤੋਂ ਬਾਅਦ ਬਾਘਾ ਪੁਰਾਣਾ ਦੀ ਸਿਆਸਤ ਵਿੱਚ ਇੱਕ ਵਾਰ ਫਿਰ ਸਰਗਰਮੀ ਵਧ ਗਈ ਹੈ।ਇਸ ਫ਼ੈਸਲੇ ਨਾਲ ਨਾ ਸਿਰਫ਼ ਸਿਆਸੀ ਮਾਹੌਲ ਗਰਮਾਇਆ ਹੈ, ਸਗੋਂ ਸ਼ਹਿਰ ਵਿੱਚ ਵੀ ਵੱਖ-ਵੱਖ ਤਰ੍ਹਾਂ ਦੀਆਂ ਚਰਚਾਵਾਂ ਦਾ ਦੌਰ ਸ਼ੁਰੂ ਹੋ ਗਿਆ ਹੈ।ਲੋਕਾਂ ਤੇ ਸਿਆਸੀ ਹਲਕਿਆਂ ਵਿੱਚ ਇਸ ਤਬਦੀਲੀ ਦੇ ਕਾਰਨਾਂ ਨੂੰ ਲੈ ਕੇ ਕਈ ਤਰ੍ਹਾਂ ਦੇ ਕਿਆਸ ਲਗਾਏ ਜਾ ਰਹੇ ਹਨ।ਸਭ ਤੋਂ ਵੱਧ ਚਰਚਾ ਦਾ ਵਿਸ਼ਾ ਇਹ ਰਿਹਾ ਕਿ ਉੱਪ-ਪ੍ਰਧਾਨ ਦੀ ਚੋਣ ਦੌਰਾਨ ਸਾਬਕਾ ਉੱਪ-ਪ੍ਰਧਾਨ ਰਣਜੀਤ ਸਿੰਘ ਟੀਟੂ ਬਰਾੜ, ਕੌਂਸਲਰ ਮਨਦੀਪ ਕੱਕੜ ਸਮੇਤ ਆਮ ਆਦਮੀ ਪਾਰਟੀ ਦੇ ਕਈ ਹੋਰ ਕੌਂਸਲਰਾਂ ਨੇ ਚੋਣ ਪ੍ਰਕਿਰਿਆ ਤੋਂ ਦੂਰੀ ਬਣਾਈ ਰੱਖੀ।ਪਾਰਟੀ ਨਾਲ ਸਬੰਧਤ ਕੌਂਸਲਰਾਂ ਦੀ ਇਸ ਗੈਰ-ਹਾਜ਼ਰੀ ਨੇ ਨਗਰ ਕੌਂਸਲ ਅੰਦਰ ਚੱਲ ਰਹੀ ਅੰਦਰੂਨੀ ਖਿੱਚੋਤਾਣ ਨੂੰ ਲੈ ਕੇ ਉੱਠ ਰਹੀਆਂ ਚਰਚਾਵਾਂ ਨੂੰ ਹੋਰ ਤੇਜ਼ ਕਰ ਦਿੱਤਾ ਹੈ।ਫਿਲਹਾਲ ਧਰਮਿੰਦਰ ਸਿੰਘ ਰੱਖੜਾ ਦੀ ਨਿਯੁਕਤੀ ਨੇ ਬਾਘਾ ਪੁਰਾਣਾ ਦੀ ਸਿਆਸਤ ਵਿੱਚ ਨਵੀਂ ਚਰਚਾ ਛੇੜ ਦਿੱਤੀ ਹੈ ਤੇ ਆਉਣ ਵਾਲੇ ਦਿਨਾਂ ਵਿੱਚ ਇਸ ਦੇ ਹੋਰ ਸਿਆਸੀ ਪ੍ਰਭਾਵ ਸਾਹਮਣੇ ਆਉਣ ਦੀ ਸੰਭਾਵਨਾ ਜਤਾਈ ਜਾ ਰਹੀ ਹੈ।



## ਐੱਮ ਏ ਐੱਮ ਸਕੂਲ 'ਚ ਦੀਪਤੀ ਨੇ ਪ੍ਰਿੰਸੀਪਲ ਵਜੋਂ ਅਹੁਦਾ ਸੰਭਾਲਿਆ

**ਸਮਰਾਲਾ (ਸੁਰਜੀਤ ਸਿੰਘ)**-ਸਥਾਨਕ ਮੈਕਸ ਆਰਥਰ ਮੈਕਾਲਿਫ਼ ਪਬਲਿਕ ਸਕੂਲ ਵਿੱਚ ਮੈਡਮ ਦੀਪਤੀ ਨੇ ਨਵੇਂ ਪ੍ਰਿੰਸੀਪਲ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ।ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਤੇ ਸਮੂਹ ਸਟਾਫ਼ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਸਕੂਲ ਚੇਅਰਪਰਸਨ ਕੁਲਵਿੰਦਰ ਕੌਰ ਬੈਨੀਪਾਲ, ਡਾਇਰੈਕਟਰ ਗੁਰਸੁਖਮਨੀ ਕੌਰ, ਪ੍ਰਧਾਨ ਅਨਿਲ ਕੁਮਾਰ ਵਰਮਾ, ਮੈਨੇਜਰ ਰਮਨਦੀਪ ਸਿੰਘ ਤੇ ਸਮੂਹ ਪ੍ਰਬੰਧਕ ਕਮੇਟੀ ਨੇ ਮੈਡਮ ਦੀਪਤੀ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੰਦਿਆਂ ਵਿਸ਼ਵਾਸ ਪ੍ਰਗਟਾਇਆ ਕਿ ਉਨ੍ਹਾਂ ਦੀ ਯੋਗ ਅਗਵਾਈ ਹੇਠ ਸਕੂਲ ਸਿੱਖਿਆ, ਅਨੁਸ਼ਾਸਨ, ਖੇਡਾਂ ਤੇ ਸਹਿ-ਪਾਠਕ੍ਰਮ ਗਤੀਵਿਧੀਆਂ ਦੇ ਖੇਤਰ ਵਿੱਚ ਨਵੀਆਂ ਉੱਚਾਈਆਂ ਨੂੰ ਛੂਹੇਗਾ।



## ਗੁਰਦੁਆਰਾ ਹਰਕ੍ਰਿਸ਼ਨ ਸਾਹਿਬ ਦੀ ਨਵੀਂ ਪ੍ਰਬੰਧਕ ਕਮੇਟੀ ਚੁਣੀ

**ਸਮਾਣਾ, (ਗੁਰਪਿਆਰ ਸਿੰਘ ਬੱਲ)**-ਗੁਰਦੁਆਰਾ ਸ੍ਰੀ ਹਰਕ੍ਰਿਸ਼ਨ ਸਾਹਿਬ ਜੀ, ਪ੍ਰਤਾਪ ਕਲੋਨੀ ਸਮਾਣਾ ਦੀ ਨਵੀਂ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ।ਇਸ ਦੌਰਾਨ ਸੰਗਤ ਦੀ ਹਾਜ਼ਰੀ ਵਿੱਚ ਨਵੇਂ ਅਹੁਦੇਦਾਰਾਂ ਤੇ ਮੈਂਬਰਾਂ ਦਾ ਐਲਾਨ ਕੀਤਾ ਗਿਆ।ਚੋਣ ਅਨੁਸਾਰ ਜਰਨੈਲ ਸਿੰਘ ਸੰਧੂ ਨੂੰ ਪ੍ਰਧਾਨ, ਕੁਲਵੰਤ ਸਿੰਘ ਭੁੱਲਰ ਨੂੰ ਸੀਨੀਅਰ ਮੀਤ ਪ੍ਰਧਾਨ, ਬਲਬੀਰ ਸਿੰਘ (ਏ.ਐੱਸ.ਆਈ.) ਨੂੰ ਜਨਰਲ ਸਕੱਤਰ, ਭੁਪਿੰਦਰ ਸਿੰਘ (ਸਾਬਕਾ ਮੈਨੇਜਰ, ਐੱਨ.ਆਈ.ਸੀ.) ਨੂੰ ਖਜ਼ਾਨਚੀ, ਕੈਪਟਨ ਲਖਵਿੰਦਰ ਸਿੰਘ ਵਿਰਕ ਨੂੰ ਮੁੱਖ ਸਲਾਹਕਾਰ ਤੇ ਲਾਭ ਸਿੰਘ ਸਿੱਧੂ (ਪੀ.ਐੱਸ.ਈ.ਬੀ.) ਨੂੰ ਸਲਾਹਕਾਰ ਚੁਣਿਆ ਗਿਆ।ਇਸ ਤੋਂ ਇਲਾਵਾ ਪਲਵਿੰਦਰ ਸਿੰਘ, ਰਾਜਵੀਰ ਸਿੰਘ (ਪੀ.ਪੀ.), ਰਜਿੰਦਰ ਸਿੰਘ (ਮਾਰਕੀਟ ਕਮੇਟੀ), ਸਤਿੰਦਰਪਾਲ ਸਿੰਘ ਮਿਹਰੋਕ, ਪਰਮਜੀਤ ਸਿੰਘ (ਏ.ਐੱਸ.ਆਈ.) ਤੇ ਬਲਵਿੰਦਰ ਸਿੰਘ ਵਿਰਕ ਨੂੰ ਸੀਨੀਅਰ ਮੈਂਬਰ ਵਜੋਂ ਚੁਣਿਆ ਗਿਆ।ਇਸ ਮੌਕੇ ਪਾਰਸ ਸ਼ਰਮਾ (ਸੀਨੀਅਰ ਵਾਈਸ ਪ੍ਰਧਾਨ, ਨਗਰ ਕੌਂਸਲ ਸਮਾਣਾ), ਹਰਵਿੰਦਰ ਸਿੰਘ ਗਿੱਲ (ਸਾਬਕਾ ਪ੍ਰਧਾਨ), ਹਰਵਿੰਦਰ ਸਿੰਘ ਧਾਲੀਵਾਲ, ਬੌਬੀ ਮਾਨ, ਲਖਵਿੰਦਰ ਸਿੰਘ ਜਵੰਦਾ, ਰੂਪ ਸਿੰਘ ਟਿਵਾਣਾ, ਜਸਪਾਲ ਸਿੰਘ ਕੈਂਥਲ ਵਾਲੇ, ਕੈਪਟਨ ਮੱਘਰ ਸਿੰਘ, ਅਮਨਦੀਪ ਸਿੰਘ ਥਿੰਦ, ਮਾਸਟਰ ਜਗਦੇਵ ਸਿੰਘ ਚਤਰਾਥ, ਮਨਦੀਪ ਸਿੰਘ ਤੁਰਨਾ, ਰਵੀ ਪਟਵਾਰੀ, ਮਨਜੀਤ ਸਿੰਘ ਲਲੌਛੀ, ਮੁਖਤਿਆਰ ਸਿੰਘ ਕੰਗ, ਗੁਰਜੀਤ ਸਿੰਘ ਮੱਟੂ, ਮਾਸਟਰ ਭੁਪਿੰਦਰ ਸਿੰਘ, ਜਗਿੰਦਰ ਸਿੰਘ ਧਨੌਰੀ, ਹਜ਼ੂਰ ਸਿੰਘ ਤੇ ਬਲਵੰਤ ਸਿੰਘ ਆੜ੍ਹਤੀ ਸਮੇਤ ਪ੍ਰਤਾਪ ਕਲੋਨੀ ਤੇ ਦਰਦੀ ਕਲੋਨੀ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।ਨਵੀਂ ਚੁਣੀ ਗਈ ਪ੍ਰਬੰਧਕ ਕਮੇਟੀ ਨੂੰ ਸੰਗਤ ਵੱਲੋਂ ਵਧਾਈ ਦਿੱਤੀ ਗਈ ਤੇ ਗੁਰੂ ਘਰ ਦੀ ਸੇਵਾ ਨੂੰ ਸਮਰਪਤ ਹੋ ਕੇ ਸੰਗਤ ਦੇ ਸਹਿਯੋਗ ਨਾਲ ਧਾਰਮਿਕ ਤੇ ਸਮਾਜਿਕ ਕਾਰਜਾਂ ਨੂੰ ਹੋਰ ਸੁਚਾਰੂ ਢੰਗ ਨਾਲ ਅੱਗੇ ਵਧਾਉਣ ਦਾ ਵਿਸ਼ਵਾਸ ਪ੍ਰਗਟ ਕੀਤਾ ਗਿਆ।



## ਲੋਕ ਚੇਤਨਾ ਕਲਾ ਤੇ ਸਾਹਿਤ ਮੰਚ ਦਾ ਸੈਮੀਨਾਰ ਭਲਕੇ

**ਸਿਰਸਾ: (ਸੁਰਿੰਦਰ ਪਾਲ ਸਿੰਘ)** : ਲੋਕ ਚੇਤਨਾ ਕਲਾ ਤੇ ਸਾਹਿਤ ਮੰਚ ਦੇ ਜ਼ਿਲ੍ਹਾ ਕੋਆਰਡੀਨੇਟਰ ਰਾਜ ਕੁਮਾਰ ਸ਼ੇਖੂਪੁਰੀਆ ਨੇ ਪ੍ਰੈੱਸ ਨੋਟ ਜਾਰੀ ਕਰਕੇ ਕਿਹਾ ਕਿ ਅਮਰੀਕਾ ਨਾਲ ਵਪਾਰ ਸਮਝੌਤੇ ਤੇ ਬਿਜਲੀ ਬਿੱਲ 2025 'ਤੇ ਸੈਮੀਨਾਰ 11 ਜੁਲਾਈ ਨੂੰ ਸਵੇਰੇ 10 ਵਜੇ ਸਿਰਸਾ ਦੇ ਸ੍ਰੀ ਯੁਵਕ ਸਾਹਿਤ ਸਦਨ ਵਿਖੇ ਕੀਤਾ ਜਾਵੇਗਾ। ਇਹ ਜਾਣਕਾਰੀ ਲੋਕ ਚੇਤਨਾ ਕਲਾ ਤੇ ਸਾਹਿਤ ਮੰਚ ਦੇ ਜ਼ਿਲ੍ਹਾ ਕੋਆਰਡੀਨੇਟਰ ਨੇ ਦੱਸਿਆ ਕਿ ਸੈਮੀਨਾਰ ਵਿੱਚ 2025 ਦੇ ਬਿਜਲੀ ਬਿੱਲ ਦੇ ਆਮ ਖਪਤਕਾਰਾਂ 'ਤੇ ਪੈਣ ਵਾਲੇ ਪ੍ਰਭਾਵ ਤੇ ਖੇਤੀ 'ਤੇ ਇਸ ਦੇ ਪ੍ਰਭਾਵ ਬਾਰੇ ਚਰਚਾ ਕੀਤੀ ਜਾਵੇਗੀ। ਬਿਜਲੀ ਕਰਮਚਾਰੀ ਯੂਨੀਅਨ ਦੇ ਪ੍ਰਧਾਨ ਦਵਿੰਦਰ ਹੁੱਡਾ ਇਸ ਵਿਸ਼ੇ 'ਤੇ ਆਪਣੇ ਵਿਚਾਰ ਰੱਖਣਗੇ, ਜਦੋਂਕਿ ਕੁੱਲ ਹਿੰਦ ਭਾਰਤੀ ਕਿਸਾਨ ਸਭਾ ਦੇ ਰਾਸ਼ਟਰੀ ਉੱਪ ਪ੍ਰਧਾਨ ਕਾਮਰੇਡ ਇੰਦਰਜੀਤ ਅਮਰੀਕੀ ਵਪਾਰ ਸਮਝੌਤੇ ਦੇ ਭਾਰਤੀ ਖੇਤੀ ਤੇ ਬਾਜ਼ਾਰ 'ਤੇ ਪੈਣ ਵਾਲੇ ਪ੍ਰਭਾਵ 'ਤੇ ਬੋਲਣਗੇ। ਕਾ: ਸ਼ੇਖੂਪੁਰੀਆ ਨੇ ਦੱਸਿਆ ਕਿ ਇਸ ਸੈਮੀਨਾਰ ਵਿੱਚ ਕਿਸਾਨ, ਮਜ਼ਦੂਰ, ਕਰਮਚਾਰੀ ਤੇ ਵੱਖ-ਵੱਖ ਸੰਗਠਨਾਂ ਵਿੱਚ ਕੰਮ ਕਰਨ ਵਾਲੇ ਬੁੱਧੀਜੀਵੀ ਹਿੱਸਾ ਲੈਣਗੇ।

## ਸਮਾਣਾ ਦੇ ਵਿਕਾਸ ਤੇ ਤਰੱਕੀ ਲਈ ਯੋਜਨਾਬੱਧ ਤਰੀਕੇ ਨਾਲ ਕੰਮ ਕਰਨ ਦੀ ਲੋੜ: ਬਰਸਟ

**ਸਮਾਣਾ, (ਗੁਰਪਿਆਰ ਸਿੰਘ ਬੱਲ)**-ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ੍. ਹਰਚੰਦ ਸਿੰਘ ਬਰਸਟ ਵੱਲੋਂ ਮਿਉਂਸਪਲ ਕੌਂਸਲ, ਸਮਾਣਾ ਦੇ ਨਵ-ਨਿਯੁਕਤ ਸੀਨੀਅਰ ਵਾਇਸ ਪ੍ਰਧਾਨ ਪਾਰਸ ਸ਼ਰਮਾ ਤੇ ਵਾਰਡ ਨੰ. 16 ਦੇ ਕੌਂਸਲਰ ਬੇਅੰਤ ਸਿੰਘ ਪੱਪੀ ਨਾਲ ਵਿਸ਼ੇਸ਼ ਮੁਲਾਕਾਤ ਦੌਰਾਨ ਉਨ੍ਹਾਂ ਨੂੰ ਮੁਬਾਰਕਬਾਦ ਦਿੱਤੀ ਗਈ।ਇਸ ਦੌਰਾਨ ਸ੍. ਬਰਸਟ ਨੇ ਕਿਹਾ ਕਿ ਸ਼ਹਿਰ ਨਿਵਾਸੀਆਂ ਨੇ ਬਹੁਤ ਵੱਡੀਆਂ ਆਸਾਂ ਅਤੇ ਉਮੀਦਾਂ ਨਾਲ ਉਹਨਾਂ ਨੂੰ ਜਿੱਤਾਇਆ ਹੈ।ਉਨ੍ਹਾਂ ਕਿਹਾ ਕਿ ਸ਼ਹਿਰ ਦੇ ਵਿਕਾਸ ਦੀ ਨੀਂਹ ਵਾਰਡਾਂ ਦੇ ਸੁਧਾਰ ਤੋਂ ਸ਼ੁਰੂ ਹੁੰਦੀ ਹੈ, ਇਸ ਲਈ ਉਹ ਆਪਣੇ-ਆਪਣੇ ਵਾਰਡ ਤੇ ਸਮੁੱਚੇ ਸ਼ਹਿਰ ਦੇ ਲੋਕਾਂ ਦੀਆਂ ਰੋਜ਼ਾਨਾ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਨ ਲਈ ਹਮੇਸ਼ਾ ਯਤਨਸ਼ੀਲ ਰਹਿਣ। ਉਨ੍ਹਾਂ ਕਿਹਾ ਕਿ ਸਮਾਣਾ ਸ਼ਹਿਰ ਦੇ ਵਿਕਾਸ ਅਤੇ ਤਰੱਕੀ ਲਈ ਯੋਜਨਾਬੱਧ ਤਰੀਕੇ ਨਾਲ ਕੰਮ ਕਰਨ ਦੀ ਲੋੜ ਹੈ।ਉਨ੍ਹਾਂ ਸਮਾਣਾ ਸ਼ਹਿਰ ਵਿੱਚ ਸਫਾਈ, ਪੀਣ ਵਾਲਾ ਸਾਫ ਪਾਣੀ, ਸੀਵਰੇਜ, ਸਟਰੀਟ ਲਾਈਟਾਂ, ਪਾਰਕਾਂ ਦੀ ਸੰਭਾਲ, ਬਜ਼ੁਰਗਾਂ ਦੇ ਬੈਠਣ ਲਈ ਪ੍ਰਬੰਧ, ਪਬਲਿਕ ਟਾਇਲਟਸ, ਦੁਕਾਨਦਾਰਾਂ ਤੇ ਵਪਾਰੀ ਵਰਗ ਦੇ ਕਾਰੋਬਾਰ ਕਰਨ ਲਈ ਸਾਫ਼ ਸੁਥਰਾ ਮਾਹੌਲ ਪੈਦਾ ਕਰਨ, ਸਾਰੇ ਸ਼ਹਿਰ ਨਿਵਾਸੀਆਂ ਦੀ ਸੁਰੱਖਿਆ ਲਈ ਸੀ.ਸੀ.ਟੀ.ਵੀ. ਕੈਮਰੇ ਲਗਵਾਉਣ, ਸ਼ਹਿਰ ਦੇ ਵਿਕਾਸ ਤੇ ਭਾਈਚਾਰਕ ਸਾਂਝ ਰੱਖਣ ਲਈ ਸਾਰਿਆਂ ਨੂੰ ਨਾਲ ਲੈ ਕੇ ਕੰਮ ਕਰਨ ਦਾ ਸੁਨੇਹਾ ਦਿੱਤਾ।ਇਸ ਮੌਕੇ ਨਵ-ਨਿਯੁਕਤ ਸੀਨੀਅਰ ਵਾਈਸ ਪ੍ਰਧਾਨ ਪਾਰਸ ਸ਼ਰਮਾ ਤੇ ਕੌਂਸਲਰ ਬੇਅੰਤ ਸਿੰਘ ਪੱਪੀ ਨੇ ਚੇਅਰਮੈਨ ਸ੍. ਹਰਚੰਦ ਸਿੰਘ ਬਰਸਟ ਦਾ ਤਹਿ ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਦਿਨ-ਰਾਤ ਇੱਕ ਕਰਕੇ ਕੰਮ ਕਰਨਗੇ ਅਤੇ ਸ਼ਹਿਰ ਵਾਸੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਹਮੇਸ਼ਾ ਤਤਪਰ ਰਹਿਣਗੇ।



## ਬੀਬੀ ਲੂੰਬਾ ਵੱਲੋਂ ਦੀਪਕ ਚੌਹਾਨ ਨਾਲ ਮੁਲਾਕਾਤ

**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)** : ਪਿਛਲੇ ਦਿਨੀਂ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੂੰ ਛੱਡ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਸਾਬਕਾ ਵਿਧਾਇਕਾ ਬੀਬੀ ਵਨਿੰਦਰ ਕੌਰ ਲੂੰਬਾ ਵੱਲੋਂ ਪਾਰਟੀ ਹਾਈ ਕਮਾਂਡ ਦੇ ਸੀਨੀਅਰ ਆਗੂ ਦੀਪਕ ਚੌਹਾਨ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਗਈ।ਇਸ ਦੌਰਾਨ ਹਲਕਾ ਸ਼ੁਤਰਾਣਾ ਵਿੱਚ ਲੋਕਾਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਤੇ ਆਗਾਮੀ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਰਾਜਨੀਤਕ ਪ੍ਰਸਥਿਤੀਆਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਸਾਬਕਾ ਵਿਧਾਇਕਾ ਬੀਬੀ ਵਨਿੰਦਰ ਕੌਰ ਲੂੰਬਾ ਨੇ ਦੱਸਿਆ ਕਿ ਸ੍ਰੀ ਦੀਪਕ ਚੌਹਾਨ ਨਾਲ ਹੋਈ ਇਸ ਮੁਲਾਕਾਤ ਦੌਰਾਨ ਉਨ੍ਹਾਂ ਜਿੱਥੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਪਾਰਟੀ ਦੀ ਰਣਨੀਤੀ ਤਿਆਰ ਕਰਨ ਸਬੰਧੀ ਵਿਚਾਰ ਵਟਾਂਦਰਾ ਕੀਤਾ, ਉਥੇ ਹਲਕਾ ਵਾਸੀਆਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਸਬੰਧੀ ਜਾਣਕਾਰੀ ਦਿੱਤੀ।ਇਸ ਤੋਂ ਇਲਾਵਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪਾਤੜਾਂ ਦੇ ਹਸਪਤਾਲ ਨੂੰ ਅੱਪਗ੍ਰੇਡ ਕਰਕੇ ਪੰਜਾਬ ਬਿਸਤਰਿਆਂ ਦਾ ਹਸਪਤਾਲ ਬਣਾਉਣ ਦੇ ਨਾਲ ਨਾਲ ਪਾਤੜਾਂ-ਪਟਿਆਲਾ ਮੁੱਖ ਮਾਰਗ ਨੂੰ ਚਾਰ ਮਾਰਗੀ ਕਰਨ ਦੇ ਕੀਤੇ ਗਏ ਐਲਾਨ ਨੂੰ ਅਮਲੀ ਜਾਮਾ ਪਹਿਨਾਉਣ ਦੀ ਮੰਗ ਕੀਤੀ। ਸਾਬਕਾ ਵਿਧਾਇਕਾ ਬੀਬੀ ਲੂੰਬਾ ਨੇ ਸਪੱਸ਼ਟ ਕੀਤਾ ਕਿ ਆਮ ਆਦਮੀ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਨੂੰ ਬਿਹਤਰ ਸਹੂਲਤਾਂ ਦੇਣ ਲਈ ਕੀਤੇ ਜਾ ਰਹੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਉਨ੍ਹਾਂ ਪਾਰਟੀ ਵਿੱਚ ਸ਼ਮੂਲੀਅਤ ਕੀਤੀ ਹੈ।ਸਰਕਾਰ ਵੱਲੋਂ ਨਹਿਰੀ ਪਾਣੀ ਦੀ ਕਿਸਾਨਾਂ ਨੂੰ ਉਪਲਬਧਤਾ ਕਰਵਾ ਕੇ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਆਉਣ ਵਾਲੀਆਂ ਪੀੜ੍ਹੀਆਂ ਲਈ ਆਪਣੇ ਆਪ ਵਿੱਚ ਮਿਸਾਲ ਬਣਨਗੀਆਂ।



## ਰਾਜ ਰਾਣੀ ਨੇ 6 ਸਾਲ ਪਹਿਲਾਂ ਰਿਟਾਇਰਮੈਂਟ ਲਈ





**ਲਹਿਰਾਗਾਗਾ (ਪਵਨ ਸ਼ਰਮਾ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੰਗਤਪੁਰਾ ਵਿਖੇ ਬਤੌਰ ਪੋਲੀਟੀਕਲ ਸਾਇੰਸ ਲੈਕਚਰਾਰ ਸੇਵਾ ਨਿਭਾ ਰਹੇ ਸ਼੍ਰੀਮਤੀ ਰਾਜ ਰਾਣੀ ਨੇ ਆਪਣੀਆਂ ਧਾਰਮਿਕ ਅਤੇ ਸਮਾਜ ਸੇਵੀ ਮਿਸ਼ਨ ਨੂੰ ਪੂਰਾ ਕਰਨ ਹਿੱਤ ਸਮੇਂ ਤੋਂ ਲਗਭਗ 6 ਸਾਲ ਪਹਿਲਾਂ ਰਿਟਾਇਰਮੈਂਟ ਲੈ ਲਈ ਹੈ। ਇਸ ਸਬੰਧੀ ਸਕੂਲ ਵਿਖੇ ਸ਼ਾਨਦਾਰ ਤੇ ਭਾਵੁਕ ਮਾਹੌਲ ਵਿੱਚ ਰਿਟਾਇਰਮੈਂਟ ਸਮਾਰੋਹ ਦਾ ਆਯੋਜਨ ਕੀਤਾ ਗਿਆ।ਜਿਸ ਵਿੱਚ ਸਕੂਲ ਦੇ ਇੰਚਾਰਜ, ਸਮੂਹ ਅਧਿਆਪਕਾਂ, ਗੈਰ-ਅਧਿਆਪਨ ਸਟਾਫ਼, ਵਿਦਿਆਰਥੀਆਂ ਅਤੇ ਪਤਵੰਤੇ ਸੱਜਣਾਂ ਨੇ ਉਨ੍ਹਾਂ ਨੂੰ ਫੁੱਲਾਂ ਦੇ ਗੁਲਦਸਤੇ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਸਕੂਲ ਮੁਖੀ ਜਸਵੀਰ ਸਿੰਘ ਤੋਂ ਇਲਾਵਾ ਵੱਖ-ਵੱਖ ਸਟਾਫ ਮੈਂਬਰਾਂ ਨੇ ਕਿਹਾ ਕਿ ਸ਼੍ਰੀਮਤੀ ਰਾਜ ਰਾਣੀ ਨੇ ਆਪਣੀ ਇਮਾਨਦਾਰੀ, ਅਨੁਸ਼ਾਸਨ, ਮਿਹਨਤ ਅਤੇ ਵਿਦਿਆਰਥੀਆਂ ਪ੍ਰਤੀ ਸਮਰਪਣ ਨਾਲ ਸਿੱਖਿਆ ਦੇ ਖੇਤਰ ਵਿੱਚ ਵਿਸ਼ੇਸ਼ ਪਛਾਣ ਬਣਾਈ ਹੈ। ਇਸ ਮੌਕੇ ਤੇ ਸਕੂਲੀ ਵਿਦਿਆਰਥੀਆਂ ਵੱਲੋਂ ਰੰਗੋਲੀ ਬਣਾਈ ਗਈ ਅਤੇ ਸ਼੍ਰੀਮਤੀ ਰਾਜ ਰਾਣੀ ਨੂੰ ਭਾਵੁਕ ਵਿਦਾਇਗੀ ਦਿੱਤੀ ਗਈ। ਰਾਜ ਰਾਣੀ ਨੇ ਕਿਹਾ ਕਿ ਸਮੂਹ ਸਟਾਫ ਵੱਲੋਂ ਮਿਲੇ ਸਹਿਯੋਗ ਲਈ ਉਹ ਹਮੇਸ਼ਾ ਰਿਣੀ ਰਹਿਣਗੇ ।

## ਸਰਬਜੀਤ ਕੌਰ ਨਮਿਤ ਅੰਤਮ ਅਰਦਾਸ 12 ਨੂੰ

**ਭਵਾਨੀਗੜ੍ਹ (ਰਾਜ ਖੁਰਮੀ)** ਲੋਕ ਸੰਪਰਕ ਵਿਭਾਗ ਦੇ ਸੇਵਾਮੁਕਤ ਐਡੀਸ਼ਨਲ ਡਾਇਰੈਕਟਰ, ਸਟੇਟ ਐਵਾਰਡੀ ਐਡਵੋਕੇਟ ਹਰਜੀਤ ਸਿੰਘ ਗਰੇਵਾਲ ਦੀ ਧਰਮਪਤਨੀ ਸਵਰਗਵਾਸੀ ਸਰਬਜੀਤ ਕੌਰ ਗਰੇਵਾਲ ਦਾ ਅੰਤਮ ਸੰਸਕਾਰ ਉਨ੍ਹਾਂ ਦੇ ਜੱਦੀ ਪਿੰਡ ਸਕਰੌਦੀ ਵਿਖੇ ਸਿੱਖ ਰੀਤੀ-ਰਿਵਾਜਾਂ ਅਨੁਸਾਰ ਕਰ ਦਿੱਤਾ ਗਿਆ।ਮ੍ਰਿਤਕ ਦੇਹ ਨੂੰ ਉਨ੍ਹਾਂ ਦੇ ਪੁੱਤਰ ਚਿਤਮਨਜੀਤ ਸਿੰਘ ਗਰੇਵਾਲ (ਕੈਨੇਡਾ) ਨੇ ਮੁੱਖ ਅਗਨੀ ਭੇਟ ਕੀਤੀ।ਅੰਤਮ ਸੰਸਕਾਰ ਮੌਕੇ ਪਰਵਾਰ ਨਾਲ ਦੁੱਖ ਸਾਂਝਾ ਕਰਨ ਲਈ ਵੱਖ-ਵੱਖ ਸਮਾਜਿਕ, ਰਾਜਨੀਤਿਕ ਤੇ ਧਾਰਮਿਕ ਖੇਤਰਾਂ ਨਾਲ ਸਬੰਧਤ ਪ੍ਰਮੁੱਖ ਸ਼ਖ਼ਸੀਅਤਾਂ ਵੱਡੀ ਗਿਣਤੀ ਵਿੱਚ ਪਹੁੰਚੀਆਂ।ਹਾਜ਼ਰ ਸ਼ਖ਼ਸੀਅਤਾਂ ਵਿੱਚ ਮੋਹਨਪ੍ਰੀਤ ਸਿੰਘ ਕਾਲੇਕਾ, ਗੁਰਦੀਪ ਸਿੰਘ ਨਰੈਣਗੜ੍ਹ, ਸਾਬਕਾ ਚੇਅਰਮੈਨ ਰੁਪਿੰਦਰ ਸਿੰਘ ਰੰਧਾਵਾ, ਕੇਵਲ ਸਿੰਘ ਜਲਾਣ, ਸਰਪੰਚ ਜਗਮੀਤ ਸਿੰਘ ਭੋਲਾ ਬਲਿਆਲ, ਕਾਂਗਰਸੀ ਆਗੂ ਪਰਵਿੰਦਰ ਸਿੰਘ ਗਰੇਵਾਲ, ਗੁਰਦਰਸ਼ਨ ਸਿੰਘ ਗਹਿਲਾਂ, ਭੀਮਾ ਭੱਟੀਵਾਲ, ਡਾ. ਪਰਮਜੀਤ ਸਿੰਘ ਪੰਮੀ, ਬੂਟਾ ਸਿੰਘ ਸੋਹੀ ਸਮੇਤ ਇਲਾਕੇ ਦੀਆਂ ਹੋਰ ਕਈ ਪ੍ਰਮੁੱਖ ਹਸਤੀਆਂ ਸ਼ਾਮਲ ਸਨ।ਪਰਵਾਰ ਵੱਲੋਂ ਜਾਣਕਾਰੀ ਦਿੱਤੀ ਗਈ ਕਿ ਸਵ. ਸਰਬਜੀਤ ਕੌਰ ਗਰੇਵਾਲ ਨਮਿਤ ਸ੍ਰੀ ਸਹਿਜ ਪਾਠ ਦੇ ਭੋਗ 'ਤੇ ਅੰਤਮ ਅਰਦਾਸ 12 ਜੁਲਾਈ ਸਵੇਰੇ 11 ਵਜੇ ਗੁਰਦੁਆਰਾ ਪਾਤਸ਼ਾਹੀ ਨੌਵੀਂ, ਭਵਾਨੀਗੜ੍ਹ ਵਿਖੇ ਹੋਵੇਗੀ।



## ਟੀ.ਬੀ.ਐੱਸ ਇੰਟਰਨੈਸ਼ਨਲ ਸਕੂਲ 'ਚ ਜਾਗਰੂਕਤਾ ਸੈਮੀਨਾਰ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਦੇ ਚੇਅਰਮੈਨ ਡਾ. ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਤੇ ਜਨਰਲ ਸਕੱਤਰ ਸ਼ਿਵਮ ਸ਼ਰਮਾ ਦੀ ਨਿਗਰਾਨੀ ਹੇਠ ਪਲਾਸਟਿਕ ਬੈਗਾਂ ਨੂੰ ਨਾਂਹ ਕਹੋ, ਕਾਗ਼ਜ਼ੀ ਬੈਗਾਂ ਨੂੰ ਵਰਤੋ, ਵਿਸ਼ੇ 'ਤੇ ਜਾਗਰੂਕਤਾ ਸੈਮੀਨਾਰ ਕਰਾਇਆ ਗਿਆ। ਵਿਦਿਆਰਥੀਆਂ ਨੇ ਪੁਰਾਣੇ ਅਖ਼ਬਾਰਾਂ ਅਤੇ ਰਸਾਲਿਆਂ ਵਰਗੀਆਂ ਰਹਿੰਦ ਖੂੰਹਦ ਸਮੱਗਰੀਆਂ ਦੀ ਵਰਤੋਂ ਕਰਕੇ ਕਾਗ਼ਜ਼ੀ ਬੈਗ ਬਣਾਉਣ ਵਿੱਚ ਸਰਗਰਮੀ ਨਾਲ ਹਿੱਸਾ ਲਿਆ। ਇਸ ਵਿਹਾਰਕ ਗਤੀਵਿਧੀ ਰਾਹੀਂ ਉਨ੍ਹਾਂ ਨੇ ਪਲਾਸਟਿਕ ਦੀ ਵਰਤੋਂ ਨੂੰ ਘਟਾਉਣ, ਰੀਸਾਈਕਲਿੰਗ ਤੇ ਵਾਤਾਵਰਣ ਦੀ ਰੱਖਿਆ ਦੀ ਮਹੱਤਤਾ ਬਾਰੇ ਸਿੱਖਿਆ। ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਦੱਸਿਆ ਕਿ ਗਤੀਵਿਧੀ ਦਾ ਉਦੇਸ਼ ਇਹ ਸੰਦੇਸ਼ ਫੈਲਾਉਣਾ ਸੀ ਕਿ ਘਰ ਵਿੱਚ ਛੋਟੇ ਵਾਤਾਵਰਣ ਅਨੁਕੂਲ ਕਦਮ ਸਾਡੀ ਧਰਤੀ ਤੇ ਵੱਡਾ ਪ੍ਰਭਾਵ ਪਾ ਸਕਦੇ ਹਨ, ਜਿਸ ਨਾਲ ਹਰ ਜੀਵ ਸਿਹਤਮੰਦ ਜੀਵਨ ਜੀ ਸਕਦਾ ਹੈ।

## ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਮੰਗਾਂ ਨੂੰ ਲੈ ਕੇ ਧਰਨਾ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)** ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਅਣਗੌਲਿਆ ਕਰਨ ਦੇ ਰੋਸ ਵਜੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਸਾਂਝੀ ਕੋਆਰਡੀਨੇਸ਼ਨ ਕਮੇਟੀ ਪੰਜਾਬ ਦੇ ਸੱਦੇ 'ਤੇ ਜੀਤ ਸਿੰਘ ਬੰਗਾ, ਕ੍ਰਿਸ਼ਨ ਲਾਲ ਬੱਤਰਾ, ਸੁਰਿੰਦਰ ਸਿੰਘ, ਹਰਪਾਲ ਸਿੰਘ, ਚੇਤ ਰਾਮ ਢਿੱਲੋਂ ਦੀ ਪ੍ਰਧਾਨਗੀ ਮਾਤਾ ਮੋਦੀ ਪਾਰਕ ਕੈਬਨਿਟ ਮੰਤਰੀ ਅਮਨ ਅਰੋੜਾ ਦੀ ਰਿਹਾਇਸ਼ ਦੇ ਨਜ਼ਦੀਕ ਹੁੰਮਸ ਭਰੀ ਗਰਮੀ ਦੇ ਬਾਵਜੂਦ ਰੋਹ ਭਰਪੂਰ ਧਰਨਾ ਦਿੱਤਾ ਤੇ ਸਰਕਾਰ ਵਿਰੁੱਧ ਰੋਹ ਭਰਪੂਰ ਨਾਅਰੇਬਾਜ਼ੀ ਕੀਤੀ।ਤਹਿਸੀਲਦਾਰ ਅਮ੍ਰਿਤਬੀਰ ਸਿੰਘ ਨੇ ਧਰਨੇ 'ਚ ਪਹੁੰਚ ਕੇ ਸਰਕਾਰ ਨੂੰ ਫਰੰਟ ਵਲੋਂ ਲਿਖਿਆ ਚਿਤਾਵਨੀ ਪੱਤਰ ਪ੍ਰਾਪਤ ਕੀਤਾ।ਧਰਨੇ ਨੂੰ ਸੰਬੋਧਨ ਕਰਦਿਆਂ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਦੇ ਆਗੂਆਂ ਰਾਮ ਸਰੂਪ ਢੈਪਈ, ਜਗਦੇਵ ਸਿੰਘ ਬਾਹੀਆ,ਜੀਤ ਸਿੰਘ ਬੰਗਾ ਪਵਨ ਕੁਮਾਰ ਸ਼ਰਮਾ, ਸੁਰਿੰਦਰ ਸਿੰਘ, ਗੁਰਪ੍ਰੀਤ ਸਿੰਘ ਮੰਗਵਾਲ, ਦਾਤਾ ਸਿੰਘ ਨਮੋਲ, ਚੇਤ ਰਾਮ ਢਿੱਲੋਂ, ਦਰਸ਼ਨ ਸਿੰਘ ਭੂਰ, ਕ੍ਰਿਸ਼ਨ ਲਾਲ ਬੱਤਰਾ, ਹਰਪਾਲ ਸਿੰਘ ਚਮਨ ਲਾਲ ਲਾਲਕਾ, ਜਗਦੀਸ਼ ਸ਼ਰਮਾ, ਰਾਜ ਕੁਮਾਰ ਅਰੋੜਾ, ਸੁਰਿੰਦਰ ਕੁਮਾਰ ਬਾਲੀਆਂ ਮੇਲਾ ਸਿੰਘ ਪੁੰਨਾਂਵਾਲ, ਫ਼ਕੀਰ ਸਿੰਘ ਸੀਤਾ ਰਾਮ ਲਹਿਰਾ, ਗੁਰਮੇਲ ਸਿੰਘ ਖਾਈ, ਗੁਰਪ੍ਰੀਤ ਕੌਰ, ਬਿਕਰਮ ਜੀਤ ਸਿੰਘ, ਸੀਤਾ ਰਾਮ ਸ਼ਰਮਾ, ਅਸ਼ੋਕ ਕੁਮਾਰ ਨੇ ਸੰਬੋਧਨ ਕਰਦਿਆਂ ਪੰਜਾਬ ਸਰਕਾਰ ਦੀ ਮੁਲਾਜ਼ਮ ਤੇ ਪੈਨਸ਼ਨਰ ਮਾਰੂ ਨੀਤੀਆਂ ਨੂੰ ਜ਼ੋਰਦਾਰ ਢੰਗ ਨਾਲ ਭੰਡਿਆ।ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ 18 ਫ਼ੀਸਦੀ ਰਹਿੰਦਾ ਮਹਿੰਗਾਈ ਭੱਤਾ ਜਾਰੀ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ, ਪ੍ਰੋਬੇਸ਼ਨ ਫੀਲਡ ਦੌਰਾਨ ਪੂਰੀ ਤਨਖਾਹ ਦਿੱਤੀ ਜਾਵੇ।ਕੇਂਦਰੀ ਤਨਖਾਹ ਸਕੇਲ ਰੱਦ ਕਰਕੇ ਪੰਜਾਬ ਦੇ ਤਨਖਾਹ ਸਕੇਲ ਲਾਗੂ ਕੀਤੇ ਜਾਣ।

## ਅਕਾਲੀ ਆਗੂ ਢਿੱਲੋਂ ਸਾਥੀਆਂ ਸਮੇਤ 'ਆਪ' 'ਚ ਸ਼ਾਮਲ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਪੰਜਾਬ ਐਗਰੋ ਫੂਡਗ੍ਰੇਨ ਕਾਰਪੋਰੇਸ਼ਨ ਲਿਮ: ਦੇ ਚੇਅਰਮੈਨ ਤੇ ਲੋਕ ਸਭਾ ਪਟਿਆਲਾ ਦੇ ਇੰਚਾਰਜ ਬਲਜਿੰਦਰ ਸਿੰਘ ਢਿੱਲੋਂ ਦੀ ਅਗਵਾਈ ਹੇਠ ਹਲਕਾ ਸਨੌਰ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਵੇਲੇ ਹੋਰ ਮਜ਼ਬੂਤੀ ਮਿਲੀ, ਜਦੋਂ ਸ਼੍ਰੋਮਣੀ ਅਕਾਲੀ ਦਲ ਨਾਲ ਜੁੜੇ ਸਾਬਕਾ ਸਰਪੰਚ ਸੁਰਜੀਤ ਸਿੰਘ ਪਹਾੜੀਪੁਰ ਆਪਣੇ ਸਾਥੀਆਂ ਤੇ ਵੱਡੀ ਗਿਣਤੀ ਵਿੱਚ ਪਰਿਵਾਰਾਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ।ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਨੇ ਸੁਰਜੀਤ ਸਿੰਘ ਪਹਾੜੀਪੁਰ ਨੂੰ ਸਿਰੋਪਾਓ ਭੇਟ ਕਰਕੇ ਪਾਰਟੀ ਵਿੱਚ ਸ਼ਾਮਲ ਕਰਾਇਆ ਤੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ-ਪੱਖੀ ਕੰਮਾਂ ਅਤੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਪ੍ਰਭਾਵਤ ਹੋ ਕੇ ਹਰ ਰੋਜ਼ ਵੱਖ-ਵੱਖ ਪਾਰਟੀਆਂ ਦੇ ਸੀਨੀਅਰ ਆਗੂ ਅਤੇ ਨਾਮਵਰ ਸ਼ਖ਼ਸੀਅਤਾਂ ਪਾਰਟੀ ਨਾਲ ਜੁੜ ਰਹੀਆਂ ਹਨ। ਜਿਸ ਨਾਲ ਪਾਰਟੀ ਦਿਨੋ-ਦਿਨ ਹੋਰ ਮਜ਼ਬੂਤ ਹੋ ਰਹੀ ਹੈ।ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਸੁਰਜੀਤ ਸਿੰਘ ਪਹਾੜੀਪੁਰ ਨੇ ਕਿਹਾ ਕਿ ਉਹ ਮੁੱਖ ਮੰਤਰੀ ਭਗਵੰਤ ਮਾਨ ਅਤੇ ਪਾਰਟੀ ਦੇ ਰਾਸ਼ਟਰੀ ਕਨਵੀਨਰ ਸ਼੍ਰੀ ਅਰਵਿੰਦ ਕੇਜਰੀਵਾਲ ਦੀ ਵਿਚਾਰਧਾਰਾ ਅਤੇ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਤ ਹੋ ਕੇ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਹਨ।

## ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਘਰ-ਘਰ ਪੁਚਾਉਣ ਲਈ ਦਸਤਾਵੇਜ਼ੀ ਪ੍ਰੋਜੈਕਟ ਦੀ ਸ਼ੁਰੂਆਤ

**ਗਿੱਦੜਬਾਹਾ/ਸ੍ਰੀ ਮੁਕਤਸਰ ਸਾਹਿਬ (ਜਸਵੰਤ ਗਿੱਲ/ਸ਼ਮਿੰਦਰਪਾਲ/ਪੂਜਾ)** ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸ਼ਰਧਾ ਨਾਲ ਮਨਾਉਣ ਤੇ ਉਨ੍ਹਾਂ ਦੇ ਜੀਵਨ ਫ਼ਲਸਫ਼ੇ ਤੇ ਸਿੱਖਿਆਵਾਂ ਨੂੰ ਘਰ-ਘਰ ਪੁਚਾਉਣ ਲਈ ਪੰਜਾਬ ਸਰਕਾਰ ਵਲੋਂ ਵਿਸ਼ੇਸ ਦਸਤਾਵੇਜ਼ੀ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ਼੍ਰੀ ਅਮਿਤ ਕੁਮਾਰ ਪੰਚਾਲ ਨੇ ਸਾਂਝੀ ਕੀਤੀ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਪਿੰਡਾਂ ਵਿਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਨੂੰ ਸਮਰਪਤ ਡਾਕੂਮੈਂਟਰੀ ਵੈਨ ਰੋਜ਼ਾਨ ਦੋ ਪਿੰਡ ਕਵਰ ਕਰਦਿਆਂ ਪਹਿਲਾ ਸ਼ੋਅ ਸ਼ਾਮ 6 ਵਜੇ ਅਤੇ ਦੂਜਾ ਸ਼ੋਅ ਕਰੀਬ 7:30 ਵਜੇ ਦਿਖਾਇਆ ਕਰੇਗੀ।ਉਨ੍ਹਾਂ ਦੱਸਿਆ ਕਿ ਇਸੇ ਲੜੀ ਤਹਿਤ ਬਲਾਕ ਗਿੱਦੜਬਾਹਾ ਦੇ ਪਿੰਡਾਂ ਵਿਚ 9 ਜੁਲਾਈ ਨੂੰ ਡਾਕੂਮੈਂਟਰੀ ਵੈਨ ਵੱਲੋਂ ਪਿੰਡ ਦੋਦਾ ਤੇ ਮੱਲਣ ਵਿਖੇ, 10 ਜੁਲਾਈ ਨੂੰ ਪਿੰਡ ਭਲਾਈਆਣਾ ਅਤੇ ਸਾਹਿਬ ਚੰਦ ਵਿਖੇ, 11 ਜੁਲਾਈ ਨੂੰ ਪਿੰਡ ਚੋਟੀਆਂ ਤੇ ਕੋਟਭਾਈ (ਕੋਠੇ ਦਸਮੇਸ਼ ਨਗਰ) ਵਿਖੇ, 12 ਜੁਲਾਈ ਨੂੰ ਕੋਟਭਾਈ ਤੇ ਕੋਟਭਾਈ (ਕੋਠੇ ਹਿੰਮਤਪੁਰਾ) ਵਿਖੇ ਸ਼ੋਅ ਦਿਖਾਏ ਜਾਣਗੇ।ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 30 ਮਿੰਟ ਦੀ ਦਸਤਾਵੇਜ਼ੀ ਫ਼ਿਲਮ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਭਗਤੀ ਤੇ ਸਮਾਨਤਾ ਦੇ ਸੰਦੇਸ਼ ਨੂੰ ਘਰ-ਘਰ ਤੱਕ ਪੁਚਾਇਆ ਜਾਵੇਗਾ।

# ਵੱਖ-ਵੱਖ ਮੁਕੱਦਮਿਆਂ 'ਚ ਲੋੜੀਂਦੇ 5 ਦੋਸ਼ੀ ਗ੍ਰਿਫ਼ਤਾਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਹੁਸ਼ਿਆਰਪੁਰ ਜ਼ਿਲ੍ਹੇ ਅੰਦਰ ਮਾੜੇ ਅਨਸਰਾਂ ਖ਼ਿਲਾਫ਼ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਟਾਂਡਾ ਪੁਲਿਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ ਜਦੋਂ ਪੁਲਸ ਟੀਮਾਂ ਨੇ ਵੱਖ-ਵੱਖ ਮੁਕੱਦਮਿਆਂ ਵਿੱਚ



ਲੋੜੀਂਦੇ 5 ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ। ਸੀਨੀਅਰ ਪੁਲਿਸ ਕਪਤਾਨ ਹੁਸ਼ਿਆਰਪੁਰ ਸੰਦੀਪ ਕੁਮਾਰ ਮਲਿਕ ਦੇ ਦਿਸ਼ਾ-ਨਿਰਦੇਸ਼ਾਂ ਹੇਠ, ਡਾਕਟਰ ਮਨਪ੍ਰੀਤ ਕੌਰ ਸ਼ੀਹਮਾਰ ਐੱਸ ਪੀ (ਡੀ) ਹੁਸ਼ਿਆਰਪੁਰ ਅਤੇ ਦਵਿੰਦਰ ਸਿੰਘ ਬਾਜਵਾ ਡੀ ਐੱਸ ਪੀ ਸਬ ਡਵੀਜਨ ਟਾਂਡਾ ਦੀ ਅਗਵਾਈ ਵਿੱਚ ਟਾਂਡਾ ਇਲਾਕੇ ਅੰਦਰ ਸਪੈਸ਼ਲ ਮੁਹਿੰਮ ਚਲਾਈ ਗਈ ਸੀ। ਇਸੇ ਤਹਿਤ ਇੰਸਪੈਕਟਰ ਗੁਰਿੰਦਰਜੀਤ ਸਿੰਘ ਨਾਗਰਾ ਮੁੱਖ ਅਫਸਰ ਥਾਣਾ ਟਾਂਡਾ ਵੱਲੋਂ ਵੱਖ-ਵੱਖ ਟੀਮਾਂ ਦਾ ਗਠਨ ਕਰਕੇ ਰੇਡ ਕਰਦਿਆਂ 5 ਵੱਖ-ਵੱਖ ਮੁਕੱਦਮਿਆਂ ਦੇ ਲੋੜੀਂਦੇ ਕਥਿਤ ਦੋਸ਼ੀਆਂ ਨੂੰ ਕਾਬੂ ਕੀਤਾ ਗਿਆ। ਜਿਨ੍ਹਾਂ ਵਿੱਚ ਹਰਦੀਪ ਸਿੰਘ ਪੁੱਤਰ ਜਗਦੀਸ਼ ਵਾਸੀ ਪਿੰਡ ਦਾਤਾ, ਥਾਣਾ ਟਾਂਡਾ ਸ਼ਾਮਿਲ ਹੈ ਜੋ ਮੁਕੱਦਮਾ ਨੰਬਰ 221, ਅਧੀਨ ਧਾਰਾ 22/29 ਐੱਨਡੀਪੀਐੱਸ ਐਕਟ ਤਹਿਤ ਥਾਣਾ ਟਾਂਡਾ ਵਿੱਚ ਲੋੜੀਂਦਾ ਸੀ । ਇਸ ਤੋਂ ਇਲਾਵਾ ਬੁੱਧ ਸਿੰਘ ਪੁੱਤਰ ਸਵਰਨ ਸਿੰਘ ਵਾਸੀ ਪਿੰਡ ਕਠਾਨਾ, ਥਾਣਾ ਸ੍ਰੀ ਹਰਗੋਬਿੰਦਪੁਰ, ਬਟਾਲਾ ਜੋ ਮੁਕੱਦਮਾ ਨੰਬਰ 118, ਅਧੀਨ ਧਾਰਾ 61-1-14 ਐਕਸਾਈਜ਼ ਐਕਟ ਤਹਿਤ ਲੋੜੀਂਦਾ ਸੀ। ਤੀਸਰਾ ਕਥਿਤ ਦੋਸ਼ੀ ਤੇਜਿੰਦਰ ਸਿੰਘ ਉਰਫ਼ ਚੰਨੀ ਪੁੱਤਰ ਪ੍ਰਗਟ ਸਿੰਘ (ਵਾਸੀ ਪੰਜ ਗਰਾਹੀਆਂ, ਥਾਣਾ ਰੰਗੜ ਨੰਗਲ, ਗੁਰਦਾਸਪੁਰ ਜੋ ਮੁਕੱਦਮਾ ਨੰਬਰ 20, ਅਧੀਨ ਧਾਰਾ 333, 103,109,3(5) ਬੀ ਐੱਨ ਐੱਸ, 25,27 ਅਸਲਾ ਐਕਟ (ਵਾਧਾ ਜੁਰਮ 61(2) ਬੀਐੱਨਐੱਸ, 452,302, 307,34 ਆਈਪੀਐੱਸ ਅਤੇ 120 ਬੀ ਆਈ ਪੀ ਸੀ ਤਹਿਤ ਲੋੜੀਂਦਾ ਸੀ। ਚੌਥਾ ਕਥਿਤ ਦੋਸ਼ੀ ਅਮਨਦੀਪ ਨਾਹਰ ਪੁੱਤਰ ਮਹਿੰਦਰ ਸਿੰਘ ਵਾਸੀ ਪਿੰਡ ਮੂਨਕ ਕਲਾਂ, ਥਾਣਾ ਟਾਂਡਾ ਜੋ ਮੁਕੱਦਮਾ ਨੰਬਰ 111, ਅਧੀਨ ਧਾਰਾ 61-1-14 ਐਕਸਾਈਜ਼ ਐਕਟ ਤਹਿਤ ਲੋੜੀਂਦਾ ਸੀ। ਅਭਿਜੀਤ ਹੰਸ ਪੁੱਤਰ ਪੀਰੂ ਰਾਮ ਵਾਸੀ ਪਿੰਡ ਖੋਤੇਵਾਹਾ, ਥਾਣਾ ਟਾਂਡਾ ਜੋ ਮੁਕੱਦਮਾ ਨੰਬਰ 153, ਅਧੀਨ ਥਾਣਾ ਟਾਂਡਾ ਵਿਖੇ ਲੋੜੀਂਦਾ ਸੀ।

# ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਦੀ ਮੁਹਾਲੀ ਇਕਾਈ ਦਾ ਗਠਨ

**ਚੰਡੀਗੜ੍ਹ (ਸੁਰਜੀਤ ਸੁਮਨ)**- ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਦੀ ਇੱਕ ਅਹਿਮ ਬੈਠਕ ਸੰਸਥਾ ਦੇ ਕੌਮੀ ਜਨਰਲ ਸਕੱਤਰ ਡਾ. ਸੁਖਦੇਵ ਸਿੰਘ ਸਿਰਸਾ ਤੇ ਪੰਜਾਬੀ ਦੇ ਸੀਨੀਅਰ ਲੇਖਕ ਗੁਰਨਾਮ ਸਿੰਘ ਕੰਵਰ ਦੀ ਅਗਵਾਈ ਹੇਠ ਹੋਈ, ਜਿਸ ਬੈਠਕ ਦੀ ਪ੍ਰਧਾਨਗੀ ਸੰਸਥਾ ਦੇ ਸੂਬਾ ਪ੍ਰਧਾਨ ਪ੍ਰੋ. ਸੁਰਜੀਤ ਜੱਜ ਨੇ ਕੀਤੀ। ਮੀਟਿੰਗ ਵਿੱਚ ਜ਼ਿਲ੍ਹਾ ਮੁਹਾਲੀ ਦੇ ਕਰੀਬ 20 ਲੇਖਕਾਂ ਨੇ ਸ਼ਮੂਲੀਅਤ ਕੀਤੀ। ਲੇਖਕ ਸੰਘ ਦੇ ਸੂਬਾ ਜਨਰਲ ਸਕੱਤਰ ਡਾ. ਕੁਲਦੀਪ ਸਿੰਘ ਦੀਪ ਨੇ ਦੱਸਿਆ ਕਿ ਇਸ ਬੈਠਕ ਵਿੱਚ ਲੇਖਕ ਸੰਘ ਦੇ ਇਤਿਹਾਸ ਤੇ ਵਰਤਮਾਨ ਸਮੇਂ ਵਿੱਚ ਉਸ ਦੀ ਪ੍ਰਸੰਗਿਕਤਾ ਬਾਰੇ ਗਹਿਰੀ ਚਰਚਾ ਹੋਈ। ਇਹ ਮਹਿਸੂਸ ਕੀਤਾ ਗਿਆ ਕਿ ਜਿਸ ਤਰ੍ਹਾਂ ਪਹਿਲੇ ਅਤੇ ਦੂਜੇ ਵਿਸ਼ਵ ਯੁੱਧ ਸਮੇਂ ਲੇਖਕਾਂ ਅਤੇ ਚਿੰਤਕਾਂ ਨੇ ਇਕੱਠੇ ਹੋ ਕੇ ਸਾਮਰਾਜਵਾਦੀ ਜੰਗਾਂ ਅਤੇ ਸ਼ੋਸ਼ਣ ਦਾ ਵਿਰੋਧ ਕੀਤਾ ਸੀ, ਉਸੇ ਤਰ੍ਹਾਂ ਅੱਜ ਵੀ ਲੋੜ ਹੈ ਕਿ ਲੇਖਕ ਸਾਂਝੇ ਪਲੇਟਫਾਰਮਾਂ ਤੇ ਇਕੱਠੇ ਹੋਣ ਅਤੇ ਸਾਮਰਾਜਵਾਦੀ ਤੇ ਕਾਰਪੋਰੇਟ ਤਾਕਤਾਂ ਦਾ ਡਟ ਕੇ ਵਿਰੋਧ ਕਰਨ ਤਾਂ ਜੋ ਸੰਸਾਰ ਨੂੰ ਸ਼ੋਸ਼ਣ, ਜੰਗਾਂ ਅਤੇ ਵਾਤਾਵਰਨੀ ਸੰਕਟ ਤੋਂ ਬਚਾਇਆ ਜਾ ਸਕੇ। ਇਸ ਮੌਕੇ ਮੁਹਾਲੀ ਇਕਾਈ ਦੀ ਚੋਣ ਕਰਦਿਆਂ ਸਵਰਗਵਾਸੀ ਤੇਰਾ ਸਿੰਘ ਚੰਨ ਦੀ ਅਮੀਰ ਸਾਹਿਤਕ ਪਰੰਪਰਾ ਨੂੰ ਅੱਗੇ ਵਧਾਉਣ ਵਾਲੀ ਚਿੰਤਕ ਪ੍ਰੋ. ਅਮੀਰ ਸੁਲਤਾਨਾ ਨੂੰ ਪ੍ਰਧਾਨ, ਪ੍ਰਸਿੱਧ ਸਾਹਿਤਕਾਰ ਡਾ. ਸਰਬਜੀਤ ਕੌਰ ਸੋਹਲ



ਤੇ ਹਰਨਾਮ ਸਿੰਘ ਡੱਲਾ ਨੂੰ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ। ਜਨਰਲ ਸਕੱਤਰ ਦੀ ਜ਼ਿੰਮੇਵਾਰੀ ਰਿਟਾਇਰਡ ਪ੍ਰਿੰਸੀਪਲ ਤੇ ਆਲੋਚਕ ਡਾ. ਬਲਵਿੰਦਰ ਸਿੰਘ ਨੂੰ ਸੌਂਪੀ ਗਈ। ਸੁਰਜੀਤ ਸੁਮਨ ਅਤੇ ਰੰਜੀਵਨ ਸਿੰਘ ਨੂੰ ਸਰਬਸੰਮਤੀ ਨਾਲ ਮੀਤ ਪ੍ਰਧਾਨ ਚੁਣਿਆ ਗਿਆ, ਜਦਕਿ ਸ਼ਾਇਰ ਜੈਪਾਲ ਤੇ ਭੁਪਿੰਦਰ ਬੇਕਸ ਨੂੰ ਸਕੱਤਰ ਨਿਯੁਕਤ ਕੀਤਾ ਗਿਆ। ਪੰਜਾਬੀ ਦੇ ਉੱਘੇ ਸ਼ਾਇਰਾਂ ਸੁਰਿੰਦਰ ਗਿੱਲ, ਗੁਰਨਾਮ ਕੰਵਰ ਅਤੇ ਪ੍ਰਸਿੱਧ ਕਹਾਣੀਕਾਰ ਸਰੂਪ ਸਿਆਲਵੀ ਨੂੰ ਸਰਪਰਸਤ ਬਣਾਇਆ ਗਿਆ। ਪ੍ਰਸਿੱਧ ਨਾਟਕਕਾਰ ਸਵਰਾਜਬੀਰ, ਉੱਘੇ ਚਿੰਤਕ ਡਾ. ਸਰਬਜੀਤ ਸਿੰਘ ਅਤੇ ਸਾਬਕਾ ਜ਼ਿਲ੍ਹਾ ਭਾਸ਼ਾ ਅਫ਼ਸਰ, ਮੁਹਾਲੀ, ਡਾ. ਦਵਿੰਦਰ ਸਿੰਘ ਨੂੰ ਸਲਾਹਕਾਰ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਚੁਣੀ ਹੋਈ ਟੀਮ ਨੂੰ ਵਧਾਈ ਦਿੰਦਿਆਂ ਪ੍ਰੋ. ਸੁਰਜੀਤ ਜੱਜ ਨੇ ਕਿਹਾ ਕਿ ਆਸ ਹੈ ਕਿ ਜ਼ਿਲ੍ਹਾ ਮੁਹਾਲੀ ਦੀ ਇਹ ਟੀਮ ਲੇਖਕ ਦੀ ਸਮਾਜਿਕ ਜ਼ਿੰਮੇਵਾਰੀ ਦਾ ਅਹਿਸਾਸ ਕਰਦਿਆਂ ਆਮ ਲੋਕਾਂ ਦੇ ਹੱਕਾਂ ਦੀ ਬੁਲੰਦ ਆਵਾਜ਼ ਬਣੇਗੀ ਅਤੇ ਆਪਣੇ ਵਿਚਾਰਾਂ ਅਤੇ ਕਾਰਜਾਂ ਵਿੱਚ ਪ੍ਰਗਤੀਸ਼ੀਲ ਮੁੱਲਾਂ ਨੂੰ ਕਾਇਮ ਰੱਖੇਗੀ।ਗੁਰਨਾਮ ਸਿੰਘ ਕੰਵਰ ਨੇ ਪੰਜਾਬੀ ਦੇ ਉੱਘੇ ਲੇਖਕ ਰਿਪੁਦਮਨ ਸਿੰਘ ਰੂਪ, ਪ੍ਰਸਿੱਧ ਲੋਕ ਕਲਾਕਾਰ ਤੀਜਨ ਬਾਈ ਦੇ ਦੇਹਾਂਤ 'ਤੇ ਅਫ਼ਸੋਸ ਦਾ ਮਤਾ ਪੇਸ਼ ਕੀਤਾ ਅਤੇ ਦੋਹਾਂ ਸਿਰਜਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਪ੍ਰਸਿੱਧ ਸ਼ਾਇਰ ਤੇ ਨਾਟਕਕਾਰ ਸ਼ਬਦੀਸ਼, ਊਸ਼ਾ ਕੰਵਰ, ਦਿਲਦਾਰ ਸਿੰਘ, ਕਰਮ ਸਿੰਘ ਵਕੀਲ, ਦਵਿੰਦਰ ਖੁਸ਼ ਧਾਲੀਵਾਲ, ਹਰਜੀਤ ਸਿੰਘ, ਕਿਰਨ ਸਿੱਧੂ ਅਤੇ ਹੋਰ ਲੇਖਕ ਵੀ ਹਾਜ਼ਰ ਸਨ।

# ਜ਼ਿਲ੍ਹਾ ਮੈਜਿਸਟਰੇਟ ਵੱਲੋਂ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ

**ਹੁਸ਼ਿਆਰਪੁਰ (ਓ ਪੀ ਰਾਣਾ)**- ਜ਼ਿਲ੍ਹਾ ਮੈਜਿਸਟਰੇਟ ਹੁਸ਼ਿਆਰਪੁਰ ਆਸ਼ਿਕਾ ਜੈਨ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ



ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਵਿਚ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ ਕੀਤੇ ਗਏ ਹਨ। ਜਾਰੀ ਕੀਤੇ ਹੁਕਮਾਂ ਤਹਿਤ ਜ਼ਿਲ੍ਹਾ ਮੈਜਿਸਟਰੇਟ ਨੇ ਜ਼ਿਲ੍ਹੇ ਵਿਚ ਪ੍ਰੈਗਾਬਲਿਨ ਕੈਪਸੂਲਾਂ ਨੂੰ ਬਿਨ੍ਹਾਂ ਲਾਇਸੰਸ ਰੱਖਣ, ਮਨਜ਼ੂਰਸ਼ੁਦਾ ਮਾਤਰਾ ਤੋਂ ਵੱਧ ਰੱਖਣ/ਵੇਚਣ ਅਤੇ ਇਹ ਦਵਾਈ ਬਿਨ੍ਹਾਂ ਡਾਕਟਰ ਦੀ ਪਰਚੀ ਤੋਂ ਵੇਚਣ 'ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਇਨ੍ਹਾਂ ਹੁਕਮਾਂ ਦੀ ਉਲੰਘਣਾਂ 'ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਜ਼ਿਲ੍ਹੇ ਵਿਚ ਗਰਮੀਆਂ ਨੂੰ ਸ਼ਾਮ 6 ਵਜੇ ਤੋਂ ਸਵੇਰੇ 6 ਵਜੇ ਤੱਕ ਅਤੇ ਸਰਦੀਆਂ ਨੂੰ ਸ਼ਾਮ 5 ਵਜੇ ਤੋਂ ਸਵੇਰੇ 7 ਵਜੇ ਤੱਕ ਗਊ ਵੰਸ਼ ਦੀ ਢੋਆ-ਢੁਆਈ 'ਤੇ ਪੂਰਨ ਪਾਬੰਦੀ ਦੇ ਹੁਕਮ ਜਾਰੀ ਕਰਨ ਦੇ ਨਾਲ-ਨਾਲ ਜਿਨ੍ਹਾਂ ਲੋਕਾਂ ਨੇ ਗਊ ਵੰਸ਼ ਰੱਖੇ ਹੋਏ ਹਨ, ਉਨ੍ਹਾਂ ਨੂੰ ਪਸ਼ੂ ਪਾਲਣ ਵਿਭਾਗ ਪਾਸ ਰਜਿਸਟਰਡ ਕਰਾਉਣ ਦੇ ਆਦੇਸ਼ ਵੀ ਦਿੱਤੇ ਗਏ ਹਨ। ਇਸ ਤੋਂ ਇਲਾਵਾ ਜ਼ਿਲ੍ਹਾ ਮੈਜਿਸਟਰੇਟ ਨੇ ਹੁਕਮ ਜਾਰੀ ਕੀਤੇ ਹਨ ਕਿ ਕੋਈ ਵੀ ਵਿਅਕਤੀ/ਸਮਾਜਿਕ ਜਾਂ ਧਾਰਮਿਕ ਜਥੇਬੰਦੀ ਜਨਤਕ ਇਕੱਠਾਂ, ਧਾਰਮਿਕ ਸਥਾਨਾਂ, ਵਿਆਹ ਪਾਰਟੀਆਂ ਜਾਂ ਹੋਰ ਸਮਾਗਮਾਂ ਵਿਚ ਕਿਸੇ ਵੀ ਭਾਈਚਾਰੇ ਵਿਰੁੱਧ ਨਫ਼ਰਤ ਭਰਿਆ ਭਾਸ਼ਣ ਦੇਣ 'ਤੇ ਪੂਰਨ ਪਾਬੰਦੀ ਰਹੇਗੀ। ਜ਼ਿਲ੍ਹਾ ਮੈਜਿਸਟਰੇਟ ਵਲੋਂ ਜਾਰੀ ਕੀਤੇ ਹੁਕਮ ਤਹਿਤ ਜ਼ਿਲ੍ਹਾ ਹੁਸ਼ਿਆਰਪੁਰ ਦੇ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਕੋਈ ਵੀ ਵਿਅਕਤੀ ਜਾਂ ਪੰਚਾਇਤ ਜਾਂ ਨਗਰ ਕੌਂਸਲ ਜਾਂ ਨਗਰ ਪੰਚਾਇਤ ਸੰਬੰਧਤ ਉਪ-ਮੰਡਲ ਮੈਜਿਸਟਰੇਟ ਦੀ ਲਿਖਤੀ ਪੂਰਵ ਪ੍ਰਵਾਨਗੀ ਤੋਂ ਬਿਨ੍ਹਾਂ ਛੱਪੜ ਨਹੀਂ ਪੂਰੇਗਾ।ਇਕ ਹੋਰ ਹੁਕਮ ਜਾਰੀ ਕਰਦਿਆਂ ਜ਼ਿਲ੍ਹਾ ਮੈਜਿਸਟਰੇਟ ਨੇ ਜ਼ਿਲ੍ਹੇ ਦੇ ਸਾਰੇ ਪਿੰਡਾਂ ਵਿਚ ਗਲੀਆਂ/ਰਸਤਿਆਂ ਵਿਚ ਨਜ਼ਾਇਜ ਬੋਰ ਕਰਨ 'ਤੇ ਵੀ ਪਾਬੰਦੀ ਲਗਾ ਦਿੱਤੀ ਹੈ। ਇਹ ਸਾਰੇ ਹੁਕਮ 7 ਸਤੰਬਰ 2026 ਤੱਕ ਲਾਗੂ ਰਹਿਣਗੇ।

# ਅਜਨੋਹਾ ਵਿਖੇ ਗੁਰਮਤਿ ਸਿਖਲਾਈ ਕੈਂਪ ਦੀ ਸਮਾਪਤੀ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਜੀ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਵਿਖੇ ਗੁਰਮਤਿ ਸਿਖਲਾਈ ਕੈਂਪ ਦੀ ਹੋਈ ਸਮਾਪਤੀ। ਇਸ ਬਾਰੇ ਜਾਣਕਾਰੀ ਦਿੰਦਿਆਂ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦਸਿਆ ਕਿ ਗੁਰਦੁਆਰਾ ਸਾਹਿਬ ਰਵਿਦਾਸ ਮਹਾਰਾਜ ਜੀ ਵਿਖੇ 3 ਜੂਨ ਤੋਂ 30 ਜੂਨ ਤੱਕ ਗੁਰਮਤਿ ਸਿਖਲਾਈ ਕੈਂਪ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਚਲਾਇਆ ਗਿਆ। ਕੈਂਪ ਦੀ ਸਮਾਪਤੀ ਤੇ ਬੱਚਿਆਂ ਨੂੰ ਸਨਮਾਨਤ ਕੀਤਾ ਗਿਆ। ਬੱਚਿਆਂ ਨੂੰ ਪ੍ਰਦੀਪ ਸਿੰਘ ਖਾਲਸਾ ਵਲੋਂ ਗੁਰਬਾਣੀ ਸੰਥਿਆ, ਗੁਰ ਇਤਿਹਾਸ ਅਤੇ ਨਿਤਨੇਮ ਦੀਆਂ ਬਾਣੀਆਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਪ੍ਰਦੀਪ ਸਿੰਘ ਖਾਲਸਾ ਲਾਲਪੁਰ ਭਾਣਾ, ਸਰਪੰਚ ਰਾਜਵਿੰਦਰ ਕੌਰ,ਪ੍ਰਧਾਨ ਹਰਭਜਨ ਸਿੰਘ, ਗੁਰਪ੍ਰੀਤ ਸਿੰਘ ਖਾਲਸਾ, ਪ੍ਰਧਾਨ ਬਲਵਿੰਦਰ ਸਿੰਘ ਬਿੱਟੂ ਖਾਲਸਾ, ਸਤਨਾਮ ਸਿੰਘ ਸੱਤਾ, ਸੈਕਟਰੀ ਰਾਜ ਕੁਮਾਰ, ਖਜਾਨਚੀ ਸਤਨਾਮ ਸਿੰਘ, ਐੱਸ ਡੀ ਓ ਸੰਤੋਖ ਸਿੰਘ,ਬੂਟਾ ਸਿੰਘ, ਮਾਸਟਰ ਇਕਬਾਲ ਸਿੰਘ, ਸਾਬਕਾ ਸਰਪੰਚ ਮਮਤਾ ਰਾਣੀ, ਅਵਤਾਰ ਸਿੰਘ, ਲਖਬੀਰ ਸਿੰਘ, ਦਰਬਾਰਾ ਸਿੰਘ, ਹਰਮੀਤ ਸਿੰਘ, ਪਰਮਜੀਤ ਸਿੰਘ, ਜਸਵਿੰਦਰ ਕੌਰ, ਜਸਵੀਰ ਕੌਰ, ਹਰਮੇਸ਼ ਸਿੰਘ, ਮਨਜੀਤ ਕੌਰ, ਕਮਲੇਸ਼ ਕੌਰ, ਜਸਪ੍ਰੀਤ ਕੌਰ, ਪਰਮਜੀਤ ਕੌਰ, ਰਮਨਦੀਪ ਕੌਰ, ਮਨਜੀਤ ਕੌਰ, ਪਰਮਜੀਤ ਕੌਰ, ਬਲਜੀਤ ਕੌਰ ਅਤੇ ਬਲਵੀਰ ਕੌਰ ਆਦਿ ਹਾਜ਼ਰ ਸਨ।

# ਠੰਢੇ ਮਿੱਠੇ ਜਲ ਦੀ ਛਬੀਲ ਲਗਾਈ

**ਬੰਗਾ (ਅਵਤਾਰ ਕਲੇਰ)** ਲਾਇਨਜ਼ ਕਲੱਬ ਬੰਗਾ ਸਿਮਰਨ ਵਲੋਂ ਡਿਸਟ੍ਰਿਕ ਗਵਰਨਰ ਲਾਇਨ ਜੀ ਐਸ ਭਾਟੀਆ ਅਤੇ ਕਲੱਬ ਐਡਮਨਿਸਟ੍ਰੇਟਰ ਲਾਇਨ ਧੀਰਜ ਮੱਕੜ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਕਲੱਬ ਪ੍ਰਧਾਨ ਲਾਇਨ ਵਨੀਤਾ ਕੁਮਾਰੀ ਦੀ ਪ੍ਰਧਾਨਗੀ ਹੇਠ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੂੰ ਸਮਰਪਿਤ ਅਤੇ ਕਲੱਬ ਦੇ ਜੂਨੀਅਰ ਲਾਇਨ ਮੈਂਬਰ ਲਾਇਨ ਅਹਿਮ ਦੇ ਜਨਮਦਿਨ ਨੂੰ ਮੁੱਖ ਰੱਖਦੇ ਹੋਏ ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਬੰਗਾ ਵਿਖੇ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਵਿਸ਼ੇਸ਼ ਫੂਡ ਫਾਰ ਹੰਗਰ ਪ੍ਰਾਜੈਕਟ ਦੇ ਮੁੱਖ ਮਹਿਮਾਨ ਹਰਜੋਤ ਕੌਰ ਲੋਹਟੀਆ ਵੱਲੋਂ ਲਾਇਨ ਅਹਿਮ ਅਤੇ ਪ੍ਰਧਾਨ ਵਨੀਤਾ ਕੁਮਾਰੀ ਨੂੰ ਇਸ ਵਿਸ਼ੇਸ਼ ਪ੍ਰੋਗਰਾਮ ਦੀ ਵਧਾਈ ਦਿੱਤੀ। ਗੈਸਟ ਆਫ ਆਨਰ ਵਜੋਂ ਸ਼ਾਮਲ ਜੋਨ ਚੇਅਰਪਰਸਨ ਲਾਇਨ ਮੀਨੂੰ ਭੁੱਟਾ ਨੇ ਵਿਸ਼ੇਸ਼ ਕੈਂਪ ਦੀ ਵਧਾਈ ਦਿੰਦੇ ਹੋਏ ਕਿਹਾ ਕਿ ਇਸ ਸਾਲ ਵੀ ਲਾਇਨਜ਼ ਕਲੱਬ ਇੰਟਰਨੈਸ਼ਨਲ ਵਲੋਂ ਵੱਖ ਵੱਖ 8 ਵਿਸ਼ੇਸ਼ ਸੇਵਾ ਦੇ ਪ੍ਰੋਜੈਕਟ ਲਗਾਉਣ ਦੀ ਹਦਾਇਤਾਂ ਜਾਰੀ ਹੋਇਆਂ ਹਨ ਜਿਸ ਵਿੱਚੋਂ ਲਾਇਨ ਵਨੀਤਾ ਕੁਮਾਰੀ ਦੀ ਪ੍ਰਧਾਨਗੀ ਹੇਠ ਸੇਵਾ



ਦੇ ਟੀਚੇ ਪੂਰੇ ਕੀਤੇ ਗਏ। ਕਲੱਬ ਜਨਰਲ ਸਕੱਤਰ ਐਮ ਜੇ ਐਫ ਲਾਇਨ ਸੁਖਜਿੰਦਰ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਸਾਲ ਲਾਇਨਜ਼ ਕਲੱਬ ਇੰਟਰਨੈਸ਼ਨਲ ਵੱਲੋ ਮਿਲੇ ਵਿਸ਼ੇਸ਼ 8 ਸੇਵਾ ਦੇ ਪ੍ਰੋਜੈਕਟਾਂ ਦੇ ਚੈਲੇਂਜ ਦੇ ਨਾਲ ਨਾਲ ਹੋਰ ਵੀ ਵੱਖਰੇ ਢੰਗ ਦੇ ਸਮਾਜ ਸੇਵਾ ਦੇ ਕਾਰਜ ਕੀਤੇ ਜਾਣਗੇ ਅਤੇ ਇਸ ਵਾਰ ਜੋਨ ਚੇਅਰਪਰਸਨ ਮੀਨੂੰ ਭੁੱਟਾ ਦੇ ਨਾਲ ਨਾਲ ਪ੍ਰਧਾਨ ਵਨੀਤਾ ਕੁਮਾਰੀ ਦਾ ਨਾਂ ਵੀ ਪੂਰੇ ਡਿਸਟ੍ਰਿਕ 321-ਡੀ ਵਿੱਚ ਰੋਸ਼ਨ ਕਰਾਂਗੇ ਅਤੇ ਵੱਧ ਤੋਂ ਵੱਧ ਡਿਸਟ੍ਰਿਕ ਅਤੇ ਮਲਟੀਪਲ ਡਿਸਟ੍ਰਿਕ ਅਵਾਰਡ ਹਾਸਲ ਕਰਾਂਗੇ। ਕਲੱਬ ਪ੍ਰਧਾਨ ਵਨੀਤਾ ਕੁਮਾਰੀ ਵਲੋਂ ਇਸ ਵਿਸ਼ੇਸ਼ ਪ੍ਰੋਜੈਕਟ ਵਿੱਚ ਸ਼ਾਮਲ ਹਲਕਾ ਫਿਲੌਰ ਇੰਚਾਰਜ਼ ਮੈਡਮ ਹਰਜੋਤ ਕੌਰ ਲੋਹਟੀਆ, ਜੋਨ ਚੇਅਰਪਰਸਨ ਮੀਨੂੰ ਭੁੱਟਾ ਅਤੇ ਸਮੂਹ ਲਾਇਨ ਮੈਂਬਰਾਂ ਦਾ ਪ੍ਰੋਗਰਾਮ ਵਿੱਚ ਪਹੁੰਚਣ ਉਤੇ ਧੰਨਵਾਦ ਕੀਤਾ ਅਤੇ ਮਹਿਮਾਨਾਂ ਨੂੰ ਸਨਮਾਨਿਤ ਵੀ ਕੀਤਾ। ਇਸ ਮੋਕੇ ਕਲੱਬ ਫੂਡ ਫਾਰ ਹੰਗਰ ਚੇਅਰਪਰਸਨ ਲਾਇਨ ਮਨਿੰਦਰ ਕੌਰ, ਜਸਪ੍ਰੀਤ ਸਿੰਘ ਜੱਸੀ, ਰੋਹਿਤ ਚੋਪੜਾ, ਸੁਖਜਿੰਦਰ ਸਿੰਘ, ਗੁਰਮੀਤ ਸਿੰਘ, ਪਰਮਜੀਤ ਕੌਰ, ਹਰਵਿੰਦਰ ਕੌਰ, ਨਿਧੀ ਕਪੂਰ, ਸੀਮਾ, ਪ੍ਰਿਯੰਕਾ ਕਲਸੀ, ਵਿਕਾਸ ਚੋਪੜਾ, ਅਮਰਜੀਤ ਸਿੰਘ, ਸੰਦੀਪ ਕੁਮਾਰ, ਅਹਿਮ, ਅਤੇ ਹੋਰ ਲਾਇਨ ਮੈਂਬਰ ਵੀ ਸ਼ਾਮਲ ਹੋਏ।

# 'ਭਾਰਤ-ਵੰਡ ਵਿਰੋਧੀ ਮੁਸਲਮਾਨ' ਪੁਸਤਕ 'ਤੇ ਵਿਚਾਰ-ਚਰਚਾ 31 ਨੂੰ

**ਜਲੰਧਰ (ਕੇਸਰ)** ਗਦਰ ਲਹਿਰ ਅਤੇ ਆਜ਼ਾਦੀ ਦੀ ਅੱਖੋਂ ਪਰੋਖੇ ਕੀਤੀ ਗਈ ਇਨਕਲਾਬੀ ਲਹਿਰ ਦੇ ਚਮਕਦੇ ਸਿਤਾਰੇ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ (31 ਜੁਲਾਈ 1940) ਨੂੰ ਸਿਜਦਾ ਕਰਦੇ ਹੋਏ 31 ਜੁਲਾਈ ਨੂੰ ਬਾਅਦ ਦੁਪਹਿਰ 2:30 ਵਜੇ ਸਥਾਨਕ ਦੇਸ਼ ਭਗਤ ਯਾਦਗਾਰ ਹਾਲ ਵਿਖੇ ਵਿਚਾਰ-ਚਰਚਾ ਸਮਾਗਮ ਕੀਤਾ ਜਾ ਰਿਹਾ ਹੈ। ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ, ਸਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 31 ਜੁਲਾਈ ਨੂੰ ਹੋ ਰਹੇ ਇਸ ਸਮਾਗਮ 'ਚ ਉੱਘੇ ਵਿਦਵਾਨ, ਲੇਖਕ ਅਤੇ ਰੰਗ ਕਰਮੀ ਸ਼ਮਸੁਲ ਇਸਲਾਮ ਦੁਆਰਾ ਰਚਿਤ ਪੁਸਤਕ 'ਭਾਰਤ-ਵੰਡ ਵਿਰੋਧੀ ਮੁਸਲਮਾਨ' (ਦੇਸ਼-ਪ੍ਰੇਮੀ ਮੁਸਲਮਾਨਾਂ ਦੀ ਅਣਕਹੀ ਦਾਸਤਾਨ) ਉਪਰ ਗੰਭੀਰ ਵਿਚਾਰ-ਚਰਚਾ ਹੋਏਗੀ। ਇਸ ਵਿਚਾਰ-ਚਰਚਾ ਦੇ ਮੁੱਖ ਵਕਤਾ ਕਿਤਾਬ ਦੇ ਅਨੁਵਾਦਕ ਬੂਟਾ ਸਿੰਘ ਮਹਿਮੂਦਪੁਰ ਹੋਣਗੇ ਅਤੇ ਉਹਨਾਂ ਤੋਂ ਇਲਾਵਾ ਹੋਰਨਾਂ ਬੁੱਧੀਜੀਵੀਆਂ, ਇਤਿਹਾਸਕਾਰਾਂ, ਲੇਖਕਾਂ ਤੱਕ ਪਹੁੰਚ ਕੀਤੀ ਜਾ ਰਹੀ ਹੈ ਜੋ ਆਪਣੇ ਅਨਮੋਲ ਵਿਚਾਰਾਂ ਨਾਲ ਇਸ ਵਿਚਾਰ-ਚਰਚਾ ਨੂੰ ਹੋਰ ਵੀ ਸਾਰਥਕ ਬਣਾਉਣਗੇ। ਕਮੇਟੀ ਨੇ ਸਮੂਹ ਲੋਕ-ਪੱਖੀ ਸੰਸਥਾਵਾਂ ਅਤੇ ਵਿਅਕਤੀਆਂ ਨੂੰ ਵਿਚਾਰ-ਚਰਚਾ ਵਿੱਚ ਸ਼ਾਮਲ ਹੋਣ ਦੀ ਜ਼ੋਰਦਾਰ ਅਪੀਲ ਕੀਤੀ ਹੈ।

# ਕੁੱਲ ਹਿੰਦ ਕਿਸਾਨ ਸਭਾ ਤੇ ਖੇਤ ਮਜ਼ਦੂਰ ਯੂਨੀਅਨ ਵੱਲੋਂ ਮੁੱਖ ਮੰਤਰੀ ਨੂੰ ਮੈਮੋਰੈਂਡਮ

**ਖਰੜ (ਹਰਨਾਮ ਸਿੰਘ ਡੱਲਾ)**- ਕੁੱਲ ਹਿੰਦ ਕਿਸਾਨ ਸਭਾ ਅਤੇ ਖੇਤ ਮਜ਼ਦੂਰ ਯੂਨੀਅਨ ਦੀ ਸਾਂਝੀਆਂ ਮੰਗਾਂ ਦੇ ਬਾਰੇ ਵਿੱਚ ਪੰਜਾਬ ਦੇ ਮੁੱਖ ਮੰਤਰੀ ਦੇ ਨੂੰ ਇੱਕ ਮੈਮੋਰੰਡਮ ਭੇਜਿਆ ਗਿਆ। ਸਾਥੀ ਬਲਵੀਰ ਸਿੰਘ ਮੁਸਾਫਰ ਦੀ ਅਗਵਾਈ ਵਿੱਚ ਇੱਕ ਵਫਦ ਸਬ ਰਜਿਸਟਰਾਰ ਖਰੜ ਨੂੰ ਮਿਲਿਆ। ਇਸ ਮੌਕੇ ਸਾਥੀ ਪਰਮਜੀਤ ਸਿੰਘ ਖਿਜਰਾਬਾਦ, ਲਾਭ ਸਿੰਘ, ਹਰਬੰਸ ਸਿੰਘ ਯੋਗਰਾਜ, ਕਮਲਜੀਤ ਸਿੰਘ, ਕੇਸਰ



ਸਿੰਘ,ਹਰਜੀਤ ਸਿੰਘ ਬਸੋਤਾ, ਪ੍ਰਕਾਸ਼ ਸਿੰਘ ਰੰਗੀ, ਦਲਬਾਗ ਸਿੰਘ, ਸੁਖਦੇਵ ਸਿੰਘ ਗਿੱਲ ਆਦਿ ਸ਼ਾਮਲ ਸਨ। ਮੰਗ ਪੱਤਰ ਵਿੱਚ ਵੀ ਬੀ ਰਾਮ ਜੀ ਕਾਨੂੰਨ ਰੱਦ ਕਰਨ, ਤਜਵੀਜਤ ਬਿਜਲੀ ਬਿੱਲ 2025 ਅਤੇ ਬੀਜ ਸੋਧ ਬਿਲ ਵਾਪਸ ਲੈਣ, ਭਾਰਤ ਅਮਰੀਕਾ ਮੁਕਤਵਪਾਰ ਸੰਧੀ ਰੱਦ ਕਰਨ, ਬੇਜ਼ਮੀਨੇ ਮਜ਼ਦੂਰਾਂ ਨੂੰ 10/10 ਮਰਲੇ ਦੇ ਪਲਾਟ ਦੇਣ, ਕਿਸਾਨਾਂ ਤੇ ਮਜ਼ਦੂਰਾਂ ਦੇ ਕਰਜੇ ਮਾਫ਼ ਕਰਨ ਸਰਹੱਦ ਤੋਂ ਪਾਰ ਦੀਆਂ ਜਮੀਨਾਂ ਦੇ ਮਾਲਕਾਂ ਲਈ ਕੰਮ ਦੇ ਘੰਟੇ ਵਧਾਉਣਾ, ਪੈਟਰੋਲ ਤੇ ਡੀਜ਼ਲ ਦੀਆਂ ਕੀਮਤਾਂ ਉੱਤੇ ਕਾਬੂ ਪਾ ਕੇ ਕੀਮਤਾਂ ਘੱਟ ਕਰਨਾ, ਯੂਰੀਆ ਤੇ ਡਾਏ ਖਾਦ ਦੀ ਸਪਲਾਈ ਯਕੀਨੀ ਬਣਾਉਣਾ ਸ਼ਾਮਲ ਸਨ।ਇਕੱਤਰ ਕਿਸਾਨ ਤੇ ਮਜ਼ਦੂਰ ਆਗੂਆਂ ਨੇ ਪ੍ਰੈਸ ਦੇ ਨਾਂਅ ਬਿਆਨ ਕਰਦਿਆਂ ਰਾਜਸਥਾਨ ਦੇ ਗੰਗਾਨਗਰ ਜ਼ਿਲੇ ਦੇ ਸ਼ਹਿਰ ਵਿੱਚ ਇੱਕ 13 ਸਾਲਾਂ ਮਾਸੂਮ ਬਾਲੜੀ ਨਾਲ 32 ਲੋਕਾਂ ਵੱਲੋਂ ਕੀਤੇ ਜਬਰ ਜਨਾਹ ਅਤੇ ਇਸੇ ਦੌਰਾਨ ਹੋਈ ਮੌਤ ਦੀ ਘੋਰ ਨਿੰਦਾ ਕੀਤੀ ਅਤੇ ਮਾਸੂਮ ਬੱਚੀ ਦੇ ਪਰਵਾਰ ਨਾਲ ਹਮਦਰਦੀ ਜ਼ਾਹਿਰ ਕੀਤੀ। ਇਸ ਦਰਿੰਦਗੀ ਭਰੀ ਘਟਨਾ ਦੇ ਦੋਸ਼ੀਆਂ ਨੂੰ ਸਖਤ ਤੋਂ ਸਖਤ ਸਜ਼ਾ ਮਿਲਣੀ ਚਾਹੀਦੀ ਹੈ।

# ਵਿਧਾਇਕ ਨੇ ਸਰਾਏ ਖ਼ਾਮ ਲਈ 45 ਲੱਖ ਦੀ ਫਿਰਨੀ ਮਨਜ਼ੂਰ ਕੀਤੀ

**ਸੁਲਤਾਨਪੁਰ ਲੋਧੀ (ਸੋਨੀਆ/ ਪ੍ਰਦੀਪ)**- ਹਲਕਾ ਨਕੋਦਰ ਦੇ ਪਿੰਡ ਸਰਾਏ ਖ਼ਾਮ ਵਿਖੇ ਕਰਵਾਈ ਗਈ ਵਿਸ਼ਾਲ ਲੋਕ ਮਿਲਣੀ ਵਿਕਾਸ, ਲੋਕ ਭਲਾਈ ਅਤੇ ਲੋਕਾਂ ਨਾਲ ਸਿੱਧੇ ਸੰਵਾਦ ਦਾ ਇੱਕ ਪ੍ਰਭਾਵਸ਼ਾਲੀ ਮੰਚ ਬਣ ਕੇ ਸਾਹਮਣੇ ਆਈ। ਇਸ ਮੌਕੇ ਹਲਕੇ ਦੀ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਪਿੰਡ ਦੇ ਵਿਕਾਸ ਲਈ ਕਈ ਮਹੱਤਵਪੂਰਨ ਐਲਾਨ ਕਰਦਿਆਂ ਕਰੀਬ ਇੱਕ ਕਿਲੋਮੀਟਰ ਤੋਂ ਥੋੜ੍ਹੀ ਜਹੀ ਘੱਟ ਪਿੰਡ ਦੀ ਫਿਰਨੀ ਦੇ ਨਿਰਮਾਣ ਲਈ 45 ਲੱਖ ਰੁਪਏ ਦੀ ਗ੍ਰਾਂਟ ਮਨਜ਼ੂਰ ਕਰਨ ਦਾ ਐਲਾਨ ਕੀਤਾ। ਇਹ ਐਲਾਨ ਹੁੰਦਿਆਂ ਹੀ ਸਮਾਗਮ ਵਿੱਚ ਮੌਜੂਦ ਲੋਕਾਂ ਨੇ ਤਾੜੀਆਂ ਦੀ ਗੜਗੜਾਹਟ ਨਾਲ ਇਸ ਦਾ ਸਵਾਗਤ ਕੀਤਾ। ਆਪਣੇ ਸੰਬੋਧਨ ਦੌਰਾਨ ਵਿਧਾਇਕ



ਇੰਦਰਜੀਤ ਕੌਰ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਰਾਜਨੀਤੀ ਦਾ ਮਕਸਦ ਸਿਰਫ਼ ਚੋਣਾਂ ਜਿੱਤਣਾ ਨਹੀਂ, ਸਗੋਂ ਲੋਕਾਂ ਦੇ ਘਰ-ਘਰ ਤੱਕ ਪਹੁੰਚ ਕੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣਨਾ ਅਤੇ ਉਨ੍ਹਾਂ ਦਾ ਹੱਲ ਕਰਨਾ ਹੈ। ਵਿਰੋਧੀ ਧਿਰਾਂ 'ਤੇ ਤਿੱਖੇ ਹਮਲੇ ਕਰਦਿਆਂ ਉਨ੍ਹਾਂ ਕਿਹਾ ਕਿ ਆਜ਼ਾਦੀ ਦੇ ਦਹਾਕਿਆਂ ਬਾਅਦ ਵੀ ਪੰਜਾਬ ਦੇ ਲੋਕ ਬੁਨਿਆਦੀ ਸਹੂਲਤਾਂ ਲਈ ਸੰਘਰਸ਼ ਕਰਦੇ ਰਹੇ ਕਿਉਂਕਿ ਪਹਿਲਾਂ ਦੀਆਂ ਸਰਕਾਰਾਂ ਨੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਨਹੀਂ ਲਿਆ। ਉਨ੍ਹਾਂ ਦਾਅਵਾ ਕੀਤਾ ਕਿ ਮੌਜੂਦਾ ਸਰਕਾਰ ਲੋਕਾਂ ਦੇ ਦਰ 'ਤੇ ਜਾ ਕੇ ਉਨ੍ਹਾਂ ਦੀ ਗੱਲ ਸੁਣ ਰਹੀ ਹੈ ਅਤੇ ਵਿਕਾਸ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰ ਰਹੀ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਹਲਕੇ ਦੇ ਹਰ ਪਿੰਡ ਅਤੇ ਹਰ ਵਾਰਡ ਵਿੱਚ ਵਿਕਾਸ ਕਾਰਜ ਲਗਾਤਾਰ ਜਾਰੀ ਰਹਿਣਗੇ ਅਤੇ ਕਿਸੇ ਵੀ ਖੇਤਰ ਨੂੰ ਵਿਕਾਸ ਤੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ।ਇਸ ਮੌਕੇ ਚੇਅਰਮੈਨ ਬਲਾਕ ਸੰਮਤੀ ਚਰਨਜੀਤ ਸਿੰਘ, ਵਾਈਸ ਚੇਅਰਮੈਨ ਜੀਵਨ, ਬਲਾਕ ਪ੍ਰਧਾਨ ਸੁਰਿੰਦਰ ਉਗੀ, ਬਲਾਕ ਬਲਦੇਵ ਰਾਜ ਸਹੋਤਾ, ਜਤਿੰਦਰ ਸਿੰਘ ਨੂਰਪੁਰੀ ਸਮੇਤ ਪਾਰਟੀ ਦੇ ਹੋਰ ਸੀਨੀਅਰ ਆਗੂਆਂ ਨੇ ਵੀ ਸੰਬੋਧਨ ਕੀਤਾ।

# 8 ਆਈ ਏ ਐੱਸ ਅਧਿਕਾਰੀਆਂ ਦੀਆਂ ਬਦਲੀਆਂ/ਤਾਇਨਾਤੀਆਂ

**ਚੰਡੀਗੜ੍ਹ (ਸੁਰਜੀਤ ਸੁਮਨ)**- ਪੰਜਾਬ ਸਰਕਾਰ ਦੇ ਪ੍ਰਸੋਨਲ ਵਿਭਾਗ ਵੱਲੋਂ 8 ਆਈ ਏ ਐੱਸ ਅਧਿਕਾਰੀਆਂ ਦੀਆਂ ਬਦਲੀਆਂ/ਤਾਇਨਾਤੀਆਂ ਕੀਤੀਆਂ ਗਈਆਂ ਹਨ। ਮੁੱਖ ਸਕੱਤਰ, ਪੰਜਾਬ ਵੱਲੋਂ ਜਾਰੀ ਕੀਤੇ ਹੁਕਮਾਂ ਅਨੁਸਾਰ ਨਿਲਿਮਾ ਨੂੰ ਸਕੱਤਰ ਪ੍ਰਸੋਨਲ ਵਿਭਾਗ ਤੇ ਵਾਧੂ ਚਾਰਜ ਸਕੱਤਰ ਚੌਕਸੀ ਵਿਭਾਗ, ਸਾਕਸ਼ੀ ਸਾਹਨੀ ਨੂੰ ਵਿਸ਼ੇਸ਼ ਸਕੱਤਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਤੇ ਵਾਧੂ ਚਾਰਜ ਮਿਸ਼ਨ ਡਾਇਰੈਕਟਰ ਨੈਸ਼ਨਲ ਸਿਹਤ ਮਿਸ਼ਨ, ਸੰਦੀਪ ਰਿਸ਼ੀ ਨੂੰ ਮੁੱਖ ਪ੍ਰਸ਼ਾਸਕ ਗਰੇਟਰ ਮੋਹਾਲ਼ੀ ਏਰੀਆ ਵਿਕਾਸ ਅਥਾਰਟੀ, ਐੱਸ ਏ ਐੱਸ ਨਗਰ, ਪਰਮਿੰਦਰ ਪਾਲ ਸਿੰਘ ਨੂੰ ਵਿਸ਼ੇਸ਼ ਸਕੱਤਰ ਗ੍ਰਹਿ ਮਾਮਲੇ ਵਿਭਾਗ, ਨੀਰੂ ਕਤਿਆਲ ਨੂੰ ਮੁੱਖ ਪ੍ਰਸ਼ਾਸਕ ਪੰਜਾਬ ਸ਼ਹਿਰੀ ਯੋਜਨਾ ਤੇ ਵਿਕਾਸ ਅਥਾਰਟੀ ਅਤੇ ਵਾਧੂ ਚਾਰਜ ਡਾਇਰੈਕਟਰ ਨਗਰ ਤੇ ਸ਼ਹਿਰੀ ਯੋਜਨਾਬੰਦੀ, ਨਿਕਾਸ ਕੁਮਾਰ ਨੂੰ ਕਮਿਸ਼ਨਰ ਨਗਰ ਨਿਗਮ ਜਲੰਧਰ, ਮਿਸ ਸੋਨਮ ਨੂੰ ਵਧੀਕ ਕਮਿਸ਼ਨਰ ਕਰ-1, ਪਟਿਆਲਾ ਤੇ ਵਾਧੂ ਚਾਰਜ ਸੰਯੁਕਤ ਕਮਿਸ਼ਨਰ ਨਗਰ ਨਿਗਮ ਪਟਿਆਲਾ ਅਤੇ ਰਾਕੇਸ਼ ਕੁਮਾਰ ਮੀਨਾ ਨੂੰ ਵਧੀਕ ਡਿਪਟੀ ਕਮਿਸ਼ਨਰ (ਪੇਂਡਾਂ ਵਿਕਾਸ) ਹੁਸ਼ਿਆਰਪੁਰ ਤਾਇਨਾਤ ਕੀਤਾ ਗਿਆ ਹੈ।

# ਲੋਕ ਮਿਲਣੀ ਪ੍ਰੋਗਰਾਮ ਤਹਿਤ ਰੰਧਾਵਾ ਨੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਹਲਕੇ ਵਿੱਚ ਕਰਵਾਏ ਗਏ 'ਲੋਕ ਮਿਲਣੀ' ਪ੍ਰੋਗਰਾਮ ਤਹਿਤ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਪਿੰਡ ਤ੍ਰਿਵੇਦੀ ਕੈਂਪ, ਗੁਰੂ ਨਾਨਕ ਕਲੋਨੀ, ਭਗਵਾਨਪੁਰ ਅਤੇ ਰਾਮਪੁਰ ਸੈਣੀਆ ਦਾ ਦੌਰਾ ਕਰਕੇ ਲੋਕਾਂ ਨਾਲ ਸਿੱਧਾ ਸੰਵਾਦ ਕੀਤਾ। ਇਸ ਦੌਰਾਨ ਉਨ੍ਹਾਂ ਲੋਕਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਸੁਣੀਆਂ ਅਤੇ ਸਬੰਧਤ ਅਧਿਕਾਰੀਆਂ ਨੂੰ ਮੌਕੇ 'ਤੇ ਹੀ ਉਨ੍ਹਾਂ ਦੇ ਤੁਰੰਤ ਨਿਪਟਾਰੇ ਲਈ ਲੋੜੀਂਦੇ



ਨਿਰਦੇਸ਼ ਜਾਰੀ ਕੀਤੇ।ਵਿਧਾਇਕ ਨੇ ਪਿੰਡ ਤ੍ਰਿਵੇਦੀ ਕੈਂਪ ਵਿਖੇ ਕਰੀਬ 25 ਲੱਖ ਰੁਪਏ ਦੀ ਲਾਗਤ ਨਾਲ ਬਣੀਆਂ ਗਲੀਆਂ ਦਾ ਉਦਘਾਟਨ ਕਰਕੇ ਲੋਕਾਂ ਨੂੰ ਸਮਰਪਿਤ ਕੀਤਾ। ਇਸ ਮੌਕੇ ਉਨ੍ਹਾਂ ਮਾਵਾਂ-ਭੈਣਾਂ ਨਾਲ ਵੀ ਗੱਲਬਾਤ ਕੀਤੀ ਅਤੇ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ।

ਇਸ ਉਪਰੰਤ ਗੁਰੂ ਨਾਨਕ ਕਲੋਨੀ ਵਿਖੇ ਕਰੀਬ 21 ਲੱਖ ਰੁਪਏ ਦੀ ਲਾਗਤ ਨਾਲ ਵਿਛਾਈ ਗਈ ਪਾਈਪ ਲਾਈਨ ਅਤੇ ਬਣੀਆਂ ਗਲੀਆਂ ਦਾ ਉਦਘਾਟਨ ਕਰਕੇ ਇਲਾਕਾ ਵਾਸੀਆਂ ਨੂੰ ਸਮਰਪਿਤ ਕੀਤਾ।ਪਿੰਡ ਭਗਵਾਨਪੁਰ ਵਿਖੇ ਉਨ੍ਹਾਂ ਕਰੀਬ 10 ਲੱਖ ਰੁਪਏ ਦੀ ਲਾਗਤ ਨਾਲ ਸ਼ਮਸ਼ਾਨਘਾਟ ਵਿੱਚ ਕਰਵਾਏ ਗਏ ਕਾਰਜਾਂ ਅਤੇ ਬਣੀਆਂ ਗਲੀਆਂ ਦਾ ਉਦਘਾਟਨ ਕੀਤਾ, ਜਦਕਿ ਪਿੰਡ ਰਾਮਪੁਰ ਸੈਣੀਆ ਵਿਖੇ ਕਰੀਬ 14 ਲੱਖ ਰੁਪਏ ਦੀ ਲਾਗਤ ਨਾਲ ਸ਼ਮਸ਼ਾਨਘਾਟ ਵਿੱਚ ਕਰਵਾਏ ਕਾਰਜਾਂ ਅਤੇ ਕਮਿਊਨਿਟੀ ਸੈਂਟਰ ਵਿੱਚ ਪੇਵਰ ਬਲਾਕ, ਪੇਂਟ ਅਤੇ ਹੋਰ ਕੰਮ ਲੋਕਾਂ ਨੂੰ ਸਮਰਪਿਤ ਕੀਤੇ।ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੇ ਸਰਵਪੱਖੀ ਵਿਕਾਸ ਅਤੇ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਲੋਕ ਮਿਲਣੀ ਪ੍ਰੋਗਰਾਮ ਦਾ ਮਕਸਦ ਲੋਕਾਂ ਦੀਆਂ ਸਮੱਸਿਆਵਾਂ ਦਾ ਉਨ੍ਹਾਂ ਦੇ ਆਪਣੇ ਇਲਾਕਿਆਂ ਵਿੱਚ ਹੀ ਸਮੇਂ ਸਿਰ ਹੱਲ ਯਕੀਨੀ ਬਣਾਉਣਾ ਹੈ।

# ਵਣ ਮਹਾਂਉਤਸਵ ਮਨਾਇਆ

**ਜਲੰਧਰ (ਰਾਜੇਸ਼ ਥਾਪਾ)**- ਏ ਜੀ ਆਈ ਗਲੋਬਲ ਸਕੂਲ ਦੀ ਚੇਅਰਪਰਸਨ ਸਲਵਿੰਦਰਜੀਤ ਕੌਰ ਨੇ ਵਨ ਮਹਾਉਤਸਵ ਮੌਕੇ ਕਿਹਾ, ਆਓ ਸਿਰਫ਼ ਵਨ ਮਹਾਉਤਸਵ ਦੇ ਹਫ਼ਤੇ ਹੀ ਨਹੀਂ, ਸਗੋਂ ਹਰ ਰੋਜ਼ ਕੁਦਰਤ ਦੀ ਸੰਭਾਲ ਕਰੀਏ। ਅੱਜ ਲਾਇਆ ਹਰ ਰੁੱਖ ਕੱਲ੍ਹ ਨੂੰ ਹੋਰ ਹਰਿਆ-ਭਰਿਆ, ਤੰਦਰੁਸਤ ਅਤੇ ਖੁਸ਼ਹਾਲ ਬਣਾਉਂਦਾ ਹੈ। ਬੱਚਿਆਂ ਵਿੱਚ ਵਾਤਾਵਰਨ ਦੀ



ਰੱਖਿਆ ਦੀ ਭਾਵਨਾ ਛੋਟੀ ਉਮਰ ਤੋਂ ਹੀ ਪੈਦਾ ਹੋਣੀ ਚਾਹੀਦੀ ਹੈ। ਏ ਜੀ ਆਈ ਗਲੋਬਲ ਸਕੂਲ ਵਿੱਚ ਵਨ ਮਾਉਤਸਵ ਨੂੰ ਬੜੇ ਜੋਸ਼ ਅਤੇ ਉਤਸ਼ਾਹ ਨਾਲ ਮਨਾਇਆ ਗਿਆ।ਪੂਰੇ ਹਫ਼ਤੇ ਦੌਰਾਨ ਵਿਦਿਆਰਥੀਆਂ ਲਈ ਕਈ ਗਤੀਵਿਧੀਆਂ ਕਰਵਾਈਆਂ ਗਈਆਂ। ਬੱਚਿਆਂ ਨੇ ਰੁੱਖ ਲਗਾਉਣ, ਨੇਚਰ ਵਾਕ, ਪੇਪਰ ਬੈਗ ਬਣਾਉਣ, ਸਲੋਗਨ ਲਿਖਣ, ਪੋਸਟਰ ਬਣਾਉਣ ਅਤੇ ਹੋਰ ਵਾਤਾਵਰਣ ਸੰਬੰਧੀ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਇਨ੍ਹਾਂ ਰਾਹੀਂ ਬੱਚਿਆਂ ਨੇ ਰੁੱਖਾਂ ਦੀ ਮਹੱਤਤਾ ਅਤੇ ਵਾਤਾਵਰਣ ਦੇ ਸੰਤੁਲਨ ਵਿੱਚ ਉਨ੍ਹਾਂ ਦੀ ਭੂਮਿਕਾ ਬਾਰੇ ਜਾਣਕਾਰੀ ਹਾਸਲ ਕੀਤੀ। ਸਕੂਲ ਦੀ ਡਾਇਰੈਕਟਰ ਹਰਲੀਨ ਮੋਹਾਂਤੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵਾਤਾਵਰਨ ਦੀ ਸੰਭਾਲ ਸਿਰਫ਼ ਸਾਡੀ ਜ਼ਿੰਮੇਵਾਰੀ ਨਹੀਂ, ਸਗੋਂ ਸਾਡੀ ਜੀਵਨ ਸ਼ੈਲੀ ਦਾ ਹਿੱਸਾ ਹੋਣੀ ਚਾਹੀਦੀ ਹੈ। ਉਨ੍ਹਾਂ ਨੇ ਬੱਚਿਆਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ, ਕੁਦਰਤੀ ਸਰੋਤਾਂ ਦੀ ਸੰਭਾਲ ਕਰਨ ਅਤੇ ਹੋਰਨਾਂ ਨੂੰ ਵੀ ਵਾਤਾਵਰਣ ਬਚਾਉਣ ਲਈ ਪ੍ਰੇਰਿਤ ਕਰਨ ਲਈ ਕਿਹਾ। ਬੱਚਿਆਂ ਦੇ ਉਤਸ਼ਾਹ ਨੇ ਸਭ ਨੂੰ ਰੁੱਖਾਂ ਦੀ ਰੱਖਿਆ ਅਤੇ ਵੱਧ ਤੋਂ ਵੱਧ ਪੌਦੇ ਲਗਾਉਣ ਲਈ ਪ੍ਰੇਰਿਤ ਕੀਤਾ।

# ਜ਼ਿਲ੍ਹਾ ਚੋਣ ਅਫ਼ਸਰ ਵੱਲੋਂ ਐੱਸ ਆਈ ਆਰ ਦੇ ਕੰਮ ਦੀ ਸਮੀਖਿਆ

**ਮੁਹਾਲੀ (ਗੁਰਜੀਤ ਬਿੱਲਾ)**- ਜ਼ਿਲ੍ਹਾ ਚੋਣ ਅਫ਼ਸਰ- ਕਮ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਵੱਲੋਂ ਅੱਜ ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐਸ.ਆਈ.ਆਰ)-2026 ਸਬੰਧੀ ਰੋਜ਼ਾਨਾ ਕੀਤੀ ਜਾਂਦੀ ਆਨਲਾਈਨ ਰਿਵਿਊ ਮੀਟਿੰਗ ਕਰਕੇ ਜ਼ਿਲ੍ਹੇ ਵਿੱਚ ਚੱਲ ਰਹੇ ਕੰਮਾਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਗਈ।ਮੀਟਿੰਗ ਦੌਰਾਨ ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਹੁਣ ਤੱਕ 31.31 ਫ਼ੀਸਦੀ ਡਿਜਿਟਾਈਜ਼ੇਸ਼ਨ ਦਾ ਕੰਮ ਮੁਕੰਮਲ ਹੋ ਚੁੱਕਾ ਹੈ। ਉਨ੍ਹਾਂ



ਜਾਣਕਾਰੀ ਦਿੱਤੀ ਕਿ 11 ਪੋਲਿੰਗ ਬੂਥਾਂ 'ਤੇ 90 ਫ਼ੀਸਦੀ ਤੋਂ ਵੱਧ ਡਿਜਿਟਾਈਜ਼ੇਸ਼ਨ ਹੋ ਚੁੱਕੀ ਹੈ, ਜਦ ਕਿ 7 ਪੋਲਿੰਗ ਬੂਥਾਂ 'ਤੇ ਇਹ ਕੰਮ 80 ਤੋਂ 90 ਫ਼ੀਸਦੀ ਤੱਕ ਪਹੁੰਚ ਚੁੱਕਾ ਹੈ। ਇਸ ਤੋਂ ਇਲਾਵਾ 2 ਪੋਲਿੰਗ ਬੂਥਾਂ 'ਤੇ ਡਿਜਿਟਾਈਜ਼ੇਸ਼ਨ ਦਾ ਕੰਮ 100 ਫ਼ੀਸਦੀ ਮੁਕੰਮਲ ਕੀਤਾ ਜਾ ਚੁੱਕਾ ਹੈ। ਉਹਨਾਂ ਸਮੂਹ ਚੋਣਕਾਰ ਰਜਿਸਟ੍ਰੇਸ਼ਨ ਅਫਸਰਾਂ ਨੂੰ ਜਲਦ ਤੋਂ ਜਲਦ ਐਸ.ਆਈ.ਆਰ ਦਾ ਕੰਮ ਨੇਪਰੇ ਚੜਾਉਣ ਦੀ ਹਦਾਇਤ ਕੀਤੀ। ਡਿਪਟੀ ਕਮਿਸ਼ਨਰ-ਕਮ ਜ਼ਿਲ੍ਹਾ ਚੋਣ ਅਫ਼ਸਰ ਨੇ ਪੋਲਿੰਗ ਬੂਥਾਂ ਦੀ ਰੈਸ਼ਨਲਾਈਜ਼ੇਸ਼ਨ ਸਬੰਧੀ ਵੀ ਸਮੀਖਿਆ ਕੀਤੀ ਅਤੇ ਨਿਰਦੇਸ਼ ਦਿੱਤੇ ਕਿ ਜਿਨ੍ਹਾਂ ਪੋਲਿੰਗ ਬੂਥਾਂ 'ਤੇ 1200 ਤੋਂ ਵੱਧ ਵੋਟਰ ਹਨ, ਉੱਥੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਨਵੇਂ ਪੋਲਿੰਗ ਬੂਥ ਬਣਾਉਣ ਦੀ ਕਾਰਵਾਈ ਤੁਰੰਤ ਸ਼ੁਰੂ ਕੀਤੀ ਜਾਵੇ, ਤਾਂ ਜੋ ਵੋਟਰਾਂ ਨੂੰ ਵਧੀਆ ਸੁਵਿਧਾਵਾਂ ਮਿਲ ਸਕਣ।

# ਹੋਣਹਾਰ ਵਿਦਿਆਰਥੀਆਂ ਨੂੰ ਵਿੱਤੀ ਸਹਾਇਤਾ ਭੇਟ

**ਟਾਂਡਾ ਉੜਮੁੜ (ਮਿਥਲੇਸ ਗਰਗ, ਜਸਵਿੰਦਰ ਸੰਧੂ)**- ਸਰਕਾਰੀ ਹਾਈ ਸਕੂਲ ਰਾਜਪੁਰ ਗਹੋਤ ਵਿਖੇ ਹੋਏ ਇਕ ਸਮਾਗਮ ਦੌਰਾਨ ਹਰ ਸਾਲ ਦੀ ਤਰ੍ਹਾਂ ਪ੍ਰਵਾਸੀ ਭਾਰਤੀ ਰੇਸ਼ਮ ਸਿੰਘ ਸੈਣੀ ਵੱਲੋਂ ਸਕੂਲ ਦੇ ਹੋਣਹਾਰ



ਵਿਦਿਆਰਥੀਆਂ ਨੂੰ ਵਿੱਤੀ ਸਹਾਇਤਾ ਭੇਜੀ ਗਈ।ਸਕੂਲ ਮੁਖੀ ਹਰਪ੍ਰੀਤ ਸਿੰਘ ਦੀ ਅਗਵਾਈ ਵਿਚ ਹੋਏ ਸਮਾਗਮ ਦੌਰਾਨ ਉਨ੍ਹਾਂ ਦੇ ਭਤੀਜੇ ਨਰਿੰਦਰ ਸਿੰਘ ਵੱਲੋਂ ਦਸਵੀਂ ਕਲਾਸ ਦੇ ਨਤੀਜੇ ਦੌਰਾਨ ਪਹਿਲੇ, ਦੂਜੇ ਤੇ ਤੀਸਰੇ ਸਥਾਨ 'ਤੇ ਰਹਿਣ ਵਾਲੇ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੂੰ ਇਹ ਵਿੱਤੀ ਸਹਾਇਤਾ ਭੇਟ ਕੀਤੀ ਗਈ।ਇਸ ਮੌਕੇ ਹੈੱਡ ਮਾਸਟਰ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਐੱਨ ਆਰ ਆਈ ਰੇਸ਼ਮ ਸਿੰਘ ਵੱਲੋਂ ਕਲਾਸ ਦੇ ਸਾਲਾਨਾ ਨਤੀਜੇ ਦੌਰਾਨ ਸਕੂਲ ਵਿਚੋਂ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੀ ਹੋਣਹਾਰ ਵਿਦਿਆਰਥਣ ਕਸੀਲਾ ਨੂੰ 5 ਹਜ਼ਾਰ ਰੁਪਏ, ਦੂਸਰੇ ਸਥਾਨ 'ਤੇ ਰਹਿਣ ਵਾਲੀ ਪ੍ਰਿਅਕਾ ਨੂੰ 3 ਹਜ਼ਾਰ ਅਤੇ ਤੀਸਰੇ ਸਥਾਨ 'ਤੇ ਰਹਿਣ ਵਾਲੀ ਖੁਸੀ ਸੈਣੀ ਨੂੰ 2 ਹਜ਼ਾਰ ਰੁਪਏ ਸਹਾਇਤਾ ਰਾਸ਼ੀ ਭੇਟ ਕੀਤੀ ਗਈ।ਇਸ ਮੌਕੇ ਮੁੱਖ ਅਧਿਆਪਕ ਹਰਪ੍ਰੀਤ ਸਿੰਘ ਨੇ ਪ੍ਰਵਾਸੀ ਭਾਰਤੀ ਰੇਸ਼ਮ ਸਿੰਘ ਅਤੇ ਉਨ੍ਹਾਂ ਦੇ ਭਤੀਜੇ ਨਰਿੰਦਰ ਸਿੰਘ ਦਾ ਧੰਨਵਾਦ ਕੀਤਾ।

ਉਨ੍ਹਾਂ ਸਕੂਲ ਦੇ ਹੋਰਨਾਂ ਵਿਦਿਆਰਥੀਆਂ ਨੂੰ ਵੀ ਪੂਰੀ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸਕੂਲ ਸਟਾਫ ਮੈਂਬਰਾਂ ਵਿਚ ਮੈਡਮ ਨੀਲਮ ਕੁਮਾਰੀ, ਗੁਰਵੀਰ ਕੌਰ, ਮਨਦੀਪ ਕੌਰ, ਗੁਰਿੰਦਰ ਕੌਰ, ਵਰਿੰਦਰਾ ਨਰਿੰਦਰਾ, ਰਾਜਦੀਪ ਕੌਰ, ਤਰਨਜੀਤ ਕੌਰ, ਰਾਜਦੀਪ ਕੌਰ, ਮਨਿੰਦਰ ਕੌਰ, ਅਜੈ ਕੁਮਾਰ ,ਯੋਗੇਸ਼ ਕੁਮਾਰ, ਦਵਿੰਦਰ ਸਿੰਘ, ਅਵਤਾਰ ਸਿੰਘ ਵੀ ਹਾਜ਼ਰ ਸਨ।

# ਰੋਟਰੀ ਆਈ ਬੈਂਕ ਦੀਆਂ ਸੇਵਾਵਾਂ ਮਨੁੱਖਤਾ ਲਈ ਪ੍ਰੇਰਨਾਸਰੋਤ : ਹਰੀਸ਼ ਬੰਗਾ

**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)**- ਰੋਟਰੀ ਆਈ ਬੈਂਕ ਅਤੇ ਕੌਰਨੀਅਲ ਟ੍ਰਾਂਸਪਲਾਂਟੇਸ਼ਨ ਸੋਸਾਇਟੀ ਵੱਲੋਂ ਪ੍ਰਧਾਨ ਜੇ ਬੀ ਬਹਿਲ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਵਿੱਚ ਲਾਇਨਜ਼ ਕਲੱਬ 321-ਡੀ ਦੇ ਸਾਬਕਾ ਡਿਸਟ੍ਰਿਕਟ ਗਵਰਨਰ ਲਾਇਨ ਹਰੀਸ਼ ਬੰਗਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਸੰਸਥਾ ਦੇ ਚੇਅਰਮੈਨ ਤੇ ਪ੍ਰਮੁੱਖ ਸਮਾਜਸੇਵੀ ਸੰਜੀਵ ਅਰੋੜਾ ਨੇ ਰੋਟਰੀ ਆਈ ਬੈਂਕ ਵੱਲੋਂ ਕੀਤੇ ਜਾ ਰਹੇ ਸੇਵਾ ਕਾਰਜਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਕਿਹਾ ਕਿ ਸੰਸਥਾ



ਪਿਛਲੇ ਕਈ ਸਾਲਾਂ ਤੋਂ ਨਿਸ਼ਕਾਮ ਭਾਵਨਾ ਨਾਲ ਕੌਰਨੀਆ ਟ੍ਰਾਂਸਪਲਾਂਟ, ਨੇਤਰਦਾਨ ਅਤੇ ਦੇਹਦਾਨ ਪ੍ਰਤੀ ਸਮਾਜ ਨੂੰ ਜਾਗਰੂਕ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸੰਸਥਾ ਦਾ ਉਦੇਸ਼ ਸਿਰਫ਼ ਲੋਕਾਂ ਨੂੰ ਨਜ਼ਰ ਪ੍ਰਦਾਨ ਕਰਨਾ ਹੀ ਨਹੀਂ, ਸਗੋਂ ਸਮਾਜ ਵਿੱਚ ਮਨੁੱਖੀ ਸੇਵਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨਾ ਵੀ ਹੈ। ਉਨ੍ਹਾਂ ਸਾਰੇ ਨਾਗਰਿਕਾਂ ਨੂੰ ਨੇਤਰਦਾਨ ਦਾ ਸੰਕਲਪ ਲੈਣ ਅਤੇ ਇਸ ਪਵਿੱਤਰ ਮੁਹਿੰਮ ਨਾਲ ਜੁੜਨ ਦੀ ਅਪੀਲ ਕੀਤੀ ਅਰੋੜਾ ਨੇ ਦੱਸਿਆ ਕਿ ਸੋਸਾਇਟੀ ਵੱਲੋਂ ਹੁਣ ਤੱਕ 4,170 ਕੌਰਨੀਅਲ ਅੰਧੇਪਨ ਤੋਂ ਪੀੜਤ ਮਰੀਜ਼ਾਂ ਨੂੰ ਮੁਫ਼ਤ ਰੋਸ਼ਨੀ ਪ੍ਰਦਾਨ ਕੀਤੀ ਜਾ ਚੁੱਕੀ ਹੈ। ਇਸ ਤੋਂ ਇਲਾਵਾ 30 ਮਰਨ ਉਪਰੰਤ ਸ਼ਰੀਰ ਵੱਖ-ਵੱਖ ਮੈਡੀਕਲ ਕਾਲਜਾਂ ਵਿੱਚ ਖੋਜ ਕਾਰਜਾਂ ਲਈ ਭੇਜਿਆ ਗਿਆ ਹੈ ਅਤੇ ਹੁਣ ਤੱਕ 250 ਵਿਅਕਤੀਆਂ ਵਲੋਂ ਮਰਨ ਉਪਰੰਤ ਦੇਹ ਦਾਨ ਲਈ ਰਜਿਸਟ੍ਰੇਸ਼ਨ ਕਰਵਾਈ ਗਈ ਹੈ। ਇਸ ਮੌਕੇ ਮੁੱਖ ਮਹਿਮਾਨ ਲਾਇਨ ਹਰੀਸ਼ ਬੰਗਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਰੋਟਰੀ ਆਈ ਬੈਂਕ ਨੇ ਹਜ਼ਾਰਾਂ ਲੋੜਵੰਦ ਲੋਕਾਂ ਦੀ ਜ਼ਿੰਦਗੀ ਵਿੱਚ ਨਵੀਂ ਰੌਸ਼ਨੀ ਲਿਆ ਕੇ ਮਨੁੱਖੀ ਸੇਵਾ ਦੀ ਮਿਸਾਲ ਕਾਇਮ ਕੀਤੀ ਹੈ। ਇਸ ਮੌਕੇ ਮਦਨ ਲਾਲ ਮਹਾਜਨ, ਦਵਿੰਦਰ ਅਰੋੜਾ, ਸ਼ਾਖਾ ਬੱਗਾ, ਅਸ਼ਵਨੀ ਕੁਮਾਰ ਦੱਤਾ, ਪ੍ਰੋ. ਦਲਜੀਤ ਸਿੰਘ, ਵਿਨੋਦ ਪਸਾਨ, ਰਜਿੰਦਰ ਮੋਦਗਿਲ, ਐਚ. ਕੇ. ਨਕੜਾ, ਕੁਲਦੇਵ ਰਾਜ ਅਰੋੜਾ, ਰਜਿੰਦਰ ਸਿੰਘ ਤੇ ਹੋਰ ਹਾਜ਼ਰ ਸਨ।

# ਕਪੂਰਥਲਾ ਨਗਰ ਨਿਗਮ 'ਚ ਆਮ ਆਦਮੀ ਪਾਰਟੀ ਦੀ ਸ਼ਾਨਦਾਰ ਜਿੱਤ

**ਕਪੂਰਥਲਾ**- ਕਪੂਰਥਲਾ ਨਗਰ ਨਿਗਮ ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੇ ਸ਼ਾਨਦਾਰ ਜਿੱਤ ਹਾਸਲ ਕਰਦਿਆਂ ਮੇਅਰ ਅਤੇ ਦੋਵੇਂ ਡਿਪਟੀ ਮੇਅਰ ਦੇ ਅਹੁਦਿਆਂ 'ਤੇ ਕਬਜ਼ਾ ਕਰ ਲਿਆ ਹੈ। ਨਰਿੰਦਰ ਸਿੰਘ ਮਨਸੂ ਨੂੰ ਮੇਅਰ, ਕਾਮਾਕਸ਼ੀ ਦੁੱਗਲ ਨੂੰ ਸੀਨੀਅਰ ਡਿਪਟੀ ਮੇਅਰ ਅਤੇ ਸਮੀਰ ਸ਼ਰਮਾ ਨੂੰ ਡਿਪਟੀ ਮੇਅਰ ਚੁਣਿਆ ਗਿਆ ਹੈ। ਚੋਣ ਮੁਤਾਬਕ, ਆਮ ਆਦਮੀ ਪਾਰਟੀ ਦੇ ਨਰਿੰਦਰ ਸਿੰਘ ਮਨਸੂ ਨੂੰ ਕਪੂਰਥਲਾ ਨਗਰ ਨਿਗਮ ਦਾ ਮੇਅਰ ਚੁਣਿਆ ਗਿਆ ਹੈ। ਇਸ ਤੋਂ ਇਲਾਵਾ ਕਾਮਾਕਸ਼ੀ ਦੁੱਗਲ ਨੂੰ ਸੀਨੀਅਰ ਡਿਪਟੀ ਮੇਅਰ ਦੇ ਅਹੁਦੇ ਲਈ ਚੁਣਿਆ ਗਿਆ ਹੈ, ਜਦੋਂ ਕਿ ਸਮੀਰ ਸ਼ਰਮਾ ਨੂੰ ਡਿਪਟੀ ਮੇਅਰ ਵਜੋਂ ਚੁਣਿਆ ਗਿਆ ਹੈ।ਇਹ ਜਿੱਤ ਆਮ ਆਦਮੀ ਪਾਰਟੀ ਲਈ ਇੱਕ ਵੱਡੀ ਉਪਲਬਧੀ ਹੈ ਤੇ ਇਸ ਨਾਲ ਪਾਰਟੀ ਸ਼ਹਿਰ ਵਿੱਚ ਹੋਰ ਮਜ਼ਬੂਤ ਹੋ ਗਈ ਹੈ। ਤਿੰਨੋਂ ਨਵੇਂ ਨਿਯੁਕਤ ਅਹੁਦੇਦਾਰਾਂ ਨੇ ਕਪੂਰਥਲਾ ਸ਼ਹਿਰ ਦੇ ਵਿਕਾਸ ਅਤੇ ਲੋਕਾਂ ਦੀ ਭਲਾਈ ਲਈ ਕੰਮ ਕਰਨ ਦਾ ਵਾਅਦਾ ਕੀਤਾ ਹੈ।ਇਸ ਜਿੱਤ ਨਾਲ ਆਮ ਆਦਮੀ ਪਾਰਟੀ ਨੇ ਸਥਾਨਕ ਸਰਕਾਰ ਵਿੱਚ ਆਪਣੀ ਸਥਿਤੀ ਹੋਰ ਮਜ਼ਬੂਤ ਕਰ ਲਈ ਹੈ ਅਤੇ ਕਪੂਰਥਲਾ ਦੇ ਨਾਗਰਿਕਾਂ ਨੇ ਪਾਰਟੀ 'ਤੇ ਭਰੋਸਾ ਜਤਾਇਆ ਹੈ।

# ਜ਼ਿਲ੍ਹਾ ਪ੍ਰਧਾਨ ਬਣਾਉਣ 'ਤੇ ਚੌਧਰੀ ਸੰਜੀਵ ਚੇਚੀ ਨੇ ਹਾਈਕਮਾਂਡ ਦਾ ਕੀਤਾ ਧੰਨਵਾਦ

**ਬਲਾਚੌਰ (ਜਸਵਿੰਦਰ ਬੈਂਸ)**- ਆਮ ਆਦਮੀ ਪਾਰਟੀ ਵੱਲੋਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦਾ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤੇ ਜਾਣ 'ਤੇ ਚੌਧਰੀ ਸੰਜੀਵ ਚੇਚੀ ਨੇ ਪਾਰਟੀ ਦੀ ਕੌਮੀ



ਕਨਵੀਨਰ ਅਰਵਿੰਦ ਕੇਜਰੀਵਾਲ, ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸਮੁੱਚੀ ਹਾਈਕਮਾਂਡ ਦਾ ਦਿਲੋਂ ਧੰਨਵਾਦ ਕਰਦਿਆਂ ਹੋਇਆਂ ਕਿਹਾ ਕਿ ਪਾਰਟੀ ਨੇ ਉਨ੍ਹਾਂ 'ਤੇ ਜੋ ਭਰੋਸਾ ਜਤਾਇਆ ਹੈ, ਉਹ ਉਸ 'ਤੇ ਪੂਰੀ ਤਨਦੇਹੀ, ਇਮਾਨਦਾਰੀ ਅਤੇ ਮਿਹਨਤ ਨਾਲ ਖਰਾ ਉਤਰਨ ਦੀ ਕੋਸ਼ਿਸ਼ ਕਰਨਗੇ। ਚੌਧਰੀ ਸੰਜੀਵ ਚੇਚੀ ਨੇ ਕਿਹਾ ਕਿ ਉਹ ਜ਼ਿਲ੍ਹੇ ਦੇ ਹਰ ਵਰਕਰ ਨੂੰ ਨਾਲ ਲੈ ਕੇ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਦਿਨ-ਰਾਤ ਕੰਮ ਕਰਨਗੇ ਅਤੇ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਯਤਨਸ਼ੀਲ ਰਹਿਣਗੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਅਤੇ ਵਿਕਾਸ ਕਾਰਜਾਂ ਨੂੰ ਲੋਕਾਂ ਤੱਕ ਪਹੁੰਚਾਉਣਾ ਉਨ੍ਹਾਂ ਦੀ ਪਹਿਲੀ ਤਰਜੀਹ ਹੋਵੇਗੀ। ਉਨ੍ਹਾਂ ਸਮੂਹ ਪਾਰਟੀ ਆਗੂਆਂ, ਵਰਕਰਾਂ ਅਤੇ ਹਮਾਇਤੀਆਂ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਨੇ ਉਨ੍ਹਾਂ ਨੂੰ ਵਧਾਈਆਂ ਦਿੱਤੀਆਂ ਅਤੇ ਭਵਿੱਖ ਵਿੱਚ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

# ਸੰਗ ਢੇਸੀਆਂ ਵਿਖੇ 'ਆਪ' ਵੱਲੋਂ ਮੀਟਿੰਗ

**ਗੁਰਾਇਆ (ਬਿੰਦਰ ਸੁਮਨ)**- ਪਿੰਡ ਸੰਗ ਢੇਸੀਆਂ ਵਿਖੇ ਆਮ ਆਦਮੀ ਪਾਰਟੀ ਦੀ ਇੱਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਹਲਕਾ ਇੰਚਾਰਜ ਹਰਜੋਤ ਕੌਰ ਲੋਹਟੀਆ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਦੌਰਾਨ ਪਿੰਡ ਦੀ ਸਰਪੰਚ ਪਰਮਜੀਤ ਕੌਰ ਅਤੇ ਪੰਚਾਇਤ ਮੈਂਬਰਾਂ ਵੱਲੋਂ ਉਨ੍ਹਾਂ ਦਾ ਭਰਵਾਂ ਸਵਾਗਤ ਕਰਦਿਆਂ ਬਾਬਾ ਸੰਗ ਸਾਹਿਬ ਦੀ ਤਸਵੀਰ ਭੇਟ ਕੀਤੀ ਗਈ।ਇਸ ਮੌਕੇ ਹਰਜੋਤ ਕੌਰ ਲੋਹਟੀਆ ਨੇ ਪਿੰਡ ਵਾਸੀਆਂ ਨਾਲ ਰੂਬਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਮੁਸ਼ਕਿਲਾਂ ਨੂੰ ਧਿਆਨ ਨਾਲ ਸੁਣਿਆ। ਆਪਣੇ ਸੰਬੋਧਨ ਦੌਰਾਨ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਹਮੇਸ਼ਾ ਵਚਨਬੱਧ ਹੈ ਅਤੇ ਹਰ ਨਾਗਰਿਕ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਉਨ੍ਹਾਂ ਪਾਰਟੀ ਦੀਆਂ ਲੋਕ ਭਲਾਈ ਨੀਤੀਆਂ ਬਾਰੇ ਜਾਣਕਾਰੀ ਦਿੰਦਿਆਂ ਲੋਕਾਂ ਨੂੰ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਕੀਤਾ ਇੱਕ ਹੋਰ ਵਾਅਦਾ ਵੀ ਪੂਰਾ ਕੀਤਾ ਗਿਆ ਹੈ, ਜਿਸ ਤਹਿਤ 'ਮਾਵਾਂ-ਧੀਆਂ ਯੋਜਨਾ' ਅਧੀਨ ਹਰ ਮਹਿਲਾ ਦੇ ਖਾਤੇ ਵਿੱਚ 1000 ਤੋਂ 1500 ਰੁਪਏ



ਜਮ੍ਹਾਂ ਕਰਵਾਏ ਗਏ ਹਨ। ਜਿਨ੍ਹਾਂ ਦੇ ਪੈਸੇ ਅਜੇ ਤੱਕ ਨਹੀਂ ਪਹੁੰਚੇ, ਉਨ੍ਹਾਂ ਦੇ ਖਾਤਿਆਂ ਵਿੱਚ ਵੀ ਜਲਦ ਰਾਸ਼ੀ ਭੇਜ ਦਿੱਤੀ ਜਾਵੇਗੀ। ਪਿੰਡ ਸੰਗ ਢੇਸੀਆਂ ਦੀਆਂ 116 ਤੋਂ ਵੱਧ ਵੋਟਾਂ ਜੋ ਪਿੰਡ ਢੰਡਾ ਵਿੱਚ ਦਰਜ ਹਨ, ਉਨ੍ਹਾਂ ਨੂੰ ਵੀ ਐੱਸ ਡੀ ਐੱਮ ਫਿਲੌਰ ਨਾਲ ਗੱਲਬਾਤ ਕਰਕੇ ਪੱਕੇ ਤੌਰ 'ਤੇ ਹੱਲ ਕਰਵਾਇਆ ਜਾਵੇਗਾ। ਪਿੰਡ ਦੇ ਗੰਦੇ ਪਾਣੀ ਦੀ ਸਮੱਸਿਆ ਦੇ ਹੱਲ ਲਈ ਉਨ੍ਹਾਂ 20 ਲੱਖ ਰੁਪਏ ਦੀ ਗ੍ਰਾਂਟ ਦੇਣ ਦਾ ਭਰੋਸਾ ਵੀ ਦਿੱਤਾ। ਇਸ ਮੌਕੇ ਦਰਜਨ ਭਰ ਤੋਂ ਵੱਧ ਨੌਜਵਾਨਾਂ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕਰਦਿਆਂ ਹਰਜੋਤ ਕੌਰ ਲੋਹਟੀਆ ਵੱਲੋਂ ਉਨ੍ਹਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ। ਉਨ੍ਹਾਂ ਦੇ ਨਾਲ ਚੇਅਰਮੈਨ ਮਾਰਕੀਟ ਕਮੇਟੀ ਫਿਲੌਰ ਰੋਸ਼ਨ ਲਾਲ ਰੋਸ਼ੀ, ਐੱਮ ਸੀ ਰਾਹੁਲ ਪੁੰਜ, ਵਰਿੰਦਰ ਸੈਣੀ, ਹਰਜਿੰਦਰ ਬਿੱਲਾ ਸਰਗੁੰਦੀ, ਗੌਰਵ ਵਾਬਾ, ਪਿੰਡ ਦੀ ਸਰਪੰਚ ਪਰਮਜੀਤ ਕੌਰ, ਸਤਵੀਰ ਕੁਮਾਰ ਰਾਜਨ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਬਲਵਿੰਦਰ ਕੌਰ, ਸਾਬਕਾ ਬਲਾਕ ਸੰਮਤੀ ਮੈਂਬਰ ਰੇਸ਼ਮ ਕੌਰ, ਬੂਟਾ ਸਿੰਘ, ਪੰਚ ਸੀਤਾ ਦੇਵੀ, ਪੰਚ ਤੀਰਥ ਕੌਰ, ਪੰਚ ਸੁਖਜੀਤ ਸਿੰਘ, ਆਸ਼ਾ ਵਰਕਰ ਗਿਆਨ ਕੌਰ, ਬਿੱਟਾ, ਸੁਰਿੰਦਰ ਸੰਧੂ, ਗੁਰਿੰਦਰ ਸਿੰਘ ਗਿੰਦੀ, ਹਰਮਿੰਦਰ ਸਿੰਘ, ਸੁਖਵਿੰਦਰ ਸਿੰਘ, ਪਰਮਜੀਤ ਸਿੰਘ, ਹਰਜੋਤ ਸਿੰਘ, ਗੁਰਜੰਟ ਸਿੰਘ, ਅਰੁਣ, ਅੰਮ੍ਰਿਤ, ਲਖਵੀਰ ਸਿੰਘ, ਜਸ਼ਨਪ੍ਰੀਤ ਸਿੰਘ, ਹਰਪਾਲ ਸਿੰਘ, ਮਨਕਰਨ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਭਾਰਤ ਵਿਕਾਸ ਪ੍ਰੀਸ਼ਦ ਨੇ ਵਿਦਿਆਰਥੀਆਂ ਨੂੰ ਸਟੇਸ਼ਨਰੀ ਵੰਡੀ

**ਬਲਾਚੌਰ (ਜਸਵਿੰਦਰ ਬੈਂਸ)**- ਭਾਰਤ ਵਿਕਾਸ ਪ੍ਰੀਸ਼ਦ ਬਲਾਚੌਰ ਨੇ ਸਰਵਹਿਤਕਾਰੀ ਸਿੱਖਿਆ ਸਮਿਤੀ ਵੱਲੋਂ ਚਲਾਏ ਜਾ ਰਹੇ ਬਾਲ ਸੰਸਕਾਰ ਕੇਂਦਰ, ਉਧਨਵਾਲ ਖੁਰਦ ਵਿਖੇ 140 ਵਿਦਿਆਰਥੀਆਂ ਨੂੰ ਸਟੇਸ਼ਨਰੀ



ਵੰਡੀ।ਪ੍ਰੋਗਰਾਮ ਦੀ ਸ਼ੁਰੂਆਤ ਕਰਦੇ ਹੋਏ ਪਰਮਜੀਤ ਰੱਤੇਵਾਲੀਆ ਨੇ ਬਾਲ ਸੰਸਕਾਰ ਕੇਂਦਰ ਦੀਆਂ ਗਤੀਵਿਧੀਆਂ ਅਤੇ ਉਦੇਸ਼ਾਂ 'ਤੇ ਚਾਨਣਾ ਪਾਇਆ। ਇਸ ਤੋਂ ਬਾਅਦ ਚੰਦਰੇਸ਼ ਸ਼ੌਰੀ ਨੇ ਸੇਵਾ, ਸੰਸਕਾਰ ਅਤੇ ਸਮਰਪਣ 'ਤੇ ਕੇਂਦ੍ਰਿਤ ਭਾਰਤ ਵਿਕਾਸ ਪ੍ਰੀਸ਼ਦ ਦੇ ਵੱਖ-ਵੱਖ ਸਮਾਜਿਕ ਕਾਰਜਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕੀਤੀ।ਭਾਰਤ ਵਿਕਾਸ ਪ੍ਰੀਸ਼ਦ ਬਲਾਚੌਰ ਦੇ ਪ੍ਰਧਾਨ ਰਣਦੀਪ ਕੌਸ਼ਲ ਨੇ ਵਿਦਿਆਰਥੀਆਂ ਨੂੰ ਜ਼ਿੰਦਗੀ ਵਿੱਚ ਸਫਲਤਾ ਪ੍ਰਾਪਤ ਕਰਨ ਲਈ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਸਮਰਪਣ ਨਾਲ ਪੜ੍ਹਾਈ ਕਰਨ ਲਈ ਉਤਸ਼ਾਹਿਤ ਕੀਤਾ।ਇਸ ਤੋਂ ਬਾਅਦ, ਵਿਦਿਆਰਥੀਆਂ ਨੂੰ ਨੋਟਬੁੱਕ, ਪੈਨ, ਪੈਨਸਿਲ, ਰਬੜ, ਸ਼ਾਰਪਨਰ, ਚਾਕ, ਡਸਟਰ, ਬਿਸਕੁਟ ਅਤੇ ਹੋਰ ਜ਼ਰੂਰੀ ਸਟੇਸ਼ਨਰੀ ਵਸਤੂਆਂ ਵੰਡੀਆਂ ਗਈਆਂ। ਵਿਦਿਆਰਥੀਆਂ ਵਿੱਚ ਸਿੱਖਿਆ ਅਤੇ ਕਦਰਾਂ-ਕੀਮਤਾਂ ਦੇ ਪ੍ਰਚਾਰ ਵਿੱਚ ਯੋਗਦਾਨ ਪਾਉਣ ਵਾਲੀਆਂ ਅਧਿਆਪਕਾਵਾਂ ਮਮਤਾ ਰਾਣੀ, ਨੇਹਾ ਰਾਣੀ, ਆਰਤੀ, ਨੀਹਾ ਅਤੇ ਨਾਨੀਬਾਲਾ ਨੂੰ ਟਰਾਫੀਆਂ ਨਾਲ ਸਨਮਾਨਤ ਕੀਤਾ ਗਿਆ।ਪ੍ਰੋਗਰਾਮ ਦੇ ਅੰਤ ਵਿੱਚ ਪਿੰਡ ਦੇ ਸਰਪੰਚ ਮਹਿੰਦਰ ਪਾਲ ਨੇ ਭਾਰਤ ਵਿਕਾਸ ਪ੍ਰੀਸ਼ਦ ਅਤੇ ਮੌਜੂਦ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਭਾਰਤ ਵਿਕਾਸ ਪ੍ਰੀਸ਼ਦ, ਬਲਾਚੌਰ ਦੇ ਪ੍ਰਧਾਨ ਰਣਦੀਪ ਕੌਸ਼ਲ, ਜਨਰਲ ਸਕੱਤਰ, ਲੈਕਚਰਾਰ ਸੁਨੀਲ ਸ਼ਰਮਾ, ਰਾਣਾ ਗਗਨਦੀਪ ਸਿੰਘ ਕੌਸ਼ਲ, ਪ੍ਰਿੰਸੀਪਲ ਚੰਦਰੇਸ਼ ਸ਼ੌਰੀ, ਵਿਜੇ ਰਾਣਾ, ਲਲਿਤ ਰਾਣਾ, ਪਰਮਜੀਤ ਸਿੰਘ, ਸੁਭਾਸ਼ ਚੰਦਰ, ਪ੍ਰਿੰਸੀਪਲ ਅਰੁਣਾ ਪਾਠਕ, ਪੁਸ਼ਪਾ ਵਿਆਸ, ਪਰਮਜੀਤ ਰੱਤੇਵਾਲੀਆ, ਗੁਰਮੀਤ ਸਿੰਘ, ਹੁਸਨ ਲਾਲ ਫੌਜੀ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

# ਗਰੁੱਪ 'ਏ' ਤੇ 'ਬੀ' ਅਧਿਕਾਰੀਆਂ ਦੇ ਸੇਵਾ ਮਾਮਲਿਆਂ 'ਚ ਵਿਜੀਲੈਂਸ ਕਲੀਅਰੈਂਸ ਜ਼ਰੂਰੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)** ਰਿਆਣਾ ਸਰਕਾਰ ਨੇ ਗਰੁੱਪ 'ਏ' ਅਤੇ 'ਬੀ' ਅਧਿਕਾਰੀਆਂ ਨਾਲ ਸਬੰਧਤ ਪ੍ਰਮੁੱਖ ਸੇਵਾ ਮਾਮਲਿਆਂ ਵਿੱਚ ਵਿਜੀਲੈਂਸ ਕਲੀਅਰੈਂਸ ਨੂੰ ਲਾਜ਼ਮੀ ਕਰ ਦਿੱਤਾ ਹੈ। ਹੁਣ ਪੈਨਸ਼ਨ ਅਤੇ ਸੇਵਾ-ਮੁਕਤੀ, ਤਰੱਕੀ, ਸਰਕਾਰੀ ਕਰਮਚਾਰੀਆਂ ਨੂੰ ਪਾਸਪੋਰਟ ਜਾਰੀ ਕਰਨ, ਡੈਪੂਟੇਸ਼ਨ (ਪ੍ਰਤੀਨਿਯੁਕਤੀ) ਅਤੇ ਰਾਜ ਸਰਕਾਰ ਵੱਲੋਂ ਨਿਰਧਾਰਤ ਹੋਰ ਸੇਵਾ ਮਾਮਲਿਆਂ ਵਿੱਚ ਵਿਜੀਲੈਂਸ ਕਲੀਅਰੈਂਸ ਪ੍ਰਾਪਤ ਕਰਨਾ ਲਾਜ਼ਮੀ ਹੋਵੇਗਾ।ਮੁੱਖ ਸਕੱਤਰ ਅਨੁਰਾਗ ਰਸਤੋਗੀ ਵੱਲੋਂ ਜਾਰੀ ਨਿਰਦੇਸ਼ਾਂ ਅਨੁਸਾਰ, ਨਿਰਧਾਰਤ ਸੇਵਾ ਮਾਮਲਿਆਂ ਵਿੱਚ ਵਿਜੀਲੈਂਸ ਕਲੀਅਰੈਂਸ/ਐੱਨ ਓ ਸੀ ਪ੍ਰਾਪਤ ਕਰਨ ਲਈ ਇੱਕ ਮਾਨਕੀਕ੍ਰਿਤ ਵਿਵਸਥਾ ਲਾਗੂ ਕੀਤੀ ਗਈ ਹੈ। ਸਾਰੇ ਵਿਭਾਗਾਂ, ਬੋਰਡਾਂ, ਨਿਗਮਾਂ ਅਤੇ ਹੋਰ ਸਰਕਾਰੀ ਸੰਸਥਾਵਾਂ ਵਿੱਚ ਪ੍ਰਕਿਰਿਆਤਮਕ ਇਕਸਾਰਤਾ, ਪਾਰਦਰਸ਼ਤਾ ਅਤੇ ਸਮਾਂਬੱਧ ਫੈਸਲੇ ਲੈਣ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਇਹ ਦਿਸ਼ਾ-ਨਿਰਦੇਸ਼ ਵਿਆਪਕ ਸਮੀਖਿਆ ਤੋਂ ਬਾਅਦ ਜਾਰੀ ਕੀਤੇ ਗਏ ਹਨ।ਸਾਰੇ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਨਿਰਧਾਰਤ ਫਾਰਮੈਟ ਵਿੱਚ ਸਾਰੇ ਜ਼ਰੂਰੀ ਵੇਰਵਿਆਂ ਸਮੇਤ ਪ੍ਰਸਤਾਵ ਭੇਜਣ। ਸੇਵਾ-ਮੁਕਤੀ ਦੇ ਮਾਮਲਿਆਂ ਵਿੱਚ ਪੈਨਸ਼ਨ ਸਬੰਧੀ ਲਾਭਾਂ ਵਿੱਚ ਦੇਰੀ ਤੋਂ ਬਚਣ ਲਈ ਪ੍ਰਸਤਾਵ ਸੇਵਾ-ਮੁਕਤੀ ਦੀ ਮਿਤੀ ਤੋਂ ਘੱਟੋ-ਘੱਟ ਇੱਕ ਸਾਲ ਪਹਿਲਾਂ ਭੇਜਣਾ ਲਾਜ਼ਮੀ ਹੋਵੇਗਾ। ਵਿਭਾਗਾਂ ਨੂੰ ਇਹ ਵੀ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਹਨ ਕਿ ਭੇਜੀ ਗਈ ਸਾਰੀ ਜਾਣਕਾਰੀ ਸਹੀ, ਤਸਦੀਕਸ਼ੁਦਾ ਅਤੇ ਅੱਪਡੇਟ ਕੀਤੀ ਹੋਵੇ।

## ਪੰਜਾਬ ਰਾਜ ਸਫਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਵੱਲੋਂ ਸਿਵਲ ਹਸਪਤਾਲ ਦਾ ਦੌਰਾ

**ਜਲੰਧਰ (ਸ਼ੈਲੀ ਐਲਬਰਟ)**- ਪੰਜਾਬ ਰਾਜ ਸਫਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ ਨੇ ਸਥਾਨਕ ਸ਼ਹੀਦ ਬਾਬੂ ਲਾਭ ਸਿੰਘ ਸਿਵਲ ਹਸਪਤਾਲ ਦੇ ਦੌਰੇ ਦੌਰਾਨ ਸਫਾਈ ਸੇਵਕਾਂ ਦੀਆਂ ਮੰਗਾਂ ਤੇ ਮੁਸ਼ਕਲਾਂ ਸੁਣੀਆਂ। ਉਨ੍ਹਾਂ ਕਿਹਾ ਕਿ

**● ਸਫਾਈ ਸੇਵਕਾਂ ਦੀਆਂ ਮੰਗਾਂ ਤੇ ਮੁਸ਼ਕਲਾਂ ਸੁਣੀਆਂ**



ਪੰਜਾਬ ਰਾਜ ਸਫਾਈ ਕਰਮਚਾਰੀ ਕਮਿਸ਼ਨ ਸਫਾਈ ਸੇਵਕਾਂ ਦੇ ਹੱਕਾਂ ਦੀ ਰਾਖੀ, ਭਲਾਈ ਅਤੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦੇ ਨਿਪਟਾਰੇ ਲਈ ਲਗਾਤਾਰ ਯਤਨਸ਼ੀਲ ਹੈ।ਇਥੇ ਸਿਵਲ ਸਰਜਨ ਡਾ. ਰਾਜੇਸ਼ ਗਰਗ ਤੇ ਮੈਡੀਕਲ ਸੁਪਰਡੰਟ ਡਾ. ਨਮਿਤਾ ਘਈ ਸਮੇਤ ਹੋਰਨਾਂ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਉਨ੍ਹਾਂ ਸਫਾਈ ਸੇਵਕਾਂ ਦੇ ਮਸਲਿਆਂ ਦਾ ਪਹਿਲ ਦੇ ਆਧਾਰ 'ਤੇ ਨਿਪਟਾਰਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ, ਤਾਂ ਜੋ ਉਨ੍ਹਾਂ ਨੂੰ ਆਪਣੇ ਫਰਜ਼ ਨਿਭਾਉਣ ਵਿੱਚ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਸਫਾਈ ਸੇਵਕ ਸਿਹਤ ਸੇਵਾਵਾਂ ਦਾ ਅਹਿਮ ਹਿੱਸਾ ਹਨ ਅਤੇ ਹਸਪਤਾਲਾਂ ਵਿੱਚ ਸਾਫ਼-ਸੁਥਰਾ ਅਤੇ ਸਿਹਤਮੰਦ ਮਾਹੌਲ ਬਣਾਈ ਰੱਖਣ ਵਿੱਚ ਉਨ੍ਹਾਂ ਦਾ ਯੋਗਦਾਨ ਬੇਹੱਦ ਮਹੱਤਵਪੂਰਣ ਹੈ।ਚੇਅਰਮੈਨ ਨੇ ਹਸਪਤਾਲ ਵਿੱਚ ਬਿਹਤਰ ਸਫਾਈ ਵਿਵਸਥਾ ਯਕੀਨੀ ਬਣਾਉਣ ਲਈ ਸਿਹਤ ਅਧਿਕਾਰੀਆਂ ਨੂੰ ਕਿਹਾ ਕਿ ਸਮਰੱਥ ਅਥਾਰਟੀ ਤੋਂ ਲੋੜੀਂਦੀ ਪ੍ਰਵਾਨਗੀ ਪ੍ਰਾਪਤ ਕਰਕੇ ਹੋਰ ਸਫਾਈ ਸੇਵਕਾਂ ਦੀ ਭਰਤੀ ਲਈ ਯੋਗ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਇਸ ਨਾਲ ਸਫਾਈ ਪ੍ਰਬੰਧ ਹੋਰ ਪ੍ਰਭਾਵਸ਼ਾਲੀ ਹੋਣਗੇ।ਇਸ ਤੋਂ ਇਲਾਵਾ ਉਨ੍ਹਾਂ ਸਫਾਈ ਸੇਵਕਾਂ ਨੂੰ ਵਾਧੂ ਸਮੇਂ ਦੌਰਾਨ ਕੀਤੇ ਕੰਮ ਦੇ ਏਵਜ਼ ਵਿੱਚ ਨਿਯਮਾਂ ਅਨੁਸਾਰ ਬਣਦੀ ਛੁੱਟੀ ਅਤੇ ਹੋਰ ਬਣਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਵੀ ਕਿਹਾ। ਉਨ੍ਹਾਂ ਭਰੋਸਾ ਦਿਵਾਇਆ ਕਿ ਕਮਿਸ਼ਨ ਸਫਾਈ ਸੇਵਕਾਂ ਨਾਲ ਜੁੜੇ ਹਰ ਮਸਲੇ 'ਤੇ ਨਿਰੰਤਰ ਨਿਗਰਾਨੀ ਰੱਖੇਗਾ ਅਤੇ ਉਨ੍ਹਾਂ ਦੇ ਹੱਕਾਂ ਦੀ ਰਾਖੀ ਲਈ ਹਰ ਸੰਭਵ ਯਤਨ ਕਰੇਗਾ।ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਕਲਾਸ ਫੋਰ ਯੂਨੀਅਨ ਸੁਭਾਸ਼ ਮੱਟੂ, ਜਨਰਲ ਸਕੱਤਰ ਡਿੰਪਲ ਰਹੇਲਾ, ਜਤਿੰਦਰ ਰੇਂਕ, ਸੰਦੀਪ ਸਲਾਕਾਰ, ਵਿਨੋਦ ਨਾਹਰ ਆਦਿ ਵੀ ਮੌਜੂਦ ਸਨ।

## ਵਿਧਾਇਕ ਕੁਲਵੰਤ ਸਿੰਘ ਵੱਲੋਂ ਲੋਕ ਮਿਲਣੀ

**ਮੋਹਾਲੀ (ਗੁਰਜੀਤ ਬਿੱਲਾ)**- ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਭਰ ਵਿੱਚ ਸਰਕਾਰ ਦੀਆਂ ਪ੍ਰਾਪਤੀਆਂ ਨੂੰ ਲੋਕਾਂ ਤੱਕ ਲਿਜਾਣ ਦੇ ਲਈ ਅਤੇ ਉਹਨਾਂ ਨਾਲ ਰੂਬਰੂ ਹੋਣ ਦੀ ਕਵਾਇਦ ਦੇ ਚਲਦਿਆਂ ਲੋਕ ਮਿਲਣੀ ਪ੍ਰੋਗਰਾਮ ਦਾ ਆਗਾਜ਼ ਕੀਤਾ ਗਿਆ ਹੈ। ਇਸੇ ਲੜੀ ਦੇ ਤਹਿਤ ਵਿਧਾਨ ਸਭਾ ਹਲਕਾ ਮੋਹਾਲੀ ਦੇ ਵਿੱਚ ਲੋਕ ਮਿਲਣੀ ਪ੍ਰੋਗਰਾਮਾਂ ਦਾ ਦੌਰ ਚੱਲ ਰਿਹਾ ਹੈ, ਜਿਸ ਦੇ ਤਹਿਤ ਵਿਧਾਇਕ ਕੁਲਵੰਤ ਸਿੰਘ ਵਡਮਾਜਰਾ, ਜੁਝਾਰ ਨਗਰ ਤੇ ਤੜੌਲੀ-ਹੁਸੈਨਪੁਰ ਪਿੰਡਾਂ ਦੇ ਲੋਕਾਂ ਦੇ ਰੂਬਰੂ ਹੋਏ। ਇਸ ਮੌਕੇ ਤੇ ਠਾਠਾ ਮਾਰਦੇ ਇਕੱਠ ਨੂੰ ਸੰਬੋਧਨ ਕਰਨ ਦੇ ਦੌਰਾਨ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਪੰਜਾਬ ਦਾ ਹੁਣ ਇੱਕੋ ਨਾਅਰਾ-ਭਗਵੰਤ ਮਾਨ ਦੁਬਾਰਾ। ਉਹਨਾਂ ਕਿਹਾ ਕਿ ਜਿਸ ਤਰ੍ਹਾਂ ਲੋਕ ਮਿਲਣੀ ਪ੍ਰੋਗਰਾਮਾਂ ਦੇ ਦੌਰਾਨ ਵਿਧਾਨ ਸਭਾ ਹਲਕਾ ਮੋਹਾਲੀ ਸਾਹਿਤ ਪੰਜਾਬ ਭਰ ਵਿੱਚ ਲੋਕਾਂ ਵੱਲੋਂ ਵੱਡੀ ਗਿਣਤੀ ਵਿੱਚ ਪਹੁੰਚ ਕੇ ਆਪਣੇ ਨੇਤਾਵਾਂ ਵਿਚਾਰ ਸੁਣਨ ਦੇ ਲਈ ਪਹੁੰਚਿਆ ਜਾ ਰਿਹਾ ਹੈ, ਉਸ ਤੋਂ ਇਹ ਗੱਲ ਸਾਫ ਹੋ ਗਈ ਹੈ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੁਆਰਾ ਪੂਰੇ ਚਾਵਾਂ ਅਤੇ ਉਤਸ਼ਾਹ ਦੇ ਨਾਲ ਚੁਣੀ ਗਈ ਸਰਕਾਰ ਹੈ ਅਤੇ ਲੋਕਾਂ ਦੇ ਕੰਮਾਂ-ਕਾਰਾਂ ਦੇ ਲਈ ਸਮਰਪਿਤ ਸਰਕਾਰ ਹੈਇਸ ਮੌਕੇ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ ਕੁਲਦੀਪ ਸਿੰਘ ਸਮਾਣਾ, ਡਾਕਟਰ ਕੁਲਦੀਪ ਸਿੰਘ, ਰਾਜਿੰਦਰ ਪ੍ਰਸਾਦ ਸ਼ਰਮਾ, ਇਕਬਾਲ ਸਿੰਘ- ਜੁਝਾਰ ਨਗਰ, ਹਰਪਾਲ ਸਿੰਘ ਚੰਨਾ ,ਹਰਪਾਲ ਸਿੰਘ ਬਰਾੜ ,ਤਰਲੋਚਨ ਸਿੰਘ, ਅਕਵਿੰਦਰ ਸਿੰਘ ਗੋਸਲ, ਜਸਵੀਰ ਸਿੰਘ ਰੁੜਕਾ, ਪਰਮਿੰਦਰ ਸਿੰਘ ਰੁੜਕਾ, ਮਲਕੀਅਤ ਸਿੰਘ, ਮਨਜੀਤ ਸਿੰਘ, ਨਰਿੰਦਰ ਪਾਲ ਸਿੰਘ, ਬਲਜੀਤ ਸਿੰਘ ਹੈਪੀ, ਪ੍ਰਗਟ ਸਿੰਘ ਵੀ ਹਾਜ਼ਰ ਸਨ ।




## ਐੱਸ ਸੀ ਔਰਤਾਂ ਦੇ ਪੈਂਡਿੰਗ ਐੱਸ ਸੀ ਸਰਟੀਫਿਕੇਟ ਤੁਰੰਤ ਜਾਰੀ ਕੀਤੇ ਜਾਣ : ਬੇਗਮਪੁਰਾ ਟਾਈਗਰ ਫੋਰਸ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਬੇਗਮਪੁਰਾ ਟਾਈਗਰ ਫੋਰਸ ਦੇ ਹਲਕਾ ਸ਼ਾਮ ਚੁਰਾਸੀ ਦੇ ਪ੍ਰਧਾਨ ਬੰਟੀ ਹਰਿਆਣਾ, ਅਮਰੀਕ ਸਿੰਘ ਰਾਜੂ, ਰਾਹੁਲ ਕਲੋਤਾ, ਰਮਨ, ਰਵਿੰਦਰਾ, ਇਸ਼ਾਨ ਵੱਲੋਂ ਇਲਾਕੇ ਦੇ ਪੱਛੜੇ ਤੇ ਐੱਸ ਸੀ ਸਮਾਜ ਦੀਆਂ ਔਰਤਾਂ ਨੂੰ ਆ ਰਹੀਆਂ ਪ੍ਰੇਸ਼ਾਨੀਆਂ ਦੇ ਹੱਲ ਲਈ ਨਾਇਬ ਤਹਿਸੀਲਦਾਰ ਭੂੰਗਾ (ਹੁਸ਼ਿਆਰਪੁਰ) ਦੀ ਗੈਰ ਹਾਜ਼ਰੀ ਵਿੱਚ ਉਹਨਾਂ ਦੇ ਰੀਡਰ ਇਕਬਾਲ ਸਿੰਘ ਰਾਹੀਂ ਮੁੱਖ ਮੰਤਰੀ ਪੰਜਾਬ ਸਰਕਾਰ ਨੂੰ ਇੱਕ ਮੰਗ ਪੱਤਰ ਭੇਜਿਆ ਗਿਆ। ਇਸ ਮੌਕੇ ਜਥੇਬੰਦੀ ਦੇ ਆਗੂਆਂ ਨੇ ਸਰਕਾਰ ਅਤੇ ਪ੍ਰਸ਼ਾਸਨ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਗਰੀਬ ਲੋਕਾਂ ਦੀਆਂ ਮੰਗਾਂ ਵੱਲ ਤੁਰੰਤ ਧਿਆਨ ਨਾ ਦਿੱਤਾ ਗਿਆ ਤਾਂ ਤਿੱਖਾ ਸੰਘਰਸ਼ ਉਲੀਕਿਆ ਜਾਵੇਗਾ। ਆਗੂਆਂ ਨੇ ਕਿਹਾ ਕਿ ਪਿਛਲੇ ਕਰੀਬ ਚਾਰ ਮਹੀਨਿਆਂ ਤੋਂ ਐੱਸ ਸੀ ਔਰਤਾਂ ਦੇ ਐੱਸ ਸੀ ਸਰਟੀਫਿਕੇਟ ਦਫ਼ਤਰਾਂ ਵਿੱਚ ਧੂੜ ਫੱਕ ਰਹੇ ਹਨ। ਇਕੱਲੀ ਹੁਸ਼ਿਆਰਪੁਰ ਤਹਿਸੀਲ ਵਿੱਚ ਲੱਗਭੱਗ 38 ਹਜ਼ਾਰ ਅਤੇ ਟਾਂਡਾ, ਦਸੂਹਾ, ਮੁਕੇਰੀਆਂ ਤੇ ਗੜ੍ਹਸ਼ੰਕਰ ਵਿੱਚ ਵੀ ਹਜ਼ਾਰਾਂ ਕੇਸ ਪੈਂਡਿੰਗ ਹਨ, ਜਿਸ ਕਾਰਨ ਔਰਤਾਂ ਪੈਨਸ਼ਨ ਲਈ ਆਨਲਾਈਨ ਰਜਿਸਟ੍ਰੇਸ਼ਨ ਨਹੀਂ ਕਰਵਾ ਪਾ ਰਹੀਆਂ। ਉਹਨਾਂ ਕਿਹਾ ਕਿ ਪੁਰਾਣੇ ਐੱਸ ਸੀ ਸਰਟੀਫਿਕੇਟ ਡਿਜੀਟਲ ਸਿਸਟਮ ਵਿੱਚ ਸ਼ੋਅ ਨਹੀਂ ਹੋ ਰਹੇ, ਜਿਸ ਕਾਰਨ ਲਾਭਪਾਤਰੀਆਂ ਨੂੰ ਨਵੇਂ ਸਿਰੇ ਤੋਂ ਖੱਜਲ-ਖੁਆਰ ਹੋਣਾ ਪੈ ਰਿਹਾ ਹੈ। ਉਹਨਾ ਕਿਹਾ ਕਿ ਇਹਨਾਂ ਨੂੰ ਤੁਰੰਤ ਆਨਲਾਈਨ ਕੀਤਾ ਜਾਵੇ।



## ਤੰਦਰੁਸਤ ਜੀਵਨ ਲਈ ਸਾਫ਼-ਸੁਥਰਾ ਵਾਤਾਵਰਣ ਬਹੁਤ ਜ਼ਰੂਰੀ : ਡਾ. ਸੰਗੀਤਾ ਜੈਨ

**ਮੋਹਾਲੀ (ਗੁਰਜੀਤ ਬਿੱਲਾ)** ਸਾਫ਼- ਸੁਥਰੇ ਜੀਵਨ ਲਈ ਸਾਫ਼-ਸੁਥਰਾ ਵਾਤਾਵਰਣ ਬਹੁਤ ਜ਼ਰੂਰੀ ਹੈ ਅਤੇ ਆਲੇ-ਦੁਆਲੇ ਸਫ਼ਾਈ ਰੱਖਣਾ ਹਰ ਨਾਗਰਿਕ ਦੀ ਜ਼ਿੰਮੇਵਾਰੀ ਹੈ। ਇਹ ਗੱਲ ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਇਥੇ ਜਾਰੀ ਪ੍ਰੈੱਸ ਨੋਟ ਵਿਚ ਆਖੀ। ਉਨ੍ਹਾਂ ਦਸਿਆ ਕਿ ਬਰਸਾਤ ਦੇ ਮੌਸਮ ਦੌਰਾਨ ਡੇਂਗੂ ਅਤੇ ਮਲੇਰੀਆ ਜਿਹੀਆਂ ਬਿਮਾਰੀਆਂ ਦੀ ਰੋਕਥਾਮ ਹਿੱਤ ਜ਼ਿਲ੍ਹਾ ਐੱਸ.ਏ.ਐੱਸ. ਨਗਰ ਦੀਆਂ ਸਮੂਹ ਬਲਾਕ ਪੱਧਰੀ ਸਰਕਾਰੀ ਸਿਹਤ ਸੰਸਥਾਵਾਂ ਵਿਖੇ ਬੁੱਧਵਾਰ ਵਿਸ਼ੇਸ਼ ਸਫ਼ਾਈ ਮੁਹਿੰਮ ਚਲਾਈ ਗਈ।ਇਸ ਮੁਹਿੰਮ ਤਹਿਤ ਸੀਨੀਅਰ ਮੈਡੀਕਲ ਅਫ਼ਸਰਾਂ ਦੀ ਅਗਵਾਈ ਹੇਠ ਸਿਹਤ ਸੰਸਥਾਵਾਂ ਦੀਆਂ ਛੱਤਾਂ, ਇਮਾਰਤਾਂ ਦੇ ਆਲੇ-ਦੁਆਲੇ, ਪਾਣੀ ਦੀਆਂ ਟੈਂਕੀਆਂ, ਡਰੇਨਾਂ, ਕੂਲਰਾਂ ਅਤੇ ਹੋਰ ਅਜਿਹੇ ਸਥਾਨਾਂ ਦੀ ਸਫ਼ਾਈ ਕਰਵਾਈ ਗਈ, ਜਿੱਥੇ ਬਰਸਾਤ ਦੇ ਮੌਸਮ ਦੌਰਾਨ ਪਾਣੀ ਇਕੱਠਾ ਹੋ ਕੇ ਮੱਛਰ ਪੈਦਾ ਹੋਣ ਦੀ ਸੰਭਾਵਨਾ ਰਹਿੰਦੀ ਹੈ। ਸਫ਼ਾਈ ਦੌਰਾਨ ਸੁੱਕੇ ਪੱਤੇ, ਕੂੜਾ-ਕਰਕਟ ਅਤੇ ਬੇਲੋੜਾ ਸਮਾਨ ਵੀ ਹਟਾਇਆ ਗਿਆ।ਇਸ ਮੌਕੇ ਸਿਹਤ ਵਿਭਾਗ ਵੱਲੋਂ ਸਮੂਹ ਸਟਾਫ਼ ਨੂੰ ਹਦਾਇਤ ਕੀਤੀ ਗਈ ਕਿ ਸਿਹਤ ਸੰਸਥਾਵਾਂ ਦੇ ਆਲੇ-ਦੁਆਲੇ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ ਅਤੇ ਸਫ਼ਾਈ ਨੂੰ ਨਿਯਮਤ ਤੌਰ 'ਤੇ ਯਕੀਨੀ ਬਣਾਇਆ ਜਾਵੇ ਤਾਂਕਿ ਡੇਂਗੂ ਅਤੇ ਮਲੇਰੀਆ ਦੇ ਫੈਲਾਅ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਰੋਕਿਆ ਜਾ ਸਕੇ। ਸਿਹਤ ਵਿਭਾਗ ਨੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਘਰਾਂ ਅਤੇ ਆਸ-ਪਾਸ ਦੀ ਸਫ਼ਾਈ ਬਣਾਈ ਰੱਖਣ, ਕੂਲਰਾਂ, ਗਮਲਿਆਂ, ਟਾਇਰਾਂ ਅਤੇ ਹੋਰ ਭਾਂਡਿਆਂ ਵਿੱਚ ਪਾਣੀ ਖੜ੍ਹਾ ਨਾ ਹੋਣ ਦੇਣ ਅਤੇ ਡੇਂਗੂ ਤੋਂ ਬਚਾਅ ਲਈ ਸਿਹਤ ਵਿਭਾਗ ਦਾ ਸਹਿਯੋਗ ਕਰਨ।



## ਇਨਰਵ੍ਹੀਲ ਕਲੱਬ ਵੱਲੋਂ ਡਾਇਲਸਿਸ ਸੈਂਟਰ ਲਈ ਆਰਥਕ ਸਹਾਇਤਾ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਸਮਾਜ ਸੇਵਾ ਦੇ ਖੇਤਰ ਮੋਹਰੀ ਮਹਿਲਾਵਾਂ ਦੀ ਸੰਸਥਾ ਇਨਰਵ੍ਹੀਲ ਕਲੱਬ ਫਗਵਾੜਾ (ਡਿਸਟ੍ਰਿਕਟ 307) ਵੱਲੋਂ ਕਲੱਬ ਪ੍ਰਧਾਨ ਸੀਮਾ ਸ਼ਰਮਾ ਦੀ ਅਗਵਾਈ ਅਤੇ ਡਿਸਟ੍ਰਿਕਟ ਚੇਅਰਮੈਨ ਡਾ. ਜੈਸਮੀਨ ਗਿੱਲ ਦੀ ਰਹਿਨੁਮਾਈ ਹੇਠ 'ਜੀਵਨ ਧਾਰਾ- ਟਰਾਂਸਫਾਰਮਿੰਗ ਲਾਈਵਜ਼ ਥਰੂ ਡਾਇਲਸਿਸ' ਮੁਹਿੰਮ ਤਹਿਤ ਸ੍ਰੀ ਵਿਸ਼ਵਕਰਮਾ ਚੈਰੀਟੇਬਲ ਹਸਪਤਾਲ ਟਰੱਸਟ ਫਗਵਾੜਾ ਵਿਖੇ ਚੱਲ ਰਹੇ ਆਧੁਨਿਕ ਡਾਇਲਸਿਸ ਸੈਂਟਰ ਦੀ ਬਿਹਤਰੀ ਅਤੇ ਲੋੜਵੰਦ ਮਰੀਜ਼ਾਂ ਦੇ ਸਸਤੇ ਇਲਾਜ ਲਈ ਮਾਲੀ ਸਹਿਯੋਗ ਦਿੱਤਾ ਗਿਆ।

ਕਲੱਬ ਪ੍ਰਧਾਨ ਸੀਮਾ ਸ਼ਰਮਾ ਨੇ ਸ੍ਰੀ ਵਿਸ਼ਵਕਰਮਾ ਚੈਰੀਟੇਬਲ ਹਸਪਤਾਲ ਟਰੱਸਟ ਦੇ ਪ੍ਰਧਾਨ ਪ੍ਰਦੀਪ ਧੀਮਾਨ ਅਤੇ ਸਮੂਹ ਟਰੱਸਟ ਮੈਂਬਰਾਂ ਦੇ ਨਾਲ ਹੀ ਹਸਪਤਾਲ ਦੇ ਮੈਡੀਕਲ ਸਟਾਫ ਵਲੋਂ ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਬਿਹਤਰ ਸਿਹਤ ਸਹੂਲਤਾਂ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਦੱਸਿਆ ਕਿ ਕਲੱਬ ਵਲੋਂ ਹਸਪਤਾਲ ਟਰੱਸਟ ਨੂੰ 4,800 ਰੁਪਏ ਦੀ ਰਕਮ ਭੇਟ ਕੀਤੀ ਗਈ ਹੈ, ਜਿਸ ਨਾਲ ਡਾਇਲਸਿਸ ਕਰਵਾ ਰਹੇ 6 ਆਰਥਿਕ ਤੌਰ 'ਤੇ ਕਮਜ਼ੋਰ ਪਰਵਾਰਾਂ ਨਾਲ ਸਬੰਧਤ ਮਰੀਜ਼ਾਂ ਦੇ ਇਲਾਜ ਵਿੱਚ ਸਹਾਇਤਾ ਮਿਲੇਗੀ। ਉਨ੍ਹਾਂ ਨੇ ਖੇਤਰ ਦੀਆਂ ਸਮੂਹ ਸਮਾਜ ਸੇਵੀ ਸੰਸਥਾਵਾਂ ਨੂੰ ਵੀ ਅਪੀਲ ਕੀਤੀ ਕਿ ਉਹ ਅਜਿਹੇ ਲੋਕ-ਭਲਾਈ ਦੇ ਕਾਰਜਾਂ ਵਿੱਚ ਵੱਧ ਤੋਂ ਵੱਧ ਸਹਿਯੋਗ ਦੇਣ ਤਾਂ ਜੋ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਤੱਕ ਉੱਚ ਪੱਧਰੀ ਸਿਹਤ ਸਹੂਲਤਾਂ ਬਿਨਾਂ ਕਿਸੇ ਰੁਕਾਵਟ ਜਾਰੀ ਰਹਿ ਸਕੇ। ਇਸ ਮੌਕੇ ਜਸਪਾਲ ਸਿੰਘ ਲਾਲ, ਸੁਰਿੰਦਰ ਪਾਲ ਧੀਮਾਨ, ਗੁਰਨਾਮ ਸਿੰਘ ਜੂਤਲਾ, ਭੁਪਿੰਦਰ ਸਿੰਘ ਜੰਡੂ ਤੋਂ ਇਲਾਵਾ ਕਲੱਬ ਦੇ ਜਿਲ੍ਹਾ ਖ਼ਜ਼ਾਨਚੀ ਡਾ. ਸੀਮਾ ਰਾਜਨ, ਖ਼ਜ਼ਾਨਚੀ ਸਰੋਜ ਪੱਬੀ, ਆਈ.ਐੱਸ.ਓ. ਇੰਦੂ ਧਵਨ, ਐਡੀਟਰ ਮੋਨਿਕਾ ਗੁਪਤਾ ਅਤੇ ਇੰਜੀ. ਰਾਜਕੁਮਾਰ ਸ਼ਰਮਾ ਸਮੇਤ ਹੋਰ ਪਤਵੰਤੇ ਵੀ ਹਾਜ਼ਰ ਸਨ।



## ਪਲੇਸਮੈਂਟ ਕੈਂਪ 13 ਨੂੰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ ਰਮਨਦੀਪ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ-ਕਮ-ਮਾਡਲ ਕਰੀਅਰ ਸੈਂਟਰ ਹੁਸ਼ਿਆਰਪੁਰ ਵੱਲੋਂ 13 ਜੁਲਾਈ ਨੂੰ ਸਰਕਾਰੀ ਆਈ ਟੀ ਆਈ ਤਲਵਾੜਾ ਵਿਖੇ ਪਲੇਸਮੈਂਟ ਕੈਂਪ ਦਾ ਆਯੋਜਨ ਕੀਤਾ ਜਾਵੇਗਾ। ਇਸ ਪਲੇਸਮੈਂਟ ਕੈਂਪ ਵਿੱਚ ਸੈਂਚਰੀ ਪਲਾਈਵੁੱਡ ਲਿਮਟਿਡ, ਉੱਨਤੀ ਕੋ-ਓਪਰੇਟਿਵ ਸੁਸਾਇਟੀ ਤਲਵਾੜਾ, ਡੀ ਜੀ ਟਰੈਕਟਰ ਕੇਅਰ ਸੈਂਟਰ ਚੱਕੜਿਆਲ (ਹਾਜੀਪੁਰ), ਕੋਮਲ ਆਟੋ-ਮੋਬਾਇਲ ਨਿਊ ਹਾਲੈਂਡ ਟਰੈਕਟਰ ਮੁਕੇਰੀਆਂ, ਸਵਰਾਜ ਮਹਿੰਦਰਾ ਕੰਪਨੀ, ਐੱਚ ਆਰ ਇੰਡਸਟਰੀ, ਜੀ ਐੱਨ ਏ ਕੰਪਨੀ ਮੇਹਟੀਆਣਾ (ਗੋਅਰਜ਼), ਆਈ ਟੀ ਸੀ ਕਪੂਰਥਲਾ ਤੇ ਐੱਸ ਆਈ ਐੱਸ ਸਕਿਊਰਿਟੀ ਕੰਪਨੀ ਵੱਲੋਂ ਭਾਗ ਲਿਆ ਜਾ ਰਿਹਾ ਹੈ। ਇਸ ਪਲੇਸਮੈਂਟ ਕੈਂਪ ਵਿੱਚ ਇਨ੍ਹਾਂ ਕੰਪਨੀਆਂ ਵੱਲੋਂ ਘੱਟੋ-ਘੱਟ ਦਸਵੀਂ, ਬਾਰਵੀਂ, ਗ੍ਰੈਜੂਏਸ਼ਨ ਪਾਸ, ਡਿਪਲੋਮਾ ਇਨ ਮਕੈਨੀਕਲ ਟ੍ਰੇਡਜ਼ ਤੇ ਆਈ.ਟੀ.ਆਈ. (ਫਿਟਰ, ਇਲੈਕਟ੍ਰੀਸ਼ਨ, ਮਸ਼ੀਨਿਸਟ, ਟਰਨਰ, ਕੋਪਾ ਅਤੇ ਟ੍ਰੈਕਟਰ ਮਕੈਨਿਕ ਆਦਿ ਟ੍ਰੇਡਜ਼) ਪਾਸ ਪ੍ਰਾਰਥੀਆਂ ਦੀ ਓਪਰੇਟਰ, ਹੈਲਪਰ ਤੇ ਸਕਿਊਰਿਟੀ ਗਾਰਡ ਦੀ ਅਸਾਮੀ ਲਈ ਭਰਤੀ ਕੀਤੀ ਜਾਵੇਗੀ। ਇਨ੍ਹਾਂ ਕੰਪਨੀਆਂ ਵੱਲੋਂ ਭਰਤੀ ਕੀਤੇ ਜਾਣ ਵਾਲੇ ਪ੍ਰਾਰਥੀਆਂ ਨੂੰ 13000-23000/- ਰੁਪਏ ਪ੍ਰਤੀ ਮਹੀਨਾ ਤਨਖਾਹ ਦਿੱਤੀ ਜਾਵੇਗੀ। ਇਸ ਦੇ ਲਈ ਉਮੀਦਵਾਰ ਦੀ ਉਮਰ ਹੱਦ 18 ਤੋਂ 35 ਹੋਣੀ ਚਾਹੀਦੀ ਹੈ। ਚਾਹਵਾਨ ਯੋਗ ਪ੍ਰਾਰਥੀ ਮਿਤੀ 13 ਜੁਲਾਈ ਨੂੰ ਸਵੇਰੇ 09:30 ਵਜੇ ਸਰਕਾਰੀ ਆਈ ਟੀ ਆਈ ਤਲਵਾੜਾ ਵਿਖੇ ਆਪਣੇ ਰਿਜਿਊਮ ਦੀਆਂ 3-4 ਕਾਪੀਆਂ ਸਮੇਤ ਇਸ ਪਲੇਸਮੈਂਟ ਕੈਂਪ ਵਿਚ ਹਿੱਸਾ ਲੈ ਸਕਦੇ ਹਨ ਅਤੇ ਇਸ ਭਰਤੀ ਦਾ ਵੱਧ ਤੋਂ ਵੱਧ ਲਾਭ ਪ੍ਰਾਪਤ ਕਰ ਸਕਦੇ ਹਨ।

## ਸੰਤਾਂ ਦਾ ਬਰਸੀ ਸਮਾਗਮ ਮਨਾਇਆ

**ਬੰਗਾ (ਅਵਤਾਰ ਕਲੇਰ)**- ਡੇਰਾ ਬਾਬਾ ਲਹਿਣਾ ਦਾਸ ਜੀ, ਮਹੰਤ ਗੁਰਬਚਨ ਦਾਸ ਜੀ, ਸੰਤ ਪ੍ਰਿਥੀ ਦਾਸ ਜੀ, ਸੰਤ ਧਿਆਨ ਦਾਸ ਜੀ, ਮਹੰਤ ਗੁਰਬਚਨ ਦਾਸ ਨਗਰ ਫਰਾਲਾ ਵਿਖੇ ਸੰਤਾਂ ਦਾ ਸਲਾਨਾ ਬਰਸੀ ਸਮਾਗਮ ਗੱਦੀ ਨਸ਼ੀਨ ਸੰਤ ਪ੍ਰੇਮ ਦਾਸ ਦੀ ਰਹਿਨੁਮਾਈ ਹੇਠ ਮਨਾਇਆ ਗਿਆ। ਵੱਖ-ਵੱਖ ਦਰਬਾਰਾਂ ਤੋਂ ਸੰਤ ਸੁਰਿੰਦਰ ਦਾਸ ਡੇਰਾ ਅਟਾਰੀ, ਸੰਤ ਜਸਵਿੰਦਰ ਸਿੰਘ ਡਾਂਡੀਆ, ਸੰਤ ਸੰਤੋਖ ਦਾਸ ਭਾਰਟਾ ਗਨੇਸ਼ਪੁਰ, ਬਾਬਾ ਲੱਡੂ ਮੰਨਣਹਾਣਾ ਆਦਿ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸੰਤ ਮਹਾਂਪੁਰਸ਼ਾਂ ਨੇ ਸੰਗਤਾਂ ਨੂੰ ਕੀਰਤਨ ਅਤੇ ਪ੍ਰਵਚਨਾਂ ਰਾਹੀਂ ਨਿਹਾਲ ਕੀਤਾ। ਨਾਮਵਰ ਕਲਾਕਾਰਾਂ ਨੇ ਹਾਜ਼ਰੀਆਂ ਭਰੀਆਂ। ਗੱਦੀ ਨਸ਼ੀਨ ਸੰਤ ਪ੍ਰੇਮ ਦਾਸ ਵਲੋਂ ਪਹੁੰਚੇ ਹੋਏ ਸੰਤ ਮਹਾਂਪੁਰਸ਼ਾਂ, ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ। ਦਰਬਾਰ ਤੇ ਠੰਡਾ ਮਿੱਠਾ ਜਲ, ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਨੰਦ ਲਾਲ ਚੁੰਬਰ, ਦੇਸ ਰਾਜ ਰੁੜਕਾ ਖੁਰਦ, ਸੁਰਿੰਦਰ ਪਾਲ ਨੰਬਰਦਾਰ, ਬਰਿੰਜ ਲਾਲ ਪੰਚ, ਬਲਵੀਰ ਚੰਦ ਪੰਚ, ਕੁਲਵਿੰਦਰ ਕੌਰ ਸਰਪੰਚ, ਕਰਨ, ਬਲਦੇਵ ਰਾਜ, ਦੇਵ ਰਾਜ ਬਾਹੜੋਵਾਲ, ਦੇਵ ਰਾਮ ਪੰਚ ਫਰਾਲਾ, ਜੋਗਿੰਦਰ ਪਾਲ, ਸੁਨੀਲ ਕੁਮਾਰ, ਸੁਰਿੰਦਰ ਪਾਲ ਇਟਲੀ, ਓਂਕਾਰ ਚੰਦਰ ਯੂ ਐਸ ਏ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।



## ਲੋਹਟੀਆ ਨੇ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ

**ਫਿਲੌਰ (ਨਿਰਮਲ)**- ਵਿਧਾਨ ਸਭਾ ਹਲਕਾ ਫਿਲੌਰ ਦੇ ਪਿੰਡ ਦਾਰਾਪੁਰ ਵਿਖੇ ਕਰਵਾਈ ਗਈ ਲੋਕ ਮਿਲਣੀ ਦੌਰਾਨ ਹਲਕਾ ਇੰਚਾਰਜ ਮੈਡਮ ਹਰਜੋਤ ਕੌਰ ਲੋਹਟੀਆ ਨੇ ਪਿੰਡ ਵਾਸੀਆਂ ਨਾਲ ਰੂ-ਬ-ਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ। ਇਸ ਮੌਕੇ ਪਿੰਡ ਦੇ ਵਿਕਾਸ ਨਾਲ ਸਬੰਧਿਤ ਵੱਖ-ਵੱਖ ਮੁੱਦਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਲੋਕਾਂ ਨੂੰ ਆ ਰਹੀਆਂ ਸਮੱਸਿਆਵਾਂ ਦੇ ਜਲਦ ਹੱਲ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇਂ ਮੈਡਮ ਹਰਜੋਤ ਕੌਰ ਲੋਹਟੀਆ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕ ਭਲਾਈ ਅਤੇ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਦੀਆਂ ਜਾਇਜ਼ ਮੰਗਾਂ ਅਤੇ ਗੰਭੀਰ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਸਬੰਧਿਤ ਵਿਭਾਗਾਂ ਕੋਲ ਉਠਾ ਕੇ ਉਨ੍ਹਾਂ ਦਾ ਜਲਦ ਤੋਂ ਜਲਦ ਹੱਲ ਕਰਵਾਇਆ ਜਾਵੇਗਾ।ਇਸ ਮੌਕੇ ਡਾਕਟਰ ਵਰਿੰਦਰ ਸੈਣੀ, ਰੋਸ਼ਨ ਲਾਲ ਚੇਅਰਮੈਨ ਮਾਰਕਿਟ ਕਮੇਟੀ ਫਿਲੌਰ , ਹਲਕਾ ਮੀਡੀਆ ਇੰਚਾਰਜ ਮਨਦੀਪ ਸਿੰਘ ਸ਼ਾਹਪੁਰ, ਵਾਈਸ ਹਲਕਾ ਮੀਡੀਆ ਕੋਆਰਡੀਨੇਟਰ ਗੌਰਵ ਬਾਵਾ, ਹਰਕਮਲ ਸਿੰਘ ਸਰਪੰਚ ਬੇਗਮਪੁਰ ਸਮੇਤ ਆਮ ਆਦਮੀ ਪਾਰਟੀ ਦੇ ਆਗੂ, ਵਰਕਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।



## ਐੱਨ ਆਰ ਆਈ ਨੇ ਗ੍ਰਾਮ ਪੰਚਾਇਤ ਨੂੰ ਟਰੈਕਟਰ ਲੈ ਕੇ ਦਿੱਤਾ

**ਬੰਗਾ (ਅਵਤਾਰ ਕਲੇਰ)**- ਉੱਘੇ ਸਮਾਜ ਸੇਵਕ ਗੁਰਮੇਲ ਸਿੰਘ ਯੂ ਐਸ ਏ ਵੱਲੋਂ ਗ੍ਰਾਮ ਪੰਚਾਇਤ ਪਿੰਡ ਵਿਰਕ ਨੂੰ 7 ਲੱਖ 90 ਹਜ਼ਾਰ ਰੁਪਏ ਮੁੱਲ ਦਾ ਮਹਿੰਦਰਾ ਕੰਪਨੀ ਦਾ ਨਵਾਂ ਟ੍ਰੈਕਟਰ ਲੈ ਕੇ ਦਿੱਤਾ ਗਿਆ ਜੋ ਬਹੁਤ ਹੀ ਸ਼ਲਾਘਾਯੋਗ ਕਦਮ ਹੈ। ਡਾ: ਅੰਬੇਡਕਰ ਸੋਸ਼ਲ ਵੈਲਫੇਅਰ ਸੋਸਾਇਟੀ ਉਨ੍ਹਾਂ ਦੇ ਇਸ ਵੱਡਮੁੱਲੇ ਯੋਗਦਾਨ ਲਈ ਤਹਿ ਦਿਲੋਂ ਧੰਨਵਾਦ ਕਰਦੀ ਹੈ। ਇਸ ਮੌਕੇ ਗੁਰਮੇਲ ਸਿੰਘ ਯੂ ਐਸ ਏ, ਬੀਨਾ ਬਸਰਾ ਚੇਅਰਪਰਸਨ ਬਲਾਕ ਸੰਮਤੀ ਰੁੜਕਾਂ ਕਲਾ, ਸਰਪੰਚ ਸਮੀਤ ਲਾਡੀ ਬਸਰਾ, ਸਾਬਕਾ ਸਰਪੰਚ ਰਾਮ ਸਰੂਪ ਚੰਬਾ, ਸਾਬਕਾ ਸਰਪੰਚ ਸਤਪਾਲ ਵਿਰਕ, ਸਤਨਾਮ ਸੱਤੀ ਇਟਲੀ, ਅਸ਼ੋਕ ਬੰਗੜ, ਡਾ: ਪਿਆਰੇ ਲਾਲ ਚੁੰਬਰ ਗ੍ਰਾਮ ਪੰਚਾਇਤ ਵਿਰਕ ਦੇ ਸਮੂਹ ਮੈਂਬਰ ਅਤੇ ਪਤਵੰਤੇ ਸੱਜਣ ਹਾਜ਼ਰ ਸਨ।



## ਸੰਤ ਬਾਬਾ ਭਾਗ ਸਿੰਘ 'ਵਰਸਿਟੀ ਵਿਖੇ ਐਡਮਿਸ਼ਨ ਕਾਊਂਸਲਿੰਗ ਸ਼ੁਰੂ

**ਆਦਮਪੁਰ (ਪਰਮਜੀਤ ਸਿੰਘ)**- ਸਤਿਕਾਰ ਯੋਗ ਸੰਤ ਬਾਬਾ ਮਲਕੀਤ ਸਿੰਘ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ ਚਾਂਸਲਰ ਸੰਤ ਬਾਬਾ ਮਨਮੋਹਨ ਸਿੰਘ, ਵਾਈਸ-ਚਾਂਸਲਰ ਪ੍ਰੋ. ਪਲਵਿੰਦਰ ਸਿੰਘ ਤੇ ਹਰਦਮਨ ਸਿੰਘ ਮਿਨਹਾਸ (ਸਕੱਤਰ) ਦੀ ਅਗਵਾਈ ਹੇਠ ਪ੍ਰਮੁੱਖ ਵਿਦਿਅਕ ਸੰਸਥਾ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਖਿਆਲਾ (ਜਲੰਧਰ) ਵਿਖੇ ਨਵੇਂ ਅਕਾਦਮਿਕ ਸੈਸ਼ਨ ਲਈ ਐਡਮਿਸ਼ਨ ਕਾਉਂਸਲਿੰਗ ਦਾ ਆਗਾਜ਼ ਹੋ ਗਿਆ ਹੈ।ਜਿਸ ਲਈ ਵੱਖ-ਵੱਖ ਖੇਤਰਾਂ ਤੋਂ ਵੱਡੀ ਗਿਣਤੀ ਵਿੱਚ ਵਿਦਿਆਰਥੀ ਅਤੇ ਉਨ੍ਹਾਂ ਦੇ ਮਾਪੇ ਯੂਨੀਵਰਸਿਟੀ ਕੈਂਪਸ ਵਿਖੇ ਪਹੁੰਚ ਕੇ ਉੱਚੇਰੀ ਸਿੱਖਿਆ ਲਈ ਸਹੀ ਕੋਰਸਾਂ ਦੀ ਚੋਣ ਕਰ ਰਹੇ ਹਨ। ਕਾਉਂਸਲਿੰਗ ਪ੍ਰਕਿਰਿਆ ਦਾ ਜਾਇਜ਼ਾ ਲੈਂਦਿਆਂ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. ਪਲਵਿੰਦਰ ਸਿੰਘ ਕੈਂਪਸ ਪਹੁੰਚੇ। ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਦਾ ਨਿੱਘਾ ਸਵਾਗਤ ਕੀਤਾ।ਉਨ੍ਹਾਂ ਨੇ ਕਿਹਾ ਕਿ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਅਤੇ ਉਨ੍ਹਾਂ ਨੂੰ ਵਿਸ਼ਵ ਪੱਧਰ 'ਤੇ ਮੁਕਾਬਲੇ ਦੇ ਯੋਗ ਬਣਾਉਣ ਲਈ ਵਚਨਬੱਧ ਹੈ। ਸਾਡਾ ਮੁੱਖ ਉਦੇਸ਼ ਪੇਂਡੂ ਅਤੇ ਲੋੜਵੰਦ ਇਲਾਕਿਆਂ ਦੇ ਬੱਚਿਆਂ ਤੱਕ ਵਿਸ਼ਵ-ਪੱਧਰੀ ਅਤੇ ਆਧੁਨਿਕ ਸਿੱਖਿਆ ਪਹੁੰਚਾਉਣਾ ਹੈ। ਉਨ੍ਹਾਂ ਅੱਗੇ ਕਿਹਾ ਕਿ ਨਵੀਂ ਸਿੱਖਿਆ ਨੀਤੀ ਦੇ ਤਹਿਤ ਯੂਨੀਵਰਸਿਟੀ ਵਿੱਚ ਕਈ ਨਵੇਂ ਰੋਜ਼ਗਾਰ-ਮੁਖੀ ਅਤੇ ਸਕਿੱਲ-ਬੇਸਡ ਕੋਰਸ ਵੀ ਸ਼ੁਰੂ ਕੀਤੇ ਗਏ ਹਨ।ਯੂਨੀਵਰਸਿਟੀ ਦੇ ਐਡਮਿਸ਼ਨ ਸੈੱਲ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਕੈਂਪਸ ਦੇ ਮੁੱਖ ਪ੍ਰਸ਼ਾਸਨਿਕ ਬਲਾਕ ਵਿੱਚ ਵਿਸ਼ੇਸ਼ ਐਡਮਿਸ਼ਨ ਡੈਸਕ ਸਥਾਪਿਤ ਕੀਤੇ ਗਏ ਹਨ, ਜਿੱਥੇ ਤਜ਼ਰਬੇਕਾਰ ਅਤੇ ਮਾਹਰ ਕਾਉਂਸਲਰਸ ਵੱਲੋਂ ਵਿਦਿਆਰਥੀਆਂ ਦੀ ਯੋਗਤਾ ਅਤੇ ਰੁਚੀ ਮੁਤਾਬਕ ਉਨ੍ਹਾਂ ਨੂੰ ਇੰਜੀਨੀਅਰਿੰਗ, ਮੈਨੇਜਮੈਂਟ, ਕੰਪਿਊਟਰ ਐਪਲੀਕੇਸ਼ਨਜ਼, ਐਗਰੀਕਲਚਰ, ਹਿਊਮੈਨਿਟੀਜ਼ ਅਤੇ ਸਾਇੰਸ ਵਰਗੇ ਕੋਰਸਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਜਾ ਰਹੀ ਹੈ।ਹੋਣਹਾਰ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਿਦਿਆਰਥੀਆਂ ਲਈ ਯੂਨੀਵਰਸਿਟੀ ਵੱਲੋਂ ਵਿਸ਼ੇਸ਼ ਮੈਰਿਟ ਸਕਾਲਰਸ਼ਿਪ ਅਤੇ ਸਰਕਾਰੀ ਨਿਯਮਾਂ ਅਨੁਸਾਰ ਪੋਸਟ ਮੈਟ੍ਰਿਕ ਸਕਾਲਰਸ਼ਿਪ ਦੀ ਸੁਵਿਧਾ ਵੀ ਦਿੱਤੀ ਜਾ ਰਹੀ ਹੈ। ਕਾਉਂਸਲਿੰਗ ਦੌਰਾਨ ਵਿਦਿਆਰਥੀਆਂ ਦੇ ਦਸਤਾਵੇਜ਼ਾਂ ਦੀ ਮੌਕੇ 'ਤੇ ਹੀ ਜਾਂਚ ਕਰਕੇ ਸੀਟਾਂ ਅਲਾਟ ਕੀਤੀਆਂ ਜਾ ਰਹੀਆਂ ਹਨ।



## ਬਿਜਲੀ ਤੇ ਬੀਜ ਸੋਧ ਬਿੱਲ ਵਾਪਸ ਲਏ ਜਾਣ : ਜੱਸਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਅਖਿਲ ਭਾਰਤੀ ਕਿਸਾਨ ਸਭਾ ਅਤੇ ਅਖਿਲ ਭਾਰਤੀ ਖੇਤ ਮਜ਼ਦੂਰ ਯੂਨੀਅਨ ਵੱਲੋਂ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਕੇਂਦਰ ਸਰਕਾਰ ਖ਼ਿਲਾਫ਼ ਆਵਾਜ਼ ਬੁਲੰਦ ਕਰਦਿਆਂ ਮੰਗ-ਪੱਤਰ ਸੌਂਪਿਆ ਗਿਆ। ਜਥੇਬੰਦੀਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਮੰਗਾਂ ਨੂੰ ਗੰਭੀਰਤਾ ਨਾਲ ਨਾ ਲਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਜਥੇਬੰਦੀਆਂ ਨੇ ਮੰਗ ਕੀਤੀ ਕਿ ਵੀ.ਬੀ. ਜੀਰਾਮ ਕਾਨੂੰਨ ਅਤੇ 2025 ਦਾ ਪ੍ਰਸਤਾਵਿਤ ਬਿਜਲੀ ਐਕਟ ਬਿੱਲ ਤੁਰੰਤ ਵਾਪਸ ਲਿਆ ਜਾਵੇ। ਇਸ ਦੇ ਨਾਲ ਹੀ ਬੀਜ ਸੋਧ ਬਿੱਲ ਅਤੇ ਮੁਕਤ ਵਪਾਰ ਸੰਧੀ ਨੂੰ ਵੀ ਰੱਦ ਕਰਨ ਦੀ ਮੰਗ ਉਠਾਈ ਗਈ। ਇਸ ਮੰਗ-ਪੱਤਰ ਵਿੱਚ ਕਿਹਾ ਗਿਆ ਕਿ ਬੇ-ਜ਼ਮੀਨੇ ਖੇਤ ਮਜ਼ਦੂਰਾਂ ਨੂੰ 10-10 ਮਰਲੇ ਦੇ ਰਿਹਾਇਸ਼ੀ ਪਲਾਟ ਦਿੱਤੇ ਜਾਣ ਅਤੇ ਕੱਚੇ ਮਕਾਨਾਂ ਵਿੱਚ ਰਹਿ ਰਹੇ ਪਰਵਾਰਾਂ ਨੂੰ ਪੱਕੇ ਮਕਾਨ ਬਣਾਉਣ ਲਈ ਪੰਜ ਲੱਖ ਰੁਪਏ ਦੀ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਜਾਵੇ। ਇਸ ਤੋਂ ਇਲਾਵਾ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਦੇ ਸਾਰੇ ਕਰਜ਼ੇ ਮੁਆਫ਼ ਕਰਨ ਅਤੇ ਆਜ਼ਾਦੀ ਤੋਂ ਬਾਅਦ ਆਬਾਦ ਕੀਤੀਆਂ ਜ਼ਮੀਨਾਂ 'ਤੇ ਆਬਾਦਕਾਰਾਂ ਨੂੰ ਮਾਲਕੀ ਹੱਕ ਦੇਣ ਦੀ ਮੰਗ ਵੀ ਕੀਤੀ ਗਈ। ਜਥੇਬੰਦੀਆਂ ਨੇ ਸਰਹੱਦੀ ਇਲਾਕਿਆਂ ਦੇ ਕਿਸਾਨਾਂ ਲਈ ਬਾਰਡਰ ਪਾਰ ਵਾਲੀਆਂ ਜ਼ਮੀਨਾਂ ਦਾ 30 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦੇਣ ਅਤੇ ਤਾਰ ਤੋਂ ਪਾਰ ਖੇਤੀ ਕਰਨ ਲਈ ਕੰਮ ਦੇ ਘੰਟੇ ਵਧਾਉਣ ਦੀ ਮੰਗ ਕੀਤੀ।ਉਨ੍ਹਾਂ ਕਿਹਾ ਕਿ ਡੀਜ਼ਲ, ਪੈਟਰੋਲ ਅਤੇ ਗੈਸ ਦੀਆਂ ਅੰਤਰਰਾਸ਼ਟਰੀ ਕੀਮਤਾਂ ਘਟਣ ਦੇ ਬਾਵਜੂਦ ਲੋਕਾਂ ਨੂੰ ਰਾਹਤ ਨਹੀਂ ਮਿਲੀ। ਇਸ ਲਈ ਪੈਟਰੋਲ ਅਤੇ ਰਸੋਈ ਗੈਸ 'ਤੇ ਕੀਤੇ ਵਾਧੇ ਨੂੰ ਤੁਰੰਤ ਵਾਪਸ ਲਿਆ ਜਾਵੇ। ਮੰਗ-ਪੱਤਰ ਵਿੱਚ ਯੂਰੀਆ ਅਤੇ ਡੀਏ,ਪੀ ਖਾਦ ਨਾਲ ਹੋਰ ਸਮੱਗਰੀ ਦੇਣ ਦੇ ਨਾਂਅ 'ਤੇ ਹੋ ਰਹੀ ਲੁੱਟ ਬੰਦ ਕਰਨ ਤੇ ਹੜ੍ਹਾਂ ਤੋਂ ਬਚਾਅ ਲਈ ਦਰਿਆਵਾਂ ਦੇ ਧੁੱਸੀ ਬੰਨ੍ਹਾਂ ਦੀ ਤੁਰੰਤ ਮੁਰੰਮਤ ਕਰਵਾਉਣ ਦੀ ਵੀ ਮੰਗ ਕੀਤੀ ਗਈ। ਜਥੇਬੰਦੀਆਂ ਨੇ ਸਪੱਸ਼ਟ ਕੀਤਾ ਕਿ ਜੇਕਰ ਸਰਕਾਰ ਨੇ ਇਨ੍ਹਾਂ ਮੰਗਾਂ 'ਤੇ ਜਲਦੀ ਕੋਈ ਫ਼ੈਸਲਾ ਨਾ ਕੀਤਾ ਤਾਂ ਸੂਬੇ ਭਰ ਵਿੱਚ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਸਕੱਤਰ ਕਾਮਰੇਡ ਗੁਰਨੇਕ ਸਿੰਘ ਭੱਜਲ, ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਸੂਬਾਈ ਆਗੂ ਕਾਮਰੇਡ ਗੁਰਮੇਸ ਸਿੰਘ, ਧੰਨਪੱਤ ਸੰਤੋਖ ਸਿੰਘ ਭੀਲੋਵਾਲ, ਮਿੰਦਰ ਸਿੰਘ, ਪਰਸਨ ਸਿੰਘ, ਗੁਰਮੀਤ ਸਿੰਘ ਆਦਿ ਆਗੂਆਂ ਹਾਜ਼ਰ ਹੋਏ।



## ਟ੍ਰੈਫਿਕ ਨਿਯਮਾਂ ਤੇ ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਸੈਮੀਨਾਰ



**ਮੁਹਾਲੀ (ਗੁਰਜੀਤ ਬਿੱਲਾ)**- ਸੀਨੀਅਰ ਕਪਤਾਨ ਪੁਲਸ ਹਰਮਨਦੀਪ ਸਿੰਘ ਹਾਂਸ ਅਤੇ ਕਪਤਾਨ ਪੁਲਿਸ (ਟ੍ਰੈਫਿਕ) ਨਵਨੀਤ ਸਿੰਘ ਮਾਹਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸ਼ਿਵਾਲਿਕ ਪਬਲਿਕ ਸਕੂਲ, ਫੇਜ਼-6, ਮੋਹਾਲੀ ਵਿਖੇ ਟ੍ਰੈਫਿਕ ਨਿਯਮਾਂ ਅਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਸਬੰਧੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਕਰਨੈਲ ਸਿੰਘ, ਉਪ ਕਪਤਾਨ ਪੁਲਸ (ਟ੍ਰੈਫਿਕ) ਨੇ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕੀਤੀ। ਕਰਨੈਲ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਸ਼ਾ ਸਮਾਜ ਲਈ ਇੱਕ ਗੰਭੀਰ ਚੁਣੌਤੀ ਹੈ ਅਤੇ ਇਸ ਦੇ ਖਾਤਮੇ ਲਈ ਹਰ ਨਾਗਰਿਕ ਦਾ ਸਹਿਯੋਗ ਲਾਜ਼ਮੀ ਹੈ। ਉਨ੍ਹਾਂ ਅਪੀਲ ਕੀਤੀ ਕਿ ਜੇਕਰ ਕਿਸੇ ਵੀ ਵਿਅਕਤੀ ਬਾਰੇ ਨਸ਼ਾ ਵੇਚਣ ਜਾਂ ਨਸ਼ਾ ਕਰਨ ਸਬੰਧੀ ਜਾਣਕਾਰੀ ਮਿਲਦੀ ਹੈ ਤਾਂ ਉਸ ਦੀ ਸੂਚਨਾ ਤੁਰੰਤ ਵਟਸਐਪ ਨੰਬਰ 97791-00200, ਪੁਲਿਸ ਹੈਲਪਲਾਈਨ 112 ਜਾਂ ਨਜ਼ਦੀਕੀ ਪੁਲਿਸ ਥਾਣੇ ਵਿੱਚ ਦਿੱਤੀ ਜਾਵੇ, ਤਾਂ ਜੋ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਸਕੇ ਅਤੇ ਨਸ਼ੇ ਦੇ ਆਦੀ ਵਿਅਕਤੀਆਂ ਦਾ ਇਲਾਜ ਕਰਵਾਇਆ ਜਾ ਸਕੇ। ਉਨ੍ਹਾਂ ਦੱਸਿਆ ਕਿ 18 ਸਾਲ ਤੋਂ ਘੱਟ ਉਮਰ ਦੇ ਬੱਚੇ ਨੂੰ ਵਾਹਨ ਚਲਾਉਣ ਦੀ ਇਜਾਜ਼ਤ ਦੇਣ ਵਾਲੇ ਮਾਪਿਆਂ ਜਾਂ ਵਾਹਨ ਮਾਲਕ ਖ਼ਿਲਾਫ਼ ਕਾਨੂੰਨੀ ਕਾਰਵਾਈ ਹੋ ਸਕਦੀ ਹੈ, ਜਿਸ ਤਹਿਤ ਤਿੰਨ ਸਾਲ ਤੱਕ ਦੀ ਕੈਦ ਅਤੇ 25 ਹਜ਼ਾਰ ਰੁਪਏ ਤੱਕ ਜੁਰਮਾਨੇ ਦੀ ਵਿਵਸਥਾ ਹੈ।ਸੈਮੀਨਾਰ ਦੌਰਾਨ ਗੁੱਡ ਸਮੈਰੀਟਨ ਸਕੀਮ ਅਤੇ ਫਰਿਸ਼ਤੇ ਸਕੀਮ ਬਾਰੇ ਵੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਸੜਕ ਹਾਦਸੇ ਦੇ ਪੀੜਤ ਦੀ ਸਮੇਂ ਸਿਰ ਮਦਦ ਕਰਨ ਵਾਲੇ ਵਿਅਕਤੀ ਨੂੰ ਸਰਕਾਰ ਵੱਲੋਂ 2,000 ਰੁਪਏ ਦਾ ਨਕਦ ਇਨਾਮ ਦਿੱਤਾ ਜਾਂਦਾ ਹੈ।

## ਨੌਜਵਾਨ ਪੀੜ੍ਹੀ ਨੂੰ ਰਾਸ਼ਟਰ ਨਿਰਮਾਣ, ਸਮਾਜਿਕ ਜਾਗਰੂਕਤਾ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ : ਰੋਹਿਤ ਪ੍ਰਭਾਕਰ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਸਰਬ ਨੌਜਵਾਨ ਸਭਾ (ਰਜਿ.) ਫਗਵਾੜਾ ਵੱਲੋਂ ਮੇਰਾ ਯੁਵਾ ਭਾਰਤ ਕਪੂਰਥਲਾ ਦੇ ਸਹਿਯੋਗ ਨਾਲ ਸਭਾ ਵੱਲੋਂ ਸੰਚਾਲਿਤ ਵੋਕੇਸ਼ਨਲ ਟ੍ਰੇਨਿੰਗ ਸੈਂਟਰ ਹੁਸ਼ਿਆਰਪੁਰ ਰੋਡ ਫਗਵਾੜਾ ਵਿਖੇ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦਾ ਜਨਮ ਦਿਵਸ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਰਾਸ਼ਟਰ ਸੇਵਾ, ਸਮਾਜਿਕ ਜਾਗਰੂਕਤਾ ਅਤੇ ਨੌਜਵਾਨਾਂ ਦੇ ਚਰਿੱਤਰ ਨਿਰਮਾਣ ਸੰਬੰਧੀ ਵਿਚਾਰ ਸਾਂਝੇ ਕੀਤੇ ਗਏ।ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਸਮਾਜਿਕ ਸਮਰਸਤਾ, ਪ੍ਰਾਂਤ ਟੋਲੀ ਮੈਂਬਰ ਰੋਹਿਤ ਪ੍ਰਭਾਕਰ ਨੇ ਸ਼ਿਰਕਤ ਕੀਤੀ। ਉਨ੍ਹਾਂ ਕਿਹਾ ਕਿ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦਾ ਜੀਵਨ ਦੇਸ਼ਭਗਤੀ, ਰਾਸ਼ਟਰੀ ਏਕਤਾ ਅਤੇ ਨਿਸ਼ਕਾਮ ਸੇਵਾ ਦੀ ਪ੍ਰੇਰਣਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਹੁਨਰਮੰਦ ਨੌਜਵਾਨ ਹੀ ਆਤਮਨਿਰਭਰ ਭਾਰਤ ਦੀ ਮਜ਼ਬੂਤ ਨੀਂਹ ਹਨ ਅਤੇ ਇਸ ਤਰ੍ਹਾਂ ਦੇ ਸਮਾਜਿਕ ਤੇ ਜਾਗਰੂਕਤਾ ਭਰਪੂਰ ਪ੍ਰੋਗਰਾਮ ਨਵੀਂ ਪੀੜ੍ਹੀ ਨੂੰ ਸਹੀ ਦਿਸ਼ਾ ਪ੍ਰਦਾਨ ਕਰਦੇ ਹਨ।ਇਸ ਮੌਕੇ ਵੋਕੇਸ਼ਨਲ ਟ੍ਰੇਨਿੰਗ ਸੈਂਟਰ ਵਿੱਚ ਕਿੱਤਾ ਸਿੱਖ ਰਹੀਆਂ ਸਿਖਿਆਰਥਣਾਂ ਲਈ ਨਸ਼ਾ ਮੁਕਤੀ, ਵਾਤਾਵਰਣ ਸੰਭਾਲ ਅਤੇ ਭਰੂਣ ਹੱਤਿਆ ਰੋਕਥਾਮ ਵਿਸ਼ਿਆਂ 'ਤੇ ਡਰਾਇੰਗ ਮੁਕਾਬਲੇ ਕਰਵਾਏ ਗਏ। ਮੁਕਾਬਲੇ ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕਰਨ ਵਾਲੀਆਂ ਸਿਖਿਆਰਥਣਾਂ ਨੂੰ ਮਹਿਮਾਨਾਂ ਵੱਲੋਂ ਸਨਮਾਨਤ ਕੀਤਾ ਗਿਆ। ਸਰਬ ਨੌਜਵਾਨ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਕਿਹਾ ਕਿ ਸਭਾ ਦਾ ਉਦੇਸ਼ ਕੇਵਲ ਹੁਨਰ ਸਿਖਾਉਣਾ ਹੀ ਨਹੀਂ, ਸਗੋਂ ਸਮਾਜਿਕ ਕਦਰਾਂ-ਕੀਮਤਾਂ, ਰਾਸ਼ਟਰੀ ਚੇਤਨਾ ਅਤੇ ਮਨੁੱਖੀ ਸੇਵਾ ਦੀ ਭਾਵਨਾ ਨੂੰ ਵੀ ਪ੍ਰਫੁੱਲਤ ਕਰਨਾ ਹੈ।

ਇਸ ਮੌਕੇ ਮੈਨੇਜਰ ਜਗਜੀਤ ਸੇਠ, ਰਣਜੀਤ ਸਿੰਘ ਬੇਦੀ, ਗੁਲਸ਼ਨ ਕਪੂਰ, ਮੈਡਮ ਆਸ਼ੂ ਬੱਗਾ, ਮੈਡਮ ਸੁੱਖਪ੍ਰੀਤ ਕੌਰ, ਮੈਡਮ ਨਵਜੋਤ ਕੌਰ, ਮੈਡਮ ਖੁਸ਼ੀ ਰਾਣਾ, ਪ੍ਰੀਤੀ, ਮੁਸਕਾਨ, ਗੁਰਪ੍ਰੀਤ, ਅਰਾਧਨਾ, ਅਨਮੋਲ, ਰਿਆ, ਨੇਹਾ, ਨਿਸ਼ਾ, ਰਜਨੀ, ਰੁਪਿੰਦਰ, ਸ਼ਿਵਾਨੀ, ਹਰਸ਼, ਦਿਵਯਾ, ਸਮੇਤ ਵੱਡੀ ਗਿਣਤੀ ਵਿੱਚ ਸਟਾਫ਼ ਮੈਂਬਰ, ਸਿਖਿਆਰਥਣਾਂ ਅਤੇ ਪਤਵੰਤੇ ਹਾਜ਼ਰ ਸਨ।



## ਮਾਨ ਤੇ ਡਾ. ਜੱਖੂ ਅੱਜ ਸ਼ਾਮ 84 ਆਉਣਗੇ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਸਰਦਾਰ ਸਿਮਰਨਜੀਤ ਸਿੰਘ ਮਾਨ ਦੀ ਅਗਵਾਈ ਹੇਠ ਸਿੱਖ ਕੌਮ ਅਤੇ ਪੰਜਾਬ ਦੇ ਹੱਕਾਂ ਲਈ ਪਿਛਲੇ 42 ਸਾਲ ਤੋਂ ਦ੍ਰਿੜਤਾ ਨਾਲ ਸੰਘਰਸ਼ ਲੜਿਆ ਜਾ ਰਿਹਾ ਹੈ ਅਤੇ 2027 ਦੀਆਂ ਚੋਣਾਂ ਨੂੰ ਮੁੱਖ ਰੱਖ ਕੇ ਪਾਰਟੀ ਵੱਲੋਂ ਲਗਾਤਾਰ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ। ਇਸੇ ਨੂੰ ਮੁੱਖ ਰੱਖ ਕੇ ਹਲਕਾ ਸ਼ਾਮ ਸ਼ਾਮ 84 ਦੇ ਨਵ ਨਿਯੁਕਤ ਹਲਕਾ ਇੰਚਾਰਜ ਹਰਵਿੰਦਰ ਸਿੰਘ ਹੀਰਾ ਦੀ ਅਗਵਾਈ ਹੇਠ 10 ਜੁਲਾਈ ਨੂੰ ਇਮਾਨ ਸਿੰਘ ਮਾਨ ਕਾਰਜਕਾਰੀ ਪ੍ਰਧਾਨ ਅਤੇ ਡਾਕਟਰ ਹਰਜਿੰਦਰ ਸਿੰਘ ਜੱਖੂ ਕੌਮੀ ਜਨਰਲ ਸਕੱਤਰ ਤੇ ਦੁਆਬਾ ਇੰਚਾਰਜ ਪਾਰਟੀ ਵਰਕਰਾਂ ਨੂੰ ਮਿਲਣ ਲਈ ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਹਨ। ਇਸ ਦੀ ਜਾਣਕਾਰੀ ਦਿੰਦਿਆਂ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਸਿੰਗੜੀਵਾਲਾ ਨੇ ਦੱਸਿਆ ਕਿ ਸਿੱਖ ਕੌਮ ਅਤੇ ਪੰਜਾਬ ਦੇ ਹੱਕਾਂ ਲਈ ਕੀਤੇ ਜਾ ਰਹੇ ਸੰਘਰਸ਼ ਨੂੰ ਹੋਰ ਤਿੱਖੀਆਂ ਕਰਨ ਲਈ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਪਿੰਡ ਪਿੰਡ ਘਰ ਘਰ ਪਹੁੰਚਾਉਣ ਲਈ ਇਮਾਨ ਸਿੰਘ ਮਾਨ ਅਤੇ ਡਾਕ ਹਰਜਿੰਦਰ ਸਿੰਘ ਜੱਖੂ ਇਸ ਸਮੇਂ ਪਾਰਟੀ ਵਰਕਰਾਂ ਦੀਆਂ ਡਿਊਟੀਆਂ ਲਗਾਉਣਗੇ।

## ਸੁਆਮੀ ਈਸ਼ਰ ਦਾਸ ਦੀ ਸਾਲਾਨਾ ਬਰਸੀ 18 ਨੂੰ



**ਮਾਹਿਲਪੁਰ (ਸਫਰੀ)**- ਸੁਆਮੀ ਈਸ਼ਰ ਦਾਸ ਜੀ ਡੇਰਾ ਪਿੰਡ ਅਨੰਦਗੜ੍ਹ, (ਹੁਸ਼ਿਆਰਪੁਰ) ਵਿਖੇ ਸ੍ਰੀ ਗੁਰੂ ਆਦਿ ਗ੍ਰੰਥ ਟਰੱਸਟ ਰਜਿ: 183 ਦੇ ਸਰਪਰਸਤ ਸੰਤ ਬਿਹਾਰੀ ਲਾਲ ਵੱਲੋਂ ਦੱਸਿਆ ਗਿਆ ਕਿ ਸੁਆਮੀ ਈਸ਼ਰ ਦਾਸ ਮਹਾਰਾਜ ਦੀ 63ਵੀਂ ਬਰਸੀ 18 ਜੁਲਾਈ (3 ਸਾਵਣ) ਦਿਨ ਸ਼ਨੀਵਾਰ ਨੂੰ ਬਹੁਤ ਹੀ ਸ਼ਰਧਾ ਨਾਲ ਮਨਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਮਿਤੀ 16 ਜੁਲਾਈ ਨੂੰ ਸ੍ਰੀ ਗੁਰੂ ਆਦਿ ਪ੍ਰਗਾਸ਼ ਗ੍ਰੰਥ ਜੀ ਦਾ ਪਾਠ ਰੱਖਿਆ ਜਾਵੇਗਾ ਅਤੇ ਮਿਤੀ 18 ਜੁਲਾਈ ਨੂੰ ਭੋਗ ਪਾਇਆ ਜਾਵੇਗਾ।ਉਪਰੰਤ ਧਾਰਮਿਕ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਸੰਤ ਬਿਹਾਰੀ ਲਾਲ ਜੀ ਸਤਿਸੰਗ ਅਤੇ ਕੀਰਤਨ ਨਾਲ ਸੰਗਤ ਨੂੰ ਜੋੜਨਗੇ।ਉਨਾ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਵੱਧ ਤੋ ਵੱਧ ਇਸ ਮੌਕੇ ਪਹੁੰਚ ਕੇ ਆਪਣਾ ਜੀਵਨ ਸਫਲ ਬਣਾਉਣ।

## ਪੰਜਾਬ ਜੂਨੀਅਰ ਮੈਨ ਹਾਕੀ ਟੀਮ ਦੇ ਚੋਣ ਟਰਾਇਲ 13 ਨੂੰ

**ਜਲੰਧਰ (ਸ਼ੈਲੀ ਐਲਬਰਟ)**- ਹਾਕੀ ਇੰਡੀਆ ਵਲੋਂ ਤਾਮਿਲਨਾਡੂ ਦੇ ਸ਼ਹਿਰ ਕੋਇੰਬਟੂਰ ਵਿਖੇ ਹਾਕੀ ਇੰਡੀਆ ਵੱਲੋਂ 28 ਜੁਲਾਈ ਤੋਂ 8 ਅਗਸਤ 2026 ਤਕ ਕਰਵਾਈ ਜਾ ਰਹੀ 16ਵੀਂ ਹਾਕੀ ਇੰਡੀਆ ਜੂਨੀਅਰ ਮੈਨ ਰਾਸ਼ਟਰੀ ਹਾਕੀ ਚੈਂਪੀਅਨਸ਼ਿਪ ਵਿੱਚ ਭਾਗ ਲੈਣ ਵਾਲੀ ਪੰਜਾਬ ਜੂਨੀਅਰ ਮੈਨ ਹਾਕੀ ਟੀਮ ਦੀ ਚੋਣ ਲਈ ਚੋਣ ਟਰਾਇਲ 13 ਜੁਲਾਈ ਨੂੰ ਜਲੰਧਰ ਦੇ ਕੇ ਪੀ ਐਸਟਰੋਟਰਫ ਹਾਕੀ ਸਟੇਡੀਅਮ ਮਿੱਠਾਪੁਰ ਵਿਖੇ ਸਵੇਰੇ 8 ਵਜੇ ਸ਼ੁਰੂ ਹੋਣਗੇ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਹਾਕੀ ਪੰਜਾਬ ਦੇ ਪ੍ਰਧਾਨ ਨਿਤਿਨ ਕੋਹਲੀ ਅਤੇ ਜਨਰਲ ਸਕੱਤਰ ਅਮਰੀਕ ਸਿੰਘ ਪੁਆਰ ਨੇ ਦੱਸਿਆ ਕਿ ਇਨ੍ਹਾਂ ਚੋਣ ਟਰਾਇਲਾਂ ਵਿੱਚ 1-1-2007 ਤੋਂ ਬਾਅਦ ਜਨਮੇ ਖਿਡਾਰੀ ਹੀ ਹਿੱਸਾ ਲੈ ਸਕਦੇ ਹਨ। ਇਨ੍ਹਾਂ ਚੋਣ ਟਰਾਇਲਾਂ ਵਿੱਚ ਭਾਗ ਲੇਣ ਵਾਲੇ ਖਿਡਾਰੀ ਆਪਣੇ ਅਸਲ ਜਨਮ ਸਰਟੀਫਿਕੇਟ ਅਤੇ ਅਸਲ ਆਧਾਰ ਕਾਰਡ ਨਾਲ ਲੈ ਕੇ ਆਉਣ। ਇਹ ਦਸਤਾਵੇਜ਼ ਨਾ ਲਿਆਉਣ ਦੀ ਸੂਰਤ ਵਿੱਚ ਖਿਡਾਰੀ ਨੂੰ ਚੋਣ ਟਰਾਇਲਾਂ ਵਿੱਚ ਭਾਗ ਨਹੀਂ ਲੈਣ ਦਿੱਤਾ ਜਾਵੇਗਾ।

## ਪੈਨਸ਼ਨਰਜ਼ ਐਸੋਸੀਏਸ਼ਨ ਦੇ ਅਹੁਦੇਦਾਰਾਂ ਦੀ ਮੀਟਿੰਗ

**ਕਪੂਰਥਲਾ (ਮਨਜੀਤ ਮਾਨ)**- ਪੈਨਸ਼ਨਰਜ਼ ਐਸੋਸੀਏਸ਼ਨ ਸ਼ਹਿਰੀ ਮੰਡਲ ਕਪੂਰਥਲਾ ਦੀ ਹੋਈ ਇੱਕਤਰਤਾ ਪੈਨਸ਼ਨਰਜ਼ ਐਸੋਸੀਏਸ਼ਨ ਸ਼ਹਿਰੀ ਮੰਡਲ ਕਪੂਰਥਲਾ ਦੀ ਮੀਟਿੰਗ ਲੋਹੀਆਂ ਵਿਖੇ ਰੇਸ਼ਮ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਕੀਤੀ ਗਈ। ਪੰਜਾਬ ਸਰਕਾਰ ਦੀਆਂ ਮੁਲਾਜ਼ਮ, ਪੈਨਸ਼ਨਰ ਅਤੇ ਲੋਕ ਵਿਰੋਧੀ ਨੀਤੀਆਂ ਤੋਂ ਜਾਣੂ ਕਰਵਾਉਂਦਿਆਂ ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਪੈਨਸ਼ਨਰਾਂ ਤੇ ਦੋ 2.59 ਦਾ ਗੁਣਾਕ ਲਾਗੂ ਨਾ ਕਰਨ, ਤਨਖਾਹ ਪੈਨਸ਼ਨ ਦੋਹਰਾਏ ਦੇ ਬਕਾਏ ਤੇ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਨਾ ਦੇ ਕੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨਾਲ ਬਹੁਤ ਬੇਇਨਸਾਫੀ ਕੀਤੀ ਗਈ ਹੈ। ਜਨਵਰੀ 2016 ਤੋਂ ਲਾਗੂ ਹੋਣ ਵਾਲੇ ਤਨਖਾਹ ਕਮਿਸ਼ਨ ਦੀ ਰਿਪੋਰਟ ਦਾ ਰਹਿੰਦਾ ਹਿੱਸਾ ਜਾਰੀ ਨਹੀਂ ਕੀਤਾ ਗਿਆ ਜਦੋਂ ਕਿ ਜਨਵਰੀ 2026 ਤੋਂ ਅਗਲੀ ਤਨਖਾਹ ਪੈਨਸ਼ਨ/ਦੁਹਰਾਈ ਹੋਈ ਸੀ। ਇਥੇ ਹੀ ਬਸ ਨਹੀਂ ਹਾਈ ਕੋਰਟ ਵੱਲੋਂ 30 ਜੂਨ ਤੱਕ ਮਹਿੰਗਾਈ ਪੱਤੇ ਦੀਆਂ ਕਿਸ਼ਤਾਂ ਅਤੇ ਤਨਖਾਹ ਅਤੇ ਪੈਨਸ਼ਨ ਦੁਹਰਾਈ ਦੇ ਬਕਾਏ ਦੇਣ ਦੇ ਕੀਤੇ ਗਏ ਫੈਸਲੇ ਵਿਰੁੱਧ ਪੰਜਾਬ ਸਰਕਾਰ ਨੇ ਡਬਲ ਬੈਂਚ ਅੱਗੇ ਐਲ ਪੀ ਏ ਦਾਇਰ ਕਰਕੇ ਉਪਰੋਕਤ ਫੈਸਲੇ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਹੈ ਤਾਂ ਜੋ ਮੁਲਾਜ਼ਮਾ ਅਤੇ ਪੈਨਸ਼ਨਰਾਂ ਨੂੰ ਮਾਨਯੋਗ ਹਾਈਕੋਰਟ ਦੇ ਕੀਤੇ ਫੈਸਲੇ ਅਨੁਸਾਰ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਅਤੇ ਤਨਖਾਹ ਦੁਹਰਾਈ ਦੇ ਬਕਾਏ ਦੇਣ ਤੋਂ ਬਚਿਆ ਜਾ ਸਕੇ। ਸਰਕਾਰ ਬਣਨ ਤੋਂ ਪਹਿਲਾਂ ਭਗਵੰਤ ਮਾਨ ਅਤੇ ਆਮ ਆਦਮੀ ਪਾਰਟੀ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨਾਲ ਕੀਤੇ ਗਏ ਵਾਅਦੇ ਕੇਂਦਰ ਦੀ ਭਾਜਪਾ ਸਰਕਾਰ ਵਾਂਗੂੰ ਜੁਮਲੇ ਹੀ ਸਾਬਤ ਹੋਏ ਹਨ। ਭਾਜਪਾ ਦੀ ਕੇਂਦਰ ਸਰਕਾਰ ਨੇ 2004 ਤੋਂ ਪੁਰਾਣੀ ਪੈਨਸ਼ਨ ਸਕੀਮ ਬੰਦ ਕਰਕੇ ਪੈਨਸ਼ਨਰਾਂ ਦੀ ਬੁਢਾਪੇ ਦੀ ਲਾਠੀ ਖੋਹ ਲਈ ਹੈ। ਪੰਜਾਬ ਸਰਕਾਰ ਨੇ ਪੁਰਾਣੀ ਪੈਨਸ਼ਨ ਬਹਾਲੀ ਦਾ ਅਧੂਰਾ ਨੋਟੀਫਿਕੇਸ਼ਨ ਜਾਰੀ ਕਰਨ ਦੇ ਬਾਵਜੂਦ ਪੁਰਾਣੀ ਪੈਨਸ਼ਨ ਸਕੀਮ ਲਾਗੂ ਨਹੀਂ ਕੀਤੀ ਜਦੋਂ ਕਿ ਹਜ਼ਾਰਾਂ ਬੇਰੋਜ਼ਗਾਰ ਰੋਜ਼ਾਨਾ ਸੜਕਾਂ 'ਤੇ ਪੁਲਸ ਦੀਆਂ ਡਾਂਗਾਂ ਅਤੇ ਪਾਣੀ ਦੀਆਂ ਬੁਛਾਰਾ ਦਾ ਸਾਹਮਣਾ ਕਰ ਰਹੇ ਹਨ। ਕੇਂਦਰ ਸਰਕਾਰ ਜਿੱਥੇ ਜਨਤਕ ਖੇਤਰ ਦੇ ਅਧਾਰੇ ਕਾਰਪੋਰੇਟਾਂ ਨੂੰ ਲੁਟਾ ਰਹੀ ਹੈ ਉੱਥੇ ਹੀ ਲੋਕਤੰਤਰ ਅਤੇ ਸੰਵਿਧਾਨ ਨੂੰ ਵੀ ਖਤਮ ਕਰ ਰਹੀ ਹੈ। ਪੰਜਾਬ ਸਰਕਾਰ ਵੀ ਉਸੇ ਰਸਤੇ 'ਤੇ ਚਲਦਿਆਂ ਮੁਲਾਜ਼ਮਾਂ ਪੈਨਸ਼ਨਰ ਅਤੇ ਲੋਕਾਂ ਵਿਰੋਧੀ ਨੀਤੀਆਂ ਲਾਗੂ ਕਰ ਰਹੀ ਹੈ। ਮੀਟਿੰਗ ਵਿੱਚ ਪਿਆਰਾ ਸਿੰਘ ਚੰਦੀ ਉਚੇਚੇ ਤੌਰ 'ਤੇ ਹਾਜ਼ਰ ਹੋਏ। ਮੁਖਤਿਆਰ ਸਿੰਘ, ਅਮਰਦੀਪ ਸਿੰਘ, ਕਰਮ ਸਿੰਘ, ਗੱਜਣ ਸਿੰਘ, ਬਲਵਿੰਦਰ ਸਿੰਘ ਨੇ ਵੀ ਵਿਚਾਰ ਰੱਖੇ। ਇਸ ਮੌਕੇ ਮੰਗਾਰਾ ਸਿੰਘ, ਬਲਜੀਤ ਸਿੰਘ, ਜਸਵੰਤ ਸਿੰਘ, ਗਿਆਨ ਸਿੰਘ ਆਦਿ ਮੈਂਬਰ ਮੌਜੂਦ ਸਨ। ਅਖੀਰ 'ਤੇ ਪ੍ਰਧਾਨ ਰੇਸ਼ਮ ਲਾਲ ਨੇ ਵਿਚਾਰ ਰੱਖੇ ਤੇ ਆਏ ਮੈਂਬਰਾਂ ਦਾ ਧੰਨਵਾਦ ਕੀਤਾ। ਸਟੇਜ ਦੀ ਕਾਰਵਾਈ ਬਲਦੇਵ ਰਾਜ ਨੇ ਬਾਖੂਬੀ ਨਿਭਾਈ।



## ਦਿਵਿਆਂਗਜਨਾਂ ਨੂੰ ਟ੍ਰਾਈਸਾਈਕਲ, ਕੰਨਾਂ ਦੀਆਂ ਮਸ਼ੀਨਾਂ ਤੇ ਵ੍ਹੀਲ ਚੇਅਰ ਦਿੱਤੇ

**ਹੁਸ਼ਿਆਰਪੁਰ (ਓ ਪੀ ਰਾਣਾ)**- ਡਿਪਟੀ ਕਮਿਸ਼ਨਰ-ਕਮ-ਪ੍ਰਧਾਨ, ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਹੁਸ਼ਿਆਰਪੁਰ ਆਸ਼ਿਕਾ ਜੈਨ ਦੀ ਅਗਵਾਈ ਹੇਠ ਚਲਾਈ ਜਾ ਰਹੀ ਰੈੱਡ ਕਰਾਸ ਸੁਸਾਇਟੀ ਦੁਆਰਾ 'ਅਲਿਮਕੋ' ਮੋਹਾਲੀ ਦੇ ਸਹਿਯੋਗ ਨਾਲ ਬੀ ਡੀ ਪੀ ਓ ਦਫ਼ਤਰ ਦਸੂਹਾ ਵਿਖੇ ਇੱਕ ਵਿਸ਼ਾਲ ਮਾਨਵਤਾਵਾਦੀ ਕੈਂਪ ਸਫ਼ਲਤਾਪੂਰਵਕ ਲਗਾਇਆ ਗਿਆ। ਇਸ ਕੈਂਪ ਦਾ ਮੁੱਖ ਮਨੋਰਥ ਸਮਾਜ ਦੇ ਪਛੜੇ ਅਤੇ ਸਰੀਰਕ ਚੁਣੌਤੀਆਂ ਦਾ ਸਾਹਮਣਾ ਕਰ ਰਹੇ ਲੋੜਵੰਦ ਲੋਕਾਂ ਨੂੰ ਆਤਮ-ਨਿਰਭਰ ਬਣਾਉਣਾ ਸੀ।ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੇ ਸਕੱਤਰ ਮੰਗੇਸ਼ ਸੂਦ ਅਤੇ ਸੰਯੁਕਤ ਸਕੱਤਰ ਆਦਿਤਿਆ ਰਾਣਾ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਇਸ ਕੈਂਪ ਦੌਰਾਨ ਕੁੱਲ 81 ਲਾਭਪਾਤਰੀਆਂ ਦੀ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਮੁਫ਼ਤ ਜਾਂਚ ਕੀਤੀ ਗਈ। ਕੈਂਪ ਵਿੱਚ ਵਿਸ਼ੇਸ਼ ਲੋੜਾਂ ਵਾਲੇ ਦਿਵਿਆਂਗਜਨਾਂ ਨੂੰ ਸਵੈ-ਨਿਰਭਰ ਬਣਾਉਣ ਲਈ 18 ਮੋਟਰਾਈਜ਼ਡ ਟ੍ਰਾਈਸਾਈਕਲ, 52 ਕੰਨਾਂ ਦੀਆਂ ਆਧੁਨਿਕ ਮਸ਼ੀਨਾਂ ਅਤੇ 8 ਵ੍ਹੀਲ ਚੇਅਰ ਤੁਰੰਤ ਮੌਕੇ ਤੇ ਹੀ ਮੁਹੱਈਆ ਕਰਵਾਈਆਂ ਗਈਆਂ। ਇਸ ਦੇ ਨਾਲ ਹੀ 13 ਲਾਭਪਾਤਰੀਆਂ ਦੇ ਬਨਾਉਟੀ ਅੰਗਾਂ ਦੇ ਨਾਪ ਲਏ ਗਏ, ਜਿਨ੍ਹਾਂ ਨੂੰ ਅਗਲੇ 10 ਤੋਂ 15 ਦਿਨਾਂ ਦੇ ਅੰਦਰ-ਅੰਦਰ ਬਿਲਕੁਲ ਮੁਫ਼ਤ ਪ੍ਰਦਾਨ ਕਰ ਦਿੱਤਾ ਜਾਵੇਗਾ।

ਕੈਂਪ ਵਿੱਚ ਪਹੁੰਚੇ ਬਜ਼ੁਰਗਾਂ ਦੀ ਸਿਹਤ, ਆਰਾਮ ਅਤੇ ਸਰੀਰਕ ਸੁਖਾਲਤਾ ਨੂੰ ਮੁੱਖ ਰੱਖਦਿਆਂ ਰੈੱਡ ਕਰਾਸ ਵੱਲੋਂ 40 ਵਿਸਾਖੀਆਂ/ਸਟਿਕਸ, ਵ੍ਹੀਲ ਚੇਅਰਾਂ ਲਈ 30 ਵਿਸ਼ੇਸ਼ ਕੁਸ਼ਨ,8 ਗੋਡੇ ਦੇ ਬਰੇਸ, 40 ਲੋਅਰ ਲਿੰਬ ਬੈਲਟਾਂ ਤੇ 3 ਸਧਾਰਨ ਟ੍ਰਾਈਸਾਈਕਲ ਮੁਹੱਈਆ ਕਰਵਾਏ ਗਏ।

ਕੈਂਪ ਦੌਰਾਨ ਕੁਲਵੰਤ ਕੌਰ, ਮੈਂਬਰ ਮਨੁੱਖੀ ਅਧਿਕਾਰ ਕਮਿਸ਼ਨ ਤੇ ਰੈੱਡ ਕਰਾਸ ਸਟਾਫ਼ ਮੈਂਬਰ ਕੁਲਵੀਰ ਕੌਰ, ਰਚਨਾ ਜੈਨ, ਪ੍ਰਭਜੋਤ, ਬਲਜਿੰਦਰ ਤੇ ਯੋਗੇਸ਼ ਕੁੰਦਰਾ ਵੀ ਮੌਜੂਦ ਰਹੇ।




## ਦਿਨ-ਦਿਹਾੜੇ ਮੰਦਰ ਦੀ ਗੋਲਕ ਤੋੜ ਕੇ ਚੋਰੀ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਦੇ ਵਾਰਡ ਨੰਬਰ 13 ਦੇ ਅਧੀਨ ਆਉਂਦੇ ਸਰਸਵਤੀ ਵਿਹਾਰ ਦੇ ਸਦਾਸੁਖ ਨਗਰ ਪਾਰਕ ਵਿੱਚ ਸਥਿਤ ਨਗਰ ਖੇੜਾ ਮੰਦਰ ਵਿੱਚ ਦਿਨ-ਦਿਹਾੜੇ ਚੋਰੀ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਸ਼ਰਾਰਤੀ ਅਨਸਰ ਅੰਦਰ ਲੱਗੀ ਗੋਲਕ ਤੋੜ ਕੇ ਉਸ ਵਿੱਚੋਂ ਹਜ਼ਾਰਾਂ ਰੁਪਏ ਦੀ ਨਕਦੀ ਲੈ ਕੇ ਫਰਾਰ ਹੋ ਗਏ। ਸ਼ਿਕਾਇਤ ਮਿਲਣ 'ਤੇ ਪੁਲਿਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਜਾਣਕਾਰੀ ਦਿੰਦੇ ਹੋਏ ਨਗਰ ਖੇੜਾ ਮੰਦਰ ਦੇ ਕੈਸ਼ੀਅਰ ਸੁਭਾਸ਼ ਕੁਮਾਰ ਨੇ ਦੱਸਿਆ ਕਿ ਦੁਪਹਿਰ ਤੋਂ ਬਾਅਦ ਉਨ੍ਹਾਂ ਨੂੰ ਚੋਰੀ ਬਾਰੇ ਪਤਾ ਲੱਗਿਆ। ਗੋਲਕ ਵਿੱਚ 10 ਹਜ਼ਾਰ ਰੁਪਏ ਤੋਂ ਵੱਧ ਦੀ ਨਕਦੀ ਸੀ। ਦਰਅਸਲ ਕੁਝ ਦਿਨ ਪਹਿਲਾਂ ਇੱਥੇ ਇੱਕ ਵਿਸ਼ਾਲ ਭੰਡਾਰਾ ਕਰਵਾਇਆ ਗਿਆ ਸੀ, ਜਿਸ ਤੋਂ ਬਾਅਦ ਪ੍ਰਬੰਧਕਾਂ ਨੇ ਗੋਲਕ ਖਾਲੀ ਨਹੀਂ ਕੀਤੀ ਸੀ। ਪ੍ਰਧਾਨ ਲਖਨਪਾਲ ਰਾਣਾ ਅਨੁਸਾਰ ਪਾਰਕ ਵਿੱਚ ਕੁਝ ਸਮਾਜ ਵਿਰੋਧੀ ਅਨਸਰ ਹਮੇਸ਼ਾ ਘੁੰਮਦੇ ਰਹਿੰਦੇ ਹਨ ਅਤੇ ਇਹ ਕਾਰਾ ਉਨ੍ਹਾਂ ਦਾ ਹੀ ਹੈ। ਇਸ ਸਬੰਧੀ ਆਸ-ਪਾਸ ਦੇ ਸੀ ਸੀ ਟੀ ਵੀ ਫੁਟੇਜ ਦੀ ਮਦਦ ਲਈ ਜਾ ਰਹੀ ਹੈ। ਉਨ੍ਹਾਂ ਨੇ ਇਸ ਸਬੰਧੀ ਪੁਲਸ ਕੋਲ ਸ਼ਿਕਾਇਤ ਵੀ ਦਰਜ ਕਰਵਾਈ ਹੈ।



## ਡਾ. ਗਰੋਵਰ ਨੇ ਐੱਮ.ਡੀ ਮੈਡੀਸਨ ਵਿਭਾਗ 'ਚ ਸੰਭਾਲਿਆ ਅਹੁਦਾ



**ਸੰਗਰੂਰ (ਪ੍ਰਵੀਨ ਸਿੰਘ)** ਉਮੀਦ ਹਸਪਤਾਲ ਜੋ 2019 ਤੋਂ ਲੈ ਕੇ ਹੁਣ ਤੱਕ ਆਮ ਲੋਕਾਂ ਦੀ ਉਮੀਦ 'ਤੇ ਖਰਾ ਉਤਰ ਰਿਹਾ ਹੈ।ਐਮਡੀ ਮੈਡੀਸਨ ਵਿਭਾਗ ਨੂੰ ਹੋਰ ਮਜਬੂਤ ਬਨਾਉਣ ਦੇ ਉਦੇਸ਼ ਨਾਲ ਨਵੇਂ ਡਾਕਟਰ ਅਖੀਲੇਸ਼ ਗਰੋਵਰ, ਜੋ ਸ਼ੂਗਰ ਦੇ ਰੋਗਾਂ ਦੇ ਮਾਹਿਰ, ਗੱਠਿਆਂ ਦੇ ਮਾਹਿਰ ਨੇ ਆਪਣਾ ਅਹੁਦਾ ਸੰਭਾਲਿਆ।ਹਸਪਤਾਲ ਪ੍ਰਬੰਧਕਾਂ ਤੇ ਸਟਾਫ਼ ਵੱਲੋਂ ਉਨ੍ਹਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।ਜੈ ਵਰਧਨ ਸ਼ਰਮਾ, ਚਮਕੌਰ ਸਿੰਘ ਪ੍ਰਬੰਧਕ ਨੇ ਦੱਸਿਆ ਕਿ ਨਵੇਂ ਡਾਕਟਰ ਦੇ ਸ਼ਾਮਲ ਹੋਣ ਵਾਲ ਮਰੀਜ਼ਾਂ ਨੂੰ ਹੋਰ ਬਿਹਤਰ ਤੇ ਸਮੇਂ ਸਿਰ ਇਲਾਜ ਦੀ ਸਹੂਲਤ ਮਿਲੇਗੀ।ਡਾਕਟਰ ਅਖੀਲੇਸ਼ ਗਰੋਵਰ ਨੇ ਵੀ ਭਰੋਸਾ ਦਿੱਤਾ ਕਿ ਉਹ ਮਰੀਜ਼ਾਂ ਨੂੰ ਉੱਚ ਪੱਧਰੀ ਤੇ ਸਮਰਪਤ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਪੂਰੀ ਨਿਸ਼ਠਾ ਨਾਲ ਕੰਮ ਕਰਨਗੇ।

## ਐੱਸ ਸੀ ਕਾਰਪੋਰੇਸ਼ਨ ਵੱਲੋਂ ਸਵੈ-ਰੁਜ਼ਗਾਰ ਲਈ ਦਿੱਤੇ ਜਾਂਦੇ ਕਰਜ਼ਿਆਂ ਲਈ ਮੀਟਿੰਗ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਐੱਸਸੀ. ਕਾਰਪੋਰੇਸ਼ਨ ਵੱਲੋਂ ਸਵੈ-ਰੁਜ਼ਗਾਰ ਲਈ ਦਿੱਤੇ ਜਾਂਦੇ ਕਰਜ਼ਿਆਂ ਸਬੰਧੀ ਜ਼ਿਲ੍ਹਾ



ਪੱਧਰੀ ਸਕਰੀਨਿੰਗ ਕਮੇਟੀ ਦੀ ਮੀਟਿੰਗ ਕੁਲਵੰਤ ਸਿੰਘ ਸੰਧੂ, ਜ਼ਿਲ੍ਹਾ ਨਿਆਂ ਅਧਿਕਾਰਤਾ ਤੇ ਘੱਟ ਗਿਣਤੀ ਅਫ਼ਸਰ-ਕਮ-ਚੇਅਰਮੈਨ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਹੁਕਮ ਚੰਦ ਜ਼ਿਲ੍ਹਾ ਮੈਨੇਜਰ ਪੰਜਾਬ ਐੱਸਸੀ ਕਾਰਪੋਰੇਸ਼ਨ, ਫਿਰੋਜ਼ਪੁਰ ਵੱਲੋਂ ਮੀਟਿੰਗ ਦਾ ਏਜੰਡਾ ਕਰਜਾ ਕੇਸਾਂ ਦੀ ਮਨਜੂਰੀ ਹਿੱਤ ਪੇਸ਼ ਕਿੱਤਾ ਗਿਆ।

ਮੀਟਿੰਗ ਵਿਚ ਸਵੈ-ਰੁਜ਼ਗਾਰ ਚਲਾਉਣ ਲਈ ਐੱਸਸੀ ਭਾਈ ਚਾਰੇ ਦੇ ਬਿਨੈਕਾਰਾਂ ਨੂੰ ਵੱਖ ਕਿੱਤਿਆਂ ਜਿਵੇਂ ਕਿ ਡੇਅਰੀ ਫਾਰਮਿੰਗ,ਬੁਟੀਕ, ਟਰੰਕ ਪੇਟੀਆਂ ਬਣਾਉਣ, ਕਰਿਆਨਾ ਦੁਕਾਨ, ਕੰਪਿਊਟਰ ਕੈਫੇ, ਵੈਲਡਿੰਗ ਵਰਕਸ਼ਾਪ, ਢਾਬੇ ਦੇ ਕੰਮ ਆਦਿ ਲਈ 27 ਬਿਨੈਕਾਰ ਨੂੰ (89.75) ਲੱਖ ਰੁਪਏ ਦੇ ਕਰਜੇ ਮਨਜ਼ੂਰ ਕੀਤੇ ਗਏ ਤੇ ਬੈਂਕ ਟਾਈਅੱਪ ਸਕੀਮ ਅਧੀਨ 08 ਬਿਨੈਕਾਰਾਂ ਨੂੰ 13 ਲੱਖ ਰੁਪਏ ਬੈਂਕ ਕਰਜ਼ਾ ਤੇ 4 ਲੱਖ ਰੁਪਏ ਦੀ ਸਬਸਿਡੀ ਜੋ ਕਿ ਕਾਰਪੋਰੇਸ਼ਨ ਵੱਲੋਂ ਦਿੱਤੀ ਜਾਣੀ ਹੈ, ਲਈ ਮਨਜ਼ੂਰੀ ਦਿੱਤੀ ਗਈ। ਹੁਕਮ ਚੰਦ ਅੱਗਰਵਾਲ ਜ਼ਿਲ੍ਹਾ ਮੈਨੇਜਰ ਨੇ ਦੱਸਿਆ ਕਿ ਐੱਸਸੀ ਜਾਤੀ ਨਾਲ ਸਬੰਧਤ ਕੋਈ ਵੀ ਵਿਅਕਤੀ ਆਪਣਾ ਸਵੈ ਰੁਜ਼ਗਾਰ ਚਲਾਉਣ ਲਈ ਐੱਸਸੀ ਕਾਰਪੋਰੇਸ਼ਨ ਦੇ ਦਫਤਰ ਨਾਲ ਜੋ ਡਾ. ਬੀ.ਆਰ.ਅੰਬੇਦਕਰ ਭਵਨ ਮੱਲਵਾਲ ਰੋਡ ਫ਼ਿਰੋਜ਼ਪੁਰ ਵਿਖੇ ਸਥਿਤ ਹੈ, ਨਾਲ ਸੰਪਰਕ ਕਰ ਸਕਦਾ ਹੈ। ਇਸ ਤੋਂ ਇਲਾਵਾ ਕੋਈ ਵੀ ਅੰਗਹੀਣ, ਜੋ 40 ਪ੍ਰਤੀਸ਼ਤ ਤੋਂ ਉੱਪਰ ਹੋਵੇ ਤੇ ਕਿਸੇ ਵੀ ਜਾਤੀ ਨਾਲ ਸਬੰਧ ਰੱਖਦਾ ਹੋਵੇ, ਉਸ ਪਾਸ ਜ਼ਮਾਨਤ ਵਜੋਂ ਆਡ ਰਹਿਣ ਕਰਨ ਲਈ ਖਸਰਾ ਨੰਬਰ ਵਾਲੀ ਜਾਇਦਾਦ ਹੋਵੇ ਕਾਰਪੋਰੇਸ਼ਨ ਤੋਂ ਬਹੁਤ ਹੀ ਘੱਟ ਵਿਆਜ 'ਤੇ ਕਰਜ਼ਾ ਲੈ ਸਕਦਾ ਹੈ। ਵਿਦੇਸ਼ ਵਿੱਚ ਉਚੇਰੀ ਸਿੱਖਿਆ ਲਈ ਵੀ ਕਰਜਾ ਦਿੱਤਾ ਜਾਂਦਾ ਹੈ।

## ਜ਼ਿਲ੍ਹਾ ਸਿੱਖਿਆ ਅਧਿਕਾਰੀਆਂ ਨੂੰ ਮਿਲ ਕੇ ਕਰਾਵਾਂਗੇ ਤਰੱਕੀਆਂ : ਬਰੇਟਾ

**ਮਾਨਸਾ (ਆਤਮਾ ਸਿੰਘ ਪਮਾਰ)** ਪਿਛਲੇ ਲੰਮੇ ਸਮੇਂ ਤੋਂ ਰੁਕੀਆਂ ਪਈਆਂ ਅਧਿਆਪਕਾਂ ਦੀਆਂ ਤਰੱਕੀਆਂ ਦਾ ਰਾਹ ਪੱਧਰਾ ਹੁੰਦਾ ਜਾਪਦਾ ਹੈ।ਮੁੱਖ ਅਧਿਆਪਕ ਅਤੇ ਕੇਂਦਰ ਮੁੱਖ ਅਧਿਆਪਕ ਜਥੇਬੰਦੀ ਦੇ ਸੂਬਾਈ ਪ੍ਰਧਾਨ ਅਮਨਦੀਪ ਸ਼ਰਮਾ ਨੇ ਦੱਸਿਆ ਕਿ ਪਿਛਲੇ ਲੰਮੇ ਸਮੇਂ ਤੋਂ



ਪ੍ਰਾਇਮਰੀ ਤੋਂ ਮਾਸਟਰ ਕਾਡਰ ਦੀਆਂ ਤਰੱਕੀਆਂ ਰੁਕੀਆਂ ਪਈਆਂ ਸਨ।ਤਰੱਕੀਆਂ ਨੂੰ ਉਡੀਕਦੇ ਉਡੀਕਦੇ ਬਹੁਤ ਸਾਰੇ ਅਧਿਆਪਕ ਸੇਵਾਮੁਕਤ ਹੋ ਗਏ ਹਨ।ਹੁਣ ਮਾਣਯੋਗ ਅਦਾਲਤਾਂ 'ਚ ਚੱਲ ਰਹੇ ਕੇਸਾਂ ਤੋਂ ਬਾਅਦ ਪ੍ਰਾਇਮਰੀ ਅਧਿਆਪਕਾਂ ਦੀਆਂ ਤਰੱਕੀਆਂ ਦਾ ਰਾਹ ਪੱਧਰਾ ਹੋ ਗਿਆ ਹੈ।ਉਨਾਂ ਕਿਹਾ ਕਿ ਵੱਡੇ ਪੱਧਰ 'ਤੇ ਪ੍ਰਾਇਮਰੀ ਅਧਿਆਪਕਾਂ ਦੀਆਂ ਹੈਡ ਟੀਚਰ, ਸੈਂਟਰ ਹੈਡ ਟੀਚਰ, ਬਲਾਕ ਸਿੱਖਿਆ ਅਫਸਰ ਅਤੇ ਮਾਸਟਰ ਕਾਡਰ ਦੇ ਵੱਖ-ਵੱਖ ਵਿਸ਼ਿਆਂ ਦੀਆਂ ਤਰੱਕੀਆਂ ਹੋਣ ਦੇ ਅਸਾਰ ਬਣ ਗਏ ਹਨ।ਉਨਾਂ ਕਿਹਾ ਕਿ ਤਰੱਕੀਆਂ ਹੋਣ ਉਪਰੰਤ ਦੂਰ-ਦਰਾਡੇ ਜ਼ਿਲ੍ਹਿਆਂ 'ਚ ਕੰਮ ਕਰਦੇ ਅਧਿਆਪਕ ਵੀ ਆਪਣੇ ਜ਼ਿਲ੍ਹਿਆਂ 'ਚ ਬਦਲੀਆਂ ਕਰਾ ਸਕਣਗੇ।ਜਥੇਬੰਦੀ ਦੇ ਸੂਬਾਈ ਜੁਆਇੰਟ ਸਕੱਤਰ ਰਾਕੇਸ਼ ਗੋਇਲ ਬਰੇਟਾ ਨੇ ਦੱਸਿਆ ਕਿ ਸੰਗਰੂਰ ਜ਼ਿਲ੍ਹੇ ਤੋਂ ਜ਼ਿਲ੍ਹਾ ਸਿੱਖਿਆ ਅਫਸਰਾਂ ਨੂੰ ਮੰਗ ਪੱਤਰ ਦੇਣ ਉਪਰੰਤ ਪੰਜਾਬ ਭਰ ਦੇ ਵੱਖ-ਵੱਖ ਜ਼ਿਲ੍ਹਿਆਂ 'ਚ ਸਿੱਖਿਆ ਅਫ਼ਸਰਾਂ ਨੂੰ ਮਿਲਿਆ ਜਾਵੇਗਾ।ਉਨ੍ਹਾਂ ਕਿਹਾ ਕਿ ਇਸ ਲਈ ਵੱਖ-ਵੱਖ ਜ਼ਿਲ੍ਹਿਆਂ ਤੋਂ ਜ਼ਿਲ੍ਹਾ ਪ੍ਰਧਾਨ ਅਤੇ ਜ਼ਿਲ੍ਹਾ ਕਮੇਟੀਆਂ ਦੀਆਂ ਡਿਊਟੀਆਂ ਲਾ ਦਿੱਤੀਆਂ ਗਈਆਂ ਹਨ।

## ਫ਼ਲਾਂ ਦੀ ਰਿਕਾਰਡ ਰੇਲ ਢੋਆ-ਢੁਆਈ ਨਾਲ ਫਿਰੋਜ਼ਪੁਰ ਮੰਡਲ ਬਣਿਆ ਦੇਸ਼ ਦਾ ਪ੍ਰਮੁੱਖ ਲੋਡਿੰਗ ਹੱਬ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਦੇ ਮਾਰਗਦਰਸ਼ਨ ਵਿੱਚ ਫਿਰੋਜ਼ਪੁਰ ਮੰਡਲ ਨਾਸ਼ਵਾਨ (ਪੈਰੀਸ਼ੇਬਲ) ਫ਼ਲਾਂ ਦੀ ਢੋਆ-ਢੁਆਈ ਦੇ ਖੇਤਰ ਵਿਚ ਲਗਾਤਾਰ ਨਵੇਂ ਕੀਰਤੀਮਾਨ ਸਥਾਪਤ ਕਰ ਰਿਹਾ ਹੈ। ਮੰਡਲ ਦੇ ਪ੍ਰਮੁੱਖ ਰੇਲਵੇ ਸਟੇਸ਼ਨਾਂ ਅੰਮ੍ਰਿਤਸਰ, ਲੁਧਿਆਣਾ ਤੇ ਜਲੰਧਰ ਸਿਟੀ ਤੋਂ ਹੁਣ ਐੱਸ.ਐੱਲ.ਆਰ ਦੇ ਨਾਲ-ਨਾਲ ਵੀ.ਪੀ. ਰਾਹੀਂ ਵੱਡੀ ਮਾਤਰਾ ਵਿਚ ਫਲਾਂ ਦੀ ਖੇਪ ਦੇਸ਼ ਦੇ ਵੱਖ-ਵੱਖ ਰਾਜਾਂ ਵਿਚ ਭੇਜੀ ਜਾ ਰਹੀ ਹੈ। ਰੇਲਵੇ ਦੁਆਰਾ ਮੁਹੱਈਆ ਕਰਾਈਆਂ ਜਾ ਰਹੀਆਂ ਤੇਜ਼, ਸੁਰੱਖਿਅਤ ਅਤੇ ਕਿਫ਼ਾਇਤੀ ਆਵਾਜਾਈ ਸਹੂਲਤਾਂ ਦਾ ਲਾਭ ਹੁਣ ਛੋਟੇ ਵਪਾਰੀ ਵੀ ਉਠਾ ਰਹੇ ਹਨ। ਕਈ ਛੋਟੇ ਵਪਾਰੀ ਵੱਡੇ ਫਲ ਵਪਾਰੀਆਂ ਨਾਲ ਮਿਲ ਕੇ ਆਪਣੇ ਨਾਸ਼ਵਾਨ ਫ਼ਲਾਂ ਦੀ ਖੇਪ ਰੇਲ ਮਾਰਗ ਰਾਹੀਂ ਦੇਸ਼ ਦੇ ਵੱਖ-ਵੱਖ ਬਾਜ਼ਾਰਾਂ ਤੱਕ ਭੇਜ ਰਹੇ ਹਨ। ਇਸ ਨਾਲ ਉਨ੍ਹਾਂ ਨੂੰ ਵਿਆਪਕ ਬਾਜ਼ਾਰ ਉਪਲਬੱਧ ਹੋਣ ਦੇ ਨਾਲ-ਨਾਲ ਆਵਾਜਾਈ ਲਾਗਤ ਵਿਚ ਵੀ ਕਮੀ ਆਈ ਹੈ। ਰੇਲ ਆਵਾਜਾਈ ਪ੍ਰਤੀ ਵੱਧਦੇ ਵਿਸ਼ਵਾਸ ਦੇ ਚੱਲਦਿਆਂ ਫਿਰੋਜ਼ਪੁਰ ਮੰਡਲ ਨਾਸ਼ਵਾਨ ਫਲਾਂ ਦੀ ਢੋਆ-ਢੁਆਈ ਲਈ ਇਕ ਮਹੱਤਵਪੂਰਨ ਲੋਡਿੰਗ ਹੱਬ ਵਜੋਂ ਤੇਜ਼ੀ ਨਾਲ ਉੱਭਰ ਰਿਹਾ ਹੈ। ਜੂਨ 2026 ਦੌਰਾਨ ਅੰਮ੍ਰਿਤਸਰ ਤੋਂ ਚੈਰੀ ਅਤੇ ਲੀਚੀ ਦੀ ਖੇਪ ਬਾਂਦਰਾ ਟਰਮੀਨਸ (ਮੁੰਬਈ), ਸੂਰਤ, ਵਡੋਦਰਾ ਆਦਿ ਸ਼ਹਿਰਾਂ ਵਿਚ ਭੇਜੀ ਗਈ, ਜਦੋਂ ਕਿ ਲੀਚੀ ਅਤੇ ਨਾਸ਼ਪਾਤੀ ਹਾਵੜਾ/ਕੋਲਕਾਤਾ ਲਈ ਰਵਾਨਾ ਕੀਤੀ ਗਈ। ਇਸ ਦੇ ਨਾਲ ਹੀ ਲੁਧਿਆਣਾ ਤੋਂ ਲੀਚੀ ਦੀ ਖੇਪ ਬੀਨਾ, ਭੋਪਾਲ, ਬਾਂਦਰਾ ਟਰਮੀਨਸ, ਪਟਨਾ, ਸੂਰਤ, ਪੁਣੇ ਅਤੇ ਕਾਨਪੁਰ, ਅਤੇ ਜਲੰਧਰ ਸਿਟੀ ਤੋਂ ਬੀਨਾ, ਨਾਗਪੁਰ ਅਤੇ ਰਾਏਪੁਰ ਤੱਕ ਭੇਜੀ ਗਈ। ਅੰਮ੍ਰਿਤਸਰ ਸਟੇਸ਼ਨ ਤੋਂ ਐੱਸ.ਐੱਲ.ਆਰ. ਅਤੇ ਵੀ.ਪੀ. ਰਾਹੀਂ ਕੁੱਲ 20,410 ਬਕਸੇ (309 ਟਨ) ਨਾਸ਼ਵਾਨ ਫਲਾਂ ਦੀ ਬੁਕਿੰਗ ਕੀਤੀ ਜਾ ਚੁੱਕੀ ਹੈ। ਇਸੇ ਤਰ੍ਹਾਂ ਲੁਧਿਆਣਾ ਤੋਂ ਕੁੱਲ 95 ਬਕਸੇ (1630 ਕਿਲੋਗ੍ਰਾਮ) ਅਤੇ ਜਲੰਧਰ ਸਿਟੀ ਰੇਲਵੇ ਤੋਂ ਕੁੱਲ 515 ਬਕਸੇ (6980 ਕਿਲੋਗ੍ਰਾਮ) ਨਾਸ਼ਵਾਨ ਫ਼ਲਾਂ ਦੀ ਬੁਕਿੰਗ ਦਰਜ ਕੀਤੀ ਗਈ ਹੈ। ਸੀਨੀਅਰ ਮੰਡਲ ਵਣਜ ਪ੍ਰਬੰਧਕ/ਫਰੇਟ ਪਰਮਦੀਪ ਸਿੰਘ ਸੈਣੀ ਨੇ ਦੱਸਿਆ ਕਿ ਫਿਰੋਜ਼ਪੁਰ ਮੰਡਲ ਗਾਹਕਾਂ ਨੂੰ ਬਿਹਤਰ, ਭਰੋਸੇਮੰਦ ਅਤੇ ਸਮਾਂਬੱਧ ਮਾਲ ਆਵਾਜਾਈ ਸੇਵਾਵਾਂ ਉਪਲਬੱਧ ਕਰਵਾਉਣ ਲਈ ਲਗਾਤਾਰ ਯਤਨਸ਼ੀਲ ਹੈ। ਮੰਡਲ ਦੀ ਬਿਜ਼ਨਸ ਡਿਵੈਲਪਮੈਂਟ ਯੂਨਿਟ ਦੁਆਰਾ ਕੀਤੇ ਜਾ ਰਹੇ ਲਗਾਤਾਰ ਯਤਨਾਂ ਅਤੇ ਵਪਾਰੀਆਂ ਨਾਲ ਬਿਹਤਰ ਤਾਲਮੇਲ ਦੇ ਨਤੀਜੇ ਵਜੋਂ ਮਾਲ ਆਵਾਜਾਈ ਵਿਚ ਸ਼ਾਨਦਾਰ ਵਾਧਾ ਦਰਜ ਕੀਤਾ ਗਿਆ ਹੈ।

## ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ (ਏਟਕ) ਨੇ ਦਿੱਤਾ ਮੰਗ ਪੱਤਰ



**ਮੋਗਾ (ਇਕਬਾਲ ਸਿੰਘ ਖਹਿਰਾ)**- ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ (ਏਟਕ) ਦਾ ਇੱਕ ਵਫ਼ਦ ਆਪਣੀਆਂ ਮੰਗਾਂ ਦੇ ਸਬੰਧ ਦੇ ਵਿੱਚ ਇੱਥੇ ਲੇਬਰ ਇੰਸਪੈਕਟਰ ਨੂੰ ਮਿਲਿਆ ਤੇ ਮੰਗ ਪੱਤਰ ਦਿੱਤਾ। ਇਸ ਮੌਕੇ ਯੂਨੀਅਨ ਦੇ ਆਗੂਆਂ ਨੇ ਦੋਸ਼ ਲਾਇਆ ਕਿ ਸਰਕਾਰ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਕਾਰਨ ਕੰਸਟਰਕਸ਼ਨ ਵਰਕਰ ਇਸ ਵੇਲੇ ਵੱਡੀ ਪਰੇਸ਼ਾਨੀ ਦਾ ਸਾਹਮਣਾ ਕਰਨ ਲਈ ਮਜਬੂਰ ਹਨ। ਯੂਨੀਅਨ ਦੇ ਪ੍ਰਧਾਨ ਇਕਬਾਲ ਤਖ਼ਣਵੱਧ ਅਤੇ ਸਕੱਤਰ ਪਰਮਜੀਤ ਮੋਗਾ ਨੇ ਦੱਸਿਆ ਕਿ ਇਸ ਮੰਗ ਪੱਤਰ ਵਿੱਚ ਮੰਗ ਕੀਤੀ ਗਈ ਹੈ ਕੇ ਕਿਰਤੀ ਲਾਭ ਪਾਤਰੀਆਂ ਦੇ ਬੱਚਿਆਂ ਦੇ ਡਬਲ ਵਜੀਫਿਆਂ ਉੱਪਰ ਵਿਦਿਆ ਸੰਸਥਾਵਾਂ ਵੱਲੋਂ ਇਤਰਾਜ਼ ਲਾਇਆ ਜਾ ਰਿਹਾ ਹੈ, ਜੋ ਕੇ ਸਰਕਾਰ ਵੱਲੋਂ ਜਾਰੀ ਕੀਤੇ ਗਏ ਸਹੂਲਤਾਂ ਵਾਲੇ ਪੱਤਰ ਦੀ ਸ਼ਰ੍ਹੇਆਮ ਉਲੰਘਣਾ ਹੈ। ਯੂਨੀਅਨ ਦੇ ਆਗੂ ਇਕਬਾਲ ਤਖਾਣਵੱਧ ਅਤੇ ਸਕੱਤਰ ਪਰਮਜੀਤ ਮੋਗਾ ਨੇ ਕਿਰਤ ਵਿਭਾਗ ਅਤੇ ਸਿੱਖਿਆ ਵਿਭਾਗ ਨੂੰ ਮੰਗ ਪੱਤਰ ਦੇ ਕੇ ਕਿਹਾ ਕਿ ਜੇਕਰ ਪ੍ਰਸ਼ਾਸਨ ਇਸ ਮੰਗ ਪੱਤਰ ਵਿੱਚ ਲਿਖੀਆਂ ਮੰਗਾਂ ਨੂੰ ਅਣਗੌਲਿਆ ਕਰੇਗਾ ਤਾਂ ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ ਅਗਲੇ ਸੰਘਰਸ਼ ਬਾਰੇ ਪ੍ਰੋਗਰਾਮ ਉਲੀਕੇਗੀ।

## ਗੋਲਡ ਮੈਡਲ ਜੇਤੂ ਫਰਹਾ ਅਲੀ ਦਾ ਐਡਵੋਕੇਟ ਸ਼ਮਸ਼ਾਦ ਅਲੀ ਵੱਲੋਂ ਵਿਸ਼ੇਸ਼ ਸਨਮਾਨ

**ਮਾਲੇਰਕੋਟਲਾ (ਅਸਗਰ ਪਰਿਹਾਰ)**- ਖੰਨਾ ਹਲਕੇ ਦੇ ਪਿੰਡ ਸਲਾਨਾ ਵਿਖੇ ਹੋਈ ਪੰਜਾਬ ਸਟੇਟ ਰੈਸਲਿੰਗ ਚੈਂਪੀਅਨਸ਼ਿਪ ਦੇ ਅੰਡਰ-23 ਵਰਗ ਵਿੱਚ ਗੋਲਡ ਮੈਡਲ ਜਿੱਤ ਕੇ ਮਾਲੇਰਕੋਟਲਾ ਦਾ ਨਾਮ ਰੌਸ਼ਨ ਕਰਨ ਵਾਲੀ ਮਹਿਲਾ ਪਹਿਲਵਾਨ ਫਰਹਾ ਅਲੀ (ਪੁੱਤਰੀ



ਮੁਹੰਮਦ ਅਲੀ) ਦਾ 8 ਜੁਲਾਈ ਨੂੰ ਪੰਜਾਬ ਵਕਫ ਬੋਰਡ ਦੇ ਮੈਂਬਰ ਅਤੇ ਸਾਬਕਾ ਚੇਅਰਮੈਨ ਐਡਵੋਕੇਟ ਸ਼ਮਸਾਦ ਅਲੀ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਜੁਝਾਰ ਨਗਰ ਸਥਿਤ ਆਪਣੇ ਦਫ਼ਤਰ ਵਿਖੇ ਪੁੱਜੀ ਪਹਿਲਵਾਨ ਫਰਹਾ ਅਲੀ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਐਡਵੋਕੇਟ ਸ਼ਮਸਾਦ ਅਲੀ ਨੇ ਫਰਹਾ ਅਤੇ ਉਸ ਦੇ ਪਿਤਾ ਮੁਹੰਮਦ ਅਲੀ ਨੂੰ ਵਧਾਈ ਦਿੱਤੀ। ਇਸ ਮੌਕੇ ਮਾਲੇਰਕੋਟਲਾ ਰੈਸਲਿੰਗ ਐਸੋਸੀਏਸ਼ਨ ਦੇ ਪ੍ਰਧਾਨ ਮੁਹੰਮਦ ਖਾਲਿਦ ਥਿੰਦ, ਐਡਵੋਕੇਟ ਨਦੀਮ ਇਸਮਾਇਲ, ਉਦਯੋਗਪਤੀ ਮੁਹੰਮਦ ਕਾਸਿਮ, ਗੁਰਚਰਨ ਸਿੰਘ ਅਲੀਪੁਰ ਅਤੇ ਮੁਹੰਮਦ ਇਮਰਾਨ ਸਮੇਤ ਕਈ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

## ਸਰਵਹਿੱਤਕਾਰੀ ਵਿੱਦਿਆ ਮੰਦਰ ਭੀਖੀ ਦੇ 13 ਵਿਦਿਆਰਥੀ ਕੁਆਲੀਫਾਈ

**ਭੀਖੀ (ਧਰਮਵੀਰ ਸ਼ਰਮਾ)**-ਜ਼ਿਲ੍ਹਾ ਰਾਈਫਲ ਐਸੋਸੀਏਸ਼ਨ ਮਾਨਸਾ ਵੱਲੋਂ ਜੇ.ਆਰ. ਮਿਲੇਨੀਅਮ ਸਿਟੀ ਮਾਨਸਾ ਵਿਖੇ ਤੀਜੀ ਜ਼ਿਲ੍ਹਾ ਰਾਈਫਲ ਸ਼ੂਟਿੰਗ ਚੈਂਪੀਅਨਸ਼ਿਪ ਕਰਵਾਈ ਗਈ ਜਿਸ ਵਿੱਚ ਸਰਵਹਿੱਤਕਾਰੀ ਵਿੱਦਿਆ ਮੰਦਰ ਭੀਖੀ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੰਸਥਾ ਦਾ ਨਾਮ ਰੌਸ਼ਨ ਕੀਤਾ। ਸਕੂਲ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਚੈਂਪੀਅਨਸ਼ਿਪ ਵਿੱਚ ਸਕੂਲ ਦੇ ਕੁੱਲ 15



ਵਿਦਿਆਰਥੀਆਂ ਨੇ ਭਾਗ ਲਿਆ ਜਿਨ੍ਹਾਂ ਵਿੱਚੋਂ 13 ਵਿਦਿਆਰਥੀ ਜਾਵੇਸ਼ ਸ਼ਰਮਾ, ਨਵਜੋਤ ਸਿੰਘ, ਜੁਝਾਰ ਸਿੰਘ, ਪਾਰਥਿਵ ਗਰਗ, ਕਰਮਨਦੀਪ ਕੌਰ, ਜਸਮੀਨ ਕੌਰ, ਪ੍ਰਵੇਸ਼ ਗਰਗ, ਏਕਮਜੋਤ ਕੌਰ ਆਦਿ ਨੇ ਸੂਬਾ ਪੱਧਰੀ ਰਾਈਫਲ ਸ਼ੂਟਿੰਗ ਚੈਂਪੀਅਨਸ਼ਿਪ ਲਈ ਕੁਆਲੀਫਾਈ ਕੀਤਾ। ਉਨ੍ਹਾਂ ਦੱਸਿਆ ਕਿ ਏਅਰ ਰਾਈਫਲ ਯੂਥ ਵਰਗ ਵਿੱਚ ਐਸ਼ਰੀਤ ਕੌਰ ਨੇ 366 ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਪੂਜਾ ਰਾਣੀ ਨੇ 362 ਅੰਕਾਂ ਨਾਲ ਦੂਜਾ ਸਥਾਨ ਅਤੇ ਹਰਮਨਦੀਪ ਕੌਰ ਨੇ 355 ਅੰਕਾਂ ਨਾਲ ਤੀਜਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਏਅਰ ਰਾਈਫਲ ਜੂਨੀਅਰ ਵੂਮੈਨ ਵਰਗ ਵਿੱਚ ਨਿਮਰਤ ਕੌਰ ਨੇ 342 ਅੰਕਾਂ ਨਾਲ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਏਅਰ ਪਿਸਟਲ ਯੂਥ ਵਰਗ ਵਿੱਚ ਮਹਿਕਦੀਪ ਕੌਰ ਨੇ 347 ਅੰਕਾਂ ਨਾਲ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਮਾਣ ਵਧਾਇਆ। ਸਕੂਲ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ, ਪ੍ਰਬੰਧਕ ਕਮੇਟੀ ਅਤੇ ਸਮੂਹ ਸਟਾਫ਼ ਨੇ ਜੇਤੂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਕੋਚ ਸ਼ੁਭਪ੍ਰੀਤ ਕੌਰ ਨੂੰ ਵਧਾਈ ਦਿੰਦਿਆਂ ਸੂਬਾ ਪੱਧਰੀ ਮੁਕਾਬਲਿਆਂ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਕਿਸਾਨਾਂ ਤੇ ਮਜ਼ਦੂਰਾਂ ਦੀਆਂ ਮੰਗਾਂ ਨੂੰ ਲੈ ਕੇ ਦਿੱਤੇ ਮੰਗ ਪੱਤਰ

**ਜਲਾਲਾਬਾਦ (ਜੀਤ ਕੁਮਾਰ)** - ਸੈਂਟਰ ਆਫ਼ ਇੰਡੀਅਨ ਟਰੇਡ ਯੂਨੀਅਨ ਪੰਜਾਬ, ਕੁੱਲ ਹਿੰਦ ਕਿਸਾਨ ਸਭਾ ਪੰਜਾਬ ਅਤੇ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਪੰਜਾਬ ਦੀਆਂ ਤਿੰਨਾਂ ਸੂਬਾ ਕਮੇਟੀਆਂ ਦੇ ਸਾਂਝੇ ਫੈਸਲੇ ਨੂੰ ਲਾਗੂ ਕਰਦਿਆਂ ਬੁੱਧਵਾਰ ਨੂੰ ਇਥੇ ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਮੰਗਾਂ ਨੂੰ ਲੈ ਕੇ ਕਾਮਰੇਡ ਨੱਥਾ ਸਿੰਘ ਦੀ ਅਗਵਾਈ ਵਿੱਚ ਇੱਕ ਸਾਂਝਾ




'ਮੰਗ-ਪੱਤਰ' ਤਹਿਸੀਲਦਾਰ ਜਲਾਲਾਬਾਦ ਰਾਹੀ ਮੁੱਖ ਮੰਤਰੀ ਪੰਜਾਬ ਸਰਕਾਰ ਨੂੰ ਭੇਜਿਆ ਗਿਆ। ਇਸੇ ਤਰ੍ਹਾਂ ਹੀ ਐਸ ਡੀ ਐਮ ਅਬੋਹਰ ਰਾਹੀਂ ਕਾਮਰੇਡ ਕਾਲੂ ਰਾਮ ਦੀ ਅਗਵਾਈ ਵਿੱਚ ਮੁੱਖ ਮੰਤਰੀ ਪੰਜਾਬ ਨੂੰ ਮੰਗ ਪੱਤਰ ਭੇਜਿਆ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਾਮਰੇਡ ਨੱਥਾ ਸਿੰਘ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਨੂੰ ਭੇਜੇ ਗਏ ਮੰਗ ਪੱਤਰ ਰਾਹੀ ਮੰਗ ਕੀਤੀ ਗਈ ਹੈ ਕਿ ਵਾਈ.ਬੀ.ਜੀ.ਰਾਮ.ਜੀ ਕਾਨੂੰਨ ਵਾਪਸ ਲਿਆ ਜਾਵੇ ਅਤੇ ਮਗਨਰੇਗਾ ਕਾਨੂੰਨ ਬਹਾਲ ਕੀਤਾ ਜਾਵੇ, ਤਜਵੀਜ਼ਤ ਬਿਜਲੀ ਬਿੱਲ-2025 ਐਕਟ ਬਿੱਲ ਵਾਪਸ ਲਿਆ ਜਾਵੇ, ਤਜਵੀਜ਼ਤ ਬੀਜ ਸੋਧਣ ਬਿੱਲ ਵਾਪਸ ਲਿਆ ਜਾਵੇ, ਮੁਕਤ ਵਪਾਰ ਸੰਧੀ ਨਾ ਕੀਤੀ ਜਾਵੇ, ਬੇ-ਜਮੀਨੇ, ਖੇਤ ਮਜ਼ਦੂਰਾਂ ਨੂੰ 10-10 ਮਰਲੇ ਦੇ ਪਲਾਟ ਅਤੇ ਮਕਾਨ ਬਣਾਉਣ ਲਈ 5-5 ਲੱਖ ਰੁਪਏ ਦੀ ਸਹਾਇਤਾ ਦਿੱਤੀ ਜਾਵੇ, ਕਿਸਾਨਾਂ ਅਤੇ ਖੇਤ ਮਜ਼ਦੂਰਾਂ ਦੇ ਕਰਜ਼ੇ ਮਾਫ ਕੀਤੇ ਜਾਣ, ਬਾਰਡਰ ਦੇ ਪਾਰ ਜ਼ਮੀਨਾਂ ਦਾ 30000 ਰੁਪਏ ਮੁਆਵਜ਼ਾ ਕੇਂਦਰ ਸਰਕਾਰ ਵੱਲੋਂ ਦਿੱਤਾ ਜਾਵੇ। ਇਸ ਮੌਕੇ ਕਾਮਰੇਡ ਗੁਰਮੀਤ ਸਿੰਘ ਜ਼ਿਲ੍ਹਾ ਕੌਂਸਲ ਮੈਂਬਰ ਅਬੋਹਰ, ਸੁਰਜੀਤ ਸਿੰਘ ਜ਼ਿਲ੍ਹਾ ਕੌਂਸਲ ਮੈਂਬਰ ਜਲਾਲਾਬਾਦ ਤੋਂ ਇਲਾਵਾ ਹੋਰ ਸਾਥੀ ਵੀ ਸ਼ਾਮਲ ਸਨ।

## ਡੀ ਏ ਨਹੀਂ ਤਾਂ ਵੋਟ ਵੀ ਨਹੀਂ: ਪੈਨਸ਼ਨਰ

**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਪੈਨਸ਼ਨਰ ਕਲਿਆਣ ਸੰਗਠਨ ਸਮਰਾਲਾ ਦੀ



ਮਹੀਨਾਵਾਰ ਮੀਟਿੰਗ ਸੀਨੀ: ਵਾਈਸ ਪ੍ਰਧਾਨ ਹੈੱਡਮਾਸਟਰ ਚਰਨਜੀਤ ਸਿੰਘ ਅਤੇ ਤਰਸੇਮ ਕੁਮਾਰ ਸ਼ਰਮਾ ਦੀ ਪ੍ਰਧਾਨਗੀ ਹੇਠ ਪੈਨਸ਼ਨਰਜ਼ ਭਵਨ ਵਿਖੇ ਹੋਈ। ਮੀਟਿੰਗ ਦੌਰਾਨ ਸਭ ਤੋਂ ਪਹਿਲਾਂ ਮਹਿੰਦਰ ਸਿੰਘ ਸਾਬਕਾ ਮੁੱਖ ਅਧਿਆਪਕ ਅਤੇ ਰਾਮਦਾਸ ਭਗਵਾਨਪੁਰਾ ਦੇ ਸਵਰਗ ਸਿਧਾਰ ਜਾਣ 'ਤੇ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਭੇਂਟ ਕੀਤੀ ਗਈ। ਮੀਟਿੰਗ ਦੌਰਾਨ ਵੱਖ ਵੱਖ ਬੁਲਾਰਿਆਂ ਯਾਦਵਿੰਦਰ ਸਿੰਘ ਲੈਕ., ਹਰੀ ਚੰਦ ਲੈਕ:, ਵਿਜੈ ਕੁਮਾਰ ਸ਼ਰਮਾ, ਕੁਲਭੂਸ਼ਨ, ਰਘਵੀਰ ਸਿੰਘ ਐਸ.ਡੀ.ਓ., ਟੀ. ਕੇ. ਸ਼ਰਮਾ, ਰੌਸ਼ਨ ਲਾਲ ਅਰੋੜਾ ਅਤੇ ਨੇਤਰ ਸਿੰਘ ਮੁਤਿਓਂ ਨੇ ਪੰਜਾਬ ਸਰਕਾਰ ਦੇ ਆੜੀਅਲ ਵਤੀਰੇ ਅਤੇ ਪੈਨਸ਼ਨਰਾਂ ਨਾਲ ਘੋਰ ਬੇਇਨਸਾਫ਼ੀ ਦੀ ਪੁਰਜ਼ੋਰ ਨਿਖੇਧੀ ਕੀਤੀ। ਸਾਰੇ ਮੈਂਬਰਾਂ ਨੇ ਪ੍ਰਣ ਕੀਤਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ 'ਆਪ' ਨੂੰ ਵੋਟ ਨਾ ਪਾਈ ਜਾਵੇ।ਉਨ੍ਹਾਂ ਕਿਹਾ ਕਿ ਜੇ ਡੀ ਏ ਨਹੀਂ ਤਾਂ ਵੋਟ ਵੀ ਨਹੀਂ ਪਾਈ ਜਾਵੇਗੀ। ਮੀਟਿੰਗ ਦੌਰਾਨ ਸਟੇਜ ਸਕੱਤਰ ਦੀ ਭੂਮਿਕਾ ਲੈਕ. ਵਿਜੈ ਕੁਮਾਰ ਸ਼ਰਮਾ ਜਨਰਲ ਸਕੱਤਰ ਨੇ ਬਾਖੂਬੀ ਨਿਭਾਈ। ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਕੁਲਵੰਤ ਰਾਏ, ਕਮਲਜੀਤ ਸ਼ਰਮਾ, ਯਸ਼ਪਾਲ ਮਿੰਟਾ, ਯਸ਼ਪਾਲ ਸ਼ਰਮਾ, ਪ੍ਰਿੰ. ਹਰਿੰਦਰਪਾਲ ਸਿੰਘ ਗਰੇਵਾਲ, ਸੁਨੀਲ ਕੁਮਾਰ, ਸੁਰਿੰਦਰ ਵਰਮਾ, ਅਸ਼ੋਕ ਕੁਮਾਰ, ਗੁਰਚਰਨ ਸਿੰਘ, ਹਿੰਮਤ ਸਿੰਘ, ਲਾਭ ਸਿੰਘ ਕੋਟਲਾ ਸਮਸ਼ਪੁਰ ਅਤੇ ਹੋਰ ਬਹੁਤ ਸਾਰੇ ਮੈਂਬਰਾਂ ਨੇ ਭਾਗ ਲਿਆ।

## ਟਾਵਰ ਤੋਂ ਤਾਰਾਂ ਤੇ ਬੈਟਰੀ ਦੇ ਸੈੱਲ ਚੋਰੀ

**ਜਲਾਲਾਬਾਦ (ਜੀਤ ਕੁਮਾਰ)** - ਥਾਣਾ ਵੈਰੋਕੇ ਦੀ ਪੁਲਸ ਵੱਲੋਂ ਪਿੰਡ ਟਿੰਡਾਵਾਲਾ ਵਿਖੇ ਸਥਿਤ ਬੀ.ਐਸ.ਐਨ.ਐਲ. ਦੇ ਟਾਵਰ ਵਿਚੋਂ ਤਾਰਾਂ ਅਤੇ ਬੈਟਰੀ ਬੈਕ ਦੇ ਸੈਲ ਚੋਰੀ ਹੋਣ ਤੇ 2 ਵਿਅਕਤੀਆਂ ਵਿਰੁੱਧ ਮਾਮਲਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸਵਰਨ ਸਿੰਘ ਨੇ ਦੱਸਿਆ ਕਿ ਜਗਦੇਵ ਸਿੰਘ ਪੁੱਤਰ ਮੁਖਤਿਆਰ ਸਿੰਘ ਵਾਸੀ ਵਾਰਡ ਨੰਬਰ-15, ਮਲੋਟ, ਜਿਲ੍ਹਾ ਮੁਕਤਸਰ ਸਾਹਿਬ ਵੱਲੋਂ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ ਉਹ ਯੂਨੀਫਰੈਡ ਟੈਲੀਕੋਮ ਵਿਚ ਪਿਛਲੇ 10 ਸਾਲਾਂ ਤੋਂ ਨੌਕਰੀ ਕਰ ਰਿਹਾ ਹਾਂ, ਜਿਸ ਦੇ ਅਧੀਨ ਜਿਲ੍ਹਾ ਫਾਜਿਲਕਾ ਆਉਂਦਾ ਹੈ। ਜਗਦੇਵ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਮਲਕੀਤ ਸਿੰਘ ਪੁਤਰ ਗੁਰਬਖ਼ਸ਼ ਸਿੰਘ ਵਾਸੀ ਕੇਸਰ ਸਿੰਘ ਅਤੇ ਲਖਵਿੰਦਰ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਜਮੀਤ ਸਿੰਘ ਵਾਲਾ ਥਾਣਾ ਗੁਰੂਹਰਸਹਾਏ ਦੇ ਵਿਰੁੱਧ ਮੁਕੱਦਮਾ ਦਰਜ ਕਰਕੇ ਨਾਮਜ਼ਦ ਵਿਅਕਤੀਆਂ ਨੂੰ ਕਾਬੂ ਕਰ ਲਿਆ ਹੈ।

## ਸਿਲਵਰ ਓਕਸ ਸਕੂਲ ਵਿਖੇ ਅਧਿਆਪਕਾਂ ਲਈ ਵਿਸ਼ੇਸ਼ ਸਿਖਲਾਈ ਕੈਂਪ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)** - ਅਧਿਆਪਕ ਸਿਖਲਾਈ ਮਿਆਰੀ ਸਿੱਖਿਆ ਦਾ ਮੂਲ ਆਧਾਰ ਹੈ। ਇਹ ਅਧਿਆਪਕਾਂ ਨੂੰ ਆਧੁਨਿਕ ਸਿੱਖਿਆ ਦੀ ਰਣਨੀਤੀਆਂ, ਨਵੀਨਤਮ ਅਧਿਆਪਨ ਵਿਧੀਆਂ ਅਤੇ ਪ੍ਰਭਾਵਸ਼ਾਲੀ ਕਲਾਸਰੂਮ ਪ੍ਰਬੰਧਨ ਦੇ ਹੁਨਰਾਂ ਨਾਲ ਲੈਸ ਕਰਦੀ ਹੈ, ਜਿਸ ਦਾ ਸਿੱਧਾ ਅਤੇ ਸਕਾਰਾਤਮਕ ਪ੍ਰਭਾਵ ਵਿਦਿਆਰਥੀਆਂ ਦੇ ਸਿੱਖਣ ਅਤੇ ਸਰਵਪੱਖੀ ਵਿਕਾਸ ਉੱਤੇ ਪੈਂਦਾ ਹੈ। ਇਸੇ ਉਦੇਸ਼ ਦੀ ਪੂਰਤੀ ਲਈ ਗਿਆਨਮੰਥਨ ਐਜੂਕੇਸ਼ਨਲ ਸਰਵਿਸਿਜ਼ ਦੇ ਪ੍ਰਬੰਧ ਅਧੀਨ ਸਿਲਵਰ ਓਕਸ ਸਕੂਲ, ਰਾਮਪੁਰਾ ਰੋਡ, ਬਠਿੰਡਾ ਵਿਖੇ ਅਧਿਆਪਕਾਂ ਲਈ ਵਿਸ਼ੇਸ਼ ਫੈਕਲਟੀ ਡਿਵੈਲਪਮੈਂਟ ਸਿਖਲਾਈ ਕੈਂਪ ਦਾ ਆਯੋਜਨ ਕੀਤਾ ਗਿਆ ।ਰਾਸ਼ਟਰੀ ਸਿੱਖਿਆ ਨੀਤੀ (ਐਨ.ਈ.ਪੀ. 2020) ਅਤੇ ਰਾਸ਼ਟਰੀ ਪਾਠਕ੍ਰਮ ਢਾਂਚੇ (ਐਨ.ਸੀ.ਐਫ.) ਅਨੁਸਾਰ ਕਰਵਾਏ ਗਏ ਇਨ੍ਹਾਂ ਸਿਖਲਾਈ ਕੈਂਪਾਂ ਵਿੱਚ ਆਰਟ ਇੰਟੀਗ੍ਰੇਸ਼ਨ, ਕੰਪੀਟੈਂਸੀ ਬੇਸਡ ਲਰਨਿੰਗ, ਕ੍ਰਿਟੀਕਲ ਥਿੰਕਿੰਗ, ਕਲਾਸਰੂਮ ਮੈਨੇਜਮੈਂਟ, ਅਧਿਆਪਕ ਸਵੈ-ਵਿਕਾਸ, ਬਾਲ ਮਨੋਵਿਗਿਆਨ, ਵਿਵਹਾਰ ਪ੍ਰਬੰਧਨ, ਸਕਾਰਾਤਮਕ ਕਲਾਸਰੂਮ ਸੰਚਾਰ ਵਰਗੇ ਮਹੱਤਵਪੂਰਨ ਵਿਸ਼ਿਆਂ ਉੱਤੇ ਵਿਸਤਾਰਪੂਰਵਕ ਚਰਚਾ ਕੀਤੀ ਗਈ।

## ਰਿਟਾਇਰਮੈਂਟ ਤੋਂ ਬਾਅਦ ਮੁੜ ਡਿਊਟੀ 'ਤੇ ਪਰਤੇ ਕਰਨੈਲ ਸਿੰਘ ਰਾਜਪੁਰਾ

**ਭਵਾਨੀਗੜ੍ਹ (ਰਾਜ ਖੁਰਮੀ)** : ਪੈਪਸੀਕੋ ਚੰਨੋਂ ਵਿਖ ਬੁੱਧਵਾਰ ਨੂੰ ਉਸ ਵੇਲੇ ਇਤਿਹਾਸਕ ਮਾਹੌਲ ਬਣ ਗਿਆ ਜਦੋਂ ਪੈਪਸੀਕੋ ਵਰਕਰ ਯੂਨੀਅਨ ਏਟਕ (ਰਜਿ. ਨੰ. 23) ਦੇ ਯਤਨਾਂ ਸਦਕਾ ਰਿਟਾਇਰ ਹੋਏ ਵਰਕਰ ਸਾਥੀ ਕਰਨੈਲ ਸਿੰਘ ਰਾਜਪੁਰਾ ਮੁੜ ਆਪਣੀਆਂ ਸੇਵਾਵਾਂ ਨਿਭਾਉਣ ਲਈ ਡਿਊਟੀ 'ਤੇ ਹਾਜ਼ਰ ਹੋਏ। ਯੂਨੀਅਨ ਨੇ ਇਸ ਨੂੰ ਆਪਣੀ ਵੱਡੀ ਪ੍ਰਾਪਤੀ ਕਰਾਰ ਦਿੰਦਿਆਂ ਸਮੂਹ ਵਰਕਰਾਂ ਲਈ ਮਾਣ ਵਾਲਾ ਪਲ ਦੱਸਿਆ।ਜਾਣਕਾਰੀ ਅਨੁਸਾਰ, ਮੈਨੇਜਮੈਂਟ ਅਤੇ ਪੈਪਸੀਕੋ ਵਰਕਰ ਯੂਨੀਅਨ ਏਟਕ ਦਰਮਿਆਨ ਹੋਏ ਨਵੇਂ ਸਮਝੌਤੇ ਤਹਿਤ ਵਰਕਰਾਂ ਦੀ ਸੇਵਾ ਮਿਆਦ 60 ਸਾਲ ਤੱਕ ਕਰਨ ਦੀ ਮੰਗ ਨੂੰ ਸਵੀਕਾਰਿਆ ਗਿਆ ਸੀ। ਇਸੇ ਸਮਝੌਤੇ ਅਧੀਨ 59 ਸਾਲ 11 ਮਹੀਨੇ ਤੱਕ ਸੇਵਾ ਜਾਰੀ ਰੱਖਣ ਦਾ ਲਾਭ ਹੁਣ ਪਹਿਲੀ ਵਾਰ ਕਰਨੈਲ ਸਿੰਘ ਰਾਜਪੁਰਾ ਨੂੰ ਮਿਲਿਆ ਹੈ। ਕਰਨੈਲ ਸਿੰਘ ਦੇ ਫੈਕਟਰੀ ਦੇ ਮੁੱਖ ਗੇਟ 'ਤੇ ਪਹੁੰਚਣ 'ਤੇ ਯੂਨੀਅਨ ਆਗੂਆਂ ਅਤੇ ਵਰਕਰਾਂ ਨੇ ਫੁੱਲਾਂ ਦੇ ਹਾਰ ਪਾ ਕੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ।ਇਸ ਮੌਕੇ ਯੂਨੀਅਨ ਦੇ ਪ੍ਰਧਾਨ ਵਿਕਰਮਜੀਤ ਸਿੰਘ ਨਾਭਾ, ਜਨਰਲ ਸਕੱਤਰ ਹਰਿੰਦਰ ਸਿੰਘ ਗੱਜੂਮਾਜਰਾ, ਉਪ ਸਕੱਤਰ ਗੁਰਸੇਵ



ਸਿੰਘ ਕੁਲਬੁਰਛਾਂ, ਮੀਤ ਪ੍ਰਧਾਨ ਦਵਿੰਦਰ ਸਿੰਘ ਗਾਜੇਵਾਸ, ਖਜ਼ਾਨਚੀ ਰਘੁਬੀਰ ਸਿੰਘ ਭਵਾਨੀਗੜ੍ਹ, ਪ੍ਰੈਸ ਸਕੱਤਰ ਹਰੀ ਸਿੰਘ ਭਵਾਨੀਗੜ੍ਹ, ਉਪ ਕੈਸ਼ੀਅਰ ਜਗਮੀਰ ਸਿੰਘ ਮੁਸਾਨੀ, ਪ੍ਰਚਾਰ ਸਕੱਤਰ ਬਲਜੀਤ ਸਿੰਘ ਫੰਮਣਵਾਲ, ਦਫ਼ਤਰ ਸਕੱਤਰ ਹਰਦੇਵ ਸਿੰਘ ਮੁਨਸ਼ੀਵਾਲਾ, ਵਰਕਿੰਗ ਕਮੇਟੀ ਦੇ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਯੂਨੀਅਨ ਮੈਂਬਰ ਹਾਜ਼ਰ ਸਨ।

## ਰੋਗੀ ਕਲਿਆਣ ਸੰਮਤੀ ਦੀ ਮੀਟਿੰਗ 'ਚ ਅਹਿਮ ਮਤੇ ਪਾਸ

**ਤਲਵੰਡੀ ਸਾਬੋ (ਜਗਦੀਪ ਗਿੱਲ)**-ਪ੍ਰੋ: ਬਲਜਿੰਦਰ ਕੌਰ ਐਮ ਐਲ ਏ ਤਲਵੰਡੀ ਸਾਬੋ,ਚੀਫ ਵਿਪ ਪੰਜਾਬ ਸਰਕਾਰ ਅਤੇ ਸਿਵਿਲ ਸਰਜਨ ਬਠਿੰਡਾ ਡਾਕਟਰ ਤਪਿੰਦਰ ਜੋਤ ਕੌਸ਼ਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ, ਐਸ ਡੀ ਐਚ ਤਲਵੰਡੀ ਸਾਬੋ ਵਿਖੇ ਮਾਣਯੋਗ ਸੀਨੀਅਰ ਮੈਡੀਕਲ ਅਫਸਰ



ਡਾਕਟਰ ਰਵੀਕਾਤ ਗੁਪਤਾ ਦੀ ਪ੍ਰਧਾਨਗੀ ਹੇਠ ਰੋਗੀ ਕਲਿਆਣ ਸੰਮਤੀ ਦੀ ਮੀਟਿੰਗ ਕੀਤੀ ਗਈ । ਇਸ ਮੀਟਿੰਗ ਵਿੱਚ ਰੋਗੀ ਕਲਿਆਣ ਸੰਮਤੀ ਦੇ ਮੈਂਬਰ ਸਿਵਲ ਹਸਪਤਾਲ ਦੇ ਪ੍ਰਸ਼ਾਸਕੀ ਵਿਭਾਗ ਦੇ ਅਫਸਰ ਅਤੇ ਕਰਮਚਾਰੀ ਹਾਜ਼ਰ ਸਨ। ਮੀਟਿੰਗ ਵਿੱਚ ਸਿਵਲ ਹਸਪਤਾਲ ਦੇ ਮੇਨ ਗੇਟ ਸਬੰਧੀ ਅਤੇ ਸਿਵਲ ਹਸਪਤਾਲ ਦੀ ਬਾਉਂਡਰੀ ਸਬੰਧੀ ਵਿਚਾਰ ਚਰਚਾ ਉਪਰੰਤ ਮਤਾ ਪਾਸ ਕੀਤਾ ਗਿਆ। ਮੀਟਿੰਗ ਵਿੱਚ ਸਿਵਲ ਹਸਪਤਾਲ ਦੇ ਪੁਰਾਣੇ ਹੋ ਚੁੱਕੇ ਸਾਜੋ ਸਮਾਨ ਦੀ ਥਾਂ ਨਵਾਂ ਸਮਾਨ ਮਸ਼ੀਨਰੀ ਆਦ ਲੈਣ ਦੀ ਮਨਜ਼ੂਰੀ ਦਿੱਤੀ ਗਈ । ਮੀਟਿੰਗ ਵਿੱਚ ਸਿਵਲ ਹਸਪਤਾਲ ਦੇ ਬਿਜਲੀ ਦੇ ਲੋਡ ਸਬੰਧੀ ਆ ਰਹੀਆਂ ਦਿੱਕਤਾਂ ਬਾਰੇ ਵੀ ਲੋਡ ਨੂੰ ਵਧਾਉਣ ਦੀ ਮਨਜ਼ੂਰੀ ਦਿੱਤੀ ਗਈ। ਰੋਗੀ ਕਲਿਆਣ ਸੰਮਤੀ ਦੇ ਮੈਂਬਰਾਂ ਵੱਲੋਂ ਪਿਛਲੇ ਇੱਕ ਸਾਲ ਵਿੱਚ ਹਸਪਤਾਲ ਵਿਖੇ ਹੋਈ ਤਰੱਕੀ ਦੀ ਸ਼ਲਾਘਾ ਕੀਤੀ ਗਈ ਮੀਟਿੰਗ ਵਿੱਚ ਐਕਸ,- ਰੇ ਟੈਕਨੀਸ਼ੀਅਨ ਦੀ ਅਸਾਮੀ ਖਾਲੀ ਹੋਣ ਕਰਕੇ ਐਕਸਰੇ ਟੈਕਨੀਸ਼ੀਅਨ ਨੂੰ ਆਊਟਸੋਰਸਿੰਗ ਰਾਹੀਂ ਰੱਖਣ ਲਈ ਮਤਾ ਪਾਸ ਕੀਤਾ ਗਿਆ। ਮੀਟਿੰਗ ਵਿੱਚ ਗੁਰਮੇਲ ਸਿੰਘ ਘਈ, ਸ੍ਰੀ ਪ੍ਰੇਮ ਕੁਮਾਰ ਗੋਗੀ ਨੰਬਰਦਾਰ, ਸਰਦਾਰ ਬਲਬੀਰ ਸਿੰਘ ਲੇਲੇਵਾਲਾ, ਐਸ ਡੀ ਓ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ, ਬੀ ਡੀ ਪੀ ਓ ਦਫਤਰ ਦੇ ਨੁਮਾਇੰਦੇ, ਡਾਕਟਰ ਧੀਰਜ ਜਿੰਦਲ, ਡਾਕਟਰ ਅਮਨਪ੍ਰੀਤ ਸਿੰਘ ਸੇਠੀ, ਡਾਕਟਰ ਅੰਕੁਰ ਸਿੰਘਲਾ, ਹਰਪ੍ਰੀਤ ਸ਼ਰਮਾ ਫਾਰਮੇਸੀ ਅਫਸਰ, ਸੰਦੀਪ ਸ਼ਰਮਾ ਫਾਰਮੇਸੀ ਅਫਸਰ ਆਦਿ ਹਾਜ਼ਰ ਸਨ।

## ਜਰਨੈਲ ਸਿੰਘ ਮਠਾੜੂ ਦੀ ਯਾਦ 'ਚ ਸਰਕਾਰੀ ਸਕੂਲ ਨੂੰ ਜੈਨਰੇਟਰ ਭੇਟ

**ਕੋਟਕਪੂਰਾ (ਰਛਪਾਲ ਭੁੱਲਰ)**-ਸਰਕਾਰੀ ਹਾਈ ਸਕੂਲ ਔਲਖ ਵਿਖੇ ਪਿੰਡ ਔਲਖ ਦੇ ਨਿਵਾਸੀ ਅਤੇ ਸਕੂਲ ਦੇ ਪੁਰਾਣੇ ਵਿਦਿਆਰਥੀ ਜਗਤਾਰ ਸਿੰਘ ਅਤੇ ਪ੍ਰਗਟ ਸਿੰਘ (ਜੇ .ਐਸ. ਜਨਰੇਟਰ ਕੋਟਕਪੂਰਾ) ਨੇ ਆਪਣੇ ਸਵਰਗੀ ਪਿਤਾ ਜਰਨੈਲ ਸਿੰਘ ਮਠਾੜੂ ਦੀ ਨਿੱਘੀ ਯਾਦ ਵਿੱਚ ਸਰਕਾਰੀ ਹਾਈ ਸਕੂਲ ਔਲਖ ਨੂੰ 15 ਕਿਲੋਵਾਟ ਦਾ ਸਾਈਲੈਂਟ ਜਨਰੇਟਰ ਭੇਂਟ ਕੀਤਾ।ਸਕੂਲ ਦੇ ਮੁੱਖ ਅਧਿਆਪਕ ਜਗਜੀਵਨ ਸਿੰਘ ਨੇ ਆਪਣੇ ਸੰਬੋਧਨ ਵਿੱਚ ਸਕੂਲ ਦੇ ਸਮੂਹ ਸਟਾਫ ਮੈਂਬਰਾਂ, ਵਿਦਿਆਰਥੀਆਂ, ਸਕੂਲ ਪ੍ਰਬੰਧਕ ਕਮੇਟੀ ਅਤੇ ਨਗਰ ਨਿਵਾਸੀਆਂ ਵੱਲੋਂ ਮਠਾੜੂ ਪਰਿਵਾਰ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀ ਭਲਾਈ ਤੇ ਬਿਹਤਰੀ ਲਈ ਤੇ ਆਪਣੇ ਬਜ਼ੁਰਗਾਂ ਦੀ ਯਾਦ ਨੂੰ ਚਿਰ ਸਦੀਵੀ ਬਣਾਉਣ ਲਈ ਮਠਾੜੂ ਪਰਿਵਾਰ ਦੀ ਉਸਾਰੂ ਸੋਚ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ।ਸਮੂਹ ਸਟਾਫ ਵੱਲੋਂ ਮਠਾੜੂ ਪਰਿਵਾਰ ਨੂੰ ਸਨਮਾਨ ਚਿੰਨ੍ਹ ਅਤੇ ਲੋਈ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ





ਸਕੂਲ ਦੇ ਸੇਵਾ ਮੁਕਤ ਅਧਿਆਪਕ ਸੋਮ ਨਾਥ ਅਰੋੜਾ, ਸਕੂਲ ਪ੍ਰਬੰਧਕ ਕਮੇਟੀ ਦੇ ਸਾਬਕਾ ਚੇਅਰਮੈਨ ਸੁਖਵੰਤ ਸਿੰਘ ਮੰਨੂ, ਸਕੂਲ ਅਧਿਆਪਕ ਦਵਿੰਦਰ ਸਿੰਘ ਗਿੱਲ, ਨੀਰੂ ਸ਼ਰਮਾ, ਹਰਜਿੰਦਰ ਕੌਰ, ਗੁਰਚਰਨ ਕੌਰ, ਰਣਜੀਤ ਕੌਰ, ਸੱਜਣ ਕੁਮਾਰ, ਬਲਜੀਤ ਸਿੰਘ, ਰੇਨੂੰ ਬਾਲਾ, ਰੂਬੀ ਤੇ ਰਜਨੀਸ਼ ਕੌਰ ਆਦਿ ਹਾਜ਼ਰ ਸਨ।

## ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਡਾਕੂਮੈਂਟਰੀ ਸ਼ੋਅ



**ਦੋਦਾ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)** -ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵਲੋਂ ਭੇਜੀ ਗਈ ਡਾਕੂਮੈਂਟਰੀ ਵੈਨ ਨੇ ਗਿੱਦੜਬਾਹਾ ਵਿਧਾਨ ਸਭਾ ਹਲਕੇ ਦੇ ਪਿੰਡ ਖਿੜਕੀਆਂਵਾਲਾ ਅਤੇ ਭੁੱਟੀਵਾਲਾ ਵਿਖੇ ਸੰਗਤਾਂ ਨੂੰ ਗੁਰੂ ਜੀ ਦੇ ਜੀਵਨ ਦੇ ਆਧਾਰ ਸਿੱਖਿਆਵਾਂ ਸਬੰਧੀ ਜਾਣੂ ਕਰਵਾਇਆ।ਇਸ ਮੌਕੇ ਸਬੰਧਿਤ ਪਿੰਡਾਂ ਦੀਆਂ ਸੰਗਤਾਂ ਨੇ ਗੁਰੂ ਜੀ ਦੇ ਜੀਵਨ 'ਤੇ ਆਧਾਰਤ ਡਾਕੂਮੈਂਟਰੀ ਸ਼ੋਅ ਨੂੰ ਬਹੁਤ ਹੀ ਉਤਸ਼ਾਹ ਨਾਲ ਵੇਖਿਆ ਅਤੇ ਗੁਰੂ ਜੀ ਵਲੋਂ ਦਿਖਾਏ ਗਏ ਸੱਚੇ ਮਾਰਗ 'ਤੇ ਚਲਣ ਦਾ ਪ੍ਰਣ ਲਿਆ।

## ਲਲਤੋਂ ਖ਼ੁਰਦ ਸਰਕਾਰੀ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਦਾ ਸਨਮਾਨ

**ਰਾਏਕੋਟ (ਸੰਤੋਖ ਗਿੱਲ)** ਗ਼ਦਰੀ ਬਾਬਾ ਗੁਰਮੁਖ ਸਿੰਘ ਲਲਤੋਂ ਸਰਕਾਰੀ ਮਿਡਲ ਸਕੂਲ ਲਲਤੋਂ ਖ਼ੁਰਦ ਵਿੱਚ ਹਰ ਸਾਲ ਦੀ ਤਰ੍ਹਾਂ ਸਵ: ਗੁਰਬਚਨ ਸਿੰਘ ਮੁਰੱਬਿਆਂ ਵਾਲੇ ਦੀ ਯਾਦ ਵਿੱਚ ਉਨ੍ਹਾਂ ਦੇ ਸਪੁੱਤਰ ਮਨਜੀਤ ਸਿੰਘ (ਮੋਗਾ ਡੀਜ਼ਲ ਵਾਲੇ) ਦੀ ਅਗਵਾਈ ਵਿੱਚ ਪਰਵਾਰ ਵੱਲੋਂ ਸਾਲਾਨਾ ਸਮਾਗਮ ਦੌਰਾਨ ਪਹਿਲੀਆਂ



ਪੁਜ਼ੀਸ਼ਨਾਂ ਹਾਸਲ ਕਰਨ ਵਾਲਿਆਂ ਨੂੰ ਨਕਦ ਇਨਾਮ ਦੇ ਕੇ ਨਿਵਾਜਿਆ ਗਿਆ।ਸਨਮਾਨ ਸਮਾਗਮ ਮਨਜੀਤ ਸਿੰਘ, ਸਕੂਲ ਮੁਖੀ ਨਿਸ਼ਾ ਸ਼ਰਮਾ ਤੇ ਗ਼ਦਰੀ ਬਾਬਾ ਗੁਰਮੁਖ ਸਿੰਘ ਲਲਤੋਂ ਯਾਦਗਾਰ ਕਮੇਟੀ ਦੇ ਸਕੱਤਰ ਮਾਸਟਰ ਜਸਦੇਵ ਸਿੰਘ ਲਲਤੋਂ ਦੀ ਪ੍ਰਧਾਨਗੀ ਹੇਠ ਹੋਇਆ।ਜਸਦੇਵ ਸਿੰਘ ਲਲਤੋਂ ਨੇ ਗੁਰਬਚਨ ਸਿੰਘ ਮੁਰੱਬਿਆਂ ਵਾਲੇ ਦੇ ਉੱਤਮ ਇਨਸਾਨੀ ਜੀਵਨ ਤੇ ਸ਼ਾਨਦਾਰ ਸਮਾਜਿਕ ਰੋਲ ਬਾਰੇ ਚਾਨਣਾ ਪਾਉਂਦੇ ਹੋਏ ਕਿਹਾ ਕਿ ਸਕੂਲ ਦੇ ਸਟਾਫ਼ ਨੂੰ ਵਿਦਿਆਰਥੀਆਂ 'ਚ ਉੱਚੀਆਂ-ਸੁੱਚੀਆਂ ਨੈਤਿਕ ਕਦਰਾਂ ਕੀਮਤਾਂ ਤੇ ਇਨਸਾਨੀ ਗੁਣ ਪੈਦਾ ਕਰਨ ਦੀ ਅਪੀਲ ਕੀਤੀ।ਉਨ੍ਹਾਂ ਵਿਦਿਆਰਥੀਆਂ ਨੂੰ ਦੇਸ਼ ਭਗਤਾਂ ਦੇ ਨਕਸ਼ੇ ਕਦਮ ਉਪਰ ਚੱਲਣ ਅਤੇ ਲਾਇਬਰੇਰੀ ਦੀਆਂ ਪੁਸਤਕਾਂ ਲਗਾਤਾਰ ਪੜ੍ਹਨ ਦੀ ਨਸੀਹਤ ਦਿੱਤੀ।ਅੱਠਵੀਂ ਜਮਾਤ ਦੀ ਬੋਰਡ ਪ੍ਰੀਖਿਆ ਵਿੱਚ ਅੱਵਲ ਕਰਨ ਪਾਠਕ, ਦੂਜੀ ਪੁਜ਼ੀਸ਼ਨ ਵਾਲੇ ਅਰਜੁਨ ਕੁਮਾਰ ਤੇ ਤੀਜੀ ਪੁਜ਼ੀਸ਼ਨ ਵਾਲ਼ੇ ਸਚਿਨ ਕੁਮਾਰ ਨੂੰ ਦਰਜੇ ਅਨੁਸਾਰ ਨਕਦ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।ਸਕੂਲ ਮੁਖੀ ਨਿਸ਼ਾ ਸ਼ਰਮਾ ਨੇ ਪਤਵੰਤੇ ਸੱਜਣਾਂ, ਅਧਿਆਪਕਾਂ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।

## ਭਾਕਿਯੂ ਉਗਰਾਹਾਂ ਵੱਲੋਂ ਅੱਜ ਦੀ ਚੰਡੀਗੜ੍ਹ ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਮੀਟਿੰਗਾਂ

**ਮਹਿਲ ਕਲਾਂ (ਬਲਵਿੰਦਰ ਵਜੀਦਕੇ,ਪ੍ਰਦੀਪ ਲੋਹਗੜ੍ਹ)**-ਪਿੰਡ ਚੁਹਾਨਕੇ ਕਲਾਂ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਬਲਾਕ ਮਹਿਲ ਕਲਾਂ ਦੀ ਮੀਟਿੰਗ ਬਲਾਕ ਪ੍ਰਧਾਨ ਜੱਜ ਸਿੰਘ ਦੀ ਪ੍ਰਧਾਨਗੀ ਹੇਠ ਵਿਖੇ ਹੋਈ। ਮੀਟਿੰਗ 'ਚ ਭਾਕਿਯੂ ਉਗਰਾਹਾਂ ਅਤੇ ਭਾਕਿਯੂ ਡਕੌਂਦਾ-ਧਨੇਰ ਦੇ ਸਾਂਝੇ ਸੱਦੇ 'ਤੇ 10 ਜੁਲਾਈ ਨੂੰ ਚੰਡੀਗੜ੍ਹ ਵਿਖੇ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਦੀਆਂ ਭਖਦੀਆਂ ਮੰਗਾਂ ਦੇ ਹੱਕ ਵਿੱਚ ਹੋਣ ਵਾਲੀ ਵਿਸ਼ਾਲ ਰੈਲੀ ਨੂੰ ਇਤਿਹਾਸਕ ਬਣਾਉਣ ਲਈ ਵਿਆਪਕ ਲਾਮਬੰਦੀ ਕਰਨ ਦਾ ਫ਼ੈਸਲਾ



ਕੀਤਾ ਗਿਆ। ਜ਼ਿਲ੍ਹਾ ਪ੍ਰਧਾਨ ਚਮਕੌਰ ਸਿੰਘ ਨੈਣੇਵਾਲ, ਮੀਤ ਪ੍ਰਧਾਨ ਬੁੱਕਣ ਸਿੰਘ ਸੱਦੋਵਾਲ, ਰਾਮ ਸਿੰਘ ਸੰਘੇੜਾ, ਕੁਲਜੀਤ ਸਿੰਘ ਵਜੀਦਕੇ, ਮਾਨ ਸਿੰਘ ਗੁਰਮ, ਕੁਲਦੀਪ ਸਿੰਘ ਚੁਹਾਨਕੇ, ਕਮਲਜੀਤ ਕੌਰ ਬਰਨਾਲਾ ਨੇ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਨੀਤੀਆਂ ਕਾਰਨ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਨੂੰ ਗੰਭੀਰ ਆਰਥਿਕ ਸੰਕਟ ਦਾ ਸਾਹਮਣਾ ਕਰਨਾ ਪੈ ਰਿਹਾ ਹੈ । ਆਗੂਆਂ ਨੇ ਕਿਹਾ ਕਿ ਬਲਾਕ ਦੇ ਹਰ ਪਿੰਡ ਵਿੱਚ ਮੀਟਿੰਗਾਂ, ਘਰ-ਘਰ ਸੰਪਰਕ ਅਤੇ ਪ੍ਰਚਾਰ ਮੁਹਿੰਮ ਚਲਾ ਕੇ ਵੱਧ ਤੋਂ ਵੱਧ ਕਿਸਾਨਾਂ, ਖੇਤ ਮਜ਼ਦੂਰਾਂ, ਨੌਜਵਾਨਾਂ ਅਤੇ ਔਰਤਾਂ ਨੂੰ ਰੈਲੀ ਵਿੱਚ ਸ਼ਾਮਲ ਕੀਤਾ ਜਾਵੇਗਾ। ਇਸ ਮੌਕੇ ਨਿਸ਼ਾਨ ਸਿੰਘ ਗੁੰਮਟੀ, ਜੋਗਿੰਦਰ ਸਿੰਘ ਗਹਿਲ, ਜਸਵੰਤ ਸਿੰਘ ਚੁਹਾਨਕੇ ਆਦਿ ਆਗੂਆਂ ਨੇ ਇੱਕਜੁੱਟ ਹੋ ਕੇ 10 ਜੁਲਾਈ ਦੀ ਚੰਡੀਗੜ੍ਹ ਰੈਲੀ ਚ ਕਾਫਲੇ ਬੰਨ੍ਹ ਕੇ ਸ਼ਮੂਲੀਅਤ ਕਰਨ ਦਾ ਵਿਸ਼ਵਾਸ ਦੁਆਇਆ।

## ਸਿਹਤ ਯੋਜਨਾ ਕਾਰਡ ਨਾ ਚੱਲਣ ਨੂੰ ਲੈ ਕੇ ਕਿਸਾਨਾਂ ਦਾ ਵਫਦ ਡੀ ਸੀ ਨੂੰ ਮਿਲਿਆ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪੰਜਾਬ ਸਰਕਾਰ ਵੱਲੋਂ ਜਾਰੀ ਕੀਤੀ ਗਈ ਦਸ ਲੱਖ ਰੁਪਏ ਤੱਕ ਮੁਫ਼ਤ ਇਲਾਜ ਦੀ ਸਰਕਾਰੀ ਸਿਹਤ ਯੋਜਨਾ ਕਾਰਡ ਤਹਿਤ ਸੂਚੀ ਬੱਧ ਬਰਨਾਲਾ ਦੇ ਇਕ ਨਿੱਜੀ ਹਸਪਤਾਲ ਵਿੱਚ ਸਿਹਤ ਕਾਰਡ ਨਾ ਚੱਲਣ ਦੇ



ਮਾਮਲੇ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੇ ਜ਼ਿਲ੍ਹਾ ਬਰਨਾਲਾ ਆਗੂਆਂ ਨੇ ਡਿਪਟੀ ਕਮਿਸ਼ਨਰ ਬਰਨਾਲਾ ਨੂੰ ਮੰਗ ਪੱਤਰ ਸੌਂਪ ਕੇ ਜਾਂਚ ਦੀ ਮੰਗ ਕੀਤੀ ਹੈ। ਇਸ ਮੌਕੇ ਯੂਨੀਅਨ ਦੇ ਆਗੂਆਂ ਕਰਨੈਲ ਸਿੰਘ ਗਾਂਧੀ, ਨਛੱਤਰ ਸਿੰਘ ਸਹੌਰ, ਜਗਜੀਤ ਸਿੰਘ ਬਰਨਾਲਾ, ਜਸਪਾਲ ਸਿੰਘ ਸਹਿਜੜਾ, ਗਿਆਨ ਸਿੰਘ ਬਾਜਵਾ, ਚਰਨਜੀਤ ਸਿੰਘ ਗਰੇਵਾਲ ਤੇ ਗੁਰਪ੍ਰੀਤ ਸਿੰਘ ਪੱਖੋ ਨੇ ਕਿਹਾ ਕਿ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਹਰ ਹੱਕਦਾਰ ਮਰੀਜ਼ ਤੱਕ ਬਿਨਾਂ ਕਿਸੇ ਰੁਕਾਵਟ ਦੇ ਪਹੁੰਚਣਾ ਚਾਹੀਦਾ ਹੈ।

## ਸ਼੍ਰੋਮਣੀ ਅਕਾਲੀ ਦਲ ਦੀ ਤਾਕਤ ਨੌਜਵਾਨ ਵਰਗ: ਸੁੱਖਾ ਬਰਾੜ

**ਬਾਘਾ ਪੁਰਾਣਾ (ਮਨੀ ਸਿੰਗਲਾ)**- ਯੂਥ ਅਕਾਲੀ ਆਗੂ ਸੁਖਬੀਰ ਸਿੰਘ ਬਰਾੜ (ਸੁੱਖਾ) ਨੇ ਕਿਹਾ ਹੈ ਕਿ ਸ਼੍ਰੋਮਣੀ ਅਕਾਲੀ ਦਲ ਦੀ ਤਾਕਤ ਉਸ ਦਾ ਨੌਜਵਾਨ ਵਰਗ ਹੈ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿਚ ਯੂਥ



ਵਿੰਗ ਪਾਰਟੀ ਦੀ ਜਿੱਤ ਲਈ ਅਹਿਮ ਭੂਮਿਕਾ ਨਿਭਾਏਗਾ। ਉਨ੍ਹਾਂ ਕਿਹਾ ਕਿ ਯੂਥ ਕੋਰ ਕਮੇਟੀ ਮੈਂਬਰ ਸੁਖਜੀਤ ਸਿੰਘ ਮਾਹਲਾ ਅਤੇ ਯੂਥ ਅਕਾਲੀ ਆਗੂ ਜਸਪ੍ਰੀਤ ਸਿੰਘ ਮਾਹਲਾ ਅੱਜ ਨੌਜਵਾਨ ਦਿਲਾਂ ਦੀ ਧੜਕਣ ਬਣ ਚੁੱਕੇ ਹਨ ਅਤੇ ਉਨ੍ਹਾਂ ਦੀ ਅਗਵਾਈ ਹੇਠ ਵੱਡੀ ਗਿਣਤੀ ਵਿਚ ਨੌਜਵਾਨ ਸ਼੍ਰੋਮਣੀ ਅਕਾਲੀ ਦਲ ਨਾਲ ਜੁੜ ਰਹੇ ਹਨ। ਮੀਡੀਆ ਨਾਲ ਗੱਲਬਾਤ ਕਰਦਿਆਂ ਸੁਖਬੀਰ ਸਿੰਘ ਬਰਾੜ ਨੇ ਕਿਹਾ ਕਿ ਇਨ੍ਹਾਂ ਨੌਜਵਾਨਾਂ ਦੀ ਮਿਹਨਤ ਅਤੇ ਸਰਗਰਮੀ ਕਾਰਨ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਵੱਡਾ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਦੋਵੇਂ ਆਗੂ ਨੌਜਵਾਨਾਂ ਦੀ ਆਵਾਜ਼ ਬਣ ਕੇ ਉਨ੍ਹਾਂ ਦੇ ਮਸਲਿਆਂ ਨੂੰ ਉਠਾ ਰਹੇ ਹਨ, ਜਿਸ ਕਾਰਨ ਯੂਥ ਵਰਗ ਦਾ ਵਿਸ਼ਵਾਸ ਲਗਾਤਾਰ ਅਕਾਲੀ ਦਲ ਵੱਲ ਵੱਧ ਰਿਹਾ ਹੈ।ਬਰਾੜ ਨੇ ਵਿਸ਼ਵਾਸ ਪ੍ਰਗਟਾਇਆ ਕਿ ਸ਼੍ਰੋਮਣੀ ਅਕਾਲੀ ਦਲ ਦੇ ਸਮੂਹ ਆਗੂਆਂ ਅਤੇ ਵਰਕਰਾਂ ਦੀ ਸਾਂਝੀ ਮਿਹਨਤ ਸਦਕਾ ਸੂਬੇ ਵਿਚ ਮੁੜ ਅਕਾਲੀ ਦਲ ਦੀ ਸਰਕਾਰ ਬਣੇਗੀ ਅਤੇ ਹਲਕਾ ਬਾਘਾ ਪੁਰਾਣਾ ਵਿਚ ਵੀ ਪਾਰਟੀ ਸ਼ਾਨਦਾਰ ਜਿੱਤ ਦਰਜ ਕਰੇਗੀ।

## ਵੱਖ-ਵੱਖ ਵਿਭਾਗਾਂ ਦੇ ਪੈਨਸ਼ਨਰਾਂ ਦੀ ਮੀਟਿੰਗ 'ਚ ਸਰਕਾਰ ਦੀ ਨਿੰਦਾ

**ਸੰਗਰੂਰ ( ਪ੍ਰਵੀਨ ਸਿੰਘ)** - ਆਲ ਪੈਨਸ਼ਨਰਜ ਵੈਲਫੇਅਰ ਐਸੋਸੀਏਸ਼ਨ ਸੰਗਰੂਰ ਦੇ ਵੱਖ-ਵੱਖ ਵਿਭਾਗ ਦੇ ਪੈਨਸ਼ਨਰਾਂ ਦੀ ਮਹੀਨਾਵਾਰ ਮੀਟਿੰਗ ਪੈਨਸ਼ਨਰ ਦਫਤਰ (ਡੀ.ਸੀ.ਕੰਪਲੈਕਸ) ਵਿਖੇ ਸੁਰਿੰਦਰ ਕੁਮਾਰ ਬਾਲੀਆਂ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਪੈਨਸ਼ਨਰ ਸ਼ਾਮਿਲ ਹੋਏ। ਮੀਟਿੰਗ ਨੂੰ



ਸੰਬੋਧਨ ਕਰਦਿਆਂ ਸਰਪ੍ਰਸਤ ਸ੍ਰੀ ਜਗਦੀਸ਼ ਸ਼ਰਮਾਂ ਨੇ ਕਿਹਾ ਕਿ 18% ਡੀ.ਏ ਜਾਰੀ ਕਰਨ ਵਿਰੁੱਧ ਅਪੀਲਾਂ ਪਾ ਕੇ ਸਰਕਾਰ ਪੈਨਸ਼ਨਰਾਂ ਅਤੇ ਮੁਲਾਜਮਾਂ ਨਾਲ ਬੇਇਨਸਾਫੀ ਤੇ ਧੱਕੇਸ਼ਾਹੀ ਕਰ ਰਹੀ ਹੈ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁਲਾਜਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਅਣਗੌਲਿਆਂ ਕੀਤਾ ਜਾ ਰਿਹਾ ਹੈ, ਜਿਸ ਕਰਕੇ ਮੁਲਾਜਮਾਂ ਅਤੇ ਪੈਨਸ਼ਨਰਾਂ ਵਿੱਚ ਸਖਤ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਆਖਿਆ ਕਿ ਜੇਕਰ ਸਰਕਾਰ ਵੱਲੋਂ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਸਾਂਝਾ ਮੁਲਾਜਮ ਮੰਚ ਪੰਜਾਬ ਦੇ ਝੰਡੇ ਹੇਠ ਇਕੱਠੇ ਹੋ ਕੇ 17 ਜੁਲਾਈ ਨੂੰ ਚੰਡੀਗੜ੍ਹ ਵਿਖੇ ਹਜਾਰਾਂ ਦੀ ਗਿਣਤੀ ਵਿੱਚ ਇੱਕ ਵਿਸ਼ਾਲ ਮਹਾਂ ਰੈਲੀ ਅਤੇ ਰੋਸ ਮਾਰਚ ਕੀਤਾ ਜਾਵੇਗਾ।ਮੀਟਿੰਗ ਨੂੰ ਬਲਵੰਤ ਸਿੰਘ ਢਿੱਲੋਂ, ਸੀਤਾ ਰਾਮ ਸ਼ਰਮਾ, ਬਿੱਕਰ ਸਿੰਘ ਸਿਬੀਆਂ, ਮੇਲਾ ਸਿੰਘ ਪੁੰਨਾਂਵਾਲ, ਪਵਨ ਸ਼ਰਮਾ, ਜੈ ਸਿੰਘ, ਗੁਰਤੇਜ ਰਾਮ ਸ਼ਰਮਾ, ਕੁਲਵੰਤ ਸਿੰਘ, ਸੁਰਜੀਤ ਸਿੰਘ ਈ.ਓ, ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ।

## ਸੇਵਾ ਕੇਂਦਰਾਂ 'ਚ 'ਮਾਂ-ਧੀ ਸਤਿਕਾਰ ਯੋਜਨਾ' ਦਾ ਲਾਭ ਲੈਣ ਵਾਲਿਆਂ ਦੀ ਭੀੜ



**ਸ੍ਰੀ ਮੁਕਤਸਰ ਸਾਹਿਬ ( ਕੁਲ ਭੂਸ਼ਨ ਚਾਵਲਾ )** -ਮੁਕਤਸਰ ਦੇ ਸੇਵਾ ਕੇਂਦਰਾਂ 'ਚ ਲਾਭਪਾਤਰੀਆਂ ਦਾ ਹੜ੍ਹ ਆਇਆ ਹੋਇਆ ਹੈ। ਰੋਜ਼ਾਨਾ ਕਰੀਬ 400 ਲਾਭਪਾਤਰੀ ਸੇਵਾ ਕੇਂਦਰ ਵਿੱਚ ਆਉਂਦੇ ਹਨ। ਜ਼ਿਆਦਾ ਲਾਭਪਾਤਰੀ 'ਮਾਂ-ਧੀ ਸਤਿਕਾਰ ਯੋਜਨਾ' ਦਾ ਲਾਭ ਲੈਣ ਵਾਲੇ ਹਨ। ਹਾਲਾਂ ਕਿ ਪਹਿਲਾਂ ਸਰਕਾਰ ਨੇ ਬਹੁਤ ਪ੍ਰਚਾਰ ਕੀਤਾ ਤੇ ਵੱਡੀ ਗਿਣਤੀ ਔਰਤਾਂ ਨੇ ਇਸ ਦਾ ਲਾਭ ਲੈ ਵੀ ਲਿਆ ਪਰ ਫਿਰ ਵੀ ਵੱਡੀ ਗਿਣਤੀ ਰਹਿ ਗਈ ਜਿਹੜੀ ਹੁਣ ਰਜਿਸਟਰੇਸ਼ਨ ਵਾਸਤੇ ਸੇਵਾ ਕੇਂਦਰਾਂ 'ਚ ਆ ਰਹੇ ਹਨ। ਇਸੇ ਤਰ੍ਹਾਂ ਵਿਦਿਆਰਥੀ ਆਪਣੇ ਰਿਹਾਇਸ਼ੀ ਸਰਟੀਫਿਕੇਟ ਅਤੇ ਜਾਤੀ ਸਰਟੀਫਿਕੇਟ ਬਣਾਉਣ ਵਾਸਤੇ ਆ ਰਹੇ ਹਨ। ਲੋਕਾਂ ਦੀ ਮੰਗ ਹੈ ਕਿ ਸੇਵਾ ਕੇਂਦਰਾਂ 'ਚ ਕਾਊਂਟਰਾਂ ਦੀ ਗਿਣਤੀ ਵਧਾਈ ਜਾਵੇ।

## ਹਾਰਮਨੀ ਆਯੁਰਵੈਦਿਕ ਮੈਡੀਕਲ ਕਾਲਜ ਤੇ ਅਨਿਲ ਬਾਗੀ ਹਸਪਤਾਲ ਵੱਲੋਂ ਮੁਫ਼ਤ ਮੈਡੀਕਲ ਕੈਂਪ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਅਨਿਲ ਬਾਗੀ ਹਸਪਤਾਲ ਵਿਖੇ ਹਾਰਮਨੀ ਆਯੁਰਵੈਦਿਕ ਮੈਡੀਕਲ ਕਾਲਜ ਦੇ ਵਿਦਿਆਰਥੀਆਂ ਤੇ ਹਸਪਤਾਲ ਦੇ ਸਾਂਝੇ



ਸਹਿਯੋਗ ਨਾਲ ਇਕ ਵਿਸ਼ਾਲ ਮੁਫ਼ਤ ਸਿਹਤ ਜਾਂਚ ਕੈਂਪ ਦਾ ਸਫ਼ਲਤਾਪੂਰਵਕ ਆਯੋਜਨ ਕੀਤਾ ਗਿਆ। ਇਸ ਜਨ-ਕਲਿਆਣਕਾਰੀ ਕੈਂਪ ਦਾ ਪ੍ਰਬੰਧ ਕਾਲਜ ਦੇ ਪ੍ਰਿੰਸੀਪਲ ਡਾ. ਮਹਿੰਦਰ ਪਾਲ ਸਿੰਘ ਤੇ ਚੇਅਰਮੈਨ ਧਰਮਪਾਲ ਬਾਂਸਲ ਦੀ ਯੋਗ ਅਗਵਾਈ ਹੇਠ ਨੇਪਰੇ ਚੜ੍ਹਿਆ। ਵਿਸ਼ੇਸ਼ ਸਿਹਤ ਕੈਂਪ ਦਾ ਮੁੱਖ ਉਦੇਸ਼ ਆਮ ਜਨਤਾ ਨੂੰ ਮੁਫ਼ਤ ਡਾਕਟਰੀ ਸਲਾਹ, ਜ਼ਰੂਰੀ ਸਿਹਤ ਜਾਂਚਾਂ ਤੇ ਸਿਹਤ ਪ੍ਰਤੀ ਜਾਗਰੂਕਤਾ ਪ੍ਰਦਾਨ ਕਰਨਾ ਸੀ, ਤਾਂ ਜੁ ਸਮਾਜ ਵਿਚ ਸਰਵਪੱਖੀ ਅਤੇ ਸੁਲਭ ਸਿਹਤ ਸੇਵਾਵਾਂ ਨੂੰ ਉਤਸ਼ਾਹਤ ਕੀਤਾ ਜਾ ਸਕੇ। ਕੈਂਪ ਦੌਰਾਨ ਹਾਰਮੋਨੀ ਆਯੁਰਵੈਦਿਕ ਮੈਡੀਕਲ ਕਾਲਜ ਦੇ ਮੈਡੀਕਲ ਇੰਟਰਨਜ਼, ਸਿੱਖਿਆਰਥੀ ਡਾਕਟਰਾਂ ਤੇ ਅਨਿਲ ਬਾਗੀ ਹਸਪਤਾਲ ਦੇ ਮਾਹਿਰ ਸਟਾਫ਼ ਨੇ ਮਿਲ ਕੇ ਆਉਣ ਵਾਲੇ ਮਰੀਜ਼ਾਂ ਦੀ ਤਨਦੇਹੀ ਨਾਲ ਜਾਂਚ ਕੀਤੀ ਤੇ ਆਪਣੀਆਂ ਸੇਵਾਵਾਂ ਦਿੱਤੀਆਂ। ਕਾਲਜ ਪ੍ਰਬੰਧਕਾਂ ਨੇ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨੂੰ ਦੁਹਰਾਇਆ। ਪ੍ਰਿੰਸੀਪਲ ਡਾ. ਮਹਿੰਦਰ ਪਾਲ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਅਜਿਹੇ ਮੈਡੀਕਲ ਕੈਂਪਾਂ ਨਾਲ ਜਿੱਥੇ ਇੱਕ ਪਾਸੇ ਆਮ ਲੋਕਾਂ ਨੂੰ ਵੱਡਾ ਲਾਭ ਮਿਲਦਾ ਹੈ, ਉੱਥੇ ਹੀ ਦੂਜੇ ਪਾਸੇ ਮੈਡੀਕਲ ਦੇ ਵਿਦਿਆਰਥੀਆਂ ਨੂੰ ਵੀ ਪ੍ਰੈਕਟੀਕਲ ਤਜਰਬਾ ਹਾਸਲ ਹੁੰਦਾ ਹੈ, ਜੋ ਉਨ੍ਹਾਂ ਦੇ ਭਵਿੱਖ ਲਈ ਬੇਹੱਦ ਲਾਹੇਵੰਦ ਹੈ। ਕਾਲਜ ਦੇ ਚੇਅਰਮੈਨ ਧਰਮਪਾਲ ਬਾਂਸਲ ਨੇ ਇਸ ਸਫ਼ਲ ਉਪਰਾਲੇ ਲਈ ਅਨਿਲ ਬਾਗੀ ਹਸਪਤਾਲ ਦੇ ਪ੍ਰਬੰਧਕਾਂ ਦਾ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਨੇ ਭਵਿੱਖ ਵਿੱਚ ਵੀ ਸਮਾਜ ਸੇਵਾ ਨੂੰ ਸਮਰਪਿਤ ਅਜਿਹੇ ਲੋਕ-ਹਿੱਤੂ ਸਿਹਤ ਕੈਂਪ ਲਗਾਤਾਰ ਆਯੋਜਤ ਕਰਨ ਦਾ ਪੱਕਾ ਅਹਿਦ ਲਿਆ। ਇਸ ਮੁਫ਼ਤ ਕੈਂਪ ਦਾ ਫ਼ਾਇਦਾ ਉਠਾਉਣ ਲਈ ਸਥਾਨਕ ਨਿਵਾਸੀ ਵੱਡੀ ਗਿਣਤੀ 'ਚ ਪਹੁੰਚੇ।

## ਭਵਾਨੀਗੜ੍ਹ ਨਗਰ ਕੌਂਸਲ ਦੇ ਅਹੁਦੇਦਾਰਾਂ ਦੀ ਦੂਜੀ ਵਾਰ ਚੋਣ ਮੁਲਤਵੀ



**ਭਵਾਨੀਗੜ੍ਹ (ਰਾਜ ਖੁਰਮੀ)**-ਨਗਰ ਕੌਂਸਲ ਭਵਾਨੀਗੜ੍ਹ ਦੇ ਪ੍ਰਧਾਨ ਅਤੇ ਮੀਤ ਪ੍ਰਧਾਨ ਦੀ ਚੋਣ ਲਈ ਬੁੱਧਵਾਰ ਨੂੰ ਸੱਦੀ ਗਈ ਮੀਟਿੰਗ ਲਗਾਤਾਰ ਦੂਜੀ ਵਾਰ ਮੁਲਤਵੀ ਹੋਣ ਨਾਲ ਸ਼ਹਿਰ ਦੀ ਸਿਆਸਤ ਇੱਕ ਵਾਰ ਫਿਰ ਗਰਮਾ ਗਈ ਹੈ। ਚੋਣ ਪ੍ਰਕਿਰਿਆ ਵਿੱਚ ਹੋ ਰਹੀ ਦੇਰੀ ਨੂੰ ਲੈ ਕੇ ਵਿਰੋਧੀ ਧਿਰ ਨੇ ਸੂਬਾ ਸਰਕਾਰ 'ਤੇ ਤਿੱਖੇ ਨਿਸ਼ਾਨੇ ਸਾਧਦਿਆਂ ਇਸ ਨੂੰ ਲੋਕਤੰਤਰਿਕ ਪ੍ਰਕਿਰਿਆ ਨੂੰ ਲੰਬਾ ਖਿੱਚਣ ਦੀ ਕੋਸ਼ਿਸ਼ ਕਰਾਰ ਦਿੱਤਾ ਹੈ।ਜਾਣਕਾਰੀ ਅਨੁਸਾਰ, ਇਸ ਤੋਂ ਪਹਿਲਾਂ ਵੀ ਪ੍ਰਬੰਧਕੀ ਕਾਰਨਾਂ ਦਾ ਹਵਾਲਾ ਦੇ ਕੇ ਚੋਣ ਮੁਲਤਵੀ ਕਰ ਦਿੱਤੀ ਗਈ ਸੀ। ਇਸ ਵਾਰ ਵੀ ਸੱਤਾ ਧਿਰ ਦੇ ਕੌਂਸਲਰਾਂ ਦੀ ਗੈਰਹਾਜ਼ਰੀ ਕਾਰਨ ਮੀਟਿੰਗ ਸਿਰੇ ਨਾ ਚੜ੍ਹ ਸਕੀ। 15 ਮੈਂਬਰੀ ਨਗਰ ਕੌਂਸਲ ਵਿੱਚ ਸੱਤਾਧਾਰੀ ਪਾਰਟੀ ਅਤੇ ਕਾਂਗਰਸ ਦੇ 7-7 ਕੌਂਸਲਰ ਹਨ, ਜਦ ਕਿ ਇੱਕ ਕੌਂਸਲਰ ਸ਼੍ਰੋਮਣੀ ਅਕਾਲੀ ਦਲ ਨਾਲ ਸਬੰਧਿਤ ਹੈ। ਇਸ ਮੌਕੇ ਮੀਟਿੰਗ ਦੌਰਾਨ ਕਾਂਗਰਸੀ ਕੌਂਸਲਰ ਅਮਰਪਾਲ ਸਿੰਘ ਤੂਰ, ਜਗਤਾਰ ਸਿੰਘ, ਰਜਨੀ ਸ਼ਰਮਾ, ਹਰਪ੍ਰੀਤ ਸਿੰਘ ਬਾਜਵਾ, ਗੁਰਤੇਜ ਕੌਰ, ਬਲਕਾਰ ਸਿੰਘ ਅਤੇ ਕਰਮਜੀਤ ਕੌਰ ਹਾਜ਼ਰ ਸਨ।

## ਡਾਕੂਮੈਂਟਰੀ ਵੈਨ ਗੁਰੂ ਸਾਹਿਬ ਦੇ ਸੰਦੇਸ਼ ਨੂੰ ਘਰ-ਘਰ ਪਹੁੰਚਾਉਣ ਦਾ ਸਾਧਨ ਬਣੇਗੀ : ਰਹਿਮਾਨ

**ਮਾਲੇਰਕੋਟਲਾ (ਅਸਗਰ ਪਰਿਹਾਰ)** - ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650 ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਲੜੀ ਤਹਿਤ ਜ਼ਿਲ੍ਹਾ ਮਾਲੇਰਕੋਟਲਾ ਦੇ ਪਿੰਡ ਦਸੌਂਦਾ ਸਿੰਘ ਵਾਲਾ ਅਤੇ ਮਾਨਕੀ ਵਿਖੇ ਬੀਤੀ ਦੇਰ ਸ਼ਾਮ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਫਲਸਫ਼ੇ ਅਤੇ ਪਵਿੱਤਰ ਸਿੱਖਿਆਵਾਂ 'ਤੇ ਆਧਾਰਿਤ ਡਾਕੂਮੈਂਟਰੀ ਦਾ ਪ੍ਰਦਰਸ਼ਨ ਕੀਤਾ ਗਿਆ।ਵਿਧਾਇਕ ਮਾਲੇਰਕੋਟਲਾ ਡਾ. ਮੁਹੰਮਦ ਜਮੀਲ ਉਰ ਰਹਿਮਾਨ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਚਲਾਈ ਗਈ ਇਹ ਵਿਲੱਖਣ ਮੁਹਿੰਮ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਮਹਾਨ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਸਮਾਜਿਕ ਬਰਾਬਰੀ ਦੇ ਸੰਦੇਸ਼ ਨੂੰ ਘਰ-ਘਰ ਪਹੁੰਚਾਉਣ ਦਾ ਪ੍ਰਭਾਵਸ਼ਾਲੀ ਸਾਧਨ ਸਾਬਤ ਹੋਵੇਗੀ। ਉਨ੍ਹਾਂ ਕਿਹਾ ਕਿ ਇਹ ਡਾਕੂਮੈਂਟਰੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ, ਜਿਨ੍ਹਾਂ ਨੇ ਆਪਣਾ ਸਮੁੱਚਾ ਜੀਵਨ ਜਾਤ-ਪਾਤ, ਉਚ-ਨੀਚ ਅਤੇ ਸਮਾਜਿਕ ਭੇਦਭਾਵ ਦੇ ਖ਼ਾਤਮੇ ਲਈ ਸਮਰਪਿਤ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650 ਪ੍ਰਕਾਸ਼ ਪੁਰਬ ਨੂੰ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਉਣ ਲਈ ਸਾਲ ਭਰ ਸਮਾਗਮ ਕਰਵਾਏ ਜਾ ਰਹੇ ਹਨ ਜਿਨ੍ਹਾਂ ਲਈ 100 ਕਰੋੜ ਰੁਪਏ ਦਾ ਬਜਟ ਰਾਖਵਾਂ ਰੱਖਿਆ ਗਿਆ ਹੈ। ਇਸ ਮੌਕੇ ਚੇਅਰਮੈਨ ਬਲਾਕ ਸੰਮਤੀ ਮਾਲੇਰਕੋਟਲਾ ਸੰਤੋਖ ਸਿੰਘ, ਸਰਪੰਚ ਪਰਮਜੀਤ ਕੌਰ, ਪੰਚ ਚਮਕੌਰ ਸਿੰਘ, ਪੰਚ ਬਲਜੀਤ ਸਿੰਘ, ਪੰਚ ਪਰਮਜੀਤ ਸਿੰਘ, ਜਸਵੀਰ ਕੌਰ, ਪੰਚਾਇਤ ਸਕੱਤਰ ਰਾਜਿੰਦਰ ਸਿੰਘ ਤੋਂ ਇਲਾਵਾ ਹੋਰ ਮੋਹਤਬਰ ਮੌਜੂਦ ਸਨ।

## ਨਗਰ ਨਿਗਮ ਨੇ ਹੈਰੀਟੇਜ ਸਟਰੀਟ 'ਤੇ ਗੈਰ-ਕਾਨੂੰਨੀ ਸਟਾਲ ਤੇ ਬੈਂਚ ਹਟਾਏ, ਸਮਾਨ ਜ਼ਬਤ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ/ਕੰਵਲਜੀਤ ਸਿੰਘ/ਜਗਦੀਸ਼ ਕਮਲੇਸ਼)- ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਦੇ ਨਿਰਦੇਸ਼ਾਂ ਅਤੇ ਵਧੀਕ ਨਗਰ ਨਿਗਮ ਕਮਿਸ਼ਨਰ ਡਾ. ਜੈ ਇੰਦਰ ਸਿੰਘ ਦੀ ਅਗਵਾਈ ਹੇਠ ਨਗਰ ਨਿਗਮ ਅੰਮ੍ਰਿਤਸਰ ਦੇ ਐਸਟੇਟ ਵਿਭਾਗ ਵੱਲੋਂ ਹੈਰੀਟੇਜ ਸਟਰੀਟ ਅਤੇ ਸ੍ਰੀ ਹਰਿਮੰਦਰ ਸਾਹਿਬ (ਸ੍ਰੀ ਦਰਬਾਰ ਸਾਹਿਬ) ਦੇ ਆਲੇ-ਦੁਆਲੇ ਖੇਤਰਾਂ ਵਿੱਚ ਵਿਸ਼ੇਸ਼ ਐਂਟੀ-ਇਨਕਰੋਚਮੈਂਟ ਮੁਹਿੰਮ ਚਲਾਈ ਗਈ।

ਇਹ ਕਾਰਵਾਈ ਸਕੱਤਰ-ਕਮ-ਐਸਟੇਟ ਅਫਸਰ ਸੁਸ਼ਾਂਤ ਭਾਟੀਆ ਅਤੇ ਐਸਟੇਟ ਅਫਸਰ ਧਰਮਿੰਦਰ ਜੀਤ ਸਿੰਘ ਦੀ ਨਿਗਰਾਨੀ ਹੇਠ ਕੀਤੀ ਗਈ। ਮੁਹਿੰਮ ਦੌਰਾਨ ਫੁੱਟਪਾਥਾਂ ਅਤੇ ਜਨਤਕ ਥਾਵਾਂ 'ਤੇ ਗੈਰ-ਕਾਨੂੰਨੀ ਤੌਰ 'ਤੇ ਲਗਾਏ ਗਏ ਸਟਾਲ, ਬੈਂਚ ਅਤੇ ਹੋਰ ਸਮਾਨ ਨੂੰ ਹਟਾਇਆ ਗਿਆ ਅਤੇ ਉੱਥੇ ਪਿਆ ਸਮਾਨ ਜ਼ਬਤ ਕਰ ਲਿਆ ਗਿਆ। ਇਸ ਤੋਂ ਇਲਾਵਾ ਹਰਿਪੁਰਾ ਖੇਤਰ ਵਿੱਚ ਇੱਕ ਗੈਰ-ਕਾਨੂੰਨੀ ਖੋਖਾ ਵੀ ਹਟਾਇਆ ਗਿਆ।ਇਹ ਕਾਰਵਾਈ ਐਸਟੇਟ ਵਿਭਾਗ ਦੀ ਟੀਮ ਨੇ ਇੰਸਪੈਕਟਰ ਪ੍ਰੀਤੀ ਚੌਹਾਨ ਅਤੇ ਇੰਸਪੈਕਟਰ ਅਮਨ ਸਮੇਤ ਹੋਰ ਇਨਫੋਰਸਮੈਂਟ ਕਰਮਚਾਰੀਆਂ ਦੀ ਸਹਾਇਤਾ ਨਾਲ ਅੰਜਾਮ ਦਿੱਤੀ।ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਨੇ ਕਿਹਾ ਕਿ ਹੈਰੀਟੇਜ ਸਟਰੀਟ ਸ਼ਹਿਰ ਦਾ ਇੱਕ ਬਹੁਤ ਹੀ ਮਹੱਤਵਪੂਰਨ ਧਾਰਮਿਕ ਅਤੇ ਸੈਲਾਨੀ ਕੇਂਦਰ ਹੈ ਅਤੇ ਇਸ ਨੂੰ ਹਰ ਹਾਲਤ ਵਿੱਚ ਕਬਜ਼ਾ-ਮੁਕਤ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਫੁੱਟਪਾਥ ਸਿਰਫ਼ ਆਮ ਲੋਕਾਂ ਅਤੇ ਪੈਦਲ ਚੱਲਣ ਵਾਲਿਆਂ ਦੀ ਸੁਵਿਧਾ ਲਈ ਹਨ ਅਤੇ ਉਨ੍ਹਾਂ 'ਤੇ ਕਿਸੇ ਵੀ ਤਰ੍ਹਾਂ ਦੀ ਵਪਾਰਕ ਗਤੀਵਿਧੀ ਦੀ ਆਗਿਆ ਨਹੀਂ ਦਿੱਤੀ ਜਾ ਸਕਦੀ।ਉਨ੍ਹਾਂ ਦੱਸਿਆ ਕਿ ਨਗਰ ਨਿਗਮ ਵੱਲੋਂ ਪਹਿਲਾਂ ਹੀ ਦੁਕਾਨਦਾਰਾਂ, ਰੇਹੜੀ-ਫੜੀ ਚਲਾਉਣ ਵਾਲਿਆਂ ਅਤੇ ਹੋਰ ਲੋਕਾਂ ਨੂੰ ਹੈਰੀਟੇਜ ਸਟਰੀਟ ਅਤੇ ਜਨਤਕ ਫੁੱਟਪਾਥਾਂ 'ਤੇ ਕਬਜ਼ਾ ਨਾ ਕਰਨ ਸਬੰਧੀ ਸਲਾਹ ਜਾਰੀ ਕੀਤੀ ਜਾ ਚੁੱਕੀ ਹੈ। ਇਸ ਦੇ ਬਾਵਜੂਦ ਕੁਝ ਲੋਕਾਂ ਵੱਲੋਂ ਲਗਾਤਾਰ ਉਲੰਘਣਾ ਕੀਤੇ ਜਾਣ ਕਾਰਨ ਨਿਗਮ ਨੂੰ ਸਖ਼ਤ ਕਾਰਵਾਈ ਕਰਨੀ ਪਈ।ਵਧੀਕ ਨਗਰ ਨਿਗਮ ਕਮਿਸ਼ਨਰ ਡਾ. ਜੈ ਇੰਦਰ ਸਿੰਘ ਨੇ ਕਿਹਾ ਕਿ ਪੈਦਲ ਯਾਤਰੀਆਂ ਦੀ ਸੁਵਿਧਾ, ਸਫ਼ਾਈ ਅਤੇ ਹੈਰੀਟੇਜ ਖੇਤਰ ਦੀ ਗਰਿਮਾ ਅਤੇ ਸੁੰਦਰਤਾ ਨੂੰ ਬਣਾਈ ਰੱਖਣ ਲਈ ਇਹ ਮੁਹਿੰਮ ਨਿਯਮਿਤ ਤੌਰ 'ਤੇ ਜਾਰੀ ਰਹੇਗੀ।

## ਸੀ ਟੀ ਯੂ ਪੰਜਾਬ ਦੀ ਛੇਵੀਂ ਸੂਬਾਈ ਕਾਨਫਰੰਸ 11 ਤੋਂ : ਕਾਮਰੇਡ ਨੱਥਾ ਸਿੰਘ



ਪਠਾਨਕੋਟ (ਦਵਿੰਦਰ ਸਿੰਘ)- ਸੈਂਟਰ ਆਫ ਟਰੇਡ ਯੂਨੀਅਨਜ਼ (ਸੀ ਟੀ ਯੂ) ਪੰਜਾਬ ਦੀ ਛੇਵੀਂ ਸੂਬਾਈ ਕਾਨਫਰੰਸ 11-12 ਜੁਲਾਈ ਨੂੰ ਸ਼ਹੀਦ ਰਾਮ ਸਿੰਘ ਪਠਾਨੀਆ ਕਿਰਤੀ ਕੇਂਦਰ ਸ਼ਾਹਪੁਰ ਕੰਡੀ ਵਿਖੇ ਹੋ ਰਹੀ ਹੈ। ਕਾਨਫਰੰਸ ਦੀ ਮੁਕੰਮਲ ਤਿਆਰੀ ਸਬੰਧੀ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਾਮਰੇਡ ਨੱਥਾ ਸਿੰਘ ਢਡਵਾਲ ਅਤੇ ਹਰਿੰਦਰ ਸਿੰਘ ਰੰਧਾਵਾ ਨੇ ਦੱਸਿਆ ਕਿ ਸੀ ਟੀ ਯੂ ਪੰਜਾਬ ਨਾਲ ਐਫੀਲੇਟਡ ਮਜ਼ਦੂਰ ਯੂਨੀਅਨਾਂ ਦੇ ਚੋਣਵੇਂ ਆਗੂ ਡੈਲੀਗੇਟ ਪਹੁੰਚਣਗੇ। ਕਾਨਫਰੰਸ ਦੇ ਪਹਿਲੇ ਦਿਨ 11 ਜੁਲਾਈ ਨੂੰ ਮੁੱਖ ਬੁਲਾਰੇ ਟਰੇਡ ਯੂਨੀਅਨ ਦੇ ਉੱਘੇ ਆਗੂ ਆਰ ਐਮ ਪੀ ਆਈ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਅਤੇ ਪੰਜਾਬ ਦੀਆਂ ਵੱਖ ਵੱਖ ਟਰੇਡ ਯੂਨੀਅਨਾਂ ਦੇ ਮੁੱਖ ਆਗੂ ਛੇਵੀਂ ਸੂਬਾਈ ਕਾਨਫਰੰਸ ਨੂੰ ਭਰਾਤਰੀ ਸੰਦੇਸ਼ ਦੇਣ ਲਈ ਉਚੇਚ ਨਾਲ ਪਹੁੰਚ ਰਹੇ ਹਨ। ਕਾਨਫਰੰਸ ਵਿੱਚ ਮਜ਼ਦੂਰਾਂ ਨਾਲ ਜੁੜੇ ਮੁੱਦਿਆਂ ਚਾਰ ਲੇਬਰ ਕੋਡ ਰੱਦ ਕਰਨ, ਮਿਨੀਮਮ ਵੇਜ ਵਿੱਚ ਸੋਧ ਕਰਨ, ਬਾਰਾਂ ਘੰਟੇ ਕੰਮ ਲੈਣ ਲਈ ਜਾਰੀ ਨੋਟੀਫਿਕੇਸ਼ਨ ਰੱਦ ਕਰਨ, ਠੇਕੇਦਾਰੀ ਸਿਸਟਮ ਬੰਦ ਕਰਨ ਤੇ ਕੱਚੇ ਕਾਮੇ ਪੱਕੇ ਕਰਨ, ਆਸ਼ਾ ਵਰਕਰ ਮਿਡ-ਡੇ-ਮੀਲ ਆਂਗਣਵਾੜੀ ਵਰਕਰ ਚੌਕੀਦਾਰਾਂ ਸਮੇਤ ਹੋਰ ਸਾਰੇ ਸਕੀਮ ਅਧਾਰਤ ਵਰਕਰਾਂ ਨੂੰ ਘੱਟੋ-ਘੱਟ ਉਜਰਤ ਦੇਣਾ ਯਕੀਨੀ ਬਣਾਉਣ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਆਦਿ ਮੰਗਾਂ ਉੱਪਰ ਚਰਚਾ ਕਰਨ ਉਪਰੰਤ ਸਾਂਝੇ ਸੰਘਰਸ਼ ਵਿੱਢਣ ਦੀ ਰੂਪ ਰੇਖਾ ਤਿਆਰ ਕੀਤੀ ਜਾਵੇਗੀ ਉੱਥੇ ਹੀ ਡੈਲੀਗੇਟ ਅਜਲਾਸ ਦੌਰਾਨ ਸੱਤਾਧਾਰੀ ਰਾਜਸੀ ਪਾਰਟੀਆਂ ਵੱਲੋਂ ਆਮ ਲੋਕਾਂ ਨੂੰ ਦਰਪੇਸ਼ ਆਰਥਿਕ ਕਾਣੀਵੰਡ, ਸਮਾਜਿਕ ਨਾ ਬਰਾਬਰੀ, ਰਾਜਨੀਤਕ ਅਤੇ ਵਿਚਾਰਧਾਰਕ ਹੋ ਰਹੇ ਹਮਲਿਆਂ ਖਿਲਾਫ ਵੀ ਵਿਚਾਰ ਚਰਚਾ ਕੀਤੀ ਜਾਵੇਗੀ ਤੇ ਵਿਰੋਧ ਕੀਤਾ ਜਾਵੇਗਾ।ਉਨ੍ਹਾਂ ਅੱਗੇ ਦੱਸਿਆ ਕਿ ਡੈਲੀਗੇਟ ਸਾਥੀਆਂ ਦੀ ਰਿਹਾਇਸ਼ ਤੇ ਖਾਣੇ ਦੀ ਵਿਵਸਥਾ ਦਾ ਪੂਰਾ ਪ੍ਰਬੰਧ ਕਰ ਲਿਆ ਗਿਆ ਹੈ।

## ਪਾਣੀ ਨਾ ਮਿਲਣ ਕਾਰਨ ਰਾਸ਼ਟਰੀ ਰਾਜਮਾਰਗ 'ਤੇ ਕੀਤਾ ਚੱਕਾ ਜਾਮ




ਪਠਾਨਕੋਟ (ਦਵਿੰਦਰ ਸਿੰਘ)- ਸਿਆਸੀ ਆਗੂਆਂ ਵੱਲੋਂ ਬਲਾਕ ਧਾਰ ਕਲਾਂ ਦੇ ਪਿੰਡਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਕਰੋੜਾਂ ਰੁਪਏ ਖਰਚ ਕਰਨ ਦੇ ਦਾਅਵੇ ਕੀਤੇ ਜਾਂਦੇ ਹਨ, ਪਰ ਜ਼ਮੀਨੀ ਹਕੀਕਤ ਇਨ੍ਹਾਂ ਦਾਅਵਿਆਂ ਦੀ ਪੋਲ ਖੋਲ੍ਹਦੀ ਨਜ਼ਰ ਆਉਂਦੀ ਹੈ। ਇੱਥੋਂ ਦੇ ਲੋਕ ਕਈ ਦਹਾਕਿਆਂ ਤੋਂ ਪੀਣ ਵਾਲੇ ਪਾਣੀ ਦੀ ਕਿੱਲਤ ਨਾਲ ਜੂਝ ਰਹੇ ਹਨ।

ਆਗੂਆਂ ਨੇ ਇਸ ਸਮੱਸਿਆ ਦੇ ਹੱਲ ਦੇ ਨਾਂਅ 'ਤੇ ਸਿਰਫ਼ ਆਪਣਾ ਵੋਟ ਬੈਂਕ ਮਜ਼ਬੂਤ ਕੀਤਾ, ਪਰ ਇਸ ਦਾ ਕੋਈ ਪੱਕਾ ਹੱਲ ਨਹੀਂ ਕਰ ਸਕੇ। ਅੱਜ ਵੀ ਲੋਕ ਪਾਣੀ ਦੀ ਹਰ ਬੂੰਦ ਲਈ ਕਈ-ਕਈ ਦਿਨ ਤੱਕ ਸੰਘਰਸ਼ ਕਰਨ ਲਈ ਮਜਬੂਰ ਹਨ।ਤਿੱਖੀ ਧੁੱਪ ਅਤੇ ਭਿਆਨਕ ਗਰਮੀ ਦੇ ਮੌਸਮ ਵਿੱਚ ਜੇ ਪੀਣ ਲਈ ਦੋ ਘੁੱਟ ਪਾਣੀ ਵੀ ਨਾ ਮਿਲੇ ਤਾਂ ਲੋਕਾਂ ਦੀ ਜ਼ਿੰਦਗੀ ਕਿੰਨੀ ਮੁਸ਼ਕਲ ਹੋ ਜਾਂਦੀ ਹੈ, ਇਸ ਦਾ ਅੰਦਾਜ਼ਾ ਲਗਾਇਆ ਜਾ ਸਕਦਾ ਹੈ। ਅਜਿਹੀ ਹੀ ਸਥਿਤੀ ਦਾ ਸਾਹਮਣਾ ਬਲਾਕ ਧਾਰ ਕਲਾਂ ਅਧੀਨ ਪਿੰਡ ਬੁੰਗਲ ਦੇ ਮਿਸਤਰੀ ਮੁਹੱਲੇ ਦੇ ਲੋਕ ਕਰ ਰਹੇ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਪਿਛਲੇ ਕਈ ਦਿਨਾਂ ਤੋਂ ਉਨ੍ਹਾਂ ਦੇ ਇਲਾਕੇ ਵਿੱਚ ਪੀਣ ਵਾਲੇ ਪਾਣੀ ਦੀ ਸਪਲਾਈ ਪੂਰੀ ਤਰ੍ਹਾਂ ਠੱਪ ਪਈ ਹੋਈ ਹੈ।ਧਰਨੇ 'ਤੇ ਬੈਠੀਆਂ ਮਹਿਲਾਵਾਂ ਅਤੇ ਮੁਹੱਲਾ ਵਾਸੀਆਂ ਨੇ ਦੱਸਿਆ ਕਿ ਕਈ ਦਿਨਾਂ ਤੋਂ ਪਾਣੀ ਨਾ ਮਿਲਣ ਕਾਰਨ ਘਰ ਦਾ ਕੰਮਕਾਜ ਚਲਾਉਣਾ ਬਹੁਤ ਮੁਸ਼ਕਲ ਹੋ ਗਿਆ ਹੈ। ਜਲ ਸਪਲਾਈ ਵਿਭਾਗ ਇਸ ਪਾਸੇ ਕੋਈ ਧਿਆਨ ਨਹੀਂ ਦੇ ਰਿਹਾ। ਲੋਕਾਂ ਨੂੰ ਆਪਣੇ ਖ਼ਰਚੇ 'ਤੇ ਪਾਣੀ ਦੇ ਟੈਂਕਰ ਮੰਗਵਾਉਣੇ ਪੈ ਰਹੇ ਹਨ। ਉਨ੍ਹਾਂ ਕਿਹਾ ਕਿ ਗਰੀਬ ਲੋਕ ਵਾਰ-ਵਾਰ 600 ਤੋਂ 700 ਰੁਪਏ ਖਰਚ ਕਰਕੇ ਟੈਂਕਰ ਨਹੀਂ ਮੰਗਵਾ ਸਕਦੇ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਕਈ ਵਾਰ ਵਿਭਾਗ ਨੂੰ ਜਾਣੂ ਕਰਵਾਇਆ ਜਾ ਚੁੱਕਾ ਹੈ ਕਿ ਪਾਣੀ ਦੀ ਸਪਲਾਈ ਨਹੀਂ ਹੋ ਰਹੀ, ਜਿਸ ਕਾਰਨ ਲੋਕਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇ ਪਾਣੀ ਦੀ ਸਹੀ ਢੰਗ ਨਾਲ ਵੰਡ ਕੀਤੀ ਜਾਵੇ ਤਾਂ ਪਿੰਡ ਦੀ ਪਾਣੀ ਦੀ ਸਮੱਸਿਆ ਦਾ ਹੱਲ ਹੋ ਸਕਦਾ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇ ਜਲਦੀ ਪਾਣੀ ਦੀ ਸਪਲਾਈ ਬਹਾਲ ਨਾ ਕੀਤੀ ਗਈ ਤਾਂ ਉਹ ਪਾਣੀ ਦੀ ਮੰਗ ਨੂੰ ਲੈ ਕੇ ਪਠਾਨਕੋਟ-ਡਲਹੌਜ਼ੀ ਰਾਸ਼ਟਰੀ ਰਾਜਮਾਰਗ 'ਤੇ ਆਪਣਾ ਵਿਰੋਧ ਪ੍ਰਦਰਸ਼ਨ ਜਾਰੀ ਰੱਖਣ ਲਈ ਮਜਬੂਰ ਹੋਣਗੇ।ਇਸ ਸਬੰਧੀ ਜਦੋਂ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਐਸ ਡੀ ਓ ਸੰਜੀਵ ਸੈਣੀ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਦੱਸਿਆ ਕਿ ਦੋ ਦਿਨ ਪਹਿਲਾਂ ਇਸ ਮੁਹੱਲੇ ਵਿੱਚ ਪਾਣੀ ਦੀ ਸਪਲਾਈ ਕੀਤੀ ਗਈ ਸੀ। ਅੱਜ ਵੀ ਸਪਲਾਈ ਦੀ ਵਾਰੀ ਸੀ, ਪਰ ਬਿਜਲੀ ਸਪਲਾਈ ਬੰਦ ਹੋਣ ਕਾਰਨ ਪਾਣੀ ਦੀ ਟੈਂਕੀ ਨਹੀਂ ਭਰ ਸਕੀ। ਉਨ੍ਹਾਂ ਕਿਹਾ ਕਿ ਜਿਵੇਂ ਹੀ ਬਿਜਲੀ ਸਪਲਾਈ ਬਹਾਲ ਹੋਵੇਗੀ, ਟੈਂਕੀ ਭਰ ਕੇ ਪਾਣੀ ਦੀ ਸਪਲਾਈ ਮੁੜ ਸ਼ੁਰੂ ਕਰ ਦਿੱਤੀ ਜਾਵੇਗੀ।

## ਕਿਸਾਨ ਜਥੇਬੰਦੀਆਂ ਵੱਲੋਂ 22 ਨੂੰ ਕੀਤੇ ਜਾਣਗੇ ਟੋਲ ਪਲਾਜ਼ੇ ਫਰੀ



ਚੇਤਨਪੁਰਾ (ਸੁਖਵੰਤ ਚੇਤਨਪੁਰੀ) - ਸਯੁੰਕਤ ਕਿਸਾਨ ਮੋਰਚਾ ਅੰਮ੍ਰਿਤਸਰ ਵਿੱਚ ਸ਼ਾਮਿਲ ਕਿਸਾਨ ਜਥੇਬੰਦੀਆਂ ਦੀ ਮੀਟਿੰਗ ਵੀਰਵਾਰ ਨੂੰ ਜਮਹੂਰੀ ਕਿਸਾਨ ਸਭਾ ਦੇ ਦਫਤਰ ਦੇਸ਼ ਭਗਤ ਕਾਮਰੇਡ ਫੌਜਾ ਸਿੰਘ ਭੁੱਲਰ ਟਰੱਸਟ ਵਿਖੇ ਗੁਰਦੇਵ ਸਿੰਘ ਵਰਪਾਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾ: ਸਤਨਾਮ ਸਿੰਘ ਅਜਨਾਲਾ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਦੇ ਫੈਸਲਿਆਂ ਅਨੁਸਾਰ ਭਾਰਤ ਅਮਰੀਕਾ ਵਪਾਰ ਸਮਝੌਤੇ ਅਤੇ ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਨੀਤੀ ਵਿਰੁੱਧ 22 ਜੁਲਾਈ ਨੂੰ ਪੰਜਾਬ ਅੰਦਰ ਟੋਲ ਪਲਾਜਾ ਫਰੀ ਕਰਨ ਦੇ ਫੈਸਲੇ ਅਨੁਸਾਰ ਅੰਮ੍ਰਿਤਸਰ ਜਿਲੇ ਅੰਦਰ 12 ਤੋਂ 3 ਵਜੇ ਤੱਕ ਨਿੱਜਰ, ਕੱਥੂਨੰਗਲ ਅਤੇ ਛਿੱਡਣ (ਅਟਾਰੀ) ਪਰਚੀ ਮੁਕਤ ਕੀਤੇ ਜਾਣਗੇ। ਇਸ ਤੋਂ ਇਲਾਵਾ ਕਿਸਾਨ ਆਗੂ ਲੱਖਬੀਰ ਸਿੰਘ ਨਿਜਾਮਪੁਰ ਅਤੇ ਜਤਿੰਦਰ ਸਿੰਘ ਛੀਨਾ ਨੇ ਸੰਯੁਕਤ ਕਿਸਾਨ ਮੋਰਚੇ ਦੀਆਂ ਮੰਗਾਂ ਐਮ.ਐਸ.ਪੀ. ਖ੍ਰੀਦ ਗਰੰਟੀ ਕਨੂੰਨ ਬਣਾਉਣ, ਬਿਜਲੀ ਬਿੱਲ ਅਤੇ ਬੀਜ ਬਿੱਲ ਨੂੰ ਵਾਪਿਸ ਕਰਵਾਉਣ, ਕਿਸਾਨਾਂ ਮਜਦੂਰਾਂ ਦਾ ਕਰਜਾ ਮੁਆਫ ਕਰਨ, ਚਾਰ ਲੇਬਰ ਕੋਡ ਰੱਦ ਕਰਨ ਅਤੇ ਮਨਰੇਗਾ ਕਨੂੰਨ ਬਹਾਲ ਕਰਨ ਲਈ ਕੇਂਦਰ ਸਰਕਾਰ ਖਿਲਾਫ ਜੋਰਦਾਰ ਸੰਘਰਸ਼ ਕਰਨ ਦਾ ਸੱਦਾ ਦਿੱਤਾ । ਇਸ ਮੀਟਿੰਗ ਵਿਚ ਵੱਖ ਵੱਖ ਕਿਸਾਨ ਜਥੇਬੰਦੀਆਂ ਦੇ ਆਗੂ ਭੈਣ ਕੰਵਲਜੀਤ ਕੌਰ, ਰਤਨ ਸਿੰਘ ਰੰਧਾਵਾ, ਮਾਸਟਰ ਅਮਰੀਕ ਸਿੰਘ, ਹਰਜੀਤ ਸਿੰਘ ਝੀਤਾ, ਬਲਬੀਰ ਸਿੰਘ ਮੂਧਲ, ਗੁਰਮੇਜ ਸਿੰਘ ਤਿੰਮੋਵਾਲ, ਸ਼ਮਸੇਰ ਸਿੰਘ ਹੇਰ ਅਤੇ ਮੁਖਤਿਆਰ ਸਿੰਘ ਮੁਹਾਵਾ ਆਦਿ ਹਾਜਰ ਸਨ।

## ਸੈਨੇਟਨਰੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੀ ਪਰਾਗੁਨ ਅੰਗੁਰਾਲ ਨੇ 2 ਗੋਲਡ ਮੈਡਲ ਜਿੱਤੇ



ਗੁਰਦਾਸਪੁਰ (ਦਿਨੇਸ਼ ਕੁਮਾਰ)- ਟੈਗੋਰ ਸੈਨੇਟਨਰੀ ਪਬਲਿਕ ਸੀਨੀਅਰ ਸਕੈਂਡਰੀ ਸਕੂਲ ਬਹਿਰਾਮਪੁਰ ਰੋਡ ਗੁਰਦਾਸਪੁਰ ਦੀ ਪ੍ਰਤੀਭਾਵਾਨ ਬੈਡਮਿੰਟਨ ਖਿਡਾਰਣ ਪਰਾਗੁਨ ਅੰਗੁਰਾਲ ਨੇ ਬੀਤੇ ਦਿਨੀ ਬੈਡਮਿੰਟਨ ਅਕਾਡਮੀ ਗੁਰਦਾਸਪੁਰ ਵੱਲੋਂ ਆਯੋਜਿਤ ਜਿਲ੍ਹਾ ਪੱਧਰੀ ਬੈਡਮਿੰਟਨ ਟੂਰਨਾਮੈਂਟ ਵਿਚ ਅੰਡਰ 17 ਅਤੇ ਅੰਡਰ 19 ਵਰਗ ਵਿਚ ਪਹਿਲਾ ਸਥਾਨ ਪ੍ਰਾਪਤ ਕਰਕੇ 2 ਗੋਲਡ ਮੈਡਲ ਪ੍ਰਾਪਤ ਕਰਕੇ ਸਕੂਲ ਅਤੇ ਆਪਣੇ ਮਾਤਾ ਪਿਤਾ ਦਾ ਨਾਮ ਰੋਸ਼ਨ ਕੀਤਾ ਹੈ ।ਖਿਡਾਰਣ ਅੰਗੁਰਾਲ ਦਾ ਸਕੂਲ ਪਹੁੰਚਣ 'ਤੇ ਸਕੂਲ ਦੇ ਚੇਅਰਮੈਨ ਰਵਿੰਦਰ ਸ਼ਰਮਾ ਵੱਲੋਂ ਭਰਭੂਰ ਸਵਾਗਤ ਕੀਤਾ ਗਿਆ ਅਤੇ ਖਿਡਾਰਣ ਨੂੰ ਹਰ ਸੰਭਵ ਸਹਾਇਤਾ ਦੇਣ ਦਾ ਵਾਅਦਾ ਕੀਤਾ ਗਿਆ ।

ਇਸ ਮੌਕੇ ਚੇਅਰਮੈਨ ਰਵਿੰਦਰ ਸ਼ਰਮਾ ਨੇ ਕਿਹਾ ਕਿ ਸਕੂਲ ਹਮੇਸ਼ਾ ਹੀ ਵਿਦਿਆਰਥੀਆ ਤੇ ਚੌਂਪੱਖੀ ਵਿਕਾਸ ਲਈ ਵੱਚਨਬੱਧ ਹੈ ਅਤੇ ਜਿਹੜੇ ਵੀ ਵਿਦਿਆਰਥੀ ਖੇਡਾਂ ਵਿਚ ਅਵੱਲ ਰਹਿੰਦੇ ਹਨ ਉਨ੍ਹਾ ਨੂੰ ਸਕੂਲ ਵੱਲੋਂ ਵਿਸ਼ੇਸ਼ ਸਹੂਲਤਾਂ ਪ੍ਰਦਾਨ ਕੀਤੀਆਂ ਜਾਂਦੀਆਂ ਹਨ। ਇਸ ਮੌਕੇ ਸਕੂਲ ਦਾ ਸਾਰਾ ਸਟਾਫ ਅਤੇ ਸਕੂਲੀ ਬੱਚੇ ਵੀ ਹਾਜ਼ਰ ਸਨ ਜਿਨ੍ਹਾ ਵੱਲੋਂ ਤਾਲੀਆਂ ਵਜਾ ਕੇ ਖਿਡਾਰਣ ਅੰਗੁਰਾਲ ਦਾ ਮਨੋਬਲ ਵਧਾਇਆ ਜਦ ਕਿ ਚੇਅਰਮੈਨ ਰਵਿੰਦਰ ਸ਼ਰਮਾ ਨੇ ਭਵਿੱਖ ਵਿਚ ਹੋਰ ਬੁਲੰਦੀਆਂ ਪ੍ਰਾਪਤ ਕਰਨ ਲਈ ਆਸ਼ੀਰਵਾਦ ਦਿੱਤਾ ।

## ਐੱਨ ਸੀ ਸੀ ਕੈਡਿਟਾਂ ਦੇ 10 ਦਿਨਾ ਸੰਯੁਕਤ ਸਾਲਾਨਾ ਸਿਖਲਾਈ ਕੈਂਪ ਦੀ ਸ਼ਾਨਦਾਰ ਸਮਾਪਤੀ




ਪਠਾਨਕੋਟ (ਦਵਿੰਦਰ ਸਿੰਘ)- ਪੰਜਾਬ ਨੇਵਲ ਯੂਨਿਟ ਐਨ ਸੀ ਸੀ, ਅੰਮ੍ਰਿਤਸਰ ਵੱਲੋਂ ਪ੍ਰਤਾਪ ਵਰਲਡ ਸਕੂਲ (ਪੀ ਡਬਲਿਊ ਐਸ), ਪਠਾਨਕੋਟ ਵਿਖੇ ਆਯੋਜਿਤ 10 ਦਿਨਾਂ ਦੇ ਸੰਯੁਕਤ ਸਾਲਾਨਾ ਸਿਖਲਾਈ ਕੈਂਪ ਦਾ ਸਮਾਪਨ ਦੇਸ਼ ਭਗਤੀ ਅਤੇ ਜੋਸ਼ ਨਾਲ ਭਰੇ ਸਮਾਰੋਹ ਨਾਲ ਕੀਤਾ ਗਿਆ। ਇਸ ਕੈਂਪ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਆਏ 450 ਤੋਂ ਵੱਧ ਨੇਵਲ ਐਨ ਸੀ ਸੀ ਕੈਡਿਟਾਂ ਨੇ ਭਾਗ ਲਿਆ ਅਤੇ ਪੂਰੇ ਕੈਂਪ ਦੌਰਾਨ ਅਨੁਸ਼ਾਸਨ, ਪ੍ਰਤਿਭਾ ਅਤੇ ਲੀਡਰਸ਼ਿਪ ਯੋਗਤਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਸਮਾਪਨ ਸਮਾਰੋਹ ਵਿੱਚ ਜ਼ਿਲ੍ਹਾ ਸਿੱਖਿਆ ਅਧਿਕਾਰੀ (ਸੈਕੰਡਰੀ), ਪਠਾਨਕੋਟ ਸ੍ਰੀਮਤੀ ਕਮਲਜੀਤ ਕੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਜਦ ਕਿ ਹਿੰਦੂ ਕੋਆਪਰੇਟਿਵ ਬੈਂਕ ਦੇ ਚੇਅਰਮੈਨ ਸ੍ਰੀ ਸਤੀਸ਼ ਮਹਿੰਦਰੂ ਅਤੇ ਸਪੋਰਟਸ ਐਸੋਸੀਏਸ਼ਨ ਪਠਾਨਕੋਟ ਦੇ ਸਕੱਤਰ ਸ੍ਰੀ ਸੀ. ਐਸ. ਲਾਇਲਪੁਰੀ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਸਨ । ਸਮਾਰੋਹ ਦੀ ਸ਼ੁਰੂਆਤ ਰਸਮੀ ਸਵਾਗਤ ਨਾਲ ਹੋਈ, ਜਿਸ ਤੋਂ ਬਾਅਦ ਐਨ ਸੀ ਸੀ ਕੈਡਿਟਾਂ ਵੱਲੋਂ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਕੈਡਿਟਾਂ ਨੇ ਮਨਮੋਹਕ ਲੋਕ ਨਾਚ, ਦੇਸ਼ ਭਗਤੀ ਭਰੀਆਂ ਪੇਸ਼ਕਾਰੀਆਂ, ਸਮੂਹ ਗਾਇਨ ਅਤੇ ਹੋਰ ਸੱਭਿਆਚਾਰਕ ਪ੍ਰੋਗਰਾਮਾਂ ਰਾਹੀਂ ਭਾਰਤ ਦੀ ਅਮੀਰ ਸੱਭਿਆਚਾਰਕ ਵਿਰਾਸਤ, ਰਾਸ਼ਟਰੀ ਏਕਤਾ, ਅਨੁਸ਼ਾਸਨ ਅਤੇ ਦੇਸ਼ ਭਗਤੀ ਦੀ ਭਾਵਨਾ ਦਾ ਪ੍ਰਭਾਵਸ਼ਾਲੀ ਪ੍ਰਦਰਸ਼ਨ ਕੀਤਾ।ਆਪਣੇ ਸੰਬੋਧਨ ਵਿੱਚ ਸ੍ਰੀਮਤੀ ਕਮਲਜੀਤ ਕੌਰ ਨੇ ਸਾਰੇ ਕੈਡਿਟਾਂ ਨੂੰ ਸਿਖਲਾਈ ਕੈਂਪ ਸਫਲਤਾਪੂਰਵਕ ਪੂਰਾ ਕਰਨ 'ਤੇ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਅਨੁਸ਼ਾਸਨ, ਸਮਰਪਣ ਅਤੇ ਉਤਸ਼ਾਹ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਰਾਸ਼ਟਰੀ ਕੈਡਿਟ ਕੋਰ ਨੌਜਵਾਨਾਂ ਵਿੱਚ ਜ਼ਿੰਮੇਵਾਰੀ, ਆਤਮ ਵਿਸ਼ਵਾਸ ਅਤੇ ਰਾਸ਼ਟਰ ਪ੍ਰਤੀ ਸਮਰਪਣ ਦੀ ਭਾਵਨਾ ਪੈਦਾ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਸ੍ਰੀ ਸਤੀਸ਼ ਮਹਿੰਦਰੂ ਨੇ ਐਨ ਸੀ ਸੀ ਅਧਿਕਾਰੀਆਂ, ਟ੍ਰੇਨਰਾਂ ਅਤੇ ਪ੍ਰਤਾਪ ਵਰਲਡ ਸਕੂਲ ਵੱਲੋਂ ਇਸ ਰਿਹਾਇਸ਼ੀ ਸਿਖਲਾਈ ਕੈਂਪ ਦੇ ਸਫਲ ਆਯੋਜਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਕੈਂਪ ਨੌਜਵਾਨਾਂ ਵਿੱਚ ਲੀਡਰਸ਼ਿਪ, ਅਨੁਸ਼ਾਸਨ, ਟੀਮ ਭਾਵਨਾ ਅਤੇ ਆਤਮਵਿਸ਼ਵਾਸ ਦਾ ਵਿਕਾਸ ਕਰਦੇ ਹਨ । ਇਸ ਮੌਕੇ ਪ੍ਰਤਾਪ ਵਰਲਡ ਸਕੂਲ ਦੀ ਪ੍ਰਿੰਸੀਪਲ ਸੁਸ਼੍ਰੀ ਸੁਭਰਾ ਰਾਣੀ ਨੇ ਕੈਂਪ ਦੇ ਸਫਲ ਆਯੋਜਨ 'ਤੇ ਖੁਸ਼ੀ ਪ੍ਰਗਟ ਕਰਦਿਆਂ ਯੋਗਦਾਨ ਪਾਉਣ ਵਾਲੇ ਐਨ ਸੀ ਸੀ ਅਧਿਕਾਰੀਆਂ, ਟ੍ਰੇਨਰਾਂ ਅਤੇ ਸਕੂਲ ਦੇ ਸਮੂਹ ਸਟਾਫ਼ ਦੀ ਸ਼ਲਾਘਾ ਕੀਤੀ।ਕਮਾਂਡਰ (ਐਨ) ਨਿਸ਼ਾਂਤ, ਕੈਂਪ ਕਮਾਂਡੈਂਟ ਨੇ ਸਾਰੇ ਕੈਡਿਟਾਂ ਨੂੰ ਕੈਂਪ ਦੌਰਾਨ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ ।ਪ੍ਰਤਾਪ ਵਰਲਡ ਸਕੂਲ ਦੇ ਡਾਇਰੈਕਟਰ ਸ੍ਰੀ ਸੰਨੀ ਮਹਾਜਨ ਨੇ ਸਾਰੇ ਕੈਡਿਟਾਂ ਨੂੰ ਸਿਖਲਾਈ ਕੈਂਪ ਸਫਲਤਾਪੂਰਵਕ ਪੂਰਾ ਕਰਨ 'ਤੇ ਵਧਾਈ ਦਿੱਤੀ ਤੇ ਖੁਸ਼ੀ ਦਾ ਇਜਹਾਰ ਕੀਤਾ।

## ਸ਼ੈਰੀ ਕਲਸੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਬੰਦ ਪਏ ਸੀਵਰੇਜ ਦੀ ਸਫਾਈ ਕਰਵਾਈ



ਬਟਾਲਾ (ਡਾਕਟਰ ਮਲਵਿੰਦਰ ਸਿੰਘ/ਤਰਲੋਕ ਬੱਗਾ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਵਾਸੀਆਂ ਦੀ ਸਹੂਲਤ ਲਈ ਵਿਕਾਸ ਕਾਰਜ ਜਾਰੀ ਹਨ।ਦਾਸ ਕਰਨ ਸੰਧੂ ਨੇ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਵਾਰਡ ਨੰਬਰ 24 ਗੌਂਸਪੁਰਾ ਦੀਆਂ ਵੱਖ-ਵੱਖ ਗਲੀਆਂ ਵਿਚ ਬੰਦ ਪਾਏ ਸੀਵਰੇਜਾਂ ਨੂੰ ਸਾਫ ਕੀਤਾ ਗਿਆ ਤਾਂ ਜੋ ਮੌਨਸੂਨ ਸੀਜ਼ਨ ਵਿਚ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਨਾ ਕਰਨਾ ਪਏ।ਉਨ੍ਹਾਂ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠਾਂ ਹਲਕਾ ਬਟਾਲਾ ਖਾਸ ਕਰਕੇ ਸ਼ਹਿਰ ਬਟਾਲਾ ਵਿੱਚ ਵਿਕਾਸ ਕਾਰਜਾਂ ਜਾਰੀ ਹਨ ਅਤੇ ਲੰਮੇ ਸਮੇਂ ਤੋਂ ਰਹਿੰਦੇ ਕਾਰਜਾਂ ਨੂੰ ਮੁਕੰਮਲ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਮਹਿਜ਼ ਸਾਢੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਬਟਾਲਾ ਸ਼ਹਿਰ ਅੰਦਰ ਟਰੈਫਿਕ ਦੀ ਸਮੱਸਿਆ ਦੇ ਹੱਲ ਲਈ ਸੜਕਾਂ ਅਤੇ ਚੌਕਾਂ ਨੂੰ ਖੁੱਲ੍ਹਾ ਕੀਤਾ ਗਿਆ ਹੈ। ਲੋਕਾਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਰਕਾਰੀ ਸੇਵਾਵਾਂ ਦਾ ਲਾਭ ਦੇਣ ਲਈ ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ। ਸ਼ਹਿਰ ਵਿੱਚ ਟਰੈਫਿਕ ਲਾਈਟਾਂ ਲਗਾਈਆਂ ਜਾ ਰਹੀਆਂ ਹਨ। ਸਕੂਲ ਆਫ ਐਮੀਨੈਂਸ ਤੋਂ ਇਲਾਵਾ ਆਮ ਆਦਮੀ ਕਲੀਨਿਕਾਂ ਵਿੱਚ ਮਰੀਜ਼ ਰੋਜ਼ਾਨਾ ਆਪਣੇ ਘਰਾਂ ਦੇ ਨੇੜੇ ਹੀ ਆਪਣਾ ਇਲਾਜ ਕਰਵਾ ਰਹੇ ਹਨ। ਸ਼ਾਨਦਾਰ ਪਾਰਕਾਂ ਦੀ ਉਸਾਰੀ ਕਰਵਾਉਣ ਸਮੇਤ ਵੱਖ ਵੱਖ ਵਿਕਾਸ ਕਾਰਜ ਕਰਵਾਏ ਗਏ ਹਨ।

## ਮਾਤਾ ਚਰਨ ਕੌਰ ਨਮਿਤ ਅੰਤਿਮ ਅਰਦਾਸ ਅੱਜ



ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ) - ਨੇਕ ਕੰਮਾਂ ਤੇ ਮਿੱਠ ਬੋਲੜੇ ਸੁਭਾਅ ਲਈ ਜਾਣੇ ਜਾਂਦੇ ਸਵ: ਮਿਸਤਰੀ ਪੂਰਨ ਸਿੰਘ ਚੱਠਿਆਂ ਵਾਲਾ ਦੀ ਧਰਮ ਸੁਪਤਨੀ ਮਾਤਾ ਚਰਨ ਕੌਰ ਜੋ ਪਿਛਲੇ ਦਿਨੀ ਇੱਕ ਜੁਲਾਈ 2026 ਨੂੰ ਸਦੀਵੀ ਵਿਛੋੜਾ ਦੇ ਗਏ ਸਨ, ਨਮਿਤ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਨ੍ਹਾਂ ਦੇ ਗ੍ਰਹਿ ਵਿਖੇ ਪੈਣ ਉਪਰੰਤ 10 ਜੁਲਾਈ ਸ਼ੁਕਰਵਾਰ ਨੂੰ ਕੀਰਤਨ ਅਤੇ ਅੰਤਿਮ ਅਰਦਾਸ ਗੁਰਦੁਆਰਾ ਬੀਬੀ ਰਜਨੀ ਜੀ ਸਾਹਮਣੇ ਰੇਲਵੇ ਸਟੇਸ਼ਨ ਪੱਟੀ (ਤਰਨ ਤਾਰਨ ) ਵਿਖੇ 12 -00 ਤੋਂ 1 -00 ਵਜੇ ਤੱਕ ਹੋਵੇਗੀ। ਮਾਤਾ ਚਰਨ ਕੌਰ ਦਾ ਜਨਮ ਪਹਿਲੀ ਜਨਵਰੀ 1936 ਨੂੰ ਸ: ਭੋਲਾ ਸਿੰਘ ਦੇ ਗ੍ਰਹਿ ਮਾਤਾ ਠਾਕਰੀ ਦੀ ਕੁੱਖੋਂ ਹੋਇਆ । ਉਹ ਆਪਣੇ ਮਹਿੰਦਰ ਸਿੰਘ, ਗੁਰਚਰਨ ਸਿੰਘ ਪਨੇਸਰ ਦੋ ਭਰਾਵਾਂ ਅਤੇ ਬਲਵੰਤ ਕੌਰ ਅਤੇ ਪਿਆਰ ਕੌਰ ਭੂਈ ਦੋ ਭੈਣਾਂ ਤੋਂ ਛੋਟੇ ਸਨ ।ਮਾਤਾ ਜੀ ਦੇ ਵਿਛੋੜੇ ਨਾਲ ਪਰਿਵਾਰ ਦੀ ਇਕ ਪੀੜੀ ਦਾ ਅੰਤ ਹੋ ਗਿਆ।

## ਬਲਬੀਰ ਸਿੰਘ ਪੰਨੂ ਨੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ



ਫਤਹਿਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਹਲਕਾ ਫ਼ਤਹਿਗੜ੍ਹ ਚੂੜੀਆਂ ਅਧੀਨ ਪੈਂਦੇ ਪਿੰਡ ਚੰਦੂ ਸੂਜਾ ਵਿਖੇ ਲੋਕ ਮਿਲਣੀ ਦੌਰਾਨ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੇ ਪਿੰਡ ਵਾਸੀਆਂ ਨਾਲ ਸਿੱਧਾ ਸੰਵਾਦ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਉਨ੍ਹਾਂ ਦੇ ਜਲਦ ਹੱਲ ਲਈ ਭਰੋਸਾ ਦਿੱਤਾ। ਇਸ ਮੌਕੇ ਲੋਕਾਂ ਨੂੰ ਮਾਨ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਲੋਕ ਭਲਾਈ ਸਹੂਲਤਾਂ, ਜਨ-ਕਲਿਆਣਕਾਰੀ ਯੋਜਨਾਵਾਂ ਅਤੇ ਸੰਵਿਧਾਨਕ ਹੱਕਾਂ ਬਾਰੇ ਵੀ ਜਾਣੂ ਕਰਵਾਇਆ ਗਿਆ।ਇਸ ਮੌਕੇ ਸਰਪੰਚ ਅਵਤਾਰ ਸਿੰਘ, ਨਿਰਮਲ ਸਿੰਘ ਫ਼ੌਜੀ, ਜਸਬੀਰ ਮਸੀਹ ਪੰਚ, ਦਿਲਬਾਗ ਸਿੰਘ ਪੰਚ, ਜਸਬੀਰ ਕੌਰ ਪੰਚ, ਰਿੰਪੀ ਪੰਚ, ਸਰਬਜੀਤ ਸਿੰਘ ਪੰਚ, ਦਿਲਬਾਗ ਸਿੰਘ, ਮਨੋਹਰ ਮਸੀਹ, ਜੀਤਾ ਮਸੀਹ, ਮੁੱਖ ਮਸੀਹ, ਜਸਪਾਲ ਸਿੰਘ, ਰਜਿੰਦਰ ਸਿੰਘ ਫੌਜੀ, ਮਨਪ੍ਰੀਤ ਸਿੰਘ, ਨਿਰਮਲ ਸਿੰਘ, ਮਹਿੰਦਰ ਸਿੰਘ, ਸਤਨਾਮ ਸਿੰਘ, ਰਣਜੀਤ ਸਿੰਘ, ਗੇਜਾ ਮਸੀਹ, ਹਰਪਿੰਦਰ ਸਿੰਘ, ਤਰਲੋਕ ਸਿੰਘ, ਹੀਰਾ ਸਿੰਘ ,ਆਦਿ ਹਾਜ਼ਰ ਰਹੇ ।

## ਬਾਬਾ ਕਰਮ ਸ਼ਾਹ ਦਾਤਾ ਦਾ ਸਾਲਾਨਾ ਮੇਲਾ ਮਨਾਇਆ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਇਤਿਹਾਸਕ ਕਸਬਾ ਫਤਿਹਾਬਾਦ ਵਿਖੇ ਸਥਿਤ ਗੁਰਦੁਆਰਾ ਬਾਬਾ ਕਰਮ ਸ਼ਾਹ ਦਾਤਾ ਵਿਖੇ ਸਲਾਨਾ ਮੇਲਾ ਬੜੀ ਹੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣ ਉਪਰੰਤ ਖੁੱਲ੍ਹੇ ਧਾਰਮਿਕ ਦੀਵਾਨ ਸਜਾਏ ਗਏ ਜਿਥੇ ਰਾਗੀ, ਢਾਡੀ ਤੇ ਕਵੀਸ਼ਰੀ ਜਥਿਆਂ ਨੇ ਸੰਗਤਾਂ ਨੂੰ ਗੁਰੂ ਜਸ ਸੁਣਾ ਕੇ ਨਿਹਾਲ ਕੀਤਾ। ਸ਼ਾਮ ਦੇ ਸਮੇਂ ਲੜਕੇ ਤੇ ਲੜਕੀਆਂ ਦੇ ਕਬੱਡੀ ਦੇ ਸ਼ੋ ਮੈਚ ਕਰਵਾਏ ਗਏ। ਪਹਿਲੇ ਲੜਕੀਆਂ ਦੇ ਮੈਚ ਜਿਸ ਵਿਚ ਫਤਿਹਾਬਾਦ ਦੀ ਟੀਮ ਨੇ ਗੁਰਦਾਸਪੁਰ ਨੂੰ ਹਰਾਇਆ ਜਦ ਕਿ ਦੂਸਰੇ ਮੁੰਡਿਆਂ ਦੇ ਮੈਚ ਜਿਸ ਵਿਚ ਖਡੂਰ ਸਾਹਿਬ ਨੇ ਖੀਰਾਂਵਾਲੀ ਦੀ ਟੀਮ 26 ਦੇ ਮੁਕਾਬਲੇ 41 ਅੰਕ ਲੈ ਕੇ ਜੇਤੂ ਰਹੀ। ਇਸ ਮੌਕੇ ਕੁੜੀਆਂ ਦੀ ਜੇਤੂ ਟੀਮ ਨੂੰ ਮੇਲਾ ਪ੍ਰਬੰਧਕਾਂ ਵਲੋਂ 12 ਤੇ ਰਨਰਅਪ ਟੀਮ ਨੂੰ 8 ਹਜ਼ਾਰ ਜਦ ਕਿ ਮੁੰਡਿਆਂ ਦੀ ਜੇਤੂ ਖਡੂਰ ਸਾਹਿਬ ਦੀ ਟੀਮ ਨੂੰ 60 ਹਜ਼ਾਰ ਤੇ ਰਨਰਅਪ ਖੀਰਾਂਵਾਲੀ ਦੀ ਟੀਮ ਨੂੰ 55 ਹਜ਼ਾਰ ਨਗਦ ਇਨਾਮ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਮੇਲਾ ਪ੍ਰਬੰਧਕਾਂ ਵਿਚ ਜਗਵਿੰਦਰ ਸਿੰਘ ਮਨਕੂ ਸਰਪੰਚ ਫਤਿਹਾਬਾਦ, ਮਹਿੰਦਰ ਸਿੰਘ ਕੰਬੋਜ, ਲਖਵਿੰਦਰ ਸਿੰਘ ਕਾਨੂੰਗੋ, ਸੁਖਦੇਵ ਸਿੰਘ ਨੰਬਰਦਾਰ, ਧਰਮ ਸਿੰਘ ਸੰਧਾ, ਮਾਸਟਰ ਬਲਵਿੰਦਰ ਸਿੰਘ, ਸੁਰਜੀਤ ਕੁਮਾਰ ਮੈਂਬਰ ਪੰਚਾਇਤ ਸਮੇਤ ਵੱਡੀ ਗਿਣਤੀ ਵਿਚ ਸੇਵਾਦਾਰ ਹਾਜ਼ਰ ਸਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੁਲਦੀਪ ਸਿੰਘ ਕੰਬੋਜ ਪ੍ਰਧਾਨ ਕਿਸਾਨ ਯੂਨੀਅਨ, ਅਮਰਜੀਤ ਸਿੰਘ ਧੰਦੂ ਪਹਿਲਵਾਨ, ਕਮਲਜੀਤ ਕੰਮੋ ਪਹਿਲਵਾਨ, ਰੱਕਾ ਪਹਿਲਵਾਨ, ਸੋਨੀ ਪਹਿਲਵਾਨ ਫਤਿਹਾਬਾਦ, ਕਸ਼ਮੀਰ ਸਿੰਘ ਸਹੋਤਾ, ਕੁਲਦੀਪ ਸਿੰਘ ਸਹੋਤਾ ਮੈਂਬਰ ਪੰਚਾਇਤ, ਬਲਵਿੰਦਰ ਸਿੰਘ ਸਾਬੀ, ਯੂਨੀਅਨ, ਬਲਕਾਰ ਸਿੰਘ ਠੇਕੇਦਾਰ, ਰਛਪਾਲ ਸਿੰਘ ਮੱਟੂ, ਕਿਰਪਾਲ ਸਿੰਘ ਮੱਟੂ, ਸੁਖਪਾਲ ਸਿੰਘ ਮੱਟੂ, ਕੁਲਦੀਪ ਸਿੰਘ, ਸੁਰਿੰਦਰ ਸਿੰਘ ਛਿੰਦਾ ਸਾਬਕਾ ਸਰਪੰਚ, ਜਗਜੀਤ ਸਿੰਘ ਕਾਲੂ, ਲਖਵਿੰਦਰ ਸਿੰਘ ਪੀ ਪੀ, ਕੁਲਵੰਤ ਸਿੰਘ ਬਿੱਲੂ ਸਰਪੰਚ, ਗੋਲਡੀ ਭਾਪਾ ਆਦਿ ਹਾਜ਼ਰ ਸਨ।

## ਪਿੰਡ ਡਾਲਾ 'ਚ ਪਾਣੀ ਨਾ ਆਉਣ ਕਾਰਨ ਪਿੰਡ ਵਾਸੀ ਪ੍ਰੇਸ਼ਾਨ

ਗੁਰਦਾਸਪੁਰ (ਜਨਕ ਮਹਾਜਨ)-ਗੁਰਦਾਸਪੁਰ-ਬਿਹਰਾਮਪੁਰ ਸੜਕ ਵਿਚਕਾਰ ਪੈਂਦੇ ਪਿੰਡ ਡਾਲਾ ਵਾਸੀਆਂ ਨੂੰ ਪਿਛਲੇ ਦਿਨਾਂ ਤੋਂ ਵਾਟਰ ਸਪਲਾਈ ਦਾ ਪਾਣੀ ਨਾ ਮਿਲਣ ਕਰਕੇ ਹਾਹਾਕਾਰ ਮਚੀ ਹੋਈ ਹੈ ਅਤੇ ਪਿੰਡ ਵਾਸੀ ਨਲਕਿਆਂ ਦਾ ਦੂਸ਼ਿਤ ਪਾਣੀ ਪੀਣ ਲਈ ਮਜ਼ਬੂਰ ਹਨ। ਡਾਲਾ ਦੇ ਵਾਸੀ ਗੁਰਮੀਤ ਸਿੰਘ ਤੇ ਹੋਰਨਾਂ ਨੇ ਦੱਸਿਆ ਕਿ ਵਾਟਰ ਸਪਲਾਈ ਦੀ ਟੈਂਕੀ ਨਜਦੀਕ ਪਿੰਡ ਭੋਲਾ ਵਿਖੇ ਹੈ ਜਿੱਥੋਂ ਪਾਣੀ ਦੀ ਸਪਲਾਈ ਛੱਡੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਟੈਂਕੀ 'ਤੇ ਮੌਜੂਦ ਕਰਮਚਾਰੀ ਆਪਣੀ ਮਰਜ਼ੀ ਨਾਲ ਡਿਊਟੀ 'ਤੇ ਆਉਂਦਾ ਹੈ ਅਤੇ ਨਜ਼ਦੀਕੀ ਲੋਕਾਂ ਵਲੋਂ ਪਾਣੀ ਦੀ ਸਪਲਾਈ ਆਪਣੇ ਆਪ ਹੀ ਖੋਲੀ ਅਤੇ ਬੰਦ ਕਰ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਡਿਊਟੀ 'ਤੇ ਮੌਜੂਦ ਕਰਮਚਾਰੀ ਦੀ ਅਣਗਿਹਲੀ ਕਾਰਨ ਇਹ ਸਮੱਸਿਆ ਪੇਸ਼ ਆ ਰਹੀ ਹੈ।

## ਜਸਬੀਰ ਕੌਰ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀਆਂ ਭੇਟ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਥਾਨਕ ਕਸਬੇ ਦੇ ਨਜ਼ਦੀਕੀ ਪਿੰਡ ਜੋੜੀਆਂ ਖੁਰਦ ਦੇ ਸਾਬਕਾ ਸਰਪੰਚ ਸੁਲੱਖਣ ਸਿੰਘ ਦੇ ਛੋਟੇ ਭਰਾ ਬਲਵਿੰਦਰ ਸਿੰਘ ਦੀ ਧਰਮ ਸੁਪਤਨੀ ਅਤੇ ਰੰਧਾਵਾ ਰੈਡੀਮੇਡ ਦੇ ਮਾਲਕ ਕੁਲਦੀਪ ਸਿੰਘ, ਸੁਖਦੀਪ ਸਿੰਘ ਅਤੇ ਗੁਰਪ੍ਰੀਤ ਸਿੰਘ ਦੀ ਮਾਤਾ ਸਰਦਾਰਨੀ ਜਸਬੀਰ ਕੌਰ (60) ਜੋ ਕੁਝ ਦਿਨ ਪਹਿਲਾਂ ਅਚਾਨਕ ਅਕਾਲ ਚਲਾਣਾ ਕਰ ਗਏ ਸਨ, ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਨ੍ਹਾ ਦੇ ਗ੍ਰਹਿ ਵਿਖੇ ਪਾਏ ਗਏ, ਉਪਰੰਤ ਅੰਤਿਮ ਅਰਦਾਸ, ਕੀਰਤਨ ਤੇ ਸ਼ਰਧਾਂਜਲੀ ਸਮਾਗਮ ਸਥਾਨਕ ਕਸਬਾ ਡੇਰਾ ਬਾਬਾ ਨਾਨਕ ਦੇ 10 ਡੋਗਰਾ ਮਾਰਗ ਸਥਿਤ ਗੁਰਦੁਆਰਾ ਬਾਬਾ ਸ੍ਰੀ ਚੰਦ ਵਿਖੇ ਕਰਵਾਇਆ ਗਿਆ। ਇਸ ਮੌਕੇ ਭਾਈ ਮਨਜਿੰਦਰ ਸਿੰਘ, ਭਾਈ ਜਸਵਿੰਦਰ ਸਿੰਘ ਧਾਰੋਵਾਲੀ ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਾਲਿਆਂ ਦੇ ਕੀਰਤਨੀ ਜਥੇ ਵੱਲੋਂ ਵਿਰਾਗਮਈ ਕੀਰਤਨ ਕੀਤਾ ਗਿਆ। ਉਪਰੰਤ ਹੈਡ ਗ੍ਰੰਥੀ ਬਾਬਾ ਭੁਪਿੰਦਰ ਸਿੰਘ ਵੱਲੋਂ ਜਸਬੀਰ ਕੌਰ ਦੀ ਆਤਮਿਕ ਸ਼ਾਂਤੀ ਅਤੇ ਸਰਬਤ ਦੇ ਭਲੇ ਦੀ ਅਰਦਾਸ ਕੀਤੀ ਗਈ । ਇਸ ਮੌਕੇ ਆਪ ਦੇ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ, ਚੇਅਰਮੈਨ ਗੁਰਪ੍ਰਤਾਪ ਸਿੰਘ ਖੁਸ਼ਹਾਲਪੁਰ, ਸਾਬਕਾ ਨਗਰ ਕੌਂਸਲ ਪ੍ਰਧਾਨ ਐਡਵੋਕੇਟ ਪ੍ਰਮੀਤ ਸਿੰਘ ਬੇਦੀ, ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ, ਆਪ ਆਗੂ ਤੇ ਨਗਰ ਕੌਂਸਲ ਪ੍ਰਧਾਨ ਦੇ ਪਤੀ ਰਾਜੇਸ਼ ਕੁਮਾਰ ਗੁਪਤਾ, ਵਾਈਸ ਪ੍ਰਧਾਨ ਕੁਲਵਿੰਦਰ ਸਿੰਘ ਬੇਦੀ, ਕੌਂਸਲਰ ਰਜਤ ਮਰਵਾਹਾ, ਕੌਂਸਲਰ ਬਲਦੇਵ ਰਾਜ ਡਾਇਮੰਡ, ਕੌਂਸਲਰ ਸੁਖਜੀਤ ਸਿੰਘ ਰੰਧਾਵਾ, ਕੌਂਸਲਰ ਗੁਰਨਾਮ ਸਿੰਘ ਪੱਖੋਕੇ ਸਮੇਤ ਵੱਖ-ਵੱਖ ਪਿੰਡਾਂ ਦੇ ਸਰਪੰਚਾਂ, ਸੰਮਤੀ ਮੈਂਬਰਾਂ ਤੇ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਬੀਬੀ ਜਸਬੀਰ ਕੌਰ ਨੂੰ ਭਾਵ-ਭਿੰਨੀ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਸਾਬਕਾ ਸਰਪੰਚ ਪਲਵਿੰਦਰ ਸਿੰਘ, ਗੁਰਦੀਪ ਸਿੰਘ ਬਿੱਟਾ, ਬਿਕਰਮਜੀਤ ਸਿੰਘ (ਵਿੱਕੀ), ਹਰਭਜਨ ਸਿੰਘ, ਹਰਜਿੰਦਰ ਸਿੰਘ, ਸਰਬਜੀਤ ਸਿੰਘ ਰੀਡਰ ਤਹਿਸੀਲਦਾਰ, ਐਡਵੋਕੇਟ ਰਾਜਨ ਬੇਦੀ, ਡਾਕਟਰ ਮਨਮੋਹਨ ਸਿੰਘ ਭੱਟੀ, ਸੱਜਣ ਸਿੰਘ ਖਲੀਲਪੁਰ, ਸੰਮਤੀ ਮੈਂਬਰ ਬਲਵਿੰਦਰ ਸਿੰਘ ਬਿੱਲੂ, ਪੀ ਏ ਲਵਪ੍ਰੀਤ ਸਿੰਘ, ਪਾਲੀ ਬੇਦੀ, ਸਤਨਾਮ ਸਿੰਘ ਠੇਠਰਕੇ, ਲਖਬੀਰ ਸਿੰਘ ਪ੍ਰਧਾਨ ਆੜ੍ਹਤੀ ਯੂਨੀਅਨ ਡੇਰਾ ਬਾਬਾ ਨਾਨਕ ਤੋਂ ਇਲਾਵਾ ਵੱਖ-ਵੱਖ ਸਰਪੰਚ, ਪੰਚ ਤੇ ਸੰਮਤੀ ਮੈਂਬਰ ਤੇ ਵੱਡੀ ਗਿਣਤੀ ਵਿੱਚ ਉਨ੍ਹਾਂ ਦੇ ਰਿਸ਼ਤੇਦਾਰ ਹਾਜ਼ਰ ਸਨ ।

## ਔਜਲਾ ਨੇ ਆਯੂਸ਼ਮਾਨ ਅਰੋਗਿਆ ਕੇਂਦਰਾਂ ਦਾ ਕੀਤਾ ਉਦਘਾਟਨ



ਛੇਹਰਟਾ/ ਚੇਤਨਪੁਰਾ, (ਮਨੋਜ ਕੁਮਾਰ/ਸੁਖਵੰਤ ਚੇਤਨਪੁਰੀ) : ਅੰਮ੍ਰਿਤਸਰ ਤੋਂ ਕਾਂਗਰਸ ਦੇ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਅਜਨਾਲਾ ਹਲਕੇ ਦੇ ਚਮਿਆਰੀ ਤੇ ਧਾਰੀਵਾਲ ਪਿੰਡਾਂ ਵਿਚ ਨਵੇਂ ਮੁਰੰਮਤ ਕੀਤੇ ਗਏ ਆਯੂਸ਼ਮਾਨ ਅਰੋਗਿਆ ਕੇਂਦਰਾਂ ਦਾ ਉਦਘਾਟਨ ਕਰਕੇ ਜਨਤਾ ਨੂੰ ਸਮਰਪਿਤ ਕੀਤਾ। ਉਨ੍ਹਾਂ ਕਿਹਾ ਕਿ ਚਮਿਆਰੀ ਤੇ ਧਾਰੀਵਾਲ ਵਿਚ ਸਿਹਤ ਕੇਂਦਰ ਲੰਬੇ ਸਮੇਂ ਤੋਂ ਖਸਤਾ ਹਾਲਤ ਵਿਚ ਸਨ । ਦੋਵਾਂ ਕੇਂਦਰਾਂ ਦਾ ਹੁਣ ਸੀ ਐੱਸ ਆਰ ਫੰਡਾਂ ਤੇ ਇਕ ਸਮਾਜਿਕ ਜਥੇਬੰਦੀ ਦੇ ਸਹਿਯੋਗ ਨਾਲ ਨਵੀਨੀਕਰਨ ਕੀਤਾ ਗਿਆ ਹੈ। ਉਨ੍ਹਾਂ ਦੇ ਭਰਾ ਸੁਖਜਿੰਦਰ ਸਿੰਘ ਔਜਲਾ ਵੀ ਇਸ ਮੌਕੇ 'ਤੇ ਮੌਜੂਦ ਸਨ। ਔਜਲਾ ਨੇ ਕਿਹਾ ਕਿ ਇਹ ਪ੍ਰੋਜੈਕਟ ਡਾ. ਫਾਰੂਕ ਤੇ ਉਨ੍ਹਾਂ ਦੀ ਐੱਨ ਜੀ ਓ ਦੇ ਸਹਿਯੋਗ ਨਾਲ ਸੰਭਵ ਹੋਇਆ ਹੈ।

## ਹਰਸਿਮਰ ਪ੍ਰੀਤ ਕੌਰ ਨੇ ਥਾਣਾ ਕੱਥੂਨੰਗਲ ਦਾ ਚਾਰਜ ਸੰਭਾਲਿਆ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)- ਹਲਕਾ ਮਜੀਠਾ 'ਚ ਪੈਂਦੇ ਥਾਣਾ ਕੱਥੂਨੰਗਲ ਨਵ-ਨਿਯੁਕਤ ਐਸ ਐਚ ਓ ਹਰਸਿਮਰ ਪ੍ਰੀਤ ਕੌਰ ਨੇ ਵੀਰਵਾਰ ਨੂੰ ਆਪਣੇ ਅਹੁਦੇ ਦਾ ਚਾਰਜ ਸੰਭਾਲਿਆ ਅਤੇ ਪੁਲਿਸ ਅਧਿਕਾਰੀਆਂ, ਮੁਲਾਜ਼ਮਾਂ ਨਾਲ ਮੁਲਾਕਾਤ ਕੀਤੀ ਅਤੇ ਕਾਨੂੰਨ ਵਿਵਸਥਾ ਨੂੰ ਮਜਬੂਤ ਕਰਨ ਲਈ ਵਿਚਾਰ ਵਟਾਂਦਰਾ ਕੀਤਾ । ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਹਨਾਂ ਕਿਹਾ ਕਿ ਉਹਨਾਂ ਦੀ ਪਹਿਲੀ ਤਰਜੀਹ ਇਲਾਕੇ ਵਿੱਚ ਅਮਨ ਸ਼ਾਂਤੀ ਬਣਾਈ ਰੱਖਣਾ ਅਤੇ ਨਸ਼ਿਆਂ ਵਿਰੁੱਧ ਸਖਤ ਕਾਰਵਾਈ ਕਰਨਾ ਹੈ। ਇਸ ਮੌਕੇ ਥਾਣਾ ਮੁਨਸ਼ੀ ਮਨਦੀਪ ਸਿੰਘ, ਪ੍ਰਧਾਨ ਗੁਰਪ੍ਰੀਤ ਸਿੰਘ, ਸਰਪੰਚ ਸਰਦਾਰ ਗੁਰਪਿੰਦਰ ਸਿੰਘ (ਪਿੰਡ-ਝੰਡੇ), ਅਰਸ਼ ਅਬਦਾਲ ਆਦਿ ਹਾਜ਼ਰ ਸਨ।

## ਸਰਕਾਰ ਨੂੰ ਨਸ਼ਿਆਂ ਦੇ ਨਾਲ-ਨਾਲ 'ਖਾਕੀ' ਵਿਰੁੱਧ ਜੰਗ ਛੇੜਨੀ ਚਾਹੀਦੀ : ਔਜਲਾ

ਛੇਹਰਟਾ, (ਮਨੋਜ ਕੁਮਾਰ)- ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਪੰਜਾਬ ਲਈ ਚਿੰਤਾ ਪ੍ਰਗਟ ਕੀਤੀ ਅਤੇ ਭਾਜਪਾ ਤੇ ਆਮ ਆਦਮੀ ਪਾਰਟੀ ਦੋਵਾਂ 'ਤੇ ਨਿਸ਼ਾਨਾ ਸਾਧਿਆ। ਉਨ੍ਹਾਂ ਹਾਲ ਹੀ ਵਿਚ ਹੋਈਆਂ ਨਗਰ ਕੌਂਸਲ ਤੇ ਨਗਰ ਪੰਚਾਇਤ ਪ੍ਰਧਾਨ ਚੋਣਾਂ ਵਿਚ 'ਆਪ' ਵੱਲੋਂ ਕੀਤੀਆਂ ਗਈਆਂ ਕਥਿਤ ਬੇਨਿਯਮੀਆਂ ਨੂੰ ਉਜਾਗਰ ਕੀਤਾ ਅਤੇ ਫਿਲਮ 'ਸਤਲੁਜ' ਸੰਬੰਧੀ ਭਾਜਪਾ ਦੀਆਂ ਕਾਰਵਾਈਆਂ ਦੀ ਆਲੋਚਨਾ ਕੀਤੀ। ਉਨ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਨਸ਼ਿਆਂ ਦੇ ਖ਼ਤਰੇ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਖਤਮ ਕਰਨ ਲਈ ਨਸ਼ਿਆਂ ਵਿਰੁੱਧ ਜੰਗ ਦੇ ਨਾਲ-ਨਾਲ 'ਖਾਕੀ' (ਪ੍ਰਸ਼ਾਸਕੀ/ਪੁਲਸ ਦੀ ਮਿਲੀਭੁਗਤ ਦਾ ਹਵਾਲਾ ਦਿੰਦੇ ਹੋਏ) ਵਿਰੁੱਧ ਮੁਹਿੰਮ ਸ਼ੁਰੂ ਕਰਨ ਦੀ ਸਲਾਹ ਵੀ ਦਿੱਤੀ। ਅੰਮ੍ਰਿਤਸਰ ਦੇ ਸੰਸਦ ਮੈਂਬਰ ਔਜਲਾ ਨੇ ਕਿਹਾ ਕਿ ਕਪੂਰਥਲਾ, ਮੋਰਿੰਡਾ ਤੇ ਚਮਕੌਰ ਸਾਹਿਬ ਵਿਚ ਜਿੱਥੇ ਕਾਂਗਰਸ ਤੇ ਇਸ ਦੇ ਸਮਰਥਕ ਕੌਂਸਲਰਾਂ ਕੋਲ ਸਪੱਸ਼ਟ ਬਹੁਮਤ ਸੀ, 'ਆਪ' ਉਮੀਦਵਾਰਾਂ ਨੂੰ ਰਾਜਨੀਤਿਕ ਦਬਾਅ ਤੇ ਸੱਤਾ ਦੀ ਦੁਰਵਰਤੋਂ ਰਾਹੀਂ ਪ੍ਰਧਾਨ ਬਣਾਇਆ ਗਿਆ ਸੀ। ਇਸ ਨੂੰ ਜਨਤਕ ਫਤਵੇ ਦਾ ਅਪਮਾਨ ਦੱਸਦੇ ਹੋਏ ਔਜਲਾ ਨੇ ਮੁੱਖ ਮੰਤਰੀ ਤੋਂ ਸਪੱਸ਼ਟੀਕਰਨ ਮੰਗਿਆ, ਜਿਨ੍ਹਾਂ ਕੋਲ ਗ੍ਰਹਿ ਵਿਭਾਗ ਵੀ ਹੈ। ਔਜਲਾ ਨੇ ਕਿਹਾ ਕਿ ਕਪੂਰਥਲਾ ਨਗਰ ਨਿਗਮ ਵਿਚ ਕਾਂਗਰਸ ਕੋਲ ਸਪੱਸ਼ਟ ਬਹੁਮਤ ਸੀ, ਜਦੋਂ ਕਿ ਮੋਰਿੰਡਾ ਤੇ ਚਮਕੌਰ ਸਾਹਿਬ ਵਿਚ ਕਾਂਗਰਸ ਸਮਰਥਕ ਕੌਂਸਲਰਾਂ ਦੀ ਗਿਣਤੀ ਵੀ ਪ੍ਰਧਾਨਗੀ ਪ੍ਰਾਪਤ ਕਰਨ ਲਈ ਕਾਫ਼ੀ ਸੀ। ਇਸ ਦੇ ਬਾਵਜੂਦ ਸੱਤਾਧਾਰੀ ਪਾਰਟੀ ਨੇ ਆਪਣੇ ਉਮੀਦਵਾਰਾਂ ਦੀ ਜਿੱਤ ਨੂੰ ਯਕੀਨੀ ਬਣਾਉਣ ਲਈ ਲੋਕਤੰਤਰੀ ਪਰੰਪਰਾਵਾਂ ਨੂੰ ਪਾਸੇ ਕਰ ਦਿੱਤਾ। ਫਿਲਮ 'ਸਤਲੁਜ' ਨਾਲ ਜੁੜੇ ਵਿਵਾਦ 'ਤੇ ਬੋਲਦਿਆਂ ਔਜਲਾ ਨੇ ਕਿਹਾ ਕਿ ਜੇਕਰ ਫਿਲਮ ਦੀ ਸਮੱਗਰੀ 'ਤੇ ਇਤਰਾਜ਼ ਸਨ, ਤਾਂ ਇਸ ਨੂੰ ਰਿਲੀਜ਼ ਹੋਣ ਤੋਂ ਪਹਿਲਾਂ ਸੈਂਸਰ ਬੋਰਡ ਦੇ ਮੰਚ 'ਤੇ ਰੋਕ ਦਿੱਤਾ ਜਾਣਾ ਚਾਹੀਦਾ ਸੀ। ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਮਾਰੇ ਗਏ ਨਿਰਦੋਸ਼ ਨਾਗਰਿਕਾਂ ਤੇ ਅੱਤਵਾਦੀਆਂ ਦੀ ਗਿਣਤੀ, ਲਾਪਤਾ ਹੋਏ ਲੋਕਾਂ ਦੀ ਗਿਣਤੀ ਅਤੇ ਉਨ੍ਹਾਂ ਮਾਮਲਿਆਂ ਬਾਰੇ ਸਪੱਸ਼ਟ ਵੇਰਵੇ ਪ੍ਰਦਾਨ ਕੀਤੇ ਜਾਣ ਜਿੱਥੇ ਅੱਜ ਤੱਕ ਇਨਸਾਫ਼ ਨਹੀਂ ਮਿਲਿਆ। ਨਸ਼ਿਆਂ ਦੇ ਖਤਰੇ 'ਤੇ ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਖ਼ੁਦ ਪੁਲਸ ਫੋਰਸ ਦੇ ਅੰਦਰ ਹੀ ਕਾਰਵਾਈ ਸ਼ੁਰੂ ਕਰਦੀ ਹੈ ਤਾਂ ਇਹ ਵੱਡੀ ਗਿਣਤੀ ਵਿਚ ਭ੍ਰਿਸ਼ਟ ਅਧਿਕਾਰੀਆਂ ਦਾ ਪਰਦਾਫਾਸ਼ ਕਰੇਗੀ, ਜਿਨ੍ਹਾਂ ਨੇ ਨਸ਼ਿਆਂ ਦੇ ਕਾਰੋਬਾਰ ਨੂੰ ਹੁਲਾਰਾ ਦਿੱਤਾ ਹੈ ਅਤੇ ਜ਼ਬਰੀ ਵਸੂਲੀ ਦੇ ਮਾਮਲਿਆਂ ਵਿਚ ਪੀੜਤਾਂ ਨੂੰ ਰਾਹਤ ਦੇਣ ਦੀ ਬਜਾਏ ਉਨ੍ਹਾਂ ਲਈ ਸਮਝੌਤੇ ਕੀਤੇ ਹਨ। ਉਨ੍ਹਾਂ ਨੇ ਪੁਸ਼ਟੀ ਕੀਤੀ ਕਿ ਕਾਂਗਰਸ ਪਾਰਟੀ 2027 ਦੀਆਂ ਚੋਣਾਂ ਵਿੱਚ ਜਿੱਤ ਪ੍ਰਾਪਤ ਕਰਨ ਲਈ ਇੱਕਜੁੱਟ ਹੋਵੇਗੀ ਅਤੇ ਪੰਜਾਬ ਨੂੰ ਇਸ ਦੀ ਮੌਜੂਦਾ ਸਥਿਤੀ ਵਿੱਚੋਂ ਬਾਹਰ ਕੱਢੇਗੀ।

## ਚੇਅਰਮੈਨ ਜੋਬਨ ਰੰਧਾਵਾ ਵੱਲੋਂ ਮੁੱਖ ਮੰਤਰੀ ਦੇ ਓ ਐੱਸ ਡੀ ਨਾਲ ਮੁਲਾਕਾਤ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਜ਼ਿਲ੍ਹਾ ਪਲਾਨਿੰਗ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਅਤੇ ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਜੋਬਨ ਰੰਧਾਵਾ ਵਲੋਂ ਚੰਡੀਗੜ੍ਹ ਵਿਖੇ ਮੁੱਖ ਮੰਤਰੀ ਪੰਜਾਬ ਦੇ ਓ.ਐੱਸ.ਡੀ ਰਾਜਬੀਰ ਸਿੰਘ ਘੁੰਮਣ ਨਾਲ ਮੁਲਾਕਾਤ ਕੀਤੀ ਗਈ ਅਤੇ ਗੁਰਦਾਸਪੁਰ ਜ਼ਿਲ੍ਹੇ ਦੇ ਵਿਕਾਸ ਸਮੇਤ ਵੱਖ-ਵੱਖ ਪਹਿਲੂਆਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਮੌਕੇ ਚੇਅਰਮੈਨ ਜੋਬਨ ਰੰਧਾਵਾ ਨੇ ਕਿਹਾ ਕਿ ਉਨਾਂ ਵਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐੱਸ.ਡੀ ਰਾਜਬੀਰ ਸਿੰਘ ਘੁੰਮਣ ਨਾਲ ਜ਼ਿਲ੍ਹੇ ਵਿੱਚ ਵਿਕਾਸ ਕੰਮਾਂ ਦੇ ਨਾਲ ਨਾਲ ਵਿਧਾਨ ਸਭਾ 2027 ਦੀਆਂ ਚੋਣਾਂ ਦੇ ਸਬੰਧ ਵਿੱਚ ਵੱਖ ਵੱਖ ਪਹਿਲੂਆਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਅਤੇ ਪਾਰਟੀ ਦੀਆਂ ਲੋਕਪੱਖੀ ਨੀਤੀਆਂ ਨੂੰ ਵੱਧ ਤੋਂ ਵੱਧ ਲੋਕਾਂ ਤੱਕ ਹੋਰ ਤੇਜ਼ੀ ਨਾਲ ਪਹੁੰਚਾਉਣ ਦੇ ਸਬੰਧ ਵਿੱਚ ਗੱਲਬਾਤ ਕੀਤੀ ਗਈ ।ਇਸ ਮੌਕੇ ਓ.ਐੱਸ.ਡੀ ਰਾਜਬੀਰ ਸਿੰਘ ਘੁੰਮਣ ਵਲੋਂ ਚੇਅਰਮੈਨ ਅਤੇ ਨੌਜਵਾਨ ਆਗੂ ਜੋਬਨ ਰੰਧਾਵਾ ਵਲੋਂ ਜ਼ਿਲ੍ਹੇ ਗੁਰਦਾਸਪੁਰ ਅੰਦਰ ਆਮ ਆਦਮੀ ਪਾਰਟੀ ਨੂੰ ਤਕੜਾ ਤੇ ਮਜਬੂਤ ਕਰਨ ਲਈ ਕੀਤੇ ਦਾ ਰਹੇ ਅਣਥੱਕ ਯਤਨਾਂ ਦੀ ਸਰਾਹਨਾ ਕਰਦਿਆਂ ਕਿਹਾ ਕੇ ਉਨ੍ਹਾਂ ਵਲੋਂ ਦਿਨ ਰਾਤ ਪਾਰਟੀ ਦੇ ਹਿੱਤ ਵਿੱਚ ਕੀਤੇ ਜਾ ਰਹੇ ਕਾਰਜ ਸ਼ਲਾਘਾਯੋਗ ਹਨ।ਉਨ੍ਹਾਂ ਚੇਅਰਮੈਨ ਜੋਬਨ ਰੰਧਾਵਾ ਨੂੰ ਭਰੋਸਾ ਦਿੱਤਾ ਕਿ ਗੁਰਦਾਸਪੁਰ ਜ਼ਿਲ੍ਹੇ ਨੂੰ ਵਿਕਾਸ ਪੱਖੋਂ ਅਤੇ ਆਮ ਆਦਮੀ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ, ਪਾਰਟੀ ਅਤੇ ਸਰਕਾਰ ਉਨ੍ਹਾਂ ਦੇ ਨਾਲ ਖੜ੍ਹੀ ਹੈ।ਚੇਅਰਮੈਨ ਜੋਬਨ ਰੰਧਾਵਾ ਨੇ ਓ.ਐੱਸ.ਡੀ ਰਾਜਬੀਰ ਸਿੰਘ ਘੁੰਮਣ ਦਾ ਧੰਨਵਾਦ ਕਰਦਿਆਂ ਕਿਹਾ ਕਿ ਲੋਕ ਮਾਨ ਸਰਕਾਰ ਦੀ ਕਾਰੁਜ਼ਗਾਰੀ ਤੋਂ ਖੁਸ਼ ਹਨ।

## ਹਲਕਾ ਅਜਨਾਲਾ ਦੇ ਕਾਂਗਰਸੀ ਵਰਕਰਾਂ ਦੀ 2027 ਦੀਆਂ ਵਿਧਾਨ ਸਭਾ ਚੋਣਾਂ ਸੰਬੰਧੀ ਲਾਮਬੰਦੀ



ਚੇਤਨਪੁਰਾ (ਸੁਖਵੰਤ ਚੇਤਨਪੁਰੀ)- ਵਿਧਾਨ ਸਭਾ ਹਲਕਾ ਅਜਨਾਲਾ ਦੇ ਕਾਂਗਰਸੀ ਵਰਕਰਾਂ ਅਤੇ ਅਹੁਦੇਦਾਰਾਂ ਦੀ ਇੱਕ ਭਰਵੀਂ ਮੀਟਿੰਗ ਅਮੀਰ ਪੈਲਸ ਵਿਖੇ ਸਾਬਕਾ ਵਿਧਾਇਕ ਸ੍ਰੀ ਹਰਪ੍ਰਤਾਪ ਸਿੰਘ ਅਜਨਾਲਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ 2027 ਵਿੱਚ ਹੋ ਰਹੀਆਂ ਪੰਜਾਬ ਵਿਧਾਨ ਸਭਾ ਚੋਣਾਂ ਸਬੰਧੀ ਲਾਮਬੰਦੀ ਕੀਤੀ ਗਈ।

ਇਸ ਤੋਂ ਇਲਾਵਾ ਪੰਜਾਬ ਵਿੱਚ ਹੋ ਰਹੀ ਐਸ.ਆਈ.ਆਰ. ਸਬੰਧੀ ਵੀ ਖੁੱਲ ਕੇ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਪਹੁੰਚੇ ਹੋਏ ਵਰਕਰਾਂ ਅਤੇ ਆਗੂਆਂ ਨੂੰ ਇਸ ਸਬੰਧੀ ਜਾਣਕਾਰੀ ਦਿੱਤੀ ਗਈ। ਸ੍ਰੀ ਹਰਪ੍ਰਤਾਪ ਸਿੰਘ ਅਜਨਾਲਾ ਅਤੇ ਕੰਵਰ ਪ੍ਰਤਾਪ ਸਿੰਘ ਅਜਨਾਲਾ ਵੱਲੋਂ ਪਹੁੰਚੇ ਹੋਏ ਆਗੂਆਂ ਅਤੇ ਵਰਕਰਾਂ ਨੂੰ ਅਪੀਲ ਕੀਤੀ ਗਈ ਕਿ ਉਹ ਪਿੰਡਾਂ ਵਿੱਚ ਜਾ ਕੇ ਧੜੇਬਾਜ਼ੀ ਤੋਂ ਉੱਪਰ ਉੱਠ ਕੇ ਹਰ ਇੱਕ ਨੂੰ ਨਾਲ ਲੈ ਕੇ ਲੋਕਾਂ ਨੂੰ ਕਾਂਗਰਸ ਪਾਰਟੀ ਨਾਲ ਜੁੜਨ ਦੀ ਅਪੀਲ ਕਰਨ। ਉਹਨਾਂ ਕਿਹਾ ਕਿ ਇਸ ਸਮੇਂ ਕਾਂਗਰਸ ਦੇ ਪੱਖ ਵਿੱਚ ਹਵਾ ਚੱਲ ਰਹੀ ਹੈ ਅਤੇ ਲੋਕ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣਾਉਣ ਲਈ ਉਤਾਵਲੇ ਹਨ । ਸ੍ਰੀ ਚਰਨਜੀਤ ਸਿੰਘ ਚੰਨੀ ਨੂੰ ਦੁਬਾਰਾ ਪੰਜਾਬ ਦਾ ਮੁੱਖ ਮੰਤਰੀ ਦੇਖਣਾ ਚਾਹੁੰਦੇ ਹਨ। ਮੀਟਿੰਗ ਜੋ ਇੱਕ ਰੈਲੀ ਦਾ ਰੂਪ ਧਾਰ ਗਈ ਨੂੰ ਹੋਰਨਾਂ ਤੋਂ ਇਲਾਵਾ ਸ੍ਰੀ ਹਰਪ੍ਰਤਾਪ ਸਿੰਘ ਅਜਨਾਲਾ, ਸ੍ਰੀ ਕਵਰ ਪ੍ਰਤਾਪ ਸਿੰਘ ਅਜਨਾਲਾ, ਸ੍ਰੀ ਜੁਗਰਾਜ ਸਿੰਘ ਅਜਨਾਲਾ, ਰਣਜੀਤ ਸਿੰਘ ਰਾਣਾ ਭੱਖਾ, ਹਰਜੀਤ ਸਿੰਘ, ਸੋਨੂ ਮਾਕੋਵਾਲ, ਹਰਸਿਮਰਜੀਤ ਕੌਰ ਮਹਿਲਾ ਵਿੰਗ, ਬ੍ਰਿਜ ਮੋਹਨ ਔਲ, ਅਜੇਪਾਲ ਧਾਰੀਵਾਲ ਕਲੇਰ, ਬੇਅੰਤ ਸਿੰਘ, ਮਾਸਟਰ ਬਲਵਿੰਦਰ ਸਿੰਘ, ਸਰਪੰਚ ਗੁਰਿੰਦਰਬੀਰ ਸਿੰਘ ਮਾਹਲ, ਸਰਪੰਚ ਅਮਨ ਝੰਡੇਰ ਆਦਿ ਨੇ ਵੀ ਸੰਬੋਧਨ ਕੀਤਾ।

ਇਸ ਸਮੇਂ ਹੋਰਨਾਂ ਤੋਂ ਇਲਾਵਾ ਕਾਂਗਰਸੀ ਆਗੂ ਗੁਰਜੀਤ ਸਿੰਘ ਚੇਤਨਪੁਰਾ ਸਾਬਕਾ ਬਲਾਕ ਸੰਮਤੀ ਮੈਂਬਰ, ਨਵਤੇਜ ਸਕਿਆਂਵਾਲੀ, ਬਲਜੀਤ ਸਲੇਮਪੁਰਾ, ਗੁਰਪਾਲ ਸਿੰਘ ਰਮਦਾਸ, ਗੁਰਸਿੰਦਰ ਸੈਂਸਰਾ ਅਤੇ ਸਰਪੰਚ ਦਲਜੀਤ ਸਿੰਘ ਖਤਰਾਏ ਕਲਾ ਹਾਜ਼ਰ ਸਨ।

## ਜਵਾਹਰ ਨਵੋਦਿਆ ਵਿਦਿਆਲਿਆ ਅਵਾਨ 'ਚ ਛੇਵੀਂ ਜਮਾਤ 'ਚ ਦਾਖਲੇ ਲਈ ਆਨਲਾਈਨ ਅਰਜ਼ੀਆਂ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) -ਭਾਰਤ ਸਰਕਾਰ ਦੇ ਸਿੱਖਿਆ ਮੰਤਰਾਲਿਆ ਅਧੀਨ ਚਲ ਰਹੇ ਪੀ ਐਮ ਸ਼੍ਰੀ ਜਵਾਹਰ ਨਵੋਦਿਆ ਵਿਦਿਆਲਿਆ ਅਵਾਨ (ਨੇੜੇ ਰਮਦਾਸ) ਅੰਮ੍ਰਿਤਸਰ ਵਿੱਚ ਵਿੱਦਿਅਕ ਵਰ੍ਹੇ 2027-28 ਲਈ ਜਮਾਤ ਛੇਵੀਂ ਦੇ ਦਾਖ਼ਲੇ ਲਈ ਆਨ-ਲਾਈਨ ਫਾਰਮ ਭਰਨ ਦੀ ਪ੍ਰਕਿਰਿਆ ਸ਼ੁਰੂ ਹੋ ਚੁੱਕੀ ਹੈ। ਜਿਸ ਦੀ ਅੰਤਿਮ ਮਿਤੀ 31 ਜੁਲਾਈ 2026 ਹੈ। ਇਹ ਜਾਣਕਾਰੀ ਦਿੰਦਿਆਂ ਸਕੂਲ ਦੇ ਪ੍ਰਿੰਸੀਪਲ ਡਾ. ਹੇਮ ਰਾਜ ਸਿੰਘ ਨੇ ਦੱਸਿਆ ਕਿ ਛੇਵੀਂ ਜਮਾਤ ਲਈ ਦਾਖਲਾ ਫਾਰਮ ਭਰਨ ਦੇ ਚਾਹਵਾਨ ਉਮੀਦਵਾਰ ਦੀ ਜਨਮ ਮਿਤੀ 01.05.2015 ਤੋਂ 31 ਜੁਲਾਈ 2017 ਦੇ ਵਿਚਕਾਰ (ਦੋਨੋਂ ਮਿਤੀਆਂ ਸ਼ਾਮਲ ) ਹੋਣੀ ਚਾਹੀਦੀ ਹੈ । ਉਮੀਦਵਾਰ ਲਈ ਜ਼ਰੂਰੀ ਹੈ ਕਿ ਉਹ ਅੰਮ੍ਰਿਤਸਰ ਜਿਲ੍ਹੇ ਦੇ ਬਲਾਕ ਅਜਨਾਲਾ-1, ਅਜਨਾਲਾ-2, ਮਜੀਠਾ-1, ਮਜੀਠਾ-2, ਰਈਆ-1, ਰਈਆ-2 ਅਤੇ ਤਰਸਿੱਕਾ ਦੇ ਖੇਤਰ ਅਧੀਨ ਸਥਾਈ ਵਸਨੀਕ ਹੋਵੇ ਅਤੇ ਉਸ ਦਾ ਸਕੂਲ ਇਹਨਾ ਬਲਾਕਾ ਦੇ ਖੇਤਰ ਅਧੀਨ ਆਉਂਦਾ ਹੋਵੇ। ਛੇਵੀਂ ਜਮਾਤ ਵਿਚ ਦਾਖ਼ਲੇ ਲਈ ਪ੍ਰੀਖਿਆ 28 ਨਵੰਬਰ 2026 ਦਿਨ ਸ਼ਨੀਵਾਰ ਨੂੰ ਹੋਵੇਗੀ ।

## ਸ਼ਹੀਦ ਭਾਈ ਮਨੀ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਗੁਰਮਤਿ ਸਮਾਗਮ



ਅੰਮ੍ਰਿਤਸਰ (ਜਗਦੀਸ਼ ਕਮਲੇਸ਼)-ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਮਨੀ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਦੇਵ ਸਿੰਘ ਖ਼ਾਲਸਾ ਦੇ ਜਥੇ ਨੇ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਲਿਆ।ਇਸ ਮੌਕੇ ਗਿਆਨੀ ਬਲਵਿੰਦਰ ਸਿੰਘ ਨੇ ਭਾਈ ਮਨੀ ਸਿੰਘ ਜੀ ਦੇ ਜੀਵਨ ਇਤਿਹਾਸ ਦੀ ਸਾਂਝ ਪਾਈ । ਉਨ੍ਹਾਂ ਕਿਹਾ ਕਿ ਸ਼ਹੀਦ ਭਾਈ ਮਨੀ ਸਿੰਘ ਜੀ ਸਿੱਖ ਕੌਮ ਦੀ ਉਹ ਮਹਾਨ ਸ਼ਖ਼ਸੀਅਤ ਹਨ, ਜਿਨ੍ਹਾਂ ਨੇ ਆਪਣੇ ਅਡੋਲ ਵਿਸ਼ਵਾਸ ਅਤੇ ਸਿੱਖੀ ਸਿਦਕ ਨਾਲ ਧਰਮ ਦੀ ਰਾਖੀ ਕੀਤੀ। ਭਾਈ ਮਨੀ ਸਿੰਘ ਦੇ ਪਰਵਾਰ ਦੇ ਕਈ ਜੀਆਂ ਨੇ ਸ਼ਹਾਦਤਾਂ ਦੇ ਕੇ ਸਿੱਖ ਇਤਿਹਾਸ ਵਿੱਚ ਵੱਡਾ ਸਥਾਨ ਹਾਸਲ ਕੀਤਾ। ਗਿਆਨੀ ਬਲਵਿੰਦਰ ਸਿੰਘ ਨੇ ਕਿਹਾ ਕਿ ਭਾਈ ਮਨੀ ਸਿੰਘ ਨੇ ਬੰਦ-ਬੰਦ ਕਟਵਾ ਕੇ ਸਿੱਖੀ ਸਿਦਕ ਦੀਆਂ ਉੱਚੀਆਂ ਮਿਸਾਲਾਂ ਕਾਇਮ ਕੀਤੀਆਂ, ਜੋ ਸਾਨੂੰ ਸਭ ਨੂੰ ਸੱਚ ਅਤੇ ਨਿਆਂ ਦੇ ਰਾਹ 'ਤੇ ਚੱਲਣ ਲਈ ਪ੍ਰੇਰਦੀਆਂ ਹਨ। ਇਸ ਮੌਕੇ ਸਜਾਏ ਧਾਰਮਿਕ ਦੀਵਾਨ ਸਮੇਂ ਪ੍ਰਚਾਰਕ-ਕਮ-ਨਿਗਰਾਨ ਭਾਈ ਬਲਵੰਤ ਸਿੰਘ ਐਨੋਕੋਟ ਨੇ ਸੰਗਤਾਂ ਨਾਲ ਵਿਚਾਰਾਂ ਕੀਤੀਆਂ ਅਤੇ ਢਾਡੀ ਜਥਿਆਂ ਨੇ ਸਿੱਖ ਇਤਿਹਾਸ ਦੀ ਸਾਂਝ ਪਾਈ।ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਮੇਜਰ ਸਿੰਘ, ਸੁਪ੍ਰਿੰਟੈਂਡੈਂਟ ਨਿਸ਼ਾਨ ਸਿੰਘ ਤੇ ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਨਰਿੰਦਰ ਸਿੰਘ, ਵਧੀਕ ਮੈਨੇਜਰ ਇਕਬਾਲ ਸਿੰਘ, ਬਿਕਰਮਜੀਤ ਸਿੰਘ ਝੰਗੀ, ਗੁਰਿੰਦਰ ਸਿੰਘ ਦੇਵੀਦਾਸਪੁਰਾ, ਯੁਵਰਾਜ ਸਿੰਘ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਮੀਤ ਮੈਨੇਜਰ ਅਜੈ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ।

## ਸ਼੍ਰੋਮਣੀ ਅਕਾਲੀ ਦਲ (ਬ) ਦੇ ਆਗੂਆਂ ਤੇ ਵਰਕਰਾਂ ਦੀ ਜ਼ਿਲ੍ਹਾ ਪੱਧਰੀ ਵਿਸ਼ਾਲ ਇਕੱਤਰਤਾ



ਧਾਰੀਵਾਲ (ਮਨਦੀਪ ਵਿੱਕੀ) - ਸ਼੍ਰੋਮਣੀ ਅਕਾਲੀ ਦਲ (ਬ) ਜ਼ਿਲ੍ਹਾ ਗੁਰਦਾਸਪੁਰ ਦੀ ਵਿਸ਼ਾਲ ਇਕੱਤਰਤਾ ਇਤਿਹਾਸਕ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ ਵਿਖੇ ਪਾਰਟੀ ਦੇ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਸਾਬਕਾ ਕੈਬਨਿਟ ਮੰਤਰੀ ਸੁੱਚਾ ਸਿੰਘ ਲੰਗਾਹ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਪਾਰਟੀ ਦੇ ਜ਼ਿਲ੍ਹਾ ਅਬਜ਼ਰਵਰ ਸਾਬਕਾ ਮੰਤਰੀ ਹੀਰਾ ਸਿੰਘ ਗਾਬੜੀਆ ਸਮੇਤ ਜ਼ਿਲ੍ਹੇ ਦੇ ਵੱਖ ਵੱਖ ਹਲਕਿਆਂ ਦੇ ਇੰਚਾਰਜ ਤੇ ਸ਼੍ਰੋਮਣੀ ਕਮੇਟੀ ਮੈਂਬਰਾਂ, ਪਾਰਟੀ ਦੇ ਜੁਝਾਰੂ ਆਗੂਆਂ ਤੇ ਵਰਕਰਾਂ, ਪੰਥਕ ਆਗੂਆਂ, ਸਾਬਕਾ ਅਤੇ ਮੌਜੂਦਾ ਅਹੁਦੇਦਾਰਾਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਪੰਜਾਬ ਦੇ ਮੌਜੂਦਾ ਰਾਜਨੀਤਿਕ ਹਾਲਾਤ, ਪੰਥਕ ਮਸਲਿਆਂ, ਸਿੱਖ ਸੰਸਥਾਵਾਂ ਦੀ ਮਜ਼ਬੂਤੀ, ਨੌਜਵਾਨਾਂ ਦੀ ਭਾਗੀਦਾਰੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸੰਗਠਨ ਦੇ ਵਿਸਥਾਰ ਬਾਰੇ ਵਿਚਾਰਾਂ ਕੀਤੀਆਂ। ਸੰਬੋਧਨ ਕਰਦਿਆਂ ਜਥੇਦਾਰ ਸੁੱਚਾ ਸਿੰਘ ਲੰਗਾਹ ਨੇ ਕਿਹਾ ਇਹ ਇਕੱਠ ਪੰਥ ਅਤੇ ਪੰਜਾਬ ਦੇ ਹੱਕਾਂ ਲਈ ਸਮਰਪਤ ਹਰ ਉਸ ਵਰਕਰ ਨੂੰ ਇਕੱਠਾ ਕਰਨ ਦਾ ਯਤਨ ਹੈ ਜੋ ਸ਼੍ਰੋਮਣੀ ਅਕਾਲੀ ਦਲ ਨੂੰ ਮੁੜ ਜ਼ਮੀਨੀ ਪੱਧਰ 'ਤੇ ਮਜ਼ਬੂਤ ਦੇਖਣਾ ਚਾਹੁੰਦਾ ਹੈ। ਉਨ੍ਹਾਂ ਕਿਹਾ ਪਾਰਟੀ ਦੀ ਅਸਲ ਤਾਕਤ ਉਸ ਦੇ ਵਰਕਰ ਹੁੰਦੇ ਹਨ। ਬੁਲਾਰਿਆਂ ਜ਼ੋਰ ਦਿੱਤਾ ਕਿ ਪਾਰਟੀ ਦੀ ਜ਼ਮੀਨੀ ਪੱਧਰ 'ਤੇ ਮਜ਼ਬੂਤੀ ਲਈ ਹਰ ਵਰਕਰ ਆਪਣੀ ਜ਼ਿੰਮੇਵਾਰੀ ਇਮਾਨਦਾਰੀ ਨਾਲ ਨਿਭਾਏ ਅਤੇ ਆਮ ਲੋਕਾਂ ਨਾਲ ਸੰਪਰਕ ਬਣਾਈ ਰੱਖੇ।

ਸਾਬਕਾ ਮੰਤਰੀ ਹੀਰਾ ਸਿੰਘ ਗਾਬੜੀਆ ਨੇ ਕਿਹਾ ਸਿੱਖ ਕੌਮ ਦੀ ਸਭ ਤੋਂ ਵੱਡੀ ਤਾਕਤ ਉਸ ਦੀਆਂ ਸੰਸਥਾਵਾਂ, ਤਖਤ ਸਾਹਿਬਾਨ ਅਤੇ ਗੁਰੂ ਸਾਹਿਬਾਨ ਦੀ ਬਖਸ਼ੀ ਹੋਈ ਵਿਚਾਰਧਾਰਾ ਹੈ। ਉਨ੍ਹਾਂ ਕਿਹਾ ਮੌਜੂਦਾ ਸਮੇਂ ਵਿੱਚ ਸਮੂਹ ਵਰਕਰਾਂ ਨੂੰ ਨਿੱਜੀ ਮਤਭੇਦਾਂ ਤੋਂ ਉੱਪਰ ਉਠ ਕੇ ਪਾਰਟੀ ਅਤੇ ਪੰਜਾਬ ਦੇ ਹਿੱਤਾਂ ਲਈ ਇਕਜੁੱਟ ਹੋ ਕੇ ਕੰਮ ਕਰਨ ਦੀ ਲੋੜ ਹੈ। ਉਨ੍ਹਾਂ ਸੁਝਾਅ ਦਿੱਤਾ ਹਲਕਿਆਂ ਵਿੱਚ ਯੋਗ ਅਤੇ ਨਿਰਪੱਖ ਆਗੂਆਂ ਦੀਆਂ ਕਮੇਟੀਆਂ ਬਣਾਈਆਂ ਜਾਣ, ਜੋ ਜ਼ਮੀਨੀ ਪੱਧਰ 'ਤੇ ਵਰਕਰਾਂ ਨਾਲ ਲਗਾਤਾਰ ਸੰਪਰਕ ਬਣਾਈ ਰੱਖਣ। ਮੀਟਿੰਗ ਵਿੱਚ ਜ਼ਿਲ੍ਹੇ ਦੇ ਸਮੂਹ ਆਗੂਆਂ ਅਤੇ ਵਰਕਰਾਂ ਨੇ ਪਾਰਟੀ ਦੀ ਮਜ਼ਬੂਤੀ ਲਈ ਮਿਲ ਕੇ ਕੰਮ ਕਰਨ ਦਾ ਅਹਿਦ ਕੀਤਾ ਅਤੇ ਪਿੰਡ ਪੱਧਰ ਤੱਕ ਸੰਗਠਨ ਨੂੰ ਸਰਗਰਮ ਕਰਨ ਦਾ ਸੰਕਲਪ ਲਿਆ। ਮੀਟਿੰਗ ਨੂੰ ਸਾਬਕਾ ਵਿਧਾਇਕ ਲਖਬੀਰ ਸਿੰਘ ਲੋਧੀਨੰਗਲ, ਗੁਰਬਚਨ ਸਿੰਘ ਬੱਬੇਹਾਲੀ (ਹਲਕਾ ਇੰਚਾਰਜ ਗੁਰਦਾਸਪੁਰ), ਰਾਜਨਵੀਰ ਸਿੰਘ ਘੁਮਾਣ (ਹਲਕਾ ਇੰਚਾਰਜ ਸ੍ਰੀ ਹਰਗੋਬਿੰਦਪੁਰ), ਨਰੇਸ਼ ਮਹਾਜਨ (ਹਲਕਾ ਇੰਚਾਰਜ ਬਟਾਲਾ), ਰਮਨਦੀਪ ਸਿੰਘ ਸੰਧੂ ਸਾਬਕਾ ਜ਼ਿਲ੍ਹਾ ਪ੍ਰਧਾਨ, ਲਖਵਿੰਦਰ ਸਿੰਘ ਘੁੰਮਣ ਜ਼ਿਲ੍ਹਾ ਪ੍ਰਧਾਨ ਐੱਸ.ਸੀ.ਵਿੰਗ, ਸ਼੍ਰੋਮਣੀ ਕਮੇਟੀ ਮੈਂਬਰ ਸੁਰਜੀਤ ਸਿੰਘ ਤੁਗਲਵਾਲਾ, ਸ਼੍ਰੋਮਣੀ ਕਮੇਟੀ ਜਸਬੀਰ ਕੌਰ ਜਫਰਵਾਲ, ਸ਼੍ਰੋਮਣੀ ਕਮੇਟੀ ਮੈਂਬਰ ਜਥੇ. ਗੁਰਿੰਦਰਪਾਲ ਸਿੰਘ ਗੋਰਾ, ਨਰਿੰਦਰ ਸਿੰਘ ਬਾੜਾ, ਕਵਲਪ੍ਰੀਤ ਸਿੰਘ ਕਾਕੀ, ਸਾਬਕਾ ਚੇਅਰਮੈਨ ਸੁਖਬੀਰ ਸਿੰਘ ਵਾਹਲਾ, ਪਰਮਵੀਰ ਸਿੰਘ ਲਾਡੀ, ਜਗਦੀਸ਼ ਸਿੰਘ ਬੁੱਟਰ, ਰਣਜੀਤ ਸਿੰਘ ਕਲਿਆਣਪੁਰ, ਕੁਲਬੀਰ ਸਿੰਘ ਰਿਆੜ, ਬਾਬਾ ਨੱਥਾ ਸਿੰਘ ਸੰਧਵਾਂ, ਸਰਵਣ ਸਿੰਘ ਸੇਵਕ, ਤੇਜਵੀਰ ਸਿੰਘ ਦਿਓਲ, ਸੁਖਵਿੰਦਰ ਸਿੰਘ ਸੋਨੂ ਅਹਿਮਦਾਬਾਦ, ਸਾਬਕਾ ਐਸ ਐਚ ਓ ਜਰਨੈਲ ਸਿੰਘ ਕਾਹਲੋਂ ਤੋਂ ਇਲਾਵਾ ਵੀ ਵੱਡੀ ਗਿਣਤੀ ਪਾਰਟੀ ਵਰਕਰ, ਪੰਥਕ ਸ਼ਖ਼ਸੀਅਤਾਂ, ਰਾਗੀ, ਢਾਡੀ ਅਤੇ ਪ੍ਰਚਾਰਕ ਹਾਜ਼ਰ ਸਨ।

## ਭਗਵਾਨ ਸ੍ਰੀ ਪਰਸ਼ੂਰਾਮ ਦੀ ਮੂਰਤੀ ਸਥਾਪਨਾ ਤੇ ਪਰਸ਼ੂਰਾਮ ਚੌਂਕ ਦੇ ਨਵੀਨੀਕਰਨ ਦਾ ਲੋਕ ਅਰਪਣ



ਡੇਰਾ ਬਾਬਾ ਨਾਨਕ/ਗੁਰਦਾਸਪੁਰ, (ਰਮੇਸ਼ ਸ਼ਰਮਾ/ਦਿਨੇਸ਼ ਕੁਮਾਰ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਅਤੇ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਦੇ ਚੇਅਰਮੈਨ ਰਾਜੀਵ ਸ਼ਰਮਾ ਦੇ ਵਿਸ਼ੇਸ਼ ਯਤਨਾਂ ਸਦਕਾ ਨਗਰ ਸੁਧਾਰ ਟਰੱਸਟ ਵੱਲੋਂ ਭਗਵਾਨ ਸ੍ਰੀ ਪਰਸ਼ੂਰਾਮ ਦੀ ਸੁੰਦਰ ਮੂਰਤੀ ਦੀ ਸਥਾਪਨਾ ਅਤੇ ਪਰਸ਼ੂਰਾਮ ਚੌਂਕ ਦੇ ਨਵੀਨੀਕਰਨ ਦਾ ਲੋਕ ਅਰਪਣ ਸਮਾਗਮ ਕਰਵਾਇਆ ਗਿਆ। ਇਸ ਮੌਕੇ ਹਲਕਾ ਇੰਚਾਰਜ ਗੁਰਦਾਸਪੁਰ ਰਮਨ ਬਹਿਲ ਅਤੇ ਚੇਅਰਮੈਨ ਰਾਜੀਵ ਸ਼ਰਮਾ ਨੇ ਚੌਂਕ ਦਾ ਉਦਘਾਟਨ ਕੀਤਾ। ਇਸ ਮੌਕੇ ਹਲਕਾ ਇੰਚਾਰਜ ਰਮਨ ਬਹਿਲ ਨੇ ਕਿਹਾ ਕਿ ਅੱਜ ਗੁਰਦਾਸਪੁਰ ਸ਼ਹਿਰ ਲਈ ਬਹੁਤ ਹੀ ਖੁਸ਼ੀ ਅਤੇ ਮਾਣ ਦਾ ਦਿਨ ਹੈ ਕਿ ਭਗਵਾਨ ਸ੍ਰੀ ਪਰਸ਼ੂਰਾਮ ਦੇ ਨਾਮ ਨਾਲ ਪ੍ਰਸਿੱਧ ਇਸ ਚੌਂਕ ਦਾ ਆਧੁਨਿਕ ਢੰਗ ਨਾਲ ਨਵੀਨੀਕਰਨ ਕੀਤਾ ਗਿਆ ਹੈ। ਚੌਂਕ ਵਿੱਚ ਲੰਬੇ ਸਮੇਂ ਤੋਂ ਬੰਦ ਪਏ ਪਾਣੀ ਦੇ ਫੁਹਾਰਿਆਂ ਨੂੰ ਮੁੜ ਚਾਲੂ ਕੀਤਾ ਗਿਆ ਹੈ ਅਤੇ ਭਗਵਾਨ ਸ੍ਰੀ ਪਰਸ਼ੂਰਾਮ ਦੀ ਬਹੁਤ ਹੀ ਆਕਰਸ਼ਕ ਅਤੇ ਸ਼ਾਨਦਾਰ ਮੂਰਤੀ ਸਥਾਪਿਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਹ ਸੁੰਦਰ ਚੌਂਕ ਗੁਰਦਾਸਪੁਰ ਦੇ ਸਮੂਹ ਸ਼ਹਿਰ ਵਾਸੀਆਂ ਨੂੰ ਸਮਰਪਤ ਕੀਤਾ ਗਿਆ ਹੈ।ਉਨ੍ਹਾਂ ਇਸ ਉਪਰਾਲੇ ਲਈ ਨਗਰ ਸੁਧਾਰ ਟਰੱਸਟ, ਗੁਰਦਾਸਪੁਰ ਦੇ ਚੇਅਰਮੈਨ ਰਾਜੀਵ ਸ਼ਰਮਾ, ਟਰੱਸਟੀ ਰਘਬੀਰ ਸਿੰਘ ਖਾਲਸਾ, ਹਿਤੇਸ਼ ਮਹਾਜਨ, ਪੀਟਰ ਮੱਟੂ, ਵਾਰਡ ਨੰਬਰ 8 ਦੇ ਕੌਂਸਲਰ ਯੋਗੇਸ਼ ਸ਼ਰਮਾ, ਵਾਰਡ ਨੰਬਰ 20 ਦੇ ਇੰਚਾਰਜ ਕੁਲਵਿੰਦਰ , ਵਾਰਡ ਨੰਬਰ 7 ਦੇ ਨਰੇਸ਼, ਸੋਨੂ ਅਤੇ ਸਮੂਹ ਸ਼ਹਿਰ ਵਾਸੀਆਂ ਨੂੰ ਵਧਾਈ ਦਿੱਤੀ। ਇਸ ਮੌਕੇ ਨਗਰ ਸੁਧਾਰ ਟਰੱਸਟ, ਗੁਰਦਾਸਪੁਰ ਦੇ ਚੇਅਰਮੈਨ ਰਾਜੀਵ ਸ਼ਰਮਾ ਨੇ ਕਿਹਾ ਕਿ ਅੱਜ ਦਾ ਦਿਨ ਗੁਰਦਾਸਪੁਰ ਸ਼ਹਿਰ ਲਈ ਇਤਿਹਾਸਕ ਅਤੇ ਮਾਣ ਵਾਲਾ ਦਿਨ ਹੈ। ਚੇਅਰਮੈਨ ਨੇ ਦੱਸਿਆ ਕਿ ਨਗਰ ਸੁਧਾਰ ਟਰੱਸਟ ਵੱਲੋਂ ਨਾ ਸਿਰਫ਼ ਚੌਂਕ ਦਾ ਨਵੀਨੀਕਰਨ ਕਰਵਾਇਆ ਗਿਆ ਹੈ, ਸਗੋਂ ਇਸ ਦੀ ਸਾਂਭ-ਸੰਭਾਲ, ਸਫ਼ਾਈ, ਰੌਸ਼ਨੀ ਅਤੇ ਬਿਜਲੀ ਦੇ ਬਿੱਲ ਦੀ ਜ਼ਿੰਮੇਵਾਰੀ ਵੀ ਟਰੱਸਟ ਵੱਲੋਂ ਹੀ ਨਿਭਾਈ ਜਾਵੇਗੀ ।ਇਸ ਮੌਕੇ ਚੇਅਰਮੈਨ ਭਾਰਤ ਭੂਸ਼ਣ ਸ਼ਰਮਾ, ਚੇਅਰਮੈਨ ਰਣਜੋਧ ਸਿੰਘ ਬਾਠ, ਮੁਕੇਸ਼ ਸ਼ਰਮਾ, ਪ੍ਰਧਾਨ ਬ੍ਰਾਹਮਣ ਸਭਾ ਗੁਰਦਾਸਪੁਰ, ਚੇਅਰਮੈਨ ਰਜਿੰਦਰ ਨੰਦਾ, ਟਰੱਸਟੀ ਰਘੁਬੀਰ ਸਿੰਘ ਖਾਲਸਾ, ਟਰੱਸਟੀ ਜਗਜੀਤ ਸਿੰਘ ਪਿੰਟਾ, ਨਸ਼ਾ ਮੁਕਤੀ ਮੋਰਚਾ ਦੇ ਜੁਆਇੰਟ ਸਕੱਤਰ ਪਵਨ ਕੁਮਾਰ, ਗਗਨਜੀਤ ਸਿੰਘ, ਟਰੱਸਟੀ ਪੀਟਰ ਮੱਟੂ, ਸੀਨੀਅਰ ਆਗੂ ਚੰਨਣ ਸਿੰਘ ਖਾਲਸਾ, ਦਲਜੀਤ ਸਿੰਘ ਲੱਕੀ ਫਤਿਹਗੜ੍ਹ ਚੂੜੀਆਂ, ਯੋਗੇਸ਼ ਸ਼ਰਮਾ ਕੌਂਸਲ, ਪ੍ਰਧਾਨ ਨਰਿੰਦਰ ਸ਼ਰਮਾ ਸਮੇਤ ਸ਼ਹਿਰ ਵਾਸੀ ਵੱਡੀ ਗਿਣਤੀ ਵਿੱਚ ਮੌਜੂਦ ਸਨ।

## ਟੇਲੈਂਟ ਫੁੱਟਬਾਲ ਟਰਾਇਲਜ਼ ਭਲਕੇ

ਪਠਾਨਕੋਟ (ਦਵਿੰਦਰ ਸਿੰਘ) - ਪ੍ਰਸਿੱਧ ਮਿਨਰਵਾ ਪੰਜਾਬ ਐਫ ਸੀ ਫੁੱਟਬਾਲ ਅਕੈਡਮੀ ਵੱਲੋਂ 11 ਜੁਲਾਈ ਨੂੰ ਪ੍ਰਤਾਪ ਵਰਲਡ ਸਕੂ ਪਠਾਨਕੋਟ ਵਿਖੇ ਫੁੱਟਬਾਲ ਟਰਾਇਲਜ਼ ਕਰਵਾਏ ਜਾਣਗੇ। ਟਰਾਇਲਜ਼ ਦੀ ਸ਼ੁਰੂਆਤ ਸਵੇਰੇ 7:30 ਵਜੇ ਸਕੂਲ ਦੇ ਫੁੱਟਬਾਲ ਮੈਦਾਨ ਵਿੱਚ ਹੋਵੇਗੀ।ਇਹ ਚੋਣ ਪ੍ਰਕਿਰਿਆ ਅੰਡਰ-18, ਅੰਡਰ-16, ਅੰਡਰ-14, ਅੰਡਰ-13 ਅਤੇ ਅੰਡਰ-10 ਉਮਰ ਵਰਗ ਦੇ ਖਿਡਾਰੀਆਂ ਲਈ ਆਯੋਜਿਤ ਕੀਤੀ ਜਾ ਰਹੀ ਹੈ। ਸਾਰੇ ਭਾਗੀਦਾਰਾਂ ਨੂੰ ਰਜਿਸਟ੍ਰੇਸ਼ਨ ਅਤੇ ਸ਼ੁਰੂਆਤੀ ਸਕ੍ਰੀਨਿੰਗ ਲਈ ਸਵੇਰੇ 7:30 ਵਜੇ ਤੱਕ ਨਿਰਧਾਰਤ ਸਥਾਨ 'ਤੇ ਪਹੁੰਚਣਾ ਪਵੇਗਾ। ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਸ਼ੁਭਰਾ ਰਾਣੀ ਨੇ ਪ੍ਰਸਿੱਧ ਫੁੱਟਬਾਲ ਅਕੈਡਮੀ ਦੇ ਟੈਲੈਂਟ ਹੰਟ ਦੀ ਮੇਜ਼ਬਾਨੀ ਕਰਨ 'ਤੇ ਖੁਸ਼ੀ ਪ੍ਰਗਟ ਕੀਤੀ ਹੈ।

# ਕਾਂਗਰਸ ਇੱਕਜੁਟ ਹੋ ਕੇ ਪੰਜਾਬ ਵਿਧਾਨ ਸਭਾ ਚੋਣਾਂ ਲੜੇਗੀ : ਬਲਬੀਰ ਸਿੱਧੂ

**ਮੋਹਾਲੀ (ਗੁਰਜੀਤ ਬਿੱਲਾ)**- ਪੰਜਾਬ ਦੇ ਸਾਬਕਾ ਸਿਹਤ ਮੰਤਰੀ ਅਤੇ ਸੀਨੀਅਰ ਕਾਂਗਰਸੀ ਆਗੂ ਬਲਬੀਰ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬ ਕਾਂਗਰਸ ਪੂਰੀ ਤਰ੍ਹਾਂ ਇੱਕਜੁਟ, ਮਜ਼ਬੂਤ ਅਤੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦੇ ਸਮੂਹ ਸੀਨੀਅਰ ਆਗੂ, ਵਿਧਾਇਕ, ਵਰਕਰ ਅਤੇ ਸਮਰਥਕ ਆਪਸੀ ਏਕਤਾ ਨਾਲ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਲੜਨਗੇ ਅਤੇ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣਾ ਕੇ ਸੂਬੇ ਨੂੰ ਮੁੜ ਵਿਕਾਸ ਅਤੇ ਖੁਸ਼ਹਾਲੀ ਦੀ ਰਾਹ 'ਤੇ ਲੈ ਕੇ ਜਾਣਗੇ।ਬਲਬੀਰ ਸਿੱਧੂ ਨੇ ਕਿਹਾ ਕਿ ਪੰਜਾਬ ਕਾਂਗਰਸ ਦੇ ਇੰਚਾਰਜ ਭੂਪੇਸ਼ ਬਘੇਲ, ਪੰਜਾਬ ਕਾਂਗਰਸ ਦੇ ਪ੍ਰਧਾਨ ਰਾਜਾ ਵੜਿੰਗ ਅਤੇ ਹੋਰ ਸੀਨੀਅਰ ਕਾਂਗਰਸੀ ਆਗੂਆਂ ਨਾਲ ਰਾਤ ਦੇ ਖਾਣੇ ਦੌਰਾਨ ਹੋਈ ਵਿਚਾਰ-ਚਰਚਾ ਨੇ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਪਾਰਟੀ ਅੰਦਰ ਪੂਰੀ ਏਕਤਾ, ਆਪਸੀ ਵਿਸ਼ਵਾਸ ਅਤੇ ਸਾਂਝੀ ਸੋਚ ਮੌਜੂਦ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਦਾ ਹਰ ਆਗੂ ਨਿੱਜੀ ਸਵਾਰਥਾਂ ਤੋਂ ਉੱਪਰ ਉੱਠ ਕੇ ਪੰਜਾਬ ਅਤੇ ਪੰਜਾਬੀਆਂ ਦੇ ਹਿੱਤਾਂ ਲਈ ਸਮਰਪਿਤ ਹੋ ਕੇ ਕੰਮ ਕਰ ਰਿਹਾ ਹੈ।ਇਸ ਮੌਕੇ ਮੋਹਾਲੀ ਦੇ ਸਾਬਕਾ ਮੇਅਰ ਅਮਰਜੀਤ ਸਿੰਘ ਜੀਤੀ ਸਿੱਧੂ , ਫ਼ਤਿਹਗੜ੍ਹ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਡਾ. ਅਮਰ ਸਿੰਘ, ਚੇਅਰਮੈਨ (ਪੰਜਾਬ ਕਾਂਗਰਸ ਐੱਨ ਆਰ ਆਈ ਸੈੱਲ) ਕੈਪਟਨ ਸੰਦੀਪ ਸੰਧੂ ਜੀ, ਸਾਬਕਾ ਸਪੀਕਰ ਰਾਣਾ ਕੇ ਪੀ ਤੇ ਸਾਬਕਾ ਵਿਧਾਇਕ ਕੁਲਬੀਰ ਸਿੰਘ ਜ਼ੀਰਾ ਸਮੇਤ ਕਈ ਸੀਨੀਅਰ ਆਗੂ ਹਾਜ਼ਰ ਸਨ।



# ਸਾਂਝਾ ਤਾਲਮੇਲ ਕਮੇਟੀ ਵੱਲੋਂ ਮਹਿੰਦਰ ਭਗਤ ਦੇ ਘਰ ਦਾ ਘਿਰਾਓ

**ਜਲੰਧਰ (ਰਾਜੇਸ਼ ਥਾਪਾ)**- ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਤੇ ਸਾਂਝੇ ਮੰਚ ਦੀ ਕੋਆਰਡੀਨੇਸ਼ਨ ਕਮੇਟੀ ਜ਼ਿਲ੍ਹਾ ਜਲੰਧਰ ਕੈਬਨਿਟ ਮੰਤਰੀ ਮਹਿੰਦਰ ਭਗਤ ਦੇ ਘਰ ਦੇ ਮੂਹਰੇ ਮੁਜ਼ਾਹਰਾ ਕਰਦੇ ਹੋਏ ਧਰਨਾ ਲਾਇਆ ਗਿਆ। ਸੂਬਾ ਕੋਆਰਡੀਨੇਸ਼ਨ ਕਮੇਟੀ ਦੇ ਸੱਦੇ ਤੇ ਪੂਰੇ ਪੰਜਾਬ ਤੇ ਪੂਰੇ ਪੰਜਾਬ ਦੇ ਮੰਤਰੀਆਂ ਵਿਧਾਇਕਾਂ ਨੂੰ 1 ਜੁਲਾਈ ਤੋ 12 ਜੁਲਾਈ ਤੱਕ ਦੇ ਦਿੱਤੇ ਪ੍ਰੋਗਰਾਮ ਅਨੁਸਾਰ ਜਲੰਧਰ ਜ਼ਿਲੇ ਦੇ ਹਲਕੇ ਦੇ ਕੈਬਨਿਟ ਮੰਤਰੀ ਨੂੰ ਚੇਤਾਵਨੀ ਪੱਤਰ ਦਿੰਦਿਆਂ ਜ਼ਿਲਾ ਕੋਆਰਡੀਏਸ਼ਨ ਕਮੇਟੀ ਨੇ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਪੰਜਾਬ ਦਾ ਮੁਲਾਜ਼ਮ ਪੈਨਸ਼ਨਰਜ਼ ਲਗਾਤਾਰ ਮੰਗਾਂ ਤੇ ਸੰਘਰਸ਼ ਵਿੱਚ ਹੈ ਪਰ ਸਰਕਾਰ ਮੁਲਾਜ਼ਮ ਮੰਗਾਂ ਤੇ ਸਿਰਫ ਮੀਟਿੰਗਾਂ ਹੀ ਕਰ ਰਹੀ ਹੈ ਜਦੋਂ ਕਿ 18 % ਡੀਏ,ਪੁਰਾਣੀ ਪੈਨਸ਼ਨ ਬਹਾਲੀ ,ਪੈਨਸ਼ਨਰਜ਼ ਦਾ 2:59 ਦਾ ਗੁਣਾਂਕ ਲਾਗੂ ਕਰਨਾ ,ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਦੀ ਬਜਾਏ ਸਿਰਫ਼ ਲਾਰੇ ਹੀ ਲਾ ਰਹੀ ਹੈ, ਮੁਲਾਜ਼ਮਾਂ ਪੈਨਸ਼ਨਰਜ਼ ਡੀ ਏ ਲੈਣ ਲਈ ਲਗਾਤਾਰ ਮੁਲਾਜ਼ਮ ਸੰਘਰਸ਼ ਦੇ ਨਾਲ ਨਾਲ ਹਾਈਕੋਰਟ ਰਾਹੀਂ ਵੀ ਕੇਸ ਲੜ ਰਹੇ ਹਨ ਪਰ ਹਾਈਕੋਰਟ ਦੀ ਫਟਕਾਰ ਦੇ ਬਾਵਜੂਦ ਸਰਕਾਰ ਡੀਏ ਦੇਣ ਤੋ ਮੁਨਕਰ ਹੋ ਰਹੀ ।ਮਾਣ ਭੱਤੇ ਵਾਲੇ ਮੁਲਾਜ਼ਮਾਂ ਦੀਆਂ ਮੰਗਾਂ ਪੂਰੀਆਂ ਨਾ ਕਰਨ ਕਾਰਨ ਕੋਆਰਡੀਨੇਸ਼ਨ ਕਮੇਟੀ ਵੱਲੋਂ ਦਿੱਤੇ ਪ੍ਰੋਗਰਾਮ ਅਨੁਸਾਰ ਪੰਜਾਬ ਦਾ ਸਮੁੱਚਾ ਮੁਲਾਜ਼ਮ ਪੈਨਸ਼ਨਰਜ਼ 17 ਜੁਲਾਈ ਨੂੰ ਆਪਣੇ ਮੰਗਾਂ ਦੀ ਪ੍ਰਾਪਤੀ ਲਈ ਮੋਹਾਲੀ ਪਹੁੰਚ ਰਿਹਾ ਹੈ।ਇਸ ਪ੍ਰੋਗਰਾਮ ਤੋਂ ਬਾਅਦ 17 ਜੁਲਾਈ ਨੂੰ ਮੁਹਾਲੀ ਵਿਖੇ ਹੋ ਰਹੀ ਸੂਬਾ ਪੱਧਰੀ ਰੈਲੀ ਨੂੰ ਸਫ਼ਲ ਬਣਾਉਣ ਲਈ ਵੀ ਜ਼ੋਰਦਾਰ ਮੁਹਿੰਮ ਪੂਰੇ ਪੰਜਾਬ ਵਿੱਚ ਚੱਲ ਰਹੀ ਹੈ ।ਧਰਨੇ ਨੂੰ ਤੇਜਿੰਦਰ ਸਿੰਘ ਨੰਗਲ, ਸੁਰਿੰਦਰ ਕੁਮਾਰ ਪੁਆਰੀ, ਪਿਆਰਾ ਸਿੰਘ, ਨਵਪ੍ਰੀਤ ਸਿੰਘ ਬੱਲੀ, ਸੰਜੀਵ ਕੌਂਡਲ, ਆਰ ਐਸ ਯਾਦਵ, ਗੁਰਚਰਨ ਸਿੰਘ ਚਾਹਲ, ਹਰਿੰਦਰ ਦੋਸਾਂਝ, ਤਰਸੇਮ ਲਾਲ, ਜਗਤਾਰ ਸਿੰਘ ਭੁੰਗਰਨੀ, ਅਵਤਾਰ ਸਿੰਘ, ਪ੍ਰੇਮ ਲਾਲ, ਜਗਤਾਰ ਸਿੰਘ, ਇਕਬਾਲ ਸਿੰਘ, ਹਰਪ੍ਰੀਤ ਸਿੰਘ, ਡਿੰਪਲ ਰੁਹੇਲਾ, ਅਮਰਪ੍ਰੀਤ ਸਿੰਘ ਪਰਮਾਰ, ਕੁਲਵਿੰਦਰ ਸਿੰਘ ਜੋਸਨ, ਕਵਲਜੀਤ ਸੰਗੋਵਾਲ, ਕੁਲਦੀਪ ਰਾਣਾ, ਪੁਸ਼ਪਿੰਦਰ ਸਿੰਘ ਵਿਰਦੀ, ਪ੍ਰੇਮ ਲਾਲ, ਮਾਸਟਰ ਮਨੋਹਰ ਲਾਲ, ਨਰਿੰਦਰ ਨਾਥ ਸੈਣੀ, ਗੁਰਜੀਤ ਸਿੰਘ, ਰਿਸ਼ੀ ਕੁਮਾਰ, ਦਵਿੰਦਰਪਾਲ ਸਿੰਘ ਅਵਤਾਰ ਸਿੰਘ ਸਮੇਤ ਵੱਡੀ ਗਿਣਤੀ ਮੁਲਾਜ਼ਮ ਪੈਨਸ਼ਨਰਜ਼ ਹਾਜਰ ਸਨ।ਇਸ ਮੌਕੇ ਹਲਕਾ ਮਹਿੰਦਰ ਭਗਤ ਦੇ ਬੇਟੇ ਨੇ ਚੇਤਾਵਨੀ ਪੱਤਰ ਪ੍ਰਾਪਤ ਕਰਦੇ ਹੋਏ ਇਹਨਾਂ ਮੰਗਾ ਤੇ ਸਹਿਮਤੀ ਦਿੰਦਿਆਂ ਕਿਹਾ ਕਿ ਤੁਹਾਡੀ ਮੰਗਾਂ ਜਾਇਜ਼ ਹਨ ਤੇ ਸਾਡੇ ਘੋਸ਼ਣਾ ਪੱਤਰ ਵਿੱਚ ਹਨ,ਇਹਨਾਂ ਮੰਗਾਂ ਬਾਰੇ ਪਿਤਾ ਮੁੱਖ ਮੰਤਰੀ ਸਾਬ੍ਹ ਨਾਲ ਵੀ ਗੱਲਬਾਤ ਕਰਨਗੇ ।



# ਨਹਿਰ 'ਚੋ' ਮਿਲੀ ਨਿਖਿਲ ਦੀ ਮ੍ਰਿਤਕ ਦੇਹ

## ਪਰਵਾਰ ਤੇ ਇਲਾਕੇ ਅੰਦਰ ਸੋਗ ਦੀ ਲਹਿਰ

**ਬਲਾਚੌਰ (ਜਸਵਿੰਦਰ ਬੈਂਸ)**- ਸਬ ਡਵੀਜ਼ਨ ਬਲਾਚੌਰ ਵਿੱਚ ਪੈਂਦੇ ਪਿੰਡ ਚਾਹਲਾ ਦਾ ਨੌਜਵਾਨ ਨਿਖਿਲ ਜਿਹੜਾ ਕਿ ਭੇਦ ਭਰੇ ਹਾਲਾਤ ਵਿੱਚ ਲਾਪਤਾ ਸੀ, ਦੀ 10ਵੇਂ ਦਿਨ ਨਹਿਰ ਬਿਸਤ ਦੁਆਬ ਵਿੱਚੋ ਮ੍ਰਿਤਕ ਦੇਹ ਮਿਲਣ ਤੇ ਪਰਵਾਰ ਅਤੇ ਇਲਾਕੇ ਅੰਦਰ ਸੋਗ ਦੀ ਲਹਿਰ ਦੌੜ ਪਈ। ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਨਿਖਿਲ ਪੁੱਤਰ ਗੁਰਮੀਤ ਉਰਫ ਛਿੰਦ ਪਿੰਡ ਚਾਹਲਾ ਆਪਣੇ ਦੋ ਸਾਥੀਆ ਸਮੇਤ ਨਹਿਰ ਬਿਸਤ ਦੁਆਬ ਕਿਨਾਰੇ ਖੜਾ ਸੀ ਅਤੇ ਅਚਾਨਕ ਉਹ ਨਹਿਰ ਵਿੱਚ ਡਿੱਗ ਪਿਆ ਜਿਸ ਨੂੰ ਉਸ ਸਾਥੀਆ ਵਲੋਂ ਬਚਾਉਣ ਦੀ ਕੋਸ਼ਿਸ ਕੀਤੀ ਮਗਰ ਨਹਿਰ ਦੇ ਤੇਜ ਬਹਾਅ ਪਾਣੀ ਵਿੱਚ ਉਹ ਲਾਪਤਾ ਹੋ ਗਿਆ। ਪਰਵਾਰਕ ਮੈਬਰਾ ਵੱਲੋਂ ਪੁਲਿਸ ਥਾਣਾ ਕਾਠਗੜ੍ਹ ਨੂੰ ਨਿਖਿਲ ਦੇ ਨਹਿਰ ਬਿਸਤ ਦੁਆਬ ਵਿੱਚ ਡਿੱਗਣ ਦੀ ਸੂਚਨਾ ਦੇਣ ਉਪਰੰਤ ਪੁਲਸ ਅਧਿਕਾਰੀਆ ਵਲੋਂ ਆਪਣੇ ਪੱਧਰ ਤੇ ਉਸ ਦੀ ਨਹਿਰ ਵਿੱਚ ਭਾਲ ਲਈ ਸਰਚ ਅਪ੍ਰੇਸ਼ਨ ਚਲਾਇਆ ਗਿਆ ਸੀ। ਨਹਿਰ ਵਿੱਚ ਪਾਣੀ ਦਾ ਪੱਧਰ ਹੇਠਾ ਆਉਣ ਉਪਰੰਤ ਲਾਪਤਾ ਨਿਖਿਲ ਦੀ ਮ੍ਰਿਤਕ ਦੇਹ ਨਹਿਰ ਦੇ ਸਾਈਫਨ ਵਿੱਚ ਫਸੀ ਹੋਈ ਬ੍ਰਾਮਦ ਹੋਈ ਜਿਸ ਨੂੰ ਪੁਲਸ ਵਲੋਂ ਆਪਣੇ ਕਬਜ਼ੇ ਵਿੱਚ ਲੈਣ ਉਪਰੰਤ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ । ਮੌਕੇ ਉਪਰ ਮਹੌਲ ਉਸ ਵੇਲੇ ਗਮਗੀਨ ਹੋ ਗਿਆ ਜਦ ਆਪਣੇ ਪੁੱਤ ਦੀ ਮ੍ਰਿਤਕ ਦੇਹ ਵੇਖਣ ਉਪਰੰਤ ਪਰਵਾਰ ਧਾਹਾਂ ਮਾਰ ਕੇ ਰੌਣ ਲੱਗਾ । ਯਾਦ ਰਹੇ ਕਿ ਨਹਿਰ ਵਿੱਚ ਲਾਪਤਾ ਨੌਜਵਾਨ ਦੀ ਭਾਲ ਵਿੱਚ ਪੁਲਿਸ ਅਤੇ ਪ੍ਰਸ਼ਾਸਨਿਕ ਅਧਿਕਾਰੀਆ ਵਲੋਂ ਢਿੱਲ ਮੱਲ ਕੀਤੇ ਜਾਣ ਦੇ ਰੋਸ ਵਲੋਂ ਕਾਂਗਰਸ ਦੇ ਜ਼ਿਲਾ ਪ੍ਰਧਾਨ ਅਜੇ ਮੰਗੂਪੁਰ, ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂ ਐਡਵੋਕੇਟ ਪ੍ਰਵੇਸ਼ ਖੋਸਲਾ ਸਮੇਤ ਇਲਾਕੇ ਦੇ ਹੋਰ ਮੋਹਤਬਰ ਸਮਾਜ ਸੇਵਾ ਵਲੋਂ ਪੀੜਤ ਪਰਵਾਰ ਦੇ ਹੱਕ ਵਿੱਚ ਇਕੱਠ ਕਰਕੇ ਨੈਸ਼ਨਲ ਹਾਈਵੇ ਉਪਰ ਟਰੈਫਿਕ ਜ਼ਾਮ ਲਗਾਇਆ ਸੀ ਜਿਸ ਉਪਰੰਤ ਹਲਕਾ ਵਿਧਾਇਕ ਸੰਤੋਸ਼ ਕਟਾਰੀਆ ਅਤੇ ਹੋਰ ਆਗੂਆਂ ਵਲੋਂ ਧਰਨੇ ਵਿੱਚ ਸਮੂਲੀਅਤ ਕਰਕੇ ਲਾਪਤਾ ਨੌਜਵਾਨ ਦੀ ਭਾਲ ਵਿੱਚ ਹੋਰ ਤੇਜ਼ੀ ਲਿਆਉਣ ਦਾ ਵਾਅਦਾ ਕੀਤਾ ਸੀ ਅਤੇ ਉਹਨਾਂ ਵਲੋਂ ਨਹਿਰ ਦਾ ਪਾਣੀ ਬੰਦ ਕਰਾਇਆ ਸੀ। ਨਹਿਰ ਦਾ ਪਾਣੀ ਘੱਟ ਹੋਣ ਉਪਰੰਤ ਨਹਿਰ ਦੇ ਸਾਈਫਨ ਵਿੱਚ ਫਸੀ ਨਿਖਿਲ ਦੀ ਮ੍ਰਿਤਕ ਦੇਹ ਬ੍ਰਾਮਦ ਹੋ ਗਈ ।


ਖ਼ਲ ਦੀ ਪਰਾਣੀ

# ਸੀ ਟੀ ਗਰੁੱਪ ਦੇ ਸਕੂਲ 'ਚ ਨਵੇਂ ਸੈਸ਼ਨ ਦਾ ਆਗਾਜ਼

**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਵਰਲਡ ਸਕੂਲ ਅਤੇ ਸੀ ਟੀ ਪਬਲਿਕ ਸਕੂਲ ਦੇ ਕੈਂਪਸ ਉਸ ਵੇਲੇ ਖੁਸ਼ੀਆਂ ਨਾਲ ਗੂੰਜ ਉੱਠੇ ਜਦੋਂ ਗਰਮੀ ਦੀਆਂ ਛੁੱਟੀਆਂ ਤੋਂ ਬਾਅਦ ਵਿਦਿਆਰਥੀ ਨਵੇਂ ਅਕਾਦਮਿਕ ਸੈਸ਼ਨ ਲਈ ਵਾਪਸ ਆਏ। ਦੋਵੇਂ ਸਕੂਲਾਂ ਵੱਲੋਂ ਵਿਦਿਆਰਥੀਆਂ ਦਾ ਤਹਿ ਦਿਲੋਂ ਸਵਾਗਤ ਕੀਤਾ ਗਿਆ ਅਤੇ ਵੱਖ-ਵੱਖ ਰੋਚਕ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ। ਸੀ ਟੀ ਵਰਲਡ ਸਕੂਲ ਵਿੱਚ ਅਧਿਆਪਕਾਂ ਨੇ ਪਹਿਲੇ ਦਿਨ ਨੂੰ ਯਾਦਗਾਰ ਬਣਾਉਣ ਲਈ ਕਲਾਸਾਂ ਵਿੱਚ ਦਿਲਚਸਪ ਗਤੀਵਿਧੀਆਂ ਕਰਵਾਈਆਂ। ਪਹਿਲੀ ਅਤੇ ਦੂਜੀ ਜਮਾਤ ਦੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਨਾਂਅ ਵਾਲੇ ਰੰਗੀਨ ਬੁੱਕਮਾਰਕ ਦਿੱਤੇ ਗਏ। ਪ੍ਰਾਇਮਰੀ ਵਿੰਗ ਦੇ ਬੱਚਿਆਂ ਨੇ ਸ਼ਬਦ ਖੇਡਾਂ, ਗਤੀਵਿਧੀਆਂ ਅਤੇ ਗੱਲਬਾਤ ਸੈਸ਼ਨਾਂ ਵਿੱਚ ਹਿੱਸਾ ਲਿਆ ਅਤੇ ਆਪਣੇ ਛੁੱਟੀਆਂ ਦੇ ਤਜਰਬੇ ਸਾਂਝੇ ਕੀਤੇ। ਇਹ ਗਤੀਵਿਧੀਆਂ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ ਅਤੇ ਟੀਮ ਵਰਕ ਨੂੰ ਮਜ਼ਬੂਤ ਬਣਾਉਂਦੀਆਂ ਹਨ। ਸੀ ਟੀ ਪਬਲਿਕ ਸਕੂਲ ਵਿੱਚ ਦਿਨ ਦੀ ਸ਼ੁਰੂਆਤ ਪ੍ਰਾਰਥਨਾ ਨਾਲ ਹੋਈ। ਪ੍ਰਿੰਸਿਪਲ ਮਨੀਸ਼ਾ ਬਸਨੇਟ ਅਤੇ ਸਟਾਫ ਵੱਲੋਂ ਵਿਦਿਆਰਥੀਆਂ ਦਾ ਸਵਾਗਤ ਕੀਤਾ ਗਿਆ। ਰੈੱਡ ਕਾਰਪੇਟ ਵਾਕ ਨੇ ਹਰ ਬੱਚੇ ਨੂੰ ਖਾਸ ਮਹਿਸੂਸ ਕਰਵਾਇਆ। ਕਲਾਸ ਗਤੀਵਿਧੀਆਂ ਅਤੇ ਰਚਨਾਤਮਕ ਕਿਰਿਆਵਾਂ ਨੇ ਦਿਨ ਨੂੰ ਹੋਰ ਵੀ ਰੰਗੀਨ ਬਣਾਇਆ।ਵਣ ਮਹੋਤਸਵ ਦੇ ਤਹਿਤ ਸਕੂਲ ਵਿੱਚ ਰੁੱਖ ਲਗਾਏ ਗਏ। ਵਿਦਿਆਰਥੀਆਂ ਨੇ ਵਾਤਾਵਰਣ ਦੀ ਸੰਭਾਲ ਕਰਨ ਅਤੇ ਰੁੱਖਾਂ ਦੀ ਦੇਖਭਾਲ ਕਰਨ ਦਾ ਸੰਕਲਪ ਲਿਆ। ਇਸ ਮੌਕੇ 'ਤੇ ਸੀ ਟੀ ਵਰਲਡ ਸਕੂਲ ਦੀ ਪ੍ਰਿੰਸਿਪਲ ਆਰਤੀ ਜਸਵਾਲ ਨੇ ਕਿਹਾ ਕਿ ਪਹਿਲਾ ਦਿਨ ਬੱਚਿਆਂ ਲਈ ਖਾਸ ਹੁੰਦਾ ਹੈ ਅਤੇ ਉਹਨਾਂ ਦਾ ਉਦੇਸ਼ ਹਰ ਬੱਚੇ ਨੂੰ ਖੁਸ਼ੀ ਦੇ ਇਹਸਾਸ ਦੇ ਨਾਲ ਨਾਲ ਅਤੇ ਪ੍ਰੇਰਿਤ ਕਰਨਾ ਹੈ।




# ਖਾਲਸਾ ਕਾਲਜ 'ਚ ਨਵੇਂ ਕੋਰਸਾਂ 'ਚ ਦਾਖ਼ਲੇ ਜਾਰੀ

**ਮਾਹਿਲਪੁਰ (ਸਫਰੀ)**- ਇਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿੱਚ ਸੈਸ਼ਨ 2026-27 ਅਧੀਨ ਚੱਲਦੇ ਵੱਖ ਵੱਖ ਸਥਾਪਿਤ ਅਤੇ ਨਵੇਂ ਕੋਰਸਾਂ ਵਿੱਚ ਦਾਖਲੇ ਜਾਰੀ ਹਨ ਅਤੇ ਇਲਾਕੇ ਦੇ ਵਿਦਿਆਰਥੀਆਂ ਦਾ ਦਾਖਲਿਆਂ ਪ੍ਰਤੀ ਵੱਡਾ ਉਤਸ਼ਾਹ ਦਿਖ ਰਿਹਾ ਹੈ। ਇਸ ਬਾਰੇ ਗੱਲ ਕਰਦਿਆਂ ਕਾਲਜ ਦੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਨੇ ਦੱਸਿਆ ਕਿ ਕਾਲਜ ਵਿੱਚ ਵਿਦਿਆਰਥੀਆਂ ਦੇ ਦਾਖਲੇ ਸਬੰਧੀ ਵਿਸ਼ੇਸ਼ ਦਾਖ਼ਲਾ ਅਤੇ ਕਾਊਂਸਲਿੰਗ ਸੈੱਲ ਵੀ ਚੱਲ ਰਿਹਾ ਹੈ ਅਤੇ ਪਿੰਡਾਂ ਵਿੱਚ ਸਥਾਪਤ ਦਾਖਲ ਕੇਂਦਰਾਂ ਵਿੱਚ ਪੁੱਜ ਕੇ ਵੀ ਵਿਦਿਆਰਥੀ ਆਪਣੇ ਪੰਸਦੀਦਾ ਕੋਰਸਾਂ ਵਿੱਚ ਦਾਖਲੇ ਹਾਸਿਲ ਕਰ ਰਹੇ ਹਨ। ਉਹਨਾਂ ਦੱਸਿਆ ਕਿ ਕਾਲਜ ਵਲੋਂ ਪੋਸਟ ਮੈਟਰਿਕ ਸਕਾਲਰਸ਼ਿਪ ਅਧੀਨ ਯੋਗ ਐੱਸ ਸੀ, ਐੱਸ ਟੀ ਵਿਦਿਆਰਥੀਆਂ ਤੋਂ ਸਿਰਫ ਯੂਨੀਵਰਸਿਟੀ ਫੀਸ ਹੀ ਲਈ ਜਾ ਰਹੀ ਹੈ ਅਤੇ ਸੰਸਥਾ ਵਿੱਚ ਹੋਰ ਵੱਖ ਵੱਖ ਵਜ਼ੀਫਾ ਰਾਸ਼ੀ ਸਕੀਮਾਂ ਵੀ ਸਫਲਤਾ ਸਹਿਤ ਚੱਲ ਰਹੀਆਂ ਹਨ ਜਿਨਾਂ ਨਾਲ ਇਲਾਕੇ ਦੇ ਹੋਣਹਾਰ ਅਤੇ ਵੱਖ-ਵੱਖ ਵਰਗਾਂ ਦੇ ਲੋੜਵੰਦ ਵਿਦਿਆਰਥੀਆਂ ਨੂੰ ਵੀ ਵੱਡਾ ਲਾਭ ਮਿਲਦਾ ਹੈ। ਉਹਨਾਂ ਕਿਹਾ ਕਿ ਕਾਲਜ ਵਿਚ ਬੀ ਐੱਸ ਸੀ (ਸਾਈਬਰ ਸਕਿਓਰਿਟੀ), ਬੀ ਐੱਸ ਸੀ (ਆਰਟੀਫਿਸ਼ਲ ਇੰਟੈਲੀਜੈਂਸੀ ) ਸਮੇਤ ਕਈ ਨਵੇਂ ਹੁਨਰ ਕੇਂਦਰਿਤ ਅਤੇ ਰੁਜ਼ਗਾਰ ਮੁਖੀ ਕੋਰਸ ਆਰੰਭ ਕੀਤੇ ਗਏ ਹਨ ਜਿਨਾਂ ਵਿੱਚ ਦਾਖਲਾ ਹਾਸਲ ਕਰਕੇ ਵਿਦਿਆਰਥੀ ਆਪਣੀ ਪੜ੍ਹਾਈ ਦੌਰਾਨ ਹੀ ਚੰਗੇ ਰੁਜ਼ਗਾਰ ਦੇ ਭਾਗੀਦਾਰ ਬਣ ਸਕਦੇ ਹਨ। ਇਸ ਮੌਕੇ ਹਾਜ਼ਰ ਸਟਾਫ ਮੈਂਬਰਾਨ ਨੇ ਦਾਖ਼ਲਾ ਲੈਣ ਆਏ ਵਿਦਿਆਰਥੀਆਂ ਨੂੰ ਵੱਖ-ਵੱਖ ਕੋਰਸਾਂ ਵਿੱਚ ਰੁਜ਼ਗਾਰ ਦੀਆਂ ਸੰਭਾਵਨਾਵਾਂ ਬਾਰੇ ਦੱਸਿਆ।



# ਬਲਾਤਕਾਰ ਕਰਨ ਵਾਲੇ ਦੋਸ਼ੀਆਂ ਨੂੰ ਸਖਤ ਸਜ਼ਾ ਦਿੱਤੀ ਜਾਵੇ : ਪੱਬਵਾਂ, ਚੀਮਾ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਬੀਤੇ ਦਿਨ ਗੰਗਾ ਨਗਰ ਸ਼ਹਿਰ ਵਿੱਚ 13 ਸਾਲ ਦੀ ਬੱਚੀ ਨਾਲ 32 ਆਦਮੀਆਂ ਨੇ ਰੇਪ ਕਰਨ ਤੇ ਵੱਖ ਵੱਖ ਸਮਾਜ ਸੇਵਕ ਜਥੇਬੰਦੀਆਂ ਦੇ ਆਗੂਆਂ ਪੇਂਡੂ ਮਜ਼ਦੂਰ ਯੂਨੀਅਨ ਜ਼ਿਲ੍ਹਾ ਪ੍ਰਧਾਨ ਹੰਸ ਰਾਜ ਪੱਬਵਾ, ਸ਼੍ਰੋਮਣੀ ਰੱਘਰੇਟਾ ਦਲ ਪੰਜਾਬ ਦੇ ਚੇਅਰਮੈਨ ਬਲਵੀਰ ਸਿੰਘ ਚੀਮਾ, ਬਲਵੀਰ ਸਿੰਘ ਸੌਂਧੀ,ਭਾਰਤੀ ਕਿਸਾਨ ਯੂਨੀਅਨ ਦੇ ਪ੍ਰਧਾਨ ਰਛਪਾਲ ਸਿੰਘ ਗਰਚਾ ਸ਼ਾਦੀਪੁਰ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੰਤੋਖ ਸਿੰਘ ਸੰਧੂ,ਮੱਖਣ ਸਿੰਘ ਕੰਦੋਲਾ,ਗੁਰਕਮਲ ਸਿੰਘ, ਚੰਨਣ ਸਿੰਘ ਬੁੱਟਰ, ਅਜੀਤ ਸਿੰਘ ਸਮਰਾ, ਨੌਜਵਾਨ ਭਾਰਤ ਸਭਾ ਦੇ ਜ਼ਿਲ੍ਹਾ ਪ੍ਰਧਾਨ ਮੰਗਲਜੀਤ ਪੰਡੋਰੀ, ਪੰਜਾਬ ਸਟੂਡੈਂਟਸ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਰਮਨਦੀਪ ਕੌਰ ਪੰਡੋਰੀ, ਦੇਸ਼ ਭਗਤ ਯਾਦਗਾਰ ਹਾਲ ਕਮੇਟੀ ਜਲੰਧਰ ਦੇ ਟਰੱਸਟੀ ਭੈਣ ਸੁਰਿੰਦਰ ਕੁਮਾਰੀ ਕੋਛੜ, ਸ਼ਿਵਾ ਪਬਲਿਕ ਸਕੂਲ ਨੂਰਮਹਿਲ ਦੇ ਪ੍ਰਿੰਸੀਪਲ ਮੈਡਮ ਸੁਮਨ ਲਤਾ ਪਾਠਕ ਨੇ ਨਿਖੇਧੀ ਕੀਤੀ ਹੈ। ਉਪਰੋਕਤ ਆਗੂਆਂ ਨੇ ਉਚ ਅਧਿਕਾਰੀਆਂ ਪਾਸੋਂ ਮੰਗ ਕੀਤੀ ਦੋਸ਼ੀਆਂ ਸੱਖਤ ਸਜ਼ਾ ਦਿੱਤੀ ਜਾਵੇ।

# ਨੂਰੜ ਵਿਖੇ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸੱਤਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਹਰਿ ਰਾਏ ਮਹਾਰਾਜ ਸਾਹਿਬ ਜੀ ਦੇ ਬਰਸਾਏ ਮਹਾਂਪੁਰਸ਼ ਬਾਬਾ ਯੱਖ ਜੀ ਦੇ ਜੱਦੀ ਪਿੰਡ ਨੂਰੜ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨੂਰੜ ਵਿਖੇ ਗੁਰੂ ਸਾਹਿਬ ਜੀ ਦੀ ਅਪਾਰ ਮੇਹਰ ਸਦਕਾ, ਐੱਨ ਆਰ ਆਈ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਚਲਾਈ ਜਾ ਰਹੀ ਹੈ। ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨੂਰੜ ਵਿਖੇ ਪੰਚਮ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜੁਨ ਦੇਵ ਜੀ ਮਹਾਰਾਜ ਦੇ ਸ਼ਹੀਦੀ ਗੁਰਪੁਰਬ ਅਤੇ ਜੂਨ 1984 ਦੇ ਸ਼ਹੀਦ ਸਿੰਘ ਸਿੰਘਣੀਆਂ ਦੀ ਨਿੱਘੀ ਯਾਦ ਵਿੱਚ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ । ਛਬੀਲ ਦੀ ਸੇਵਾ ਪਰਮਜੀਤ ਸਿੰਘ ਪੰਮਾ ਰਾਮਗੜ੍ਹੀਆ ਸ਼ੀਰਾ ਯੂ ਕੇ ਦੇ ਸਮੂਹ ਪਰਵਾਰ ਅਤੇ ਨਗਰ ਨਿਵਾਸੀ ਪਿੰਡ ਨੂਰੜ ਵਲੋਂ ਕੀਤੀ ਗਈ। ਇਸ ਮੌਕੇ ਹਾਜ਼ਰ ਸੰਗਤਾਂ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਬਲਜੀਤ ਸਿੰਘ ਬਿੱਲਾ ਅਜਨੋਹਾ, ਉਂਕਾਰ ਸਿੰਘ ਖਾਲਸਾ ਨੂਰੜ, ਬਰਿੰਦਰ ਸਿੰਘ ਬਿੰਦਰ ਪੰਜੌੜ, ਡਾਕਟਰ ਤਰਸੇਮ ਸਿੰਘ, ਲੈਬ ਟੈਕਨੀਸ਼ੀਅਨ ਲਵਪ੍ਰੀਤ ਸਿੰਘ ਸਰਹਾਲਾ ਕਲਾਂ, ਮਨਦੀਪ ਕੌਰ ਦਿਹਾਣਾ,ਪਰਮਿੰਦਰ ਕੌਰ ਨੂਰੜ, ਪ੍ਰੀਆ ਨੂਰੜ, ਸੰਦੀਪ ਕੌਰ ਪਾਸਟਾ, ਸੁਮਨਪ੍ਰੀਤ ਰਹੱਲੀ, ਰਾਜਦੀਪ ਕੌਰ ਪਾਸ਼ਟਾਂ ਪ੍ਰੇਮਨਾਥ,ਪਰਮਿੰਦਰ ਕੌਰ,ਮੋਹਨਜੀਤ ਕੌਰ, ਜੈਸਮੀਨ ਕੌਰ, ਰਵਿੰਦਰ ਕੌਰ, ਅਮਿਤੋਜ ਸਿੰਘ , ਕਾਜਲ, ਗੁਰਜੋਤ ਸਿੰਘ , ਸਾਹਿਬ ਪ੍ਰੀਤ ਸਿੰਘ ਆਦਿ ਹਾਜ਼ਰ ਸਨ।




# ਐੱਸ ਆਈ ਆਰ ਦਾ 100 ਫੀਸਦੀ ਕੰਮ ਮੁਕੰਮਲ ਕਰਨ ਤੇ ਬੀ ਐੱਲ ਓ ਸਨਮਾਨਤ

**ਮੁਹਾਲੀ (ਗੁਰਜੀਤ ਬਿੱਲਾ, ਸੁਰਜੀਤ ਸੁਮਨ)**- ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸ ਆਈ ਆਰ)-2026 ਤਹਿਤ ਖਰੜ ਹਲਕੇ ਦੇ ਬੂਥ ਨੰਬਰ 108 ਦੇ ਬੀ ਐਲ ਓ ਅਤੇ ਸਰਕਾਰੀ ਐਲੀਮੈਂਟਰੀ ਸਕੂਲ ਲੁਬਾਨਗੜ੍ਹ ਦੇ ਅਧਿਆਪਕ ਜਗਤਾਰ ਸਿੰਘ ਵੱਲੋਂ 100 ਫੀਸਦੀ ਕੰਮ ਸਮੇਂ ਸਿਰ ਮੁਕੰਮਲ ਕਰਨ 'ਤੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਿਸ਼ੇਸ਼ ਸਮਾਗਮ ਦੌਰਾਨ ਸਨਮਾਨਤ ਕੀਤਾ ਗਿਆ।ਇਸ ਮੌਕੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਕੋਮਲ ਮਿੱਤਲ, ਐਡੀਸ਼ਨਲ ਡਿਪਟੀ ਕਮਿਸ਼ਨਰ (ਵਿਕਾਸ)-ਕਮ-ਉਪ ਜ਼ਿਲ੍ਹਾ ਚੋਣ ਅਫ਼ਸਰ ਗੀਤਿਕਾ ਸਿੰਘ ਅਤੇ ਐਸ.ਡੀ.ਐਮ.-ਕਮ-ਇਲੈਕਟੋਰਲ ਰਜਿਸਟ੍ਰੇਸ਼ਨ ਅਫ਼ਸਰ, ਖਰੜ ਗੁਰਮੀਤ ਸਿੰਘ ਨੇ ਜਗਤਾਰ ਸਿੰਘ ਨੂੰ ਮੁੱਖ ਚੋਣ ਅਫ਼ਸਰ, ਪੰਜਾਬ ਵੱਲੋਂ ਜਾਰੀ ਪ੍ਰਸ਼ੰਸਾ ਪੱਤਰ ਭੇਟ ਕਰਕੇ ਸਨਮਾਨਤ ਕੀਤਾ।ਡਿਪਟੀ ਕਮਿਸ਼ਨਰ ਨੇ ਜਗਤਾਰ ਸਿੰਘ, ਉਨ੍ਹਾਂ ਦੇ ਸੁਪਰਵਾਈਜ਼ਰ ਗੁਰਪ੍ਰੀਤ ਸਿੰਘ (ਐਗਰੀਕਲਚਰ ਡਿਵੈਲਪਮੈਂਟ ਅਫ਼ਸਰ) ਅਤੇ ਐਸ.ਡੀ.ਐਮ.-ਕਮ-ਈ.ਆਰ.ਓ. ਖਰੜ ਗੁਰਮੀਤ ਸਿੰਘ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੰਦਿਆਂ ਕਿਹਾ ਕਿ ਐਸ.ਆਈ.ਆਰ-2026 ਦੌਰਾਨ ਜ਼ਿੰਮੇਵਾਰੀ ਅਤੇ ਸਮਰਪਣ ਨਾਲ ਕੀਤਾ ਗਿਆ ਕੰਮ ਲੋਕਤੰਤਰ ਨੂੰ ਹੋਰ ਮਜ਼ਬੂਤ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ। ਉਨ੍ਹਾਂ ਸਮੂਹ ਬੀ.ਐੱਲ.ਓਜ਼ ਨੂੰ ਅਪੀਲ ਕੀਤੀ ਕਿ ਉਹ ਜਗਤਾਰ ਸਿੰਘ ਤੋਂ ਪ੍ਰੇਰਨਾ ਲੈ ਕੇ ਐਸ.ਆਈ.ਆਰ ਦਾ ਕੰਮ ਨਿਰਧਾਰਤ ਸਮੇਂ ਅੰਦਰ ਪੂਰੀ ਤਨਦੇਹੀ ਨਾਲ ਮੁਕੰਮਲ ਕਰਨ।



# ਲੋਕ ਫਲਾਈਓਵਰ ਹੇਠਾਂ ਬਰਸਾਤੀ ਪਾਣੀ ਦੀ ਸਮੱਸਿਆ ਨਾਲ ਜੂਝਦੇ ਹਨ : ਬੰਟੀ ਵਾਲੀਆ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਨੈਸ਼ਨਲ ਹਾਈਵੇ-1 'ਤੇ ਜੇ.ਸੀ.ਟੀ. ਮਿਲ ਅਤੇ ਮਾਡਲ ਟਾਊਨ ਦੇ ਵਿਚਕਾਰ ਬਣੇ ਫਲਾਈਓਵਰ ਹੇਠਾਂ ਹਰ ਸਾਲ ਬਰਸਾਤ ਦੇ ਮੌਸਮ ਦੌਰਾਨ ਖੜ੍ਹਾ ਰਹਿਣ ਵਾਲਾ ਪਾਣੀ ਇੱਕ ਵਾਰ ਫਿਰ ਲੋਕਾਂ ਲਈ ਚਿੰਤਾ ਦਾ ਵਿਸ਼ਾ ਬਣ ਗਿਆ ਹੈ। ਬਰਸਾਤ ਦਾ ਮੌਸਮ ਸ਼ੁਰੂ ਹੁੰਦੇ ਹੀ ਸਥਾਨਕ ਲੋਕਾਂ ਨੂੰ ਇਹ ਚਿੰਤਾ ਸਤਾਉਣ ਲੱਗ ਪਈ ਹੈ ਕਿ ਪਿਛਲੇ ਸਾਲਾਂ ਦੀ ਤਰ੍ਹਾਂ ਇਸ ਵਾਰ ਵੀ ਫਲਾਈਓਵਰ ਹੇਠਾਂ ਕਈ-ਕਈ ਦਿਨਾਂ ਤੱਕ ਪਾਣੀ ਖੜ੍ਹਾ ਰਹੇਗਾ ਅਤੇ ਆਉਣ-ਜਾਣ ਵਾਲਿਆਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਵੇਗਾ। ਇਸ ਸਮੱਸਿਆ ਸਬੰਧੀ ਪ੍ਰਤੀਕਿਰਿਆ ਦਿੰਦਿਆਂ ਨਗਰ ਨਿਗਮ ਫਗਵਾੜਾ ਦੇ ਕਾਂਗਰਸੀ ਕੌਂਸਲਰ ਤਰਨਜੀਤ ਸਿੰਘ ਬੰਟੀ ਵਾਲੀਆ ਨੇ ਕਿਹਾ ਕਿ ਇਹ ਕੋਈ ਨਵੀਂ ਸਮੱਸਿਆ ਨਹੀਂ ਹੈ।

ਕਈ ਸਾਲਾਂ ਤੋਂ ਹਰ ਬਰਸਾਤ ਵਿੱਚ ਫਲਾਈਓਵਰ ਹੇਠਾਂ ਪਾਣੀ ਭਰ ਜਾਂਦਾ ਹੈ ਅਤੇ ਕਈ ਹਫ਼ਤਿਆਂ ਤੱਕ ਉੱਥੇ ਹੀ ਖੜ੍ਹਾ ਰਹਿੰਦਾ ਹੈ। ਜਦੋਂ ਤੱਕ ਪਾਣੀ ਆਪਣੇ ਆਪ ਨਹੀਂ ਸੁੱਕ ਜਾਂਦਾ, ਉਦੋਂ ਤੱਕ ਪ੍ਰਸ਼ਾਸਨ ਵੱਲੋਂ ਇਸ ਦੀ ਨਿਕਾਸੀ ਲਈ ਸ਼ਾਇਦ ਹੀ ਕੋਈ ਠੋਸ ਉਪਰਾਲਾ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਸ ਕਾਰਨ ਸਭ ਤੋਂ ਵੱਧ ਪ੍ਰੇਸ਼ਾਨੀ ਦੋਪਹੀਆ ਵਾਹਨ ਚਾਲਕਾਂ, ਸਕੂਲੀ ਬੱਚਿਆਂ, ਬਜ਼ੁਰਗਾਂ ਅਤੇ ਪੈਦਲ ਰਾਹਗੀਰਾਂ ਨੂੰ ਝੱਲਣੀ ਪੈਂਦੀ ਹੈ। ਬਰਸਾਤ ਦੇ ਮੌਸਮ ਵਿੱਚ ਖੜ੍ਹਾ ਪਾਣੀ ਡੇਂਗੂ ਮੱਛਰਾਂ ਅਤੇ ਹੋਰ ਗੰਭੀਰ ਬਿਮਾਰੀਆਂ ਨੂੰ ਵੀ ਵਧਾਵਾ ਦਿੰਦਾ ਹੈ।

ਬੰਟੀ ਵਾਲੀਆ ਨੇ ਕਿਹਾ ਕਿ ਵਿਕਾਸ ਕਾਰਜ ਸਿਰਫ਼ ਨਿਰਮਾਣ ਤੱਕ ਹੀ ਸੀਮਿਤ ਨਹੀਂ ਹੋਣੇ ਚਾਹੀਦੇ, ਸਗੋਂ ਉਨ੍ਹਾਂ ਦੀ ਨਿਯਮਤ ਦੇਖਭਾਲ ਅਤੇ ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ ਦਾ ਹੱਲ ਕਰਨਾ ਵੀ ਉਨ੍ਹਾਂ ਹੀ ਜ਼ਰੂਰੀ ਹੈ। ਉਨ੍ਹਾਂ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਬਰਸਾਤ ਦੇ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ ਫਲਾਈਓਵਰ ਹੇਠਾਂ ਜਲ ਭਰਾਅ ਨੂੰ ਰੋਕਣ ਲਈ ਤੁਰੰਤ ਪ੍ਰਭਾਵਸ਼ਾਲੀ ਕਦਮ ਚੁੱਕੇ ਜਾਣ।

# ਸੀਵਰੇਜ ਬੋਰਡ ਦੇ ਮੁਲਾਜ਼ਮ ਪਰਵਾਰਾਂ ਸਮੇਤ ਦੇਣਗੇ 15 ਨੂੰ ਧਰਨਾ

**ਨੰਗਲ (ਸੁਰਜੀਤ ਸਿੰਘ ਢੇਰ)**- ਪੰਜਾਬ ਵਾਟਰ ਸਪਲਾਈ ਅਤੇ ਸੀਵਰੇਜ ਬੋਰਡ ਇੰਪਲਾਈਜ ਕੰਟਰੈਕਟ ਵਰਕਰਜ ਤੇ ਲੇਬਰ ਯੂਨੀਅਨ ਰਜਿ,23 ਦੇ ਸੂਬਾ ਆਗੂਆਂ ਵਲੋਂ ਜ਼ਿਲ੍ਹਾ ਰੂਪਨਗਰ ਦੇ ਡਿਪਟੀ ਕਮਿਸ਼ਨਰ ਆਦਿਤਿਆ ਡਚਲਵਾਲ ਨੂੰ ਆਪਣੇ ਸਾਥੀਆਂ ਸਮੇਤ ਸੂਬਾ ਪ੍ਰਧਾਨ ਸ਼ੇਰ ਸਿੰਘ ਖੰਨਾ ਦੀ ਅਗਵਾਈ ਹੇਠ ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ (ਸਥਾਨਕ ਸਰਕਾਰਾਂ) ਦੇ ਘਰ ਅੱਗੇ ਉਨਾਂ ਦੇ ਜੱਦੀ ਪਿੰਡ 15 ਜੁਲਾਈ ਨੂੰ ਆਪਣੇ ਪਰਵਾਰਾਂ ਤੇ ਬੱਚਿਆਂ ਸਮੇਤ ਧਰਨਾ ਲਗਾਉਣ ਦਾ ਨੋਟਿਸ ਦਿੱਤਾ ਗਿਆ। ਇਸ ਮੌਕੇ ਜਥੇਬੰਦੀ ਦੇ ਸੂਬਾ ਪ੍ਰਧਾਨ ਸ਼ੇਰ ਸਿੰਘ ਖੰਨਾ ਤੇ ਹੋਰ ਆਗੂਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਅਸੀਂ ਪਿਛਲੇ 15-20 ਸਾਲਾਂ ਤੋਂ ਲਗਾਤਾਰ ਆਊਟਸੋਰਸ ਸਿਸਟਮ ਰਾਹੀਂ ਬਹੁਤ ਹੀ ਨਿਗੂਣੀਆਂ ਤਨਖ਼ਾਹਾਂ ਤੇ ਕੰਮ ਕਰਦੇ ਆ ਰਹੇ ਹਾਂ। ਉਹਨਾਂ ਕਿਹਾ ਸਿਵਲ ਸਕੱਤਰੇਤ ਚੰਡੀਗੜ੍ਹ ਵਿਖੇ ਸਬ ਕਮੇਟੀ ਦੇ ਚੇਅਰਮੈਨ ਵਿਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ 4 ਜੂਨ ਨੂੰ ਹੋਈ ਮੀਟਿੰਗ ਵਿੱਚ ਇਹ ਫੈਸਲਾ ਹੋਇਆ ਸੀ ਕਿ 15 ਜੂਨ ਤੋਂ ਲੈ ਕੇ 30 ਜੂਨ ਤੱਕ ਸੀਵਰੇਜ ਬੋਰਡ ਵਿੱਚ ਕੰਮ ਕਰਦੇ ਆਊਟਸੋਰਸ ਕਾਮਿਆਂ ਨੂੰ ਇੱਕ ਪਾਲਸੀ ਅਧੀਨ ਲਿਆ ਕੇ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇਗਾ।ਪਰ ਅਫ਼ਸੋਸ ਦੀ ਗੱਲ ਇਹ ਹੈ ਕਿ ਹੁਣ ਤੱਕ ਨੋਟੀਫਿਕੇਸ਼ਨ ਜਾਰੀ ਨਹੀਂ ਕੀਤਾ ਗਿਆ। ਜ਼ਿਕਰਯੋਗ ਹੈ ਕਿ ਜਥੇਬੰਦੀ ਵੱਲੋਂ ਸਥਾਨਕ ਸਰਕਾਰਾਂ ਮੰਤਰੀ ਅਤੇ ਵਿੱਤ ਮੰਤਰੀ ਨੂੰ ਪੱਤਰ ਵਿਹਾਰ ਰਾਹੀਂ ਲਿਖ ਕੇ ਭੇਜਿਆ ਜਾ ਚੁੱਕਾ ਹੈ ਜਿਸ ਵਿੱਚ ਸਪਸ਼ਟ ਕੀਤਾ ਗਿਆ ਕਿ ਜਥੇਬੰਦੀ ਨਾਲ ਮੀਟਿੰਗ ਕਰਕੇ ਸਾਡੇ ਮਸਲੇ ਦਾ ਹੱਲ ਕੀਤਾ ਜਾਵੇ। ਜਥੇਬੰਦੀ ਦੀ ਸੁਣਵਾਈ ਨਾ ਹੋਣ ਕਾਰਨ ਆਊਟ ਸੋਰਸਿਸ ਮੁਲਾਜ਼ਮਾ ਦੇ ਵਿੱਚ ਭਾਰੀ ਰੋਸ ਹੈ ਜਿਸ ਨੂੰ ਲੈ ਕੇ 15 ਜੁਲਾਈ ਨੂੰ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੇ ਘਰ ਅੱਗੇ ਪਰਿਵਾਰਾਂ ਅਤੇ ਬੱਚਿਆਂ ਸਮੇਤ ਧਰਨਾ ਦਿੱਤਾ ਜਾਵੇਗਾ। ਇਸ ਮੌਕੇ ਸੂਬਾ ਜਨਰਲ ਸਕੱਤਰ ਗਨਦੀਪ ਸ਼ਰਮਾ ਸੁਨਾਮ, ਗੁਰਵਿੰਦਰ ਸਿੰਘ ਧਾਲੀਵਾਲ, ਯਾਦਵਿੰਦਰ ਸਿੰਘ ਯਾਦੀ, ਪ੍ਰਦੀਪ ਸਿੰਘ ਛਾਹੜ ਕਰਨੈਲ ਸਿੰਘ ਫਤਿਹਗੜ੍ਹ ਸਾਹਿਬ, ਭੁਪਿੰਦਰ ਸਿੰਘ ਫਤਿਹਗੜ੍ਹ ਸਾਹਿਬ, ਕੁਲਦੀਪ ਸਿੰਘ ਆਦਿ ਹਾਜ਼ਰ ਸਨ।



# 5 ਲੱਖ ਦੀ ਸਰਕਾਰੀ ਫੀਸ ਲਗਾਉਣ ਦੇ ਫੈਸਲੇ ਨੂੰ ਸਰਕਾਰ ਤੁਰੰਤ ਵਾਪਸ ਲਵੇ : ਸਹਿਕਾਰ ਭਾਰਤੀ ਪੰਜਾਬ

**ਨੰਗਲ (ਸੁਰਜੀਤ ਸਿੰਘ ਢੇਰ)**- ਸਹਿਕਾਰ ਭਾਰਤੀ ਪੰਜਾਬ ਨੇ ਮੰਗ ਕੀਤੀ ਹੈ ਕਿ ਪੰਜਾਬ ਸਰਕਾਰ ਪੰਜਾਬ ਸਵੈ-ਸਹਾਇਤਾ ਸਹਿਕਾਰੀ ਸਭਾਵਾਂ ਐਕਟ 2006 ਅਧੀਨ ਸਹਿਕਾਰੀ ਸਭਾਵਾਂ ਦੀ ਰਜਿਸਟ੍ਰੇਸ਼ਨ ਲਈ 25 ਸਤੰਬਰ 2023 ਨੂੰ ਨੋਟੀਫਿਕੇਸ਼ਨ ਨੰਬਰ 36/42/2019-(3)1(1)12656-62 ਦੁਆਰਾ ਲਗਾਈ ਗਈ 5 ਲੱਖ ਰੁਪਏ ਦੀ ਸਰਕਾਰੀ ਰਜਿਸਟ੍ਰੇਸ਼ਨ ਫੀਸ ਨੂੰ ਪੰਜਾਬ ਸਰਕਾਰ ਤੁਰੰਤ ਰੱਦ ਕਰੇ। ਇਸ ਬਾਰੇ ਸਹਿਕਾਰ ਭਾਰਤੀ ਪੰਜਾਬ ਦੇ ਪ੍ਰਧਾਨ ਬਲਰਾਮ ਦਾਸ ਬਾਵਾ ਅਤੇ ਉਪ ਪ੍ਰਧਾਨ ਟਿੱਕਾ ਯਸ਼ਵੀਰ ਚੰਦ ਭਲਾਣ ਨੇ ਇੱਕ ਸਾਂਝੇ ਬਿਆਨ ਵਿੱਚ ਕਿਹਾ ਕਿ ਸਹਿਕਾਰ ਲਹਿਰ ਆਰਥਿਕ ਤੌਰ 'ਤੇ ਕਮਜ਼ੋਰ, ਬੇਰੁਜ਼ਗਾਰ ਅਤੇ ਹੁਨਰਮੰਦ ਲੋਕਾਂ ਨੂੰ ਸਸ਼ਕਤ ਬਣਾਉਣ ਦਾ ਸਭ ਤੋਂ ਪ੍ਰਭਾਵਸ਼ਾਲੀ ਸਾਧਨ ਹੈ।

ਹਜ਼ਾਰਾਂ ਨੌਜਵਾਨ ਸਹਿਕਾਰੀ ਸਭਾਵਾਂ ਰਾਹੀਂ ਸਵੈ-ਰੁਜ਼ਗਾਰ ਦੇ ਮੌਕੇ ਪ੍ਰਾਪਤ ਕਰ ਸਕਦੇ ਹਨ, ਜਿਸ ਨਾਲ ਬੇਰੁਜ਼ਗਾਰੀ ਘੱਟ ਹੋਵੇਗੀ ਅਤੇ ਰਾਜ ਦੀ ਆਰਥਿਕਤਾ ਮਜ਼ਬੂਤ ਹੋਵੇਗੀ। ਉਨ੍ਹਾਂ ਕਿਹਾ ਕਿ 2006 ਵਿੱਚ ਇਸ ਐਕਟ ਦਾ ਉਦੇਸ਼ ਸਹਿਕਾਰੀ ਸਭਾਵਾਂ ਨੂੰ ਇੱਕ ਜਨ ਅੰਦੋਲਨ ਬਣਾਉਣਾ ਅਤੇ ਸਹਿਕਾਰੀ ਸਭਾਵਾਂ 'ਤੇ ਸਰਕਾਰੀ ਕੰਟਰੋਲ ਨੂੰ ਘੱਟ ਕਰਨਾ ਸੀ। ਹਾਲਾਂਕਿ 2023 ਵਿੱਚ 5 ਲੱਖ ਰੁਪਏ ਦੀ ਰਜਿਸਟ੍ਰੇਸ਼ਨ ਫੀਸ ਲਗਾਉਣ ਨੇ ਇਸ ਐਕਟ ਦੀ ਭਾਵਨਾ ਨੂੰ ਕਮਜ਼ੋਰ ਕਰ ਦਿੱਤਾ ਹੈ। ਸਰਕਾਰ ਨੂੰ ਚਾਹੀਦਾ ਹੈ ਕਿ ਇਹ ਰਜਿਸਟਰੇਸ਼ਨ ਫੀਸ ਵਿੱਚ ਬੇਲੋੜਾ ਬਾਅਦਾ ਤੁਰੰਤ ਵਾਪਸ ਲਿਆ ਜਾਵੇ।

# ਕਿਰਤੀ ਕਿਸਾਨ ਯੂਨੀਅਨ ਦੀ ਮੀਟਿੰਗ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਕਿਰਤੀ ਕਿਸਾਨ ਯੂਨੀਅਨ ਦੀ ਜ਼ਿਲੇ ਜਲੰਧਰ ਦੀ ਮੀਟਿੰਗ ਪਿੰਡ ਬਿਲਗਾ ਵਿਖੇ ਹੋਈ ਜਿਸ ਦੀ ਪ੍ਰਧਾਨਗੀ ਬਲਾਕਾਂ ਦੇ ਪ੍ਰਧਾਨ ਸਾਹਿਬਾਨ ਬੀਬੀ ਹਰਪ੍ਰੀਤ ਕੌਰ ਨੁਸੀ, ਰਸ਼ਪਾਲ ਸਿੰਘ ਉਮਰਪੁਰਾ, ਸੁਰਿੰਦਰ ਸਿੰਘ ਕੰਦੋਲਾ, ਤਰਸੇਮ ਸਿੰਘ ਕਾਲਾ, ਰਜਿੰਦਰ ਸਿੰਘ ਮੰਡ ਨੇ ਕੀਤੀ।ਵਿਸ਼ੇਸ਼ ਤੌਰ 'ਤੇ ਪਹੁੰਚੇ ਸੂਬਾ ਪ੍ਰੈੱਸ ਸਕੱਤਰ ਅਤੇ ਐੱਸ ਕੇ ਐਮ ਦੇ ਆਗੂ ਰਮਿੰਦਰ ਸਿੰਘ ਪਟਿਆਲਾ ਨੇ ਬਿਜਲੀ ਸੋਧ ਬਿੱਲ ਦੇ ਆਮ ਲੋਕਾਂ ਨੂੰ ਹੋਣ ਵਾਲੇ ਨੁਕਸਾਨ ਬਾਰੇ ਦੱਸਿਆ ਅਤੇ ਪਾਣੀ ਦੀ ਸੰਭਾਲ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਹਿਰਾ ਦੀ ਰਿਪੋਰਟ ਮੁਤਾਬਕ 2039 ਤੱਕ ਪਾਣੀ ਦੇ ਖ਼ਤਮ ਹੋਣ ਦੀ ਸੰਭਾਵਨਾ ਹੈ। ਇਸ ਲਈ ਨਹਿਰੀ ਪਾਣੀ ਦੀ ਵਰਤੋਂ ਕਰਨ ਤੇ ਸਰਕਾਰ ਰਿਚਾਰਜ ਪੁਆਇੰਟ ਲਗਵਾਏ ਅਮਰੀਕਾ ਨਾਲ ਹੋਣ ਵਾਲੇ ਟ੍ਰੇਡ ਸਮਝੌਤੇ ਨਾਲ ਭਾਰਤ ਦੇ ਕਿਸਾਨਾਂ ਨੂੰ ਹੋਣ ਵਾਲੇ ਨੁਕਸਾਨ ਬਾਰੇ ਜਾਣਕਾਰੀ ਦਿੱਤੀ ਅਤੇ ਇਸ ਸਮਝੌਤੇ ਖ਼ਿਲਾਫ਼ ਐਸ ਕੇ ਐਮ ਵਲੋ ਵਿੱਢੇ ਸੰਘਰਸ਼ ਵਿੱਚ ਯੋਗਦਾਨ ਪਾਉਣ ਲਈ ਕਿਹਾ ਜਿਸ ਅਨੁਸਾਰ ਮਿਤੀ 22 ਜੁਲਾਈ ਨੂੰ ਟੋਲ ਪਲਾਜ਼ਿਆਂ ਨੂੰ ਫ੍ਰੀ ਕੀਤਾ ਜਾਵੇਗਾ ਅਤੇ ਭਾਜਪਾ ਦੇ ਮੰਤਰੀਆਂ ਦੇ ਘਰਾਂ ਦੇ ਬਾਹਰ ਧਰਨੇ ਦਿੱਤੇ ਜਾਣਗੇ। ਸਟੇਜ ਸਕੱਤਰ ਦੀ ਜ਼ਿੰਮੇਵਾਰੀ ਜ਼ਿਲਾ ਸਕੱਤਰ ਗੁਰਕਮਲ ਸਿੰਘ ਨੇ ਨਿਭਾਈ ਅੰਤ ਵਿੱਚ ਜ਼ਿਲਾ ਪ੍ਰਧਾਨ ਸੰਤੋਖ ਸਿੰਘ ਸੰਧੂ ਨੇ ਵਿਚਾਰ ਚਰਚਾ ਕੀਤੀ ਅਤੇ ਆਏ ਸਾਥੀਆਂ ਦਾ ਧੰਨਵਾਦ ਕੀਤਾ।



# ਸਾਲਾਨਾ ਬਰਸੀ ਮੌਕੇ ਗੁਰਮਤਿ ਸਮਾਗਮ ਕਰਵਾਇਆ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਪਿੰਡ ਤਾਜੇਵਾਲ ਡੇਰਾ ਬੁੰਗਾ ਸਾਹਿਬ ਵਿਖੇ ਸੰਤ ਬਾਬਾ ਰਾਮ ਸਿੰਘ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ ਤੇ ਐੱਨ ਆਰ ਆਈ ਦੇ ਸਹਿਯੋਗ ਨਾਲ ਸੰਤ ਬਾਬਾ ਰਾਮ ਸਿੰਘ ਦੀ ਸਲਾਨਾ 26ਵੀ ਬਰਸੀ ਮੌਕੇ ਧਾਰਮਿਕ ਸਮਾਗਮ ਇਸ ਅਸਥਾਨ ਦੇ ਮੁੱਖ ਸੰਚਾਲਕ ਸੰਤ ਮਹਾਵੀਰ ਸਿੰਘ ਤਾਜੇਵਾਲ ਦੀ ਯੋਗ ਅਗਵਾਈ ਹੇਠ ਕਰਵਾਇਆ ਗਿਆ। ਇਸ ਮੌਕੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਸ ਤੋਂ ਬਾਅਦ ਕੀਰਤਨੀ ਜਥਿਆਂ, ਰਾਗੀਆਂ-ਢਾਡੀਆਂ, ਪ੍ਰਚਾਰਕਾਂ ਅਤੇ ਕਥਾਵਾਚਕਾਂ ਨੇ ਸੰਗਤਾਂ ਨੂੰ ਉਸ ਸਰਬ ਸ਼ਕਤੀਮਾਨ ਪਰਮਾਤਮਾ ਦੇ ਨਾਮ- ਨਾਲ ਜੋੜਿਆ, ਜੋ ਇਸ ਬ੍ਰਹਿਮੰਡ ਦੇ ਕਣ-ਕਣ ਵਿੱਚ ਮੌਜੂਦ ਹੋ ਕੇ ਸਭਨਾ ਜੀਵਾਂ ਦੀ ਪ੍ਰਿਤਪਾਲਣਾ ਕਰ ਰਿਹਾ ਹੈ। ਇਸ ਦੇ ਨਾਲ ਹੀ ਸੰਤਾਂ-ਮਹਾਂਪੁਰਸ਼ਾਂ ਨੇ ਸੰਤ ਬਾਬਾ ਰਾਮ ਸਿੰਘ ਮਹਾਰਾਜ ਜੀ ਦੇ ਪਰਉਪਕਾਰੀ ਕਾਰਜਾਂ ਤੋਂ ਸੰਗਤਾਂ ਨੂੰ ਜਾਣੂ ਕਰਵਾਇਆ। ਇਸ ਮੌਕੇ ਗਿਆਨੀ ਜੋਗਿੰਦਰ ਸਿੰਘ ਹੈਡ ਗ੍ਰੰਥੀ ਤਖਤ ਸ੍ਰੀ ਕੇਸਗੜ ਸਾਹਿਬ, ਸੰਤ ਅਮਰਜੀਤ ਸਿੰਘ ਮੁਖੀ ਹਰਖੋਵਾਲ ਸੰਪਰਦਾਏ, ਬਾਬਾ ਸੁਰਜੀਤ ਸਿੰਘ, ਸੰਤ ਹਰਦਿਆਲ ਸਿੰਘ, ਬਾਬਾ ਤਜਿੰਦਰ ਸਿੰਘ, ਸੰਤ ਬਲਵੀਰ ਸਿੰਘ ਲੰਗੇਰੀ, ਸੰਤ ਕਰਮਜੀਤ ਸਿੰਘ ਟਿੱਬਾ ਸਾਹਿਬ, ਸੰਤ ਬਲਵੀਰ ਸਿੰਘ ਟਿੱਬਾ ਸਾਹਿਬ, ਸੰਤ ਬੀਬੀ ਗੁਰਿੰਦਰ ਕੌਰ ਬਾਹੋਵਾਲ, ਸੰਤ ਪ੍ਰੀਤਮ ਸਿੰਘ ਡੁਮੇਲੀ, ਸੰਤ ਬਾਬਾ ਭਾਗ ਸਿੰਘ ਬੰਗਿਆਂ ਵਾਲੇ, ਮਹੰਤ ਚਮਕੌਰ ਸਿੰਘ, ਸੰਤ ਤੇਜਾ ਸਿੰਘ ਖੁੱਡੇ ਵਾਲੇ,ਸੰਤ ਰੇਸ਼ਮ ਸਿੰਘ, ਸੰਤ ਹਾਕਮ ਸਿੰਘ, ਸੰਤ ਸੁਖਜਿੰਦਰ ਸਿੰਘ, ਸੰਤ ਗੁਰਵਿੰਦਰ ਸਿੰਘ, ਸੰਤ ਸਰਬਜੀਤ ਸਿੰਘ, ਭਾਈ ਸੁਰਿੰਦਰ ਸਿੰਘ ਸਤੌਰ, ਬੀਬੀ ਜਸਬੀਰ ਕੌਰ, ਸੰਤ ਬੀਬੀ ਜਸਪ੍ਰੀਤ ਕੌਰ ਡੇਰਾ ਬੁੰਗਾ ਸਾਹਿਬ ਮਾਹਿਲਪੁਰ, ਭਾਈ ਸਰਬਜੀਤ ਸਿੰਘ, ਭਾਈ ਸਰੂਪ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਹਰਭਜਨ ਸਿੰਘ ਗੁਰਦੁਆਰਾ ਬਾਬਾ ਜਵਾਹਰ ਸਿੰਘ ਸੂਸਾ, ਗਿਆਨੀ ਭੁਪਿੰਦਰ ਸਿੰਘ ਅਗੰਮਪੁਰ, ਸਮੇਤ ਸੰਤ ਮਹਾਂਪੁਰਸ਼ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਇਹਨਾਂ ਸਾਰਿਆਂ ਮਹਾਂਪੁਰਸ਼ਾਂ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਕੀਤੀਆਂ। ਇਸ ਮੌਕੇ ਬੋਲਦਿਆਂ ਸੰਤ ਅਮਰਜੀਤ ਸਿੰਘ ਹਰਖੋਵਾਲ ਵਾਲਿਆਂ ਨੇ ਕਿਹਾ ਕਿ ਅਜਿਹੇ ਪਰਉਪਕਾਰੀ ਸੰਤ ਮਹਾਂਪੁਰਸ਼ਾਂ ਦੀ ਯਾਦ ਵਿੱਚ ਸਮਾਗਮ ਕਰਵਾਉਣ ਦਾ ਮੁੱਖ ਮਨੋਰਥ ਸੰਗਤਾਂ ਨੂੰ ਸੇਵਾ-ਸਿਮਰਨ ਤੇ ਪਰਉਪਕਾਰੀ ਜ਼ਿੰਦਗੀ ਜਿਉਣ ਦਾ ਸੰਦੇਸ਼ ਦੇਣਾ ਹੈ। ਸਮਾਗਮ ਦੇ ਅਖੀਰ ਵਿੱਚ ਸੰਤ ਬਾਬਾ ਮਹਾਂਵੀਰ ਸਿੰਘ ਤਾਜਵਾਲ ਨੇ ਆਈਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ।



# ਐਬਸਫੋਰਡ ਵਿਖੇ ਕੈਨੇਡਾ ਡੇਅ ਧੂਮਧਾਮ ਨਾਲ ਮਨਾਇਆ

**ਐਬਸਫੋਰਡ**- ਐਬਸਫੋਰਡ ਵਿਖੇ ਕੈਨੇਡਾ ਡੇਅ 1 ਜੁਲਾਈ ਨੂੰ ਬੜੀ ਧੂਮਧਾਮ ਨਾਲ ਮਨਾਇਆ ਗਿਆ ਜਿਸ ਵਿੱਚ ਵੱਖ ਵੱਖ-ਵੱਖ ਦੇਸ਼ਾਂ ਤੋਂ ਆਏ ਵਸਿੰਦਿਆਂ ਨੇ ਇਸ ਸਾਲ ਇੱਕ ਵੱਖਰੇ ਤਰੀਕੇ ਨਾਲ ਸ਼ਿਰਕਤ ਕੀਤੀ ਤੇ ਭਾਗ ਲਿਆ। ਉਸ ਤਰ੍ਹਾਂ ਐਬਸਫੋਰਡ ਵਿਖੇ ਪਹਿਲੀ ਵਾਰ ਇਹ ਸਾਲ 1927 ਵਿੱਚ 60ਵਾਂ ਕੈਨੇਡਾ ਦਿਨ ਜੁਬਲੀ ਪਾਰਕ ਤੇ ਜੁਬਲੀ ਹਾਲ ਵਿਖੇ ਇੱਥੋਂ ਦੀ ਵੱਸੋਂ ਸਾਰੀ ਨੇਬਰਹੁੱਡ ਨੇ ਰਲ ਕੇ ਇੱਕ ਮੇਲੇ ਦੇ ਰੂਪ ਵਿੱਚ ਮਨਾਉਣ ਦੀ ਸ਼ੁਰੂਆਤ ਕੀਤੀ ਸੀ ਉਸ ਤੋਂ ਬਾਅਦ ਇਹ ਦਿਨ ਸਾਊਥ ਫਰੇਜ਼ਰ ਵੇਅ ਉੱਪਰ ਇੱਕ ਪਰੇਡ ਦਾ ਸ਼ਿੰਗਾਰ ਬਣ ਗਿਆ।ਇਸ ਸਾਲ 159ਵਾਂ ਕੈਨੇਡਾ ਡੇਅ ਪਰੇਡ ਦੀਆਂ ਤਿਆਰੀਆਂ ਦੇ ਸ਼ੁਰੂਆਤੀ ਪ੍ਰੋਗਰਾਮਾਂ ਵਿੱਚ ਇੱਥੋਂ ਦੀ ਮਿਉਂਸਿਪਲਟੀ ਤੇ ਟੂਰਿਸਟ ਮਹਿਕਮੇਂ ਵੱਲੋਂ ਪਰੇਡ ਦੀ ਇੱਕ ਵੱਖਰੀ ਦਿੱਖ ਬਣਾਉਣ ਵਾਸਤੇ ਸਾਰੀਆਂ ਕਮਿਊਨਿਟੀਆਂ ਨੂੰ ਦਰਖਾਸਤ ਕੀਤੀ ਕਿ ਆਪ ਦਾ ਵਿਰਾਸਤੀ, ਰਵਾਇਤੀ, ਪਹਿਰਾਵਾ, ਕੋਈ ਸਾਜ਼ ਜਾਂ ਵਸਤਾਂ ਦਾ ਵਿਖਾਵਾ ਕਰਕੇ ਆਮ ਲੋਕਾਂ ਵਾਸਤੇ ਨੁਮਾਇਸ਼ੀ ਪ੍ਰਦਰਸ਼ਨੀ ਕਰਨ ਵਾਸਤੇ ਫਲੋਟ ਸ਼ਾਮਲ ਕੀਤੇ ਜਾਣ। ਖ਼ਾਲਸਾ ਦੀਵਾਨ ਸੁਸਾਇਟੀ ਐਬਸਫੋਰਡ ਦੀ ਪ੍ਰਬੰਧਕ ਕਮੇਟੀ ਵੱਲੋਂ ਹੈਰੀਟੇਜ ਗੁਰ ਸਿੱਖ ਟੈਂਪਲ ਦੀਆਂ ਵੱਡੀਆਂ ਪਿਕਚਰਾਂ ਨਾਲ ਤਿਆਰ ਕੀਤਾ ਬੜਾ ਸੁੰਦਰ ਫਲੋਟ ਪਹਿਲੀ ਸ਼ਾਮਲ ਕੀਤਾ ਗਿਆ। ਫਲੋਟ ਦੇ ਸਾਹਮਣੇ ਜੱਥੇਦਾਰ ਹਰਬੰਸ ਸਿੰਘ ਬਿਲਗਾ ਦੇ ਢਾਡੀ ਜੱਥੇ ਨੇ ਸਿਰਫ ਸਾਰੰਗੀ ਤੇ ਢੱਡਾਂ ਰਾਹੀਂ ਬਹੁਤ ਵਧੀਆ ਟਿਊਨਾਂ ਤਰਜ਼ਾਂ ਨੇ ਚੰਗਾ ਰੰਗ ਬੰਨ੍ਹਿਆ, ਪਰੇਡ ਵਿਚ ਫਲੋਟ ਜਾਂਦੇ ਦੀਆਂ ਸਭ ਤੋਂ ਵੱਧ ਵੀਡੀਓ ਤੇ ਪਿਕਚਰਾਂ ਗੋਰੇ ਲੋਕਾਂ ਨੇ ਬਹੁਤ ਖਿੱਚੀਆਂ। ਸਾਰੇ ਰਸਤੇ ਇਹ ਸਿੱਖਾਂ ਦਾ ਫਲੋਟ ਖਾਸ ਖਿੱਚ ਦਾ ਕੇਂਦਰ ਬਣਿਆ ਰਿਹਾ। ਪਰੇਡ ਦੀ ਸਮਾਪਤੀ ਤੱਕ ਆਮ ਲੋਕਾਂ ਨੇ ਪੀਪਲ ਚੌਆਈਸ ਅਵਾਰਡ ਨੂੰ ਵੋਟਿੰਗ ਕਰਕੇ ਨੰਬਰ ਵੰਨ (1) ਚੁਣਨਾ ਸੀ। ਸਭ ਤੋਂ ਵਧੇਰੇ ਵੋਟਾਂ ਸਿੱਖਾਂ ਦੇ ਫਲੋਟ ਨੂੰ ਪਈਆਂ ਤੇ ਜੇਤੂ ਰਿਹਾ। ਪਰੇਡ ਪ੍ਰਬੰਧਕਾਂ ਵੱਲੋਂ ਖਾਲਸਾ ਦੀਵਾਨ ਸੁਸਾਇਟੀ ਐਬਸਫੋਰਡ ਨੂੰ ਯਾਦਗਾਰੀ ਚਿੰਨ੍ਹ ਸਾਰਟੀਫੀਕੇਟ ਦੇ ਕੇ ਸਨਮਾਨਤ ਕੀਤਾ ਗਿਆ ਨਾਲ ਕੁਝ ਮਾਇਆ ਦੇ ਰੂਪ ਵਿਚ ਕੈਸ਼ ਗਿਫਟ ਕਾਰਡ ਵੀ ਦਿੱਤਾ ਗਿਆ। ਪ੍ਰਬੰਧਕ ਕਮੇਟੀ ਦੇ ਪ੍ਰਧਾਨ ਰਜਿੰਦਰ ਸਿੰਘ ਢਿੱਲੋਂ ਤੇ ਮੀਤ ਪ੍ਰਧਾਨ ਮੱਖਣ ਸਿੰਘ ਅਚੱਰਵਾਲ ਤੇ ਸਮੁੱਚੀ ਪਰਬੰਧਕ ਕਮੇਟੀ ਵਧਾਈ ਦੇ ਪਾਤਰ ਹਨ।



# ਕੰਗਣਾ ਪੁਲ ਵਿਖੇ ਤੇਜ਼ ਬਾਰਿਸ਼ ਕਾਰਨ ਲੱਗਾ ਜਾਮ

**ਬਲਾਚੌਰ (ਜਸਵਿੰਦਰ ਬੈਂਸ)**- ਸਥਾਨਕ ਕੰਗਣਾ ਪੁਲ ਵਿਖੇ ਦੁਪਹਿਰ ਵੇਲੇ ਉਸ ਸਮੇਂ ਜਦੋਂ ਅਚਾਨਕ ਸ਼ੁਰੂ ਹੋਈ ਤੇਜ਼ ਬਾਰਿਸ਼ ਦੌਰਾਨ ਵਾਹਨ ਚਾਲਕਾਂ ਦੀ ਇੱਕ ਲਾਪਰਵਾਹੀ ਕਾਰਨ ਮੇਨ ਚੌਂਕ ਕੰਗਣ ਪੁਲ ਮਾਰਗ ਪੂਰੀ ਤਰ੍ਹਾਂ ਠੱਪ ਹੋ ਗਿਆ। ਦੁਪਹਿਰ ਕਰੀਬ 12:40 ਵਜੇ ਹੋਈ ਮੂਸਲਾਧਾਰ ਬਾਰਿਸ਼ ਤੋਂ ਬਚਣ ਲਈ ਹਰ ਕੋਈ ਕੰਗਣਾ ਪੁਲ ਦੇ ਹੇਠਾਂ ਸ਼ਰਨ ਲੈਣ ਲਈ ਭੱਜਿਆ।ਪ੍ਰਤੱਖਦਰਸ਼ੀਆਂ ਅਨੁਸਾਰ ਜਿਵੇਂ ਹੀ ਬਾਰਿਸ਼ ਦੀਆਂ ਕਣੀਆਂ ਸ਼ੁਰੂ ਹੋਈਆਂ, ਤਾਂ ਸੜਕ ਤੋਂ ਲੰਘ ਰਹੇ ਦੋ-ਪਹੀਆ ਵਾਹਨ ਸਵਾਰਾਂ ਦੇ ਨਾਲ-ਨਾਲ ਕਮਰਸ਼ੀਅਲ ਵਾਹਨ ਛੋਟੇ ਹਾਥੀ, ਜੀਪਾਂ, ਟਰੈਕਟਰ ਅਤੇ ਖ਼ਾਸ ਕਰਕੇ ਵੱਡੀਆਂ ਟਰਾਲੀਆਂ ਵੀ ਪੁਲ ਦੇ ਹੇਠਾਂ ਆ ਕੇ ਖੜ੍ਹੀਆਂ ਹੋ ਗਈਆਂ। ਸਾਰੇ ਵਾਹਨ ਚਾਲਕਾਂ ਵੱਲੋਂ ਰਸਤਾ ਰੋਕ ਕੇ ਖੜ੍ਹੇ ਹੋਣ ਕਾਰਨ ਹਾਈਵੇਅ ਦਾ ਲੰਘਣ ਵਾਲਾ ਰਸਤਾ ਮੁਕੰਮਲ ਤੌਰ 'ਤੇ ਬਲਾਕ ਹੋ ਗਿਆ। ਦੇਖਦੇ ਹੀ ਦੇਖਦੇ ਪੁਲ ਦੇ ਥੱਲੇ ਜਾਮ ਲੱਗ ਗਿਆ ਰਸਤਾ ਬਲੌਕ ਹੋ ਗਿਆ । ਖ਼ਰਾਬ ਮੌਸਮ ਦੌਰਾਨ ਛੋਟੇ ਬੱਚਿਆਂ, ਔਰਤਾਂ ਅਤੇ ਬਜ਼ੁਰਗ ਮੁਸਾਫ਼ਰਾਂ ਨੂੰ ਬੱਸਾਂ ਅਤੇ ਗੱਡੀਆਂ ਵਿੱਚ ਬੈਠ ਕੇ ਭਾਰੀ ਪ੍ਰੇਸ਼ਾਨੀ ਝੱਲਣੀ ਪਈ।ਮੌਕੇ 'ਤੇ ਮੌਜੂਦ ਸਥਾਨਕ ਨਾਗਰਿਕਾਂ ਅਤੇ ਰਾਹਗੀਰਾਂ ਨੇ ਪ੍ਰਸ਼ਾਸਨ ਅਤੇ ਟ੍ਰੈਫਿਕ ਪੁਲਿਸ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ।ਅਜਿਹੇ ਨਾਜ਼ੁਕ ਹਾਲਾਤਾਂ ਵਿੱਚ ਹਾਈਵੇਅ 'ਤੇ ਕੋਈ ਵੀ ਟ੍ਰੈਫਿਕ ਮੁਲਾਜ਼ਮ ਮੌਜੂਦ ਨਹੀਂ ਸੀ। ? ਲੋਕਾਂ ਨੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਭਵਿੱਖ ਵਿੱਚ ਅਜਿਹੀ ਨੌਬਤ ਨਾ ਆਵੇ, ਇਸ ਲਈ ਕੰਗਣਾ ਪੁਲ ਹੇਠਾਂ ਮੀਂਹ ਵੇਲੇ ਵਾਹਨ ਖੜ੍ਹੇ ਕਰਨ 'ਤੇ ਰੋਕ ਲਾਈ ਜਾਵੇ।



# ਵਪਾਰੀਆਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਮੀਟਿੰਗ

**ਕਪੂਰਥਲਾ (ਮਨਜੀਤ ਮਾਨ)**- ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਟ੍ਰੇਡਰਜ਼ ਕਮਿਸ਼ਨ ਕਪੂਰਥਲਾ ਦੀ ਇੱਕ ਹੰਗਾਮੀ ਮੀਟਿੰਗ ਡਿਪਟੀ ਕਮਿਸ਼ਨਰ ਕਪੂਰਥਲਾ ਦੇ ਕਾਨਫਰੰਸ ਹਾਲ ਵਿੱਚ ਡਿਪਟੀ ਕਮਿਸ਼ਨਰ ਕਪੂਰਥਲਾ ਆਕਾਸ਼ ਬਾਂਸਲ, ਐੱਸ ਐੱਸ ਪੀ ਗੌਰਵ ਤੁਰਾ ਅਤੇ ਜ਼ਿਲ੍ਹਾ ਟ੍ਰੇਡਰਜ਼ ਕਮਿਸ਼ਨ (ਐਕਸਾਈਜ਼ ਅਤੇ ਟੈਕਸੇਸ਼ਨ ਵਿਭਾਗ ਕਪੂਰਥਲਾ) ਦੇ ਜ਼ਿਲ੍ਹਾ ਚੇਅਰਮੈਨ ਕੰਵਰ ਇਕਬਾਲ ਸਿੰਘ, ਅਸਿਸਟੈਂਟ ਕਮਿਸ਼ਨਰ ਰਵਿੰਦਰ ਸਿੰਘ ਅਰੋੜਾ, ਏ ਡੀ ਸੀ ਜਨਰਲ, ਏ ਡੀ ਸੀ ਵਿਕਾਸ ਵਰਿੰਦਰ ਪਾਲ ਸਿੰਘ ਬਾਜਵਾ, ਅਨੁਪਮ ਕਲੇਰ ਕਮਿਸ਼ਨਰ ਨਗਰ ਨਿਗਮ ਕਪੂਰਥਲਾ, ਐੱਸ ਡੀ ਐੱਮ ਇਰਵਿਨ ਕੌਰ, ਸਮੇਤ ਲਕਸ਼ ਚੌਧਰੀ ਚੇਅਰਮੈਨ ਹਲਕਾ ਟ੍ਰੇਡਰਜ਼ ਕਮਿਸ਼ਨ ਭੁਲੱਥ, ਜਰਨੈਲ ਸਿੰਘ ਮਰਵਾਹਾ ਚੇਅਰਮੈਨ ਹਲਕਾ ਟ੍ਰੇਡਰਜ਼ ਕਮਿਸ਼ਨ ਸੁਲਤਾਨਪੁਰ ਲੋਧੀ, ਸੁਸ਼ੀਲ ਕੁਮਾਰ ਬੋਬੀ ਚਮ ਚੇਅਰਮੈਨ ਹਲਕਾ ਟ੍ਰੇਡਰਜ਼ ਕਮਿਸ਼ਨ ਫਗਵਾੜਾ, ਰਮਨ ਮਲਹੋਤਰਾ ਚੇਅਰਮੈਨ ਹਲਕਾ ਟ੍ਰੇਡਰਜ਼ ਕਮਿਸ਼ਨ ਕਪੂਰਥਲਾ ਆਦਿ ਦੀ ਅਗਵਾਈ ਹੇਠ ਹੋਈ।ਚੰਡੀਗੜ੍ਹ ਤੋਂ ਆਏ ਸਟੇਟ ਨੋਡਲ ਅਫ਼ਸਰ ਆਸ਼ੂਤੋਸ਼ ਦੱਤ ਨੇ ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਵਿੱਤ ਮੰਤਰੀ ਪੰਜਾਬ ਐਡਵੋਕੇਟ ਹਰਪਾਲ ਸਿੰਘ ਚੀਮਾ 'ਚੇਅਰਮੈਨ ਪੰਜਾਬ ਟ੍ਰੇਡਰਜ਼ ਕਮਿਸ਼ਨ' ਤੇ 'ਅਨਿਲ ਠਾਕੁਰ ਵਾਈਸ ਚੇਅਰਮੈਨ ਪੰਜਾਬ ਟ੍ਰੇਡਰਜ਼ ਕਮਿਸ਼ਨ' ਵੱਲੋਂ ਪੂਰੇ ਪੰਜਾਬ ਵਿੱਚ ਹਰ ਹਫਤੇ ਕੀਤੀਆਂ ਜਾ ਰਹੀਆਂ ਵਪਾਰੀਆਂ ਤੇ ਸਰਕਾਰੀ ਅਧਿਕਾਰੀਆਂ ਦੀਆਂ ਮੀਟਿੰਗਾਂ ਵਿੱਚ ਵਪਾਰੀਆਂ ਵੱਲੋਂ ਲਿਖਤੀ ਰੂਪ ਵਿੱਚ ਦਿੱਤੀਆਂ ਜਾ ਰਹੀਆਂ ਸ਼ਿਕਾਇਤਾਂ ਜੋ ਕਿ ਪੰਜਾਬ ਸਰਕਾਰ ਦੇ ਪੋਰਟਲ ਤੇ ਆਨਲਾਈਨ ਦਰਜ਼ ਹਨ ਦੇ ਨਿਵਾਰਨ ਸਬੰਧੀ ਨਗਰ ਨਿਗਮ ਕਪੂਰਥਲਾ, ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ, ਸਹਾਇਕ ਕਮਿਸ਼ਨਰ ਸਟੇਟ ਟੈਕਸ, ਸਹਾਇਕ ਕਮਿਸ਼ਨਰ ਆਬਕਾਰੀ, ਨਿਗਰਾਨ ਇੰਜੀਨੀਅਰ ਪੀ.ਐਸ. ਪੀ.ਸੀ.ਐਲ, ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ, ਜਨਰਲ ਮੈਨੇਜਰ ਜ਼ਿਲ੍ਹਾ ਉਦਯੋਗ ਕੇਂਦਰ, ਸਹਾਇਕ ਕਿਰਤ ਕਮਿਸ਼ਨਰ ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ, ਵਣ ਰੇਂਜ ਅਫਸਰ, ਕਾਰਜ ਸਾਧਕ ਅਫਸਰ ਨਗਰ ਕੌਂਸਲ ਸੁਲਤਾਨਪੁਰ ਲੋਧੀ/ਭੁਲੱਥ/ ਨਡਾਲਾ/ਢਿਲਵਾਂ/ਬੇਗੋਵਾਲ, ਜ਼ਿਲ੍ਹਾ ਮੈਨੇਜਰ ਮਾਰਕਫੈਡ, ਕਾਰਜਕਾਰੀ ਇੰਜੀਨੀਅਰ ਲੋਕ ਨਿਰਮਾਣ ਵਿਭਾਗ ਡਿਵੀਜ਼ਨ ਨੰਬਰ ਇੱਕ ਅਤੇ ਦੋ, ਕਾਰਜਕਾਰੀ ਇੰਜੀਨੀਅਰ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਕਪੂਰਥਲਾ, ਕਾਰਜਕਾਰੀ ਇੰਜੀਨੀਅਰ ਡਰੇਨਜ਼, ਕਾਰਜਕਾਰੀ ਇੰਜੀਨੀਅਰ ਜਲ ਸਪਲਾਈ ਤੇ ਸੀਵਰੇਜ ਬੋਰਡ, ਜਨਰਲ ਮੈਨੇਜਰ ਪੀ ਆਰ ਟੀ ਸੀ ਸਮੇਤ ਹੋਰ ਵਿਭਾਗਾਂ ਦੇ ਪੋਰਟਲ ਤੇ ਬੋਲਦੀਆਂ ਵਪਾਰੀਆਂ ਵੱਲੋਂ ਲਿਖਤੀ ਰੂਪ ਵਿੱਚ ਆਈਆਂ ਸ਼ਿਕਾਇਤਾਂ ਨੂੰ ਹੱਲ ਕਰਨ ਸਬੰਧੀ ਰਿਪੋਰਟ ਮੰਗੀ ਗਈ। ਜਿਸ ਬਾਬਤ ਹਰ ਅਧਿਕਾਰੀ ਨੇ ਆਪੋ-ਆਪਣਾ ਪੱਖ ਰੱਖ ਕੇ ਲਿਖਤੀ ਰੂਪ ਵਿੱਚ ਰਿਪੋਰਟ ਪੇਸ਼ ਕੀਤੀ। ਪੰਜਾਬ ਸਰਕਾਰ ਦੇ ਪੋਰਟਲ ਤੇ ਨਜ਼ਰ ਆ ਰਹੀਆਂ ਬਚਦੀਆਂ ਨਗਰ ਨਿਗਮ ਕਪੂਰਥਲਾ, ਪੀ ਡਬਲਯੂ ਡੀ ਵਿਭਾਗ, ਬਿਜਲੀ ਬੋਰਡ, ਨਹਿਰੀ ਵਿਭਾਗ ਤੇ ਪੰਚਾਇਤੀ ਵਿਭਾਗ ਸਣੇ ਹੋਰ ਵਿਭਾਗਾਂ ਨਾਲ ਸੰਬੰਧਤ ਪੂਰੇ ਜ਼ਿਲ੍ਹੇ ਦੀਆਂ ਸ਼ਿਕਾਇਤਾਂ ਸਬੰਧੀ ਡਿਪਟੀ ਕਮਿਸ਼ਨਰ ਕਪੂਰਥਲਾ ਅਕਾਸ਼ ਬਾਂਸਲ ਨੇ ਹਰ ਵਿਭਾਗ ਨੂੰ ਛੇਤੀ ਤੋਂ ਛੇਤੀ ਨਿਪਟਾਰਾ ਕਰਨ ਦਾ ਹੁਕਮ ਦਿੱਤਾ। ਡਿਪਟੀ ਕਮਿਸ਼ਨਰ ਕਪੂਰਥਲਾ ਅਤੇ ਐਸ ਐਸ ਪੀ ਸਾਹਿਬ ਨੇ ਸਾਂਝੇ ਤੌਰ ਤੇ ਕਿਹਾ ਕਿ ਕਿਸੇ ਵੀ ਤਰਾਂ ਦੀ ਕੋਈ ਵੀ ਅਣਸੁਖਾਵੀਂ ਘਟਨਾ ਹੋਣ ਸਬੰਧੀ ਰਿਪੋਰਟ ਸਬੰਧਤ ਮਹਿਕਮੇ ਕੋਲ ਜਾਂ ਥਾਣੇ ਵਿੱਚ ਜ਼ਰੂਰ ਦਰਜ ਕਰਵਾਈ ਜਾਵੇ, ਕਿਸੇ ਵੀ ਵਪਾਰੀ ਨੂੰ ਕਿਸੇ ਵੱਲੋਂ ਕੋਈ ਧਮਕੀ ਪੱਤਰ ਜਾਂ ਧਮਕੀ ਭਰਿਆ ਫੋਨ ਆਵੇ, ਕਿਸੇ ਨਾਲ ਕਿਸੇ ਵੀ ਤਰ੍ਹਾਂ ਦੀ ਲੁੱਟ ਖੋਹ ਦਾ ਮਾਮਲਾ ਹੋਵੇ ਤਾਂ ਫੌਰੀ ਤੌਰ ਤੇ ਕੀਤੀ ਲਿਖਤੀ ਸ਼ਿਕਾਇਤ ਉਪਰੰਤ ਹੀ ਸਬੰਧਤ ਵਿਭਾਗ ਵੱਲੋਂ ਕਾਰਵਾਈ ਕਰਕੇ ਦੋਸ਼ੀ ਦੇ ਖਿਲਾਫ ਬਨਦੀ ਕਾਰਵਾਈ ਕੀਤੀ ਜਾਂਦੀ ਹੈ।



# ਹਵਾ ਪ੍ਰਦੂਸ਼ਣ ਤੇ ਸਿਹਤ ਨਾਲ ਸੰਬੰਧਤ ਜਾਗਰੂਕਤਾ ਪੋਸਟਰ ਰਿਲੀਜ਼

**ਜਲੰਧਰ (ਸ਼ੈਲੀ ਐਲਬਰਟ)**- ਲੰਗ ਕੇਅਰ ਫਾਊਂਡੇਸ਼ਨ ਵੱਲੋਂ ਆਪਣੇ ਸੰਯੁਕਤ ਰਾਸ਼ਟਰ ਵਾਤਾਵਰਣ ਪ੍ਰੋਗਰਾਮ ਅਤੇ ਡਾਕਟਰਜ਼ ਫਾਰ ਕਲੀਨ ਏਅਰ ਐਂਡ ਕਲਾਈਮੇਟ ਐਕਸ਼ਨ (4631) ਦੁਆਰਾ ਸਮਰਥਿਤ ਚੱਲ ਰਹੇ ਪ੍ਰੋਜੈਕਟ ਤਹਿਤ ਹਵਾ ਪ੍ਰਦੂਸ਼ਣ ਦੇ ਸਿਹਤ ਉੱਤੇ ਪ੍ਰਭਾਵਾਂ ਬਾਰੇ ਇੱਕ ਸਮਰੱਥਾ ਵਿਕਾਸ ਸੈਸ਼ਨ ਸਿਵਲ ਹਸਪਤਾਲ, ਜ਼ਿਲ੍ਹਾ ਜਲੰਧਰ, ਵਿਖੇ ਆਯੋਜਿਤ ਕੀਤਾ ਗਿਆ। ਇਹ ਪ੍ਰੋਗਰਾਮ ਲੰਗ ਕੇਅਰ ਫਾਊਂਡੇਸ਼ਨ ਅਤੇ ਜ਼ਿਲ੍ਹਾ ਪ੍ਰਸ਼ਾਸਨ, ਜਲੰਧਰ ਦਰਮਿਆਨ ਹਵਾ ਦੀ ਗੁਣਵੱਤਾ, ਜਨ ਸਿਹਤ ਅਤੇ ਟਿਕਾਊ ਫਸਲੀ ਅਵਸ਼ੇਸ਼ ਪ੍ਰਬੰਧਨ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਹਸਤਾਖਰਿਤ ਐੱਮ ਓ ਯੂ ਅਧੀਨ ਚਲਾਏ ਜਾ ਰਹੇ ਸਾਂਝੇ ਉਪਰਾਲਿਆਂ ਦਾ ਇੱਕ ਮਹੱਤਵਪੂਰਨ ਹਿੱਸਾ ਹੈ। ਸਿਹਤ ਵਿਭਾਗ, ਜਲੰਧਰ ਦੇ ਸਹਿਯੋਗ ਨਾਲ ਸਿਵਲ ਸਰਜਨ ਡਾ. ਰਾਜੇਸ਼ ਗਰਗ ਅਤੇ ਸਹਾਇਕ ਸਿਵਲ ਸਰਜਨ, ਡਾ. ਜੋਤੀ ਫੋਕੇਲਾ ਦੀ ਰਹਿਨੁਮਾਈ ਹੇਠ ਹਵਾ ਪ੍ਰਦੂਸ਼ਣ ਅਤੇ ਸਿਹਤ ਨਾਲ ਸੰਬੰਧਿਤ ਸਿੱਖਿਆਤਮਕ ਜਾਗਰੂਕਤਾ ਪੋਸਟਰ ਰੀਲੀਜ਼ ਕੀਤਾ ਗਿਆ, ਤਾਂ ਜੋ ਭਵਿੱਖ ਵਿੱਚ ਜਾਗਰੂਕਤਾ ਅਤੇ ਆਊਟਰੀਚ ਗਤੀਵਿਧੀਆਂ ਨੂੰ ਮਜ਼ਬੂਤ ਕੀਤਾ ਜਾ ਸਕੇ। ਸਿਵਲ ਸਰਜਨ ਡਾ. ਰਾਜੇਸ਼ ਗਰਗ ਵੱਲੋਂ ਦੱਸਿਆ ਗਿਆ ਕਿ ਹਵਾ ਪ੍ਰਦੂਸ਼ਣ ਦੇ ਸਿਹਤ ਉੱਤੇ ਪ੍ਰਭਾਵਾਂ ਬਾਰੇ ਸਮਰੱਥਾ ਵਿਕਾਸ ਸੈਸ਼ਨ ਜਲੰਧਰ ਜ਼ਿਲ੍ਹੇ ਵਿੱਚ ਆਉਣ ਵਾਲੇ ਹਫ਼ਤਿਆਂ ਦੌਰਾਨ ਲੰਗ ਕੇਅਰ ਫਾਊਂਡੇਸ਼ਨ ਵੱਲੋਂ ਜ਼ਿਲ੍ਹਾ ਹਸਪਤਾਲਾਂ, ਸਬ-ਡਿਵੀਜ਼ਨਲ ਹਸਪਤਾਲਾਂ, ਕਮਿਊਨਿਟੀ ਹੈਲਥ ਸੈਂਟਰਾਂ ਅਤੇ ਪ੍ਰਾਇਮਰੀ ਹੈਲਥ ਸੈਂਟਰਾਂ ਵਿੱਚ ਵੀ ਆਯੋਜਿਤ ਕੀਤੇ ਜਾਣਗੇ। ਸੈਸ਼ਨ ਦੌਰਾਨ ਸੰਬੋਧਨ ਕਰਦਿਆਂ ਲੰਗ ਕੇਅਰ ਫਾਊਂਡੇਸ਼ਨ ਵੱਲੋਂ ਰਿਤਵਿਕਾ ਮਮਾਇਆ, ਡਿਪਟੀ ਮੈਨੇਜਰ ਅਤੇ ਡਾ. ਸੋਨਾਲੀ ਵੋਹਰਾ, ਸਟੇਟ ਕੋਆਰਡੀਨੇਟਰ, ਪੰਜਾਬ, ਨੇ ਰੋਜ਼ਾਨਾ ਸਿਹਤ ਸੇਵਾਵਾਂ ਵਿੱਚ ਹਵਾ ਪ੍ਰਦੂਸ਼ਣ ਬਾਰੇ ਜਾਗਰੂਕਤਾ ਨੂੰ ਸ਼ਾਮਲ ਕਰਨ ਅਤੇ ਵਾਤਾਵਰਣਕ ਸਿਹਤ ਚੁਣੌਤੀਆਂ ਦਾ ਸਾਹਮਣਾ ਕਰਨ ਵਿੱਚ ਸਿਹਤ ਖੇਤਰ ਦੀ ਭੂਮਿਕਾ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।

